ਸ਼ੁੱਕਰਵਾਰ, 9 ਅਕਤੂਬਰ, 2026
23 ਅੱਸੂ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 129

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 9 OCTOBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਖੱਬੀਆਂ ਪਾਰਟੀਆਂ ਤੇ ਕਾਂਗਰਸ ਵੱਲੋਂ ਮੁਤਹਿਦਾ ਐਕਸ਼ਨ

## ਜ਼ਿਲ੍ਹਾ ਕੇਂਦਰਾਂ 'ਚ ਮਾਰਚ ਕਰਕੇ ਗਿਆਨੇਸ਼ ਦੇ ਪੁਤਲੇ ਫੂਕੇ

**ਮਾਨਸਾ (ਆਤਮਾ ਸਿੰਘ ਪਮਾਰ)**

ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਚੱਲਦਾ ਕਰਨ ਲਈ ਜ਼ਿਲ੍ਹਾ ਕੇਂਦਰਾਂ 'ਤੇ ਪ੍ਰਦਰਸ਼ਨ ਦੇ ਸੱਦੇ ਤਹਿਤ ਸਥਾਨਕ ਰੇਲਵੇ ਮਾਲ ਗੋਦਾਮ ਵਿਖੇ ਇੰਡੀਆ ਗੱਠਜੋੜ 'ਚ ਸ਼ਾਮਲ ਧਿਰਾਂ ਇੰਡੀਅਨ ਨੈਸ਼ਨਲ ਕਾਂਗਰਸ, ਸੀ ਪੀ ਆਈ, ਸੀ ਪੀ ਆਈ (ਐੱਮ), ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਸੈਂਕੜੇ ਆਗੂਆਂ ਤੇ ਵਰਕਰਾਂ ਵੱਲੋਂ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ, ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਸਿੰਘ ਚੌਹਾਨ, ਸੀ ਪੀ ਆਈ ਐੱਮ ਦੇ ਜ਼ਿਲ੍ਹਾ ਸਕੱਤਰ ਐਡਵੋਕੇਟ ਸਵਰਨਜੀਤ ਸਿੰਘ ਦਲਿਓ ਅਤੇ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਜ਼ਿਲ੍ਹਾ ਸਕੱਤਰ ਸੁਰਿੰਦਰਪਾਲ ਸ਼ਰਮਾ ਦੀ ਅਗਵਾਈ ਹੇਠ ਰੈਲੀ ਕਰਕੇ ਸ਼ਹਿਰ ਦੇ ਬਜ਼ਾਰਾਂ 'ਚ ਰੋਸ ਮਾਰਚ ਕੀਤਾ ਗਿਆ।

ਇਸ ਮੌਕੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ, ਸਾਬਕਾ ਵਿਧਾਇਕ ਨਾਜ਼ਰ ਸਿੰਘ ਮਾਨਸ਼ਾਹੀਆ, ਪ੍ਰਸ਼ੋਤਮ ਸ਼ਰਮਾ, ਸਵਰਨਜੀਤ ਦਲਿਓ ਤੇ ਰਾਜਵਿੰਦਰ ਰਾਣਾ ਨੇ ਸਾਂਝੇ ਤੌਰ 'ਤੇ ਮੰਗ ਕੀਤੀ ਕਿ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਤੁਰੰਤ ਅਹੁਦੇ ਤੋਂ ਲਾਂਭੇ ਕਰਕੇ ਦੇਸ਼ ਧ੍ਰੋਹ ਦਾ ਮੁਕੱਦਮਾ ਦਰਜ ਕੀਤਾ ਜਾਵੇ।ਆਗੂਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਆਪਣੀ ਇਖ਼ਲਾਕੀ ਜ਼ਿੰਮੇਵਾਰੀ ਸਮਝਦਿਆਂ ਤੁਰੰਤ ਅਸਤੀਫੇ ਦੀ ਮੰਗ ਵੀ ਕੀਤੀ।ਉਹਨਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਗੈਰ-ਸੰਵਿਧਾਨਕ ਤਰੀਕੇ ਨਾਲ ਐੱਸ ਆਈ ਆਰ ਤਹਿਤ ਲੱਗਭੱਗ ਸਾਢੇ ਤੇਰਾਂ ਕਰੋੜ ਕੱਟੀਆਂ ਗਈਆਂ ਵੋਟਾਂ ਨੂੰ ਤੁਰੰਤ ਮੁੜ ਬਹਾਲ ਕੀਤਾ ਜਾਵੇ।ਆਗੂਆਂ ਕਿਹਾ ਕਿ ਚੋਣ ਕਮਿਸ਼ਨ ਦੀ ਭਰੋਸੇਯੋਗਤਾ, ਇਮਾਨਦਾਰੀ, ਨਿਰਪੱਖਤਾ ਅਤੇ ਪਾਰਦਰਸ਼ਤਾ ਵੀ ਯਕੀਨੀ ਕੀਤੀ ਜਾਵੇ।ਉਹਨਾਂ ਇਸ ਮੌਕੇ ਈ ਵੀ ਐੱਮ 'ਤੇ ਪਾਬੰਦੀ ਲਗਾਉਣ ਅਤੇ ਹਰ ਤਰ੍ਹਾਂ ਦੀਆਂ





ਮਾਨਸਾ

ਚੋਣਾਂ ਬੈਲਟ ਪੇਪਰ ਰਾਹੀਂ ਕਰਵਾਉਣ ਦੀ ਮੰਗ ਵੀ ਕੀਤੀ।ਇਕੱਤਰਤਾ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਨਿਰਪੱਖ ਚੋਣਾਂ ਕਰਵਾਉਣ, ਦੇਸ਼ ਤੇ ਲੋਕਤੰਤਰ ਨੂੰ ਬਹਾਲ ਰੱਖਣ ਲਈ ਦੇਸ਼ ਦੀਆਂ ਧਰਮ ਨਿਰਪੱਖ ਤਾਕਤਾਂ, ਖੱਬੀਆਂ ਧਿਰਾਂ ਤੇ ਜਮਹੂਰੀ ਸ਼ਕਤੀਆਂ ਦੀ ਇੱਕਮੁੱਠਤਾ ਨੂੰ ਸਮੇਂ ਦੀ ਅਣਸਰਦੀ ਲੋੜ ਦੱਸਿਆ।ਸਮੁੱਚਾ ਪ੍ਰੋਗਰਾਮ ਗੁਰਮੀਤ ਸਿੰਘ ਜੋਗਾ, ਸੁਖਦਰਸ਼ਨ ਨੱਤ, ਕੁਲਵੰਤ ਰਾਏ ਸਿੰਗਲਾ ਤੇ ਅਮਰਜੀਤ ਸਿੰਘ ਸਿੱਧੂ ਦੇ ਪ੍ਰਧਾਨਗੀ ਮੰਡਲ ਹੇਠ ਸੰਪੰਨ ਹੋਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਚਮਕੌਰ ਸਿੰਘ ਸਿੱਧੂ, ਅਰਸ਼ਦੀਪ ਸਿੰਘ, ਮਾਈਕਲ ਗਾਗੋਵਾਲ, ਸੱਤਪਾਲ ਸਿੰਘ ਮੂਲੇਵਾਲਾ, ਜੀਵਨ ਦਾਸ ਬਾਵਾ, ਮਨਜੀਤ ਰਾਣਾ, ਗੁਰਸ਼ਰਨ ਮਾਖਾ, ਅਮਰੀਕ ਸਿੰਘ ਝੁਨੀਰ, ਜਤਿੰਦਰ ਆਗਰਾ, ਹਰਵਿੰਦਰ ਭਾਰਦਵਾਜ, ਵੇਦ ਪ੍ਰਕਾਸ਼ ਬੁਢਲਾਡਾ, ਜਗਸੀਰ ਰਾਏਕੇ, ਸੀਤਾ ਰਾਮ ਗੋਬਿੰਦਪੁਰਾ, ਮਲਕੀਤ ਮੰਦਰਾਂ, ਰੂਪ ਸਿੰਘ ਢਿੱਲੋਂ, ਰਤਨ ਭੋਲਾ, ਕਰਨੈਲ ਭੀਖੀ, ਗੁਰਜੰਟ ਮਾਨਸਾ, ਜਸਵੀਰ ਕੌਰ ਨੱਤ, ਬਲਵਿੰਦਰ ਸਿੰਘ ਘਰਾਂਗਣਾ, ਪਰਮਿੰਦਰ ਭੀਖੀ, ਜਸਵੰਤ ਸਿੰਘ ਬੀਰੋਕੇ, ਆਰ ਐੱਮ ਪੀ ਆਈ ਦੇ ਲਾਲ ਚੰਦ ਸਰਦੂਲਗੜ੍ਹ ਤੇ ਅਮਰੀਕ ਸਿੰਘ ਫਫੜੇ ਨੇ ਵੀ ਸੰਬੋਧਨ ਕੀਤਾ।ਮੰਚ ਸੰਚਾਲਨ ਦੀ ਜ਼ਿੰਮੇਵਾਰ ਕ੍ਰਿਸ਼ਨ ਸਿੰਘ ਚੌਹਾਨ ਵੱਲੋਂ ਬਾਖ਼ੂਬੀ ਨਿਭਾਈ ਗਈ।

**ਲੁਧਿਆਣਾ (ਐੱਮ ਐੱਸ ਭਾਟੀਆ)** : ਇੱਥੇ ਇੰਡੀਆ ਬਲਾਕ ਨਾਲ ਸੰਬੰਧਤ ਪਾਰਟੀਆਂ ਅਤੇ ਹੋਰ ਸਹਿਯੋਗੀ ਪਾਰਟੀਆਂ ਵੱਲੋਂ ਡਿਪਟੀ ਕਮਿਸ਼ਨਰ ਦਫਤਰ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ ਗਿਆ।ਬਾਅਦ ਵਿੱਚ ਗਿਆਨੇਸ਼ ਕੁਮਾਰ, ਮੋਦੀ ਅਤੇ ਸ਼ਾਹ ਦੇ ਪੁਤਲੇ ਸਾੜੇ ਗਏ। ਕਾਂਗਰਸ, ਸੀ ਪੀ ਆਈ, ਸੀ ਪੀ ਐੱਮ ਅਤੇ ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਵੱਲੋਂ ਆਰ ਐੱਮ ਪੀ ਆਈ ਦੇ ਸਹਿਯੋਗ ਨਾਲ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਮੋਦੀ ਅਤੇ ਸ਼ਾਹ ਪਿਛਲੇ ਸਮੇਂ ਵਿੱਚ ਵੋਟ ਚੋਰੀ ਨਾਲ ਜਿੱਤ ਕੇ ਸੱਤਾ ਵਿੱਚ ਆਏ ਹਨ, ਇਸ ਲਈ ਸਾਰੀਆਂ ਅਸੈਂਬਲੀਆਂ ਅਤੇ ਸੰਸਦ ਭੰਗ ਕੀਤੀ ਜਾਵੇ ਅਤੇ ਬੈਲਟ ਪੇਪਰ ਦੇ ਨਾਲ ਦੁਬਾਰਾ ਚੋਣਾਂ ਕਰਵਾਈਆਂ ਜਾਣ।

ਆਗੂਆਂ ਕਿਹਾ ਕਿ ਇਹ ਰੋਸ ਪ੍ਰਦਰਸ਼ਨ ਸ਼ੁਰੂਆਤ ਹੈ, ਜਲਦੀ ਹੀ ਇੰਡੀਆ • ਬਾਕੀ ਸਫਾ 2 'ਤੇ



ਲੁਧਿਆਣਾ



ਸੰਗਰੂਰ

## ਰਾਜਧਾਨੀ 'ਚ 26 ਹਜ਼ਾਰ ਨੀਮ ਫੌਜੀ ਤਾਇਨਾਤ

**ਨਵੀਂ ਦਿੱਲੀ (ਨ ਜ਼ ਸ)**-ਵੋਟ ਚੋਰੀ ਖਿਲਾਫ ਧਰਨਿਆਂ ਨਾਲ ਨਜਿੱਠਣ ਲਈ ਕੌਮੀ ਰਾਜਧਾਨੀ ਵਿੱਚ ਕੇਂਦਰੀ ਹਥਿਆਰਬੰਦ ਪੁਲਸ ਬਲ ਅਤੇ ਅਰਧ ਸੈਨਿਕ ਬਲ ਦੇ 26 ਹਜ਼ਾਰ ਜਵਾਨ ਤਾਇਨਾਤ ਕੀਤੇ ਜਾ ਰਹੇ ਹਨ। ਇਹ ਵੱਡੀ ਪੱਧਰ 'ਤੇ ਲਾਮਬੰਦੀ ਕੇਂਦਰੀ ਗ੍ਰਹਿ ਮੰਤਰਾਲੇ ਦੇ ਰਾਜਧਾਨੀ ਵਿੱਚ 11,000 ਵਾਧੂ ਸੈਨਿਕਾਂ ਨੂੰ ਭੇਜਣ ਦੇ ਆਦੇਸ਼ ਤੋਂ ਬਾਅਦ ਕੀਤੀ ਗਈ ਹੈ। ਇਸ ਵਾਧੂ ਤਾਇਨਾਤੀ ਨਾਲ, ਦਿੱਲੀ ਵਿੱਚ ਕੇਂਦਰੀ ਬਲ ਦੇ ਜਵਾਨਾਂ ਦੀ ਕੁੱਲ ਗਿਣਤੀ ਲਗਪਗ 26,000 ਹੋ ਜਾਵੇਗੀ, ਜੋ ਕਿ 2020 ਵਿੱਚ ਉੱਤਰ-ਪੂਰਬੀ ਦਿੱਲੀ ਦੀ ਹਿੰਸਾ ਤੋਂ ਬਾਅਦ ਸਭ ਤੋਂ ਵੱਧ ਤਾਇਨਾਤੀਆਂ ਵਿੱਚੋਂ ਇੱਕ ਹੈ। ਘੱਟੋ-ਘੱਟ ਪੰਜ ਖਾਸ ਸਿਰਫ ਔਰਤਾਂ ਵਾਲੀਆਂ ਕੰਪਨੀਆਂ ਤਾਇਨਾਤ ਕੀਤੀਆਂ ਜਾ ਰਹੀਆਂ ਹਨ ਕਿਉਂਕਿ ਪ੍ਰਦਰਸ਼ਨਕਾਰੀਆਂ ਦਾ ਇੱਕ ਵੱਡਾ ਹਿੱਸਾ ਔਰਤਾਂ ਦਾ ਹੋਵੇਗਾ। ਜਵਾਨ ਛੱਤੀਸਗੜ੍ਹ ਅਤੇ ਜੰਮੂ-ਕਸ਼ਮੀਰ ਤੋਂ ਮੰਗਵਾਏ ਜਾ ਰਹੇ ਹਨ।

## ਮੋਦੀ-ਸ਼ਾਹ ਲਈ ਸਦਬੁੱਧੀ ਦੀ ਪ੍ਰਾਰਥਨਾ ਕਰਨ 'ਇੰਡੀਆ' ਦੇ ਆਗੂ ਰਾਜਘਾਟ ਪੁੱਜੇ



**ਨਵੀਂ ਦਿੱਲੀ (ਨ ਜ਼ ਸ)**

ਇੰਡੀਆ ਗੱਠਜੋੜ ਨੇ ਦੋ ਦਿਨਾਂ ਦੇ ਮਾਰਚ, ਧਰਨਿਆਂ ਅਤੇ ਆਗੂਆਂ ਦੀਆਂ ਨਜ਼ਰਬੰਦੀਆਂ ਤੋਂ ਬਾਅਦ ਵੀਰਵਾਰ ਮੁੜ ਕੌਮੀ ਰਾਜਧਾਨੀ ਵਿੱਚ ਰੋਸ ਪ੍ਰਗਟਾਇਆ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਵੱਲੋਂ ਦੁਪਹਿਰ ਦੇ ਖਾਣੇ ਦੀ ਮੀਟਿੰਗ ਤੋਂ ਬਾਅਦ ਵਿਰੋਧੀ ਧਿਰ ਦੇ ਆਗੂ ਰਾਜਘਾਟ ਪੁੱਜੇ। ਇਸ ਤੋਂ ਪਹਿਲਾਂ ਰਾਹੁਲ ਗਾਂਧੀ ਅਤੇ ਪ੍ਰਿਅੰਕਾ ਗਾਂਧੀ ਵਾਡਰਾ ਕਨਾਟ ਪਲੇਸ ਲੰਚ ਲਈ ਪਹੁੰਚੇ, ਜਿੱਥੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖਿਲਾਫ ਮੀਟਿੰਗ ਕੀਤੀ ਗਈ। ਰਾਸ਼ਟਰੀ ਜਨਤਾ ਦਲ ਦੇ ਸੁਧਾਰ ਸਿੰਘ, ਸਮਾਜਵਾਦੀ ਪਾਰਟੀ ਦੇ ਆਗੂ ਰਾਜੀਵ ਰਾਏ, ਤ੍ਰਿਣਮੂਲ ਕਾਂਗਰਸ ਦੇ ਸੰਸਦ ਮੈਂਬਰ ਅਤੇ ਇੰਡੀਆ ਗੱਠਜੋੜ ਦੀਆਂ ਹੋਰ ਪਾਰਟੀਆਂ ਦੇ ਨੁਮਾਇੰਦੇ ਵੀ ਮੀਟਿੰਗ ਵਿੱਚ ਸ਼ਾਮਲ ਹੋਏ। ਮੀਟਿੰਗ ਖਤਮ ਹੋਣ ਤੋਂ ਬਾਅਦ ਆਗੂ ਤਿੰਨ ਬੱਸਾਂ ਵਿੱਚ ਸਵਾਰ ਹੋ ਕੇ ਰਾਜਘਾਟ ਸਥਿਤ ਗਾਂਧੀ ਸਮਾਰਕ ਲਈ ਰਵਾਨਾ ਹੋਏ। ਇੱਥੇ ਉਨ੍ਹਾਂ ਸ਼ਾਂਤਮਈ ਧਰਨਾ ਦੇਣ ਦੀ ਯੋਜਨਾ ਬਣਾਈ ਸੀ। ਖੜਗੇ ਨੇ ਕਿਹਾ ਕਿ ਸੰਸਦ ਮੈਂਬਰ ਰਾਜਘਾਟ ਸਥਿਤ ਸਮਾਰਕ 'ਤੇ ਇਕੱਠੇ ਹੋ ਕੇ ਚੁੱਪ ਬੈਠਣਗੇ ਅਤੇ ਭਾਜਪਾ ਸਰਕਾਰ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਲਈ 'ਸਦਬੁੱਧੀ' ਦੀ ਪ੍ਰਾਰਥਨਾ ਕਰਨਗੇ। ਬੱਸਾਂ ਦੇ ਰਵਾਨਾ ਹੋਣ ਤੋਂ ਪਹਿਲਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਹੁਲ ਗਾਂਧੀ ਨੇ ਦੋਸ਼ ਲਾਇਆ ਕਿ ਦਿੱਲੀ ਵਿੱਚ ਵਿਰੋਧੀ ਧਿਰ ਨੂੰ ਕਿਤੇ ਵੀ ਪ੍ਰਦਰਸ਼ਨ ਨਹੀਂ ਕਰਨ ਦਿੱਤਾ ਜਾ ਰਿਹਾ। ਬੁੱਧਵਾਰ ਸੰਸਦ ਮੈਂਬਰਾਂ ਨੂੰ ਜੰਤਰ ਮੰਤਰ ਜਾਣ ਤੋਂ ਰੋਕਿਆ ਗਿਆ ਅਤੇ ਉਨ੍ਹਾਂ ਨਾਲ ਧੱਕਾ-ਮੁੱਕੀ ਕੀਤੀ ਗਈ। ਰਾਹੁਲ ਨੇ ਦੋਸ਼ ਲਾਇਆ ਕਿ ਨਰਿੰਦਰ ਮੋਦੀ ਅਤੇ ਅਮਿਤ ਸ਼ਾਹ ਨੇ ਲੋਕਤੰਤਰਿਕ ਪ੍ਰਕਿਰਿਆ ਨੂੰ 'ਹਾਈਜੈਕ' ਕਰ ਲਿਆ ਹੈ। ਇਸੇ ਦੌਰਾਨ ਰਾਸ਼ਟਰਪਤੀ ਦਰੋਪਦੀ ਮੁਰਮੂ ਸ਼ੁੱਕਰਵਾਰ ਨੂੰ ਇੰਡੀਆ ਗੱਠਜੋੜ ਦੇ 10 ਮੈਂਬਰੀ ਵਫਦ ਨਾਲ ਮੁਲਾਕਾਤ ਕਰਨਗੇ। ਗੱਠਜੋੜ ਨੇ ਪਹਿਲਾਂ 15 ਆਗੂਆਂ ਲਈ ਮੁਲਾਕਾਤ ਦਾ ਸਮਾਂ ਮੰਗਿਆ ਸੀ। ਰਾਸ਼ਟਰਪਤੀ ਨਾਲ ਮੁਲਾਕਾਤ ਕਰਨ ਵਾਲੇ ਆਗੂਆਂ ਵਿੱਚ ਖੜਗੇ, ਰਾਹੁਲ ਗਾਂਧੀ, ਅਖਿਲੇਸ਼ ਯਾਦਵ ਅਤੇ ਮਮਤਾ ਬੈਨਰਜੀ ਸਮੇਤ ਹੋਰ ਆਗੂ ਸ਼ਾਮਲ ਹੋਣ ਦੀ ਉਮੀਦ ਹੈ।

## ਨਾਨਾ ਪਾਟੇਕਰ ਦਾ ਦੇਹਾਂਤ



**ਪਣਜੀ** : ਉੱਘੇ ਅਦਾਕਾਰ ਨਾਨਾ ਪਾਟੇਕਰ (76) ਦਾ ਵੀਰਵਾਰ ਤੜਕੇ ਗੋਆ ਵਿੱਚ ਦਿਲ ਦਾ ਦੌਰਾ ਪੈਣ ਕਾਰਨ ਦੇਹਾਂਤ ਹੋ ਗਿਆ। ਪਾਟੇਕਰ ਨੇ ਆਪਣੇ ਅਚਾਨਕ ਦੇਹਾਂਤ ਤੋਂ ਮਹਿਜ਼ ਤਿੰਨ ਦਿਨ ਪਹਿਲਾਂ ਪਣਜੀ ਨੇੜੇ ਡੋਨਾ ਪੌਲਾ ਵਿਖੇ 'ਸਮਰਾਟ ਕਲੱਬ ਇੰਟਰਨੈਸ਼ਨਲ' ਦੇ ਇੱਕ ਪ੍ਰੋਗਰਾਮ ਦੌਰਾਨ ਕਿਹਾ ਸੀ, "ਅਸੀਂ ਸਾਰਿਆਂ ਨੇ ਇੱਕ ਦਿਨ ਜਾਣਾ ਹੈ। ਪਤਾ ਨਹੀਂ ਮੈਂ ਕੱਲ੍ਹ ਇੱਥੇ ਰਹਾਂਗਾ ਜਾਂ ਨਹੀਂ। ਇਹ ਸਮਾਂ ਹਰ ਕਿਸੇ ਦੇ ਜੀਵਨ ਵਿੱਚ ਆਉਂਦਾ ਹੈ, ਪਰ ਉਹ ਸਮਾਂ ਆਉਣ ਤੋਂ ਪਹਿਲਾਂ ਸਾਨੂੰ ਇਹ ਸੋਚਣਾ ਚਾਹੀਦਾ ਹੈ ਕਿ ਕੀ ਮੈਂ ਉਹ ਕਰ ਪਾ ਰਿਹਾ ਹਾਂ, ਜੋ ਮੈਂ ਕਰਨਾ ਚਾਹੁੰਦਾ ਹਾਂ? ਕੀ ਮੈਂ ਕੋਸ਼ਿਸ਼ ਕੀਤੀ ਹੈ?"

## ਪਰਗਟ ਦੇ ਸਵਾਗਤ 'ਚ ਏਕਤਾ ਦਾ ਮੁਜ਼ਾਹਰਾ



**ਅੰਮ੍ਰਿਤਸਰ (ਨ ਜ਼ ਸ)**-ਪੰਜਾਬ ਕਾਂਗਰਸ ਦੇ ਨਵ-ਨਿਯੁਕਤ ਪ੍ਰਧਾਨ ਪਰਗਟ ਸਿੰਘ ਅਤੇ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਸਚਿਨ ਪਾਇਲਟ ਨੇ ਵੀਰਵਾਰ ਇੱਥੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਦਿਆਂ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਕਈ ਸੀਨੀਅਰ ਆਗੂ, ਮੌਜੂਦਾ ਤੇ ਸਾਬਕਾ ਵਿਧਾਇਕ, ਸਾਬਕਾ ਮੰਤਰੀ ਅਤੇ ਪਾਰਟੀ ਵਰਕਰ ਉਨ੍ਹਾਂ ਦੇ ਨਾਲ ਸਨ। ਪਰਗਟ ਸਿੰਘ ਅਤੇ ਪਾਇਲਟ ਦਾ ਸਵੇਰੇ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡੇ ਦੇ ਬਾਹਰ ਢੋਲ-ਢਮੱਕੇ ਨਾਲ ਸਵਾਗਤ ਕੀਤਾ ਗਿਆ। ਕਾਂਗਰਸੀ ਵਰਕਰਾਂ ਦਾ ਉਤਸ਼ਾਹੀ ਇਕੱਠ ਦੇਖਣ ਨੂੰ ਮਿਲਿਆ। ਹਵਾਈ ਅੱਡੇ ਤੋਂ ਪਾਇਲਟ ਖੁਦ ਕਾਰ ਚਲਾ ਕੇ ਪਰਗਟ ਸਿੰਘ ਨੂੰ ਲੈ ਕੇ ਸ੍ਰੀ ਹਰਿਮੰਦਰ ਸਾਹਿਬ ਪੁੱਜੇ। ਵਿਧਾਇਕ ਸੁਖਬਿੰਦਰ ਸਿੰਘ ਸੁੱਖ ਸਰਕਾਰੀਆ ਨੇ ਕਿਹਾ ਕਿ ਪਰਗਟ ਸਿੰਘ ਨੇ ਕਿਹਾ ਸੀ ਕਿ ਉਹ ਨਿਮਾਣੇ ਸਿੱਖ ਵਜੋਂ ਸ੍ਰੀ ਹਰਿਮੰਦਰ ਸਾਹਿਬ ਜਾਣਾ ਚਾਹੁੰਦੇ ਹਨ, ਇਸੇ ਕਾਰਨ ਹਵਾਈ ਅੱਡੇ ਵਿਖੇ ਹੀ ਵਧੇਰੇ ਜੋਸ਼ ਤੇ ਢੋਲ-ਢਮੱਕੇ ਨਾਲ ਉਨ੍ਹਾ ਦਾ ਸਵਾਗਤ ਕੀਤਾ ਗਿਆ।

## ਪੰਜਾਬ ਨਿਵੇਸ਼ਕਾਂ ਲਈ ਬਣੇਗਾ ਮੁੱਖ ਤਰਜੀਹ : ਮਾਨ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਕਾਰੋਬਾਰ ਵਿੱਚ ਸੌਖ, ਪਾਰਦਰਸ਼ਤਾ ਅਤੇ ਰੋਜ਼ਗਾਰ ਪੈਦਾ ਕਰਨ 'ਤੇ ਨਵੇਂ ਸਿਰਿਓਂ ਧਿਆਨ ਕੇਂਦਰਤ ਕਰਦਿਆਂ ਪੰਜਾਬ ਨਿਵੇਸ਼ਕਾਂ ਲਈ ਤਰਜੀਹੀ ਸਥਾਨ ਵਜੋਂ ਉਭਰ ਰਿਹਾ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਇਸ ਦਿਸ਼ਾ ਵਿੱਚ ਚੰਡੀਗੜ੍ਹ ਵਿਖੇ 'ਹੁਨਰ ਪੰਜਾਬ' ਅਤੇ 'ਫਾਸਟ-ਟ੍ਰੈਕ ਪੰਜਾਬ' ਪੋਰਟਲ ਲਾਂਚ ਕੀਤੇ। ਉਨ੍ਹਾ ਕਿਹਾ ਕਿ ਇਹ ਨਵੇਂ ਪੋਰਟਲ 45 ਦਿਨਾਂ ਦੇ ਅੰਦਰ ਸਿੰਗਲ ਵਿੰਡੋ ਰਾਹੀਂ ਸਾਰੀਆਂ ਜ਼ਰੂਰੀ ਪ੍ਰਵਾਨਗੀਆਂ ਯਕੀਨੀ ਬਣਾਉਣਗੇ, ਨਿਵੇਸ਼ਕਾਂ ਨੂੰ ਵਿੱਤੀ ਉਤਸ਼ਾਹ ਦੀ ਪਾਰਦਰਸ਼ੀ ਢੰਗ ਨਾਲ ਟਰੈਕਿੰਗ ਕਰਨ ਦੇ ਯੋਗ ਬਣਾਉਣਗੇ ਅਤੇ ਉਦਯੋਗਾਂ ਨੂੰ ਹੁਨਰਮੰਦ ਨੌਜਵਾਨਾਂ ਨਾਲ ਸਿੱਧਾ ਜੋੜਨਗੇ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੇ 2022 ਤੋਂ ਲੈ ਕੇ ਹੁਣ ਤੱਕ 1.89 ਲੱਖ ਕਰੋੜ ਰੁਪਏ ਦਾ ਨਿਵੇਸ਼ ਆਕਰਸ਼ਿਤ ਕੀਤਾ ਹੈ, ਜਿਸ ਨਾਲ 6.31 ਲੱਖ ਨਵੀਆਂ ਨੌਕਰੀਆਂ ਪੈਦਾ ਹੋਈਆਂ ਹਨ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਰਕਾਰ ਦੀ ਪਹਿਲਕਦਮੀ ਸੂਬੇ ਦੇ ਨੌਜਵਾਨਾਂ ਲਈ ਪੰਜਾਬ ਦੇ ਅੰਦਰ ਹੀ ਰੋਜ਼ਗਾਰ ਦੇ ਮੌਕੇ ਪੈਦਾ ਕਰਨਾ ਅਤੇ ਮੁੜ 'ਰੰਗਲਾ ਪੰਜਾਬ' ਨੂੰ ਮੁੜ ਸਿਰਜਣਾ ਹੈ।

ਪੋਰਟਲ ਲਾਂਚ ਕਰਨ ਤੋਂ ਬਾਅਦ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਹੁਨਰ ਪੰਜਾਬ ਅਤੇ ਫਾਸਟ-ਟ੍ਰੈਕ ਪੰਜਾਬ ਦੀ ਸ਼ੁਰੂਆਤ ਪੰਜਾਬ ਦੇ ਉਦਯੋਗ ਅਤੇ ਨੌਜਵਾਨਾਂ ਲਈ ਮਹੱਤਵਪੂਰਨ ਕਦਮ ਹੈ। 'ਹੁਨਰ ਪੰਜਾਬ' ਉਦਯੋਗ ਅਤੇ ਹੁਨਰਮੰਦ ਨੌਜਵਾਨਾਂ • ਬਾਕੀ ਸਫਾ 2 'ਤੇ

### ਛਾਪੇ ਚੋਣਾਂ ਸਮੇਂ ਸਿਰ ਹੋਣ ਦਾ ਸੰਕੇਤ

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਕਿਹਾ ਕਿ ਭਾਜਪਾ ਨੇ ਪੰਜਾਬ ਵਿੱਚ ਈ ਡੀ ਅਤੇ ਸੀ ਬੀ ਆਈ ਦੇ ਛਾਪਿਆਂ ਨਾਲ ਆਪਣੀ ਚੋਣ ਮੁਹਿੰਮ ਦੀ ਸ਼ੁਰੂਆਤ ਕਰ ਦਿੱਤੀ ਹੈ। ਛਾਪੇ ਇਸ ਗੱਲ ਦਾ ਸੰਕੇਤ ਹਨ ਕਿ ਚੋਣਾਂ ਸਮੇਂ ਸਿਰ ਹੋਣਗੀਆਂ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾ ਕਿਹਾ ਕਿ ਇਸ ਤੋਂ ਪਹਿਲਾਂ ਵੀ ਭਾਜਪਾ ਵੱਲੋਂ ਚੋਣਾਂ ਵਾਲੇ ਸੂਬਿਆਂ ਵਿੱਚ ਈ ਡੀ ਅਤੇ ਸੀ ਬੀ ਆਈ ਦੇ ਛਾਪਿਆਂ ਨਾਲ ਹੀ ਚੋਣ ਮੁਹਿੰਮ ਸ਼ੁਰੂ ਕੀਤੀ ਗਈ ਸੀ।

ਮਾਨ ਨੇ ਕਿਹਾ ਕਿ ਪੱਛਮੀ ਬੰਗਾਲ ਵਿੱਚ ਮਮਤਾ ਬੈਨਰਜੀ ਦੇ ਸਾਥੀਆਂ ਉੱਤੇ ਛਾਪੇਮਾਰੀ ਕਰਵਾਈ ਗਈ, ਦਿੱਲੀ ਵਿੱਚ ਅਰਵਿੰਦ ਕੇਜਰੀਵਾਲ ਅਤੇ ਮਨੀਸ਼ ਸਿਸੋਦੀਆ ਸਮੇਤ ਹੋਰ ਕਈ ਆਮ ਆਦਮੀ ਪਾਰਟੀ ਦੇ ਆਗੂਆਂ ਨੂੰ ਨਿਸ਼ਾਨਾ ਬਣਾਇਆ ਗਿਆ। ਇਸ ਤੋਂ ਪਹਿਲਾਂ ਛੱਤੀਸਗੜ੍ਹ, ਹਰਿਆਣਾ, ਰਾਜਸਥਾਨ ਅਤੇ ਯੂ ਪੀ ਵਿੱਚ ਵੀ ਇਸੇ ਤਰ੍ਹਾਂ ਛਾਪੇਮਾਰੀਆਂ ਕਰਵਾਈਆਂ ਗਈਆਂ।

ਉਨ੍ਹਾ ਕਿਹਾ ਕਿ ਅਦਾਲਤਾਂ ਵਿੱਚ ਪਹਿਲਾਂ ਵੀ ਲੰਬੇ ਸਮੇਂ ਤੋਂ ਕੇਸ ਲਟਕਦੇ ਆ ਰਹੇ ਹਨ, ਜਿਨ੍ਹਾਂ ਦਾ ਨਿਪਟਾਰਾ ਨਹੀਂ ਹੋ ਰਿਹਾ, ਪਰ ਇਹ ਮਾਮਲਾ ਰਾਤੋ-ਰਾਤ ਸੀ ਬੀ ਆਈ ਨੂੰ ਸੌਂਪ ਦਿੱਤਾ ਗਿਆ ਅਤੇ ਸੀ ਬੀ ਆਈ ਨੇ ਵੀ • ਬਾਕੀ ਸਫਾ 2 'ਤੇ

## ਦੀਵਾਲੀ ਦਾ ਤੋਹਫ਼ਾ : 'ਮੇਰੀ ਦੁਕਾਨ, ਮੇਰੇ ਨਾਮ' ਸਕੀਮ ਦੀ ਸ਼ੁਰੂਆਤ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਸੂਬੇ ਦੇ ਲੱਖਾਂ ਦੁਕਾਨਦਾਰਾਂ ਅਤੇ ਛੋਟੇ ਵਪਾਰੀਆਂ ਨੂੰ ਦੀਵਾਲੀ ਦੇ ਤਿਉਹਾਰ ਤੋਂ ਪਹਿਲਾਂ ਤੋਹਫ਼ਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਵੀਰਵਾਰ 'ਮੇਰੀ ਦੁਕਾਨ, ਮੇਰੇ ਨਾਮ' ਸਕੀਮ ਦੀ ਸ਼ੁਰੂਆਤ ਕੀਤੀ। ਇਸ ਸਕੀਮ ਨਾਲ ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਅਧੀਨ 12 ਸਾਲਾਂ ਤੋਂ ਵੱਧ ਸਮੇਂ ਤੋਂ ਕਿਰਾਏ ਜਾਂ ਲੀਜ਼ 'ਤੇ ਕਾਨੂੰਨੀ ਤੌਰ 'ਤੇ ਦੁਕਾਨਾਂ ਚਲਾ ਰਹੇ ਦੁਕਾਨਦਾਰਾਂ ਲਈ ਇਨ੍ਹਾਂ ਦੁਕਾਨਾਂ ਦੇ ਮਾਲਕ ਬਣਨ ਦਾ ਰਾਹ ਪੱਧਰਾ ਹੋ ਗਿਆ ਹੈ।ਪੰਜਾਬ ਭਵਨ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਸ ਸਕੀਮ ਤਹਿਤ ਯੋਗ ਦੁਕਾਨਦਾਰ ਆਪਣੀਆਂ ਦੁਕਾਨਾਂ ਦੇ ਮਾਲਕੀ ਹੱਕ ਪ੍ਰਾਪਤ ਕਰਨ ਦੇ ਯੋਗ ਬਣ ਜਾਣਗੇ।ਉਨ੍ਹਾ ਦੱਸਿਆ ਕਿ 1 ਅਪ੍ਰੈਲ 2020 ਤੋਂ ਪਹਿਲਾਂ ਦੇ 12 ਸਾਲਾਂ ਦੇ ਕਾਨੂੰਨੀ ਕਬਜ਼ੇ ਨੂੰ ਸਾਬਤ ਕਰਨ ਵਾਲਾ ਕੋਈ ਵੀ ਦੁਕਾਨਦਾਰ ਇਸ ਸਕੀਮ ਲਈ ਅਰਜ਼ੀ ਦੇਣ ਦੇ ਯੋਗ ਹੋਵੇਗਾ।ਇਸ ਪਹਿਲਕਦਮੀ ਦਾ ਲਾਭ ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਅਧੀਨ ਕੰਮ ਕਰ ਰਹੇ ਉਨ੍ਹਾਂ ਵਪਾਰੀਆਂ ਨੂੰ ਮਿਲੇਗਾ, ਜੋ ਬਿਨਾਂ ਮਾਲਕੀ ਹੱਕਾਂ ਦੇ ਕਿਰਾਏ ਜਾਂ ਲੀਜ਼ 'ਤੇ ਦੁਕਾਨਾਂ ਚਲਾ ਰਹੇ ਹਨ।ਬੈਂਸ ਨੇ ਦੱਸਿਆ ਕਿ ਇਸ ਸੰਬੰਧੀ ਅਰਜ਼ੀਆਂ 6 ਨਵੰਬਰ ਤੱਕ ਨਗਰ ਕੌਂਸਲ ਅਤੇ ਨਗਰ ਨਿਗਮ ਦਫ਼ਤਰਾਂ ਵਿੱਚ ਜਮ੍ਹਾਂ ਕਰਵਾਈਆਂ ਜਾ ਸਕਦੀਆਂ ਹਨ। ਇਹ ਸਾਰੀ ਪ੍ਰਕਿਰਿਆ ਸਮਾਂਬੱਧ ਹੋਵੇਗੀ।ਅਰਜ਼ੀਆਂ ਦੀ ਪੜਤਾਲ ਐੱਸ ਡੀ ਐੱਮ ਪੱਧਰ ਦੀ ਕਮੇਟੀ ਵੱਲੋਂ ਕੀਤੀ ਜਾਵੇਗੀ, ਜਦਕਿ ਕੀਮਤ ਨਿਰਧਾਰਤ ਕਰਨ ਦਾ ਕੰਮ ਡੀ ਸੀ ਪੱਧਰ ਦੀ ਕਮੇਟੀ ਕਰੇਗੀ ਅਤੇ ਸੰਬੰਧਤ ਸਥਾਨਕ ਸੰਸਥਾਵਾਂ ਵੱਲੋਂ ਮਤਾ ਪਾਸ ਕੀਤਾ ਜਾਵੇਗਾ।ਕੀਮਤਾਂ ਦੇ ਵਰਗੀਕਰਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਬੈਂਸ ਨੇ ਦੱਸਿਆ ਕਿ 3 ਲੱਖ ਰੁਪਏ ਤੋਂ ਘੱਟ ਸਾਲਾਨਾ ਆਮਦਨ ਵਾਲੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਬਿਨੈਕਾਰਾਂ ਨੂੰ ਕੁਲੈਕਟਰ ਰੇਟ ਦਾ ਸਿਰਫ਼ 12.5 ਫ਼ੀਸਦ ਭੁਗਤਾਨ ਕਰਨਾ ਪਵੇਗਾ।ਇਸੇ ਤਰ੍ਹਾਂ 3 ਤੋਂ 8 ਲੱਖ ਰੁਪਏ ਦੀ ਆਮਦਨ ਵਾਲੇ ਘੱਟ ਆਮਦਨ ਵਰਗ (ਐੱਲ ਆਈ ਜੀ) ਦੇ ਬਿਨੈਕਾਰ 25 ਫ਼ੀਸਦ, 8 ਤੋਂ 15 ਲੱਖ ਰੁਪਏ ਦੀ ਆਮਦਨ ਵਾਲੇ ਮੱਧਮ ਆਮਦਨ ਵਰਗ (ਐੱਮ ਆਈ ਜੀ) ਦੇ ਬਿਨੈਕਾਰ 50 ਫ਼ੀਸਦ • ਬਾਕੀ ਸਫਾ 2 'ਤੇ

## ਗਿਆਨੇਸ਼ ਮੋਦੀ-ਸ਼ਾਹ ਦੇ ਇਸ਼ਾਰੇ 'ਤੇ ਚੱਲ ਰਹੇ : ਪ੍ਰਕਾਸ਼ ਰਾਜ

**ਬੇਂਗਲੁਰੂ (ਨ ਜ਼ ਸ)** : ਸੀ ਜੇ ਪੀ ਦੇ ਬਾਨੀ ਅਭਿਜੀਤ ਦੀਪਕੇ, ਯੂਟਿਊਬਰ ਧਰੁਵ ਰਾਠੀ ਅਤੇ ਅਦਾਕਾਰ-ਕਾਰਕੁੰਨ ਪ੍ਰਕਾਸ਼ ਰਾਜ ਨੇ ਵੀਰਵਾਰ ਇੱਥੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਮੁਜ਼ਾਹਰੇ ਦੀ ਅਗਵਾਈ ਕਰਕੇ ਵੋਟਰ ਸੂਚੀਆਂ ਦੀ ਐੱਸ ਆਈ ਆਰ ਵਿੱਚ ਬੇਨੇਮੀਆਂ ਨੂੰ ਲੈ ਕੇ ਉਨ੍ਹਾ ਦੇ ਤੁਰੰਤ ਅਸਤੀਫੇ ਦੀ ਮੰਗ ਕੀਤੀ ਗਈ।

ਪ੍ਰਕਾਸ਼ ਰਾਜ ਨੇ ਕਿਹਾ ਕਿ ਗਿਆਨੇਸ਼ ਕੁਮਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਇਸ਼ਾਰੇ 'ਤੇ ਕੰਮ ਕਰ ਰਹੇ ਹਨ। ਦੀਪਕੇ ਨੇ ਮੋਦੀ 'ਤੇ ਲੋਕਤੰਤਰ ਦੀ ਹੱਤਿਆ ਅਤੇ ਵੋਟ ਚੋਰੀ ਦਾ ਦੋਸ਼ ਲਗਾਇਆ। ਆਰ ਜੇ ਡੀ ਦੇ ਤੇਜਸਵੀ ਯਾਦਵ ਦੀ ਅਗਵਾਈ ਹੇਠ ਇੰਡੀਆ ਬਲਾਕ ਦੇ ਆਗੂਆਂ ਨੇ ਵੀਰਵਾਰ ਪਟਨਾ ਵਿੱਚ ਗਿਆਨੇਸ਼ ਕੁਮਾਰ ਖਿਲਾਫ ਮਾਰਚ ਕੱਢਿਆ। ਪ੍ਰਦਰਸ਼ਨ ਦੌਰਾਨ ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਦੇ ਸਾਬਕਾ ਵਿਧਾਇਕ ਅਜੀਤ ਕੁਸ਼ਵਾਹਾ ਬੇਹੋਸ਼ ਹੋ ਗਏ।

## ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਅੱਜ ਦੇ ਵਿਖਾਵੇ 'ਚ ਵਧ-ਚੜ੍ਹ ਕੇ ਪੁੱਜਣ ਦੀ ਅਪੀਲ

### ਮੁੱਖ ਮੰਤਰੀ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਨੂੰ ਵਿਰਾਸਤੀ ਯਾਦਗਾਰ ਐਲਾਨਣ



**ਜਲੰਧਰ (ਕੇਸਰ)**

ਦੇਸ਼ ਭਗਤ ਯਾਦਗਾਰ ਕਮੇਟੀ ਨੇ ਪੰਜਾਬ ਦੇ ਲੇਖਕਾਂ, ਸਾਹਿਤਕਾਰਾਂ, ਕਵੀਆਂ, ਬੁੱਧੀਜੀਵੀਆਂ, ਰੰਗਕਰਮੀਆਂ, ਤਰਕਸ਼ੀਲਾਂ, ਜਮਹੂਰੀ, ਮਿਹਨਤਕਸ਼ ਲੋਕਾਂ ਦੀਆਂ ਸਮੂਹ ਜਥੇਬੰਦੀਆਂ ਅਤੇ ਸ਼ਖਸੀਅਤਾਂ ਨੂੰ 9 ਅਕਤੂਬਰ ਨਕੋਦਰ (ਜਲੰਧਰ), 14 ਅਕਤੂਬਰ ਸੰਧਵਾਂ (ਫਰੀਦਕੋਟ) ਅਤੇ 15 ਅਕਤੂਬਰ ਸਵੇਰੇ 11 ਵਜੇ ਸੰਗਰੂਰ ਵਿਖੇ ਪਾਸ਼-ਹੰਸ ਰਾਜ ਕੰਪਲੈਕਸ ਅਤੇ ਮਜ਼ਦੂਰ ਆਗੂ 'ਤੇ ਹਮਲੇ ਖ਼ਿਲਾਫ਼ ਹੋ ਰਹੇ ਰੋਸ ਵਿਖਾਵਿਆਂ ਵਿੱਚ ਕਾਫ਼ਲੇ ਬੰਨ੍ਹ ਕੇ ਪੁੱਜਣ ਦੀ ਜ਼ੋਰਦਾਰ ਅਪੀਲ ਕੀਤੀ ਹੈ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਕਮੇਟੀ ਤਰਫ਼ੋਂ ਬਿਆਨ ਜਾਰੀ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਜਦੋਂ 10 ਅਕਤੂਬਰ ਨੂੰ ਪਾਸ਼ ਦੇ ਪਿੰਡ ਤਲਵੰਡੀ ਸਲੇਮ ਦੇ ਐਨ ਗੁਆਂਢ ਵਿੱਚ ਭਗਵਾਨ ਵਾਲਮੀਕ ਆਸ਼ਰਮ ਰਹੀਮਪੁਰ ਆ ਰਹੇ ਹਨ ਤਾਂ ਉਸ ਮੌਕੇ ਉਹ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਅਤੇ ਰੋਸ ਵਿਖਾਵੇ ਲਾਮਬੰਦ ਕਰ ਰਹੀਆਂ ਸੰਸਥਾਵਾਂ ਦੇ ਵਫ਼ਦ ਨੂੰ ਮਿਲਣ ਦਾ ਭਰੋਸਾ ਦਿੰਦੇ ਹੋਏ ਯਕੀਨੀ ਬਣਾਉਣ ਅਤੇ ਉਸ ਦਿਨ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਨੂੰ ਵਿਰਾਸਤੀ ਯਾਦਗਾਰ ਵਜੋਂ ਐਲਾਨ ਕਰਨ। ਕਮੇਟੀ ਨੇ ਇਹ ਮੰਗ ਵੀ ਕੀਤੀ ਕਿ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ, ਕਹਾਣੀਕਾਰ ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ ਨੂੰ ਤਲਵੰਡੀ ਸਲੇਮ ਦੇ ਸਰਪੰਚ ਪਰਦੀਪ ਸਿੰਘ ਵੱਲੋਂ ਜਾਤੀ ਸੂਚਕ ਸ਼ਬਦ ਬੋਲਣ, ਗਾਲ੍ਹਾਂ ਕੱਢਣ, ਪਾਸ਼ ਦੇ ਪਿੰਡ ਪਾਸ਼ ਜਨਮ ਦਿਹਾੜਾ ਸਮਾਗਮ ਦੀਆਂ ਤਿਆਰੀਆਂ ਕਰਦੇ ਕਾਰਕੁਨਾਂ ਦੇ ਫੋਨ ਖੋਹਣ ਕਾਰਨ ਸਰਪੰਚ ਅਤੇ ਉਸ ਦੇ ਜੋਟੀਦਾਰਾਂ 'ਤੇ ਕੇਸ ਦਰਜ ਕੀਤਾ ਜਾਵੇ।

ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਵਿਖੇ ਵਿਰਾਸਤੀ ਯਾਦਗਾਰ ਦਾ ਮੁਹਾਂਦਰਾ ਵਿਗਾੜਨਾ ਬੰਦ ਕੀਤਾ ਜਾਵੇ। ਕਮੇਟੀ ਨੇ ਕਿਹਾ ਕਿ ਸੰਸਾਰ ਪ੍ਰਸਿੱਧ ਇਨਕਲਾਬੀ ਪੰਜਾਬੀ ਕਵੀ ਪਾਸ਼ ਦੀ ਯਾਦਗਾਰ ਨੂੰ ਸੌੜੇ ਸਿਆਸੀ ਮੁਫ਼ਾਦਾਂ ਲਈ ਵਰਤਣ ਦੇ ਭੁਲੇਖੇ ਦੂਰ ਕਰਕੇ ਪਿੰਡ ਅਤੇ ਲੋਕ-ਸੰਸਥਾਵਾਂ ਦੇ ਜਜ਼ਬਾਤਾਂ ਦਾ ਮਾਣ-ਸਨਮਾਨ ਕਰਨਾ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਠੋਸ ਕਦਮ ਚੁੱਕੇ।

## ਅੱਜ-ਨਾਮਾ

ਰਾਮ ਰਹੀਮ ਦਿਆਂ ਚੇਲਿਆਂ ਛੇੜ ਚਰਚਾ,
ਲਿਆ ਈ ਨਵਾਂ ਇੱਕ ਕੇਸ ਸਹੇੜ ਮੀਆਂ।
ਲਵਾਈ ਐਡ ਜਿਹੀ ਉਨ੍ਹਾਂ ਨੇ ਆਖਦੇ ਆ,
ਚੱਲਿਆ ਨਵਾਂ ਇਹ ਓਸ ਦਾ ਗੇੜ ਮੀਆਂ।
ਆਪਣੇ ਆਪ ਅਦਾਲਤ ਸੀ ਬਾਂਹ ਪਕੜੀ,
ਕੇਸ ਇਹ ਸਕਦਾ ਹੈ ਪੈਰ ਉਖੇੜ ਮੀਆਂ।
ਮੰਨੀ ਅਦਾਲਤ ਨੇ ਐਡ ਉਹ ਮਾਣਹਾਨੀ,
ਸਕਦੀ ਪਹਿਲੇ ਵੀ ਜ਼ਖਮ ਉਚੇੜ ਮੀਆਂ।
ਚਾਂਭਲੇ ਚਾਟੜੇ ਜਿੱਦਾਂ ਇਹ ਨਜ਼ਰ ਪੈਂਦੇ,
ਸਾਧ ਨੂੰ ਜਾਪ ਰਹੇ ਹੋਰ ਫਸਾਉਣਗੇ ਈ।
ਵਧ ਗਈ ਗੱਲ ਤੇ ਪਉ ਕੁਝ ਹੋਰ ਰੌਲਾ,
ਪਰੋਲ-ਸ਼ਰੋਲ ਨੂੰ ਰੋਕ ਲਵਾਉਣਗੇ ਈ।

-ਤੀਸ ਮਾਰ ਖਾਂ

## ਸ੍ਰੀ ਅਨੰਦਪੁਰ ਸਾਹਿਬ ਘਟਨਾਕ੍ਰਮ ਦੀ ਜਾਂਚ ਲਈ ਸਿੱਟ ਦਾ ਗਠਨ



**ਚੰਡੀਗੜ੍ਹ (ਗੁਰਜੀਤ ਬਿੱਲਾ)**

'ਆਪ' ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਵੀਰਵਾਰ ਇੱਕ ਵਾਰ ਫਿਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਕਾਰਜਪ੍ਰਣਾਲੀ 'ਤੇ ਗੰਭੀਰ ਸਵਾਲ ਚੁੱਕੇ ਅਤੇ ਸ੍ਰੀ ਅਨੰਦਪੁਰ ਸਾਹਿਬ ਸਰਾਂ ਮਾਮਲੇ 'ਤੇ ਐੱਸ ਜੀ ਪੀਸੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਅਤੇ ਇਸ ਦੇ ਮੁੱਖ ਸਰਪ੍ਰਸਤ ਸੁਖਬੀਰ ਸਿੰਘ ਬਾਦਲ ਤੋਂ ਜਵਾਬ ਮੰਗਿਆ। ਉਨ੍ਹਾ ਐੱਸ ਜੀ ਪੀਸੀ ਸਰਾਂ ਵਿੱਚ ਮਹਿਲਾ ਦੇ ਠਹਿਰਨ, 1 ਲੱਖ ਦੇ ਇਲਾਜ ਦੇ ਭੁਗਤਾਨ ਅਤੇ ਰਜਿਸਟਰ ਵਿੱਚ ਗੜਬੜੀਆਂ ਬਾਰੇ ਐੱਸ ਜੀ ਪੀ ਸੀ ਪ੍ਰਧਾਨ ਦੁਆਰਾ ਦਿੱਤੇ ਸਪੱਸ਼ਟੀਕਰਨਾਂ 'ਤੇ ਸਵਾਲ ਚੁੱਕੇ।

ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਨੂ ਨੇ ਕਿਹਾ, 'ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ੍ਰੀ ਅਨੰਦਪੁਰ ਸਾਹਿਬ ਦੇ ਪੂਰੇ ਘਟਨਾਕ੍ਰਮ ਦੀ ਜਾਂਚ ਲਈ ਤਿੰਨ ਮੈਂਬਰੀ ਐੱਸ ਆਈ ਟੀ ਦਾ ਗਠਨ ਕੀਤਾ ਹੈ।ਐੱਸ ਆਈ ਟੀ ਦੀ ਅਗਵਾਈ ਪੰਜਾਬ ਪੁਲਸ ਅਧਿਕਾਰੀ ਗੁਰਬੰਸ ਸਿੰਘ ਬੈਂਸ ਕਰ ਰਹੇ ਹਨ, ਜਦੋਂ ਕਿ ਸਿਮਰਨਜੀਤ ਸਿੰਘ ਲੰਗ ਅਤੇ ਕਰਨ ਸਿੰਘ ਸੰਧੂ ਇਸ ਦੇ ਮੈਂਬਰ ਹਨ। ਇਹ ਜਾਂਚ ਉਨ੍ਹਾਂ ਬਹੁਤ ਸਾਰੇ ਸਵਾਲਾਂ ਦਾ ਹੱਲ ਕਰੇਗੀ, ਜੋ ਹੁਣ ਤੱਕ ਅਣਸੁਲਝੇ ਰਹੇ ਹਨ।' ਉਨ੍ਹਾ ਕਿਹਾ, 'ਜਾਂਚ ਵਿੱਚ ਇਹ ਜਵਾਬ ਮਿਲੇਗਾ ਕਿ ਮਹਿਲਾ ਬਹਿਰੀਨ ਤੋਂ ਕਿਵੇਂ ਆਈ, ਸ੍ਰੀ ਅਨੰਦਪੁਰ ਸਾਹਿਬ ਦੀ ਐੱਸ ਜੀ ਪੀ ਸੀ ਸਰਾਂ ਵਿੱਚ ਉਸ ਦੇ ਆਉਣ ਅਤੇ ਠਹਿਰਨ ਦਾ ਪ੍ਰਬੰਧ ਕਿਸ ਨੇ ਕੀਤਾ, ਉਸ ਨੂੰ ਕੀ-ਕੀ ਇੰਤਜ਼ਾਮ ਅਤੇ ਸਹੂਲਤਾਂ ਦਿੱਤੀਆਂ ਗਈਆਂ, ਇਹ ਸਹੂਲਤਾਂ ਕਿਸ ਨੇ ਮਨਜ਼ੂਰ ਕੀਤੀਆਂ ਅਤੇ ਉਸ ਨੂੰ ਮਹੀਨਿਆਂਬੱਧੀ ਉੱਥੇ ਰਹਿਣ ਦੀ ਇਜਾਜ਼ਤ ਕਿਵੇਂ ਦਿੱਤੀ ਗਈ।' ਆਪ ਪੰਜਾਬ ਦੇ ਮੀਡੀਆ ਇੰਚਾਰਜ ਨੇ ਦਾਅਵਾ ਕੀਤਾ ਕਿ ਭਗਵੰਤ ਮਾਨ ਸਰਕਾਰ ਨੇ ਹੁਣ ਇਸ ਪੂਰੇ ਮਾਮਲੇ ਦੀ ਜਾਂਚ ਦੇ ਹੁਕਮ ਦਿੱਤੇ ਹਨ, ਜੋ ਉਨ੍ਹਾਂ ਬਹੁਤ ਸਾਰੇ ਸਵਾਲਾਂ ਦਾ ਜਵਾਬ ਦੇਵੇਗੀ, ਜੋ ਹੁਣ ਤੱਕ ਅਣਸੁਲਝੇ ਸਨ।

ਧਾਮੀ ਦੀ ਪ੍ਰੈੱਸ ਕਾਨਫਰੰਸ ਦਾ ਹਵਾਲਾ ਦਿੰਦਿਆਂ ਬਲਤੇਜ ਪੰਨੂ ਨੇ ਕਿਹਾ—ਐੱਸ ਜੀ ਪੀ ਸੀ ਪ੍ਰਧਾਨ ਦੁਆਰਾ ਖੁਦ ਦਿਖਾਇਆ ਗਿਆ ਰਜਿਸਟਰ ਹੋਰ ਸਵਾਲ ਖੜ੍ਹੇ ਕਰਦਾ ਹੈ। ਜੇਕਰ ਤੁਸੀਂ ਰਜਿਸਟਰ ਨੂੰ ਜ਼ੂਮ ਕਰਕੇ ਦੇਖੋ, ਤਾਂ ਕਮਰੇ 'ਤੇ ਸਪੱਸ਼ਟ ਤੌਰ 'ਤੇ ਅਮਰਜੀਤ ਸਿੰਘ ਚਾਵਲਾ ਦੁਆਰਾ ਸਿਫਾਰਸ਼ੀ ਅਤੇ ਫ੍ਰੀ ਲਿਖਿਆ ਹੋਇਆ ਹੈ। ਫਿਰ ਉਹ ਇਹ ਦਾਅਵਾ ਕਿਵੇਂ ਕਰ ਸਕਦੇ ਹਨ ਕਿ ਕਮਰਾ 1,000 ਦੇ ਕੇ ਬੁੱਕ ਕੀਤਾ ਗਿਆ ਸੀ? ਪੰਨੂ ਨੇ ਕਿਹਾ ਕਿ ਧਾਮੀ ਨੇ ਪਹਿਲਾਂ ਮਹਿਲਾ ਨੂੰ 1 ਲੱਖ ਦਿੱਤੇ ਜਾਣ ਤੋਂ ਇਨਕਾਰ ਕੀਤਾ ਸੀ, ਪਰ ਬਾਅਦ ਵਿੱਚ ਆਪਣੀ ਪ੍ਰੈੱਸ ਕਾਨਫਰੰਸ ਵਿੱਚ ਕਬੂਲ ਕੀਤਾ ਕਿ ਇਹ ਰਕਮ ਧਰਮ ਅਰਥ ਕਮੇਟੀ ਦੁਆਰਾ ਦਿੱਤੀ ਗਈ ਸੀ। ਐੱਸ ਜੀ ਪੀ ਸੀ ਨੂੰ ਇਹ ਖੁਲਾਸਾ ਕਰਨਾ ਚਾਹੀਦਾ ਹੈ ਕਿ ਧਾਮੀ ਦੇ ਕਾਰਜਕਾਲ ਦੌਰਾਨ ਕਿੰਨੇ ਮਾਨਸਿਕ ਰੋਗੀਆਂ ਨੂੰ ਇਲਾਜ ਲਈ 1-1 ਲੱਖ ਦਿੱਤੇ ਗਏ ਹਨ ਅਤੇ ਇਹ ਭੁਗਤਾਨ ਕਿਸ ਦੀਆਂ ਸਿਫਾਰਸ਼ਾਂ 'ਤੇ ਕੀਤੇ ਗਏ ਸਨ। ਉਨ੍ਹਾ ਉਸ ਅਰਜ਼ੀ 'ਤੇ ਵੀ ਸਵਾਲ ਚੁੱਕੇ, ਜਿਸ ਦੇ ਆਧਾਰ 'ਤੇ 1 ਲੱਖ ਮਨਜ਼ੂਰ ਕੀਤੇ ਗਏ ਸਨ। ਬਲਤੇਜ ਸਿੰਘ ਪੰਨੂ ਨੇ ਪੁੱਛਿਆ—ਅਰਜ਼ੀ ਵਿੱਚ ਖੁਦ ਲਿਖਿਆ ਹੈ ਕਿ ਮਹਿਲਾ ਕਈ ਮਹੀਨਿਆਂ ਤੋਂ ਸ੍ਰੀ ਅਨੰਦਪੁਰ ਸਾਹਿਬ ਦੀ ਸਰਾਂ ਵਿੱਚ ਰਹਿ ਰਹੀ ਸੀ। ਕੀ ਕਿਸੇ ਨੇ ਇਹ ਧਿਆਨ ਨਹੀਂ ਦਿੱਤਾ ਕਿ ਉਹ ਮਹੀਨਿਆਂ ਤੋਂ ਉੱਥੇ ਰਹਿ ਰਹੀ ਸੀ? ਇੱਕ ਵਾਰ ਜਦੋਂ ਕੋਈ ਝੂਠ ਬੋਲਦਾ ਹੈ, ਤਾਂ ਉਸ ਨੂੰ ਝੂਠ ਨੂੰ ਛੁਪਾਉਣ ਲਈ ਬਾਰ-ਬਾਰ ਝੂਠ ਬੋਲਣਾ ਪੈਂਦਾ ਹੈ। ਬਲਤੇਜ ਪੰਨੂ ਨੇ ਸਵਾਲ ਕੀਤਾ, ਮਾਨਸਿਕ ਤੌਰ 'ਤੇ ਬਿਮਾਰ ਦੱਸੀ ਗਈ ਔਰਤ ਨੂੰ • ਬਾਕੀ ਸਫਾ 2 'ਤੇ

## ਇਲਾਕੇ ਦੇ ਪਹਿਲੇ ਪਾਇਲਟ ਬਣੇ ਮਨਮੀਤ ਸਿੰਘ ਦਾ ਵਿਸ਼ੇਸ਼ ਸਨਮਾਨ



**ਭੀਖੀ (ਗੁਰਿੰਦਰ ਸਿੰਘ ਔਲਖ)**-ਸਥਾਨਕ ਮਾਡਰਨ ਸੈਕੂਲਰ ਪਬਲਿਕ ਸਕੂਲ ਵੱਲੋਂ ਸਕੂਲ ਦੇ ਸਾਬਕਾ ਵਿਦਿਆਰਥੀ ਫਲਾਈਟ ਲੈਫਟੀਨੈਂਟ ਮਨਮੀਤ ਸਿੰਘ ਪਾਇਲਟ ਭਾਰਤੀ ਹਵਾਈ ਸੈਨਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਸਕੂਲ ਵੱਲੋਂ ਵਿਸ਼ੇਸ਼ ਫੈਲੀਸੀਟੇਸ਼ਨ ਸੈਰੇਮਨੀ ਕਰਵਾਈ ਗਈ।ਇਸ ਮੌਕੇ ਪ੍ਰਿੰਸੀਪਲ ਅਮਨਦੀਪ ਢੰਡੀਆ ਨੇ ਫਲਾਈਟ ਲੈਫਟੀਨੈਂਟ ਮਨਮੀਤ ਸਿੰਘ ਪਾਇਲਟ ਨੂੰ ਉਨ੍ਹਾਂ ਦੀ ਮਾਣਮੱਤੀ ਪ੍ਰਾਪਤੀ ਲਈ ਦਿਲੋਂ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਮਨਮੀਤ ਸਿੰਘ ਦੀ ਸਫਲਤਾ ਨੇ ਸਕੂਲ, ਮਾਪਿਆਂ ਤੇ ਪੂਰੇ ਇਲਾਕੇ ਦਾ ਮਾਣ ਵਧਾਇਆ ਹੈ।ਸਨਮਾਨ ਸਮਾਰੋਹ ਉਪਰੰਤ ਪਾਇਲਟ ਮਨਮੀਤ ਸਿੰਘ ਨੇ ਆਪਣੇ ਪੁਰਾਣੇ ਸਕੂਲ ਦਾ ਦੌਰਾ ਕੀਤਾ ਤੇ ਸਕੂਲ ਦੇ ਵੱਖ-ਵੱਖ ਹਿੱਸਿਆਂ ਨੂੰ ਦੇਖਦਿਆਂ ਆਪਣੀਆਂ ਪੁਰਾਣੀਆਂ ਯਾਦਾਂ ਵਿਦਿਆਰਥੀਆਂ ਤੇ ਅਧਿਆਪਕਾਂ ਨਾਲ ਸਾਂਝੀਆਂ ਕੀਤੀਆਂ।ਉਨ੍ਹਾਂ ਵਿਦਿਆਰਥੀਆਂ ਨੂੰ ਮਿਹਨਤ, ਅਨੁਸ਼ਾਸਨ ਤੇ ਲਗਨ ਨਾਲ ਆਪਣੇ ਟੀਚੇ ਵੱਲ ਵਧਣ ਲਈ ਪ੍ਰੇਰਿਤ ਕੀਤਾ।

## ਸਨਮਦੀਪ ਸਨੀ ਮਾਮਲਾ : ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਡੀ ਜੀ ਪੀ ਤੇ ਮੁੱਖ ਸਕੱਤਰ ਨੂੰ ਨੋਟਿਸ



**ਕਨੋਈ/ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪਿੰਡ ਕਨੋਈ ਵਿਖੇ ਮ੍ਰਿਤਕ ਸਨਮਦੀਪ ਸਨੀ ਦੇ ਪਰਵਾਰ ਨਾਲ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪ੍ਰਿਯੰਕ ਕਾਨੂੰਨਗੋ ਨੇ ਮੁਲਾਕਾਤ ਕਰਕੇ ਪਰਵਾਰ ਦੀਆਂ ਗੱਲਾਂ ਤੇ ਮਾਮਲੇ ਨਾਲ ਜੁੜੇ ਤੱਥ ਸੁਣੇ।ਇਸ ਦੌਰਾਨ ਪਰਵਾਰ ਨੇ ਮਾਮਲੇ ਦੀ ਨਿਰਪੱਖ ਤੇ ਸਮਾਂਬੱਧ ਜਾਂਚ ਤੇ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ।ਪਰਵਾਰ ਅਨੁਸਾਰ ਸਨਮਦੀਪ ਸਨੀ ਦੀ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਲਾਵਾਰਿਸ ਵਜੋਂ ਕਰ ਦਿੱਤਾ ਗਿਆ, ਜਦਕਿ ਪਰਵਾਰ ਹਿਰਾਸਤ/ਬੰਦ ਹਾਲਤ ਵਿੱਚ ਕੁਝ ਹੀ ਦੂਰੀ 'ਤੇ ਸੀ।ਪਰਵਾਰ ਨੇ ਇਸ ਗੱਲ ਦੀ ਵੀ ਜਾਂਚ ਦੀ ਮੰਗ ਕੀਤੀ ਹੈ ਕਿ ਉਨ੍ਹਾਂ ਨੂੰ ਮ੍ਰਿਤਕ ਦੀ ਪਛਾਣ ਤੇ ਅੰਤਿਮ ਸੰਸਕਾਰ ਸਬੰਧੀ ਸੂਚਿਤ ਕਿਉਂ ਨਹੀਂ ਕੀਤਾ ਗਿਆ।ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਕਮਿਸ਼ਨ ਮੈਂਬਰ ਵੱਲੋਂ ਪੰਜਾਬ ਦੇ ਡੀ ਜੀ ਪੀ ਤੇ ਮੁੱਖ ਸਕੱਤਰ ਨੂੰ ਨੋਟਿਸ ਜਾਰੀ ਕੀਤਾ ਗਿਆ ਹੈ।ਭਾਜਪਾ ਜ਼ਿਲ੍ਹਾ ਪ੍ਰਧਾਨ ਦਾਮਨ ਬਾਜਵਾ ਨੇ ਕਿਹਾ ਕਿ ਸਨਮਦੀਪ ਸਨੀ ਦੇ ਪਰਵਾਰ ਨੂੰ ਇਨਸਾਫ਼ ਮਿਲਣ ਤੱਕ ਸੰਘਰਸ਼ ਜਾਰੀ ਰਹੇਗਾ।ਉਨ੍ਹਾਂ ਕਿਹਾ ਕਿ ਕਮਿਸ਼ਨ ਦੀ ਦਖ਼ਲਅੰਦਾਜ਼ੀ ਪਰਵਾਰ ਨੂੰ ਇਨਸਾਫ਼ ਦਿਵਾਉਣ ਵੱਲ ਅਹਿਮ ਕਦਮ ਹੈ।

## ਸਿਵਲ ਸਰਜਨ ਵੱਲੋਂ ਜ਼ਿਲ੍ਹਾ ਪ੍ਰੋਗਰਾਮ ਅਫਸਰਾਂ ਤੇ ਐੱਸ ਐੱਮ ਓਜ਼ ਨਾਲ ਮੀਟਿੰਗ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਿਵਲ ਸਰਜਨ ਡਾ. ਅਮਰਜੀਤ ਕੌਰ ਵੱਲੋਂ ਜ਼ਿਲ੍ਹੇ ਦੇ ਸਮੂਹ ਸੀਨੀਅਰ ਮੈਡੀਕਲ ਅਫ਼ਸਰਾਂ ਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਡਾ: ਅਮਰਜੀਤ ਕੌਰ ਨੇ ਸਮੁੱਚੇ ਸਿਹਤ ਪ੍ਰੋਗਰਾਮਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕੀਤੀ ਗਈ।ਡਾ. ਅਮਰਜੀਤ ਕੌਰ ਨੇ ਜ਼ਿਲ੍ਹੇ ਅੰਦਰ ਆਮ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਮੁਲਾਂਕਣ ਕਰਦਿਆਂ ਸਮੂਹ ਸੀਨੀਅਰ ਮੈਡੀਕਲ ਅਫਸਰਾਂ ਨੂੰ ਸਵਾਇਨ ਫਲੂ ਦੇ ਬਚਾਅ ਲਈ ਅਗਾਊਂ ਪ੍ਰਬੰਧ ਕੀਤੇ ਜਾਣ, ਆਪੋ ਆਪਣੀ ਸਿਹਤ ਸੰਸਥਾ ਦੀ ਸਫ਼ਾਈ ਵੱਲ ਖ਼ਾਸ ਧਿਆਨ ਦੇਣ, ਜੱਚਾ ਬੱਚਾ ਦੀ ਸਿਹਤ ਸੰਭਾਲ ਲਈ ਸੰਸਥਾਗਤ ਜਣੇਪਿਆਂ ਵਿੱਚ ਵਾਧਾ ਕਰਨ, ਹਾਈ ਰਿਸਕ ਗਰਭਵਤੀ ਔਰਤਾਂ ਦੀ ਫੌਲੋਅੱਪ ਕਰਨਾ ਯਕੀਨੀ ਬਣਾਉਣ, ਬੱਚਿਆਂ ਨੂੰ ਮਾਰੂ ਬਿਮਾਰੀਆਂ ਤੋਂ ਬਚਾਉਣ ਲਈ ਸੰਪੂਰਨ ਟੀਕਾਕਰਨ ਕਰਨਾ, ਦਵਾਈਆਂ ਸਿਹਤ ਸੰਸਥਾ ਅੰਦਰ ਹੀ ਉਪਲਬਧ ਕਰਵਾਉਣ, ਬਾਇਓ ਮੈਡੀਕਲ ਵੇਸਟੇਜ ਦਾ ਸਹੀ ਪ੍ਰਬੰਧਨ ਕਰਨ, ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਬਣਾਏ ਜਾਣ ਤੇ ਕੋਟਪਾ ਐਕਟ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੀਤੇ ਜਾਣ 'ਚ ਹੋਰ ਤੇਜ਼ੀ ਲਿਆਉਣ ਲਈ ਕਿਹਾ।ਮੀਟਿੰਗ ਦੌਰਾਨ ਹੋਰ ਬਣਾਏ ਜਾਣ ਵਾਲੇ ਆਮ ਆਦਮੀ ਕਲੀਨਿਕ ਬਾਰੇ ਵੀ ਵਿਚਾਰ ਚਰਚਾ ਕੀਤੀ ਗਈ।ਇਸ ਮੌਕੇ ਜ਼ਿਲ੍ਹੇ ਦੇ ਸਮੂਹ ਸੀਨੀਅਰ ਮੈਡੀਕਲ ਅਫਸਰਾਂ ਤੋਂ ਇਲਾਵਾ ਡੀ.ਐੱਮ.ਸੀ. ਡਾ: ਵਿਕਾਸ ਧੀਰ, ਕਾਰਜਕਾਰੀ ਸਹਾਇਕ ਸਿਵਲ ਸਰਜਨ ਡਾ. ਨਿਧੀ ਸਤੀਸ਼ ਮਿੱਤਲ, ਜ਼ਿਲ੍ਹਾ ਸਿਹਤ ਅਫਸਰ ਡਾ: ਰਵਿੰਦਰਪਾਲ ਕੌਰ ਹਾਜ਼ਰ ਸਨ।

## ਸਰਕਾਰੀ ਹਸਪਤਾਲ ਵਿਖੇ ਸਿਹਤ ਜਾਂਚ ਕੈਂਪ ਲਗਾਇਆ



**ਮੱਖੂ (ਰਛਪਾਲ ਸਿੰਘ ਸੰਧੂ)**-ਪੰਜਾਬ ਸਟੇਟ ਏਡਜ਼ ਕੰਟਰੋਲ ਸੋਸਾਇਟੀ ਦੀਆਂ ਪ੍ਰਾਪਤ ਹਦਾਇਤਾਂ ਅਨੁਸਾਰ ਦਿਸ਼ਾ ਕਲੱਸਟਰ ਫਿਰੋਜ਼ਪੁਰ ਵੱਲੋਂ ਸਿਹਤ ਵਿਭਾਗ ਦੇ ਸਹਿਯੋਗ ਨਾਲ ਸਰਕਾਰੀ ਹਸਪਤਾਲ ਮੱਖੂ ਵਿਖੇ ਏਕੀਕ੍ਰਿਤ ਸਿਹਤ ਜਾਂਚ ਕੈਂਪ ਲਾਇਆ ਗਿਆ।ਕੈਂਪ ਦਾ ਉਦੇਸ਼ ਲੋਕਾਂ ਨੂੰ ਉਨ੍ਹਾਂ ਦੇ ਨੇੜੇ ਹੀ ਵੱਖ-ਵੱਖ ਜ਼ਰੂਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਨਾਲ-ਨਾਲ ਐੱਚ.ਆਈ.ਵੀ. ਸਮੇਤ ਹੋਰ ਸੰਚਾਰੀ ਬਿਮਾਰੀਆਂ ਦੀ ਸਮੇਂ ਸਿਰ ਪਛਾਣ, ਰੋਕਥਾਮ ਤੇ ਇਲਾਜ ਸਬੰਧੀ ਜਾਗਰੂਕ ਕਰਨਾ ਸੀ।ਕੈਂਪ ਦੌਰਾਨ ਐੱਚ.ਆਈ.ਵੀ. ਸਕ੍ਰੀਨਿੰਗ, ਹੈਪੇਟਾਈਟਸ-ਬੀ ਤੇ ਹੈਪੇਟਾਈਟਸ-ਸੀ ਸਕ੍ਰੀਨਿੰਗ, ਟੀ. ਬੀ. ਸਕ੍ਰੀਨਿੰਗ, ਕਾਊਂਸਲਿੰਗ ਸੇਵਾਵਾਂ ਤੇ ਆਮ ਮੈਡੀਕਲ ਜਾਂਚ ਕੀਤੀ ਗਈ।ਲੋਕਾਂ ਨੂੰ ਐੱਚ.ਆਈ.ਵੀ. ਦੀ ਰੋਕਥਾਮ, ਸੁਰੱਖਿਅਤ ਵਿਵਹਾਰ, ਸਮੇਂ ਸਿਰ ਜਾਂਚ ਤੇ ਲੋੜ ਅਨੁਸਾਰ ਇਲਾਜ ਸੇਵਾਵਾਂ ਨਾਲ ਜੁੜਨ ਬਾਰੇ ਵੀ ਜਾਣਕਾਰੀ ਦਿੱਤੀ ਗਈ।ਇਸ ਮੌਕੇ ਐੱਸ.ਐੱਮ.ਓ. ਡਾ. ਹਰਿੰਦਰਪਾਲ ਸਿੰਘ ਤੇ ਡਾ. ਜਸਵਿੰਦਰ ਸਿੰਘ ਕਾਲੜਾ ਵੱਲੋਂ ਲੋਕਾਂ ਨੂੰ ਮੈਡੀਕਲ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ।ਸਿਹਤ ਵਿਭਾਗ ਦੀ ਟੀਮ ਵਿੱਚ ਰਮਨ ਕੁਮਾਰ, ਫਾਰਮਾਸਿਸਟ ਹਰਪਾਲ ਸਿੰਘ, ਐੱਮ.ਪੀ.ਐੱਚ. ਡਬਲਿਊ. ਤੇ ਅਮਿਤ ਕੁਮਾਰ ਵਾਰਡ ਅਟੈਂਡੈਂਟ ਨੇ ਆਪਣੀਆਂ ਸੇਵਾਵਾਂ ਨਿਭਾਈਆਂ।ਸਰਬਜੀਤ ਕੌਰ, ਕਲੀਨੀਕਲ ਸਰਵਿਸਿਜ਼ ਅਫਸਰ, ਦਿਸ਼ਾ ਕਲੱਸਟਰ ਫਿਰੋਜ਼ਪੁਰ, ਸਾਬਕਾ ਕੌਂਸਲਰ ਰਾਜੀਵ ਆਹੂਜਾ, ਆਈ.ਸੀ.ਟੀ.ਸੀ. ਸਟਾਫ, ਅੰਜਨਾ, ਐੱਮ.ਐੱਲ.ਟੀ., ਏ.ਆਰ.ਟੀ. ਤੇ ਪਿੰਕੀ ਕੁਮਾਰੀ ਨੇ ਕੈਂਪ ਦੇ ਸੁਚੱਜੇ ਸੰਚਾਲਨ ਤੇ ਲੋਕਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਸਰਗਰਮ ਭੂਮਿਕਾ ਨਿਭਾਈ।ਇਸ ਕੈਂਪ ਵਿੱਚ ਮਨਜਿੰਦਰ ਸਿੰਘ ਕੌਂਸਲਰ, ਹੀਰਾ ਗਿੱਲ ਕੌਂਸਲਰ, ਥੋਮਸ ਭੱਟੀ, ਗੁਰਮੇਜ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ।

## ਪੰਜਾਬ ਫੋਟੋਗ੍ਰਾਫਰ ਐਸੋਸੀਏਸ਼ਨ ਨੇ ਸੁਖਮਨੀ ਸਾਹਿਬ ਦੇ ਪਾਠ ਕਰਵਾਏ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਫੋਟੋਗ੍ਰਾਫਰ ਐਸੋਸੀਏਸ਼ਨ ਦੀ ਇਕਾਈ ਗਿੱਦੜਬਾਹਾ ਵੱਲੋਂ ਸਥਾਨਕ ਗੁਰਦੁਆਰਾ ਸ੍ਰੀ ਗੁਰੂ ਅਮਰਦਾਸ ਜੀ ਵਿਖੇ ਧਾਰਮਿਕ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸੰਗਤ ਦੀ ਚੜ੍ਹਦੀ ਕਲਾ, ਸੁੱਖ-ਸ਼ਾਂਤੀ ਤੇ ਸਰਬੱਤ ਦੇ ਭਲੇ ਦੀ ਕਾਮਨਾ ਨੂੰ ਲੈ ਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ।ਪਾਠ ਦੀ ਸੰਪੂਰਨਤਾ ਉਪਰੰਤ ਹੈੱਡ ਗ੍ਰੰਥੀ ਹਰਪ੍ਰੀਤ ਸਿੰਘ ਨੇ ਗੁਰੂ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।ਸਮਾਗਮ ਦੌਰਾਨ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਸਵਿੰਦਰ ਸਿੰਘ ਦੇ ਰਾਗੀ ਜਥੇ ਵੱਲੋਂ ਰਸਭਿੰਨਾ ਗੁਰਬਾਣੀ ਕੀਰਤਨ ਕੀਤਾ ਗਿਆ।ਰਾਗੀ ਜਥੇ ਨੇ ਗੁਰਬਾਣੀ ਦੇ ਸ਼ਬਦਾਂ ਰਾਹੀਂ ਸੰਗਤ ਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ ਨਾਲ ਜੋੜਿਆ।ਇਸ ਦੌਰਾਨ ਗੁਰਦੁਆਰਾ ਸਾਹਿਬ ਦਾ ਸਮੁੱਚਾ ਮਾਹੌਲ ਗੁਰਬਾਣੀ ਦੀਆਂ ਰਸਭਿੰਨੀਆਂ ਧੁਨਾਂ ਨਾਲ ਰੂਹਾਨੀਅਤ ਵਿੱਚ ਰੰਗਿਆ ਰਿਹਾ ਤੇ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਰਧਾ ਤੇ ਭਾਵਨਾ ਨਾਲ ਹਾਜ਼ਰੀ ਭਰੀ।ਇਸ ਮੌਕੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।ਇਸ ਮੌਕੇ ਗੁਰਦੁਆਰਾ ਸ੍ਰੀ ਗੁਰੂ ਅਮਰਦਾਸ ਜੀ ਦੇ ਪ੍ਰਬੰਧਕਾਂ ਵੱਲੋਂ ਪੰਜਾਬ ਫੋਟੋਗ੍ਰਾਫਰ ਐਸੋਸੀਏਸ਼ਨ ਦੀ ਇਕਾਈ ਗਿੱਦੜਬਾਹਾ ਨੂੰ ਸਨਮਾਨਤ ਵੀ ਕੀਤਾ ਗਿਆ।ਇਸ ਮੌਕੇ ਪ੍ਰਧਾਨ ਜਸਪਾਲ ਸਿੰਘ, ਸੀਨੀਅਰ ਵਾਈਸ ਪ੍ਰਧਾਨ ਵਨੀਤ ਅਰੋੜਾ, ਵਾਈਸ ਪ੍ਰਧਾਨ ਸ਼ਾਮ ਸਿੰਘ, ਸੈਕਟਰੀ ਮਨਜੀਤ ਪਿਓਰੀ, ਸਹਾਇਕ ਸੈਕਟਰੀ ਵਿਨੋਦ ਕੁਮਾਰ, ਖ਼ਜ਼ਾਨਚੀ ਜਸਵੀਰ ਲਵਲੀ ਤੇ ਸਲਾਹਕਾਰ ਅਸ਼ੋਕ ਕੁਮਾਰ ਸਮੇਤ ਐਸੋਸੀਏਸ਼ਨ ਦੇ ਅਹੁਦੇਦਾਰ ਤੇ ਮੈਂਬਰ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਮੌਜੂਦ ਸੀ।

## ਨਵਜੋਤ ਕੌਰ ਦਾ ਸਕੂਲ ਪਹੁੰਚਣ 'ਤੇ ਸਵਾਗਤ



**ਕੋਟਕਪੂਰਾ (ਰਛਪਾਲ ਭੁੱਲਰ)**-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਦੀ ਹੋਣਹਾਰ ਵਿਦਿਆਰਥਣ ਨਵਜੋਤ ਕੌਰ ਨੇ ਆਈ.ਏ.ਐਸ ਅਧਿਕਾਰੀ ਵਜੋਂ ਭਾਰਤ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਵਧੀਕ ਸਕੱਤਰ ਵਜੋਂ ਸੇਵਾ ਨਿਭਾਉਂਦਿਆਂ ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਇਸ ਮੌਕੇ ਨਵਜੋਤ ਕੌਰ ਵਿਸ਼ੇਸ਼ ਤੌਰ 'ਤੇ ਆਪਣੇ ਪੁਰਾਣੇ ਸਕੂਲ ਪਹੁੰਚੀ ਤੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਜੀਵਨ ਦੇ ਤਜਰਬਿਆਂ ਅਤੇ ਸਫ਼ਲਤਾ ਦੇ ਸਫ਼ਰ ਬਾਰੇ ਜਾਣਕਾਰੀ ਦਿੰਦਿਆਂ ਮਿਹਨਤ, ਲਗਨ ਤੇ ਅਨੁਸ਼ਾਸਨ ਨੂੰ ਜੀਵਨ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ।ਨਵਜੋਤ ਕੌਰ ਨੇ ਵਿਦਿਆਰਥੀਆਂ ਨੂੰ ਮੋਬਾਈਲ ਫੋਨ ਦੀ ਬੇਲੋੜੀ ਵਰਤੋਂ ਤੋਂ ਬਚਣ ਤੇ ਇਸ ਦੀ ਬਜਾਏ ਰੋਜ਼ਾਨਾ ਅਖ਼ਬਾਰਾਂ, ਗਿਆਨਵਰਧਕ ਅਤੇ ਪ੍ਰੇਰਨਾਦਾਇਕ ਕਿਤਾਬਾਂ ਪੜ੍ਹਨ ਦੀ ਸਲਾਹ ਦਿੱਤੀ।ਉਨ੍ਹਾਂ ਕਿਹਾ ਕਿ ਕਿਤਾਬਾਂ ਮਨੁੱਖ ਦੇ ਗਿਆਨ ਵਿੱਚ ਵਾਧਾ ਕਰਨ ਦੇ ਨਾਲ-ਨਾਲ ਉਸਦੀ ਸੋਚ ਨੂੰ ਵੀ ਵਿਸ਼ਾਲ ਬਣਾਉਂਦੀਆਂ ਹਨ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ, ਡਾਇਰੈਕਟਰ-ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਤੇ ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਨੇ ਨਵਜੋਤ ਕੌਰ ਦਾ ਸਕੂਲ ਪਹੁੰਚਣ 'ਤੇ ਸਵਾਗਤ ਕੀਤਾ ਤੇ ਉਸਦੀ ਪ੍ਰਾਪਤੀ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਵਧਾਈ ਦਿੱਤੀ।

## ਸੀ ਬੀ ਆਈ ਵੱਲੋਂ ਛਾਪੇਮਾਰੀ ਭਾਜਪਾ ਦੀ ਬੁਖ਼ਲਾਹਟ ਦਾ ਨਤੀਜਾ : ਦਲਬੀਰ ਯੂ ਕੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਬੀਤੇ ਮੰਗਲਵਾਰ ਨੂੰ ਪੰਜਾਬ ਭਰ 'ਚ ਅੱਠ ਥਾਵਾਂ 'ਤੇ ਹੋਈ ਸੀ ਬੀ ਆਈ ਦੀ ਛਾਪੇਮਾਰੀ ਭਾਜਪਾ ਦੀ ਬੁਖ਼ਲਾਹਟ ਦਾ ਨਤੀਜਾ ਹੈ।ਸੀ ਬੀ ਆਈ ਭਾਜਪਾ ਤੇ ਕੇਂਦਰ ਸਰਕਾਰ ਦੀ ਕਠਪੁਤਲੀ ਹੈ।ਆਮ ਆਦਮੀ ਦੇ ਸੀਨੀਅਰ ਆਗੂ ਤੇ ਸਮਾਜ ਸੇਵੀ ਦਲਬੀਰ ਸਿੰਘ ਗਿੱਲ ਯੂਕੇ ਨੇ ਸੀ ਬੀ ਆਈ ਵੱਲੋਂ ਪੰਜਾਬ ਅੰਦਰ ਕੀਤੀ ਛਾਪੇਮਾਰੀ ਤੇ ਆਪਣੀ ਪ੍ਰਤੀਕਿਰਿਆ ਦਿੰਦੇ ਹੋਏ ਪਟਿਆਲਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਨ ਸਮੇਂ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ ਗਿਆ।ਉਨ੍ਹਾਂ ਕਿਹਾ ਕਿ ਛਾਪੇਮਾਰੀ ਦੌਰਾਨ ਸੀ ਬੀ ਆਈ ਨੂੰ ਕੁਝ ਵੀ ਨਹੀਂ ਮਿਲਿਆ।ਉਨ੍ਹਾਂ ਕਿਹਾ ਸੀ ਬੀ ਆਈ ਕਲੀਨ ਚਿੱਟ ਦੇ ਕੇ ਵਾਪਸ ਜਾਵੇਗੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਯੂਕੇ ਨੇ ਕਿਹਾ ਕਿ ਭਾਜਪਾ ਚੋਣਾਂ ਤੋਂ ਪਹਿਲਾਂ ਸੰਬੰਧਤ ਰਾਜ 'ਚ ਸੀ ਬੀ ਆਈ ਤੇ ਈ ਡੀ ਸਮੇਤ ਹੋਰ ਕੇਂਦਰੀ ਜਾਂਚ ਏਜੰਸੀਆਂ ਨੂੰ ਆਪਣੇ ਵਿਰੋਧੀਆਂ ਖ਼ਿਲਾਫ਼ ਹਥਿਆਰ ਵਜੋਂ ਵਰਤਦੀ ਹੈ।ਉਨ੍ਹਾਂ ਕਿਹਾ ਕਿ ਭਾਜਪਾ ਕੋਲ ਕੋਈ ਮੁੱਦਾ ਨਹੀਂ ਹੈ। ਉਨ੍ਹਾਂ ਕਿਹਾ ਕਿ ਪੰਜਾਬ 'ਚ ਦਾਖ਼ਲ ਹੋਣ ਲਈ ਭਾਜਪਾ ਹੁਣ ਉਨ੍ਹਾਂ ਦੇ ਕਰੀਬੀਆਂ, ਰਿਸ਼ਤੇਦਾਰਾਂ, ਓ ਐੱਸ ਡੀ ਤੇ ਮੰਤਰੀਆਂ ਨੂੰ ਬਦਨਾਮ ਕਰਨ ਲਈ ਈ ਡੀ, ਸੀ ਬੀ ਆਈ ਤੇ ਚੋਣ ਕਮਿਸ਼ਨ ਦੀ ਵਰਤੋਂ ਕਰ ਰਹੀ ਹੈ।ਯੂਕੇ ਨੇ ਕਿਹਾ ਕਿ ਭਾਜਪਾ ਬਾਂਹ ਮਰੋੜ ਕੇ ਪੰਜਾਬ 'ਚ ਸੱਤਾ ਹਾਸਲ ਕਰਨਾ ਚਾਹੁੰਦੀ ਹੈ, ਪਰ ਪੰਜਾਬ ਦੇ ਲੋਕ ਇਹ ਬਰਦਾਸ਼ਤ ਨਹੀਂ ਕਰਨਗੇ।

## ਆਲ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੇ ਵਿਹੜੇ 'ਚ ਤਰਕਸ਼ੀਲ ਸਮਾਗਮ



**ਸੰਗਰੂਰ (ਪ੍ਰਵੀਨ ਸਿੰਘ)**-ਤਰਕਸ਼ੀਲ ਸੁਸਾਇਟੀ ਪੰਜਾਬ, ਇਕਾਈ ਸੰਗਰੂਰ ਵੱਲੋਂ ਲੋਕਾਂ ਅੰਦਰ ਵਿਗਿਆਨਕ ਚੇਤਨਾ ਵਿਕਸਿਤ ਕਰਨ ਹਿੱਤ ਚਲਾਈ ਮੁਹਿੰਮ ਦੀ ਲੜੀ ਤਹਿਤ ਆਲ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਸੰਗਰੂਰ ਵਿਖੇ ਮਾਸਟਰ ਪਰਮਵੇਦ, ਅਮਰੀਕ ਖੋਖਰ ਤੇ ਸੀਤਾ ਰਾਮ ਬਾਲਦ ਕਲਾਂ ਆਧਾਰਿਤ ਤਰਕਸ਼ੀਲ ਟੀਮ ਵੱਲੋਂ ਤਰਕਸ਼ੀਲ ਸਮਾਗਮ ਪੇਸ਼ ਕੀਤਾ ਗਿਆ।ਐਸੋਸੀਏਸ਼ਨ ਦੇ ਜ਼ਿਲ੍ਹਾ ਜਨਰਲ ਸਕੱਤਰ ਬੀ ਐਸ ਢਿੱਲੋਂ, ਸਰਪ੍ਰਸਤ ਜਗਦੀਸ਼ ਰਾਏ ਤੇ ਪ੍ਰਧਾਨ ਸੁਰਿੰਦਰ ਬਾਲੀਆਂ ਨੇ ਤਰਕਸ਼ੀਲ ਟੀਮ ਦਾ ਸਵਾਗਤ ਕਰਦਿਆਂ ਉਨ੍ਹਾਂ ਦੀ ਜਾਣ-ਪਛਾਣ ਕਰਾਈ ਤੇ ਦਫਤਰ ਵਿੱਚ ਆਉਣ ਦੇ ਮਕਸਦ ਬਾਰੇ ਦੱਸਿਆ ਤੇ ਹਾਜ਼ਰੀਨ ਨੂੰ ਵਿਗਿਆਨਕ ਸੋਚ ਅਪਨਾਉਣ ਦਾ ਸੱਦਾ ਦਿੱਤਾ।ਇਸ ਮੌਕੇ ਤਰਕਸ਼ੀਲ ਆਗੂ ਮਾਸਟਰ ਪਰਮਵੇਦ ਤੇ ਸੀਤਾ ਰਾਮ ਨੇ ਹਾਜ਼ਰੀਨ ਨੂੰ ਅੰਧਵਿਸ਼ਵਾਸਾਂ, ਵਹਿਮਾਂ-ਭਰਮਾਂ, ਲਾਈਲਗਤਾ ਤੇ ਰੂੜੀਵਾਦੀ ਵਿਚਾਰਾਂ ਦੇ ਹਨੇਰੇ ਵਿੱਚੋਂ ਨਿਕਲ ਕੇ ਆਪਣਾ ਜੀਵਨ-ਢੰਗ ਵਿਗਿਆਨਕ ਬਣਾਉਣ ਦਾ ਸੁਨੇਹਾ ਦਿੱਤਾ।ਉਨ੍ਹਾਂ ਕਿਹਾ ਕਿ ਨੈਤਿਕ ਕਦਰਾਂ-ਕੀਮਤਾਂ ਦੇ ਗੁਣ, ਸੱਚ, ਇਮਾਨਦਾਰੀ ਤੇ ਮਿਹਨਤ ਨਾਲ, ਵਿਗਿਆਨਕ ਜਾਗਰੂਕਤਾ ਵਾਲੇ ਗੁਣ ਅਪਣਾ ਕੇ ਆਪਣੀ ਸ਼ਖ਼ਸੀਅਤ ਨੂੰ ਵਿਕਸਤ ਕਰਨਾ ਤੇ ਜ਼ਿਊਣ ਢੰਗ ਅਪਨਾਉਣਾ ਚਾਹੀਦਾ ਹੈ।ਮਾਸਟਰ ਪਰਮਵੇਦ ਨੇ ਕਿਸੇ ਗੱਲ ਨੂੰ ਮੰਨਣ ਤੋਂ ਪਹਿਲਾਂ ਉਸਨੂੰ ਪਰਖਣ ਦਾ ਸੁਨੇਹਾ ਦਿੰਦਿਆਂ ਕਿਹਾ ਕਿ ਤਰਕਸ਼ੀਲ ਸੁਸਾਇਟੀ ਲੋਕਾਂ ਅੰਦਰ ਵਿਗਿਆਨਕ ਸੋਚ ਤੇ ਭਾਈਚਾਰਕ ਸਾਂਝ ਦੇ ਪਸਾਰੇ ਨਾਲ ਉਨ੍ਹਾਂ ਦੇ ਦਿਲ ਦਿਮਾਗ ਨੂੰ ਰੁਸ਼ਨਾਉਣਾ ਚਾਹੁੰਦੀ ਹੈ।ਮਾਸਟਰ ਪਰਮਵੇਦ ਨੇ ਤਰਕਸ਼ੀਲਾਂ ਵੱਲੋਂ ਰਹੱਸਮਈ ਘਟਨਾਵਾਂ ਦੇ ਕੁੱਝ ਹੱਲ ਕੀਤੇ ਕੇਸਾਂ, ਜਿਨ੍ਹਾਂ ਨੂੰ ਲੋਕ ਭੂਤਾਂ-ਪ੍ਰੇਤਾਂ ਦੀ ਕਾਰਵਾਈ ਸਮਝਦੇ ਹਨ, ਦੀ ਵਿਆਖਿਆ ਕਰਦੇ ਹੋਏ ਦੱਸਿਆ ਕਿ ਇਨ੍ਹਾਂ ਵਿਚ ਮਨੁੱਖੀ ਹੱਥ ਹੁੰਦਾ ਹੈ।ਭੂਤ-ਪ੍ਰੇਤ ਸਭ ਮਨੋਕਲਪਤ ਹਨ, ਭੂਤ ਪ੍ਰੇਤ ਦੇ ਭਰਮ ਜਾਲ ਵਿੱਚ ਪਾ ਕੇ ਅਖੌਤੀ ਸਿਆਣੇ ਪਰਿਵਾਰ ਦੀ ਆਰਥਿਕ, ਮਾਨਸਿਕ ਤੇ ਕਈ ਵਾਰ ਸਰੀਰਕ ਲੁੱਟ ਵੀ ਕਰਦੇ ਹਨ।ਉਨ੍ਹਾਂ ਕਿਹਾ ਕਿ ਇਥੇ ਚਮਤਕਾਰ ਨਹੀਂ, ਘਟਨਾਵਾਂ ਵਾਪਰਦੀਆਂ ਹਨ, ਜਿਨ੍ਹਾਂ ਦੇ ਕਾਰਨ ਜਾਣਨਾ ਹੀ ਵਿਗਿਆਨਕ ਸੋਚ, ਤਰਕਸ਼ੀਲ ਸੋਚ ਹੈ।ਬੀ.ਐਸ.ਢਿੱਲੋਂ ਨੇ ਸਟੇਜ ਸੰਚਾਲਨ ਬਾਖੂਬੀ ਕੀਤਾ।ਬਿੱਕਰ ਸਿੰਘ ਸੀਬੀਆ ਨੇ ਪੈਨਸ਼ਨਰਜ਼ ਦੇ ਵਿਹੜੇ ਆ ਕੇ ਵਿਗਿਆਨਕ ਸੋਚ ਦਾ ਛੱਟਾ ਦੇਣ ਤੇ ਕਈ ਵਹਿਮ ਭਰਮ ਦੂਰ ਕਰਨ ਲਈ ਤਰਕਸ਼ੀਲ ਟੀਮ ਦਾ ਧੰਨਵਾਦ ਕੀਤਾ ਤੇ ਸਰੋਤਿਆਂ ਨੂੰ ਆਪਣਾ ਦ੍ਰਿਸ਼ਟੀਕੋਣ ਵਿਗਿਆਨਕ ਬਣਾਉਣ ਲਈ ਪ੍ਰੇਰਿਤ ਕੀਤਾ।

## ਰਣਜੀਤ ਵਿਹਾਰ ਵਾਰਡ ਨੰ. 15 ਦੇ ਦਰਜਨਾਂ ਪਰਵਾਰ 'ਆਪ' 'ਚ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਹਲਕਾ ਸਨੌਰ ਵਿੱਚ ਆਮ ਆਦਮੀ ਪਾਰਟੀ ਦਾ ਕਾਫ਼ਲਾ ਦਿਨੋਂ-ਦਿਨ ਹੋਰ ਮਜ਼ਬੂਤ ਹੁੰਦਾ ਜਾ ਰਿਹਾ ਹੈ। ਰਵਾਇਤੀ ਸਿਆਸਤ ਦੀਆਂ ਜੜ੍ਹਾਂ ਹਿਲਾਉਂਦਿਆਂ ਅਧੀਨ ਪੈਂਦੇ ਰਣਜੀਤ ਵਿਹਾਰ ਵਾਰਡ ਨੰਬਰ 15, ਅਲੀਪੁਰ ਅਰਾਈਆਂ ਦੇ ਕਈ ਪ੍ਰਮੁੱਖ ਤੇ ਪਰਿਵਾਰ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੇ ਇਮਾਨਦਾਰ ਰਾਜਨੀਤੀ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।ਹਡਾਣਾ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਮੂਹ ਜੁਝਾਰੂ ਸਾਥੀਆਂ ਦਾ ਨਿੱਘਾ ਸਵਾਗਤ ਕੀਤਾ ਤੇ ਉਨ੍ਹਾਂ ਨੂੰ ਪਾਰਟੀ ਵਿੱਚ ਪੂਰਾ ਮਾਣ-ਸਤਿਕਾਰ ਦੇਣ ਦਾ ਭਰੋਸਾ ਦਿੱਤਾ।ਇਸ ਮੌਕੇ ਹਡਾਣਾ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਢੇ ਤਿੰਨ ਸਾਲਾਂ ਵਿੱਚ ਕੀਤੇ ਗਏ ਇਤਿਹਾਸਕ ਕਾਰਜਾਂ ਸਦਕਾ ਅੱਜ ਹਰ ਵਰਗ 'ਆਪ' ਨਾਲ ਚੱਟਾਨ ਵਾਂਗ ਖੜ੍ਹਾ ਹੈ।ਲੋਕ ਹੁਣ ਰਵਾਇਤੀ ਪਾਰਟੀਆਂ ਦੀਆਂ ਲੂੰਬੜ-ਚਾਲਾਂ ਤੋਂ ਅੱਕ ਚੁੱਕੇ ਹਨ ਤੇ ਕੰਮ ਦੀ ਰਾਜਨੀਤੀ 'ਤੇ ਮੋਹਰ ਲਗਾ ਰਹੇ ਹਨ।ਇਸ ਮੌਕੇ ਹਡਾਣਾ ਨਾਲ ਸੀਨੀਅਰ ਆਪ ਆਗੂ, ਪ੍ਰਿੰਸੀਪਲ ਕਰਮ ਸਿੰਘ, ਬੂਥ ਇੰਚਾਰਜ ਹਰਜੀਤ ਸਿੰਘ ਅਲੀਪੁਰ, ਬੂਥ ਇੰਚਾਰਜ ਗਗਨ ਸੰਧੂ, ਬੂਥ ਇੰਚਾਰਜ ਸੰਨੀ ਹਸਨਪੁਰ, ਬੂਥ ਇੰਚਾਰਜ ਭੁਪਿੰਦਰ ਸਿਸੋਦੀਆ ਵਾਰਡ 17 ਤੇ ਹੋਰ ਕਈ ਆਪ ਆਗੂ ਤੇ ਇਲਾਕਾ ਨਿਵਾਸੀ ਵਿਸ਼ੇਸ਼ ਤੌਰ 'ਤੇ ਸ਼ਾਮਲ ਰਹੇ।

## ਪੈਨਸ਼ਨਰਜ਼ ਵਹੀਰਾਂ ਘੱਤ ਭਲਕੇ ਸੰਗਰੂਰ ਰੈਲੀ 'ਚ ਪਹੁੰਚਣਗੇ



**ਬੁਢਲਾਡਾ (ਅਸ਼ੋਕ ਲਾਕੜਾ)**-ਪੈਨਸ਼ਨਰਜ਼ ਐਸੋਸੀਏਸ਼ਨ ਬੁਢਲਾਡਾ ਦੀ ਮੀਟਿੰਗ ਪੈਨਸ਼ਨ ਭਵਨ ਵਿਖੇ ਪਰਗਟ ਸਿੰਘ ਚੈਹਿਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਜਨਰਲ ਸਕੱਤਰ ਨਰੇਸ਼ ਕੁਮਾਰ ਕਾਸਲ ਨੇ ਵਿਚਾਰ ਪੇਸ਼ ਕੀਤੇ।ਇਸ ਸਮੇਂ ਜਰਨੈਲ ਸਿੰਘ, ਸ਼ਾਮ ਸੁੰਦਰ ਸ਼ਰਮਾ, ਪ੍ਰੀਤਮ ਸਿੰਘ, ਹਰਦੇਵ ਸਿੰਘ, ਬਿਹਾਰੀ ਸਿੰਘ, ਡਾ. ਕਰਿਸ਼ਨ ਲਾਲ, ਗੁਰਮੇਲ ਸਿੰਘ ਬੋੜਾਵਾਲ, ਰਘੂ ਨਾਥ ਸਿੰਗਲਾ ਨੇ ਸਰਕਾਰ ਵੱਲੋਂ ਹੱਕੀ ਮੰਗਾਂ ਨਾ ਮੰਨਣ ਜਿਵੇਂ ਹਾਈਕੋਰਟ ਦੇ ਫੈਸਲੇ ਲਾਗੂ ਨਾ ਕਰਨਾ, ਪੁਰਾਣੀ ਪੈਨਸ਼ਨ ਸਕੀਮ ਨਾ ਲਾਗੂ ਕਰਨਾ, ਬੰਦ ਭੱਤੇ ਬਹਾਲ ਨਾ ਕਰਨ ਸੰਬੰਧੀ ਪੰਜਾਬ ਸਰਕਾਰ ਦੀ ਨਿਖੇਧੀ ਕੀਤੀ ਤੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਜਾਇਜ਼ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਸਮੂਹ ਮੈਂਬਰਾਂ ਨੇ ਮਤਾ ਪਾਸ ਕੀਤਾ ਗਿਆ ਕਿ ਸੰਗਰੂਰ ਵਿਖੇ ਹੋਣ ਵਾਲੀ ਰੈਲੀ ਵਿੱਚ ਵੱਧ ਤੋਂ ਵੱਧ ਪਹੁੰਚ ਕੇ ਸਰਕਾਰ ਨੂੰ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾ ਸਕੇ।

## ਪਾਇਲ 'ਚ 162 ਪਰਵਾਰਾਂ ਨੂੰ ਪ੍ਰਾਪਰਟੀ ਕਾਰਡ ਵੰਡੇ



**ਦੋਰਾਹਾ (ਹਰਮਿੰਦਰ ਸੇਠ)**

ਪੰਜਾਬ ਸਰਕਾਰ ਦੀ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਪਾਇਲ ਵਿਧਾਨ ਸਭਾ ਹਲਕੇ ਵਿੱਚ ਲਾਲ ਲਕੀਰ ਅੰਦਰ ਰਹਿੰਦੇ ਪਰਵਾਰਾਂ ਨੂੰ ਮਾਲਕੀ ਹੱਕ ਦੇਣ ਦੀ ਪ੍ਰਕਿਰਿਆ ਤਹਿਤ ਪਿੰਡ ਨਿਜ਼ਾਮਪੁਰ ਤੋਂ ਪਹਿਲਕਦਮੀ ਕੀਤੀ ਗਈ।ਪਾਇਲ ਤੋਂ ਵਿਧਾਇਕ ਇੰਜਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਨੇ ਪਿੰਡ ਨਿਜਾਮਪੁਰ ਵਿਖੇ 162 ਪਰਵਾਰਾਂ ਨੂੰ ਪ੍ਰਾਪਰਟੀ ਕਾਰਡ ਵੰਡੇ।ਮਾਲਕੀ ਹੱਕ ਦੇ ਕਾਰਡ ਮਿਲਣ ਤੋਂ ਬਾਅਦ ਲਾਭਪਾਤਰੀਆਂ ਵਿੱਚ ਖ਼ੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ।ਗਿਆਸਪੁਰਾ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਤੋਂ ਬਾਅਦ ਲੰਮੇ ਸਮੇਂ ਤੋਂ ਲਾਲ ਲਕੀਰ ਅੰਦਰ ਰਹਿੰਦੇ ਪਰਵਾਰ ਆਪਣੇ ਘਰਾਂ ਦੇ ਕਾਨੂੰਨੀ ਮਾਲਕੀ ਹੱਕ ਦੀ ਉਡੀਕ ਕਰ ਰਹੇ ਸਨ।

ਉਨ੍ਹਾਂ ਕਿਹਾ ਕਿ 'ਮੇਰਾ ਘਰ ਮੇਰੇ ਨਾਮ' ਸਕੀਮ ਰਾਹੀਂ ਪੰਜਾਬ ਸਰਕਾਰ ਨੇ ਇਨ੍ਹਾਂ ਪਰਿਵਾਰਾਂ ਦੀ ਇੱਕ ਵੱਡੀ ਅਤੇ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਨ ਵੱਲ ਕਦਮ ਚੁੱਕਿਆ ਹੈ।ਉਨ੍ਹਾਂ ਕਿਹਾ ਕਿ ਲਾਲ ਲਕੀਰ ਜਾਂ ਲਾਲ ਡੋਰੇ ਅੰਦਰ ਆਉਂਦੇ ਘਰਾਂ ਦੇ ਵਸਨੀਕ ਲੰਮੇ ਸਮੇਂ ਤੋਂ ਆਪਣੇ ਘਰਾਂ ਵਿੱਚ ਰਹਿ ਰਹੇ ਸਨ, ਪਰ ਉਨ੍ਹਾਂ ਕੋਲ ਮਾਲਕੀ ਦਾ ਅਜਿਹਾ ਰਿਕਾਰਡ ਨਹੀਂ ਸੀ, ਜਿਸ ਨਾਲ ਉਹ ਆਪਣੀ ਜਾਇਦਾਦ ਨੂੰ ਪੂਰੀ ਤਰ੍ਹਾਂ ਕਾਨੂੰਨੀ ਤੌਰ 'ਤੇ ਵਰਤ ਸਕਣ।ਜਾਣਕਾਰੀ ਅਨੁਸਾਰ ਇਸ ਸਕੀਮ ਦਾ ਉਦੇਸ਼ ਲਾਲ ਲਕੀਰ ਅੰਦਰ ਰਹਿੰਦੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕ ਦੇਣਾ ਹੈ।ਇਸ ਨਾਲ ਜਾਇਦਾਦ ਨੂੰ ਰਜਿਸਟਰ ਕਰਾਉਣ, ਲੋਨ ਲੈਣ ਤੇ ਵੇਚਣ ਸਮੇਤ ਜਾਇਦਾਦ ਨਾਲ ਜੁੜੀਆਂ ਸਹੂਲਤਾਂ ਦਾ ਰਾਹ ਖੁੱਲ੍ਹਦਾ ਹੈ।ਗਿਆਸਪੁਰਾ ਨੇ ਕਿਹਾ ਕਿ ਪਹਿਲਾਂ ਇਨ੍ਹਾਂ ਪਰਵਾਰਾਂ ਨੂੰ ਆਪਣੇ ਘਰ ਦੀ ਮਾਲਕੀ ਸਾਬਤ ਕਰਨ ਸਬੰਧੀ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਮਾਲਕੀ ਹੱਕ ਨਾ ਹੋਣ ਕਾਰਨ ਜਾਇਦਾਦ ਨੂੰ ਵਿੱਤੀ ਸੰਪਤੀ ਵਜੋਂ ਵਰਤਣ ਵਿੱਚ ਵੀ ਦਿੱਕਤ ਆਉਂਦੀ ਸੀ।ਹੁਣ ਪ੍ਰਾਪਰਟੀ ਕਾਰਡ ਮਿਲਣ ਨਾਲ ਲੋਕਾਂ ਨੂੰ ਆਪਣੇ ਘਰਾਂ ਸਬੰਧੀ ਕਾਨੂੰਨੀ ਦਸਤਾਵੇਜ਼ ਮਿਲਿਆ ਹੈ।ਵਿਧਾਇਕ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਲੱਖਾਂ ਪਰਿਵਾਰਾਂ ਲਈ ਰਾਹਤ ਵਾਲਾ ਕਦਮ ਹੈ।ਉਨ੍ਹਾਂ ਇਸ ਨੂੰ ਸਰਕਾਰ ਦੀ ਇੱਕ ਅਹਿਮ ਪਹਿਲਕਦਮੀ ਦੱਸਿਆ, ਜਿਸ ਰਾਹੀਂ ਲੋਕਾਂ ਨੂੰ ਉਨ੍ਹਾਂ ਦੀ ਜਾਇਦਾਦ ਨਾਲ ਜੁੜੇ ਹੱਕ ਮਜ਼ਬੂਤ ਕਰਨ ਦਾ ਮੌਕਾ ਮਿਲ ਰਿਹਾ ਹੈ।ਗਿਆਸਪੁਰਾ ਨੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਜਦੋਂ ਉਹ ਮੁੱਖ ਮੰਤਰੀ ਬਣੇ ਸਨ ਤਾਂ ਉਨ੍ਹਾਂ ਵੱਲੋਂ ਵੀ ਲਾਲ ਲਕੀਰ ਅੰਦਰ ਰਹਿੰਦੇ ਲੋਕਾਂ ਨੂੰ ਮਾਲਕੀ ਹੱਕ ਦਿਵਾਉਣ ਦਾ ਵਾਅਦਾ ਕੀਤਾ ਗਿਆ ਸੀ।ਗਿਆਸਪੁਰਾ ਨੇ ਦੋਸ਼ ਲਾਇਆ ਕਿ ਪਿਛਲੀਆਂ ਸਰਕਾਰਾਂ ਨੇ ਇਸ ਮਸਲੇ ਨੂੰ ਲੈ ਕੇ ਸਿਰਫ਼ ਸਿਆਸਤ ਕੀਤੀ, ਜਦਕਿ ਹੁਣ ਮਾਨ ਸਰਕਾਰ ਵੱਲੋਂ ਇਸ ਦਿਸ਼ਾ ਵਿੱਚ ਜ਼ਮੀਨੀ ਪੱਧਰ 'ਤੇ ਕੰਮ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਨਿਜ਼ਾਮਪੁਰ ਦੇ 162 ਪਰਵਾਰਾਂ ਨੂੰ ਪ੍ਰਾਪਰਟੀ ਕਾਰਡ ਮਿਲਣਾ ਇਸ ਗੱਲ ਦਾ ਸੰਕੇਤ ਹੈ ਕਿ ਸਰਕਾਰ ਦੀ ਇਹ ਪਹਿਲਕਦਮੀ ਸਿਰਫ਼ ਐਲਾਨਾਂ ਤੱਕ ਸੀਮਤ ਨਹੀਂ, ਸਗੋਂ ਲਾਭਪਾਤਰੀਆਂ ਤੱਕ ਪਹੁੰਚ ਰਹੀ ਹੈ।

## ਹੌਜ਼ਰੀ ਗੁੱਡਜ਼ ਦੀ ਰੇਲ ਮਾਰਗ ਰਾਹੀਂ ਪਹਿਲੀ ਵਾਰ ਢੁਆਈ

### 24 ਟਨ ਹੌਜ਼ਰੀ ਸਮੱਗਰੀ ਤੋਂ 1.88 ਲੱਖ ਦਾ ਮਾਲ ਭਾੜਾ ਪ੍ਰਾਪਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਦੇ ਮਾਰਗਦਰਸ਼ਨ ਹੇਠ ਫਿਰੋਜ਼ਪੁਰ ਮੰਡਲ ਦੇ ਬਿਜ਼ਨੈੱਸ ਡਿਵੈਲਪਮੈਂਟ ਯੂਨਿਟ ਦੇ ਵਿਸ਼ੇਸ਼ ਯਤਨਾਂ ਨਾਲ 'ਹੌਜ਼ਰੀ ਗੁੱਡਜ਼' ਦੀ ਰੇਲ ਮਾਰਗ ਰਾਹੀਂ ਢੁਆਈ ਲਈ ਨਵਾਂ ਟ੍ਰੈਫਿਕ ਪ੍ਰਾਪਤ ਕੀਤਾ ਗਿਆ ਹੈ। 08 ਅਕਤੂਬਰ 2026 ਨੂੰ ਟਰੇਨ ਨੰਬਰ 15652 (ਲੋਹਿਤ ਐਕਸਪ੍ਰੈੱਸ) ਦੇ ਪਾਰਸਲ ਵੈਨ ਵਿੱਚ ਲੁਧਿਆਣਾ ਰੇਲਵੇ ਸਟੇਸ਼ਨ ਤੋਂ ਗੁਹਾਟੀ ਲਈ 'ਹੌਜ਼ਰੀ ਗੁੱਡਜ਼' ਦੀ ਆਊਟਵਰਡ ਲੋਡਿੰਗ ਸਫਲਤਾਪੂਰਵਕ ਕੀਤੀ ਗਈ। ਹੌਜ਼ਰੀ ਸਮੱਗਰੀ ਦੇ 200 ਪੈਕੇਜਾਂ ਦਾ ਕੁੱਲ ਵਜ਼ਨ 24 ਟਨ ਰਿਹਾ ਤੇ ਇਸ ਤੋਂ 1.88 ਲੱਖ ਰੁਪਏ ਦਾ ਮਾਲ ਭਾੜਾ ਮਾਲੀਆ ਪ੍ਰਾਪਤ ਹੋਇਆ। ਸੀਨੀਅਰ ਮੰਡਲ ਵਪਾਰਕ ਪ੍ਰਬੰਧਕ/ਫਰੇਟ ਪਰਮਦੀਪ ਸਿੰਘ ਸੈਨੀ ਨੇ ਦੱਸਿਆ ਕਿ ਫਿਰੋਜ਼ਪੁਰ ਮੰਡਲ ਦੀ ਭਰੋਸੇਯੋਗ ਤੇ ਸਮਾਂਬੱਧ ਮਾਲ ਢੋਆ-ਢੁਆਈ ਪ੍ਰਣਾਲੀ ਵਪਾਰੀਆਂ ਨੂੰ ਬਿਹਤਰ ਸੁਵਿਧਾ ਪ੍ਰਦਾਨ ਕਰ ਰਹੀ ਹੈ। ਮੰਡਲ ਮਾਲ ਦੀ ਆਵਾਜਾਈ ਵਧਾਉਣ ਤੇ ਵਾਤਾਵਰਣ-ਅਨੁਕੂਲ ਆਵਾਜਾਈ ਸੇਵਾਵਾਂ ਉਪਲਬਧ ਕਰਵਾਉਣ ਲਈ ਨਿਰੰਤਰ ਯਤਨਸ਼ੀਲ ਹੈ।

## ਤਰੋਸ਼ਦੀ ਦੇ ਤਿਉਹਾਰ ਮੌਕੇ ਕੜ੍ਹੀ-ਚੌਲ ਦਾ ਲੰਗਰ ਲਗਾਇਆ



**ਨਾਭਾ (ਅਮਨ ਗਰਗ)**-ਨਾਭਾ ਵਿਖੇ ਅਨਾਜ ਮੰਡੀ ਸਥਿਤ ਰਾਮ ਮੰਦਰ ਵਿੱਚ ਤਰੋਸ਼ਦੀ ਦੇ ਤਿਉਹਾਰ ਨੂੰ ਸਮਰਪਤ ਧਾਰਮਿਕ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸੰਗਤਾਂ ਲਈ ਕੜ੍ਹੀ-ਚੌਲ ਦਾ ਵਿਸ਼ੇਸ਼ ਲੰਗਰ ਲਗਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਰਧਾ ਨਾਲ ਸ਼ਮੂਲੀਅਤ ਕੀਤੀ ਤੇ ਲੰਗਰ ਦਾ ਪ੍ਰਸਾਦ ਛਕਿਆ।ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਸੁਰਿੰਦਰ ਗੁਪਤਾ, ਮੌਜੂਦਾ ਪ੍ਰਧਾਨ ਕਰਮਜੀਤ ਸਿੰਘ ਅਹਲੌਰਾ ਸਮੇਤ ਐਸੋਸੀਏਸ਼ਨ ਦੇ ਸਮੂਹ ਮੈਂਬਰ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਪ੍ਰਬੰਧਕਾਂ ਵੱਲੋਂ ਤਿਉਹਾਰ ਦੇ ਮੱਦੇਨਜ਼ਰ ਸੰਗਤਾਂ ਦੀ ਸੇਵਾ ਲਈ ਲੰਗਰ ਦਾ ਸੁਚੱਜਾ ਪ੍ਰਬੰਧ ਕੀਤਾ ਗਿਆ।ਸਮਾਗਮ ਦੌਰਾਨ ਹਾਜ਼ਰ ਆੜ੍ਹਤੀਆਂ ਤੇ ਮੈਂਬਰਾਂ ਨੇ ਧਾਰਮਿਕ ਭਾਵਨਾ ਨਾਲ ਸੇਵਾ ਕਾਰਜਾਂ ਵਿੱਚ ਆਪਣਾ ਯੋਗਦਾਨ ਪਾਇਆ।ਲੰਗਰ ਦੌਰਾਨ ਸੇਵਾਦਾਰਾਂ ਵੱਲੋਂ ਸੰਗਤਾਂ ਦੀ ਪੂਰੀ ਸ਼ਰਧਾ ਨਾਲ ਸੇਵਾ ਕੀਤੀ ਗਈ।ਸਮਾਗਮ ਦੇ ਅੰਤ ਵਿੱਚ ਸਾਰਿਆਂ ਨੇ ਸੁੱਖ-ਸ਼ਾਂਤੀ ਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ।

## ਠੇਕੇਦਾਰ ਕਤਲ ਮਾਮਲਾ : ਮੁੱਖ ਮੁਲਜ਼ਮ ਗ੍ਰਿਫ਼ਤਾਰ, ਅਗਾਮੀ ਪੁੱਛਗਿੱਛ ਲਈ ਰਿਮਾਂਡ 'ਤੇ ਲਿਆ

**ਸਿਰਸਾ (ਜਗਤਾਰ ਸਮਾਲਸਰ)**-ਜ਼ਿਲ੍ਹੇ ਦੇ ਪਿੰਡ ਜਮਾਲ ਵਿੱਚ ਸੋਲਰ ਪਲਾਂਟ ਠੇਕੇਦਾਰ ਦੀ ਗੋਲੀ ਮਾਰ ਕੇ ਹੱਤਿਆ ਦੇ ਮਾਮਲੇ ਵਿੱਚ ਪੁਲਸ ਨੇ ਮੁੱਖ ਮੁਲਜ਼ਮ ਰਾਹੁਲ ਵਾਸੀ ਜਮਾਲ ਨੂੰ ਵਾਰਦਾਤ ਦੇ 24 ਘੰਟੇ ਦੇ ਅੰਦਰ ਅੰਦਰ ਗ੍ਰਿਫ਼ਤਾਰ ਕਰ ਲਿਆ।ਜ਼ਿਲ੍ਹਾ ਪੁਲਸ ਕਪਤਾਨ ਦੀਪਕ ਸਹਾਰਨ ਨੇ ਦੱਸਿਆ ਕਿ ਕਤਲ ਵਿੱਚ ਸ਼ਾਮਲ ਹੋਰ ਦੋਸ਼ੀਆਂ ਨੂੰ ਫੜਨ ਲਈ ਪੁਲਸ ਟੀਮਾਂ ਛਾਪੇਮਾਰੀ ਕਰ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਜਮਾਲ ਪਿੰਡ ਵਿੱਚ ਹੈਕਸਾ ਸਨ ਐਨਰਜੀ ਪ੍ਰਾਈਵੇਟ ਲਿਮਟਿਡ ਕੰਪਨੀ ਵੱਲੋਂ ਇੱਕ ਸੋਲਰ ਪਲਾਂਟ ਲਗਾਇਆ ਜਾ ਰਿਹਾ ਸੀ।ਮ੍ਰਿਤਕ ਸੁਭਾਸ਼ ਚੰਦਰ (45) ਜੋ ਕਿ ਸੋਲਰ ਪਲਾਂਟ ਦਾ ਠੇਕੇਦਾਰ ਸੀ, ਮੰਗਲਵਾਰ ਦੁਪਹਿਰ 1:30 ਵਜੇ ਦੇ ਕਰੀਬ ਪਲਾਂਟ ਵਿੱਚ ਬੈਠਾ ਸੀ।ਇਸ ਦੌਰਾਨ ਦੋ-ਤਿੰਨ ਨੌਜਵਾਨ ਆਏ ਤੇ ਸੁਭਾਸ਼ ਚੰਦਰ ਨੂੰ ਗੋਲੀ ਮਾਰ ਦਿੱਤੀ ਤੇ ਮੌਕੇ ਤੋਂ ਭੱਜ ਗਏ।ਗੋਲੀ ਲੱਗਣ ਨਾਲ ਸੁਭਾਸ਼ ਚੰਦਰ ਦੀ ਮੌਤ ਹੋ ਗਈ।ਘਟਨਾ ਤੋਂ ਬਾਅਦ ਪੁਲਸ ਨੇ ਮ੍ਰਿਤਕ ਦੇ ਪਿਤਾ ਭਾਦਰ ਰਾਮ ਵਾਸੀ ਜਮਾਲ ਦੀ ਸ਼ਿਕਾਇਤ 'ਤੇ ਮੁੱਖ ਦੋਸ਼ੀ ਰਾਹੁਲ ਤੇ 10 ਹੋਰਨਾਂ ਵਿਰੁੱਧ ਕਤਲ ਦਾ ਮਾਮਲਾ ਦਰਜ ਕੀਤਾ ਗਿਆ ਸੀ।ਜਮਾਲ ਪੁਲਸ ਚੌਂਕੀ ਦੇ ਇੰਚਾਰਜ ਚਰਨਜੀਤ ਸਿੰਘ ਨੇ ਤੁਰੰਤ ਕਾਰਵਾਈ ਕਰਦਿਆਂ ਮੁੱਖ ਦੋਸ਼ੀ ਰਾਹੁਲ ਵਾਸੀ ਜਮਾਲ ਨੂੰ 24 ਘੰਟਿਆਂ ਦੇ ਅੰਦਰ ਗ੍ਰਿਫ਼ਤਾਰ ਕਰ ਲਿਆ ਹੈ।ਗ੍ਰਿਫ਼ਤਾਰ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ 'ਤੇ ਲਿਆ ਜਾਵੇਗਾ।ਰਿਮਾਂਡ ਦੌਰਾਨ ਪੁਲਸ ਕਤਲ ਵਿੱਚ ਸ਼ਾਮਲ ਹੋਰ ਮੁਲਜ਼ਮਾਂ ਦੀ ਭੂਮਿਕਾ ਤੇ ਕਤਲ ਦੇ ਪਿੱਛੇ ਦੇ ਕਾਰਨਾ ਦਾ ਪਤਾ ਲਗਾਉਣ ਲਈ ਪੁੱਛਗਿੱਛ ਕਰੇਗੀ।



## ਖੇਤੀਬਾੜੀ ਹਾਦਸਾ ਪੀੜਤ ਕਿਸਾਨ ਪਰਵਾਰਾਂ ਨੂੰ ਵਿੱਤੀ ਸਹਾਇਤਾ

### ਵਿਧਾਇਕ ਜੌੜਾਮਾਜਰਾ ਤੇ ਚੇਅਰਮੈਨ ਗੱਜੂਮਾਜਰਾ ਨੇ ਵੰਡੇ ਸਹਾਇਤਾ ਰਾਸ਼ੀ ਦੇ ਚੈੱਕ



**ਸਮਾਣਾ (ਇਕਬਾਲ ਸਿੰਘ ਬੱਲ)**

ਖੇਤੀਬਾੜੀ ਦੇ ਕੰਮਾਂ ਦੌਰਾਨ ਹਾਦਸਿਆਂ ਦਾ ਸ਼ਿਕਾਰ ਹੋਏ ਕਿਸਾਨਾਂ ਤੇ ਖੇਤ ਮਜ਼ਦੂਰਾਂ ਦੇ ਪਰਿਵਾਰਾਂ ਨੂੰ ਆਰਥਿਕ ਸਹਾਇਤਾ ਪ੍ਰਦਾਨ ਕਰਨ ਲਈ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁਹਿੰਮ ਤਹਿਤ ਮਾਰਕੀਟ ਕਮੇਟੀ ਵਿਖੇ ਵਿਸ਼ੇਸ਼ ਸਮਾਗਮ ਕਰਾਇਆ ਗਿਆ। ਜੌੜਾਮਾਜਰਾ ਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ ਵੱਲੋਂ ਹਾਦਸਾ ਪੀੜਤ ਕਿਸਾਨ ਪਰਵਾਰਾਂ ਨੂੰ ਸਰਕਾਰ ਵੱਲੋਂ ਮਨਜ਼ੂਰ ਕੀਤੀ ਗਈ ਵਿੱਤੀ ਸਹਾਇਤਾ ਦੇ ਚੈੱਕ ਸੌਂਪੇ ਗਏ।ਜੌੜਾਮਾਜਰਾ ਨੇ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਕਿਸਾਨਾਂ ਤੇ ਖੇਤ ਮਜ਼ਦੂਰਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਲੋੜ ਦੀ ਘੜੀ ਵਿੱਚ ਸਰਕਾਰ ਵੱਲੋਂ ਪੀੜਤ ਪਰਵਾਰਾਂ ਦੀ ਹਰ ਸੰਭਵ ਮਦਦ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਕਿਸੇ ਵੀ ਪਰਵਾਰ ਨੂੰ ਹੋਏ ਜਾਨੀ ਨੁਕਸਾਨ ਦੀ ਭਰਪਾਈ ਪੈਸੇ ਨਾਲ ਨਹੀਂ ਕੀਤੀ ਜਾ ਸਕਦੀ, ਪਰ ਸਰਕਾਰ ਵੱਲੋਂ ਦਿੱਤੀ ਜਾ ਰਹੀ ਵਿੱਤੀ ਸਹਾਇਤਾ ਪੀੜਤ ਪਰਿਵਾਰਾਂ ਲਈ ਔਖੇ ਸਮੇਂ ਵਿੱਚ ਵੱਡਾ ਸਹਾਰਾ ਸਾਬਤ ਹੁੰਦੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਪੁਚਾਉਣ ਲਈ ਵਿਸ਼ੇਸ਼ ਤੌਰ 'ਤੇ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਭਰੋਸਾ ਦਿਵਾਇਆ ਕਿ ਹਲਕੇ ਦੇ ਲੋਕਾਂ ਨੂੰ ਸਰਕਾਰੀ ਸਹੂਲਤਾਂ ਪ੍ਰਾਪਤ ਕਰਨ ਵਿੱਚ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਮਾਰਕੀਟ ਕਮੇਟੀ ਦੇ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ ਨੇ ਕਿਹਾ ਕਿ ਕਿਸਾਨਾਂ ਤੇ ਖੇਤ ਮਜ਼ਦੂਰਾਂ ਦੀ ਭਲਾਈ ਲਈ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਨੂੰ ਪਾਰਦਰਸ਼ੀ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਕੋਸ਼ਿਸ਼ ਹੈ ਕਿ ਸਰਕਾਰੀ ਸਹਾਇਤਾ ਅਸਲ ਲੋੜਵੰਦ ਪਰਵਾਰਾਂ ਤੱਕ ਸਮੇਂ ਸਿਰ ਪਹੁੰਚੇ। ਸਹਾਇਤਾ ਰਾਸ਼ੀ ਦੇ ਚੈੱਕ ਪ੍ਰਾਪਤ ਕਰਨ ਵਾਲੇ ਪੀੜਤ ਪਰਵਾਰਾਂ ਨੇ ਪੰਜਾਬ ਸਰਕਾਰ, ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਤੇ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੁਸ਼ਕਲ ਦੀ ਇਸ ਘੜੀ 'ਚ ਮਿਲੀ ਵਿੱਤੀ ਸਹਾਇਤਾ ਉਨ੍ਹਾਂ ਲਈ ਵੱਡਾ ਸਹਾਰਾ ਹੈ।

## ਸੁਪਰੀਮ ਸਕੂਲ 'ਚ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ



**ਹਠੂਰ (ਨਛੱਤਰ ਸੰਧੂ)**-ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਸਰਬੱਤ ਦੇ ਭਲੇ, ਸਕੂਲ ਦੀ ਚੜ੍ਹਦੀ ਕਲਾ ਤੇ ਸਮੂਹ ਵਿਦਿਆਰਥੀਆਂ, ਅਧਿਆਪਕਾਂ ਤੇ ਸਟਾਫ਼ ਦੀ ਖੁਸ਼ਹਾਲੀ ਲਈ ਸੁਖਮਨੀ ਸਾਹਿਬ ਜੀ ਦਾ ਪਾਠ ਬੜੀ ਸ਼ਰਧਾ, ਭਾਵਨਾ ਤੇ ਆਧਿਆਤਮਿਕ ਮਾਹੌਲ ਵਿੱਚ ਕਰਵਾਇਆ ਗਿਆ।ਸਮਾਗਮ ਦੀ ਸ਼ੁਰੂਆਤ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਕੀਤੀ ਗਈ, ਜਿਸ ਦੌਰਾਨ ਸਕੂਲ ਦੇ ਪ੍ਰਬੰਧਕਾਂ ਪ੍ਰਧਾਨ ਚਰਨ ਸਿੰਘ, ਸਕੂਲ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ, ਪ੍ਰਿੰਸੀਪਲ ਜਸਮੇਲ ਸਿੰਘ, ਅਧਿਆਪਕਾਂ, ਵਿਦਿਆਰਥੀਆਂ ਤੇ ਸਮੂਹ ਸਟਾਫ਼ ਨੇ ਪੂਰੀ ਸ਼ਰਧਾ ਨਾਲ ਹਾਜ਼ਰੀ ਭਰੀ।ਸੰਗਤ ਨੇ ਗੁਰੂ ਚਰਨਾਂ ਵਿੱਚ ਨਤਮਸਤਕ ਹੋ ਕੇ ਸਕੂਲ ਦੀ ਤਰੱਕੀ, ਵਿਦਿਆਰਥੀਆਂ ਦੇ ਉੱਜਲੇ ਭਵਿੱਖ ਤੇ ਸਮੂਹ ਮਨੁੱਖਤਾ ਦੀ ਭਲਾਈ ਲਈ ਅਰਦਾਸ ਕੀਤੀ।ਪਾਠ ਦੌਰਾਨ ਸਕੂਲ ਦਾ ਸਮੁੱਚਾ ਮਾਹੌਲ ਸ਼ਾਂਤੀ, ਸਿਮਰਨ ਤੇ ਭਗਤੀ ਨਾਲ ਭਰਪੂਰ ਰਿਹਾ।ਅਰਦਾਸ ਦੌਰਾਨ ਸਭ ਦੇ ਚੰਗੇ ਸਿਹਤਮੰਦ ਜੀਵਨ, ਮਨ ਦੀ ਸ਼ਾਂਤੀ, ਖੁਸ਼ਹਾਲੀ, ਸਫਲਤਾ ਤੇ ਚੜ੍ਹਦੀ ਕਲਾ ਲਈ ਵਿਸ਼ੇਸ਼ ਤੌਰ 'ਤੇ ਬੇਨਤੀ ਕੀਤੀ ਗਈ।ਸਮਾਗਮ ਦੇ ਅੰਤ ਵਿੱਚ ਸਮੂਹ ਸੰਗਤ ਨੇ ਗੁਰੂ ਸਾਹਿਬ ਦਾ ਸ਼ੁਕਰਾਨਾ ਅਦਾ ਕੀਤਾ।ਹਾਜ਼ਰ ਸੰਗਤ ਵੱਲੋਂ ਸਰਬੱਤ ਦੇ ਭਲੇ, ਸਮਾਜ ਵਿੱਚ ਪਿਆਰ, ਏਕਤਾ, ਸਾਂਝ ਤੇ ਭਾਈਚਾਰੇ ਦੀ ਭਾਵਨਾ ਮਜ਼ਬੂਤ ਹੋਣ ਦੀ ਕਾਮਨਾ ਕੀਤੀ ਗਈ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਅਜਿਹੇ ਧਾਰਮਿਕ ਤੇ ਆਧਿਆਤਮਿਕ ਸਮਾਗਮ ਵਿਦਿਆਰਥੀਆਂ ਦੇ ਮਨ ਵਿੱਚ ਨੈਤਿਕ ਮੁੱਲਾਂ, ਸੇਵਾ-ਭਾਵਨਾ ਤੇ ਸੰਸਕਾਰਾਂ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

## ਆਲ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਮੰਗਾਂ ਪ੍ਰਤੀ ਰੋਸ ਰੈਲੀ



**ਸੰਗਰੂਰ (ਪ੍ਰਵੀਨ ਸਿੰਘ)**-ਆਲ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਦੇ ਸੈਂਕੜੇ ਮੈਂਬਰਾਂ ਵੱਲੋਂ ਡੀ ਸੀ ਦਫ਼ਤਰ ਅੱਗੇ ਪੰਜਾਬ ਸਰਕਾਰ ਦੇ ਪੈਨਸ਼ਨਰਜ਼ ਤੇ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਦਿਖਾਈ ਲਾਪ੍ਰਵਾਹੀ ਤੇ ਅਣਦੇਖੀ ਵਿਰੁੱਧ ਭਾਰੀ ਰੋਸ ਮੁਜ਼ਾਹਰਾ ਤੇ ਰੈਲੀ ਕੀਤੀ।ਰੈਲੀ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਸ੍ਰੀ ਸੁਰਿੰਦਰ ਬਾਲੀਆਂ, ਸਰਪ੍ਰਸਤ ਜਗਦੀਸ਼ ਸ਼ਰਮਾ, ਜਨਰਲ ਸਕੱਤਰ ਬਲਵੰਤ ਸਿੰਘ ਢਿੱਲੋਂ ਵੱਲੋਂ ਪੰਜਾਬ ਸਰਕਾਰ ਵੱਲੋਂ ਅਦਾਲਤੀ ਫੈਸਲੇ ਲਾਗੂ ਨਾ ਕਰਨਾ, ਮੰਗਾਂ ਪ੍ਰਤੀ ਟੇਬਲ ਟਾਕ ਤੋਂ ਭੱਜਣਾ, ਡੀ ਏ ਕੇਂਦਰ ਦੇ ਪੈਟਰਨ 'ਤੇ ਨਾ ਦੇਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਪੰਜਾਬ ਪੈਨਸ਼ਨਰਜ਼ ਤੇ ਮੁਲਾਜ਼ਮ ਦੀ ਸਾਂਝੀ ਤਾਲਮੇਲ ਕਮੇਟੀ ਵੱਲੋਂ 10 ਅਕਤੂਬਰ ਨੂੰ ਸੰਗਰੂਰ ਵਿਖੇ ਸੂਬਾਈ ਰੈਲੀ ਵਿੱਚ ਐਸੋਸੀਏਸ਼ਨ ਦੇ ਸੈਂਕੜੇ ਪੈਨਸ਼ਨਰਜ਼ ਹਾਜ਼ਰ ਹੋਣਗੇ।ਇਸ ਮੌਕੇ ਬਿੱਕਰ ਸਿੰਘ ਸਿਬੀਆ, ਮੇਲਾ ਸਿੰਘ ਪੁੰਨਾਂਵਾਲ, ਪਵਨ ਸ਼ਰਮਾ, ਬਹਾਦਰ ਸਿੰਘ ਰਾਓ ਆਦਿ ਨੇ ਸੰਬੋਧਨ ਕਰਦਿਆਂ ਮੰਗ ਕੀਤੀ ਕਿ ਪੈਨਸ਼ਨਰਜ਼ ਦੇ 1/7/21 ਤੋਂ ਰਹਿੰਦੇ ਸਾਰੇ ਬਕਾਏ, 2-59 ਨਾਲ ਪੈਨਸ਼ਨ ਰਵਾਇਜ਼ ਕਰਨ ਤੇ ਹੋਰ ਮੰਗਾਂ ਛੇਤੀ ਪ੍ਰਵਾਨ ਕੀਤੀਆਂ ਜਾਣ।ਜੇਕਰ ਮੰਗਾਂ ਨਾ ਪ੍ਰਵਾਨ ਕੀਤੀਆਂ ਸਰਕਾਰ ਵਿਰੁੱਧ ਲੰਮੇ ਸੰਘਰਸ਼ ਅਰੰਭੇ ਜਾਣਗੇ।ਇਸ ਮੌਕੇ ਰਾਮ ਲਾਲ ਸ਼ਰਮਾ, ਮੋਹਨ ਸਿੰਘ ਬਾਵਾ, ਸਤਪਾਲ ਕਲਸੀ, ਗੁਰਤੇਜ ਸ਼ਰਮਾ, ਬਹਾਦਰ ਸਿੰਘ ਰਾਓ, ਜਗਮੇਲ ਸਿੰਘ, ਸਵਰਨ ਸਿੰਘ ਧੰਦੀਵਾਲ, ਰਾਜਿੰਦਰ ਸਿੰਘ ਗਿੱਲ ਆਦਿ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਖੱਬੀਆਂ ਪਾਰਟੀਆਂ ਤੇ ...

ਬਲਾਕ ਦੀਆਂ ਪਾਰਟੀਆਂ ਤੇ ਹੋਰ ਸਹਿਯੋਗੀ ਪਾਰਟੀਆਂ ਦੀ ਲੁਧਿਆਣਾ ਵਿਖੇ ਮੀਟਿੰਗ ਬੁਲਾ ਕੇ ਇਸ ਨੂੰ ਜਾਰੀ ਰੱਖਿਆ ਜਾਵੇਗਾ ਅਤੇ ਵੱਡੇ ਪੱਧਰ 'ਤੇ ਮੋਦੀ ਸਰਕਾਰ ਦੇ ਖਿਲਾਫ ਪ੍ਰਦਰਸ਼ਨ ਕੀਤਾ ਜਾਵੇਗਾ।

ਰੈਲੀ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਪਵਨ ਕੁਮਾਰ-ਕਾਂਗਰਸ, ਚਮਕੌਰ ਸਿੰਘ ਬਰਮੀ- ਸੀ ਪੀ ਆਈ, ਬਲਬੀਰ ਸਿੰਘ- ਸੀ ਪੀ ਐੱਮ, ਜੇ ਪੀ ਨਰਾਇਣ-ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਅਤੇ ਜਗਦੀਸ਼ ਚੰਦ ਆਰ ਐੱਮ ਪੀ ਆਈ ਸ਼ਾਮਲ ਸਨ।ਸਟੇਜ ਦੀ ਕਾਰਵਾਈ ਸੀ ਪੀ ਆਈ ਦੇ ਆਗੂ ਐੱਮ ਐੱਸ ਭਾਟੀਆ ਨੇ ਚਲਾਈ।ਪ੍ਰੋਗਰਾਮ ਪਵਨ ਕੁਮਾਰ, ਚਮਕੌਰ ਸਿੰਘ ਬਰਮੀ, ਬੀ ਐੱਸ ਸਾਹੀ, ਜੇ ਪੀ ਨਰਾਇਣ ਅਤੇ ਪਰਮਜੀਤ ਸਿੰਘ 'ਤੇ ਅਧਾਰਤ ਪ੍ਰਧਾਨਗੀ ਮੰਡਲ ਦੀ ਦੇਖਰੇਖ ਹੇਠ ਚਲਾਇਆ ਗਿਆ।ਇਹਨਾਂ ਤੋਂ ਇਲਾਵਾ ਜਿਹੜੇ ਪ੍ਰਮੁੱਖ ਆਗੂ ਰੈਲੀ ਵਿੱਚ ਸ਼ਾਮਲ ਹੋਏ, ਉਹਨਾਂ ਵਿੱਚ ਮੋਨੂ ਕਿੰਦਾ ਅਤੇ ਗੁਰਜੀਤ ਸਿੰਘ ਜਗਪਾਲ—ਕਾਂਗਰਸ, ਰਮੇਸ਼ ਰਤਨ ਅਤੇ ਕੇਵਲ ਸਿੰਘ ਬਨਵੈਤ—ਸੀ ਪੀ ਆਈ, ਡਾਕਟਰ ਗੁਰਵਿੰਦਰ ਸਿੰਘ—ਸੀ ਪੀ ਐੱਮ, ਬੱਬਨ ਪਾਸਵਾਨ—ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਅਤੇ ਰਘਬੀਰ ਸਿੰਘ ਬੈਨੀਪਾਲ-ਆਰ ਐੱਮ ਪੀ ਆਈ ਸ਼ਾਮਲ ਸਨ।

**ਸੰਗਰੂਰ** : ਸੀ ਪੀ ਆਈ ਅਤੇ ਸੀ ਪੀ ਐੱਮ ਵੱਲੋਂ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਪੁਤਲਾ ਸੁਤੰਤਰ ਭਵਨ ਤੋਂ ਮਾਰਚ ਕਰਕੇ ਸੀ ਪੀ ਆਈ ਦੇ ਸਕੱਤਰ ਸੁਖਦੇਵ ਸ਼ਰਮਾ ਅਤੇ ਸੀ ਪੀ ਐੱਮ ਦੇ ਪਰਮੁੱਖ ਆਗੂ ਭੂਪ ਚੰਦ ਚੰਨੋ ਦੀ ਅਗਵਾਈ ਹੇਠ ਡੀ ਸੀ ਦਫਤਰ ਦੇ ਸਾਹਮਣੇ ਫੂਕਿਆ ਗਿਆ। ਉਪਰੋਕਤ ਆਗੂਆਂ ਨੇ ਮੰਗ ਕੀਤੀ ਕਿ ਗਿਆਨੇਸ਼ ਕੁਮਾਰ ਤੋਂ ਤੁਰੰਤ ਅਸਤੀਫਾ ਲੈ ਕੇ ਬਰਖਾਸਤ ਕੀਤਾ ਜਾਵੇ। ਇਸ ਸਮੇਂ ਸੀ ਪੀ ਆਈ ਵੱਲੋਂ ਨਿਰਮਲ ਸਿੰਘ ਬਟੜਿਆਣਾ, ਨਵਜੀਤ ਸਿੰਘ, ਜਗਦੇਵ ਬਾਈਆ, ਸਤਵੰਤ ਸਿੰਘ ਖੰਡੇਬਾਦ, ਹਰਦੇਵ ਸਿੰਘ ਬਖਸ਼ੀਵਾਲਾ, ਸੀ ਪੀ ਐੱਮ ਵੱਲੋਂ ਸਤਿੰਦਰ ਪਾਲ ਚੀਮਾ, ਜੋਰਾ ਸਿੰਘ ਉਪਲੀ, ਇੰਦਰਜੀਤ ਸਿੰਘ ਛੰਨਾ, ਭੂਰਾ ਸਿੰਘ ਥੋਕਾ ਅਤੇ ਜੋਗਿੰਦਰ ਬੱਧਨ ਤੋਂ ਇਲਾਵਾ ਬਜ਼ੁਰਗ ਆਗੂ ਸੰਪੂਰਨ ਸਿੰਘ ਛਾਜਲੀ ਵੀ ਸ਼ਾਮਲ ਸਨ। ਵੱਡੀ ਗਿਣਤੀ ਵਿੱਚ ਸਾਥੀ ਸ਼ਾਮਿਲ ਹੋਏ। ਅੰਤ ਵਿੱਚ ਸੁਖਦੇਵ ਸ਼ਰਮਾ ਵੱਲੋਂ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ ਗਿਆ।

### ਦੀਵਾਲੀ ਦਾ ਤੋਹਫ਼ਾ...

ਅਤੇ 15 ਲੱਖ ਰੁਪਏ ਤੋਂ ਵੱਧ ਆਮਦਨ ਵਾਲੇ ਬਿਨੈਕਾਰ ਕੁਲੈਕਟਰ ਰੇਟ ਦਾ 100 ਫ਼ੀਸਦ ਭੁਗਤਾਨ ਕਰਨਗੇ।ਉਨ੍ਹਾ ਦੱਸਿਆ ਕਿ ਇਹ ਰਿਆਇਤੀ ਦਰਾਂ 50 ਵਰਗ ਮੀਟਰ ਤੋਂ ਘੱਟ ਖੇਤਰਫਲ ਵਾਲੀਆਂ ਦੁਕਾਨਾਂ 'ਤੇ ਲਾਗੂ ਹੋਣਗੀਆਂ। ਉਹਨਾ ਸਪੱਸ਼ਟ ਕੀਤਾ ਕਿ ਇਸ ਸਕੀਮ ਵਿੱਚ ਦੋ ਸ਼੍ਰੇਣੀਆਂ ਸ਼ਾਮਲ ਨਹੀਂ ਕੀਤੀਆਂ ਗਈਆਂ। ਇਸ ਸਕੀਮ ਤਹਿਤ ਸਬ-ਟੈਨੇਂਟਾਂ ਨੂੰ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਨਾ ਹੀ ਪਾਰਕਾਂ, ਗਲੀਆਂ ਜਾਂ ਜਨਤਕ ਸਹੂਲਤਾਂ ਵਾਲੀਆਂ ਥਾਵਾਂ 'ਤੇ ਕਾਬਜ਼ ਲੋਕਾਂ ਨੂੰ ਮਾਲਕੀ ਹੱਕ ਦਿੱਤੇ ਜਾਣਗੇ।ਉਨ੍ਹਾ ਕਿਹਾ ਕਿ ਦਸਤਾਵੇਜ਼ੀ ਪ੍ਰਕਿਰਿਆ ਨੂੰ ਆਸਾਨ, ਸੁਚਾਰੂ ਅਤੇ ਨਿਰਵਿਘਨ ਰੱਖਿਆ ਗਿਆ ਹੈ, ਜਿਸ ਤਹਿਤ ਬਿਨੈਕਾਰ ਕੋਈ ਵੀ ਜਾਇਜ਼, ਸਬੂਤ ਜਿਵੇਂ ਕਿ ਜੀ ਐੱਸ ਟੀ ਸਰਟੀਫਿਕੇਟ, ਬਿਜਲੀ ਦਾ ਬਿੱਲ, ਵੋਟਰ ਕਾਰਡ ਆਦਿ ਜਮ੍ਹਾਂ ਕਰਵਾ ਸਕਦੇ ਹਨ।

### ਸ੍ਰੀ ਅਨੰਦਪੁਰ ਸਾਹਿਬ...

ਸਰਾਂ 'ਚ ਰੱਖਣ ਅਤੇ ਉਸ ਨੂੰ ਇਲਾਜ ਲਈ 1 ਲੱਖ ਦੇਣ ਦਾ ਕੀ ਤਰਕ ਹੈ? ਚੈੱਕ ਸ੍ਰੀ ਅਨੰਦਪੁਰ ਸਾਹਿਬ ਦੀ ਬਜਾਏ ਅੰਮ੍ਰਿਤਸਰ 'ਚ ਕਿਉਂ ਭੁਗਤਾਇਆ ਗਿਆ? ਇਲਾਜ ਕਿੱਥੇ ਚੱਲ ਰਿਹਾ ਸੀ ਅਤੇ ਕਿਹੜੇ ਡਾਕਟਰਾਂ ਨੇ ਇਸ ਦੀ ਸਿਫਾਰਸ਼ ਕੀਤੀ ਸੀ? 'ਆਪ' ਪੰਜਾਬ ਦੇ ਮੀਡੀਆ ਇੰਚਾਰਜ ਨੇ ਅੱਗੇ ਪੁੱਛਿਆ, ਰਜਿਸਟਰ ਨਾਲ ਕੀਤੀ ਗਈ ਕਥਿਤ ਛੇੜਛਾੜ ਦਾ ਪਤਾ ਅਸਲ ਵਿੱਚ ਕਦੋਂ ਲੱਗਿਆ? ਕੀ ਛੇੜਛਾੜ ਦਾ ਪਤਾ ਐੱਫ ਆਈ ਆਰ ਦਰਜ ਹੋਣ ਤੋਂ ਬਾਅਦ ਲੱਗਿਆ ਜਾਂ ਐੱਸ ਜੀ ਪੀ ਸੀ ਕਮੇਟੀ ਦੇ ਗਠਨ ਸਮੇਂ? ਜੇਕਰ ਇਹ ਪਹਿਲਾਂ ਤੋਂ ਹੀ ਪਤਾ ਸੀ, ਤਾਂ ਇਸ ਨੂੰ ਐੱਸ ਜੀ ਪੀ ਸੀ ਦੀ ਨਿਯਮਤ ਕਾਰਵਾਈ ਵਿੱਚ ਕਿਉਂ ਨਹੀਂ ਲਿਆਂਦਾ ਗਿਆ? ਉਨ੍ਹਾ ਡਰਾਈਵਰ ਮੋਹਨ ਸਿੰਘ ਦੀ ਮੁਅੱਤਲੀ 'ਤੇ ਵੀ ਸਵਾਲ ਚੁੱਕੇ। ਪੰਨੂ ਨੇ ਪੁੱਛਿਆ, ਜੇਕਰ ਐੱਸ ਜੀ ਪੀ ਸੀ ਪ੍ਰਧਾਨ ਦੇ ਕਹਿਣ ਮੁਤਾਬਕ ਮਹਿਲਾ ਨੂੰ ਕੋਈ ਗੱਡੀ ਨਹੀਂ ਦਿੱਤੀ ਗਈ ਸੀ, ਤਾਂ ਡਰਾਈਵਰ ਨੂੰ ਮੁਅੱਤਲ ਕਿਉਂ ਕੀਤਾ ਗਿਆ? ਜੇਕਰ ਉਹ ਡਰਾਈਵਰ ਸੀ ਤਾਂ ਉਹ ਕਿਸ ਦੀ ਗੱਡੀ ਚਲਾ ਰਿਹਾ ਸੀ? ਪੰਨੂ ਨੇ ਕਿਹਾ—ਐੱਫ ਆਈ ਆਰ ਵਿੱਚ ਨਾਮਜ਼ਦ ਵਿਅਕਤੀਆਂ ਅਤੇ ਮਾਮਲੇ ਨਾਲ ਜੁੜੇ ਹੋਰ ਲੋਕਾਂ ਦੇ ਬਿਆਨਾਂ ਨੇ ਹੋਰ ਸਵਾਲ ਖੜ੍ਹੇ ਕਰ ਦਿੱਤੇ ਹਨ। ਅਮਰਜੀਤ ਸਿੰਘ ਚਾਵਲਾ ਨੇ ਆਪਣੇ ਇੰਟਰਵਿਊ ਵਿੱਚ ਦੱਸਿਆ ਸੀ ਕਿ ਵਿਰਸਾ ਸਿੰਘ ਵਲਟੋਹਾ ਨੇ ਮਹਿਲਾ ਨੂੰ ਸਰਾਂ ਵਿੱਚ ਠਹਿਰਾਉਣ ਲਈ ਕਿਹਾ ਸੀ। ਜੇਕਰ ਅਜਿਹਾ ਹੈ, ਤਾਂ ਉਹ ਏਨੇ ਸਮੇਂ ਤੋਂ ਇਸ ਗੱਲ ਤੋਂ ਕਿਵੇਂ ਇਨਕਾਰ ਕਰ ਰਹੇ ਸਨ ਕਿ ਉਹ ਮਹੀਨਿਆਂ ਤੱਕ ਉੱਥੇ ਰਹੀ ਸੀ?

### ਪੰਜਾਬ ਨਿਵੇਸ਼ਕਾਂ ਲਈ...

ਵਿਚਕਾਰ ਪਾੜੇ ਨੂੰ ਪੂਰਾ ਕਰੇਗਾ ਅਤੇ ਸੂਬੇ ਦੇ ਅੰਦਰ ਸਾਡੇ ਨੌਜਵਾਨਾਂ ਲਈ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪੈਦਾ ਕਰੇਗਾ।ਮੁੱਖ ਮੰਤਰੀ ਨੇ ਨੋਟ ਕੀਤਾ, ਹੁਨਰ ਪੰਜਾਬ ਪੋਰਟਲ 'ਤੇ ਪਹਿਲਾਂ ਹੀ ਲਗਭਗ 1,750 ਸੰਸਥਾਵਾਂ ਰਜਿਸਟਰਡ ਹੋ ਚੁੱਕੀਆਂ ਹਨ ਅਤੇ ਉਦਯੋਗਿਕ ਖੇਤਰ ਵਿੱਚ ਰੋਜ਼ਗਾਰ ਦੇ ਮੌਕਿਆਂ ਲਈ ਸਥਾਨਕ ਹੁਨਰਮੰਦ ਨੌਜਵਾਨਾਂ ਨੂੰ ਤਰਜੀਹ ਦਿੱਤੀ ਜਾਵੇਗੀ। ਕੰਪਨੀਆਂ ਹੁਣ ਇਸ ਪਲੇਟਫਾਰਮ ਰਾਹੀਂ ਹੁਨਰਮੰਦ ਨੌਜਵਾਨਾਂ ਨਾਲ ਸਿੱਧਾ ਜੁੜ ਸਕਣਗੀਆਂ ਅਤੇ ਉਨ੍ਹਾਂ ਨੂੰ ਨੌਕਰੀ 'ਤੇ ਰੱਖ ਸਕਣਗੀਆਂ।

### ਛਾਪੇ ਚੋਣਾਂ ਸਮੇਂ ਸਿਰ...

ਤੁਰੰਤ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਇਹ ਪੰਜਾਬ ਦੀ ਆਪ ਸਰਕਾਰ ਨੂੰ ਜਾਣ-ਬੁੱਝ ਕੇ ਤੰਗ-ਪਰੇਸ਼ਾਨ ਅਤੇ ਬਦਨਾਮ ਕਰਨ ਲਈ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਹਰ ਕਿਸਮ ਦੀ ਜਾਂਚ ਵਿੱਚ ਸ਼ਾਮਲ ਹੋਣ ਲਈ ਤਿਆਰ ਹੈ, ਪਰ ਜਦੋਂ ਸੰਮਨ ਸਹੀ ਚੈਨਲ ਰਾਹੀਂ ਉਨ੍ਹਾਂ ਤੱਕ ਪਹੁੰਚਣਗੇ, ਤਾਂ ਹੀ ਉਹ ਜਾਂਚ ਵਿੱਚ ਸ਼ਾਮਲ ਹੋਣਗੇ।

## ਸਚਿਨ ਪਾਇਲਟ ਤੇ ਪ੍ਰਗਟ ਸਿੰਘ ਦੀ ਜੋੜੀ ਪੰਜਾਬ 'ਚ ਕਾਂਗਰਸ ਦੀ ਸਰਕਾਰ ਬਣਾਏਗੀ : ਸ਼ਮਸਪੁਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਪ੍ਰਦੇਸ਼ ਕਾਂਗਰਸ ਦੇ ਨਵ-ਨਿਯੁਕਤ ਇੰਚਾਰਜ ਸਚਿਨ ਪਾਇਲਟ ਨਾਲ ਕਾਂਗਰਸ ਦੇ ਸੀਨੀਅਰ ਆਗੂ ਬਲਿਹਾਰ ਸਿੰਘ ਸਮਸਪੁਰ ਤੇ ਯੂਥ ਕਾਂਗਰਸ ਪਟਿਆਲਾ ਦੇ ਜ਼ਿਲ੍ਹਾ ਪ੍ਰਧਾਨ ਅਰਸਦੀਪ ਸਿੰਘ ਮੱਲ ਨੇ ਮੁਲਾਕਾਤ ਕਰਕੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਦਿਲੋਂ ਵਧਾਈ ਦਿੱਤੀ। ਉਨ੍ਹਾਂ ਨਾਲ ਪੰਜਾਬ ਕਾਂਗਰਸ ਦੀ ਜਥੇਬੰਦੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ, ਪਾਰਟੀ ਵਰਕਰਾਂ ਨੂੰ ਨਾਲ ਲੈ ਕੇ ਚੱਲਣ ਅਤੇ ਸੰਗਠਨ ਨੂੰ ਸਰਗਰਮ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਸ਼ਮਸਪੁਰ ਨੇ ਕਿਹਾ ਕਿ ਸਚਿਨ ਪਾਇਲਟ ਇਕ ਤਜਰਬੇਕਾਰ ਸਿਆਸੀ ਆਗੂ ਹੋਣ ਦੇ ਨਾਲ-ਨਾਲ ਨਾਲ ਇੱਕ ਦੂਰਅੰਦੇਸ਼ੀ ਵਾਲੇ ਆਗੂ ਹਨ।ਉਨ੍ਹਾਂ ਦੀ ਅਗਵਾਈ ਹੇਠ ਪੰਜਾਬ ਕਾਂਗਰਸ ਮਜ਼ਬੂਤ ਹੋਵੇਗੀ। ਪਾਇਲਟ ਵਿੱਚ ਕਾਂਗਰਸ ਟੀਮ ਨੂੰ ਨਾਲ ਲੈ ਕੇ ਚੱਲਣ ਅਤੇ ਮੁਸ਼ਕਿਲ ਹਾਲਾਤਾਂ 'ਚ ਅਗਵਾਈ ਕਰਨ ਦਾ ਉਨ੍ਹਾਂ ਦਾ ਤਜਰਬਾ ਅੱਜ ਸਿਆਸੀ ਜਥੇਬੰਦੀ ਲਈ ਵੀ ਮਹੱਤਵਪੂਰਨ ਸਾਬਤ ਹੋ ਸਕਦਾ ਹੈ।ਇਹਨਾਂ ਆਗੂਆਂ ਨੇ ਕਿਹਾ ਕਿ ਪੰਜਾਬ ਇੰਚਾਰਜ ਸਚਿਨ ਪਾਇਲਟ ਨੇ ਵੀ ਪ੍ਰਗਟ ਸਿੰਘ ਦੀ ਨਿਯੁਕਤੀ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਇਕ ਨੈਸ਼ਨਲ ਆਈਕਨ ਦੱਸਿਆ ਅਤੇ ਉਨ੍ਹਾਂ ਦੀ ਖੇਡਾਂ ਨਾਲ ਜੁੜੀ ਪਛਾਣ ਅਤੇ ਤਜਰਬੇ ਨੂੰ ਉਜਾਗਰ ਕੀਤਾ ਹੈ।ਸਚਿਨ ਪਾਇਲਟ ਨੇ ਇਹ ਵੀ ਕਿਹਾ ਕਿ ਕਾਂਗਰਸ ਦੀ ਰਵਾਇਤ ਸਾਰਿਆਂ ਨੂੰ ਨਾਲ ਲੈ ਕੇ ਚੱਲਣ ਦੀ ਰਹੀ ਹੈ।

Printed and Published by Printer, Publisher and Executive Editor : Resham Singh for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : ਰੇਸ਼ਮ ਸਿੰਘ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in
ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

# ਮੈਡ ਸੰਧੂ ਦੇ ਕਤਲ ਕੇਸ 'ਚ ਛੇ ਮੁਲਜ਼ਮ ਗ੍ਰਿਫ਼ਤਾਰ

ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ) : ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਗੁਜਰਾਤ ਪੁਲਸ ਨਾਲ ਸਾਂਝੇ ਆਪ੍ਰੇਸ਼ਨ ਵਿਚ ਮਸ਼ਹੂਰ ਸੋਸ਼ਲ ਮੀਡੀਆ ਇਨਫਲੂਐਂਸਰ ਮਧੂਸੂਦਨ ਸਿੰਘ ਉਰਫ਼ ਮੈਡ ਸੰਧੂ ਦੇ ਸਨਸਨੀਖੇਜ਼ ਕਤਲ ਕੇਸ ਨੂੰ ਸੁਲਝਾ ਲਿਆ ਹੈ। ਜ਼ਿਕਰਯੋਗ



ਹੈ ਕਿ ਬੀਤੀ 3 ਅਕਤੂਬਰ ਨੂੰ ਸ਼ਾਮ ਵੇਲੇ ਮੈਡ ਸੰਧੂ ਦੀ ਅੰਮ੍ਰਿਤਸਰ ਦੇ ਲੋਹਾਰਕਾ ਰੋਡ 'ਤੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਇਸ ਮਾਮਲੇ ਵਿੱਚ ਪੁਲਸ ਨੇ ਛੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਸ ਹੱਤਿਆ ਦੇ ਸਬੰਧ ਵਿਚ ਅੰਮ੍ਰਿਤਸਰ ਦੇ ਥਾਣਾ ਕੈਂਟ ਵਿਚ ਮ੍ਰਿਤਕ ਮਧੂਸੂਦਨ ਸਿੰਘ ਉਰਫ਼ ਮੈਡ ਸੰਧੂ ਦੇ ਪਿਤਾ ਭੁਪਿੰਦਰ ਸਿੰਘ ਦੀ ਸ਼ਿਕਾਇਤ 'ਤੇ ਮਾਮਲਾ ਦਰਜ ਕੀਤਾ ਗਿਆ ਸੀ। ਇਸ ਸਬੰਧ ਵਿਚ ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਹਰਮਨਬੀਰ ਸਿੰਘ ਗਿੱਲ ਨੇ ਦੱਸਿਆ ਕਿ ਇਸ ਮਾਮਲੇ ਵਿਚ ਕਾਰਵਾਈ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਗੁਜਰਾਤ ਪੁਲਸ ਨਾਲ ਸਾਂਝੇ ਆਪ੍ਰੇਸ਼ਨ ਵਿਚ ਮੁਲਜ਼ਮਾਂ ਨੂੰ ਸਫ਼ਲਤਾਪੂਰਵਕ ਲੱਭ ਕੇ ਗ੍ਰਿਫ਼ਤਾਰ ਕੀਤਾ ਹੈ, ਜਿਨ੍ਹਾਂ ਵਿਚ ਮੁੱਖ ਮੁਲਜ਼ਮ/ਸ਼ੂਟਰ ਪਰਮਿੰਦਰ ਉਰਫ਼ ਕਾਕਾ ਵੀ ਸ਼ਾਮਲ ਹੈ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਪਰਮਿੰਦਰ ਉਰਫ਼ ਕਾਕਾ ਵਾਸੀ ਲੋਹੀਆਂ ਖਾਸ, ਜਲੰਧਰ ਦਿਹਾਤੀ; ਅਮਨਦੀਪ ਸਿੰਘ ਵਾਸੀ ਤਾਸ਼ਪੁਰ ਕਪੂਰਥਲਾ; ਪਰਮਵੀਰ ਸਿੰਘ ਵਾਸੀ ਲੋਹੀਆਂ ਖਾਸ, ਜਲੰਧਰ ਦਿਹਾਤੀ; ਬਲਜਿੰਦਰ ਸਿੰਘ ਉਰਫ਼ ਲਾਲੀ ਵਾਸੀ ਪਿੰਡ ਦਲਾਵਰਪੁਰ, ਤਰਨਤਾਰਨ; ਬਲਰਾਜ ਸਿੰਘ ਉਰਫ਼ ਬੰਟੀ ਵਾਸੀ ਖਲਚੀਆ, ਅੰਮ੍ਰਿਤਸਰ ਦਿਹਾਤੀ ਤੇ ਵਿਕਾਸ ਸਿੰਘ ਵਾਸੀ ਖਲਚੀਆ ਅੰਮ੍ਰਿਤਸਰ ਦਿਹਾਤੀ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਸ਼ੂਟਰ ਪਰਮਿੰਦਰ ਉਰਫ਼ ਕਾਕਾ ਤੇ ਅਮਨਦੀਪ ਸਿੰਘ ਦੋਵੇਂ ਭਰਾ ਹਨ। ਉਨ੍ਹਾਂ ਦੱਸਿਆ ਕਿ ਅਮਨਦੀਪ ਸਿੰਘ ਦੇ ਖਾਤੇ ਵਿਚ ਬਾਹਰ ਬੈਠੇ ਵਿਅਕਤੀਆਂ ਨੇ ਇਸ ਕੰਮ ਲਈ 16 ਹਜ਼ਾਰ ਰੁਪਏ ਪਾਏ ਸਨ। ਉਨ੍ਹਾਂ ਦੱਸਿਆ ਕਿ ਪਰਮਿੰਦਰ ਉਰਫ਼ ਕਾਕਾ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਅਹਿਮਦਾਬਾਦ ਚਲਾ ਗਿਆ ਸੀ, ਜਿਸ ਨੂੰ ਗੁਜਰਾਤ ਪੁਲਸ ਨਾਲ ਸਾਂਝੇ ਆਪਰੇਸ਼ਨ ਵਿਚ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਦੀ ਟੀਮ ਪਰਮਿੰਦਰ ਉਰਫ਼ ਕਾਕਾ ਨੂੰ ਰਸਮੀ ਤੌਰ 'ਤੇ ਗ੍ਰਿਫ਼ਤਾਰ ਕਰਨ ਲਈ ਹਵਾਈ ਜਹਾਜ਼ ਰਾਹੀਂ ਗੁਜਰਾਤ ਲਈ ਰਵਾਨਾ ਹੋ ਗਈ ਹੈ। ਲੋੜੀਂਦੀਆਂ ਕਾਨੂੰਨੀ ਕਾਰਵਾਈਆਂ ਪੂਰੀਆਂ ਹੋਣ ਤੋਂ ਬਾਅਦ ਮੁਲਜ਼ਮ ਨੂੰ ਅਗਲੇਰੀ ਜਾਂਚ ਤੇ ਪੁੱਛਗਿੱਛ ਲਈ ਜਲਦੀ ਹੀ ਅੰਮ੍ਰਿਤਸਰ ਲਿਆਂਦਾ ਜਾਵੇਗਾ।

# ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਖ਼ਿਲਾਫ਼ ਪਾਵਰਕਾਮ ਪੈਨਸ਼ਨਰਜ਼ ਵੱਲੋਂ ਰੋਸ ਪ੍ਰਦਰਸ਼ਨ



ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)- ਪਾਵਰਕਾਮ ਦੇ ਸੇਵਾ ਮੁਕਤ ਕਰਮਚਾਰੀ ਮੰਡਲ ਅਜਨਾਲਾ ਦੇ ਆਗੂਆਂ ਤੇ ਵਰਕਰਾਂ ਦੀ ਇੱਕ ਅਹਿਮ ਮੀਟਿੰਗ ਸਾਥੀ ਸਰਬਜੀਤ ਸਿੰਘ ਪੰਨੂ ਦੀ ਪ੍ਰਧਾਨਗੀ ਹੇਠ ਕੀਤੀ।ਇਸ ਮੌਕੇ ਮੁਲਾਜ਼ਮ ਤੇ ਪੈਨਸ਼ਨਰਜ਼ ਦੇ ਸਾਂਝੇ ਫਰੰਟ ਦੇ ਵਿੱਢੇ ਅਗਲੇ ਸੰਘਰਸ਼ ਨੂੰ ਸਫ਼ਲ ਬਣਾਉਣ ਵਿਚਾਰ-ਵਟਾਂਦਰਾ ਕਰਨ ਉਪਰੰਤ ਮਾਰੂ ਨੀਤੀਆਂ ਨੂੰ ਲੈ ਕੇ ਪੰਜਾਬ ਸਰਕਾਰ ਵਿਰੁੱਧ ਜ਼ਬਰਦਸਤ ਨਾਅਰੇਬਾਜ਼ੀ ਕਰਦੇ ਹੋਏ ਰੋਸ ਪ੍ਰਦਰਸ਼ਨ ਕੀਤਾ।ਇਸ ਮੌਕੇ ਸੀਨੀਅਰ ਆਗੂ ਸਰਬਜੀਤ ਸਿੰਘ ਪੰਨੂ ਤੇ ਅਮਰਜੀਤ ਸਿੰਘ ਸਰਕਾਰੀਆ ਨੇ ਸੂਬਾ ਸਰਕਾਰ ਵੱਲੋਂ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੀਆਂ ਲਟਕਦੀਆਂ ਮੰਗਾਂ ਪ੍ਰਤੀ ਅਪਣਾਏ ਜਾ ਰਹੇ ਉਦਾਸੀਨ ਰਵੱਈਏ ਤੇ ਡੂੰਘੀ ਚਿੰਤਾ ਪ੍ਰਗਟ ਕੀਤੀ।ਇਸ ਮੌਕੇ ਉਕਤ ਆਗੂਆਂ ਨੇ ਦੋਸ਼ ਲਾਇਆ ਕਿ ਹਾਈਕੋਰਟ ਦੇ ਸਪੱਸ਼ਟ ਨਿਰਦੇਸ਼ਾਂ ਦੇ ਬਾਵਜੂਦ ਸਰਕਾਰ ਵੱਲੋਂ ਸੁਪਰੀਮ ਕੋਰਟ ਦਾ ਰੁੱਖ ਕਰਨਾ ਅਤੇ 18 ਫ਼ੀਸਦੀ ਮਹਿੰਗਾਈ ਭੱਤੇ ਦੇ ਬਕਾਏ ਦੀ ਥਾਂ ਮਹਿਜ਼ 8 ਫ਼ੀਸਦੀ ਡੀ.ਏ. ਜਾਰੀ ਕਰਨਾ ਅਧਿਕਾਰਾਂ 'ਤੇ ਡਾਕਾ ਮਾਰਨ ਦੇ ਸਮਾਨ ਹੈ।ਇਸ ਮੌਕੇ ਉਕਤ ਆਗੂਆਂ ਨੇ ਕਿਹਾ ਕਿ ਮਹਿੰਗਾਈ ਭੱਤਾ ਕੋਈ ਖ਼ੈਰਾਤ ਨਹੀਂ ਸਗੋਂ ਮੁਲਾਜ਼ਮਾਂ ਦਾ ਬੁਨਿਆਦੀ ਹੱਕ ਹੈ।ਜਥੇਬੰਦੀ ਨੇ ਮੰਗ ਕੀਤੀ ਕਿ 1 ਜਨਵਰੀ 2016 ਤੋਂ ਪੈਨਸ਼ਨ ਲਈ 2.59 ਦਾ ਗੁਣਾਂਕ ਲਾਗੂ ਕੀਤਾ ਜਾਵੇ, ਕੱਚੇ ਕਾਮਿਆਂ ਨੂੰ ਪੱਕਾ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਹੋਵੇ, ਮੈਡੀਕਲ ਕੈਸ਼ਲੈੱਸ ਸੁਵਿਧਾ ਲਾਗੂ ਕੀਤੀ ਜਾਵੇ ਅਤੇ ਮੁਲਾਜ਼ਮ ਵਿਰੋਧੀ ਸਰਕਾਰੀ ਪੱਤਰ ਤੁਰੰਤ ਵਾਪਸ ਲਏ ਜਾਣ।ਇਸ ਮੌਕੇ ਸਮੂਹ ਪਾਵਰਕਾਮ ਪੈਨਸ਼ਨਰਜ਼ ਨੇ ਮਤਾ ਪਾਸ ਕਰਕੇ 10 ਅਕਤੂਬਰ ਨੂੰ ਸੰਗਰੂਰ ਵਿਖੇ ਹੋ ਰਹੀ ਰੈਲੀ 'ਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ।ਇਸ ਮੌਕੇ ਰਿਟਾ: ਜੇ.ਈ. ਸਵਿੰਦਰ ਸਿੰਘ ਸਿੱਧੂ, ਅਮਰੀਕ ਸਿੰਘ ਫਤਿਹਗੜ੍ਹ ਚੂੜੀਆਂ, ਖਜ਼ਾਨਚੀ ਗੁਰਮੁੱਖ ਸਿੰਘ ਰੰਧਾਵਾ, ਹਰਦੀਪ ਸਿੰਘ ਛੀਨਾ, ਪਰਮਜੀਤ ਸਿੰਘ ਪੰਡੋਰੀ, ਰਤਨ ਸਿੰਘ, ਬਲਕਾਰ ਸਿੰਘ ਰਮਦਾਸ, ਸੁਖਦੇਵ ਸਿੰਘ ਸੁਧਾਰ, ਬਲਜੀਤ ਸਿੰਘ ਜੇ.ਈ., ਜਗਦੀਸ਼ ਕੁਮਾਰ ਦੇਵਗਨ, ਕੰਵਲਜੀਤ ਸਿੰਘ ਜੌਹਲ ਆਦਿ ਹਾਜ਼ਰ ਸਨ।

# ਰਾਜਵਿੰਦਰ ਕੌਰ ਨੇ ਮੁੱਖ ਮੰਤਰੀ ਸੈਣੀ ਨਾਲ ਕੀਤੀ ਮੁਲਾਕਾਤ

ਛੇਹਰਟਾ, (ਮਨੋਜ ਕੁਮਾਰ) : ਭਾਜਪਾ ਅਨੁਸੂਚਿਤ ਜਾਤੀ ਮੋਰਚਾ ਦੀ ਸੂਬਾ ਸਕੱਤਰ ਰਾਜਵਿੰਦਰ ਕੌਰ ਨੇ ਚੰਡੀਗੜ੍ਹ ਵਿਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਮੁਲਾਕਾਤ ਕੀਤੀ। ਰਾਜਵਿੰਦਰ ਕੌਰ ਨੇ ਦੱਸਿਆ ਕਿ ਮੁਲਾਕਾਤ ਦੌਰਾਨ ਮੁੱਖ ਮੰਤਰੀ ਨਾਇਬ ਸਿੰਘ ਸੈਣੀ



ਨਾਲ ਪੰਜਾਬ ਦੇ ਸਿਆਸੀ ਹਾਲਤ ਬਾਰੇ ਵਿਚਾਰ ਚਰਚਾ ਹੋਈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਮੁੱਖ ਮੰਤਰੀ ਨੂੰ ਦੱਸਿਆ ਕਿ ਪੰਜਾਬ ਵਿਚ ਭਾਜਪਾ ਦਿਨੋਂ-ਦਿਨ ਮਜ਼ਬੂਤ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਸੂਬੇ ਦੇ ਲੋਕ ਨਸ਼ਾ, ਗੈਂਗਸਟਰਵਾਦ ਤੇ ਰੋਜ਼ਾਨਾ ਹੋ ਰਹੇ ਕਤਲਾਂ ਤੋਂ ਤੰਗ ਆ ਚੁੱਕੇ ਹਨ। ਨਸ਼ੇ ਨੇ ਪੰਜਾਬ ਦੀ ਜਵਾਨੀ ਨੂੰ ਬਰਬਾਦ ਕਰਕੇ ਰੱਖ ਦਿੱਤਾ ਹੈ। ਲੋਕ ਬੇਸਬਰੀ ਨਾਲ ਵਿਧਾਨਸਭਾ ਚੋਣਾਂ ਦੀ ਉਡੀਕ ਕਰ ਰਹੇ ਹਨ, ਤਾਂ ਜੋ ਸੂਬੇ ਵਿਚ ਡੱਬਲ ਇੰਜਣ ਦੀ ਸਰਕਾਰ ਬਣਾ ਸਕਣ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਵੀ ਉਨ੍ਹਾਂ ਦੇ ਵਿਚਾਰਾਂ ਨਾਲ ਸਹਿਮਤੀ ਪ੍ਰਗਟਾਈ ਅਤੇ ਭਾਜਪਾ ਦੀਆਂ ਲੋਕ ਭਲਾਈ ਵਾਲੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਕਿਹਾ, ਤਾਂ ਜੋ ਜ਼ਮੀਨੀ ਪੱਧਰ 'ਤੇ ਪਾਰਟੀ ਨੂੰ ਮਜ਼ਬੂਤ ਬਣਾ ਕੇ ਉਥੇ ਭਾਜਪਾ ਦੀ ਸਰਕਾਰ ਬਣਾ ਪੰਜਾਬ ਨੂੰ ਖੁਸ਼ਹਾਲ ਤੇ ਵਿਕਾਸ ਦੇ ਰਸਤੇ 'ਤੇ ਲਿਆਂਦਾ ਜਾ ਸਕੇ।

# ਬਾਸਰਕੇ ਭੈਣੀ 'ਚ ਕਰੰਟ ਲੱਗਣ ਨਾਲ ਮੱਝ ਦੀ ਮੌਤ

ਅੰਮ੍ਰਿਤਸਰ (ਅਰੋੜਾ)- ਪਿੰਡ ਬਾਸਰਕੇ ਭੈਣੀ ਨੇੜੇ ਅਕਾਲ ਅਕੈਡਮੀ ਦੇ ਵਸਨੀਕ ਕਿਸਾਨ ਸਤਨਾਮ ਸਿੰਘ ਪੁੱਤਰ ਗੋਪਾਲ ਸਿੰਘ ਨੇ ਦੱਸਿਆ ਕਿ ਉਹ ਮੱਧਮ ਵਰਗੀ ਛੋਟਾ ਕਿਸਾਨ ਹੈ ਅਤੇ ਬੜੀ ਮੁਸ਼ਕਲ ਨਾਲ ਪਿੰਡ ਵਿੱਚ ਮੱਝਾਂ ਦਾ ਦੁੱਧ ਵੇਚ ਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਚਲਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਪਿੰਡ ਧੱਤਲ ਤੋਂ ਆਉਣ ਵਾਲੇ ਟ੍ਰਾਂਸਫਾਰਮਰ ਤੋਂ ਪਹਿਲਾਂ ਵੀ ਉਨ੍ਹਾਂ ਦੇ ਪੁੱਤਰ ਨੂੰ ਕਰੰਟ ਲੱਗਾ ਸੀ ਅਤੇ ਬੜੀ ਮੁਸ਼ਕਲ ਨਾਲ ਉਸ ਦੀ ਜਾਨ



ਬਚੀ ਸੀ।ਇਸ ਸਬੰਧੀ ਉਨ੍ਹਾਂ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਦਫ਼ਤਰ ਖਾਸਾ ਵਿਖੇ ਸੰਬੰਧਿਤ ਅਧਿਕਾਰੀਆਂ ਨੂੰ ਜਾਣਕਾਰੀ ਦਿੱਤੀ ਸੀ ਅਤੇ ਇਹ ਮੰਗ ਕੀਤੀ ਸੀ ਕਿ ਇਸ ਖੰਭੇ ਵਿੱਚ ਕਈ ਵਾਰ ਕਰੰਟ ਆਉਣ ਦੀ ਜਾਣਕਾਰੀ ਮਿਲ ਚੁੱਕੀ ਹੈ।ਉਨ੍ਹਾਂ ਨੇ ਇਸ ਸਬੰਧੀ ਵਿਭਾਗ ਤੋਂ ਯੋਗ ਕਾਰਵਾਈ ਦੀ ਮੰਗ ਕੀਤੀ ਸੀ, ਪਰ ਬਿਜਲੀ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਲਾਪਰਵਾਹੀ ਦਾ ਸਬੂਤ ਦਿੰਦਿਆਂ ਕਰੰਟ ਆਉਣ ਵਾਲੇ ਇਸ ਪੋਲ ਦਾ ਕੋਈ ਯੋਗ ਹੱਲ ਨਹੀਂ ਕੀਤਾ ਜਿਸ ਦਾ ਨਤੀਜਾ ਇਹ ਹੋਇਆ ਕਿ ਉਨ੍ਹਾਂ ਦੀ ਮੱਝ ਜੋ ਕਿ ਖੇਤ ਵਿੱਚ ਚਰ ਰਹੀ ਸੀ, ਨੂੰ ਜ਼ਬਰਦਸਤ ਕਰੰਟ ਲੱਗਾ ਜਿਸ ਨਾਲ ਉਸ ਦੀ ਮੌਤ ਹੋ ਗਈ।ਉਨ੍ਹਾਂ ਇਸ ਸਬੰਧੀ ਸੰਬੰਧਿਤ ਥਾਣੇ ਅਤੇ ਬਿਜਲੀ ਵਿਭਾਗ ਦੇ ਉਚ ਅਧਿਕਾਰੀਆਂ ਨੂੰ ਸੂਚਿਤ ਵੀ ਕੀਤਾ ਹੈ ਕਿ ਉਹਨਾਂ ਨੂੰ ਬਿਜਲੀ ਦਾ ਕਰੰਟ ਲੱਗਣ ਨਾਲ ਮਰੀ ਮੱਝ ਦਾ ਮੁਆਵਜ਼ਾ ਦਿੱਤਾ ਜਾਵੇ, ਪਰ ਪ੍ਰਸ਼ਾਸਨ ਅਤੇ ਬਿਜਲੀ ਵਿਭਾਗ ਵੱਲੋਂ ਕੋਈ ਸੁਣਵਾਈ ਨਹੀਂ ਹੋ ਰਹੀ।ਪੀੜਤ ਸਤਨਾਮ ਸਿੰਘ ਅਤੇ ਪਿੰਡ ਦੇ ਸਾਬਕਾ ਸਰਪੰਚ ਮੰਗਲ ਸਿੰਘ ਨੇ ਪੰਜਾਬ ਸਰਕਾਰ, ਜ਼ਿਲ੍ਹਾ ਡਿਪਟੀ ਕਮਿਸ਼ਨਰ ਅਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਚੀਫ਼ ਤੋਂ ਮੰਗ ਕੀਤੀ ਹੈ ਕਿ ਉਨ੍ਹਾਂ ਦੀ ਘਰੇਲੂ ਹਾਲਤ ਨੂੰ ਧਿਆਨ ਵਿੱਚ ਰੱਖਦਿਆਂ ਕਰੰਟ ਲੱਗਣ ਨਾਲ ਮਰੀ ਮੱਝ ਦਾ ਮੁਆਵਜ਼ਾ 2 ਲੱਖ ਰੁਪਏ ਦਿੱਤਾ ਜਾਵੇ।

# ਪੀਐੱਮ ਸ੍ਰੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਰਾਮ ਤੀਰਥ ਮੰਦਰ ਅੰਮ੍ਰਿਤਸਰ ਦਾ ਵਿੱਦਿਅਕ ਦੌਰਾ




ਕਾਦੀਆਂ, (ਯਾਦਵਿੰਦਰ ਸਿੰਘ ਮਲਹੋਤਰਾ)- ਪੀਐੱਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦੇ ਛੇਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਵੱਲੋਂ ਸਕੂਲ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ (ਸਟੇਟ ਐਵਾਰਡੀ) ਦੀ ਯੋਗ ਅਗਵਾਈ ਹੇਠ ਰਾਮ ਤੀਰਥ ਮੰਦਰ, ਅੰਮ੍ਰਿਤਸਰ ਵਿਖੇ ਵਿਦਿਅਕ ਅਤੇ ਸੱਭਿਆਚਾਰਕ ਦੌਰਾ ਕੀਤਾ ਗਿਆ।ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਪਣੀ ਇਤਿਹਾਸਕ, ਧਾਰਮਿਕ ਅਤੇ ਸੱਭਿਆਚਾਰਕ ਵਿਰਾਸਤ ਨਾਲ ਜੋੜਨਾ ਅਤੇ ਕਿਤਾਬੀ ਗਿਆਨ ਦੇ ਨਾਲ-ਨਾਲ ਪ੍ਰਤੱਖ ਅਨੁਭਵ ਰਾਹੀਂ ਸਿੱਖਣ ਦੇ ਮੌਕੇ ਪ੍ਰਦਾਨ ਕਰਨਾ ਸੀ। ਵਿਦਿਆਰਥੀਆਂ ਨੇ ਸ੍ਰੀ ਰਾਮ ਤੀਰਥ ਸਥਾਨ ਦੇ ਇਤਿਹਾਸ, ਧਾਰਮਿਕ ਮਹੱਤਤਾ ਅਤੇ ਸੱਭਿਆਚਾਰਕ ਵਿਰਾਸਤ ਬਾਰੇ ਜਾਣਕਾਰੀ ਪ੍ਰਾਪਤ ਕੀਤੀ।ਦੌਰੇ ਦੌਰਾਨ ਵਿਦਿਆਰਥੀਆਂ ਨੇ ਅਨੁਸ਼ਾਸਨ, ਆਪਸੀ ਸਹਿਯੋਗ ਅਤੇ ਜ਼ਿੰਮੇਵਾਰੀ ਦੀ ਭਾਵਨਾ ਦਾ ਪ੍ਰਦਰਸ਼ਨ ਕੀਤਾ।ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਸਥਾਨ ਦੀ ਇਤਿਹਾਸਕ ਮਹੱਤਤਾ ਅਤੇ ਵਿਰਾਸਤ ਨੂੰ ਸੰਭਾਲਣ ਦੀ ਲੋੜ ਬਾਰੇ ਵੀ ਜਾਣੂ ਕਰਵਾਇਆ ਗਿਆ।ਇਸ ਮੌਕੇ ਸਕੂਲ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਨੇ ਕਿਹਾ ਕਿ ਵਿਦਿਅਕ ਦੌਰੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਵਿਦਿਆਰਥੀਆਂ ਨੇ ਇਸ ਦੌਰੇ ਨੂੰ ਬਹੁਤ ਹੀ ਗਿਆਨਵਰਧਕ, ਰੌਚਕ ਅਤੇ ਯਾਦਗਾਰੀ ਦੱਸਿਆ।

# ਐੱਨ ਸੀ ਸੀ ਕੈਡਿਟਾਂ ਨੇ ਅਟਾਰੀ-ਵਾਹਗਾ ਸਰਹੱਦ ਵਿਖੇ ਰੀਟਰੀਟ ਸੈਰਾਮਨੀ ਨੂੰ ਅੱਖੀਂ ਡਿੱਠਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਫਸਟ ਪੰਜਾਬ ਬਟਾਲੀਅਨ ਐੱਨਸੀਸੀ, ਅੰਮ੍ਰਿਤਸਰ ਵੱਲੋਂ ਲਗਾਏ ਜਾ ਰਹੇ 10 ਰੋਜ਼ਾ ਟ੍ਰੇਨਿੰਗ ਕੈਂਪ ਦੌਰਾਨ ਅੱਜ ਐਨਸੀਸੀ ਕੈਡਿਟਾਂ ਨੂੰ ਅਟਾਰੀ-ਵਾਹਗਾ ਸਰਹੱਦ ਵਿਖੇ ਰੀਟਰੀਟ ਸੈਰਾਮਨੀ ਅਤੇ ਝੰਡਾ ਉਤਾਰਨ ਦੀ ਰਸਮ ਦੇਖਣ ਦਾ ਮੌਕਾ ਮਿਲਿਆ। ਇਸ ਦੌਰਾਨ ਕੈਡਿਟਾਂ ਨੇ ਪੂਰੇ ਜੋਸ਼, ਉਤਸ਼ਾਹ ਅਤੇ ਦੇਸ਼ਭਗਤੀ ਦੀ ਭਾਵਨਾ ਨਾਲ ਇਸ ਵਿਸ਼ੇਸ਼ ਸਮਾਰੋਹ ਦਾ ਆਨੰਦ ਮਾਣਿਆ। ਰੀਟਰੀਟ ਸੈਰਾਮਨੀ ਦੌਰਾਨ ਕੈਡਿਟਾਂ ਨੇ ਉਤਸ਼ਾਹ ਨਾਲ ਭਾਰਤ ਮਾਤਾ ਕੀ ਜੈ ਅਤੇ ਵੰਦੇ ਮਾਤਰਮ ਦੇ ਨਾਅਰੇ ਲਗਾਏ। ਇਸ ਮੌਕੇ ਦੇਸ਼ਭਗਤੀ ਦੇ ਗੀਤਾਂ 'ਤੇ ਕੈਡਿਟਾਂ ਵੱਲੋਂ ਪੇਸ਼ ਕੀਤੇ ਗਏ ਨਾਚ ਅਤੇ ਸੱਭਿਆਚਾਰਕ ਪ੍ਰਦਰਸ਼ਨ ਨੇ ਮਾਹੌਲ ਨੂੰ ਹੋਰ ਵੀ ਦੇਸ਼ਭਗਤੀ ਦੇ ਰੰਗ ਵਿੱਚ ਰੰਗ ਦਿੱਤਾ। ਕੈਂਪ ਕਮਾਂਡੈਂਟ ਕਰਨਲ ਜੀ. ਪੀ. ਸਿੰਘ ਨੇ ਦੱਸਿਆ ਕਿ 10 ਰੋਜ਼ਾ ਟ੍ਰੇਨਿੰਗ ਕੈਂਪ ਦੌਰਾਨ ਕੈਡਿਟਾਂ ਨੂੰ ਫੌਜੀ ਸਿਖਲਾਈ ਦੇ ਨਾਲ-ਨਾਲ ਖੇਡਾਂ, ਮਨੋਰੰਜਨ, ਸੱਭਿਆਚਾਰਕ ਗਤੀਵਿਧੀਆਂ ਅਤੇ ਵੱਖ-ਵੱਖ ਆਊਟਡੋਰ ਵਿਜ਼ਿਟ ਵੀ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਕੈਡਿਟਾਂ ਨੂੰ ਕੈਂਪ ਦੌਰਾਨ ਪੌਸ਼ਟਿਕ ਆਹਾਰ ਅਤੇ ਲੋੜੀਂਦੀਆਂ ਮੈਡੀਕਲ ਸਹੂਲਤਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸਿਹਤ, ਸਫ਼ਾਈ ਅਤੇ ਸੁਰੱਖਿਆ ਦਾ ਵੀ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ। ਕਰਨਲ ਜੀ.ਪੀ. ਸਿੰਘ ਨੇ ਕਿਹਾ ਕਿ ਐਨਸੀਸੀ ਕੈਡਿਟਾਂ ਨੂੰ ਅਟਾਰੀ-ਵਾਹਗਾ ਸਰਹੱਦ ਵਿਖੇ ਰੀਟਰੀਟ



ਸੈਰਾਮਨੀ ਦਿਖਾਉਣ ਦਾ ਮੁੱਖ ਉਦੇਸ਼ ਉਨ੍ਹਾਂ ਵਿੱਚ ਦੇਸ਼ ਪ੍ਰਤੀ ਪਿਆਰ, ਰਾਸ਼ਟਰਵਾਦ ਅਤੇ ਦੇਸ਼ਭਗਤੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਕੈਡਿਟਾਂ ਵਿੱਚ ਅਨੁਸ਼ਾਸਨ, ਏਕਤਾ, ਆਤਮ-ਵਿਸ਼ਵਾਸ ਅਤੇ ਰਾਸ਼ਟਰੀ ਏਕਤਾ ਦੀ ਭਾਵਨਾ ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਇਸ ਮੌਕੇ ਲੈਫਟੀਨੈਂਟ ਹਰਮਨਪ੍ਰੀਤ ਸਿੰਘ ਉਪਲ, ਲੈਫਟੀਨੈਂਟ ਅਨਿਲ ਕੁਮਾਰ, ਮੇਜਰ ਪ੍ਰਦੀਪ ਕੁਮਾਰ, ਲੈਫਟੀਨੈਂਟ ਸਤਿੰਦਰ ਸਿੰਘ, ਕੈਪਟਨ ਸੁਖਪਾਲ ਸਿੰਘ ਸੰਧੂ, ਹਵਾਲਦਾਰ ਕੁਲਦੀਪ ਸਿੰਘ ਸਮੇਤ ਐਨਸੀਸੀ ਸਟਾਫ ਅਤੇ ਵੱਡੀ ਗਿਣਤੀ ਵਿੱਚ ਐੱਨਸੀਸੀ ਕੈਡਿਟ ਹਾਜ਼ਰ ਸਨ।

# ਸਕੂਲੀ ਵੈਨ ਤੇ ਮੋਟਰਸਾਈਕਲ ਦੀ ਟੱਕਰ 'ਚ ਨਾਨੀ ਦੋਹਤੇ ਦੀ ਮੌਤ, ਵੈਨ ਚਾਲਕ ਫ਼ਰਾਰ

ਮਜੀਠਾ (ਸੋਇਮ ਆਨੰਦ)- ਕਸਬਾ ਮਜੀਠਾ ਨਜ਼ਦੀਕ ਸੋਹੀਆਂ ਰੋਡ 'ਤੇ ਸੜਕ ਹਾਦਸੇ ਦੌਰਾਨ ਸਕੂਲੀ ਵੈਨ ਦੀ ਲਪੇਟ 'ਚ ਆਉਣ ਨਾਲ ਮੋਟਰਸਾਈਕਲ ਸਵਾਰ ਨੌਜਵਾਨ ਤੇ ਬਜ਼ੁਰਗ ਔਰਤ ਦੀ ਮੌਕੇ 'ਤੇ ਮੌਤ ਹੋਣ ਦਾ ਸਮਾਚਾਰ ਹੈ।ਜਾਣਕਾਰੀ ਅਨੁਸਾਰ ਮਹਿਕਪ੍ਰੀਤ ਸਿੰਘ ਪੁੱਤਰ ਅੰਮ੍ਰਿਤਪਾਲ ਸਿੰਘ ਆਪਣੀ ਨਾਨੀ ਕਸ਼ਮੀਰ ਕੌਰ ਪਤਨੀ ਗੁਰਨਾਮ ਸਿੰਘ ਦੇ ਵਾਸੀ ਪਿੰਡ [illegible] ਜ਼ਿਲ੍ਹਾ ਗੁਰਦਾਸਪੁਰ ਆਪਣੇ ਮੋਟਰਸਾਈਕਲ ਨੰ. ਪੀ.ਬੀ.-18 ਐਕਸ-8736 'ਤੇ ਪਿੰਡ ਰਾਮਪੁਰਾ ਜ਼ਿਲ੍ਹਾ ਅੰਮ੍ਰਿਤਸਰ [illegible]



[illegible] 'ਤੇ ਹੀ ਮੌਤ ਹੋ ਗਈ।ਮਜੀਠਾ ਪੁਲਿਸ [illegible] ਆਪਣੀ ਟੀਮ ਨਾਲ ਮੌਕੇ 'ਤੇ ਪਹੁੰਚੇ। ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਅੰਮ੍ਰਿਤਸਰ ਦੇ ਸਿਵਲ ਹਸਪਤਾਲ ਵਿਖੇ ਭੇਜ ਦਿੱਤਾ ਗਿਆ ਹੈ।ਇਸ ਸਬੰਧੀ ਥਾਣਾ ਮਜੀਠਾ ਦੇ ਐੱਸ. ਐੱਚ. ਓ. ਕਰਮਪਾਲ ਸਿੰਘ ਰੰਧਾਵਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਾਦਸੇ ਤੋਂ ਬਾਅਦ ਸਕੂਲੀ ਵੈਨ ਦਾ ਚਾਲਕ ਮੌਕੇ ਤੋਂ ਫ਼ਰਾਰ ਹੋ ਗਿਆ।ਉਨ੍ਹਾਂ ਦੱਸਿਆ ਕਿ ਪੁਲਿਸ ਵੱਲੋਂ ਘਟਨਾ ਸਬੰਧੀ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਜਲਦ ਹੀ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਅਮਲ ਵਿੱਚ ਹੈ।

# 'ਮਾਨ ਦੇ ਮੁਨਾਫੇ' ਮੁਹਿੰਮ ਤਹਿਤ ਸ਼ੈਰੀ ਕਲਸੀ ਪਿੰਡ ਡੱਲਾ ਪਹੁੰਚੇ

ਬਟਾਲਾ, (ਡਾ. ਮਲਵਿੰਦਰ ਸਿੰਘ) ਪੰਜਾਬ ਦੇ ਕਾਰਜਕਾਲ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਪਿੰਡ ਡੱਲਾ ਪਹੁੰਚੇ ਅਤੇ ਮਾਨ ਦੇ ਮੁਨਾਫੇ ਡੋਰ-ਟੂ-ਡੋਰ ਜਨ ਸੰਪਰਕ ਮੁਹਿੰਮ [illegible]



[illegible] ਜੀਵਨ ਪੱਧਰ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ-ਪੱਖੀ ਪਹਿਲਕਦਮੀਆਂ ਦਾ ਸਿੱਧਾ ਲਾਭ ਸੂਬੇ ਦੇ ਆਮ ਪਰਿਵਾਰਾਂ ਤੱਕ ਪਹੁੰਚ ਰਿਹਾ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ, ਰੁਜ਼ਗਾਰ, ਖੇਤੀਬਾੜੀ ਅਤੇ ਬੁਨਿਆਦੀ ਢਾਂਚੇ ਸਮੇਤ ਵੱਖ-ਵੱਖ ਖੇਤਰਾਂ ਵਿਚ ਕੀਤੇ ਜਾ ਰਹੇ ਕੰਮਾਂ ਦਾ ਲਾਭ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂ ਅਤੇ [illegible] ਦੀਆਂ ਯੋਜਨਾਵਾਂ ਦਾ ਲਾਭ ਆਖਰੀ ਕਤਾਰ ਵਿੱਚ ਖੜ੍ਹੇ ਵਿਅਕਤੀ ਤੱਕ ਪਹੁੰਚਾਉਣਾ ਸਰਕਾਰ ਦੀ ਤਰਜੀਹ ਹੈ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਹਲਕੇ ਦੇ ਵਿਕਾਸ ਅਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

# ਪੱਛੜੀਆਂ ਸ਼੍ਰੇਣੀਆਂ ਨੂੰ ਲੋਕ ਭਲਾਈ ਸਕੀਮਾਂ ਦਾ ਬਣਦਾ ਲਾਭ ਦੇਣ ਲਈ ਕਮਿਸ਼ਨ ਵਚਨਬੱਧ : ਚੇਅਰਮੈਨ ਥਿੰਦ

ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਰਾਜ ਪੱਛੜੀਆਂ ਸ਼੍ਰੇਣੀਆਂ ਕਮਿਸ਼ਨ ਦੇ ਚੇਅਰਮੈਨ ਸ਼੍ਰੀ ਮਲਕੀਤ ਸਿੰਘ ਥਿੰਦ ਬਟਾਲਾ ਵਿਖੇ ਪਹੁੰਚੇ ਅਤੇ ਅਧਿਕਾਰੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਭਲਾਈ ਜਥੇਬੰਦੀਆਂ ਤੇ ਲੋਕਾਂ ਨਾਲ ਮੀਟਿੰਗ ਕੀਤੀ ਅਤੇ ਪੱਛੜੀਆਂ ਸ਼੍ਰੇਣੀਆਂ ਨਾਲ ਸਬੰਧਤ ਸਕੀਮਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਗਈ।ਇਸ ਮੌਕੇ ਐੱਸ ਡੀ ਐੱਮ ਬਟਾਲਾ ਸਾਰੰਗਪ੍ਰੀਤ ਸਿੰਘ ਔਜਲਾ, ਚੇਅਰਮੈਨ ਯਸ਼ਪਾਲ ਚੌਹਾਨ, ਚੇਅਰਮੈਨ ਰਵਿੰਦਰ ਸਿੰਘ ਕੰਬੋਜ ਗੁਰਦਾਸਪੁਰ, ਡੀ ਐੱਸ ਪੀ (ਸਿਟੀ) ਸੁਖਇੰਦਰ ਸਿੰਘ, ਚੇਅਰਮੈਨ ਚਰਨਜੀਤ ਸਿੰਘ ਪਾਰੋਵਾਲ, ਚੇਅਰਮੈਨ ਜਗਜੀਤ ਸਿੰਘ ਸੋਨੂੰ, ਗੁਰਨਾਮ ਸਿੰਘ, ਸਤਨਾਮ ਸਿੰਘ ਗਿੱਲ, ਮੁਕਲ ਕੁਮਾਰ ਤਹਿਸੀਲ ਭਲਾਈ ਅਫਸਰ ਸਮੇਤ ਵੱਖ-ਵੱਖ ਭਲਾਈ ਬੋਰਡਾਂ ਦੇ ਚੇਅਰਮੈਨ, ਆਗੂ ਅਤੇ ਲੋਕ ਮੌਜੂਦ ਸਨ।ਚੇਅਰਮੈਨ ਮਲਕੀਤ ਸਿੰਘ ਥਿੰਦ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪੱਛੜੀਆਂ ਸ਼੍ਰੇਣੀਆਂ ਨਾਲ ਸਬੰਧਤ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਵੱਖ ਵੱਖ ਸਕੀਮਾਂ ਚਲਾਈਆਂ ਜਾ ਰਹੀਆਂ ਹਨ ਅਤੇ ਇਨ੍ਹਾਂ ਸਕੀਮਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ



ਲਈ ਵਿਭਾਗੀ ਪੱਧਰ ਤੇ ਵਧੇਰੇ ਜਾਗਰੂਕਤਾ ਕੈਂਪ ਲਗਾਏ ਜਾਣਾ ਸਮੇਂ ਦੀ ਅਹਿਮ ਲੋੜ ਹੈ।ਉਨ੍ਹਾਂ ਦੱਸਿਆ ਕਿ ਇਸ ਬਾਬਤ ਜ਼ਿਲ੍ਹਾ ਪੱਧਰ, ਸਬ ਡਵੀਜ਼ਨ ਪੱਧਰ ਅਤੇ ਬਲਾਕ ਪੱਧਰ 'ਤੇ ਪੱਛੜੀਆਂ ਸ਼੍ਰੇਣੀਆਂ ਨਾਲ ਸਬੰਧਤ ਸਕੀਮਾਂ ਅਤੇ ਸਹੂਲਤਾਂ ਦੇ ਫਲੈਕਸ ਲਗਾਉਣ ਲਈ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਤਾਂ ਜੋ ਲੋਕ ਵੱਧ ਤੋਂ ਵੱਧ ਜਾਗਰੂਕ ਹੋ ਸਕਣ।ਉਨ੍ਹਾਂ ਕਿਹਾ ਕਿ ਪੱਛੜੀਆਂ ਸ਼੍ਰੇਣੀਆਂ ਨੂੰ ਜਾਰੀ ਕੀਤੇ ਜਾਂਦੇ ਜਾਤੀ ਸਰਟੀਫਿਕੇਟਾਂ ਚ ਵੀ ਲੋਕਾਂ ਨੂੰ ਜਾਗਰੂਕ ਹੋਣ ਦੀ ਜ਼ਰੂਰਤ ਹੈ।ਉਨ੍ਹਾਂ ਦੱਸਿਆ ਕਿ ਪੱਛੜੀਆਂ ਸ਼੍ਰੇਣੀਆਂ ਨਾਲ ਸਬੰਧਤ ਬਣਿਆ ਸਰਟੀਫਿਕੇਟ 10 ਸਾਲ ਤੱਕ ਵੈਲਿਡ ਹੈ।ਮੀਟਿੰਗ ਦੌਰਾਨ ਐੱਸ. ਡੀ. ਐੱਮ ਬਟਾਲਾ ਸਾਰੰਗਪ੍ਰੀਤ ਸਿੰਘ ਔਜਲਾ ਵੱਲੋਂ ਚੇਅਰਮੈਨ ਮਲਕੀਤ ਸਿੰਘ ਥਿੰਦ ਨੂੰ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਪੱਛੜੀਆਂ ਸ਼੍ਰੇਣੀਆਂ ਨਾਲ ਸਬੰਧਤ ਭਲਾਈ ਯੋਜਨਾਵਾਂ ਦਾ ਲਾਭ ਦੇਣ ਲਈ ਵਚਨਬੱਧ ਹੈ ਅਤੇ ਯੋਜਨਾਵਾਂ ਦਾ ਲਾਭ ਪਹੁੰਚਾਉਣ ਨੂੰ ਯਕੀਨੀ ਬਣਾਇਆ ਜਾਵੇਗਾ।ਇਸ ਤੋਂ ਪਹਿਲਾਂ ਬਟਾਲਾ ਕਲੱਬ ਵਿਖੇ ਪਹੁੰਚਣ 'ਤੇ ਚੇਅਰਮੈਨ ਮਲਕੀਤ ਸਿੰਘ ਥਿੰਦ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਸੀਨੀਅਰ ਆਗੂ ਪਰਦੀਪ ਕੁਮਾਰ, ਚੇਅਰਮੈਨ ਸੁਲੱਖਣ ਸਿੰਘ, ਚੇਅਰਮੈਨ ਲਖਬੀਰ ਸਿੰਘ, ਚੇਅਰਮੈਨ ਵਿਨੋਦ ਕੁਮਾਰ ਦੀਪੂ, ਮਨਜੀਤ ਸਿੰਘ ਬਮਰਾਹ, ਅਜਮੇਰ ਸਿੰਘ ਬੰਟੀ, ਮਾਸਟਰ ਸੁਖਦੇਵ ਸਿੰਘ, ਮਨਜੋਤ ਸਿੰਘ ਮਨੀ ਆਦਿ ਹਾਜ਼ਰ ਸਨ।

# ਬੇਰੋਜ਼ਗਾਰੀ ਸਰਹੱਦੀ ਪੱਟੀ ਦੀ ਸਭ ਤੋਂ ਵੱਡੀ ਸਮੱਸਿਆ : ਬਾਦਲ

ਅਟਾਰੀ, ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਬੇਰੋਜ਼ਗਾਰੀ ਸਰਹੱਦੀ ਪੱਟੀ ਵਿੱਚ ਸਭ ਤੋਂ ਵੱਡੀ ਸਮੱਸਿਆ ਹੈ ਅਤੇ ਅਗਲੀ ਅਕਾਲੀ ਦਲ ਦੀ ਸਰਕਾਰ ਸਰਹੱਦੀ ਪੱਟੀ ਵਾਸਤੇ ਵਿਸ਼ੇਸ਼ ਸਨਅਤੀ ਪੈਕੇਜ ਦੇਵੇਗੀ ਅਤੇ ਖਾਲੀ ਪਈਆਂ ਤਿੰਨ ਲੱਖ ਸਰਕਾਰੀ ਆਸਾਮੀਆਂ ਭਰੇਗੀ ਤਾਂ ਜੋ ਨੌਜਵਾਨਾਂ ਨੂੰ ਰੋਜ਼ਗਾਰ ਮਿਲ ਸਕੇ। 23 ਸਾਲਾਂ ਦੀ ਸੁਖਜੀਤ ਕੌਰ ਨੇ ਇਸ ਮੁਸ਼ਕਿਲ ਬਾਰੇ ਅਕਾਲੀ ਦਲ ਪ੍ਰਧਾਨ ਦੇ ਚੀਚਾ ਪਿੰਡ ਵਿਚ ਘਰ-ਘਰ ਜਾਣ ਦੇ ਪ੍ਰੋਗਰਾਮ ਦੌਰਾਨ ਉਨ੍ਹਾਂ ਨੂੰ ਇਸ ਮੁਸ਼ਕਿਲ ਬਾਰੇ ਵਿਸਥਾਰ ਵਿਚ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਮੇਰੇ ਪਿਤਾ ਕੋਲ ਕੰਮ ਨਹੀਂ ਹੈ, ਮੇਰੀ ਮਾਂ ਘਰੇਲੂ ਸੁਆਣੀ ਹੈ। ਦੋਵੇਂ ਮੇਰੇ ਭਰਾ ਬੇਰੋਜ਼ਗਾਰ ਹਨ। ਉਨ੍ਹਾਂ ਨੂੰ ਪਰਿਵਾਰ ਦੀ ਖੁਸ਼ਹਾਲੀ ਵਾਸਤੇ ਰੋਜ਼ਗਾਰ ਚਾਹੀਦਾ ਹੈ। ਬਾਦਲ ਨੇ ਉਨ੍ਹਾਂ ਨੂੰ ਭਰੋਸਾ ਦੁਆਇਆ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਨਾ ਸਿਰਫ ਸਰਹੱਦੀ ਪੱਟੀ ਵਿਚ ਉਦਯੋਗ ਲਿਆਂਦੇ ਜਾਣਗੇ ਬਲਕਿ ਸਰਕਾਰ ਬਣਨ ਦੇ ਇਕ ਸਾਲ ਦੇ ਅੰਦਰ-ਅੰਦਰ ਖਾਲੀ ਪਈਆਂ 3 ਲੱਖ ਆਸਾਮੀਆਂ ਵੀ ਭਰੀਆਂ ਜਾਣਗੀਆਂ। ਉਨ੍ਹਾਂ ਇਹ ਵੀ ਕਿਹਾ ਕਿ ਅਸੀਂ ਵਿਸ਼ਵ ਸਕਿੱਲ ਯੂਨੀਵਰਸਿਟੀ ਸਥਾਪਿਤ ਕਰ ਕੇ ਹਰ ਜ਼ਿਲ੍ਹੇ ਵਿਚ ਸੈਂਟਰ ਸਥਾਪਿਤ ਕਰਕੇ ਆਪਣੇ ਨੌਜਵਾਨਾਂ ਨੂੰ ਹੁਨਰ ਦੀ ਸਿਖਲਾਈ ਦੇਵਾਂਗੇ। ਉਨ੍ਹਾਂ ਕਿਹਾ ਕਿ ਨੌਜਵਾਨ 10 ਲੱਖ ਰੁਪਏ ਵਿਆਜ ਮੁਕਤ ਕਰਜ਼ਾ ਲੈ ਕੇ ਉਦਮੀ ਵੀ ਬਣ ਸਕਦੇ ਹਨ। ਚੀਚਾ ਦੇ



ਜਸਵੰਤ ਸਿੰਘ ਨੇ ਸਰਦਾਰ ਬਾਦਲ ਨੂੰ ਸਰਹੱਦੀ ਪੱਟੀ ਦੀ ਇਕ ਹੋਰ ਮੁਸ਼ਕਿਲ ਬਾਰੇ ਦੱਸਿਆ। ਉਹਨਾਂ ਦੱਸਿਆ ਕਿ ਇਥੇ ਬਹੁਤ ਆਸਾਨੀ ਨਾਲ ਨਸ਼ੇ ਵੇਚੇ ਜਾਂਦੇ ਹਨ ਤੇ ਨਸ਼ੇੜੀ ਲੋਕਾਂ ਵਾਸਤੇ ਮੁਸ਼ਕਿਲਾਂ ਖੜ੍ਹੀਆਂ ਕਰਦੇ ਹਨ। ਇਹ ਨਸ਼ੇੜੀ ਮੋਟਰ ਪੰਪਾਂ 'ਤੇ ਤਾਰਾਂ ਤੇ ਹੋਰ ਸਾਮਾਨ ਚੋਰੀ ਕਰ ਕੇ ਨਸ਼ਾ ਖਰੀਦਦੇ ਹਨ। ਉਨ੍ਹਾਂ ਕਿਹਾ ਕਿ ਇਸ ਨਾਲ ਪਿੰਡਾਂ ਵਾਲਿਆਂ ਵਿੱਚ ਡਰ ਦਾ ਮਾਹੌਲ ਬਣਦਾ ਹੈ ਤੇ ਔਰਤਾਂ ਹਨੇਰਾ ਹੋਣ ਮਗਰੋਂ ਘਰ ਤੋਂ ਨਿਕਲਣ ਤੋਂ ਗੁਰੇਜ਼ ਕਰਦੀਆਂ ਹਨ। ਅਕਾਲੀ ਦਲ ਦੇ ਪ੍ਰਧਾਨ ਜਿਨ੍ਹਾਂ ਨੇ ਪਿੰਡ ਵਿੱਚ ਪੰਜ ਘਰਾਂ ਦਾ ਦੌਰਾ ਕੀਤਾ, ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਗਲੀ ਅਕਾਲੀ ਦਲ ਦੀ ਸਰਕਾਰ ਤੋਂ ਪੰਜ ਆਸਾਂ ਦਾ ਜ਼ਿਕਰ ਕਰਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਫਾਰਮ ਭਰਨ ਅਤੇ ਪਾਰਟੀ ਹੇਠਲੇ ਪੱਧਰ ਤੱਕ ਲੋਕਾਂ ਤੋਂ ਫੀਡਬੈਕ ਲੈ ਕੇ ਆਪਣਾ ਚੋਣ ਮਨੋਰਥ ਤਿਆਰ ਕਰੇਗੀ ਜੋ 1 ਨਵੰਬਰ ਨੂੰ ਰਿਲੀਜ਼ ਕੀਤਾ ਜਾਵੇਗਾ।

# ਮੰਦਰ ਬਾਵਾ ਲਾਲ ਦਿਆਲ ਵਿਖੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲੱਗਾ

ਮਜੀਠਾ (ਸੋਇਮ ਆਨੰਦ)- ਮੰਦਰ ਬਾਵਾ ਲਾਲ ਦਿਆਲ ਮਜੀਠਾ ਵਿਖੇ ਓਮ ਪ੍ਰਕਾਸ਼ ਆਈ ਹਸਪਤਾਲ ਵੱਲੋਂ ਮੰਦਰ ਕਮੇਟੀ ਦੇ ਸਹਿਯੋਗ ਨਾਲ ਅੱਖਾਂ ਦੀ ਜਾਂਚ ਸਬੰਧੀ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਮਜੀਠਾ ਸ਼ਹਿਰ ਸਮੇਤ ਆਸ-ਪਾਸ ਦੇ ਪਿੰਡਾਂ ਤੋਂ ਵੱਡੀ ਗਿਣਤੀ 'ਚ ਲੋਕਾਂ ਨੇ ਪਹੁੰਚ ਕੇ ਆਪਣੀਆਂ ਅੱਖਾਂ ਦੀ ਜਾਂਚ ਕਰਵਾਈ ਅਤੇ ਇਸ ਸਿਹਤ ਸਹੂਲਤ ਦਾ ਲਾਭ ਲਿਆ।ਕੈਂਪ ਦੌਰਾਨ ਅੱਖਾਂ ਦੇ ਮਾਹਿਰ ਡਾਕਟਰਾਂ ਅਤੇ ਸਿਹਤ ਕਰਮਚਾਰੀਆਂ ਵੱਲੋਂ ਮਰੀਜ਼ਾਂ ਦੀ ਵਿਸਥਾਰਪੂਰਵਕ ਜਾਂਚ ਕੀਤੀ ਗਈ।ਜਾਂਚ ਉਪਰੰਤ ਜਿਨ੍ਹਾਂ ਮਰੀਜ਼ਾਂ ਨੂੰ ਦਵਾਈਆਂ ਦੀ ਲੋੜ ਸੀ, ਉਨ੍ਹਾਂ ਨੂੰ ਮੁਫ਼ਤ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ। ਇਸ ਤੋਂ ਇਲਾਵਾ ਮਰੀਜ਼ਾਂ ਨੂੰ ਅੱਖਾਂ ਦੀ ਸਿਹਤ ਸੰਭਾਲ, ਨਿਯਮਿਤ ਜਾਂਚ ਅਤੇ ਅੱਖਾਂ ਨਾਲ ਸਬੰਧਤ ਸਮੱਸਿਆਵਾਂ ਪ੍ਰਤੀ ਜਾਗਰੂਕ ਰਹਿਣ ਲਈ ਵੀ ਜ਼ਰੂਰੀ ਜਾਣਕਾਰੀ ਦਿੱਤੀ ਗਈ।

ਇਸ ਮੌਕੇ ਮੰਦਰ ਕਮੇਟੀ ਦੇ ਚੇਅਰਮੈਨ ਕੁਲਦੀਪ ਕੁਮਾਰ ਅਤੇ ਕਮੇਟੀ ਮੈਂਬਰਾਂ ਨੇ ਕਿਹਾ ਕਿ ਮੌਜੂਦਾ ਸਮੇਂ 'ਚ ਅੱਖਾਂ ਨਾਲ ਸਬੰਧਤ ਸਮੱਸਿਆਵਾਂ ਆਮ ਹੁੰਦੀਆਂ ਜਾ ਰਹੀਆਂ ਹਨ। ਇਸ ਲਈ ਲੋਕਾਂ ਨੂੰ ਉਨ੍ਹਾਂ ਦੇ ਨੇੜੇ ਮੁਫਤ ਸਿਹਤ ਸਹੂਲਤ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਇਹ ਕੈਂਪ ਲਗਾਇਆ ਗਿਆ ਹੈ।

ਉਨ੍ਹਾਂ ਕਿਹਾ ਕਿ ਭਵਿੱਖ 'ਚ ਵੀ ਲੋਕ ਭਲਾਈ



ਨਾਲ ਸਬੰਧਤ ਅਜਿਹੇ ਉਪਰਾਲੇ ਜਾਰੀ ਰੱਖੇ ਜਾਣਗੇ।ਕੈਂਪ ਦੌਰਾਨ ਓਮ ਪ੍ਰਕਾਸ਼ ਆਈ ਹਸਪਤਾਲ ਦੇ ਮੈਨੇਜਰ ਰਿਸ਼ੀ ਸ਼ਰਮਾ, ਡਾਕਟਰ ਕੋਮਲ, ਓਪਟੋਮੈਟਿਸਟ ਐਥਰ, ਆਸਮਾ ਤੋਂ ਇਲਾਵਾ ਸਟਾਫ਼ ਮੈਂਬਰ ਵਿਕਟਰ, ਜੋਬਨਪ੍ਰੀਤ ਸਿੰਘ, ਤਰਨਦੀਪ ਸਿੰਘ, ਹਰਪ੍ਰੀਤ ਸਿੰਘ, ਗਗਨਦੀਪ ਸਿੰਘ ਅਤੇ ਪਚਿੱਤਰ ਸਿੰਘ ਨੇ ਆਪਣੀਆਂ ਸੇਵਾਵਾਂ ਨਿਭਾਈਆਂ। ਕੈਂਪ ਵਿੱਚ ਪਹੁੰਚੇ ਲੋਕਾਂ ਨੇ ਮੰਦਰ ਕਮੇਟੀ ਅਤੇ ਓਮ ਪ੍ਰਕਾਸ਼ ਆਈ ਹਸਪਤਾਲ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

# ਏਆਈ+ ਸਮਾਰਟਫੋਨ ਨੇ ਬਿੱਗ ਬਿਲੀਅਨ ਡੇਜ਼ ਲਈ ਨੋਵਾ ਤੇ ਪਲਸ ਸੀਰੀਜ਼ ਦੀਆਂ ਕੀਮਤਾਂ 'ਚ ਕਟੌਤੀ ਕੀਤੀ

ਚੰਡੀਗੜ੍ਹ : ਏਆਈ+ ਸਮਾਰਟਫੋਨ ਨੇ ਫਲਿੱਪਕਾਰਟ ਦੇ ਬਿੱਗ ਬਿਲੀਅਨ ਡੇਜ਼ 2026 ਦੌਰਾਨ ਨੋਵਾ ਅਤੇ ਪਲਸ ਸੀਰੀਜ਼ ਲਈ ਤਿਉਹਾਰਾਂ ਦੀਆਂ ਕੀਮਤਾਂ ਦਾ ਐਲਾਨ ਕੀਤਾ ਹੈ। 8,999 ਤੋਂ ਸ਼ੁਰੂ ਹੋਣ ਵਾਲੀ, ਇਹ ਸੀਰੀਜ਼ ਸਲੀਕ ਡਿਜ਼ਾਈਨ, ਲੰਬੇ ਸਮੇਂ ਤੱਕ ਚੱਲਣ ਵਾਲੀ ਬੈਟਰੀ ਅਤੇ ਰੋਜ਼ਾਨਾ ਵਰਤੋਂ ਲਈ ਵਧੀਆ ਪ੍ਰਦਰਸ਼ਨ ਪ੍ਰਦਾਨ ਕਰਦੀ ਹੈ। ਨੋਵਾ ਅਤੇ ਪਲਸ ਨੂੰ ਉਸ ਚੀਜ਼ ਦੇ ਅਨੁਕੂਲ ਡਿਜ਼ਾਈਨ ਕੀਤਾ ਗਿਆ ਹੈ ਜੋ ਲੋਕ ਅਸਲ ਵਿੱਚ ਵਰਤਦੇ ਹਨ: ਲੰਬੇ ਦਿਨ, ਸਾਫ਼ ਕੈਮਰੇ, ਨਿਰਵਿਘਨ ਡਿਸਪਲੇਅ ਅਤੇ ਪਹੁੰਚਯੋਗ ਕੀਮਤਾਂ। ਪਲਸ 2 ਤੋਂ ਨੋਵਾ 2 ਅਲਟਰਾ ਤੱਕ, ਅਤੇ ਕੁਝ ਨਵਾਂ ਲੱਭਣ ਵਾਲਿਆਂ ਲਈ, ਨੋਵਾਫਲਿਪ, ਹਰੇਕ ਮਾਡਲ ਅੱਪਗ੍ਰੇਡ ਕਰਨ ਦਾ ਇੱਕ ਠੋਸ ਕਾਰਨ ਹੈ, ਕੋਈ ਸਮਝੌਤਾ ਨਹੀਂ।

# ਲਿੰਕ ਸੜਕਾਂ ਦਾ ਸੁਧਾਰ ਨਾ ਹੋਇਆ ਤਾਂ ਤਿੱਖਾ ਸੰਘਰਸ਼ ਵਿੱਢਾਂਗੇ : ਉਦੀਪੁਰ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)- ਭਾਰਤੀ ਕਾਮਿਊਨਿਸਟ ਪਾਰਟੀ ਬਲਾਕ ਦੀਨਾਨਗਰ ਦੀ ਮੀਟਿੰਗ ਕਾਮਰੇਡ ਸੁਭਾਸ਼ ਕੈਰੇ ਦੀ ਪ੍ਰਧਾਨਗੀ ਹੇਠ ਪਾਰਟੀ ਦਫ਼ਤਰ ਵਿਖੇ ਹੋਈ। ਮੀਟਿੰਗ ਦੀ ਕਾਰਵਾਈ



ਜਾਰੀ ਕਰਦਿਆਂ ਸੀ ਪੀ ਆਈ ਦੇ ਸਹਾਇਕ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਉਦੀਪੁਰ ਨੇ ਦੱਸਿਆ ਕਿ ਦੀਨਾਨਗਰ ਹਲਕੇ ਦੀਆਂ ਲਿਕ ਸੜਕਾਂ ਦਾਂ ਬੁਰਾ ਹਾਲ ਹੈ ਆਹਲੂਵਾਲ, ਉਧੀਪੁਰ, ਮੰਜ ਕੈਰੇ, ਮੁਨਣਾਵਾਲੀ, ਅਵਾਂਖਾ ਵਿਖੇ ਪਿਛਲੇ ਪੰਜ ਮਹੀਨਿਆਂ ਤੋਂ ਥਾਂ ਥਾਂ ਪੱਥਰ ਪਾਏ ਹੋਏ ਹਨ। ਬਰਸਾਤਾਂ ਦੌਰਾਨ ਮਿੱਟੀ ਰੁੜ੍ਹਨ ਕਾਰਨ ਪੱਥਰਾਂ ਨਾਲ ਲੋਕਾਂ ਦਾ ਆਉਣਾ ਜਾਣਾ ਦੁੱਭਰ ਹੋਇਆ ਪਿਆ ਹੈ ਅਤੇ ਕਈ ਵਾਰ ਘਾਤਕ ਹਾਦਸੇ ਵਾਪਰੇ ਹਨ।ਆਗੂਆਂ ਨੇ ਸਰਕਾਰ ਕੋਲੋਂ ਮੰਗ ਕੀਤੀ ਹੈ ਸੜਕਾਂ 'ਤੇ ਤੁਰੰਤ ਲੁੱਕ, ਪ੍ਰੀਮਿਕਸ ਪਾਈ ਜਾਵੇ ਤਾਂ ਲੋਕਾਂ ਨੂੰ ਆਵਾਜਾਈ ਵਿੱਚ ਕੋਈ ਰੁਕਾਵਟ ਪੈਦਾ ਨਾ ਹੋਵੇ। ਪਾਰਟੀ ਨੇ ਫੈਸਲਾ ਕੀਤਾ ਹੈ ਕਿ ਜੇਕਰ ਲਿੰਕ ਸੜਕਾਂ ਵਿੱਚ ਸੁਧਾਰ ਨਾ ਕੀਤਾ ਤਾਂ ਪਾਰਟੀ ਵੱਲੋਂ ਅਧਿਕਾਰੀਆਂ ਖਿਲਾਫ ਸੰਘਰਸ਼ ਕੀਤਾ ਜਾਵੇਗਾ ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਮੀਟਿੰਗ ਵਿੱਚ ਸ਼ਿਵ ਦੱਤ ਬੇਰੀਆਂ, ਕਾਮਰੇਡ ਦਰਸ਼ਨ ਕੁਮਾਰ, ਬਲਕਾਰ ਸਿੰਘ, ਵਿਜੇ ਕੁਮਾਰ, ਸੋਹਣ ਲਾਲ ਬੇਰੀਆਂ, ਚਮਨ ਲਾਲ, ਰਮੇਸ਼ ਕੁਮਾਰ, ਅਜੀਤ ਸਿੰਘ ਆਦਿ ਆਗੂ ਹਾਜ਼ਰ ਸਨ।

# ਸਿੱਖਿਆ ਵਿਭਾਗ 'ਚੋਂ ਸੇਵਾ-ਮੁਕਤ ਮੁਲਾਜ਼ਮਾਂ ਵੱਲੋਂ 8 ਫੀਸਦੀ ਡੀ ਏ ਦੀ ਮੰਗ

ਬਿਆਸ (ਪਰਮਜੀਤ ਸਿੰਘ ਰੱਖੜਾ) ਸਿੱਖਿਆ ਵਿਭਾਗ ਦੇ ਸੇਵਾ-ਮੁਕਤ ਮੁਲਾਜ਼ਮਾਂ ਵੱਲੋਂ ਨਵੀਂ ਪੈਨਸ਼ਨ ਸਕੀਮ ਤਹਿਤ ਵਧੇ 8 ਫੀਸਦੀ ਡੀ.ਏ. ਦੀ ਮੰਗ ਕੀਤੀ ਗਈ।ਇਹ ਵਧੇ ਹੋਏ ਡੀ.ਏ. ਦੀ ਮੰਗ ਦੋ ਕਿਸ਼ਤਾਂ ਵਿੱਚ 4 ਫੀਸਦੀ ਦੇ ਹਿਸਾਬ ਨਾਲ ਜਾਰੀ ਹੋਣੀ ਹੈ।ਮਿਤੀ 01-01-2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਦੀ ਸੇਵਾ ਪੂਰੀ ਹੋਣ ਤੋਂ ਬਾਅਦ ਮੁਲਾਜ਼ਮਾਂ ਦੀ ਪੈਨਸ਼ਨ 'ਚ 8 ਫੀਸਦੀ ਡੀ.ਏ. ਨਾ ਲੱਗਣ 'ਤੇ ਬੀ.ਐੱਡ ਅਧਿਆਪਕ ਪੰਜਾਬ ਵੱਲੋਂ ਪੁਰਜ਼ੋਰ ਨਿਖੇਧੀ ਕੀਤੀ ਗਈ ਹੈ।ਮੁਲਾਜ਼ਮਾਂ ਵੱਲੋਂ ਮੰਗ ਕੀਤੀ ਜਾਂਦੀ ਹੈ ਕਿ ਮਿਤੀ 01-01-2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਦੀ ਰਿਟਾਇਰਮੈਂਟ 'ਤੇ ਉਨ੍ਹਾਂ ਦੀ ਪੈਨਸ਼ਨ ਨਾਲ 8 ਫੀਸਦੀ ਡੀ ਏ ਲਗਾਇਆ ਜਾਵੇ ਅਤੇ ਪੁਰਾਣੀ ਪੈਨਸ਼ਨ ਲਾਗੂ ਕੀਤੀ ਜਾਵੇ। ਇਸ ਮੌਕੇ ਪਰਗਟਜੀਤ ਸਿੰਘ ਕਿਸ਼ਨਪੁਰਾ, ਤਜਿੰਦਰ ਸਿੰਘ ਮੁਹਾਲੀ, ਪਰਮਜੀਤ ਸਿੰਘ ਫਿਰੋਜ਼ਪੁਰ, ਸਰਤਾਜ ਸਿੰਘ ਕਪੂਰਥਲਾ, ਰਵਿੰਦਰ ਸਿੰਘ ਜਲੰਧਰ, ਦੁੱਗਲ ਲੁਧਿਆਣਾ, ਦਪਿੰਦਰ ਸਿੰਘ ਫਾਜ਼ਿਕਲਾ, ਬਿਕਰਮਜੀਤ ਸਿੰਘ ਸਠਿਆਲਾ, ਬਿਕਰਮ ਅਜਨਾਲਾ, ਕੰਵਰ ਸਠਿਆਲਾ, ਮਾਸਟਰ ਜਗੀਰ ਸਿੰਘ, ਕੰਵਲਪ੍ਰੀਤ ਸਿੰਘ ਭਕਨਾ, ਚੰਨਦੀਪ ਸਿੰਘ ਬੁਤਾਲਾ, ਵਰਿੰਦਰ ਸੋਢੀ, ਨਰੇਸ਼ ਕੁਮਾਰ, ਸੁਖਰਾਜ ਸਿੰਘ, ਜਰਮਨਜੀਤ ਸਿੰਘ, ਪ੍ਰਿੰਸਪਾਲ ਸਿੰਘ, ਸੁਰਜੀਤ ਸਿੰਘ ਫੇਰੂਮਾਨ ਆਦਿ ਹਾਜ਼ਰ ਸਨ।

# ਸੀ ਬੀ ਐੱਸ ਈ ਨੈਸ਼ਨਲ ਹਾਕੀ ਚੈਂਪੀਅਨਸ਼ਿਪ-2026 ਦੇ ਫਾਈਨਲ ਮੁਕਾਬਲੇ ਸਮਾਪਤ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ, ਮਹਿਤਾ ਚੌਂਕ ਵਿਖੇ ਸੀ.ਬੀ.ਐੱਸ.ਈ. ਨੈਸ਼ਨਲ




ਹਾਕੀ ਚੈਂਪੀਅਨਸ਼ਿਪ-2026 ਦੇ ਫਾਈਨਲ ਮੁਕਾਬਲੇ ਅੱਜ ਕਰਵਾਏ ਗਏ।ਵੱਖ-ਵੱਖ ਉਮਰ ਵਰਗਾਂ ਦੇ ਫਾਈਨਲ ਮੁਕਾਬਲੇ ਬੇਹੱਦ ਫਸਵੇਂ ਅਤੇ ਰੋਮਾਂਚਕ ਰਹੇ।ਫਾਈਨਲ ਮੁਕਾਬਲਿਆਂ ਦੌਰਾਨ ਖਿਡਾਰੀਆਂ ਨੂੰ ਸਨਮਾਨਿਤ ਕਰਨ ਅਤੇ ਉਨ੍ਹਾਂ ਦਾ ਹੌਸਲਾ ਵਧਾਉਣ ਲਈ ਸਰਦਾਰ ਸਰਵਣ ਸਿੰਘ ਧੁੰਨ, ਵਿਧਾਇਕ ਖੇਮਕਰਨ, ਵਿਸ਼ੇਸ਼ ਤੌਰ 'ਤੇ ਖਾਲਸਾ ਅਕੈਡਮੀ ਵਿਖੇ ਪਹੁੰਚੇ। ਇਸ ਮੌਕੇ ਖਾਲਸਾ ਅਕੈਡਮੀ ਦੇ ਹੋਣਹਾਰ ਸਾਬਕਾ ਵਿਦਿਆਰਥੀ ਅਤੇ ਅੰਤਰਰਾਸ਼ਟਰੀ ਹਾਕੀ ਖਿਡਾਰੀ ਸਰਦਾਰ ਜਰਮਨਜੀਤ ਸਿੰਘ, ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ, ਗਿਆਨੀ ਸਾਹਿਬ ਸਿੰਘ , ਸ. ਹਰਜਿੰਦਰ ਸਿੰਘ ਸਾਬਕਾ ਚੇਅਰਮੈਨ ਵਪਾਰ ਮੰਡਲ ਅੰਮ੍ਰਿਤਸਰ, ਡਾ. ਕਵੀਦਾਸਨ ਅਤੇ ਸ. ਲਖਵਿੰਦਰ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਮਹਿਤਾ ਚੌਂਕ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਫਾਈਨਲ ਮੁਕਾਬਲਿਆਂ ਵਿੱਚ ਅੰਡਰ-17 ਵਰਗ ਵਿੱਚ ਲਿਟਲ ਏਂਜਲ ਸਕੂਲ, ਸੋਨੀਪਤ ਦਾ ਮੁਕਾਬਲਾ ਕੋਡਾਗੂ ਵਿਦਿਆਲਯ, ਕਰਨਾਟਕ ਦੀ ਟੀਮ ਨਾਲ ਹੋਇਆ, ਜਿਸ ਵਿੱਚ ਲਿਟਲ ਏਂਜਲ ਸਕੂਲ, ਸੋਨੀਪਤ ਦੀ ਟੀਮ ਨੇ ਸ਼ਾਨਦਾਰ ਜਿੱਤ ਦਰਜ ਕਰਕੇ ਚੈਂਪੀਅਨਸ਼ਿਪ ਆਪਣੇ ਨਾਮ ਕੀਤੀ।ਅੰਡਰ-14 ਵਰਗ ਦੇ ਫਾਈਨਲ ਮੁਕਾਬਲੇ ਵਿੱਚ ਆਰੀਆ ਗਰਲਜ਼ ਸਕੂਲ, ਪਾਨੀਪਤ, ਹਰਿਆਣਾ ਦੀ ਟੀਮ ਦਾ ਮੁਕਾਬਲਾ ਮੇਜ਼ਬਾਨ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ, ਮਹਿਤਾ ਚੌਂਕ ਦੀ ਟੀਮ ਨਾਲ ਹੋਇਆ।ਇਸ ਫਸਵੇਂ ਮੁਕਾਬਲੇ ਵਿੱਚ ਆਰੀਆ ਗਰਲਜ਼ ਸਕੂਲ, ਪਾਨੀਪਤ ਦੀ ਟੀਮ ਨੇ ਜਿੱਤ ਹਾਸਲ ਕੀਤੀ।ਇਸੇ ਤਰ੍ਹਾਂ ਅੰਡਰ-19 ਵਰਗ ਦੇ ਫਾਈਨਲ ਮੁਕਾਬਲੇ ਵਿੱਚ ਲਿਟਲ ਏਂਜਲ ਸਕੂਲ, ਸੋਨੀਪਤ ਦਾ ਮੁਕਾਬਲਾ ਸ਼੍ਰੀ ਰਾਮ ਵਿਦਿਆ ਮੰਦਰ, ਹਰਿਦੁਆਰ ਨਾਲ ਹੋਇਆ। ਇਸ ਮੁਕਾਬਲੇ ਵਿੱਚ ਵੀ ਲਿਟਲ ਏਂਜਲ ਸਕੂਲ, ਸੋਨੀਪਤ ਦੀ ਟੀਮ ਨੇ ਸ਼ਾਨਦਾਰ ਜਿੱਤ ਦਰਜ ਕੀਤੀ।ਇਸ ਮੌਕੇ ਸਕੂਲ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਕਾਲਜ ਦੇ ਪ੍ਰਿੰਸੀਪਲ ਸ. ਗੁਰਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਸ. ਹਰਸ਼ਦੀਪ ਸਿੰਘ ਰੰਧਾਵਾ, ਹਾਕੀ ਕੋਚ ਸ. ਬਲਜਿੰਦਰ ਸਿੰਘ, ਸ. ਮਨਮੀਤ ਸਿੰਘ, ਸ. ਦਮਨਪ੍ਰੀਤ ਸਿੰਘ, ਹਾਕੀ ਅਬਜ਼ਰਵਰ, ਵੱਖ-ਵੱਖ ਸਕੂਲਾਂ ਤੋਂ ਪਹੁੰਚੇ ਹਾਕੀ ਕੋਚ ਅਤੇ ਅਧਿਆਪਕ ਸਾਹਿਬਾਨ ਹਾਜ਼ਰ ਸਨ।ਇਸ ਮੌਕੇ ਜੇਤੂ ਅਤੇ ਭਾਗ ਲੈਣ ਵਾਲੀਆਂ ਟੀਮਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

# ਬਹਿਰਾਮਪੁਰ ਨੂੰ ਜਾਣ ਵਾਲੀ ਸੜਕ ਕੰਢੇ ਪਿਆ ਵੱਡਾ ਪਾੜ; ਵਾਪਰ ਸਕਦੈ ਕੋਈ ਵੱਡਾ ਹਾਦਸਾ

ਗੁਰਦਾਸਪੁਰ, (ਜਨਕ ਮਹਾਜਨ)- ਗੁਰਦਾਸਪੁਰ ਤੋਂ ਬਹਿਰਾਮਪੁਰ ਜਾਣ ਵਾਲੀ ਸੜਕ 'ਤੇ ਸਥਿਤ ਕੇਸ਼ੋਪੁਰ ਕਮਿਊਨਿਟੀ ਰਿਜ਼ਰਵ ਨਜ਼ਦੀਕ ਸੜਕ ਕੰਢੇ ਪਿਛਲੇ ਦਿਨੀਂ ਭਾਰੀ ਮੀਂਹ ਪੈਣ ਨਾਲ ਵੱਡਾ ਪਾੜ ਕਰਕੇ ਲੋਕਾਂ ਦਾ ਸੜਕ ਤੋਂ ਲੰਘਣਾ ਬੇਹੱਦ ਮੁਸ਼ਕਿਲ ਹੋ ਗਿਆ ਹੈ। ਬੀਤੀ ਰਾਤ ਭਾਰੀ ਮੀਂਹ ਕਰਕ ਪਿਛੋਂ ਆ ਰਹੇ ਵੱਡੀ ਮਾਤਰਾ ਵਿੱਚ ਪਾਣੀ ਸੜਕ 'ਤੇ ਚੱਲਣ ਕਾਰਨ ਇਸ ਨੇ ਸੜਕ ਕੰਢੇ ਨੂੰ ਵੱਡੀ ਖੋਰ ਲਗਾ ਦਿੱਤੀ ਹੈ ਜਿਸ ਕਾਰਨ ਸੜਕ ਕੰਢੇ ਇਕ ਵੱਡਾ ਪਾੜ ਪੈ ਚੁੱਕਾ ਹੈ। ਸੜਕ ਕੰਢੇ ਪਾੜ ਪੈਣ ਨਾਲ ਹੁਣ ਸੜਕ ਉੱਪਰੋਂ ਵੱਡੇ ਵਾਹਨਾਂ ਦਾ ਲੰਘਣਾ ਹੁਣ ਖਤਰੇ ਤੋਂ ਖਾਲੀ ਨਹੀਂ ਅਤੇ ਰਾਤ ਸਮੇਂ ਕੋਈ ਵੀ ਵਾਹਨ ਡਿਗ ਕੇ ਸੱਟਾਂ ਵਗੈਰਾ ਲਗਵਾ ਸਕਦਾ ਹੈ। ਪਿਛਲੇ ਸਮੇਂ ਵਿਚ ਸੜਕ ਵਿਚਕਾਰ ਪਏ ਪਾੜ ਨੂੰ ਸੰਬੰਧਿਤ ਵਿਭਾਗ ਵਲੋਂ ਭਰ ਕੇ ਠੀਕ ਕਰਕੇ ਇਸ ਸੜਕ ਦੀ ਮੁਰੰਮਤ ਤੋਂ ਇਲਾਵਾ ਵੱਡੀ ਪੁਲੀ ਵੀ ਬਣਾਈ ਗਈ ਸੀ ਪਰ ਹੁਣ ਪਾਣੀ ਦੇ ਤੇਜ਼ ਵਹਾਅ ਨੇ ਫਿਰ ਸੜਕ ਦੇ ਕੰਢਿਆਂ ਨੂੰ ਖੋਰ ਕੇ ਰੱਖ ਦਿੱਤਾ ਹੈ। ਇਸ ਸੜਕ ਦੇ ਕੰਢੇ ਨਜ਼ਦੀਕੀ ਲੋਕਾਂ ਵਲੋਂ ਵੱਡੇ-ਵੱਡੇ ਪੱਥਰ, ਬੂਟੇ ਅਤੇ ਤੇ ਬੋਰੀਆਂ ਵਗੈਰਾ ਰੱਖੀਆਂ ਗਈਆਂ ਹਨ ਤਾਂ ਜੋ ਕੋਈ ਵੀ ਅਣਜਾਨ ਵਾਹਨ ਚਾਲਕ ਇੱਥੋਂ ਲੰਘਣ ਸਮੇਂ ਸੜਕ ਵਿਚਕਾਰ ਡਿੱਗ ਨਾ ਸਕੇ। ਇਸ ਸੜਕ ਰਾਹੀਂ ਵੱਡੀ ਗਿਣਤੀ ਵਿੱਚ ਸਕੂਲੀ ਬੱਚੇ ਸਕੂਲ ਅਤੇ ਲੋਕ ਆਪਣੇ ਕੰਮਕਾਜ ਲਈ ਆਉਂਦੇ-ਜਾਂਦੇ ਹਨ ਅਤੇ ਸੜਕ ਤੋਂ ਰੋਜ਼ਾਨਾ ਦਿਨ-ਰਾਤ ਆਵਾਜਾਈ ਲੱਗੀ ਰਹਿੰਦੀ ਹੈ। ਹੁਣ ਝੋਨੇ ਦਾ ਸੀਜ਼ਨ ਹੋਣ ਕਰਕੇ ਰੋਜ਼ਾਨਾ ਦਿਨ-ਰਾਤ ਕਿਸਾਨ ਆਪਣੀਆਂ ਟਰਾਲੀਆਂ ਲੈ ਕੇ ਆਉਂਦੇ ਜਾਂਦੇ ਹਨ ਜੋ ਕਿਸੇ ਵੇਲੇ ਵੀ ਇਸ ਸੜਕ ਦੇ ਪਾੜ ਵਿਚ ਡਿਗਣ ਕਰਕੇ ਹਾਦਸਾਗ੍ਰਸਤ ਹੋ ਸਕਦੇ ਹਨ। ਲੋਕਾਂ ਨੇ ਸੰਬੰਧਿਤ ਵਿਭਾਗ ਪਾਸੋਂ ਮੰਗ ਕੀਤੀ ਕਿ ਇਸ ਪਾੜ ਨੂੰ ਜਲਦ ਤੋਂ ਜਲਦ ਪੂਰਿਆ ਜਾਵੇ।

# ਢਿੱਲਵਾਂ ਵਿਖੇ ਚੈਰੀਟੇਬਲ ਲੈਬਾਰਟਰੀ ਦੇ ਉਦਘਾਟਨ ਮੌਕੇ ਮੁਫ਼ਤ ਜਾਂਚ ਕੈਂਪ ਭਲਕੇ

ਬਿਆਸ (ਪਰਮਜੀਤ ਸਿੰਘ ਰੱਖੜਾ) ਗੁਰਦੁਆਰਾ ਸੰਤ ਬਾਬਾ ਪ੍ਰਤਾਪ ਸਿੰਘ ਜੀ ਪੱਤੀ ਰਾਮੂ ਕੀ ਢਿੱਲਵਾਂ ( ਕਪੂਰਥਲਾ) ਵਿਖੇ 'ਮਿਸ਼ਨ ਸਿਹਤਮੰਦ ਪੰਜਾਬ' ਲਾਈਫ ਕੇਅਰ ਫਾਊਂਡੇਸ਼ਨ ਵੱਲੋਂ 10 ਅਕਤੂਬਰ (ਸ਼ਨੀਵਾਰ) ਨੂੰ ਚੈਰੀਟੇਬਲ ਲੈਬਾਰਟਰੀ ਦੇ ਕੁਲੈਕਸ਼ਨ ਸੈਂਟਰ ਦਾ ਉਦਘਾਟਨ ਕੀਤਾ ਜਾਵੇਗਾ ਅਤੇ ਮੁਫ਼ਤ ਜਾਂਚ ਕੈਂਪ ਲਗਾਇਆ ਜਾ ਰਿਹਾ ਹੈ। ਲਾਈਫ ਕੇਅਰ ਫਾਊਂਡੇਸ਼ਨ ਦੇ ਯੂਨਿਟ ਮੈਨੇਜਰ ਪਰਮਜੀਤ ਸਿੰਘ ਰੱਖੜਾ ਨੇ ਦੱਸਿਆ ਕਿ ਗੁਰਦੁਆਰਾ ਸੰਤ ਬਾਬਾ ਪ੍ਰਤਾਪ ਸਿੰਘ ਜੀ ਪੱਤੀ ਰਾਮੂ ਕੀ ਢਿੱਲਵਾਂ ਜ਼ਿਲ੍ਹਾ ਕਪੂਰਥਲਾ ਵਿੱਚ ਚੈਰੀਟੇਬਲ ਲੈਬਾਰਟਰੀ ਦੇ ਕੁਲੈਕਸ਼ਨ ਸੈਂਟਰ ਦਾ ਉਦਘਾਟਨ ਸਵੇਰੇ 10.30 ਵਜੇ ਕੀਤਾ ਜਾਵੇਗਾ।

ਉਦਘਾਟਨ ਸਮਾਰੋਹ ਵਿੱਚ ਸਤੀਸ਼ ਐੱਨ ਜੀ ਓ ਵਰਕਰ ਉਚੇਚੇ ਤੌਰ 'ਤੇ ਪੁੱਜਣਗੇ। ਇਸ ਮੌਕੇ ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਫ੍ਰੀ ਜਾਂਚ ਕੈਂਪ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਲੱਗੇਗਾ। ਇਸ ਕੈਂਪ ਵਿੱਚ ਕਿਡਨੀ ਦੇ 5 ਟੈਸਟ ਜਿਵੇਂ ਕਿ ਬਲੱਡ ਯੂਰੀਆ, ਬਲੱਡ ਯੂਰੀਆ ਨਾਈਟ੍ਰੋਜਨ, ਕਿਏਟੀਨਿਨ, ਬਲੱਡ ਯੂਰੀਆ ਕਿਏਟੀਨਿਨ ਰੇਸ਼ੋ, ਗੁਰਦਿਆਂ ਦੇ ਟੈਸਟ, ਯੂਰਿਕ ਐਸਿਡ ਦਾ ਇੱਕ ਟੈਸਟ, ਬਲੱਡ ਗੁਲੂਕੋਜ਼/ਸ਼ੂਗਰ ਦਾ ਇੱਕ ਟੈਸਟ ਬਿੱਲਕੁਲ ਮੁਫ਼ਤ ਕੀਤੇ ਜਾਣਗੇ ਅਤੇ ਬਾਕੀ ਟੈਸਟ ਵੀ 75 ਪ੍ਰਤੀਸ਼ਤ ਘੱਟ ਰੇਟ 'ਤੇ ਕੀਤੇ ਜਾਣਗੇ। ਮੈਨੇਜਰ ਰੱਖੜਾ ਨੇ ਅਪੀਲ ਕੀਤੀ ਕਿ ਟੈਸਟ ਕਰਾਉਣ ਲਈ ਖਾਲੀ ਪੇਟ ਹੀ ਆਇਆ ਜਾਵੇ।

# ਪਾਵਰਕਾਮ ਪੈਨਸ਼ਨਰਜ਼ ਯੂਨੀਅਨ ਏਟਕ ਮੰਡਲ ਧਾਰੀਵਾਲ ਦੇ ਸਾਥੀ ਸੰਗਰੂਰ ਰੈਲੀ 'ਚ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ : ਗਿੱਲ/ਸੋਹਲ



ਧਾਰੀਵਾਲ, (ਮਨਦੀਪ ਵਿੱਕੀ)- ਪਾਵਰਕਾਮ ਪੈਨਸਨਰਜ ਯੂਨੀਅਨ ਏਟਕ ਪੰਜਾਬ ਦੇ ਮੰਡਲ ਯੂਨਿਟ ਧਾਰੀਵਾਲ ਦੀ ਮੀਟਿੰਗ 132 ਕੇਵੀ ਸਬ ਸਟੇਸ਼ਨ ਧਾਰੀਵਾਲ ਵਿਖੇ ਸਾਥੀ ਹਰਕਿਰਪਾਲ ਸਿੰਘ ਸੋਹਲ ਦੀ ਅਗਵਾਈ ਵਿੱਚ ਹੋਈ।

ਮੀਟਿੰਗ ਮੰਡਲ ਸਕੱਤਰ ਮਹਿੰਦਰ ਪਾਲ ਸਿੰਘ ਤੇ ਸੂਬਾ ਆਗੂ ਹਜਾਰਾ ਸਿੰਘ ਗਿੱਲ ਨੇ ਦੱਸਿਆ ਕਿ ਪੰਜਾਬ ਦੀ ਮੌਜੂਦਾ ਸਰਕਾਰ ਹਰ ਫਰੰਟ ਤੇ ਫੇਲ੍ਹ ਸਾਬਤ ਹੋਈ ਹੈ। ਪੰਜਾਬ ਦੀ ਸਰਕਾਰ ਨੂੰ ਉਸਦੇ ਚੁਣੇ ਹੋਏ 92/94 ਵਿਧਾਨਕਾਰਾਂ ਦੀ ਬਜਾਏ ਦਿੱਲੀ ਵਿੱਚ ਫੇਲ੍ਹ ਸਾਬਤ ਹੋਏ ਲੋਕ ਚਲਾ ਰਹੇ ਹਨ ਅਤੇ ਮੁੱਖ ਮੰਤਰੀ ਸਮੇਤ ਸਾਰੇ ਮੰਤਰੀ ਆਦਿ ਕੱਠਪੁਤਲੀਆਂ ਬਣਕੇ ਕੰਮ ਕਰ ਰਹੇ ਹਨ। ਪੰਜਾਬ ਦਾ ਖਜਾਨਾ ਪੰਜਾਬ ਦੇ ਲੋਕਾਂ, ਮੁਲਾਜ਼ਮਾਂ, ਪੈਨਸ਼ਨਰਾਂ ਦੀ ਭਲਾਈ ਦੇ ਬਜਾਏ ਦਿੱਲੀ ਅਤੇ ਹੋਰ ਰਾਜਾਂ ਵਿੱਚ ਚੋਣ ਪ੍ਰਚਾਰਾਂ ਅਤੇ ਮਸ਼ਹੂਰੀਆਂ ਤੇ ਧੜਾਧੜ ਖਰਚ ਕੀਤਾ ਜਾ ਰਿਹਾ ਹੈ। ਯੂਨੀਅਨ ਆਗੂਆਂ ਨੇ ਕਿਹਾ ਕਿ 10 ਅਕਤੂਬਰ ਨੂੰ ਸੰਗਰੂਰ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਪਾਵਰਕਾਮ ਯੂਨੀਅਨ ਦੇ ਸਾਥੀ ਸ਼ਾਮਲ ਹੋਣਗੇ। ਮੀਟਿੰਗ ਵਿੱਚ ਉਪਰੋਕਤ ਆਗੂਆਂ ਤੋਂ ਇਲਾਵਾ ਸਾਥੀ ਹਰਦੀਪ ਸਿੰਘ, ਰਵਿੰਦਰ ਸਿੰਘ, ਹਰਪਾਲ ਸਿੰਘ, ਜਸਵੰਤ ਸਿੰਘ, ਜੋਗਿੰਦਰ ਸਿੰਘ, ਸੰਗਤ ਸਿੰਘ, ਦਵਿੰਦਰ ਸਿੰਘ, ਅਸ਼ੋਕ ਕੁਮਾਰ, ਰਮੀਤ ਸਿੰਘ, ਸੱਤਪਾਲ ਸਿੰਘ, ਕੁਲਵੰਤ ਸਿੰਘ ਸੱਗੂ, ਬਲਜੀਤ ਸਿੰਘ, ਸੁਖਦੇਵ ਸਿੰਘ ਸੋਹਲ, ਤਰਸੇਮ ਸਿੰਘ, ਸਤਨਾਮ ਸਿੰਘ, ਰਤਨ ਚੰਦ ਸਵਰਨ ਮਸੀਹ, ਸਰੂਪ ਸਿੰਘ, ਜਗੀਰ ਸਿੰਘ, ਵਜੀਰ ਸਿੰਘ, ਮਹਿੰਦਰ ਸਿੰਘ, ਗੁਰਮੇਲ ਸਿੰਘ, ਸੁਖਦੇਵ ਸਿੰਘ ਗੋਸਲ, ਨਰਿੰਜਨ ਸਿੰਘ, ਗੁਲਜਾਰ ਸਿੰਘ, ਵਰਿੰਦਰ ਕੁਮਾਰ ਆਦਿ ਸਮੇਤ ਵੱਡੀ ਗਿਣਤੀ 'ਚ ਪੈਨਸ਼ਨਰ ਸਾਥੀ ਸ਼ਾਮਲ ਸਨ।

# ਸੀ ਕੇ ਡੀ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨੋਲੋਜੀ ਦੀਆਂ ਵਿਦਿਆਰਥਣਾਂ ਨੇ ਯੂਨੀਵਰਸਿਟੀ ਨਤੀਜਿਆਂ 'ਚ ਮਾਰੀਆਂ ਮੱਲਾਂ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਸੀ. ਕੇ. ਡੀ. ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨੋਲੋਜੀ ਤਰਨ ਤਾਰਨ ਦੀਆਂ ਵਿਦਿਆਰਥਣਾਂ ਨੇ ਆਈ. ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ, ਜਲੰਧਰ ਵੱਲੋਂ ਹਾਲ ਹੀ ਵਿੱਚ ਜਾਰੀ ਕੀਤੀ ਗਈ ਮੈਰਿਟ ਸੂਚੀ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ।ਦਮਨਦੀਪ ਕੌਰ ਅਤੇ ਕਿਰਨਦੀਪ ਕੌਰ ਨੇ ਯੂਨੀਵਰਸਿਟੀ ਮੈਰਿਟ ਸੂਚੀ ਵਿੱਚ ਤੀਜਾ ਸਥਾਨ ਹਾਸਲ ਕੀਤਾ। ਵਿਦਿਆਰਥਣਾਂ ਦੀ ਇਸ ਸਫਲਤਾ ਲਈ ਕਾਲਜ ਦੇ ਸਮੂਹ ਸਟਾਫ ਅਤੇ ਵਿਦਿਆਰਥੀਆਂ



ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।ਇਸ ਮੌਕੇ ਸਰਦਾਰ ਹਰਜੀਤ ਸਿੰਘ, ਪ੍ਰੈਜ਼ੀਡੈਂਟ ਲੋਕਲ ਕਮੇਟੀ ਅਤੇ ਮੈਂਬਰ ਇੰਚਾਰਜ ਕਾਲਜ, ਸਰਦਾਰ ਜਸਪਾਲ ਸਿੰਘ ਮੈਂਬਰ ਇੰਚਾਰਜ, ਡਾ. ਹਰਭਜਨ ਸਿੰਘ, ਮੈਂਬਰ ਇੰਚਾਰਜ ਅਤੇ ਕਾਲਜ ਦੇ ਪ੍ਰਿੰਸੀਪਲ ਵੱਲੋਂ ਮੈਰਿਟ ਸੂਚੀ ਵਿੱਚ ਸਥਾਨ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਹਾਰਦਿਕ ਵਧਾਈ ਦਿੱਤੀ ਗਈ।ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਦੀ ਅਜਿਹੀ ਸ਼ਾਨਦਾਰ ਕਾਰਗੁਜ਼ਾਰੀ ਸੰਸਥਾ ਲਈ ਮਾਣ ਵਾਲੀ ਗੱਲ ਹੈ ਅਤੇ ਇਹ ਹੋਰ ਵਿਦਿਆਰਥੀਆਂ ਨੂੰ ਵੀ ਸਖ਼ਤ ਮਿਹਨਤ ਕਰਕੇ ਉੱਚੀਆਂ ਮੰਜ਼ਿਲਾਂ ਹਾਸਲ ਕਰਨ ਲਈ ਪ੍ਰੇਰਿਤ ਕਰਦੀ ਹੈ।ਕਾਲਜ ਪ੍ਰਬੰਧਨ ਵੱਲੋਂ ਵਿਦਿਆਰਥਣਾਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਇਸ ਸਫਲਤਾ ਲਈ ਵਧਾਈ ਦਿੰਦਿਆਂ ਉਨ੍ਹਾਂ ਦੇ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਪ੍ਰਬੰਧਨ ਨੇ ਕਿਹਾ ਕਿ ਸੀ. ਕੇ. ਡੀ. ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨੋਲੋਜੀ, ਤਰਨ ਤਾਰਨ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦੇ ਨਾਲ-ਨਾਲ ਉਨ੍ਹਾਂ ਦੀਆਂ ਅਕਾਦਮਿਕ ਅਤੇ ਸਰਵਪੱਖੀ ਪ੍ਰਤਿਭਾਵਾਂ ਨੂੰ ਨਿਖਾਰਨ ਲਈ ਲਗਾਤਾਰ ਯਤਨਸ਼ੀਲ ਹੈ।

# ਸ਼ੈਰੀ ਕਲਸੀ ਨੇ ਤਾਰਾਗੜ੍ਹ 'ਚ ਲਾਭਪਾਤਰੀਆਂ ਨੂੰ ਜਾਇਦਾਦ ਦੀ ਮਾਲਕੀ ਵਾਲੇ ਪ੍ਰਾਪਰਟੀ ਕਾਰਡ ਵੰਡੇ

ਬਟਾਲਾ, (ਡਾ. ਮਲਵਿੰਦਰ ਸਿੰਘ)- ਪੰਜਾਬ ਸਰਕਾਰ ਵੱਲੋਂ ਲਾਲ ਲਕੀਰ ਦੇ ਵਸਨੀਕਾਂ ਨੂੰ ਉਨ੍ਹਾਂ ਦੀ ਜਾਇਦਾਦ ਦੇ ਹੱਕ ਦੇਣ ਲਈ ਸ਼ੁਰੂ ਕੀਤੀ 'ਮੇਰਾ ਘਰ-ਮੇਰੇ ਨਾਮ' ਸਕੀਮ ਤਹਿਤ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਪਿੰਡ ਤਾਰਾਗੜ੍ਹ ਵਿਖੇ ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡਾਂ ਦੀ ਵੰਡ ਕੀਤੀ ਗਈ।ਇਸ ਮੌਕੇ ਕਰਵਾਏ ਸਮਾਗਮ ਦੌਰਾਨ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਦੇ ਪਿੰਡਾਂ ਵਿਚ ਬਹੁਤ ਸਾਰੇ ਪਰਿਵਾਰ



ਦਹਾਕਿਆਂ ਤੋਂ ਲਾਲ ਡੋਰੇ ਅੰਦਰ ਰਹਿ ਰਹੇ ਹਨ, ਜਿਨ੍ਹਾਂ ਕੋਲ ਮਾਲਕੀ ਦਾ ਰਸਮੀ ਰਿਕਾਰਡ ਨਾ ਹੋਣ ਕਰਕੇ ਆਪਣੀ ਜ਼ਿੰਦਗੀ ਵਿੱਚ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ ਅਤੇ ਇਸ ਸਕੀਮ ਨੇ ਅਜਿਹੀਆਂ ਸਾਰੀਆਂ ਸਮੱਸਿਆਵਾਂ ਦਾ ਜੜ੍ਹੋਂ ਹੱਲ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਲੋਕ ਪੱਖੀ ਪਹਿਲਕਦਮੀ ਨੇ ਲਾਲ ਲਕੀਰ ਦੇ ਵਸਨੀਕਾਂ ਦੇ ਸਨਮਾਨ ਅਤੇ ਸੁਰੱਖਿਆ ਨੂੰ ਹੋਰ ਮਜ਼ਬੂਤ ਕੀਤਾ ਹੈ।ਉਨ੍ਹਾਂ ਕਿਹਾ ਕਿ ਮਾਲਕੀ ਮਿਲਣ ਨਾਲ ਲੋਕਾਂ ਅੰਦਰ ਆਪਣੇ ਘਰਾਂ ਦੀ ਸੰਭਾਲ, ਸੁਧਾਰ ਅਤੇ ਭਵਿੱਖ ਦੇ ਯੋਜਨਾਬੰਦੀ ਦਾ ਭਰੋਸਾ ਹੋਰ ਵਧੇਗਾ ਅਤੇ ਉਹ ਆਪਣੀਆਂ ਪ੍ਰਾਪਰਟੀਆਂ ਖਰੀਦ-ਵੇਚ ਸਕਣਗੇ, ਜਿਨ੍ਹਾਂ ਦੀਆਂ ਪ੍ਰਾਪਰਟੀਆਂ ਦਾ ਮੁਕੰਮਲ ਵੇਰਵਾ ਹੁਣ ਮਾਲ ਵਿਭਾਗ ਦੇ ਰਿਕਾਰਡ ਵਿਚ ਦਰਜ ਹੋਵੇਗਾ।ਇਸ ਦੌਰਾਨ ਪ੍ਰਾਪਰਟੀ ਕਾਰਡ ਪ੍ਰਾਪਤ ਕਰਨ ਵਾਲੇ ਲਾਭਪਾਤਰੀਆਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਆਪਣੀ ਮਾਲਕੀ ਦੇ ਦਸਤਾਵੇਜ਼ ਮਿਲਣ ਨਾਲ ਉਨ੍ਹਾਂ ਦੇ ਹੱਕ ਅਤੇ ਸਨਮਾਨ ਨੂੰ ਨਵੀਂ ਮਜ਼ਬੂਤੀ ਮਿਲੀ ਹੈ ਜੋ ਭਵਿੱਖ ਵਿਚ ਉਨ੍ਹਾਂ ਦੀ ਚਹੁੰਮੁਖੀ ਤਰੱਕੀ ਵਿਚ ਵੱਡਮੁਲਾ ਯੋਗਦਾਨ ਪਾਵੇਗੀ।

ਨਵਾਂ ਜ਼ਮਾਨਾ
ਸ਼ੁੱਕਰਵਾਰ, 9 ਅਕਤੂਬਰ 2026

# ਲਮਕਦਾ ਮਾਮਲਾ

ਚੋਣ ਕਮਿਸ਼ਨ ਦੇ ਕੰਮਕਾਜ ਨੂੰ ਲੈ ਕੇ ਚੱਲ ਰਹੇ ਵਿਵਾਦ ਦਰਮਿਆਨ ਚੋਣ ਕਮਿਸ਼ਨਰਾਂ ਨੂੰ ਦਿੱਤੀਆਂ ਗਈਆਂ ਵਿਆਪਕ ਕਾਨੂੰਨੀ ਸੁਰੱਖਿਆਵਾਂ ਨੂੰ ਚੁਣੌਤੀ ਦੇਣ ਵਾਲੀ ਇੱਕ ਪਟੀਸ਼ਨ ਲੱਗਭੱਗ 11 ਮਹੀਨਿਆਂ ਤੋਂ ਸੁਪਰੀਮ ਕੋਰਟ ਵਿੱਚ ਪੈਂਡਿੰਗ ਹੈ। ਇਹ ਮਾਮਲਾ ਸੁਪਰੀਮ ਕੋਰਟ ਵਿੱਚ ਸੱਤ ਵਾਰ ਸੂਚੀਬੱਧ ਕੀਤਾ ਗਿਆ ਹੈ, ਪਰ ਅਜੇ ਤੱਕ ਕੋਈ ਠੋਸ ਸੁਣਵਾਈ ਨਹੀਂ ਹੋਈ। ਸੁਪਰੀਮ ਕੋਰਟ ਵੱਲੋਂ ਜਨਵਰੀ ਵਿੱਚ ਨੋਟਿਸ ਜਾਰੀ ਕਰਨ ਦੇ ਬਾਵਜੂਦ ਨਾ ਤਾਂ ਕੇਂਦਰ ਸਰਕਾਰ ਅਤੇ ਨਾ ਹੀ ਚੋਣ ਕਮਿਸ਼ਨ ਨੇ ਅਜੇ ਤੱਕ ਆਪਣੇ ਜਵਾਬ ਦਾਇਰ ਕੀਤੇ ਹਨ।

ਚੋਣ ਕਮਿਸ਼ਨਰਾਂ ਨੂੰ ਰਿਟਾਇਰਮੈਂਟ ਤੋਂ ਬਾਅਦ ਵੀ ਮੁਕੱਦਮਿਆਂ ਤੋਂ ਛੋਟ ਦੇਣ ਵਾਲੇ ਕਾਨੂੰਨ ਖਿਲਾਫ ਯੂ ਪੀ ਸਥਿਤ ਗੈਰ-ਸਰਕਾਰੀ ਸੰਗਠਨ 'ਲੋਕ ਪ੍ਰਹਰੀ' ਨੇ ਨਵੰਬਰ 2025 ਵਿੱਚ ਸੁਪਰੀਮ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਸੀ। ਪਟੀਸ਼ਨ ਮੁੱਖ ਚੋਣ ਕਮਿਸ਼ਨਰ ਅਤੇ ਹੋਰ ਚੋਣ ਕਮਿਸ਼ਨਰ (ਨਿਯੁਕਤੀ, ਸੇਵਾ ਦੀਆਂ ਸ਼ਰਤਾਂ ਅਤੇ ਅਹੁਦੇ ਦੀ ਮਿਆਦ) ਐਕਟ, 2023 ਦੀ ਧਾਰਾ 16 ਨੂੰ ਚੁਣੌਤੀ ਦਿੰਦੀ ਹੈ। ਇਹ ਧਾਰਾ ਮੌਜੂਦਾ ਅਤੇ ਸਾਬਕਾ ਮੁੱਖ ਚੋਣ ਕਮਿਸ਼ਨਰਾਂ ਅਤੇ ਚੋਣ ਕਮਿਸ਼ਨਰਾਂ ਨੂੰ ਉਨ੍ਹਾਂ ਦੇ ਅਧਿਕਾਰਤ ਫਰਜ਼ਾਂ ਦੌਰਾਨ ਕੀਤੇ ਗਏ ਕਿਸੇ ਵੀ ਕੰਮ, ਫੈਸਲੇ ਜਾਂ ਸ਼ਬਦ ਲਈ ਦੀਵਾਨੀ ਜਾਂ ਫੌਜਦਾਰੀ ਅਦਾਲਤਾਂ ਵਿੱਚ ਮੁਕੱਦਮਾ ਚਲਾਉਣ ਤੋਂ ਬਚਾਉਂਦੀ ਹੈ।

ਲੋਕ ਪ੍ਰਹਰੀ ਦਾ ਤਰਕ ਹੈ ਕਿ ਰਾਸ਼ਟਰਪਤੀ ਅਤੇ ਸੁਪਰੀਮ ਕੋਰਟ ਦੇ ਜੱਜਾਂ ਨੂੰ ਵੀ ਏਨੀ ਵਿਆਪਕ ਕਾਨੂੰਨੀ ਸੁਰੱਖਿਆ ਨਹੀਂ ਮਿਲਦੀ। ਚੋਣ ਕਮਿਸ਼ਨਰਾਂ ਨੂੰ ਅਜਿਹੀ ਸੁਰੱਖਿਆ ਦੇਣ ਨਾਲ ਉਨ੍ਹਾਂ ਨੂੰ ਬੇਮਿਸਾਲ ਅਤੇ ਬੇਲਗਾਮ ਸ਼ਕਤੀ ਮਿਲਦੀ ਹੈ। ਕਾਨੂੰਨ ਚੋਣ ਕਮਿਸ਼ਨਰਾਂ ਲਈ ਜਵਾਬਦੇਹੀ ਤੋਂ ਬਚਣ ਲਈ ਇੱਕ ਬਹੁਤ ਜ਼ਿਆਦਾ ਵਿਆਪਕ ਅਤੇ ਲੱਗਭੱਗ ਪੱਕੀ ਢਾਲ ਬਣਾਉਂਦਾ ਹੈ। ਇਹ ਭ੍ਰਿਸ਼ਟਾਚਾਰ, ਅਹੁਦੇ ਦੀ ਦੁਰਵਰਤੋਂ ਜਾਂ ਉਨ੍ਹਾਂ ਦੇ ਅਧਿਕਾਰ ਖੇਤਰ ਤੋਂ ਬਾਹਰ ਕੀਤੇ ਗਏ ਗੈਰ-ਕਾਨੂੰਨੀ ਕੰਮਾਂ ਨਾਲ ਜੁੜੇ ਮਾਮਲਿਆਂ ਨੂੰ ਵੀ ਪ੍ਰਭਾਵਤ ਕਰ ਸਕਦਾ ਹੈ।

ਲੋਕ ਪ੍ਰਹਰੀ ਦੇ ਜਨਰਲ ਸਕੱਤਰ ਐੱਸ ਐੱਨ ਸ਼ੁਕਲਾ ਮੁਤਾਬਕ ਜਨਵਰੀ ਵਿੱਚ ਚੀਫ ਜਸਟਿਸ ਸੂਰੀਆ ਕਾਂਤ ਦੀ ਅਗਵਾਈ ਵਾਲੀ ਬੈਂਚ ਵੱਲੋਂ ਜਾਰੀ ਕੀਤੇ ਗਏ ਨੋਟਿਸ ਦੇ ਬਾਵਜੂਦ ਕੇਂਦਰ ਅਤੇ ਚੋਣ ਕਮਿਸ਼ਨ ਨੇ ਅੱਠ ਮਹੀਨਿਆਂ ਤੋਂ ਆਪਣੇ ਜਵਾਬ ਦਾਇਰ ਨਹੀਂ ਕੀਤੇ। ਇਹ ਸੁਪਰੀਮ ਕੋਰਟ ਪ੍ਰਤੀ ਉਨ੍ਹਾਂ ਦੇ ਰਵੱਈਏ ਨੂੰ ਦਰਸਾਉਂਦਾ ਹੈ। ਨਵੰਬਰ 2025 ਵਿੱਚ ਪਟੀਸ਼ਨ ਦਾਇਰ ਕੀਤੇ ਜਾਣ ਤੋਂ ਬਾਅਦ ਜਨਵਰੀ 2026 'ਚ ਸੁਪਰੀਮ ਕੋਰਟ ਨੇ ਨੋਟਿਸ ਜਾਰੀ ਕੀਤਾ।

ਮਾਰਚ 'ਚ ਚੋਣ ਕਮਿਸ਼ਨ ਤੋਂ ਜਵਾਬ ਮੰਗਿਆ ਅਤੇ ਮਈ ਵਿੱਚ ਮਾਮਲੇ ਨੂੰ ਸੂਚੀਬੱਧ ਕਰਨ ਦਾ ਨਿਰਦੇਸ਼ ਦਿੱਤਾ। ਮਈ 'ਚ ਮਾਮਲਾ ਚੀਫ ਜਸਟਿਸ ਦੀ ਅਗਵਾਈ ਵਾਲੀ ਬੈਂਚ ਦੇ ਸਾਹਮਣੇ ਦੋ ਵਾਰ ਸੂਚੀਬੱਧ ਕੀਤਾ ਗਿਆ, ਪਰ ਦੋਵਾਂ ਮੌਕਿਆਂ 'ਤੇ ਸੁਣਵਾਈ ਨਹੀਂ ਹੋ ਸਕੀ। 5 ਅਕਤੂਬਰ ਨੂੰ ਇੱਕ ਹੋਰ ਸੁਣਵਾਈ ਦੌਰਾਨ ਦੱਸਿਆ ਗਿਆ ਕਿ ਪਟੀਸ਼ਨ ਅਕਤੂਬਰ ਦੇ ਅੰਤ ਵਿੱਚ ਸੁਣਵਾਈ ਲਈ ਸੂਚੀਬੱਧ ਹੈ।

ਹੁਣ ਦੇਖਣਾ ਮਹੱਤਵਪੂਰਨ ਹੋਵੇਗਾ ਕਿ ਸੁਪਰੀਮ ਕੋਰਟ ਉਸ ਸੁਣਵਾਈ ਵਿੱਚ ਕੀ ਕਰਦੀ ਹੈ। ਉਂਜ ਮਾਮਲੇ ਦਾ ਛੇਤੀ ਨਿਬੇੜਾ ਹੋ ਜਾਂਦਾ ਤਾਂ ਚੋਣ ਕਮਿਸ਼ਨ 'ਮਨਮਾਨੇ' ਫੈਸਲੇ ਕਰਨ ਤੋਂ ਝਿਜਕਦਾ ਤੇ ਦੇਸ਼ ਵਿੱਚ ਘਮਸਾਨ ਨਾ ਮਚਦਾ।

# ਨਵੀਂ ਚੇਤਨਾ ਅਤੇ ਅੰਦੋਲਨਾਂ ਦੇ ਕੇਂਦਰ ਵਿੱਚ ਖੜ੍ਹੀਆਂ ਲੜਕੀਆਂ



ਗੁਰਮੀਤ ਸਿੰਘ ਪਲਾਹੀ

ਦੇਸ਼ ਦੀ ਰਾਜਧਾਨੀ ਨਵੀਂ ਦਿੱਲੀ ਸਮੇਤ ਸਮੁੱਚੇ ਭਾਰਤ ਵਿੱਚ ਸਮੇਂ-ਸਮੇਂ ਉਠਦੇ ਜਨ-ਅੰਦੋਲਨਾਂ, ਵਿਦਿਆਰਥੀ ਰੋਸ-ਪ੍ਰਦਰਸ਼ਨਾਂ ਅਤੇ ਸਮਾਜਿਕ ਸਰਗਰਮੀਆਂ ਦੇ ਦੌਰਾਨ ਅੱਜ ਲੜਕੀਆਂ ਸਿਰਫ਼ ਇੱਕ ਸਹਾਇਕ ਜਾਂ ਪਿੱਛੇ ਚੱਲਣ ਵਾਲੀਆਂ ਨਾਗਰਿਕਾਂ ਵਜੋਂ ਨਹੀਂ, ਸਗੋਂ ਆਪਣੇ ਤਿੱਖੇ ਸਵਾਲਾਂ, ਗਹਿਰੀ ਸੰਵਿਧਾਨਕ ਸਮਝ ਅਤੇ ਦ੍ਰਿੜ੍ਹ ਲੀਡਰਸ਼ਿਪ ਨਾਲ ਅੰਦੋਲਨਾਂ ਦੀ ਅਗਲੀ ਕਤਾਰ ਵਿੱਚ ਖੜ੍ਹੀਆਂ ਹੋ ਰਹੀਆਂ ਹਨ।

ਸੰਵਾਦ ਦੇ ਬੰਦ ਕਮਰਿਆਂ ਤੋਂ ਲੈ ਕੇ ਸੜਕਾਂ ਦੇ ਮਾਨਸਿਕ ਅਤੇ ਭੌਤਿਕ ਧਰਾਤਲ ਤੱਕ ਉਨ੍ਹਾਂ ਦੀ ਗੂੰਜਦੀ ਆਵਾਜ਼ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਹੁਣ ਆਪਣੀ ਤਕਦੀਰ, ਅਧਿਕਾਰਾਂ, ਲਿੰਗਕ ਬਰਾਬਰੀ ਅਤੇ ਦੇਸ਼ ਦੇ ਭਵਿੱਖ ਦੇ ਫੈਸਲੇ ਖੁਦ ਕਰਨ ਦੀ ਅਗਵਾਈਕਾਰੀ ਭੂਮਿਕਾ ਵਿੱਚ ਆ ਚੁੱਕੀਆਂ ਹਨ।

ਬਿਨਾਂ ਸ਼ੱਕ ਲੜਕੀਆਂ ਅਤੇ ਇਸਤਰੀਆਂ ਨੂੰ ਚੁੱਪ ਕਰਾਉਣ ਦੇ ਮਰਦ-ਪ੍ਰਧਾਨ ਸਮਾਜ ਦੇ ਪੁਰਾਣੇ ਹਥਿਆਰ ਅੱਜ ਵੀ ਓਨੇ ਹੀ ਸਰਗਰਮ ਹਨ। ਜਦੋਂ ਵੀ ਕੋਈ ਲੜਕੀ ਕਿਸੇ ਅਸੰਵੇਦਨਸ਼ੀਲ ਨੀਤੀ, ਪ੍ਰਸ਼ਾਸਕੀ ਨਾਕਾਮੀ, ਰਾਜਨੀਤਕ ਭ੍ਰਿਸ਼ਟਾਚਾਰ ਜਾਂ ਸਮਾਜਿਕ ਅਸਮਾਨਤਾ ਵਿਰੁੱਧ ਸਵਾਲ ਖੜ੍ਹਾ ਕਰਦੀ ਹੈ, ਤਾਂ ਸੱਤਾ ਅਤੇ ਸਮਾਜ ਦਾ ਇੱਕ ਰਵਾਇਤੀ ਤਬਕਾ ਉਸ ਦੇ ਸਵਾਲਾਂ ਦਾ ਤਰਕਪੂਰਨ ਜਵਾਬ ਦੇਣ ਦੀ ਬਜਾਏ ਉਸ ਦੇ ਚਰਿੱਤਰ 'ਤੇ ਉਂਗਲ ਚੁੱਕਣ ਲੱਗਦਾ ਹੈ।

ਚਰਿੱਤਰ-ਹੀਣਤਾ ਦੇ ਦਾਗ਼ ਲਗਾਉਣਾ, ਲੋਕਰਾਜੀ ਹੱਕਾਂ ਨੂੰ ਦਬਾਉਣਾ, ਸੋਸ਼ਲ ਮੀਡੀਆ ਉੱਤੇ ਟ੍ਰੋਲਿੰਗ ਕਰਨਾ ਅਤੇ ਸਮਾਜਿਕ ਦਬਾਅ ਪਾਉਣਾ-ਇਹ ਸਭ ਮਰਦ-ਪ੍ਰਧਾਨ ਵਿਵਸਥਾ ਦੇ ਉਹ ਪੁਰਾਣੇ ਹਥਿਆਰ ਹਨ, ਜੋ ਹਾਲੇ ਖੁੰਢੇ ਨਹੀਂ ਹੋਏ, ਪਰ ਅੱਜ ਦਾ ਸਭ ਤੋਂ ਵੱਡਾ ਬਦਲਾਅ ਇਹ ਹੈ ਕਿ ਹੁਣ ਇਹ ਸਮਾਜਿਕ ਅਤੇ ਰਾਜਨੀਤਕ ਹਥਕੰਡੇ ਨਵੀਂ ਪੀੜ੍ਹੀ ਦੀਆਂ ਲੜਕੀਆਂ ਦੇ ਮਨਾਂ ਵਿੱਚ ਭੈਅ, ਡਰ ਜਾਂ ਝਿਜਕ ਪੈਦਾ ਨਹੀਂ ਕਰ ਪਾਉਂਦੇ।

ਸੱਤਾ ਵਿਵਸਥਾ ਅਤੇ ਸਦੀਆਂ ਪੁਰਾਣੀ ਮਰਦ-ਪ੍ਰਧਾਨ ਸੋਚ ਨੇ ਹਮੇਸ਼ਾ ਸਮਾਜ ਦੇ ਅੱਧੇ ਹਿੱਸੇ ਨੂੰ ਸ਼ਰਮ, ਅਦਬ, ਝਿਜਕ, ਲਾਜ ਅਤੇ ਸਮਝੌਤੇ ਦੀ ਚਾਦਰ ਹੇਠ ਲੁਕਾ ਕੇ ਕੈਦ ਰੱਖਣ ਦਾ ਭਰਮ ਪਾਲਿਆ ਹੋਇਆ ਸੀ, ਪਰ ਅੱਜ ਉਸ ਭਰਮ ਦੀਆਂ ਬੁਨਿਆਦੀ ਚੂਲਾਂ ਹਿੱਲ ਚੁੱਕੀਆਂ ਹਨ।

ਸੜਕਾਂ, ਉੱਚ ਸਿੱਖਿਆ ਸੰਸਥਾਵਾਂ, ਅੰਦੋਲਨਕਾਰੀ ਮੰਚਾਂ ਅਤੇ ਜਨਤਕ ਸਪੇਸ 'ਤੇ ਗੂੰਜਦੇ ਇਨ੍ਹਾਂ ਨੌਜਵਾਨ ਲੜਕੀਆਂ ਦੇ ਕਦਮਾਂ ਦੀ ਧਮਕ ਕਿਸੇ ਇੱਕ ਸਿਆਸੀ ਦਲ ਨੂੰ ਲਾਭ ਪਹੁੰਚਾਉਣ ਜਾਂ ਚੋਣਾਂ ਵਿੱਚ ਸਰਕਾਰ ਬਦਲਣ ਦਾ ਮਾਮੂਲੀ ਰੌਲਾ-ਗੌਲਾ ਹੀ ਨਹੀਂ; ਇਹ ਉਸ ਡੂੰਘੀ ਲਿੰਗਕ ਅਸਮਾਨਤਾ ਅਤੇ ਪਰੰਪਰਾਗਤ ਸਮਾਜਿਕ ਸਮਝੌਤੇ ਨੂੰ ਇੱਕ ਸਿੱਧੀ ਚੁਣੌਤੀ ਹੈ, ਜਿਸ ਵਿੱਚ ਔਰਤਾਂ ਤੋਂ ਆਜ਼ਾਦੀ ਦੇ ਬਦਲੇ ਸੁਰੱਖਿਆ, ਸਵਾਲਾਂ ਦੇ ਬਦਲੇ ਚੁੱਪ ਅਤੇ ਬਰਾਬਰੀ ਦੇ ਬਦਲੇ ਸਮਝੌਤੇ ਦੀ ਉਮੀਦ ਕੀਤੀ ਜਾਂਦੀ ਸੀ।

ਇਸ ਨਵੀਂ ਚੇਤਨਾ ਦੇ ਨਿਰਮਾਣ ਵਿੱਚ ਸੂਚਨਾ ਤਕਨਾਲੋਜੀ, ਇੰਟਰਨੈੱਟ ਅਤੇ ਡਿਜੀਟਲ ਮੀਡੀਆ ਨੇ ਵੀ ਬਹੁਤ ਅਹਿਮ ਭੂਮਿਕਾ ਨਿਭਾਈ ਹੈ। ਇਹ ਸਾਧਨ ਇਨ੍ਹਾਂ ਲੜਕੀਆਂ ਲਈ ਸਿਰਫ਼ ਮਨੋਰੰਜਨ ਦਾ ਜ਼ਰੀਆ ਨਹੀਂ ਹਨ, ਸਗੋਂ ਇਹ ਵਿਸ਼ਵ-ਵਿਆਪੀ ਘਟਨਾਵਾਂ ਨੂੰ ਸਮਝਣ, ਵਿਚਾਰਾਂ ਦਾ ਅਦਾਨ-ਪ੍ਰਦਾਨ ਕਰਨ, ਸਮਾਜਿਕ-ਆਰਥਿਕ ਸਥਿਤੀਆਂ ਦਾ ਵਿਸ਼ਲੇਸ਼ਣ ਕਰਨ ਅਤੇ ਦੁਨੀਆ ਭਰ ਦੀਆਂ ਰੋਸ ਲਹਿਰਾਂ ਨਾਲ ਜੁੜਨ ਦੀ ਇੱਕ ਵੱਡੀ ਖਿੜਕੀ ਬਣ ਚੁੱਕੇ ਹਨ।

ਸੋਸ਼ਲ ਮੀਡੀਆ ਉਨ੍ਹਾਂ ਲਈ ਇੱਕ ਅਜਿਹਾ ਆਧੁਨਿਕ 'ਚੌਪਾਲ' ਬਣ ਗਿਆ ਹੈ, ਜਿੱਥੇ ਜਾਣਕਾਰੀ ਚਾਹੇ ਇੰਟਰਨੈੱਟ ਦਿੰਦਾ ਹੈ, ਪਰ ਚੇਤਨਾ, ਸੋਚ ਅਤੇ ਸੰਗਠਨਾਤਮਕ ਏਕਤਾ ਲੜਕੀਆਂ ਖੁਦ ਤਿਆਰ ਕਰਦੀਆਂ ਹਨ। ਉਹ ਡਿਜੀਟਲ ਮੰਚਾਂ ਰਾਹੀਂ ਦੇਸ਼ ਦੇ ਕੋਨੇ-ਕੋਨੇ ਵਿੱਚ ਚੱਲ ਰਹੇ ਮੁੱਦਿਆਂ ਉੱਤੇ ਤਿੱਖੀ ਨਜ਼ਰ ਰੱਖਦੀਆਂ ਹਨ ਅਤੇ ਲੋੜ ਪੈਣ ਉਤੇ ਇੱਕਜੁੱਟ ਹੋ ਕੇ ਸੜਕਾਂ 'ਤੇ ਉਤਰਨ ਅਤੇ ਸੱਤਾ ਦੇ ਢਾਂਚੇ ਤੱਕ ਆਪਣੀ ਆਵਾਜ਼ ਪਹੁੰਚਾਉਣ ਦਾ ਮਾਦਾ ਵੀ ਰੱਖਦੀਆਂ ਹਨ।

ਦੇਸ਼ ਦੀ ਰਾਜਧਾਨੀ ਨਵੀਂ ਦਿੱਲੀ ਵਿੱਚ ਵੱਖ-ਵੱਖ ਮੁੱਦਿਆਂ ਨੂੰ ਲੈ ਕੇ ਚੱਲ ਰਹੇ ਅੰਦੋਲਨਾਂ ਅਤੇ ਪ੍ਰਦਰਸ਼ਨਾਂ ਵਿੱਚ ਲੜਕੀਆਂ ਦੀ ਮੋਹਰੀ ਅਗਵਾਈ ਸਾਫ਼ ਨਜ਼ਰ ਆ ਰਹੀ ਹੈ। ਜਦੋਂ ਵੀ ਦਿੱਲੀ ਦੀਆਂ ਸਰਹੱਦਾਂ, ਜੰਤਰ-ਮੰਤਰ ਜਾਂ ਯੂਨੀਵਰਸਿਟੀ ਕੈਂਪਸਾਂ ਵਿੱਚ ਸੰਵਿਧਾਨਕ ਹੱਕਾਂ, ਕਿਸਾਨੀ ਮੰਗਾਂ, ਨਾਗਰਿਕਤਾ ਕਾਨੂੰਨਾਂ ਜਾਂ ਵਿਦਿਆਰਥੀ ਅਧਿਕਾਰਾਂ ਦੇ ਸਵਾਲ ਉਠਦੇ ਹਨ, ਤਾਂ ਲੜਕੀਆਂ ਸਿਰਫ਼ ਭੀੜ ਦਾ ਹਿੱਸਾ ਨਹੀਂ ਬਣਦੀਆਂ, ਸਗੋਂ ਮੰਚ ਸੰਚਾਲਨ, ਵਿਚਾਰਧਾਰਕ ਬਹਿਸਾਂ, ਲੌਜਿਸਟਿਕਸ ਸੰਭਾਲਣ ਅਤੇ ਪ੍ਰੈੱਸ ਬਿਆਨ ਤਿਆਰ ਕਰਨ ਦੀ ਜ਼ਿੰਮੇਵਾਰੀ ਖੁਦ ਚੁੱਕਦੀਆਂ ਹਨ।

ਸ਼ਾਹੀਨ ਬਾਗ਼ ਦੇ ਇਤਿਹਾਸਕ ਧਰਨੇ ਤੋਂ ਲੈ ਕੇ ਦਿੱਲੀ ਦੀਆਂ ਸਰਹੱਦਾਂ ਉੱਤੇ ਚੱਲੇ ਵਿਸ਼ਾਲ ਕਿਸਾਨ ਅੰਦੋਲਨ ਤੱਕ ਔਰਤਾਂ ਅਤੇ ਨੌਜਵਾਨ ਲੜਕੀਆਂ ਦੀ ਵੱਡੀ ਹਾਜ਼ਰੀ ਨੇ ਇਨ੍ਹਾਂ ਸੰਘਰਸ਼ਾਂ ਨੂੰ ਨੈਤਿਕ ਬਲ, ਨਿਰੰਤਰਤਾ ਅਤੇ ਅੰਤਰਰਾਸ਼ਟਰੀ ਪਛਾਣ ਦਿੱਤੀ ਸੀ।

ਇਸੇ ਤਰ੍ਹਾਂ ਦਿੱਲੀ ਦੇ ਜੰਤਰ-ਮੰਤਰ 'ਤੇ ਦੇਸ਼ ਦਾ ਨਾਂਅ ਰੋਸ਼ਨ ਕਰਨ ਵਾਲੀਆਂ ਨਾਮਵਰ ਮਹਿਲਾ ਖਿਡਾਰਨਾਂ ਦੁਆਰਾ ਸੱਤਾ ਦੇ ਸ਼ਕਤੀਸ਼ਾਲੀ ਗਲਿਆਰਿਆਂ ਅਤੇ ਖੇਡ ਫੈਡਰੇਸ਼ਨਾਂ ਦੇ ਸ਼ੋਸ਼ਣ ਵਿਰੁੱਧ ਦਿੱਤਾ ਗਿਆ ਧਰਨਾ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਸੀ ਕਿ ਅੱਜ ਦੀਆਂ ਧੀਆਂ ਆਪਣੇ ਸਨਮਾਨ, ਸੁਰੱਖਿਆ ਅਤੇ ਹੱਕਾਂ ਲਈ ਕਿਸੇ ਵੀ ਸੱਤਾਧਾਰੀ ਢਾਂਚੇ ਨਾਲ ਟਕਰਾਉਣ ਤੋਂ ਨਹੀਂ ਝਿਜਕਦੀਆਂ। ਉਨ੍ਹਾਂ ਦਿਖਾ ਦਿੱਤਾ ਕਿ ਖੇਡ ਮੈਦਾਨ ਦੇ ਮੈਡਲਾਂ ਤੋਂ ਲੈ ਕੇ ਸੜਕਾਂ ਦੇ ਸੰਘਰਸ਼ ਤੱਕ, ਆਪਣੀ ਆਵਾਜ਼ ਨੂੰ ਬੁਲੰਦ ਕਿਵੇਂ ਕੀਤਾ ਜਾਂਦਾ ਹੈ। ਇਹ ਅੰਦੋਲਨ ਸਿਰਫ਼ ਖਿਡਾਰਨਾਂ ਤੱਕ ਸੀਮਤ ਨਹੀਂ ਰਿਹਾ, ਸਗੋਂ ਇਸ ਨੇ ਸਮੁੱਚੇ ਭਾਰਤ ਦੀਆਂ ਔਰਤਾਂ ਅੰਦਰ ਆਪਣੇ ਹੱਕਾਂ ਲਈ ਖੜ੍ਹੇ ਹੋਣ ਦਾ ਨਵਾਂ ਜਜ਼ਬਾ ਭਰ ਦਿੱਤਾ।

ਦਿੱਲੀ ਤੋਂ ਇਲਾਵਾ ਦੇਸ਼ ਦੇ ਹੋਰਨਾਂ ਪ੍ਰਮੁੱਖ ਹਿੱਸਿਆਂ ਵਿੱਚ ਵੀ ਇਹ ਨਵੀਂ ਲਹਿਰ ਸਪੱਸ਼ਟ ਦਿਖਾਈ ਦਿੰਦੀ ਹੈ। ਕੋਟਾ, ਪ੍ਰਯਾਗਰਾਜ, ਦੇਹਰਾਦੂਨ, ਪੁਣੇ, ਜਾਮੀਆ ਮਿਲੀਆ, ਜਵਾਹਰਲਾਲ ਨਹਿਰੂ ਯੂਨੀਵਰਸਿਟੀ ਅਤੇ ਦਿੱਲੀ ਯੂਨੀਵਰਸਿਟੀ ਵਰਗੇ ਵਿਦਿਆਰਥੀ ਅਤੇ ਪ੍ਰਤੀਯੋਗੀ ਪ੍ਰੀਖਿਆਵਾਂ ਦੇ ਵੱਡੇ ਕੇਂਦਰਾਂ ਵਿੱਚ ਹੋਈਆਂ ਰਾਸ਼ਟਰੀ ਵਿਚਾਰ-ਚਰਚਾਵਾਂ ਅਤੇ ਪ੍ਰਦਰਸ਼ਨਾਂ ਵਿੱਚ ਲੜਕੀਆਂ ਦੀ ਸਰਗਰਮ ਸ਼ਮੂਲੀਅਤ ਨੇ ਪ੍ਰਸ਼ਾਸਨਿਕ ਢਾਂਚੇ ਨੂੰ ਸੋਚਣ ਲਈ ਮਜਬੂਰ ਕੀਤਾ ਹੈ।

ਜਦੋਂ ਪ੍ਰਤੀਯੋਗੀ ਪ੍ਰੀਖਿਆਵਾਂ ਦੇ ਪੇਪਰ ਲੀਕ ਹੁੰਦੇ ਹਨ (ਜਿਵੇਂ ਨੀਟ ਜਾਂ ਹੋਰ ਪ੍ਰੀਖਿਆਵਾਂ ਦੀਆਂ ਗੜਬੜੀਆਂ) ਜਾਂ ਪ੍ਰੀਖਿਆ ਪ੍ਰਣਾਲੀ ਵਿੱਚ ਅਪਾਰਦਰਸ਼ਤਾ ਦੇ ਦੋਸ਼ ਲੱਗਦੇ ਹਨ, ਤਾਂ ਲੜਕੀਆਂ ਪਾਰਦਰਸ਼ਤਾ ਦੀ ਮੰਗ ਨੂੰ ਲੈ ਕੇ ਸਭ ਤੋਂ ਅੱਗੇ ਹੋ ਕੇ ਸੜਕਾਂ 'ਤੇ ਆਉਂਦੀਆਂ ਹਨ। ਉਹ ਸਿਰਫ਼ ਆਪਣੀਆਂ ਪੜ੍ਹਾਈਆਂ ਜਾਂ ਕੈਰੀਅਰ ਤੱਕ ਸੀਮਤ ਨਹੀਂ ਰਹਿ ਰਹੀਆਂ, ਸਗੋਂ ਪ੍ਰਸ਼ਾਸਨਿਕ ਨਾਕਾਮੀਆਂ, ਭ੍ਰਿਸ਼ਟਾਚਾਰ ਅਤੇ ਸਿੱਖਿਆ ਦੇ ਵਪਾਰੀਕਰਨ ਵਿਰੁੱਧ ਇੱਕਜੁੱਟ ਹੋ ਕੇ ਆਵਾਜ਼ ਚੁੱਕ ਰਹੀਆਂ ਹਨ। ਇਨ੍ਹਾਂ ਪ੍ਰਦਰਸ਼ਨਾਂ ਵਿੱਚ ਉਨ੍ਹਾਂ ਦੇ ਰਚਨਾਤਮਕ ਨਾਅਰੇ, ਮੀਮਜ਼ ਅਤੇ ਪੋਸਟਰ ਸ਼ੈਲੀ ਇਹ ਦਰਸਾਉਂਦੀ ਹੈ ਕਿ ਨਵੀਂ ਪੀੜ੍ਹੀ ਵਿਰੋਧ ਪ੍ਰਗਟਾਉਣ ਦੇ ਰਵਾਇਤੀ ਤਰੀਕਿਆਂ ਨੂੰ ਬਦਲ ਕੇ ਆਧੁਨਿਕ ਤਕਨੀਕ ਅਤੇ ਬੋਲਚਾਲ ਦੀ ਭਾਸ਼ਾ ਨਾਲ ਜੋੜ ਰਹੀ ਹੈ।

ਹਾਲ ਹੀ ਦੇ ਦਿਨਾਂ ਵਿੱਚ ਦਿੱਲੀ ਅਤੇ ਹੋਰਨਾਂ ਵੱਡੇ ਸ਼ਹਿਰਾਂ ਵਿੱਚ ਮਹਿਲਾ ਸੁਰੱਖਿਆ, ਯੂਨੀਵਰਸਿਟੀ ਕੈਂਪਸਾਂ ਵਿੱਚ ਹਿੰਸਾ ਅਤੇ ਜਨਤਕ ਥਾਵਾਂ 'ਤੇ ਔਰਤਾਂ ਦੀ ਆਜ਼ਾਦਮਾਨਾ ਆਵਾਜਾਈ ਦੇ ਸਵਾਲਾਂ ਉੱਤੇ ਹੋਏ ਮਾਰਚਾਂ ਵਿੱਚ ਲੜਕੀਆਂ ਨੇ ਬੜੇ ਸਾਫ਼ ਸ਼ਬਦਾਂ ਵਿੱਚ ਇਹ ਸੁਨੇਹਾ ਦਿੱਤਾ ਹੈ ਕਿ ਉਹ ਸੁਰੱਖਿਆ ਦੇ ਨਾਂਅ 'ਤੇ ਆਪਣੇ ਉੱਤੇ ਲਗਾਈਆਂ ਜਾਣ ਵਾਲੀਆਂ ਪਾਬੰਦੀਆਂ ਨੂੰ ਪ੍ਰਵਾਨ ਨਹੀਂ ਕਰਨਗੀਆਂ। ਉਨ੍ਹਾਂ ਦਾ ਮੰਨਣਾ ਹੈ ਕਿ ਸਮੱਸਿਆ ਔਰਤਾਂ ਦੀ ਆਜ਼ਾਦੀ ਵਿੱਚ ਨਹੀਂ, ਸਗੋਂ ਅਪਰਾਧੀ ਮਾਨਸਿਕਤਾ ਅਤੇ ਕਾਨੂੰਨ-ਵਿਵਸਥਾ ਦੀਆਂ ਢਿੱਲਾਂ ਵਿੱਚ ਹੈ। ਉਨ੍ਹਾਂ 'ਸਾਨੂੰ ਸੁਰੱਖਿਆ ਨਹੀਂ, ਆਜ਼ਾਦੀ ਚਾਹੀਦੀ ਹੈ' ਵਰਗੇ ਨਾਅਰਿਆਂ ਨਾਲ ਜਨਤਕ ਸਪੇਸ ਉੱਤੇ ਆਪਣੇ ਬਰਾਬਰ ਦੇ ਹੱਕ ਦਾ ਦਾਅਵਾ ਕੀਤਾ ਹੈ।

ਉਹ ਇਹ ਭਲੀ-ਭਾਂਤ ਸਮਝਦੀਆਂ ਹਨ ਕਿ ਨਿਰਪੱਖ ਅਤੇ ਪਾਰਦਰਸ਼ੀ ਚੋਣ ਪ੍ਰਣਾਲੀ ਹੀ ਉਨ੍ਹਾਂ ਦੇ ਜਮਹੂਰੀ ਹੱਕਾਂ, ਰੁਜ਼ਗਾਰ, ਸੁਰੱਖਿਆ ਅਤੇ ਆਜ਼ਾਦੀ ਦੀ ਅਸਲ ਜ਼ਾਮਨੀ ਹੈ। ਉਹ ਹੁਣ ਸਿਰਫ਼ ਕਿਸੇ ਰਾਜਨੀਤਕ ਪਾਰਟੀ ਲਈ ਵੋਟ ਪਾਉਣ ਵਾਲਾ ਇੱਕ 'ਮੂਕ ਵੋਟ ਬੈਂਕ' ਨਹੀਂ ਹਨ, ਸਗੋਂ ਚੋਣ ਪ੍ਰਕਿਰਿਆ ਦੀ ਸ਼ੁੱਧਤਾ ਅਤੇ ਸੰਵਿਧਾਨਕ ਮਰਿਆਦਾ ਦੀ ਮੰਗ ਕਰਨ ਵਾਲੀਆਂ ਸੁਚੇਤ ਨਾਗਰਿਕ ਬਣ ਕੇ ਸਾਹਮਣੇ ਆ ਰਹੀਆਂ ਹਨ।

ਹਾਲਾਂਕਿ, ਲੜਕੀਆਂ ਲਈ ਇਹ ਸੰਘਰਸ਼ਪੂਰਨ ਰਸਤਾ ਬਿਲਕੁਲ ਵੀ ਆਸਾਨ ਨਹੀਂ। ਉਨ੍ਹਾਂ ਨੂੰ ਇੱਕੋ ਸਮੇਂ ਦੋਹਰੇ ਮੋਰਚਿਆਂ ਉੱਤੇ ਲੜਨਾ ਪੈਂਦਾ ਹੈ। ਇੱਕ ਪਾਸੇ ਪਰਵਾਰ ਅਤੇ ਸਮਾਜ ਦੀ ਉਹ ਰਵਾਇਤੀ ਮਾਨਸਿਕਤਾ ਹੈ, ਜੋ ਉਨ੍ਹਾਂ ਦੀ ਆਜ਼ਾਦੀ, ਆਵਾਜਾਈ, ਪਹਿਰਾਵੇ ਅਤੇ ਜਨਤਕ ਜੀਵਨ ਉੱਤੇ ਸੀਮਾਵਾਂ ਲਗਾਉਣਾ ਚਾਹੁੰਦੀ ਹੈ ਅਤੇ ਦੂਜੇ ਪਾਸੇ ਸੱਤਾ, ਪ੍ਰਸ਼ਾਸਨ, ਪੁਲਸ ਦਾ ਜਬਰ ਅਤੇ ਸੋਸ਼ਲ ਮੀਡੀਆ ਦੀਆਂ ਟ੍ਰੋਲ ਆਰਮੀਆਂ ਹਨ, ਜੋ ਹਰ ਵਿਰੋਧੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰਦੀਆਂ ਹਨ।ਪਰ ਇਸ ਸਭ ਦੇ ਬਾਵਜੂਦ ਨਵੀਂ ਪੀੜ੍ਹੀ ਦੀਆਂ ਇਹ ਲੜਕੀਆਂ ਆਪਣੇ ਜੀਵਨ, ਸਿੱਖਿਆ, ਰੁਜ਼ਗਾਰ, ਸ਼ਹਿਰੀ ਸੁਰੱਖਿਆ, ਨਾਗਰਿਕ ਹੱਕਾਂ ਅਤੇ ਭਵਿੱਖ ਦੇ ਫੈਸਲਿਆਂ ਵਿੱਚ ਬਰਾਬਰ ਦੀ ਹਿੱਸੇਦਾਰੀ ਤੋਂ ਘੱਟ ਕੁਝ ਵੀ ਸਵੀਕਾਰ ਕਰਨ ਲਈ ਤਿਆਰ ਨਹੀਂ ਹਨ।

ਇਹ ਇਸ ਗੱਲ ਦਾ ਪੱਕਾ ਸਬੂਤ ਹੈ ਕਿ ਭਾਰਤੀ ਇਸਤਰੀਆਂ ਹੁਣ ਸਮਾਜਿਕ ਅਤੇ ਰਾਜਨੀਤਕ ਬਦਲਾਅ ਦੀਆਂ ਮੂਕ ਦਰਸ਼ਕ ਨਹੀਂ ਰਹੀਆਂ, ਸਗੋਂ ਦੇਸ਼ ਦੇ ਲੋਕਤੰਤਰ ਅਤੇ ਭਵਿੱਖ ਨੂੰ ਨਵੀਂ ਦਿਸ਼ਾ ਦੇਣ ਵਾਲੀਆਂ ਮੁੱਖ ਨਿਰਮਾਤਾ ਬਣ ਚੁੱਕੀਆਂ ਹਨ।

ਇਨ੍ਹਾਂ ਲੜਕੀਆਂ ਦੀ ਬੁਲੰਦ ਆਵਾਜ਼ ਭਾਰਤੀ ਲੋਕਤੰਤਰ ਦੀ ਅਸਲ ਤਾਕਤ ਦਾ ਪ੍ਰਤੀਕ ਹੈ, ਜੋ ਸੱਤਾ ਨੂੰ ਨਿਰੰਤਰ ਜਵਾਬਦੇਹ ਬਣਾਉਣ ਅਤੇ ਸਮਾਜ ਨੂੰ ਵਧੇਰੇ ਸੰਵੇਦਨਸ਼ੀਲ ਤੇ ਨਿਰਪੱਖ ਬਣਾਉਣ ਦੀ ਦਿਸ਼ਾ ਵਿੱਚ ਵੱਡਾ ਯੋਗਦਾਨ ਪਾ ਰਹੀ ਹੈ।

# ਸੰਪਰਕ : 98158-02070

# ਵਿਕਾਸ ਦੇ ਨਾਂਅ 'ਤੇ ਵਿਨਾਸ਼ ...

ਡਾ. ਸੁਖਰਾਜ ਸਿੰਘ ਬਾਜਵਾ

ਪਿਆਰੇ ਪਾਠਕੋ, ਕੀ ਵਿਕਾਸ ਦਾ ਮਤਲਬ ਹੀ ਅਸੀਂ ਗਲਤ ਕੱਢ ਲਿਆ ਹੈ? ਜਿਸ ਨੂੰ ਲੋਕਾਂ ਨੇ ਵਿਕਾਸ ਦਾ ਨਾਂਅ ਦਿੱਤਾ, ਓਹ ਅਸਲ ਵਿੱਚ ਵਿਨਾਸ਼ ਦੀ ਪਰਿਭਾਸ਼ਾ ਹੈ। ਲੋਕਾਂ ਨੂੰ ਲਗਦਾ ਹੈ ਕੰਕਰੀਟ ਦੇ ਜੰਗਲ ਖੜੇ ਕਰਨੇ , ਗੱਡੀਆਂ ਦਾ ਧੂੰਆਂ ਤੇ ਵੱਡੇ-ਵੱਡੇ ਰੈਸਤਰਾਂ ਵਿੱਚ ਖਾਣਾ ਖਾ ਲੈਣਾ ਹੀ ਵਿਕਾਸ ਦੀ ਨਿਸ਼ਾਨੀ ਹੈ? ਬੈਂਕ ਵਿਚ ਢੇਰ ਸਾਰਾ ਪੈਸਾ ਵਿਕਾਸ ਦੀ ਨਿਸ਼ਾਨੀ ਹੈ? ਬੀਮਾਰ ਹੋਣ ਤੋਂ ਬਾਅਦ ਮਹਿੰਗੇ ਹਸਪਤਾਲ ਵਿਚ ਇਲਾਜ ਵਿਕਾਸ ਦੀ ਨਿਸ਼ਾਨੀ ਹੈ? ਅਸਲ ਦੌਲਤ ਜਿਹੜੀ ਕਿ ਸ਼ੁੱਧ ਹਵਾ, ਸ਼ੁੱਧ ਭੋਜਨ, ਮਾਨਸਿਕ ਤਣਾਅ ਰਹਿਤ ਜ਼ਿੰਦਗੀ, ਰਾਤ ਨੂੰ ਚੰਗੀ ਨੀਂਦ, ਆਪਸੀ ਪ੍ਰੇਮ ਸੀ, ਓਹੀ ਅਸਲ ਵਿੱਚ ਵਿਕਾਸ ਹੈ। ਸਾਨੂੰ ਵਿਕਾਸ ਤੇ ਵਿਨਾਸ਼ ਵਿਚਲਾ ਅਰਥ ਸਹੀ ਮਾਇਨੇ ਵਿਚ ਸਮਝਣਾ ਪਵੇਗਾ।

ਅੱਜ ਦੀ ਨੌਜਵਾਨ ਪੀੜ੍ਹੀ ਜੋ ਆਪਣੇ ਆਪ ਨੂੰ ਜੈਨ -ਜ਼ੀ ਕਹਿੰਦੀ ਹੈ, ਓਹ ਸੁਪਨਿਆਂ ਦੀ ਜ਼ਿੰਦਗੀ ਜਿਊਣਾ ਪਸੰਦ ਕਰਦੀ ਹੈ ਤੇ ਤਕਨੀਕੀ ਤੌਰ 'ਤੇ ਆਪਣੇ ਆਪ ਨੂੰ ਮਾਹਰ ਸਮਝਦੀ ਹੈ। ਆਪਣੇ ਤੋਂ ਪਹਿਲਾਂ ਵਾਲੀ ਪੀੜ੍ਹੀ ਦੇ ਲੋਕ ਇਹਨਾਂ ਨੂੰ ਗਵਾਰ ਤੇ ਅਨਪੜ੍ਹ ਲਗਦੇ ਹਨ। ਜੇਕਰ ਅੱਜ ਦੀ ਨੌਜਵਾਨ ਪੀੜ੍ਹੀ ਦੀ ਗੱਲ ਕਰੀਏ ਤਾਂ ਲਗਭਗ ਅੱਧੀ ਆਬਾਦੀ ਕਿਸੇ ਨਾ ਕਿਸੇ ਬਿਮਾਰੀ ਦਾ ਸ਼ਿਕਾਰ ਹੈ। ਕੁਝ ਸਰੀਰਕ ਬਿਮਾਰੀਆਂ ਨਾਲ ਘਿਰੇ ਹੋਏ ਹਨ ਅਤੇ ਬਹੁਤੇ ਮਾਨਸਿਕ ਤੌਰ 'ਤੇ ਬਿਮਾਰ ਹਨ। ਇਸ ਵਿੱਚ ਕੋਈ ਸ਼ੱਕ ਨਹੀਂ ਕੇ ਅੱਜ ਦਾ ਦੌਰ ਭੱਜ-ਨੱਠ ਦਾ ਦੌਰ ਹੈ। ਕਿਸੇ ਕੋਲ ਵੀ ਸਮਾਂ ਨਹੀਂ ਹੈ ਕੇ ਉਹ ਆਪਣੀ ਜ਼ਿੰਦਗੀ ਸ਼ਾਂਤੀ ਨਾਲ ਜੀ ਸਕੇ। ਹਰ ਕੋਈ ਪੈਸੇ ਪਿੱਛੇ ਭੱਜਦਾ ਨਜ਼ਰ ਆਉਂਦਾ ਹੈ। ਇਸ ਲਈ ਆਪਣੀ ਸਰੀਰਕ ਤੇ ਮਾਨਸਿਕ ਤਾਕਤ ਤੋਂ ਵੱਧ ਕੇ ਕੰਮ ਕਰ ਰਿਹਾ ਹੈ। ਸਰੀਰ ਦੀ ਥਕਾਵਟ ਕੁਝ ਦੇਰ ਆਰਾਮ ਕਰਨ ਨਾਲ ਉਤਰ ਜਾਂਦੀ ਹੈ, ਪਰ ਦਿਮਾਗ ਥੱਕਿਆ ਹੋਵੇ ਤਾਂ ਸਰੀਰ ਦੀ ਥਕਾਵਟ ਵੀ ਨਹੀਂ ਉੱਤਰਦੀ। ਜਿੱਥੇ ਦਿਮਾਗ ਨੂੰ ਅੱਠ ਘੰਟੇ ਆਰਾਮ ਦੀ ਲੋੜ ਹੈ, ਉਥੇ ਇਹ ਬਹੁਤੇ ਹਾਲਾਤ ਵਿਚ 4 ਘੰਟੇ ਵੀ ਆਰਾਮ ਨਹੀਂ ਕਰਦਾ। ਸੁਖ ਦੀ ਨੀਂਦ ਸਿਰਫ ਗੱਲਾਂ ਵਿਚ ਹੀ ਰਹਿ ਜਾਂਦੀ ਹੈ।

ਭਾਰਤ ਕਿਸੇ ਵੇਲੇ ਖੇਤੀ ਪ੍ਰਧਾਨ ਦੇਸ਼ ਮੰਨਿਆ ਜਾਂਦਾ ਰਿਹਾ ਹੈ, ਖਾਸ ਕਰਕੇ ਉਤਰੀ ਭਾਰਤ ਦੇ ਲੋਕ ਬਹੁਤਾ ਕਰਕੇ ਖੇਤੀ ਉਪਰ ਹੀ ਨਿਰਭਰ ਰਹੇ ਹਨ। ਜਦ ਤੱਕ ਦੇਸ਼ ਨੇ ਖੇਤੀ ਨੂੰ ਪ੍ਰਮੁੱਖਤਾ ਦਿੱਤੀ ਆਮ ਇਨਸਾਨ ਸੁੱਖ ਦੀ ਨੀਂਦ ਸੌਂਦਾ ਸੀ। ਚਾਹੇ ਨੌਜਵਾਨ ਹੋਵੇ ਜਾਂ ਕੋਈ ਬਜ਼ੁਰਗ ਹਰ ਕੋਈ ਸਵੇਰੇ ਤੜਕੇ ਉਠ ਕੇ ਹਲ ਜੋਤ ਕੇ ਖੇਤਾਂ ਨੂੰ ਤੁਰਿਆ ਹੁੰਦਾ। ਸੂਰਜ ਚੜ੍ਹਦੇ ਨੂੰ ਘਰ ਮੁੜ ਆਉਣਾ ਤੇ ਨੌਜਵਾਨਾਂ ਨੇ ਸਕੂਲ , ਕਾਲਜ ਚਲੇ ਜਾਣਾ ਤੇ ਨੌਕਰੀ-ਪੇਸ਼ਾ ਆਪਣੇ ਕੰਮਾਂਕਾਰਾਂ ਨੂੰ ਚਲੇ ਜਾਂਦੇ। ਬਾਕੀ ਰਹਿ ਗਏ ਘਰ ਵਿਚ ਆਰਾਮ ਕਰਦੇ। ਔਰਤਾਂ ਉਹਨਾਂ ਦਿਨਾਂ ਵਿਚ ਚਾਦਰਾਂ ਕੱਢਣ ਤੇ ਖੇਸ-ਦਰੀਆਂ ਬੁਣਨ ਦਾ ਕੰਮ ਕਰਦੀਆਂ। ਧੁੱਪ ਤਿੱਖੀ ਹੋਣ ਵੇਲੇ ਤੱਕ ਆਪਣਾ ਕੰਮ ਸਾਂਭ ਕੇ ਸਭ ਦੁਪਹਿਰਾ ਕੱਟਣ ਚਲੇ ਜਾਂਦੇ , ਜਿੱਥੇ ਔਰਤਾਂ ਕਮਰੇ ਵਿਚ ਪੈ ਜਾਂਦੀਆਂ ਤਾਂ ਮਰਦ ਖੂਹ 'ਤੇ ਜਾਂ ਕਿਸੇ ਦਰੱਖਤ ਹੇਠ ਦੁਪਹਿਰਾ ਕੱਟਦੇ। ਆਥਣ ਵੇਲੇ ਔਰਤਾਂ ਚਾਹ ਧਰ ਲੈਂਦੀਆਂ ਤੇ ਹਰ ਕੋਈ ਸਵੇਰੇ ਦੀ ਬਣੀ ਰੋਟੀ 'ਤੇ ਲੂਣ ਧੂੜ ਕੇ ਚਾਹ ਨਾਲ ਖ਼ਾ ਲੈਂਦਾ। ਨਸ਼ੇ ਦੇ ਰੂਪ ਵਿਚ ਉਦੋਂ ਸਿਰਫ ਸ਼ਰਾਬ ਹੁੰਦੀ ਸੀ, ਜਿਹੜੀ ਅਕਸਰ ਰਾਤ ਨੂੰ ਰੋਟੀ ਖਾਣ ਤੋਂ ਪਹਿਲਾਂ ਮਰਦ ਘੁੱਟ ਲਾ ਕੇ ਉਤੋ ਰੋਟੀ ਖਾ ਕੇ ਸੌਂ ਜਾਂਦੇ। ਨੌਜਵਾਨ ਸਾਰਾ ਦਿਨ ਪੜ੍ਹਾਈ ਕਰਕੇ, ਖੇਡਾਂ ਤੇ ਖੇਤਾਂ ਵਿੱਚ ਕੰਮ ਕਰਕੇ ਐਨਾ ਥੱਕ ਜਾਂਦੇ ਕਿ ਰੋਟੀ ਖਾਣ ਤੋਂ ਬਾਅਦ ਦੁੱਧ ਦਾ ਗਲਾਸ ਗੁੜ ਨਾਲ ਪੀ ਕੇ ਸੌਂ ਜਾਂਦੇ। ਨੀਂਦ ਵੀ ਗੂੜ੍ਹੀ ਆਉਂਦੀ। ਗਰਮੀ ਦਾ ਤਾਂ ਪਤਾ ਵੀ ਨਹੀਂ ਚਲਦਾ ਸੀ ਕਿ ਰਾਤ ਲਾਈਟ ਕਦ ਗਈ ਤੇ ਕਦੋਂ ਆਈ। ਮੱਛਰਾਂ ਤੋਂ ਬਚਣ ਲਈ ਨਿੰਮ ਜਾਂ ਸਫੈਦੇ ਦਾ ਤੇਲ ਲਗਾ ਲੈਣਾ ਜਾਂ ਮੱਛਰਦਾਨੀ ਦਾ ਇਸਤੇਮਾਲ ਕਰਨਾ। ਛੁੱਟੀਆਂ ਵਿੱਚ ਨਾਨਕੇ ਪਿੰਡ ਜਾਣਾ ਤਾਂ ਨਾਨੀ ਨੇ ਰਾਤ ਨੂੰ ਬਾਤ ਪਾਉਣੀ, ਬਾਤ ਸੁਣਦੇ-ਸੁਣਦੇ ਪਤਾ ਹੀ ਨਾ ਲੱਗਣਾ ਕਿਹੜੇ ਵੇਲੇ ਅੱਖ ਲੱਗ ਜਾਣੀ। ਉਦੋਂ ਜ਼ਿੰਦਗੀ ਅੱਜ ਦੇ ਦੌਰ ਨਾਲੋ ਜ਼ਿਆਦਾ ਸੁਖਾਲੀ ਤੇ ਤਣਾਅ ਰਹਿਤ ਸੀ। ਪੈਸਾ ਚਾਹੇ ਘੱਟ ਸੀ, ਪਰ ਨੀਂਦ ਚੰਗੀ ਆਉਂਦੀ ਸੀ। ਰਿਸ਼ਤਿਆਂ ਵਿਚ ਪਿਆਰ ਸੀ ਤੇ ਇਕ-ਦੂਜੇ ਨੂੰ ਮਿਲਣ ਲਈ ਖਿੱਚ ਬਣੀ ਰਹਿੰਦੀ ਸੀ।

ਜਿਹੜੇ ਭਲੇ ਸਮਿਆਂ ਦੀ ਮੈ ਗੱਲ ਕਰ ਰਿਹਾ, ਉਸ ਵੇਲੇ ਸ਼ੂਗਰ, ਹਾਈ ਬਲੱਡ ਪਰੈਸ਼ਰ, ਜੋੜਾਂ ਦੇ ਦਰਦ, ਸਰਵਾਈਕਲ ਤੇ ਡਿਪਰੈਸ਼ਨ ਵਰਗੀਆਂ ਬਿਮਾਰੀਆਂ ਦੇ ਨਾਂਅ ਵੀ ਸੁਣਨ ਨੂੰ ਨਹੀਂ ਮਿਲਦੇ ਸਨ। ਹਾਂ, ਫੋੜੇ ਹੋਣਾ, ਤਾਪ ਚੜ੍ਹ ਜਾਣਾ ਹੀ ਆਮ ਬਿਮਾਰੀਆਂ ਹੁੰਦੀਆਂ ਸਨ। ਔਰਤਾਂ ਅੰਦਰ ਬਾਂਝਪਨ ਵੀ ਕੋਈ ਇੱਕਾ-ਦੁੱਕਾ ਹੀ ਕੇਸ ਹੁੰਦਾ ਸੀ ਤੇ ਜਣੇਪਾ ਵੀ ਘਰ ਵਿੱਚ ਹੀ ਹੋ ਜਾਂਦਾ ਸੀ। ਇਹ ਉਹ ਸਮਾਂ ਸੀ, ਜਦ ਦਿਮਾਗੀ ਤੇ ਸਰੀਰਕ ਕੰਮ ਨਾਲ-ਨਾਲ ਚਲਦੇ ਸਨ ਅਤੇ ਖਾਣ ਪੀਣ ਵੀ ਖੁੱਲਾ ਸੀ। ਉਦੋਂ ਘਰ ਬੇਸ਼ੱਕ ਕੱਚੇ ਸਨ, ਪਰ ਰਿਸ਼ਤੇ ਪੱਕੇ ਹੁੰਦੇ ਸਨ।ਸਮਾਂ ਬਦਲਿਆ ਤੇ ਅੱਜ ਕੱਚੇ ਘਰਾਂ ਤੋਂ ਘਰ ਪੱਕੇ ਹੋ ਗਏ। ਪਿੰਡਾਂ ਵਿਚ ਵੀ ਰੁੱਖ ਘੱਟ ਤੇ ਕੰਕਰੀਟ ਦੇ ਜੰਗਲ ਵੱਧ ਗਏ ਹਨ। ਦੁਧਾਰੂ ਪਸ਼ੂਆਂ ਦੀ ਜਗ੍ਹਾ ਕੁੱਤੇ ਰੱਖ ਲਏ ਹਨ, ਓਹ ਵੀ ਵਿਦੇਸ਼ੀ ਬ੍ਰਾਂਡਿਡ। ਘਰ ਵਿੱਚ ਕਮਰਿਆਂ ਦੀ ਗਿਣਤੀ ਵੀ ਘਟ ਗਈ ਹੈ ਤੇ ਘਰ ਬਹੁ-ਮੰਜ਼ਲਾ ਹੋ ਗਏ ਹਨ, ਪਰ ਰਹਿਣ ਵਾਲੇ ਜੀਆਂ ਦੀ ਗਿਣਤੀ ਘੱਟ ਰਹੀ ਹੈ। ਜਿਹੜੇ ਰਹਿੰਦੇ ਵੀ ਹਨ, ਉਹ ਵੀ ਇਕ ਦੂਸਰੇ ਨੂੰ ਸਵੇਰੇ-ਸ਼ਾਮ ਹੀ ਦਿਖਾਈ ਦੇਂਦੇ ਹਨ। ਜੀਵਨ ਸਹਿਹੋਂਦ ਦੀ ਜਗ੍ਹਾ ਇਕੱਲਤਾ ਵੱਲ ਨੂੰ ਵਧ ਰਿਹਾ ਹੈ। ਖੇਤੀ ਪ੍ਰਧਾਨ ਦੇਸ਼ ਹੁਣ ਕਾਰਪੋਰੇਟ ਜਗਤ ਬਣ ਗਿਆ ਹੈ, ਜਿੱਥੇ ਪੈਸਾ ਤਾਂ ਬਹੁਤ ਹੈ, ਪਰ ਸਮਾਂ ਕਿਸੇ ਕੋਲ ਨਹੀਂ। ਸਿਹਤ ਲਈ ਚੰਗਾ ਖਾਣ-ਪੀਣ ਨਹੀਂ ਸਿਹਤ ਬੀਮਾ ਹੈ। ਗੈਸ, ਅਫ਼ਾਰੇ ਲਈ ਜ਼ੀਰਾ ਜਾਂ ਅਜਵਾਇਣ ਨਹੀਂ, ਹੁਣ ਵੱਡੇ-ਵੱਡੇ ਹਸਪਤਾਲਾਂ ਵਿੱਚ ਜਾ ਕੇ ਇਲਾਜ ਕਰਵਾਉਣਾ ਰਿਵਾਜ਼ ਬਣ ਗਿਆ ਹੈ। ਖੇਤਾਂ ਵਿੱਚ ਕਹੀ ਚਲਾ ਕੇ ਡੌਲੇ ਬਣਾਉਣ ਨਾਲੋਂ ਜਿੰਮ ਜਾ ਕੇ ਅਤੇ ਪ੍ਰੋਟੀਨ ਪਾਊਡਰ ਲੈਣਾ ਸ਼ੌਕ ਨਹੀਂ, ਫੈਸ਼ਨ ਹੋ ਗਿਆ ਹੈ ਤੇ ਕਈ ਵਾਰ ਪ੍ਰੋਟੀਨ ਪਾਊਡਰ ਦੀ ਆੜ ਵਿਚ ਨਸ਼ਿਆਂ 'ਤੇ ਵੀ ਲੱਗ ਰਹੇ ਹਨ ਨੌਜਵਾਨ, ਜਿਸ ਦਾ ਸਿਹਤ 'ਤੇ ਬਹੁਤ ਮਾੜਾ ਅਸਰ ਹੋ ਰਿਹਾ ਹੈ ਤੇ ਲੋਕਾਂ ਦੀ ਜ਼ਿੰਦਗੀ ਸਿਹਤਮੰਦ ਹੋਣ ਦੀ ਜਗ੍ਹਾ ਘਟਦੀ ਜਾ ਰਹੀ ਹੈ। ਇੱਕ ਲੰਮੀ ਖੁਸ਼ਹਾਲ ਜ਼ਿੰਦਗੀ ਜਿਊਣ ਨਾਲੋਂ ਤੇਜ਼ੀ ਨਾਲ ਜ਼ਿੰਦਗੀ ਦਾ ਸਫ਼ਰ ਖਤਮ ਕਰਨ ਵੱਲ ਨੂੰ ਤੁਰ ਪਿਆ ਹੈ ਇਨਸਾਨ ਅਤੇ ਇਸੇ ਨੂੰ ਹੀ ਵਿਕਾਸ ਦਾ ਨਾਂਅ ਦਿੱਤਾ ਜਾ ਰਿਹਾ ਹੈ।

# ਸੰਪਰਕ : 78886-84597

# ਵਾਤਾਵਰਣ 'ਚ ਵਧ ਰਿਹਾ ਜ਼ਹਿਰੀਲੀਆਂ ਗੈਸਾਂ ਦਾ ਦਖਲ

ਸੁਖਮੰਦਰ ਸਿੰਘ ਤੂਰ

ਵਾਤਾਵਰਣ ਸਬੰਧੀ ਚਾਰ ਦਹਾਕੇ ਪਹਿਲਾਂ ਵੱਲ ਨਜ਼ਰ ਮਾਰੀਏ ਤਾਂ ਇਹ ਕੋਈ ਅਤਿਥਕਥਨੀ ਨਹੀਂ ਹੋਵੇਗੀ ਕਿ ਇਸ ਵਿਚ ਹਰ ਪੱਖੋਂ ਵਿਗਾੜ ਹੀ ਆਇਆ ਹੈ। ਅੱਜ ਜਦੋਂ ਖੁੱਲ੍ਹੀ ਮੰਡੀ ਦੇ ਨਾਂ ਹੇਠ ਅਮਰੀਕਨ ਸਾਮਰਾਜੀਆਂ ਵੱਲੋਂ ਆਪਣੀਆਂ ਨੀਤੀਆਂ ਨੂੰ ਸਮੁੱਚੇ ਸੰਸਾਰ ਵਿਚ ਲਾਗੂ ਕਰਵਾਇਆ ਜਾ ਰਿਹਾ ਹੈ ਤਾਂ ਇਨ੍ਹਾਂ ਨੀਤੀਆਂ ਦੀ ਮਾਰ ਹੇਠ ਵਾਤਾਵਰਣ ਵੀ ਆ ਜਾਂਦਾ ਹੈ। ਜਿੰਨ੍ਹਾਂ ਕਾਰਨ ਅੱਜ ਤੀਜੀ ਦੁਨੀਆ ਦੇ ਦੇਸ਼ਾਂ ਦੀ ਵਾਤਾਵਰਣ ਪ੍ਰਦੂਸ਼ਣ ਦੀ ਸਮੱਸਿਆ ਹੋਰ ਗੁੰਝਲਦਾਰ ਬਣਦੀ ਜਾ ਰਹੀ ਹੈ। ਵੈਸੇ ਵੀ ਸਾਮਰਾਜੀ ਦੇਸ਼ ਧੂੰਏਂ ਵਾਲੀਆਂ ਫੈਕਟਰੀਆਂ ਨੂੰ ਤੀਜੀ ਦੁਨੀਆ ਦੇ ਦੇਸ਼ਾਂ ਵਿਚ ਫਿਟ ਕਰਨ ਵੱਲ ਵਧ ਰਹੇ ਹਨ। ਸਮੁੱਚੀ ਦੁਨੀਆਂ ਦੇ ਦੇਸ਼ਾਂ ਵਿੱਚੋਂ ਇਕੱਲਾ ਅਮਰੀਕਾ ਹੀ ਕੁੱਲ ਦੁਨੀਆ ਦਾ ਚੌਥਾ ਹਿੱਸਾ ਕਾਰਬਨਡਾਈਆਕਸਾਈਡ ਗੈਸ ਵਾਯੂਮੰਡਲ ਵਿਚ ਭੇਜਦਾ ਹੈ। ਇੱਥੇ ਹੀ ਬੱਸ ਨਹੀਂ, ਅਮਰੀਕਾ ਦਾ ਔਸਤ ਦਰਜੇ ਦਾ ਇਕੋ ਸ਼ਟਲ, ਜੋ ਪੁਲਾੜ ਵਿਚ ਦਾਗਿਆ ਜਾਂਦਾ ਹੈ, ਲੱਗਭਗ 3 ਲੱਖ 75 ਹਜ਼ਾਰ ਟਨ ਕਾਰਬਨਡਾਈਆਕਸਾਈਡ ਦਾ ਨਿਰਮਾਣ ਕਰਦਾ ਹੈ ਜੋ ਇਕੋ ਸਮੇਂ 10 ਲੱਖ ਟਨ ਓਜ਼ੋਨ ਦਾ ਵਿਨਾਸ਼ ਕਰਕੇ ਰੱਖ ਦਿੰਦਾ ਹੈ।

ਦੂਸਰੇ ਪਾਸੇ ਸਾਡੇ ਵਾਤਾਵਰਣ ਵਿਗਿਆਨੀ ਕਾਫੀ ਸਮੇਂ ਤੋਂ ਲਗਾਤਾਰ ਚਿਤਾਵਨੀ ਦਿੰਦੇ ਆ ਰਹੇ ਹਨ ਕਿ ਧਰਤੀ ਦਾ ਤਾਪਮਾਨ ਲਗਾਤਾਰ ਵਧ ਰਿਹਾ ਹੈ। ਇਸ ਦਾ ਮੁੱਖ ਕਾਰਨ ਵਾਯੂਮੰਡਲ ਵਿਚ ਕਾਰਬਨਡਾਈਆਕਸਾਈਡ, ਨਾਈਟਰੋਜਨ ਆਕਸਾਈਡ ਅਤੇ ਕਲੋਰੋ - ਫਲੋਰੋ ਕਾਰਬਨ ਦੀ ਮਿਕਦਾਰ ਦਾ ਦਿਨੋ-ਦਿਨ ਵੱਧਣਾ ਦੱਸਿਆ ਜਾ ਰਿਹਾ ਹੈ। ਅਸੀਂ ਹਰ ਸਾਲ 25 ਤੋਂ 30 ਕਰੋੜ ਟਨ ਕਾਰਬਨ ਮੋਨੋਔਕਸਾਈਡ, 15.5 ਕਰੋੜ ਟਨ ਹੋਰ ਜ਼ਹਿਰੀਲੀਆਂ ਗੈਸਾਂ ਬੇਕਿਰਕੀ ਨਾਲ ਵਾਯੂਮੰਡਲ ਵਿਚ ਸੁੱਟ ਰਹੇ ਹਾਂ। ਧਰਤੀ ਦੇ ਵਾਯੂਮੰਡਲ ਦੇ ਤਾਪਮਾਨ ਦੇ ਇਸ ਤਰ੍ਹਾਂ ਵਧਣ ਦੇ ਵਰਤਾਰੇ ਨੂੰ ਗਰੀਨ ਹਾਊਸ ਪ੍ਰਭਾਵ ਆਖਿਆ ਜਾਂਦਾ ਹੈ। ਕਾਰਬਨਡਾਈਆਕਸਾਈਡ ਜੋ ਸਾਡੇ ਵਾਯੂਮੰਡਲ ਵਿਚ ਹੈ ਅਤੇ ਧਰਤੀ ਦੇ ਤਾਪਮਾਨ ਨੂੰ ਬਨਸਪਤੀ ਤੇ ਜੀਵਾਂ ਦੇ ਰਹਿਣ ਲਈ ਅਨਕੂਲ ਸਥਿਰ ਰੱਖਣ ਲਈ ਧਰਤੀ ਦੀ ਸਤ੍ਹਾ ਤੋਂ ਪ੍ਰਵਰਤਿਤ ਹੋ ਕੇ ਜਾ ਰਹੀ ਊਰਜਾ ਨੂੰ ਆਪਣੇ - ਆਪ ਜਜ਼ਬ ਕਰਦੀ ਹੈ, ਪਰ ਵਾਯੂਮੰਡਲ ਵਿਚ ਇਸ ਗੈਸ ਦਾ ਵਧਣਾ ਖਤਰੇ ਤੋਂ ਖਾਲੀ ਨਹੀਂ। ਵਿਗਿਆਨੀਆਂ ਅਨੁਸਾਰ ਸਾਡੇ ਵਾਯੂਮੰਡਲ ਵਿਚ ਗੈਸਾਂ ਦਾ ਸੰਤੁਲਨ ਪਹਿਲਾਂ ਹੀ ਵਿਗੜ ਚੁੱਕਾ ਹੈ। ਤੀਸਰੀ ਦੁਨੀਆਂ ਦੇ ਦੇਸ਼ਾਂ ਵਿਚ ਖੁਰਾਕ ਤੇ ਰਹਿਣ - ਸਹਿਣ ਦੀਆਂ ਲੋੜਾਂ ਦੀ ਪੂਰਤੀ ਲਈ ਦਿਨੋ-ਦਿਨ ਹੋ ਰਹੀ ਜੰਗਲਾਂ ਦੀ ਕਟਾਈ ਵੀ ਸਾਡੇ ਵਾਯੂਮੰਡਲ ਦੇ ਵਿਗਾੜ ਦਾ ਵੱਡਾ ਕਾਰਨ ਹੈ। ਇੱਥੇ ਹੀ ਬਸ ਨਹੀਂ ਸਾਡੀ ਆਰਥਿਕਤਾ ਨੂੰ ਉੱਪਰ ਲਿਜਾਣ ਲਈ ਲੱਗੀ ਅੰਧਾਧੁੰਦ ਦੌੜ ਨੇ ਵੀ ਵਾਤਾਵਰਣ ਨੂੰ ਕਾਫੀ ਪ੍ਰਦੂਸ਼ਿਤ ਕੀਤਾ ਹੈ, ਪਰ ਦੂਜੇ ਪਾਸੇ ਅਸੀਂ ਪ੍ਰਦੂਸ਼ਣ ਨੂੰ ਰੋਕਣ ਲਈ ਬਿਲਕੁਲ ਬੇਧਿਆਨੇ ਹਾਂ, ਜਿਹੜਾ ਕਿ ਸਾਨੂੰ ਗੰਭੀਰ ਸੰਕਟ ਵੱਲ ਲਿਜਾ ਰਿਹਾ ਹੈ। ਵਾਤਾਵਰਣ ਦੀ ਤੇਜ਼ੀ ਨਾਲ ਵਿਗੜਦੀ ਜਾ ਰਹੀ ਸਥਿਤੀ ਨੂੰ ਸਾਡੀ ਨਾਲੋਂ - ਨਾਲ ਲਗਾਤਾਰ ਵਧਦੀ ਜਾ ਰਹੀ ਵਸੋਂ ਨੇ ਹੋਰ ਵੀ ਗੰਭੀਰ ਬਣਾ ਦਿੱਤਾ ਹੈ। ਇਸ ਵਸੋਂ ਦੀਆਂ ਮੂਲ ਤੇ ਫਜ਼ੂਲ ਲੋੜਾਂ ਪੂਰੀਆਂ ਕਰਨ ਲਈ ਉਦਯੋਗ ਅਤੇ ਖੇਤੀ ਸੈਕਟਰ ਉਤਾਵਲੇ ਹੋ ਰਹੇ ਹਨ, ਕਿਉਂਕਿ ਵਿਅਕਤੀਗਤ ਪੱਧਰ ਉੱਪਰ ਦੌਲਤ ਕਮਾਉਣ ਦੇ ਇਹ ਅਤੀ ਕਾਰਗਰ ਰਾਹ ਹਨ, ਇਸ ਲਈ ਸੰਜਮ ਅਤੇ ਸੰਕੋਚ ਛਿੱਕੇ ਟੰਗੇ ਰਹਿ ਗਏ ਹਨ। ਕੋਇਲੇ, ਤੇਲ ਅਤੇ ਗੈਸ ਬੇਥਹੇ ਵਰਤੇ ਜਾ ਰਹੇ ਹਨ ਅਤੇ ਬਿਜਲੀ ਦੀ ਮੰਗ ਲਗਾਤਾਰ ਵਧਦੀ ਜਾ ਰਹੀ ਹੈ। ਬਿਜਲੀ ਦੀ ਉਪਜ ਲਈ ਵੀ ਅਸੀਮਤ ਹੱਦ ਤੱਕ ਕੋਇਲਾ ਅਤੇ ਡੀਜ਼ਲ ਫੂਕੇ ਜਾ ਰਹੇ ਹਨ। ਇਸ ਸਭ ਕੁੱਝ ਦੇ ਉਪਫਲ ਵਜੋਂ ਕਾਰਬਨ ਵਾਯੂਮੰਡਲ ਅੰਦਰ ਟਨਾਂ ਮੂੰਹੀਂ ਰਚਦੀ ਜਾ ਰਹੀ ਹੈ। ਅੱਜ ਸਥਿਤੀ ਇਹ ਹੈ ਕਿ ਆਏ ਵਰ੍ਹੇ ਸਾਢੇ 4 ਅਰਬ ਟਨ ਕਾਰਬਨਡਾਈਆਕਸਾਈਡ ਵਾਯੂਮੰਡਲ ਅੰਦਰ ਸਮਾਅ ਰਹੀ ਹੈ। ਉਪਜਾਈ ਜਾ ਰਹੀ ਇਸ ਕਾਰਬਨਡਾਈਆਕਸਾਈਡ ਦੇ ਕੁਝ ਭਾਗ ਨੂੰ ਸਾਗਰਾਂ ਅੰਦਰਲੀ ਕਾਈ ਅਤੇ ਅਮਰੀਕਾ ਅਤੇ ਅਫਰੀਕਾ ਦੇ ਵਿਸ਼ਾਲ ਬਿਰਖ-ਵਣ ਆਪਣੇ ਅੰਦਰ ਸਮੋ ਲੈਣ ਦੇ ਯੋਗ ਤਾਂ ਹਨ, ਪਰ ਸਿਤਮ ਇਹ ਵੀ ਹੈ ਕਿ ਸਾਗਰ ਪ੍ਰਦੂਸ਼ਿਤ ਹੋਈ ਜਾ ਰਹੇ ਹਨ ਅਤੇ ਹਜ਼ਾਰਾਂ ਵਰਗ ਕਿਲੋਮੀਟਰ ਪ੍ਰਤੀ ਵਰ੍ਹਾ ਸੁੰਗੜੀ ਜਾ ਰਹੇ ਹਨ। ਅਜਿਹਾ ਕੁਦਰਤੀ ਨਹੀਂ ਸਾਡੇ ਪੈਰੋਂ ਹੋ ਰਿਹਾ ਹੈ, ਜੇਕਰ ਅੱਜ ਅਸੀਂ ਵਾਤਾਵਰਣ ਨੂੰ ਸਵੱਛ ਰੱਖਣ ਲਈ ਗੰਭੀਰ ਨਾ ਹੋਏ ਤਾਂ ਸਾਡਾ ਆਉਣ ਵਾਲਾ ਸਮਾਂ ਕਾਫੀ ਭਿਅੰਕਰ ਹੋਵੇਗਾ।

# ਲਾਈਕਾਂ ਦੀ ਅੰਨ੍ਹੀ ਦੌੜ 'ਚ ਦਾਅ 'ਤੇ ਲੱਗੀ ਮਰਿਆਦਾ



ਰਿਸ਼ੀ ਗੁਲਾਟੀ

ਸੋਸ਼ਲ ਮੀਡੀਆ ਨੇ ਆਮ ਇਨਸਾਨ ਨੂੰ ਆਪਣੀ ਕਲਾ, ਵਿਚਾਰ ਅਤੇ ਨਿੱਜੀ ਜ਼ਿੰਦਗੀ ਦੇ ਪਲ ਦੁਨੀਆਂ ਨਾਲ ਸਾਂਝੇ ਕਰਨ ਲਈ ਅਜਿਹਾ ਮੰਚ ਦਿੱਤਾ ਹੈ, ਜਿਸ ਦੀ ਕੁਝ ਦਹਾਕੇ ਪਹਿਲਾਂ ਕਲਪਨਾ ਕਰਨੀ ਵੀ ਮੁਸ਼ਕਲ ਸੀ। ਹੁਣ ਹਰੇਕ ਨੂੰ ਆਪਣੀ ਗੱਲ ਕਹਿਣ ਦੀ ਖੁੱਲ੍ਹੀ ਆਜ਼ਾਦੀ ਮਿਲ ਗਈ ਹੈ। ਇੱਥੇ ਇੱਕ ਗੰਭੀਰ ਸੁਆਲ ਪੈਦਾ ਹੁੰਦਾ ਹੈ ਕਿ ਕੀ ਹਰ ਗੱਲ, ਘਟਨਾ ਜਾਂ ਨਿੱਜੀ ਪਲਾਂ ਦੀਆਂ ਵੀਡੀਓਜ਼ ਜਨਤਕ ਕਰਨਾ ਸਹੀ ਹੈ?

ਅੱਜ ਫੇਸਬੁਕ, ਇੰਸਟਾਗ੍ਰਾਮ, ਯੂਟਿਊਬ ਅਤੇ ਹੋਰ ਛੋਟੇ-ਵੱਡੇ ਵੀਡੀਓ ਪਲੇਟਫ਼ਾਰਮਾਂ 'ਤੇ ਅਜਿਹੀਆਂ ਅਣਗਿਣਤ ਵੀਡੀਓ ਵੇਖਣ ਨੂੰ ਮਿਲਦੀਆਂ ਹਨ, ਜਿਨ੍ਹਾਂ ਵਿੱਚ ਛੋਟੀਆਂ ਬੱਚੀਆਂ ਫ਼ਿਲਮੀ ਗਾਣਿਆਂ 'ਤੇ ਡਾਂਸ ਕਰ ਰਹੀਆਂ ਹੁੰਦੀਆਂ ਹਨ। ਬੱਚੇ ਦਾ ਨੱਚਣਾ, ਗਾਉਣਾ ਜਾਂ ਆਪਣੀ ਕਲਾ ਵਿਖਾਉਣਾ ਉਸ ਦੇ ਵਿਕਾਸ ਅਤੇ ਆਤਮ-ਵਿਸ਼ਵਾਸ ਲਈ ਬਹੁਤ ਵਧੀਆ ਹੋ ਸਕਦਾ ਹੈ। ਚਿੰਤਾ ਉਦੋਂ ਸ਼ੁਰੂ ਹੁੰਦੀ ਹੈ, ਜਦੋਂ ਬੱਚੇ ਦੀ ਉਮਰ ਦੇ ਹਿਸਾਬ ਨਾਲ ਅਣਉਚਿਤ ਗੀਤ ਜਾਂ ਬਾਲਗ਼ਾਂ ਵਰਗੇ ਹਾਵ-ਭਾਵ ਉਸ ਤੋਂ ਵਾਰ-ਵਾਰ ਕਰਵਾਏ ਜਾਂਦੇ ਹਨ।

ਇੱਥੇ ਵੀਡੀਓ ਵਿੱਚ ਡਾਂਸ ਕਰ ਰਹੀ ਬੱਚੀ ਨੂੰ ਦੋਸ਼ ਦੇਣਾ ਸਭ ਤੋਂ ਵੱਡੀ ਗ਼ਲਤੀ ਹੋਵੇਗੀ। ਕੋਈ ਵੀ ਬੱਚਾ ਉਹੀ ਕੁਝ ਕਰਦਾ ਹੈ, ਜੋ ਉਹ ਸਕਰੀਨ 'ਤੇ ਵੇਖਦਾ ਹੈ, ਜਿਸ ਦੀ ਵੱਡੇ ਪ੍ਰਸੰਸਾ ਕਰਦੇ ਹਨ ਜਾਂ ਜਿਸ ਕਾਰਜ ਲਈ ਉਸ ਨੂੰ ਤਾੜੀਆਂ ਅਤੇ ਸ਼ਾਬਾਸ਼ੀ ਮਿਲਦੀ ਹੈ। ਬਹੁਤ ਸਾਰੇ ਲੋਕ ਬੱਚੀਆਂ ਦੇ ਅਜਿਹੇ (ਭੜਕਾਊ) ਡਾਂਸ ਵੇਖ ਕੇ ਉਨ੍ਹਾਂ ਬਾਰੇ ਅਪਮਾਨਜਨਕ ਕੁਮੈਂਟ ਵੀ ਕਰਦੇ ਹਨ। ਸਮਝਣਾ ਪਵੇਗਾ ਕਿ ਇੱਥੇ ਜ਼ਿੰਮੇਵਾਰੀ ਉਸ ਬੱਚੀ ਦੀ ਨਹੀਂ, ਬਲਕਿ ਉਸ ਦੇ ਮਾਪਿਆਂ ਦੀ ਬਣਦੀ ਹੈ। ਹੱਦ ਤਾਂ ਉਦੋਂ ਹੋ ਜਾਂਦੀ ਹੈ, ਜਦੋਂ ਦਰਸ਼ਕਾਂ ਦੁਆਰਾ ਟਿੱਪਣੀਆਂ ਕਰਨ 'ਤੇ ਮਾਪੇ ਆਪਣੀਆਂ ਮਾਸੂਮ ਬੱਚੀਆਂ ਦੇ (ਭੜਕਾਊ) ਡਾਂਸ 'ਤੇ ਰੋਕ ਲਗਾਉਣ ਦੀ ਬਜਾਏ ਦਰਸ਼ਕਾਂ ਦੇ ਗਲ ਪੈਣ ਤੱਕ ਜਾਂਦੇ ਹਨ।

ਮਾਪਿਆਂ ਵੱਲੋਂ ਆਪਣੇ ਬੱਚਿਆਂ ਦੀਆਂ ਤਸਵੀਰਾਂ, ਵੀਡੀਓ ਜਾਂ ਹੋਰ ਜਾਣਕਾਰੀਆਂ ਲਗਾਤਾਰ ਸਾਂਝੀਆਂ ਕਰਨ ਦੇ ਰੁਝਾਨ ਨੂੰ ਸ਼ੇਅਰੈਂਟਿੰਗ ਕਿਹਾ ਜਾਂਦਾ ਹੈ। ਸੋਸ਼ਲ ਮੀਡੀਆ 'ਤੇ ਬਹੁਤ ਸਾਰੇ ਬੱਚੇ ਹੋਰਨਾਂ ਨਾਲ ਅਪਮਾਨਜਨਕ ਵਿਹਾਰ ਕਰਦੇ ਜਾਂ ਗਾਲ੍ਹਾਂ ਕੱਢਦੇ ਵੀ ਦਿਖਾਈ ਦਿੰਦੇ ਹਨ। ਅੱਜ ਤਾਂ ਉਨ੍ਹਾਂ ਦੇ ਮਾਪੇ ਇਹਨਾਂ ਹੋਛੀਆਂ ਹਰਕਤਾਂ ਨੂੰ 'ਲੋਕਾਂ ਵਿੱਚ ਹਾਸਾ ਪੈਦਾ ਕਰਨ ਦਾ ਬਹੁਤ ਵੱਡਾ ਕਾਰਨ' ਸਮਝ ਕੇ ਕੇਵਲ ਲਾਈਕਾਂ ਦੀ ਦੌੜ ਵਿੱਚ ਲੱਗੇ ਹੋਏ ਹਨ, ਪਰ ਇਹ ਵੀਡੀਓ ਜਿਸ 'ਤੇ ਅੱਜ ਮਾਣ ਮਹਿਸੂਸ ਕੀਤਾ ਜਾ ਰਿਹਾ ਹੈ, ਦਸ ਜਾਂ ਪੰਦਰਾਂ ਸਾਲਾਂ ਬਾਅਦ ਉਸ ਬੱਚੇ ਲਈ ਸ਼ਰਮਿੰਦਗੀ, ਪ੍ਰੇਸ਼ਾਨੀ ਜਾਂ ਬੇਚੈਨੀ ਦਾ ਕਾਰਨ ਤਾਂ ਨਹੀਂ ਬਣ ਜਾਵੇਗੀ?

ਇਸ ਸਾਰੇ ਮਾਮਲੇ ਦਾ ਇੱਕ ਹੋਰ ਵੱਡਾ ਪੱਖ ਆਰਥਿਕ ਲਾਭ ਨਾਲ ਵੀ ਜੁੜਿਆ ਹੋਇਆ ਹੈ। ਬਹੁਤ ਸਾਰੀਆਂ ਵੀਡੀਓਜ਼ ਵਿੱਚ ਮਾਪੇ ਵਿਚਾਰੇ ਬਣ ਕੇ, ਹੱਥ ਜੋੜ ਬੇਨਤੀਆਂ ਕਰਦੇ ਵੀ ਨਜ਼ਰੀਂ ਪੈਂਦੇ ਹਨ ਕਿ ਸਾਡੀ ਵੀਡੀਓ ਨੂੰ ਸਪੋਰਟ ਕਰੋ, ਲਾਈਕ ਕਰੋ, ਸ਼ੇਅਰ ਕਰੋ, ਕਿਉਂ ਜੋ ਅਸੀਂ ਵੀਡੀਓ ਬਣਾਉਣ ਲਈ ਬਹੁਤ ਮਿਹਨਤ ਕਰਦੇ ਹਾਂ। ਕਿਸੇ ਪਰਵਾਰ ਦਾ ਆਪਣੇ ਬੱਚੇ ਦੀ ਕਲਾ ਲਈ ਸਮਰਥਨ ਮੰਗਣਾ ਗ਼ਲਤ ਨਹੀਂ, ਪਰ ਜਦੋਂ ਇਹ ਕੰਮ ਘਰ ਦੀ ਆਮਦਨ ਦਾ ਮੁੱਖ ਸਾਧਨ ਬਣ ਜਾਵੇ ਤਾਂ ਇੱਕ ਨੈਤਿਕ ਸਵਾਲ ਜ਼ਰੂਰ ਪੈਦਾ ਹੁੰਦਾ ਹੈ, 'ਕੀ ਮਾਪੇ ਬੱਚੇ ਦੀ ਪ੍ਰਤਿਭਾ ਨੂੰ ਉਤਸ਼ਾਹਤ ਕਰ ਰਹੇ ਹਨ ਜਾਂ ਸਿਰਫ਼ ਪੈਸੇ ਇਕੱਠੇ ਕਰਨ ਲਈ ਉਸ ਦੀ ਮਾਸੂਮੀਅਤ ਨੂੰ ਵਰਤ ਰਹੇ ਹਨ?'

ਭਾਰਤ ਦੇ ਰਾਸ਼ਟਰੀ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਨੇ 2023 ਦੇ ਦਿਸ਼ਾ-ਨਿਰਦੇਸ਼ਾਂ ਵਿੱਚ ਸਪੱਸ਼ਟ ਦਰਜ ਕੀਤਾ ਹੈ ਕਿ ਤਕਨੀਕ ਅਤੇ ਸੋਸ਼ਲ ਮੀਡੀਆ ਦੇ ਵਿਕਾਸ ਨਾਲ ਮਾਪੇ ਕਮਾਈ ਲਈ ਬੱਚਿਆਂ ਨੂੰ ਵਰਤ ਰਹੇ ਹਨ। ਕਮਿਸ਼ਨ ਨੇ ਇਸ ਲਈ ਖਾਸ ਨਿਯਮ ਵੀ ਬਣਾਏ ਹਨ, ਜਿਸ ਤੋਂ ਇਹ ਸਪੱਸ਼ਟ ਹੋ ਜਾਂਦਾ ਹੈ ਇਹ ਹੁਣ ਕੇਵਲ ਇੱਕ ਨੈਤਿਕ ਚਰਚਾ ਨਹੀਂ ਰਹੀ, ਬਾਲ ਸੁਰੱਖਿਆ ਸੰਸਥਾਵਾਂ ਵੀ ਇਸ ਨੂੰ ਗੰਭੀਰਤਾ ਨਾਲ ਲੈ ਰਹੀਆਂ ਹਨ।

ਇਹ ਸਮੱਸਿਆ ਕੇਵਲ ਬੱਚਿਆਂ ਤੱਕ ਹੀ ਸੀਮਿਤ ਨਹੀਂ ਹੈ। ਸੋਸ਼ਲ ਮੀਡੀਆ 'ਤੇ ਇਸ ਦਾ ਇੱਕ ਹੋਰ ਕੋਝਾ ਰੂਪ ਬਜ਼ੁਰਗ ਮਾਪਿਆਂ ਨੂੰ ਮਨੋਰੰਜਨ ਦਾ ਸਾਧਨ ਬਣਾਉਣ ਵਾਲੀਆਂ ਵੀਡੀਓਜ਼ ਵਿੱਚ ਵੇਖਿਆ ਜਾ ਸਕਦਾ ਹੈ। ਇਹ ਉਹ (ਕਮਜ਼ੋਰ) ਪਰਵਾਰਕ ਮੈਂਬਰ ਹੁੰਦੇ ਹਨ, ਜਿਨ੍ਹਾਂ ਦੀ ਨਿੱਜਤਾ ਬਾਰੇ ਹੋਰ ਪਰਵਾਰਕ ਮੈਂਬਰ ਫੈਸਲਾ ਕਰਨ ਲੱਗ ਪੈਂਦੇ ਹਨ। ਇਨ੍ਹਾਂ ਵੀਡੀਓਜ਼ ਵਿੱਚ ਘਰ ਦੇ ਬਜ਼ੁਰਗਾਂ ਨੂੰ ਜਾਣਬੁੱਝ ਕੇ ਤੰਗ-ਪ੍ਰੇਸ਼ਾਨ ਕੀਤਾ ਜਾਂਦਾ ਹੈ, ਉਨ੍ਹਾਂ ਨਾਲ ਮਜ਼ਾਕ ਕੀਤਾ ਜਾਂਦਾ ਹੈ। ਉਨ੍ਹਾਂ ਨੂੰ ਏਨਾ ਚਿੜਾਇਆ ਜਾਂਦਾ ਹੈ ਕਿ ਉਹ ਗੁੱਸੇ ਵਿੱਚ ਆ ਕੇ ਗਾਲ੍ਹਾਂ ਕੱਢਦੇ ਹਨ ਜਾਂ ਤਿੱਖੀ ਪ੍ਰਤੀਕਿਰਿਆ ਦਿੰਦੇ ਹਨ। ਫਿਰ ਉਸ ਪ੍ਰਤੀਕਿਰਿਆ ਨੂੰ ਰੀਲ੍ਹਾਂ ਦੇ ਰੂਪ ਵਿੱਚ ਸੋਸ਼ਲ ਮੀਡੀਆ 'ਤੇ ਵਿਖਾਇਆ ਜਾਂਦਾ ਹੈ। ਦਰਸ਼ਕ ਇਸ ਦਾ ਆਨੰਦ ਉਠਾਉਂਦੇ ਹਨ ਅਤੇ ਲਾਈਕ ਤੇ ਕੁਮੈਂਟ ਆਉਂਦੇ ਹਨ, ਪਰ ਸਵਾਲ ਇਹ ਹੈ ਕਿ ਜਿਸ ਬਜ਼ੁਰਗ ਦੀ ਬੇਇੱਜ਼ਤੀ 'ਤੇ ਲੋਕ ਹੱਸ ਰਹੇ ਹਨ, ਕੀ ਉਸ ਨੇ ਇਸ ਮਨੋਰੰਜਨ ਲਈ ਸਹਿਮਤੀ ਦਿੱਤੀ ਸੀ?

ਪਰਵਾਰਕ ਰਿਸ਼ਤਾ ਹੋਣ ਦਾ ਭਾਵ ਇਹ ਨਹੀਂ ਹੁੰਦਾ ਕਿ ਉਸ ਦੀ ਨਿੱਜਤਾ ਦੀ ਉਲੰਘਣਾ ਜਾਂ ਮਜ਼ਾਕ ਉਡਾਇਆ ਜਾਵੇ। ਬਜ਼ੁਰਗ ਹੋਣ ਨਾਲ ਕਿਸੇ ਵਿਅਕਤੀ ਦਾ ਆਪਣੇ ਆਪ ਬਾਰੇ ਫੈਸਲਾ ਲੈਣ ਦਾ ਹੱਕ ਖ਼ਤਮ ਨਹੀਂ ਹੋ ਜਾਂਦਾ। ਜੇਕਰ ਵਿਅਕਤੀ ਕਿਸੇ ਬੌਧਿਕ ਕਮਜ਼ੋਰੀ ਜਾਂ ਸਿਹਤ ਸੰਬੰਧੀ ਮੁਸ਼ਕਲ ਵਿੱਚੋਂ ਲੰਘ ਰਿਹਾ ਹੋਵੇ ਤਾਂ ਉਸ ਦੀ ਨਿੱਜਤਾ ਅਤੇ ਮਾਣ-ਮਰਿਆਦਾ ਦੀ ਰੱਖਿਆ ਕਰਨੀ ਹੋਰ ਵੀ ਮਹੱਤਵਪੂਰਨ ਹੋ ਜਾਂਦੀ ਹੈ। ਬਹੁਤ ਸਾਰੇ ਪਰਵਾਰਾਂ 'ਚ ਆਪਸੀ ਹਾਸਾ-ਮਜ਼ਾਕ ਪਿਆਰ ਦਾ ਇੱਕ ਹਿੱਸਾ ਹੁੰਦਾ ਹੈ। ਹਰ ਮਜ਼ਾਕ ਬੁਰਾ ਨਹੀਂ ਹੁੰਦਾ, ਪਰ ਜਦੋਂ ਕਿਸੇ ਦੀ ਪ੍ਰੇਸ਼ਾਨੀ ਨੂੰ ਮਨੋਰੰਜਨ ਬਣਾਇਆ ਜਾਵੇ, ਉਸ ਦੀ ਇਜਾਜ਼ਤ ਤੋਂ ਬਿਨਾਂ ਉਸ ਦੀ ਅਪਮਾਨਜਨਕ ਪ੍ਰਤੀਕਿਰਿਆ ਜਨਤਕ ਕੀਤੀ ਜਾਵੇ ਤਾਂ ਇਹ ਕੇਵਲ ਮਜ਼ਾਕ ਨਹੀਂ ਰਹਿੰਦਾ। ਅਜਿਹਾ ਕੁਝ ਕਰਨ ਵੇਲੇ ਬਜ਼ੁਰਗਾਂ ਦੀ ਮਨੋਵਿਗਿਆਨਕ ਹਾਨੀ ਬਾਰੇ ਕੌਣ ਵਿਚਾਰਦਾ ਹੈ?

ਵਿਸ਼ਵ ਸਿਹਤ ਸੰਗਠਨ ਅਨੁਸਾਰ ਜੇਕਰ ਕੋਈ ਬਜ਼ੁਰਗ ਨੂੰ ਦਿਮਾਗ਼ੀ ਤੌਰ 'ਤੇ ਪ੍ਰੇਸ਼ਾਨ ਕਰੇ, ਉਸ ਦੀ ਬੇਇੱਜ਼ਤੀ ਕਰੇ ਜਾਂ ਉਸ ਦੇ ਮਾਣ-ਸਨਮਾਨ ਨੂੰ ਠੇਸ ਪਹੁੰਚਾਏ ਤਾਂ ਇਹ 'ਬਜ਼ੁਰਗਾਂ ਨਾਲ ਬੁਰੇ ਵਿਹਾਰ' ਦੇ ਦਾਇਰੇ ਵਿੱਚ ਆ ਸਕਦਾ ਹੈ। ਇੱਥੋਂ ਹੀ ਸੋਸ਼ਲ ਮੀਡੀਆ ਦਾ ਇੱਕ ਖ਼ਤਰਨਾਕ ਮਨੋਵਿਗਿਆਨਕ ਬਦਲਾਅ ਸ਼ੁਰੂ ਹੁੰਦਾ ਹੈ, ਜਿੱਥੇ ਇਨਸਾਨ ਨਾਲ ਰਿਸ਼ਤਾ ਹੌਲੀ-ਹੌਲੀ ਕੰਟੈਂਟ ਵਿੱਚ ਬਦਲ ਜਾਂਦਾ ਹੈ।

ਬੇਸ਼ੱਕ ਹਰ ਇਨਸਾਨ ਨੂੰ ਆਪਣੀ ਜੀਵਨ-ਸ਼ੈਲੀ ਦਾ ਫੈਸਲਾ ਕਰਨ ਦਾ ਪੂਰਾ ਅਧਿਕਾਰ ਹੈ, ਪਰ ਜਦੋਂ ਸਿਰਫ਼ ਪ੍ਰਸਿੱਧੀ ਅਤੇ ਆਰਥਿਕ ਲਾਭ ਲਈ ਅਸ਼ਲੀਲ ਸਮੱਗਰੀ ਨੂੰ ਵਾਰ-ਵਾਰ ਪਰੋਸਿਆ ਜਾਂਦਾ ਹੈ ਤਾਂ ਇਸ ਦਾ ਪ੍ਰਭਾਵ ਪੂਰੇ ਸੋਸ਼ਲ ਮੀਡੀਆ ਦੇ ਮਾਹੌਲ 'ਤੇ ਪੈਂਦਾ ਹੈ ਅਤੇ ਸਮਾਜਿਕ ਮਾਨਤਾਵਾਂ ਅਤੇ ਮਰਿਆਦਾ ਨੂੰ ਵੀ ਅੱਖੋਂ-ਪਰੋਖੇ ਕਰਨਾ ਸਹੀ ਨਹੀਂ ਜਾਪਦਾ। ਜਦੋਂ ਅਜਿਹੀਆਂ ਵੀਡੀਓਜ਼ ਛੋਟੇ ਬੱਚਿਆਂ ਦੇ ਸਾਹਮਣੇ ਆਉਂਦੀਆਂ ਹਨ ਤਾਂ ਉਨ੍ਹਾਂ ਦੇ ਮਾਸੂਮ ਮਨਾਂ 'ਤੇ ਰਿਸ਼ਤਿਆਂ, ਸਰੀਰਕ ਬਣਤਰ ਅਤੇ ਪ੍ਰਸਿੱਧੀ ਨੂੰ ਲੈ ਕੇ ਗ਼ਲਤ ਅਸਰ ਪੈ ਸਕਦਾ ਹੈ।

ਇੱਥੇ ਦਰਸ਼ਕਾਂ ਦੀ ਜ਼ਿੰਮੇਵਾਰੀ ਨੂੰ ਵੀ ਅੱਖੋਂ-ਪਰੋਖਾ ਨਹੀਂ ਕੀਤਾ ਜਾ ਸਕਦਾ। ਸੋਸ਼ਲ ਮੀਡੀਆ 'ਤੇ ਕਿਸੇ ਵੀ ਵੀਡੀਓ ਜਾਂ ਫੋਟੋ ਨੂੰ ਵਾਇਰਲ ਕਰਨ 'ਚ ਕੇਵਲ ਉਸ ਨੂੰ ਬਣਾਉਣ ਜਾਂ ਅਪਲੋਡ ਕਰਨ ਵਾਲਿਆਂ ਦੀ ਹੀ ਨਹੀਂ, ਬਲਕਿ ਉਸ ਸਮੱਗਰੀ ਨੂੰ ਵੇਖਣ, ਪਸੰਦ ਕਰਨ, ਟਿੱਪਣੀ ਕਰਨ ਅਤੇ ਅੱਗੇ ਸ਼ੇਅਰ ਕਰਨ ਵਾਲਿਆਂ ਦੀ ਵੀ ਵੱਡੀ ਭੂਮਿਕਾ ਹੁੰਦੀ ਹੈ। ਇਸ ਲਈ ਨਬਾਲਗ਼ ਬੱਚਿਆਂ ਦੀਆਂ ਵੀਡੀਓਜ਼ 'ਤੇ ਉਨ੍ਹਾਂ ਦੇ ਸਰੀਰ, ਦਿੱਖ ਜਾਂ ਚਰਿੱਤਰ ਨਾਲ ਸੰਬੰਧਤ ਅਪਮਾਨਜਨਕ ਜਾਂ ਅਣਉਚਿਤ ਟਿੱਪਣੀਆਂ ਕਰਨ ਤੋਂ ਪਰਹੇਜ਼ ਕਰਨਾ ਚਾਹੀਦਾ ਹੈ।

ਚੇਤੇ ਰਹੇ ਕਿ ਕੈਮਰੇ ਸਾਹਮਣੇ ਖੜ੍ਹਾ ਵਿਅਕਤੀ ਸੋਸ਼ਲ ਮੀਡੀਆ ਦੀ ਸਮੱਗਰੀ ਦਾ ਇੱਕ ਸਾਧਨ ਨਹੀਂ, ਬਲਕਿ ਇੱਕ ਪਰਿਵਾਰਕ ਮੈਂਬਰ ਹੈ। ਰਿਸ਼ਤਿਆਂ ਵਿੱਚ ਅਸਲ ਸਫ਼ਲਤਾ ਬਚਪਨ ਦੇ ਸੁਰੱਖਿਅਤ ਰਹਿਣ ਅਤੇ ਬਜ਼ੁਰਗਾਂ ਦੀ ਇੱਜ਼ਤ ਕਾਇਮ ਰਹਿਣ ਵਿੱਚ ਹੀ ਹੈ। ਇਹ ਵਿਚਾਰਨਾ ਬਣਦਾ ਹੈ ਕਿ ਲਾਈਕਾਂ ਅਤੇ ਕਮਾਈ ਦੀ ਇਸ ਅੰਨ੍ਹੀ ਦੌੜ ਵਿੱਚ ਸਮਾਜਿਕ ਜ਼ਿੰਮੇਵਾਰੀ ਅਤੇ ਇਨਸਾਨੀ ਮਰਿਆਦਾ ਕਿੱਥੇ ਗੁਆਚ ਰਹੀ ਹੈ? ਯਕੀਨਨ, ਸਮਾਜ ਨੂੰ ਇਨ੍ਹਾਂ ਮਾਪਦੰਡਾਂ ਨੂੰ ਮੁੜ ਵਿਚਾਰਨ ਦੀ ਲੋੜ ਹੈ।

# ਸੰਪਰਕ +61 433 442 722,
ਐਡੀਲੇਡ (ਆਸਟ੍ਰੇਲੀਆ)

# ਇੰਡੀਆ ਗੱਠਜੋੜ ਨਾਲ ਸੰਬੰਧਤ ਧਿਰਾਂ ਵੱਲੋਂ ਗਿਆਨੇਸ਼ ਦਾ ਪੁਤਲਾ ਫੂਕ ਪ੍ਰਦਰਸ਼ਨ

## ■ ਮੋਦੀ, ਸ਼ਾਹ ਤੇ ਗਿਆਨੇਸ਼ ਸੰਵਿਧਾਨ ਤੇ ਲੋਕਤੰਤਰ ਦੇ ਕਾਤਲ : ਆਗੂ






**ਮੋਗਾ (ਇਕਬਾਲ ਸਿੰਘ ਖਹਿਰਾ)**-ਨਰਿੰਦਰ ਮੋਦੀ ਤੇ ਅਮਿਤ ਸ਼ਾਹ ਦੇਸ਼ ਨੂੰ ਬਰਬਾਦੀ ਦੇ ਰਾਹ ਲੈ ਕੇ ਜਾ ਰਹੇ ਹਨ ਤੇ ਇਨ੍ਹਾਂ ਵੱਲੋਂ ਦੇਸ਼ ਦੀਆਂ ਸੰਵਿਧਾਨਕ ਸੰਸਥਾਵਾਂ ਜਿਵੇਂ ਸੁਪਰੀਮ ਕੋਰਟ, ਇਲੈਕਸ਼ਨ ਕਮਿਸ਼ਨ ਆਦਿ ਨੂੰ ਬੰਧਕ ਬਣਾ ਕੇ ਮਨਮਰਜ਼ੀ ਦੇ ਫੈਸਲੇ ਕਰਵਾਏ ਜਾ ਰਹੇ ਹਨ ਤੇ ਦੇਸ਼ ਨੂੰ ਤਾਨਾਸ਼ਾਹੀ ਵੱਲ ਧੱਕਿਆ ਜਾ ਰਿਹਾ ਹੈ, ਜਿਸ ਨੂੰ ਦੇਸ਼ ਦੇ ਲੋਕ ਕਦੇ ਪ੍ਰਵਾਨ ਨਹੀਂ ਕਰਨਗੇ।ਇਸੇ ਕਰਕੇ ਅੱਜ ਕਰੋੜਾਂ ਲੋਕ ਸੜਕਾਂ 'ਤੇ ਆ ਚੁੱਕੇ ਹਨ ਤੇ 10 ਅਕਤੂਬਰ ਨੂੰ ਦੇਸ਼ ਦੇ ਨੌਜਵਾਨਾਂ ਦੀ ਅਗਵਾਈ ਵਿੱਚ ਦਿੱਲੀ ਦੀਆਂ ਸੜਕਾਂ 'ਤੇ ਕ੍ਰਾਂਤੀਕਾਰੀ ਇਤਿਹਾਸ ਸਿਰਜਿਆ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਇੰਡੀਆ ਗੱਠਜੋੜ ਨਾਲ ਸੰਬੰਧਤ ਰਾਜਨੀਤਕ ਪਾਰਟੀਆਂ ਤੇ ਸਿਵਲ ਸੁਸਾਇਟੀ ਮੋਗਾ ਦੇ ਆਗੂਆਂ ਹਰੀ ਸਿੰਘ ਖਾਈ, ਕੁਲਦੀਪ ਸਿੰਘ ਭੋਲਾ, ਸੁਰਜੀਤ ਸਿੰਘ ਗਗੜਾ ਤੇ ਪ੍ਰੀਤੀ ਤਿਆਗੀ ਵੱਲੋਂ ਵੀਰਵਾਰ ਮੋਗਾ ਸ਼ਹਿਰ ਵਿੱਚ ਆਯੋਜਿਤ ਕੀਤੇ ਗਏ ਲਾਮਿਸਾਲ ਰੋਸ ਪ੍ਰਦਰਸ਼ਨ ਵਿੱਚ ਆਪਣੇ ਸੰਬੋਧਨ ਦੌਰਾਨ ਕੀਤਾ ਗਿਆ।ਉਨ੍ਹਾਂ ਕਿਹਾ ਕਿ ਗਿਆਨੇਸ਼ ਕੁਮਾਰ ਤੁਰੰਤ ਅਸਤੀਫਾ ਦੇਵੇ, ਚੋਣ ਕਮਿਸ਼ਨਰ ਨੂੰ ਚੁਣਨ ਦੀ ਪਹਿਲੀ ਪ੍ਰਕਿਰਿਆ ਬਹਾਲ ਕੀਤੀ ਜਾਵੇ, ਐੱਸ ਆਈ ਆਰ ਰੱਦ ਕੀਤੀ ਜਾਵੇ।ਨਹਿਰੂ ਪਾਰਕ (ਸ਼ਹੀਦੀ ਪਾਰਕ) ਮੋਗਾ ਵਿਖੇ ਜ਼ਿਲ੍ਹਾ ਕਾਂਗਰਸ ਮੋਗਾ, ਸੀ ਪੀ ਆਈ, ਸੀ ਪੀ ਐੱਮ ਤੇ ਸਿਵਲ ਸੁਸਾਇਟੀ ਮੋਗਾ ਵੱਲੋਂ ਇੱਕ ਵਿਸ਼ਾਲ ਇਕੱਤਰਤਾ ਕੀਤੀ ਗਈ, ਜਿਸ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਲੋਕਾਂ ਨੇ ਆਪਣੇ ਹੱਥਾਂ ਵਿੱਚ ਤਿਰੰਗੇ ਝੰਡੇ, ਬੈਨਰ ਤੇ ਤਖਤੀਆਂ ਫੜੀਆਂ ਹੋਈਆਂ ਸਨ ਤੇ ਲੋਕਾਂ ਦੇ ਚਿਹਰਿਆਂ 'ਤੇ ਕੇਂਦਰ ਸਰਕਾਰ ਦੇ ਤਾਨਾਸ਼ਾਹ ਰਵੱਈਏ ਖਿਲਾਫ ਰੋਹ ਸਾਫ ਦਿਖਾਈ ਦੇ ਰਿਹਾ ਸੀ।ਸੈਂਕੜੇ ਲੋਕਾਂ ਦਾ ਕਾਫਲਾ ਇੱਥੋਂ ਮੇਨ ਚੌਕ ਮੋਗਾ ਵੱਲ ਰਵਾਨਾ ਹੋਇਆ ਤੇ ਰਸਤੇ ਵਿੱਚ ਉਨ੍ਹਾਂ ਵੱਲੋਂ ਚੋਣ ਕਮਿਸ਼ਨ ਤੇ ਕੇਂਦਰ ਸਰਕਾਰ ਖਿਲਾਫ ਰੋਹ ਭਰਪੂਰ ਨਾਅਰੇ ਲਗਾਏ ਜਾ ਰਹੇ ਸਨ।ਕਰੀਬ ਡੇਢ ਕਿਲੋਮੀਟਰ ਦਾ ਪੈਂਡਾ ਤੈਅ ਕਰਕੇ ਇਹ ਰੋਹ ਮਾਰਚ ਮੇਨ ਚੌਕ ਮੋਗਾ ਪਹੁੰਚਿਆ, ਜਿੱਥੇ ਨਾਅਰਿਆਂ ਦੀ ਗੂੰਜ ਵਿੱਚ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਸਿਵਲ ਸੁਸਾਇਟੀ ਮੋਗਾ ਦੇ ਆਗੂ ਮਹਿੰਦਰ ਪਾਲ ਲੂੰਬਾ ਵੱਲੋਂ ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਕਾਂਗਰਸ, ਸੀ ਪੀ ਆਈ, ਸੀ ਪੀ ਐੱਮ ਦਾ ਰੋਸ ਪ੍ਰਦਰਸ਼ਨ ਨੂੰ ਸਫਲ ਬਣਾਉਣ ਲਈ ਧੰਨਵਾਦ ਕੀਤਾ ਅਤੇ ਸਭ ਨੂੰ ਅਪੀਲ ਕੀਤੀ ਕਿ ਜੋ ਲੋਕ 10 ਅਕਤੂਬਰ ਨੂੰ ਜੰਤਰ ਮੰਤਰ ਦਿੱਲੀ ਪਹੁੰਚ ਸਕਦੇ ਹਨ, ਉਹ ਜ਼ਰੂਰ ਜਾਣ ਤੇ ਇਸ ਇਤਿਹਾਸਕ ਅੰਦੋਲਨ ਦਾ ਹਿੱਸਾ ਬਨਣ।

ਇਸ ਮੌਕੇ ਉਕਤ ਤੋਂ ਇਲਾਵਾ ਕਾਂਗਰਸੀ ਆਗੂ ਡਾ ਮਾਲਤੀ ਥਾਪਰ, ਮਾਲਵਿਕਾ ਸੂਦ ਸੱਚਰ, ਵਿਨੋਦ ਬਾਂਸਲ, ਸਾਥੀ ਵਿਜੇ ਕੁਮਾਰ, ਲਾਭ ਸਿੰਘ ਆਹਲੂਵਾਲੀਆ, ਪਰਮਿੰਦਰ ਡਿੰਪਲ, ਡਾ. ਪਵਨ ਬਾਂਸਲ, ਉਪਿੰਦਰ ਸਿੰਘ ਗਿੱਲ, ਜਗਸੀਰ ਸਿੰਘ ਕਾਲੇਕੇ, ਕਰਨਲ ਬਾਬੂ ਸਿੰਘ, ਸੀ ਪੀ ਆਈ ਆਗੂ ਕਾਮਰੇਡ ਜਗਜੀਤ ਸਿੰਘ ਧੂੜਕੋਟ, ਸ਼ੇਰ ਸਿੰਘ ਸਰਪੰਚ, ਗੁਰਦਿੱਤ ਸਿੰਘ ਦੀਨਾ, ਗੁਰਮੀਤ ਸਿੰਘ ਵਾਂਦਰ, ਡਾ. ਇੰਦਰਵੀਰ ਗਿੱਲ ਮਹਿੰਦਰ ਸਿੰਘ ਧੂੜਕੋਟ, ਇੰਜ. ਸਵਰਨ ਸਿੰਘ ਖੋਸਾ, ਸਿਕੰਦਰ ਸਿੰਘ ਮਧੇਕੇ, ਮੁਕੰਦ ਸਿੰਘ ਕੁੱਸਾ, ਗੁਰਨਾਮ ਸਿੰਘ ਮਾਹਲਾ, ਜਗਸੀਰ ਸਿੰਘ ਖੋਸਾ, ਕਾ. ਜਸਪ੍ਰੀਤ ਕੌਰ ਬੱਧਨੀ, ਸੀ ਪੀ ਐੱਮ ਤੋਂ ਸਚਿਨ ਵਡੇਰਾ, ਰਾਮ ਕਿਸ਼ਨ, ਹਰਦੇਵ ਸਿੰਘ ਬੱਡੂਵਾਲ, ਸੁਖਦੇਵ ਸਿੰਘ, ਮੇਜਰ ਸਿੰਘ ਚਾਹਲ ਤੇ ਗੁਰਿੰਦਰ ਸਿੰਘ, ਸਿਵਲ ਸੁਸਾਇਟੀ ਮੋਗਾ ਤੋਂ ਮਨਿੰਦਰ ਸਿੰਘ ਬੇਦੀ, ਅਮਰਦੀਪ ਅਨੇਜਾ, ਪ੍ਰਿਤਪਾਲ ਸਿੰਘ ਲੱਕੀ, ਤੇਜਾ ਸਿੰਘ ਬਰਾੜ ਆਦਿ ਹਾਜ਼ਰ ਸਨ।

**ਸਿਰਸਾ (ਸੁਰਿੰਦਰ ਪਾਲ ਸਿੰਘ)** : ਸਿਰਸਾ 'ਚ ਸਾਬਕਾ ਮੰਤਰੀ ਚੌਧਰੀ ਵਰਿੰਦਰ ਸਿੰਘ ਦੀ ਅਗਵਾਈ 'ਚ ਕਾਂਗਰਸ ਨੇ ਵੋਟ ਚੋਰੀ ਦੇ ਵਿਰੋਧ ਵਿੱਚ ਜ਼ਬਰਦਸਤ ਰੋਸ ਪ੍ਰਦਰਸ਼ਨ ਕੀਤਾ। ਸਾਬਕਾ ਮੰਤਰੀ ਨੇ ਕਿਹਾ ਕਿ ਭਾਜਪਾ ਸਰਕਾਰ ਤੇ ਮੁੱਖ ਚੋਣ ਕਮਿਸ਼ਨਰ ਵਿਰੁੱਧ ਜੰਤਾ 'ਚ ਗੁੱਸਾ ਹੈ।

ਸਥਾਨਕ ਕਾਂਗਰਸੀ ਵਿਧਾਇਕ ਗੋਕੁਲ ਸੇਤੀਆ ਦੀ ਗੈਰ-ਹਾਜ਼ਰੀ ਤੇ ਸਾਬਕਾ ਮੰਤਰੀ ਨੇ ਕਿਹਾ ਕਿ ਜੋ ਕਾਂਗਰਸ ਦੇ ਨਾਲ ਹਨ ਉਹ ਸਾਰੇ ਆਏ ਹਨ। ਜੋ ਕਾਂਗਰਸ ਦੇ ਨਾਲ ਨਹੀਂ, ਉਹ ਨਹੀਂ ਆਏ। ਦੂਜੇ ਪਾਸੇ ਕਾਂਗਰਸ ਦੇ ਤਿੰਨ ਵਿਧਾਇਕ ਗੋਕੁਲ ਸੇਤੀਆ, ਕਾਲਾਂਵਾਲੀ ਦੇ ਵਿਧਾਇਕ ਸ਼ੀਸ਼ਪਾਲ ਕੇਹਰਵਾਲਾ ਤੇ ਐਲਨਾਬਾਦ ਦੇ ਵਿਧਾਇਕ ਭਰਤ ਸਿੰਘ ਬੈਨੀਵਾਲ ਵੋਟ ਚੋਰੀ ਦੇ ਵਿਰੋਧ ਪ੍ਰਦਰਸ਼ਨ ਵਿੱਚ ਸ਼ਾਮਲ ਨਹੀਂ ਸਨ। ਪ੍ਰਦਰਸ਼ਨ ਦੌਰਾਨ ਸਾਬਕਾ ਮੰਤਰੀ ਵਰਿੰਦਰ ਸਿੰਘ ਨੇ ਕਿਹਾ ਕਿ ਪੂਰਾ ਵਿਰੋਧੀ ਧਿਰ ਵੋਟ ਚੋਰੀ ਦੇ ਵਿਰੁੱਧ ਇਕੱਠੇ ਲੜ ਰਿਹਾ ਹੈ, ਜਦੋਂ ਕਿ 300 ਸੰਸਦ ਮੈਂਬਰ ਇੱਕਜੁੱਟ ਹਨ ਤੇ ਪੂਰਾ ਦੇਸ਼ ਇਸ ਦਿਸ਼ਾ ਵੱਲ ਵਧ ਰਿਹਾ ਹੈ। ਖੱਬੇ ਪੱਖੀ ਆਗੂ ਐਡਵੋਕੇਟ ਤਿਲਕ ਰਾਜ ਵਿਨਾਇਕ ਤੇ ਉਨ੍ਹਾਂ ਦੇ ਸਾਥੀਆਂ ਨੇ ਕਿਹਾ ਕਿ ਗਿਆਨੇਸ਼ ਕੁਮਾਰ ਨੂੰ ਸੰਵਿਧਾਨਕ ਜ਼ਿੰਮੇਵਾਰੀ ਸੌਂਪੀ ਗਈ, ਪਰ ਗਿਆਨੇਸ਼ ਨੇ ਵੋਟਰਾਂ ਦੀਆਂ ਵੋਟਾਂ ਨੂੰ ਗਲਤ ਢੰਗ ਨਾਲ ਕੱਟ ਕੇ ਉਨ੍ਹਾਂ ਦੇ ਅਧਿਕਾਰਾਂ ਨੂੰ ਹੜੱਪ ਲਿਆ ਹੈ। ਇਸ ਦਾ ਸਿੱਧਾ ਅਰਥ ਹੈ ਕਿ ਵੋਟਰਾਂ ਦੇ ਅਧਿਕਾਰ ਨੂੰ ਖੋਹਣ ਨਾਲ ਲੋਕਤੰਤਰ ਖ਼ਤਰੇ ਵਿੱਚ ਪੈ ਜਾਵੇਗਾ। ਵੋਟ ਚੋਰੀ ਵਿਰੁੱਧ ਸਾਰੇ ਕਾਂਗਰਸੀ ਆਗੂ ਅਤੇ ਸੀ ਪੀ ਆਈ ਤੇ ਐੱਮ ਦੇ ਸਮਰਥਕ ਸਿਰਸਾ ਦੇ ਮਿੰਨੀ ਸਕੱਤਰੇਤ ਕੰਪਲੈਕਸ ਵਿੱਚ ਪਹੁੰਚੇ ਤੇ ਰੋਸ ਮਾਰਚ ਕੱਢਿਆ ਅਤੇ ਭਾਜਪਾ ਸਰਕਾਰ ਤੇ ਚੋਣ ਕਮਿਸ਼ਨ ਦੇ ਪੁਤਲੇ ਸਾੜੇ।

## ਕੁੱਲ ਹਿੰਦ ਕਿਸਾਨ ਮਹਾਂਸਭਾ ਨੇ ਮੁੱਖ ਚੋਣ ਕਮਿਸ਼ਨਰ ਦਾ ਪੁਤਲਾ ਸਾੜਿਆ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਕੁੱਲ ਹਿੰਦ ਕਿਸਾਨ ਮਹਾਸਭਾ ਵੱਲੋਂ ਤਹਿਸੀਲ ਫੂਲ ਵਿਖੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਪੁਤਲੇ ਨੂੰ ਸਾੜ ਕੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਆਗੂਆਂ ਨੇ ਕਿਹਾ ਕਿ ਦੇਸ਼ ਦੀ ਚੋਣ ਪ੍ਰਣਾਲੀ ਲੋਕਤੰਤਰ ਦੀ ਬੁਨਿਆਦ ਹੈ ਤੇ ਵੋਟਰਾਂ ਦੇ ਅਧਿਕਾਰ ਨਾਲ ਕਿਸੇ ਵੀ ਕਿਸਮ ਦੀ ਧਾਂਦਲੀ ਲੋਕਤੰਤਰ ਉੱਤੇ ਸਿੱਧਾ ਹਮਲਾ ਹੈ।ਕਿਸਾਨ ਮਹਾਸਭਾ ਨੇ ਮੰਗ ਕੀਤੀ ਕਿ ਚੋਣ ਪ੍ਰਕਿਰਿਆ ਤੇ ਵੋਟਰ ਸੂਚੀਆਂ ਨਾਲ ਸਬੰਧਤ ਲੱਗ ਰਹੇ ਗੰਭੀਰ ਦੋਸ਼ਾਂ ਦੀ ਨਿਰਪੱਖ ਸੀ ਬੀ ਆਈ ਜਾਂਚ ਕਰਵਾਈ ਜਾਵੇ, ਜੇਕਰ ਕੋਈ ਵਿਅਕਤੀ ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ।ਆਗੂਆਂ ਨੇ ਕਿਹਾ ਕਿ ਵੋਟ ਲੋਕਾਂ ਦਾ ਜਮਹੂਰੀ ਹੱਕ ਹੈ, ਕਿਸੇ ਹਾਕਮ ਜਾਂ ਸੰਸਥਾ ਦੀ ਜਾਇਦਾਦ ਨਹੀਂ।ਵੋਟ ਦੀ ਚੋਰੀ ਜਾਂ ਚੋਣ ਪ੍ਰਕਿਰਿਆ ਨਾਲ ਛੇੜਛਾੜ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਕਿਹਾ ਕਿ ਜਮਹੂਰੀ ਹੱਕਾਂ ਦੀ ਰੱਖਿਆ ਲਈ ਕਿਸਾਨਾਂ, ਮਜ਼ਦੂਰਾਂ ਤੇ ਆਮ ਲੋਕਾਂ ਨੂੰ ਇਕਜੁੱਟ ਹੋ ਕੇ ਸੰਘਰਸ਼ ਨੂੰ ਹੋਰ ਤੇਜ਼ ਕਰਨਾ ਪਵੇਗਾ।ਇਸ ਮੌਕੇ ਕੁੱਲ ਹਿੰਦ ਕਿਸਾਨ ਮਹਾਸਭਾ ਦੇ ਆਗੂ ਸੁਖਵਿੰਦਰ ਸਿੰਘ ਧਾਲੀਵਾਲ, ਗੁਰਤੇਜ ਮਹਿਰਾਜ ਤੇ ਗੁਰਜੀਤ ਫੂਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੰਘਰਸ਼ ਸਿਰਫ਼ ਕਿਸੇ ਇੱਕ ਵਿਅਕਤੀ ਦੇ ਖ਼ਿਲਾਫ਼ ਨਹੀਂ, ਸਗੋਂ ਵੋਟ ਦੇ ਅਧਿਕਾਰ, ਸੰਵਿਧਾਨਕ ਲੋਕਤੰਤਰ ਤੇ ਲੋਕਾਂ ਦੇ ਜਮਹੂਰੀ ਹੱਕਾਂ ਦੀ ਰੱਖਿਆ ਲਈ ਹੈ।ਆਗੂਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਚੋਣਾਂ ਵਿੱਚ ਪਾਰਦਰਸ਼ਤਾ ਤੇ ਵੋਟ ਦੇ ਅਧਿਕਾਰ ਦੀ ਰੱਖਿਆ ਲਈ ਚੱਲ ਰਹੇ ਜਮਹੂਰੀ ਸੰਘਰਸ਼ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕੀਤੀ ਜਾਵੇ।ਇਸ ਤੋਂ ਇਲਾਵਾ ਪਪਜੀਤ ਸਿੰਘ ਮਹਿਰਾਜ ਲਖਰਾਜ ਸਿੰਘ ਮਹਿਰਾਜ, ਜਗਸੀਰ ਸਿੰਘ ਮਹਿਰਾਜ, ਬਿਕਰ ਸਿੰਘ ਫੂਲ, ਮੱਗਰ ਸਿੰਘ ਫੂਲ, ਸਰਬ ਸਿੰਘ ਮੌੜ, ਸੁਖਪਾਲ ਸੋਨੀ ਫੂਲ, ਗੁਰਜੀਤ ਸਿੰਘ, ਤਰਸੇਮ ਸਿੰਘ, ਜਗਤਾਰ ਸਿੰਘ, ਬਿਕਰ ਸਿੰਘ, ਸੁਖਦੇਵ ਬੂਟਰ, ਸੁਖਰਾਜ ਮਹਿਰਾਜ, ਸ਼ਿਵਜੀ ਸਿੰਘ, ਗੁਰਵਿੰਦਰ ਸਿੰਘ ਆਦਿ ਆਗੂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਅੰਮ੍ਰਿਤਸਰ ਸਾਹਿਬ ਤੋਂ ਕਾਂਗਰਸ ਦੇ ਮਿਸ਼ਨ 2027 ਦਾ ਆਗਾਜ਼ : ਗੌਰਵ ਸੰਧੂ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸੱਚਖੰਡ ਸ੍ਰੀ ਦਰਬਾਰ ਸਾਹਿਬ ਸ਼੍ਰੀ ਦੁਰਗਿਆਣਾ ਮੰਦਿਰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪੰਜਾਬ ਕਾਂਗਰਸ ਦੇ ਇੰਚਾਰਜ ਸ੍ਰੀ ਸਚਿਨ ਪਾਇਲਟ, ਪੰਜਾਬ ਕਾਂਗਰਸ ਦੇ ਨਵ-ਨਿਯੁਕਤ ਪ੍ਰਧਾਨ ਸ. ਪ੍ਰਗਟ ਸਿੰਘ ਤੇ ਸਮੁੱਚੀ ਕਾਂਗਰਸ ਲੀਡਰਸ਼ਿਪ ਨਾਲ ਨਤਮਸਤਕ ਹੋਏ।ਇਸ ਮੌਕੇ ਹਲਕਾ ਸਨੌਰ ਦੇ ਸੀਨੀਅਰ ਆਗੂ ਤੇ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਉਪ-ਸੂਬਾ ਪ੍ਰਧਾਨ ਗੌਰਵ ਸੰਧੂ ਨੇ ਸ੍ਰੀ ਅੰਮ੍ਰਿਤਸਰ ਸਾਹਿਬ ਸ਼ਮੂਲੀਅਤ ਤੋਂ ਬਾਅਦ ਗੱਲਬਾਤ ਦੌਰਾਨ ਕਿਹਾ ਕਿ ਪੰਜਾਬ ਕਾਂਗਰਸ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਪਵਿੱਤਰ ਧਰਤੀ ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕਰਨ ਉਪਰੰਤ ਸੂਬੇ ਦੀ ਖ਼ੁਸ਼ਹਾਲੀ ਤੇ ਤਰੱਕੀ ਲਈ ਮਿਸ਼ਨ 2027 ਦੀ ਸ਼ੁਰੂਆਤ ਦਾ ਆਗਾਜ਼ ਕੀਤਾ ਗਿਆ ਹੈ।ਗੌਰਵ ਸੰਧੂ ਨੇ ਕਿਹਾ ਕਿ ਮੌਜੂਦਾ ਸਰਕਾਰ ਦੀਆਂ ਮਾਰੂ ਨੀਤੀਆਂ ਤੋਂ ਪੰਜਾਬ ਦਾ ਹਰ ਵਰਗ ਪ੍ਰੇਸ਼ਾਨ ਹੈ ਤੇ ਲੋਕ 2027 ਵਿੱਚ ਕਾਂਗਰਸ ਪਾਰਟੀ ਨੂੰ ਭਾਰੀ ਬਹੁਮਤ ਦੇਣ ਲਈ ਤਿਆਰ-ਬਰ-ਤਿਆਰ ਬੈਠੇ ਹਨ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਪੱਧਰ 'ਤੇ ਪਾਰਟੀ ਦੀ ਮਜ਼ਬੂਤੀ ਲਈ ਵੱਡੇ ਪੱਧਰ 'ਤੇ ਪ੍ਰੋਗਰਾਮ ਉਲੀਕੇ ਜਾਣਗੇ, ਵਰਕਰਾਂ ਨੂੰ ਹੋਰ ਸਰਗਰਮ ਕੀਤਾ ਜਾਵੇਗਾ ਤੇ ਪੰਜਾਬ ਦੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਕਾਂਗਰਸ ਪਾਰਟੀ ਵੱਲੋਂ ਜ਼ਮੀਨੀ ਪੱਧਰ 'ਤੇ ਆਪਣੀ ਸਰਗਰਮੀਆਂ ਹੋਰ ਤੇਜ਼ ਕੀਤੀਆਂ ਜਾਣਗੀਆਂ।ਜ਼ਿਕਰਯੋਗ ਹੈ ਕਿ ਗੌਰਵ ਸੰਧੂ ਵੱਲੋਂ ਹਲਕਾ ਸਨੌਰ ਵਿੱਚ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਪਹੁੰਚ ਕੇ ਸਥਾਨਕ ਲੋਕਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਜਾ ਰਹੀਆਂ ਹਨ।ਇਸ ਮੌਕੇ ਸ. ਸੰਧੂ ਵੱਲੋਂ ਪੰਜਾਬ ਕਾਂਗਰਸ ਦੇ ਨਵ-ਨਿਯੁਕਤ ਪ੍ਰਧਾਨ ਸ. ਪ੍ਰਗਟ ਸਿੰਘ ਨੂੰ ਮਿਲ ਕੇ ਸਤਿਕਾਰ ਵਜੋਂ ਸਨਮਾਨ ਕੀਤਾ ਗਿਆ ਤੇ ਨਵੀਂ ਜ਼ਿੰਮੇਵਾਰੀ ਲਈ ਸ਼ੁੱਭ-ਕਾਮਨਾਵਾਂ ਭੇਟ ਕੀਤੀਆਂ ਗਈਆਂ।

## ਕਾਤਰਾਂ

### 'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਸਮਾਗਮ ਅੱਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਦੀ ਅਗਵਾਈ ਵਿਚ 'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਤਹਿਤ 9 ਅਕਤੂਬਰ ਨੂੰ ਸਵੇਰੇ 10.30 ਵਜੇ ਐੱਮ.ਕੇ. ਪੈਲੇਸ ਮੋਗਾ ਰੋਡ, ਫ਼ਿਰੋਜ਼ਪੁਰ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਮਨਾਇਆ ਜਾਵੇਗਾ। ਇਸ ਦੌਰਾਨ ਬਜ਼ੁਰਗਾਂ ਨੂੰ ਵੱਖ-ਵੱਖ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਿਭਾਗਾਂ ਵੱਲੋਂ ਕੈਂਪ ਵੀ ਲਗਾਏ ਜਾਣਗੇ। ਇਹ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਅਮਨਦੀਪ ਕੌਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ, ਸੀਨੀਅਰ ਸਿਟੀਜ਼ਨ ਫਾਰਮ, ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਤੇ ਐੱਨ.ਜੀ.ਓਜ਼ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਕੀਤਾ।

### ਪੈਨਸ਼ਨਰ ਭਲਕੇ ਸੰਗਰੂਰ 'ਚ

**ਲੁਧਿਆਣਾ (ਸਤੀਸ਼ ਸਚਦੇਵਾ)**-ਪੈਨਸ਼ਨਰ ਭਵਨ ਵਿਖੇ ਚੇਅਰਮੈਨ ਸੁਸ਼ੀਲ ਕੁਮਾਰ ਦੀ ਅਗਵਾਈ ਹੇਠ ਵੱਡਾ ਇਕੱਠ ਹੋਇਆ। ਇਸ ਵਿੱਚ ਸਿੰਚਾਈ ਵਿਭਾਗ ਦੇ ਮੁਲਾਜ਼ਮਾਂ ਤੇ ਆਈ ਟੀ ਆਈ ਦੇ ਪੈਨਸ਼ਨਰਾਂ ਨੇ ਆਪਣੇ ਆਗੂਆਂ ਦੀ ਪ੍ਰਧਾਨਗੀ ਹੇਠ 10 ਅਕਤੂਬਰ ਨੂੰ ਸੰਗਰੂਰ ਵਿਖੇ ਹੋਣ ਵਾਲੀ ਮਹਾਂਰੈਲੀ ਵਿੱਚ ਭਾਰੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਵਿਸ਼ਵਾਸ ਦਿਵਾਇਆ।ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਜਿਨ੍ਹਾਂ ਵਿੱਚ ਮਹਿੰਗਾਈ ਭੱਤਾ 60% ਕਰਨਾ, ਪਿਛਲੇ ਬਕਾਏ ਦੀ ਅਦਾਇਗੀ ਯਕਮੁਸ਼ਤ ਕਰਨਾ, 2.59 ਦੇ ਗੁਣਾਂਕ ਨਾਲ ਪੈਨਸ਼ਨ ਫਿਕਸ ਕਰਨੀ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨਾ, ਕੱਚੇ ਮੁਲਾਜ਼ਮ ਪੱਕੇ ਕਰਨਾ, 17 ਜੁਲਾਈ 2020 ਦਾ ਪੱਤਰ ਰੱਦ ਕਰਨਾ 15 ਜਨਵਰੀ 2015 ਦਾ ਪੱਤਰ ਰੱਦ ਕਰਨਾ ਆਦਿ।ਮੀਟਿੰਗ ਦੀ ਕਾਰਵਾਈ ਸ਼੍ਰੀ ਗੁਰਚਰਨ ਸਿੰਘ ਦੁੱਗਾ ਸੈਕਟਰੀ ਪੈਨਸ਼ਨ ਭਵਨ ਨੇ ਚਲਾਈ ਸਿੰਚਾਈ ਵਿਭਾਗ ਦੇ ਆਗੂ ਸਾਬਕਾ ਚੇਅਰਮੈਨ ਸ਼੍ਰੀ ਦਲੀਪ ਸਿੰਘ, ਆਈ ਟੀ ਆਈ ਦੇ ਪ੍ਰਧਾਨ ਸ਼੍ਰੀ ਦੀਪਇੰਦਰ ਸਿੰਘ ਨੇ ਵਿਸ਼ਵਾਸ਼ ਦਿਵਾਇਆ ਕਿ ਭਾਰੀ ਗਿਣਤੀ ਵਿੱਚ ਪੈਨਸ਼ਨਰ 10 ਅਕਤੂਬਰ ਦੀ ਰੈਲੀ ਵਿੱਚ ਸ਼ਾਮਲ ਹੋਣਗੇ।

### ਲਿਟਲ ਫ਼ਲਾਵਰ ਵਿਖੇ ਸਪੋਰਟਸ ਡੇ ਧੂਮਧਾਮ ਨਾਲ ਮਨਾਇਆ

**ਗੁਰੂ ਹਰਸਹਾਏ (ਸਿਕਰੀ)**-ਸਥਾਨਕ ਲਿਟਲ ਫ਼ਲਾਵਰ ਕਾਨਵੈਂਟ ਸਕੂਲ ਵਿਖੇ ਕਿੰਡਰਗਾਰਟਨ (ਕੇ.ਜੀ.) ਦੇ ਨੰਨ੍ਹੇ-ਮੁੰਨੇ ਬੱਚਿਆਂ ਲਈ ਇੱਕ ਸ਼ਾਨਦਾਰ ਸਪੋਰਟਸ ਡੇ ਦਾ ਆਯੋਜਨ ਕੀਤਾ ਗਿਆ।ਇਸ ਖੇਡ ਸਮਾਗਮ ਵਿੱਚ ਸਕੂਲ ਦੇ ਮੈਨੇਜਰ ਫਾਦਰ ਨਿਖਿਲ, ਅਸਿਸਟੈਂਟ ਮੈਨੇਜਰ ਫਾਦਰ ਜੈਮੀ, ਕੇ. ਜੀ. ਇੰਚਾਰਜ ਸਿਸਟਰ ਲਵੀਨਾ ਤੇ ਸਕੂਲ ਦੇ ਪ੍ਰਿੰਸੀਪਲ ਨੇ ਮੁੱਖ ਜੱਜ ਵਜੋਂ ਵਿਸ਼ੇਸ਼ ਸ਼ਿਰਕਤ ਕੀਤੀ। ਸਮਾਗਮ ਦੌਰਾਨ ਛੋਟੇ ਬੱਚਿਆਂ ਦੇ ਸਰੀਰਕ ਤੇ ਮਾਨਸਿਕ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਵੱਖ-ਵੱਖ ਤਰ੍ਹਾਂ ਦੀਆਂ ਖੇਡਾਂ ਕਰਵਾਈਆਂ ਗਈਆਂ।ਇਨ੍ਹਾਂ ਵਿੱਚ ਕਈ ਤਰ੍ਹਾਂ ਦੀਆਂ ਦਿਲਚਸਪ ਦੌੜਾਂ (ਰੇਸਾਂ) ਤੇ ਮਨੋਰੰਜਕ ਫਨ-ਗੇਮਾਂ ਸ਼ਾਮਲ ਸਨ।ਸਕੂਲ ਦੇ ਸਮੂਹ ਅਧਿਆਪਕਾਂ ਦੀ ਦੇਖ-ਰੇਖ ਹੇਠ ਬੱਚਿਆਂ ਨੇ ਪੂਰੇ ਉਤਸ਼ਾਹ ਤੇ ਜੋਸ਼ ਨਾਲ ਇਨ੍ਹਾਂ ਖੇਡਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ।ਮੈਦਾਨ ਵਿੱਚ ਨੰਨ੍ਹੇ-ਮੁੰਨੇ ਖਿਡਾਰੀਆਂ ਦੀ ਊਰਜਾ ਤੇ ਖ਼ੁਸ਼ੀ ਦੇਖਣਯੋਗ ਸੀ ਅਤੇ ਬੱਚਿਆਂ ਨੇ ਸਾਰੀਆਂ ਖੇਡਾਂ ਦਾ ਪੂਰਾ ਆਨੰਦ ਮਾਣਿਆ।ਸਮਾਗਮ ਦੇ ਅੰਤ ਵਿੱਚ ਪ੍ਰਬੰਧਕਾਂ ਵੱਲੋਂ ਬੱਚਿਆਂ ਦੀ ਸ਼ਾਨਦਾਰ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ ਗਈ ਤੇ ਜੇਤੂ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।

## ਦੁਕਾਨਦਾਰ ਦੀ ਕੁੱਟਮਾਰ ਦੇ ਦੋਸ਼ੀ ਗ੍ਰਿਫ਼ਤਾਰ ਨਾ ਹੋਣ 'ਤੇ ਥਾਣੇ ਅੱਗੇ ਮੁੜ ਧਰਨਾ

### ਪੁਲਸ ਪ੍ਰਸ਼ਾਸਨ ਤੇ ਸਰਕਾਰ ਖ਼ਿਲਾਫ਼ ਕੀਤੀ ਨਾਅਰੇਬਾਜ਼ੀ



**ਬਰੇਟਾ (ਰੀਤਵਾਲ)**-ਬੀਤੀ 20 ਅਗਸਤ ਦੀ ਰਾਤ ਪਿੰਡ ਕੁਲਰੀਆਂ ਵਿਖੇ ਇੱਕ ਮੋਬਾਈਲ ਫੋਨਾਂ ਦੀ ਦੁਕਾਨ ਕਰ ਰਹੇ ਹਰਬੰਸ ਸਿੰਘ ਵਾਸੀ ਜੁਗਲਾਨ ਦੀ ਕੁੱਟਮਾਰ ਦੇ ਮਾਮਲੇ ਵਿੱਚ ਪੁਲਸ ਵੱਲੋਂ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਾ ਕੀਤੇ ਜਾਣ ਤੋਂ ਨਾਰਾਜ਼ ਪੀੜਤ ਪਰਵਾਰ ਨੇ ਵੀਰਵਾਰ ਦੂਜੀ ਵਾਰ ਵੱਖ ਵੱਖ ਜਥੇਬੰਦੀਆਂ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਬਰੇਟਾ ਥਾਣੇ ਅੱਗੇ ਧਰਨਾ ਲਾ ਕੇ ਰੋਸ ਪ੍ਰਦਰਸ਼ਨ ਕੀਤਾ।ਇਸ ਦੌਰਾਨ ਪਰਿਵਾਰਕ ਮੈਂਬਰਾਂ ਤੇ ਜਥੇਬੰਦੀਆਂ ਨੇ ਪੁਲਸ ਪ੍ਰਸ਼ਾਸਨ ਤੇ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਧਰਨੇ ਦੌਰਾਨ ਪੀੜਤ ਪਰਵਾਰ ਨੇ ਦੋਸ਼ ਲਾਇਆ ਕਿ ਸਾਡੇ ਲੜਕੇ ਹਰਬੰਸ ਸਿੰਘ ਦੀ ਕੁੱਟਮਾਰ ਨੂੰ ਡੇਢ ਮਹੀਨੇ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਪੁਲਸ ਨੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਹੈ। ਪਰਵਾਰ ਦਾ ਕਹਿਣਾ ਸੀ ਕਿ ਦੋਸ਼ੀ ਖੁੱਲ੍ਹੇਆਮ ਘੁੰਮ ਰਹੇ ਹਨ, ਜਿਸ ਕਾਰਨ ਉਨ੍ਹਾਂ ਨੂੰ ਡਰ ਤੇ ਅਸੁਰੱਖਿਆ ਮਹਿਸੂਸ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਇਨਸਾਫ਼ ਲਈ ਵਾਰ-ਵਾਰ ਪੁਲਸ ਕੋਲ ਗੁਹਾਰ ਲਾਉਣ ਦੇ ਬਾਵਜੂਦ ਸੁਣਵਾਈ ਨਹੀਂ ਹੋ ਰਹੀ, ਇਸੇ ਕਾਰਨ ਉਨ੍ਹਾਂ ਨੂੰ ਦੁਬਾਰਾ ਧਰਨੇ ਦਾ ਰਾਹ ਅਪਣਾਉਣਾ ਪਿਆ।ਪ੍ਰਦਰਸ਼ਨਕਾਰੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਜਲਦੀ ਤੋਂ ਜਲਦੀ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਾ ਕੀਤਾ ਗਿਆ ਤਾਂ ਉਹ ਵੱਡੇ ਇਕੱਠ ਦੇ ਨਾਲ 12 ਅਕਤੂਬਰ ਨੂੰ ਬਰੇਟਾ ਬੁਢਲਾਡਾ ਹਾਈਵੇ 'ਤੇ ਧਰਨਾ ਦੇਣਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਪੁਲਸ ਪ੍ਰਸ਼ਾਸਨ ਦੀ ਹੋਵੇਗੀ।ਦੂਜੇ ਪਾਸੇ, ਇਸ ਸਬੰਧੀ ਥਾਣਾ ਮੁਖੀ ਬਲਕੌਰ ਸਿੰਘ ਵੱਲੋਂ ਧਰਨਾਕਾਰੀਆਂ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ ਗਈ ਤੇ ਮਾਮਲੇ ਵਿੱਚ ਜਲਦ ਕਾਰਵਾਈ ਦਾ ਭਰੋਸਾ ਦਿੱਤਾ ਗਿਆ।

## 20 ਕਿੱਲੋ 298 ਗ੍ਰਾਮ ਹੈਰੋਇਨ ਤੇ ਮੋਟਰਸਾਈਕਲ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਨਸ਼ਾ ਤਸਕਰੀ ਵਿਰੁੱਧ ਵਿੱਢੀ ਗਈ ਮੁਹਿੰਮ ਤਹਿਤ ਬੋਰਡਰ ਸਕਿਓਰਿਟੀ ਫੋਰਸ (ਬੀਐੱਸਐੱਫ) ਤੇ ਥਾਣਾ ਸਦਰ ਫਿਰੋਜ਼ਪੁਰ ਦੀ ਪੁਲਸ ਟੀਮ ਨੂੰ ਉਸ ਵੇਲੇ ਸਫ਼ਲਤਾ ਮਿਲੀ, ਜਦੋਂ ਇਕ ਸਾਂਝੇ ਤਲਾਸ਼ੀ ਅਭਿਆਨ ਦੌਰਾਨ ਭਾਰੀ ਮਾਤਰਾ ਵਿੱਚ ਹੈਰੋਇਨ ਬਰਾਮਦ ਕੀਤੀ ਗਈ। ਇੰਸਪੈਕਟਰ ਗੁਰਵਿੰਦਰ ਕੁਮਾਰ ਨੇ ਦੱਸਿਆ ਕਿ 7 ਅਕਤੂਬਰ 2026 ਨੂੰ ਬੀ.ਐੱਸ.ਐੱਫ ਤੇ ਥਾਣਾ ਸਦਰ ਫਿਰੋਜ਼ਪੁਰ ਦੇ ਕਰਮਚਾਰੀਆਂ ਵੱਲੋਂ ਪਿੰਡ ਪੱਧਰੀ ਦੇ ਇਲਾਕੇ ਵਿੱਚ ਸਾਂਝਾ ਸਰਚ ਆਪ੍ਰੇਸ਼ਨ ਚਲਾਇਆ ਗਿਆ ਸੀ। ਇਸ ਸਰਚ ਆਪ੍ਰੇਸ਼ਨ ਦੌਰਾਨ ਟੀਮ ਨੇ ਮੌਕੇ ਤੋਂ 20 ਕਿੱਲੋ 298 ਗ੍ਰਾਮ ਕਮਰਸ਼ੀਅਲ ਮਾਤਰਾ ਵਿੱਚ ਹੈਰੋਇਨ ਬਰਾਮਦ ਕੀਤੀ। ਇਸ ਤੋਂ ਇਲਾਵਾ ਮੌਕੇ ਤੋਂ ਦੋ ਮੋਟਰਸਾਈਕਲ ਸਪਲੈਂਡਰ ਨੰਬਰ ਪੀਬੀ 05 ਏਟੀ 8252 ਤੇ ਇਕ ਬਿਨਾਂ ਨੰਬਰੀ ਐੱਚਐੱਫ ਡੀਲਕਸ ਵੀ ਬਰਾਮਦ ਕੀਤਾ ਗਿਆ। ਘਟਨਾ ਦੀ ਸੂਚਨਾ ਮਿਲਦਿਆਂ ਹੀ ਗਜ਼ਟਿਡ ਅਧਿਕਾਰੀ (ਜੀ.ਓ.) ਨੇ ਖ਼ੁਦ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ। ਇਸ ਮਾਮਲੇ ਵਿੱਚ ਥਾਣਾ ਸਦਰ ਫਿਰੋਜ਼ਪੁਰ ਦੇ ਇੰਸਪੈਕਟਰ ਗੁਰਵਿੰਦਰ ਕੁਮਾਰ ਦੀ ਅਗਵਾਈ 'ਚ ਕਾਰਵਾਈ ਕਰਦਿਆਂ ਬਲਵਿੰਦਰ ਸਿੰਘ ਪੁੱਤਰ ਬੂਟਾ ਸਿੰਘ ਵਾਸੀ ਪਿੰਡ ਗੱਟੀ ਰਾਜੋ ਕੇ ਤੇ ਇਕ ਅਣਪਛਾਤੇ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਫਿਲਹਾਲ ਦੋਵਾਂ ਦੋਸ਼ੀਆਨ ਦੀ ਗ੍ਰਿਫ਼ਤਾਰੀ ਬਾਕੀ ਹੈ ਤੇ ਪੁਲਸ ਵੱਲੋਂ ਉਨ੍ਹਾਂ ਨੂੰ ਕਾਬੂ ਕਰਨ ਲਈ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ।

## 50,000 ਰੁਪਏ ਰਿਸ਼ਵਤ ਲੈਂਦਾ ਐੱਸ ਡੀ ਓ ਵਿਜੀਲੈਂਸ ਵੱਲੋਂ ਰੰਗੇ ਹੱਥੀਂ ਕਾਬੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਮਾਈਨਿੰਗ ਵਿਭਾਗ ਨਾਭਾ (ਜ਼ਿਲ੍ਹਾ ਪਟਿਆਲਾ) ਵਿਖੇ ਤਾਇਨਾਤ ਸਬ-ਡਵੀਜ਼ਨਲ ਅਫ਼ਸਰ (ਐੱਸਡੀਓ) ਹਰਦੀਪ ਸਿੰਘ ਨੂੰ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।ਇੱਥੇ ਇਹ ਜਾਣਕਾਰੀ ਦਿੰਦਿਆਂ ਸੂਬਾ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਜ਼ਿਲ੍ਹਾ ਪਟਿਆਲਾ ਦੇ ਪਿੰਡ ਅਲੀਪੁਰ ਅਰਾਈਆਂ ਦੇ ਰਹਿਣ ਵਾਲੇ ਇੱਕ ਠੇਕੇਦਾਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਸੀ ਕਿ ਮੁਲਜ਼ਮ ਐੱਸ.ਡੀ.ਓ. ਹਰਦੀਪ ਸਿੰਘ ਉਸ ਦੇ ਓਵਰਲੋਡ ਟਿੱਪਰ ਵਾਹਨਾਂ ਦੇ ਚਲਾਨ ਕੱਟਣ ਦੀ ਧਮਕੀ ਦੇ ਰਿਹਾ ਸੀ ਤੇ ਕੋਈ ਕਾਰਵਾਈ ਨਾ ਕਰਨ ਬਦਲੇ 50,000 ਰੁਪਏ ਦੀ ਰਿਸ਼ਵਤ ਦੀ ਮੰਗ ਕਰ ਰਿਹਾ ਸੀ।ਕਿਸੇ ਵੀ ਕਿਸਮ ਦੀ ਰਿਸ਼ਵਤ ਦੇਣ ਤੋਂ ਇਨਕਾਰੀ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਪਟਿਆਲਾ ਨਾਲ ਰਾਬਤਾ ਕੀਤਾ।ਉਸ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਮੁਲਜ਼ਮ ਐੱਸ.ਡੀ.ਓ. ਹਰਦੀਪ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।ਇਸ ਸਬੰਧ ਵਿੱਚ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ ਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਬਾਈਕ ਟਰਾਲੇ ਨਾਲ ਟਕਰਾਉਣ ਕਾਰਨ ਦੋ ਦੀ ਮੌਤ



**ਮਲੋਟ (ਰਜਿੰਦਰ ਜੁਨੇਜਾ)**-ਬਾਬਾ ਬੁੱਢਾ ਸਾਹਿਬ ਦੇ ਜੋੜ ਮੇਲੇ 'ਤੇ ਮੱਥਾ ਟੇਕਣ ਜਾ ਰਹੇ ਪਿੰਡ ਮਲੋਟ ਦੇ ਦੋ ਨੌਜਵਾਨਾਂ ਦੀ ਸੜਕ ਹਾਦਸੇ ਵਿੱਚ ਮੌਤ ਹੋ ਗਈ।20 ਸਾਲਾ ਰਾਜਵਿੰਦਰ ਸਿੰਘ ਪੁੱਤਰ ਦਿਆਲ ਸਿੰਘ ਤੇ ਪਵਨ ਕੁਮਾਰ ਪੁੱਤਰ ਹੰਸਰਾਜ ਇੱਕ ਬਾਈਕ 'ਤੇ ਜਾ ਰਹੇ ਸਨ।ਜ਼ੀਰਾ ਤੋਂ ਮੱਖੂ ਵੱਲ ਉਸਾਰੀ ਅਧੀਨ ਪੁਲ ਨੇੜੇ ਉਨ੍ਹਾਂ ਦਾ ਮੋਟਰਸਾਈਕਲ ਬੇਕਾਬੂ ਹੋ ਕੇ ਇੱਕ ਟਰਾਲੇ ਨਾਲ ਟਕਰਾ ਗਿਆ।

ਹਾਦਸੇ ਵਿੱਚ ਰਾਜਵਿੰਦਰ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਗੰਭੀਰ ਜ਼ਖ਼ਮੀ ਪਵਨ ਕੁਮਾਰ ਨੇ ਫ਼ਰੀਦਕੋਟ ਮੈਡੀਕਲ ਕਾਲਜ ਪਹੁੰਚਦਿਆਂ ਹੀ ਦਮ ਤੋੜ ਦਿੱਤਾ।ਪਵਨ ਕੁਮਾਰ ਬਾਈਕ ਚਲਾ ਰਿਹਾ ਸੀ, ਜਦਕਿ ਰਾਜਵਿੰਦਰ ਸਿੰਘ ਪਿੱਛੇ ਬੈਠਾ ਸੀ।ਦੋਵੇਂ ਨੌਜਵਾਨ ਬਾਰਵੀਂ ਪਾਸ ਸਨ ਤੇ ਸਧਾਰਨ ਪਰਿਵਾਰਾਂ ਨਾਲ ਸਬੰਧ ਰੱਖਦੇ ਸਨ।ਪਵਨ ਕੁਮਾਰ ਤਿੰਨ ਭਰਾਵਾਂ ਵਿੱਚੋਂ ਸਭ ਤੋਂ ਛੋਟਾ ਸੀ, ਜਦਕਿ ਰਾਜਵਿੰਦਰ ਸਿੰਘ ਵੀ ਦੋ ਭਰਾਵਾਂ ਤੇ ਦੋ ਭੈਣਾਂ ਵਿੱਚੋਂ ਸਭ ਤੋਂ ਛੋਟਾ ਸੀ।ਨੌਜਵਾਨ ਪੁੱਤਾਂ ਦੀ ਮੌਤ ਦੀ ਖ਼ਬਰ ਮਿਲਦਿਆਂ ਹੀ ਦੋਵਾਂ ਪਰਿਵਾਰਾਂ ਵਿੱਚ ਸੋਗ ਦੀ ਲਹਿਰ ਦੌੜ ਗਈ।ਪਰਿਵਾਰਕ ਮੈਂਬਰਾਂ ਤੇ ਪਿੰਡ ਵਾਸੀਆਂ ਦੀ ਮੌਜੂਦਗੀ ਵਿੱਚ ਦੋਵਾਂ ਨੌਜਵਾਨਾਂ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ।

## ਇਥੇਨਿਲ ਫੈਕਟਰੀ ਖਿਲਾਫ਼ ਧੂਰੀ-ਸ਼ੇਰਪੁਰ ਰੋਡ ਜਾਮ

### ਪ੍ਰਦੂਸ਼ਣ ਰਿਪੋਰਟਾਂ ਜਨਤਕ ਕਰਨ ਦੀ ਕੀਤੀ ਮੰਗ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**

ਧੂਰੀ-ਸ਼ੇਰਪੁਰ ਰੋਡ 'ਤੇ ਸਥਿਤ ਇਥਾਨੋਲ ਫੈਕਟਰੀ ਵੱਲੋਂ ਕਥਿਤ ਤੌਰ 'ਤੇ ਫੈਲਾਏ ਜਾ ਰਹੇ ਪ੍ਰਦੂਸ਼ਣ ਦੇ ਗੰਭੀਰ ਦੋਸ਼ਾਂ ਤਹਿਤ ਪਿਛਲੇ ਲੰਮੇ ਸਮੇਂ ਤੋਂ ਲੱਗੇ ਪੱਕੇ ਧਰਨੇ ਦੇ ਆਗੂਆਂ ਨੇ ਲੰਘੇ ਕੱਲ੍ਹ ਧੂਰੀ-ਸ਼ੇਰਪੁਰ ਮੁੱਖ ਮਾਰਗ 'ਤੇ ਆਵਾਜਾਈ ਪੂਰੀ ਤਰ੍ਹਾਂ ਠੱਪ ਕਰ ਦਿੱਤੀ।ਧਰਨਾਕਾਰੀਆਂ ਨੇ ਫੈਕਟਰੀ ਮਾਲਕਾਂ ਤੇ ਸੂਬਾ ਸਰਕਾਰ ਦੀ ਮਿਲੀਭੁਗਤ ਖ਼ਿਲਾਫ਼ ਜੰਮ ਕੇ ਭੜਾਸ ਕੱਢੀ ਤੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਇਸ ਰੋਸ ਵਿਖਾਵੇ ਦੌਰਾਨ ਪੁੱਜੇ ਅਮਿਤੋਜ ਮਾਨ, ਭਾਨਾ ਸਿੱਧੂ, ਮੋਹਨਜੀਤ ਸ਼ੇਰੋ, ਦੀਪਾ ਅਸਪਾਲਾ ਕਲਾਂ, ਸਿੱਖ ਪ੍ਰਚਾਰਕ ਹਰਜਿੰਦਰ ਸਿੰਘ ਮਾਝੀ, ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸਿੰਘ, ਕਿਰਤੀ ਕਿਸਾਨ ਯੂਨੀਅਨ ਦੇ ਭੂਪਿੰਦਰ ਸਿੰਘ ਲੌਂਗੋਵਾਲ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਨਰਿੰਦਰਜੀਤ ਸਿੰਘ ਕਾਲਾਬੂਲਾ, ਬੀ.ਕੇ.ਯੂ. ਏਕਤਾ ਉਗਰਾਹਾਂ ਦੇ ਮਨਜੀਤ ਸਿੰਘ ਜਹਾਂਗੀਰ ਤੇ ਮੋਰਚੇ ਦੇ ਮੋਢੀ ਜੱਸਾ ਘਨੌਰ ਸ਼ਾਮਲ ਨੇ ਪ੍ਰਸ਼ਾਸਨ 'ਤੇ ਤਿੱਖੇ ਨਿਸ਼ਾਨੇ ਸਾਧੇ।ਆਗੂਆਂ ਨੇ ਆਖਿਆ ਕਿ ਪ੍ਰਦੂਸ਼ਣ ਰੋਕਥਾਮ ਬੋਰਡ ਵੱਲੋਂ ਫੈਕਟਰੀ 'ਚੋਂ ਸੈਂਪਲ ਤਾਂ ਲਏ ਗਏ ਹਨ, ਪਰ ਅੱਜ ਤੱਕ ਉਨ੍ਹਾਂ ਦੀਆਂ ਰਿਪੋਰਟਾਂ ਨੂੰ ਜਨਤਕ ਨਹੀਂ ਕੀਤਾ ਗਿਆ, ਜੋ ਕਿ ਕਿਸੇ ਵੱਡੇ ਘਪਲੇ ਵੱਲ ਇਸ਼ਾਰਾ ਕਰਦਾ ਹੈ।ਬੁਲਾਰਿਆਂ ਨੇ ਤਲਖ਼ ਲਹਿਜ਼ੇ ਵਿੱਚ ਆਖਿਆ ਕਿ ਫੈਕਟਰੀ ਵੱਲੋਂ ਧਰਤੀ ਦੇ ਹੇਠਾਂ ਗੰਦਾ ਤੇ ਜ਼ਹਿਰੀਲਾ ਪਾਣੀ ਸੁੱਟਿਆ ਜਾ ਰਿਹਾ ਹੈ, ਜਿਸ ਨਾਲ ਆਲੇ-ਦੁਆਲੇ ਦੇ ਸਾਰੇ ਪਿੰਡਾਂ ਦਾ ਪੀਣ ਵਾਲਾ ਪਾਣੀ ਖ਼ਰਾਬ ਹੋ ਚੁੱਕਾ ਹੈ।ਇਸ ਦੇ ਨਾਲ ਹੀ ਫੈਕਟਰੀ 'ਚੋਂ ਨਿਕਲਦੇ ਜ਼ਹਿਰੀਲੇ ਧੂੰਏਂ ਨੇ ਹਵਾ ਨੂੰ ਵੀ ਪ੍ਰਦੂਸ਼ਤ ਕਰ ਦਿੱਤਾ ਹੈ, ਲੋਕਾਂ ਨੂੰ ਸਾਹ ਤੇ ਹੋਰ ਗੰਭੀਰ ਬਿਮਾਰੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਸਾਫ਼ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਫੈਕਟਰੀ ਖ਼ਿਲਾਫ਼ ਤੁਰੰਤ ਸਖ਼ਤ ਕਾਰਵਾਈ ਨਾ ਕੀਤੀ ਤੇ ਰਿਪੋਰਟਾਂ ਜਨਤਕ ਨਾ ਕੀਤੀਆਂ, ਤਾਂ ਇਹ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।ਖ਼ਬਰ ਲਿਖੇ ਜਾਣ ਤੱਕ ਆਵਾਜਾਈ ਠੱਪ ਕਰਕੇ ਧਰਨਾ ਜਾਰੀ ਸੀ ਤੇ ਪ੍ਰਸ਼ਾਸਨ ਵੱਲੋਂ ਸਾਲਸ ਦੀ ਭੂਮਿਕਾ ਨਿਭਾਉਂਦਿਆਂ ਆਵਾਜਾਈ ਬਹਾਲ ਕਰਵਾਉਣ ਲਈ ਉਪਰਾਲੇ ਕੀਤੇ ਜਾ ਰਹੇ ਸਨ।

## ਡੰਮੀ ਦਾਖ਼ਲਿਆਂ ਦਾ ਸਿਲਸਿਲਾ ਜਾਰੀ, ਵਿਭਾਗ ਦੀ ਚੁੱਪੀ 'ਤੇ ਸਵਾਲ

**ਮਾਨਸਾ (ਰੀਤਵਾਲ)**-ਸੂਬੇ ਦੇ ਸਕੂਲਾਂ ਤੇ ਕਾਲਜਾਂ ਵਿੱਚ ਡੰਮੀ ਦਾਖ਼ਲਿਆਂ ਦਾ ਸਿਲਸਿਲਾ ਰੁਕਣ ਦਾ ਨਾਂ ਨਹੀਂ ਲੈ ਰਿਹਾ।ਵਿਦਿਆਰਥੀ ਕਾਗਜ਼ਾਂ ਵਿੱਚ ਤਾਂ ਸਕੂਲ-ਕਾਲਜ ਵਿੱਚ ਦਾਖ਼ਲ ਹਨ, ਪਰ ਅਸਲ ਵਿੱਚ ਉਹ ਕੋਚਿੰਗ ਸੈਂਟਰਾਂ ਵਿੱਚ ਪੜ੍ਹਾਈ ਕਰ ਰਹੇ ਹਨ।ਇਸ ਨਾਲ ਜਿੱਥੇ ਨਿਯਮਿਤ ਸਿੱਖਿਆ ਦਾ ਮਕਸਦ ਹੀ ਖ਼ਤਮ ਹੋ ਰਿਹਾ ਹੈ, ਉੱਥੇ ਸਿੱਖਿਆ ਵਿਭਾਗ ਦੀ ਭੂਮਿਕਾ ਵੀ ਸਵਾਲਾਂ ਦੇ ਘੇਰੇ ਵਿੱਚ ਹੈ।ਸੂਤਰਾਂ ਮੁਤਾਬਕ ਕਈ ਨਿੱਜੀ ਸਕੂਲ ਤੇ ਕਾਲਜ ਕੋਚਿੰਗ ਸੰਸਥਾਵਾਂ ਨਾਲ ਮਿਲ ਕੇ ਵਿਦਿਆਰਥੀਆਂ ਨੂੰ ਬਿਨਾਂ ਕਲਾਸ ਲਗਾਏ ਹਾਜ਼ਰੀ ਦੀ ਸਹੂਲਤ ਦੇ ਰਹੇ ਹਨ।ਬਦਲੇ ਵਿੱਚ ਮੋਟੀਆਂ ਫ਼ੀਸਾਂ ਵਸੂਲੀਆਂ ਜਾਂਦੀਆਂ ਹਨ।ਸਿੱਖਿਆ ਪ੍ਰੇਮੀਆਂ ਤੇ ਅਧਿਆਪਕ ਜਥੇਬੰਦੀਆਂ ਦਾ ਕਹਿਣਾ ਹੈ ਕਿ ਇਹ ਸਭ ਕੁਝ ਵਿਭਾਗ ਦੀ ਨੱਕ ਹੇਠ ਹੋ ਰਿਹਾ ਹੈ, ਪਰ ਕਾਰਵਾਈ ਦੇ ਨਾਂ 'ਤੇ ਸਿਰਫ਼ ਜਾਂਚ ਦੇ ਹੁਕਮ ਤੇ ਨੋਟਿਸ ਜਾਰੀ ਕਰਕੇ ਖ਼ਾਨਾਪੂਰਤੀ ਕੀਤੀ ਜਾਂਦੀ ਹੈ।ਉਨ੍ਹਾਂ ਮੁਤਾਬਕ ਅੱਜ ਤੱਕ ਕਿਸੇ ਵੱਡੇ ਸਕੂਲ ਜਾਂ ਕਾਲਜ ਦੀ ਮਾਨਤਾ ਰੱਦ ਹੋਣ ਦੀ ਮਿਸਾਲ ਸਾਹਮਣੇ ਨਹੀਂ ਆਈ।ਇੱਕ ਅਧਿਆਪਕ ਆਗੂ ਨੇ ਤਿੱਖੀ ਟਿੱਪਣੀ ਕਰਦਿਆਂ ਕਿਹਾ ਕਿ ਵਿਭਾਗ ਦਾ ਰਵੱਈਆ ਦੇਖ ਕੇ ਇਹ ਕਹਾਵਤ ਸੱਚ ਜਾਪਦੀ ਹੈ ਕਿ 'ਕੁੱਤੀ ਚੋਰਾਂ ਨਾਲ ਰਲੀ ਹੋਈ ਹੈ।' ਮਾਹਰਾਂ ਦਾ ਮੰਨਣਾ ਹੈ ਕਿ ਡੰਮੀ ਦਾਖ਼ਲਿਆਂ ਨਾਲ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਘਟਦੀ ਹੈ, ਅਧਿਆਪਕਾਂ ਦੀਆਂ ਅਸਾਮੀਆਂ 'ਤੇ ਅਸਰ ਪੈਂਦਾ ਹੈ ਤੇ ਪ੍ਰੈਕਟੀਕਲ ਸਿੱਖਿਆ ਪੂਰੀ ਤਰ੍ਹਾਂ ਅਣਗੌਲੀ ਰਹਿ ਜਾਂਦੀ ਹੈ।ਇਸ ਦੇ ਨਾਲ ਹੀ ਗ਼ਰੀਬ ਪਰਿਵਾਰਾਂ ਦੇ ਬੱਚੇ ਮਹਿੰਗੀ ਕੋਚਿੰਗ ਦੀ ਦੌੜ ਵਿੱਚੋਂ ਬਾਹਰ ਹੋ ਜਾਂਦੇ ਹਨ।ਲੋਕਾਂ ਨੇ ਮੰਗ ਕੀਤੀ ਕਿ ਸਕੂਲਾਂ-ਕਾਲਜਾਂ 'ਚ ਬਾਇਓਮੀਟ੍ਰਿਕ ਹਾਜ਼ਰੀ ਲਾਜ਼ਮੀ ਕੀਤੀ ਜਾਵੇ, ਅਚਨਚੇਤ ਚੈਕਿੰਗ ਹੋਵੇ ਤੇ ਦੋਸ਼ੀ ਸੰਸਥਾਵਾਂ ਦੀ ਮਾਨਤਾ ਰੱਦ ਕੀਤੀ ਜਾਵੇ।ਜਦੋਂ ਤੱਕ ਸਖ਼ਤ ਕਾਰਵਾਈ ਨਹੀਂ ਹੁੰਦੀ, ਇਹ ਗੋਰਖਧੰਦਾ ਇਸੇ ਤਰ੍ਹਾਂ ਚੱਲਦਾ ਰਹੇਗਾ ਤੇ ਵਿਦਿਆਰਥੀਆਂ ਦਾ ਭਵਿੱਖ ਦਾਅ 'ਤੇ ਲੱਗਿਆ ਰਹੇਗਾ।

## ਭਾਜਪਾ ਦੀ ਧੱਕੇਸ਼ਾਹੀ ਤੇ ਲੋਕਤੰਤਰ ਵਿਰੋਧੀ ਗਤੀਵਿਧੀਆਂ ਖ਼ਿਲਾਫ਼ 'ਆਪ' ਵੱਲੋਂ ਰੋਸ ਪ੍ਰਦਰਸ਼ਨ

### ਕੇਂਦਰੀ ਜਾਂਚ ਏਜੰਸੀਆਂ ਦੀ ਦੁਰਵਰਤੋਂ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਢਿੱਲੋਂ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਕੇਂਦਰੀ ਜਾਂਚ ਏਜੰਸੀਆਂ ਈ.ਡੀ. ਤੇ ਸੀ.ਬੀ.ਆਈ. ਦੀ ਕਥਿਤ ਦੁਰਵਰਤੋਂ ਦੇ ਵਿਰੋਧ ਵਿੱਚ ਆਮ ਆਦਮੀ ਪਾਰਟੀ ਦੀ ਜ਼ਿਲ੍ਹਾ ਇਕਾਈ ਵੱਲੋਂ ਫੁਆਰਾ ਚੌਕ ਪਟਿਆਲਾ ਵਿਖੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਦੌਰਾਨ ਪਾਰਟੀ ਦੇ ਆਗੂਆਂ, ਅਹੁਦੇਦਾਰਾਂ, ਵਲੰਟੀਅਰਾਂ ਤੇ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦਿਆਂ ਕੇਂਦਰ ਸਰਕਾਰ ਖ਼ਿਲਾਫ਼ ਆਪਣਾ ਰੋਸ ਪ੍ਰਗਟ ਕੀਤਾ।ਇਸ ਮੌਕੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਕੇਂਦਰੀ ਜਾਂਚ ਏਜੰਸੀਆਂ ਦੀ ਕਾਰਵਾਈ ਨੂੰ ਲੈ ਕੇ ਆਮ ਆਦਮੀ ਪਾਰਟੀ ਵੱਲੋਂ ਲਗਾਤਾਰ ਇਹ ਸਵਾਲ ਉਠਾਇਆ ਜਾ ਰਿਹਾ ਹੈ ਕਿ ਇਨ੍ਹਾਂ ਸੰਸਥਾਵਾਂ ਦੀ ਵਰਤੋਂ ਸਿਆਸੀ ਵਿਰੋਧੀਆਂ 'ਤੇ ਦਬਾਅ ਬਣਾਉਣ ਲਈ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਵਿਰੋਧੀ ਆਵਾਜ਼ਾਂ ਨੂੰ ਦਬਾਉਣ ਦੀ ਬਜਾਏ ਲੋਕਾਂ ਦੇ ਮੁੱਦਿਆਂ 'ਤੇ ਰਾਜਨੀਤਕ ਤੌਰ 'ਤੇ ਜਵਾਬ ਦੇਣਾ ਚਾਹੀਦਾ ਹੈ।ਚੇਅਰਮੈਨ ਢਿੱਲੋਂ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਆਪਣੀ ਵੋਟ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਚੁਣੀ ਹੈ ਤੇ ਕਿਸੇ ਵੀ ਕੇਂਦਰੀ ਏਜੰਸੀ ਦੀ ਕਾਰਵਾਈ ਨੂੰ ਸਿਆਸੀ ਦਬਾਅ ਦੇ ਸਾਧਨ ਵਜੋਂ ਵਰਤੇ ਜਾਣ ਦੇ ਦੋਸ਼ਾਂ 'ਤੇ ਪਾਰਦਰਸ਼ਤਾ ਤੇ ਨਿਰਪੱਖਤਾ ਨਾਲ ਸਵਾਲਾਂ ਦੇ ਜਵਾਬ ਮਿਲਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਜਾਂਚ ਏਜੰਸੀਆਂ ਨੂੰ ਆਪਣੀ ਸੰਵਿਧਾਨਕ ਤੇ ਕਾਨੂੰਨੀ ਜ਼ਿੰਮੇਵਾਰੀ ਅਨੁਸਾਰ ਨਿਰਪੱਖ ਢੰਗ ਨਾਲ ਕੰਮ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਲੋਕਤੰਤਰ, ਸੰਵਿਧਾਨਕ ਸੰਸਥਾਵਾਂ ਦੀ ਆਜ਼ਾਦੀ ਤੇ ਪੰਜਾਬ ਦੇ ਹੱਕਾਂ ਲਈ ਆਪਣੀ ਆਵਾਜ਼ ਉਠਾਉਂਦੀ ਰਹੇਗੀ।ਉਨ੍ਹਾਂ ਕਿਹਾ ਕਿ ਪਾਰਟੀ ਦੇ ਆਗੂ ਤੇ ਵਰਕਰ ਲੋਕਾਂ ਦੇ ਹੱਕਾਂ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਸ਼ਾਂਤਮਈ ਤੇ ਲੋਕਤੰਤਰਿਕ ਢੰਗ ਨਾਲ ਆਪਣਾ ਵਿਰੋਧ ਦਰਜ ਕਰਵਾਉਂਦੇ ਰਹਿਣਗੇ।ਇਸ ਮੌਕੇ 'ਆਪ' ਆਗੂਆਂ ਤੇ ਵਰਕਰਾਂ ਵੱਲੋਂ ਕੇਂਦਰ ਸਰਕਾਰ ਤੇ ਭਾਜਪਾ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਕੇਂਦਰੀ ਜਾਂਚ ਏਜੰਸੀਆਂ ਦੀ ਕਾਰਵਾਈ ਵਿੱਚ ਪਾਰਦਰਸ਼ਤਾ ਤੇ ਨਿਰਪੱਖਤਾ ਯਕੀਨੀ ਬਣਾਉਣ ਦੀ ਮੰਗ ਕੀਤੀ ਗਈ।

## ਇਖ਼ਲਾਕ, ਮੁਹੱਬਤ ਤੇ ਏਕਤਾ ਦੇ ਸੁਨੇਹੇ ਨਾਲ ਖੇਤਰੀ ਯੁਵਕ ਤੇ ਵਿਰਾਸਤੀ ਮੇਲਾ ਸੰਪੰਨ

### ■ ਦੇਵ ਸਮਾਜ ਕਾਲਜ ਫ਼ਿਰੋਜ਼ਪੁਰ ਨੇ ਜਿੱਤੀ ਓਵਰਆਲ ਟਰਾਫ਼ੀ



**ਰਾਏਕੋਟ (ਸੰਤੋਖ ਗਿੱਲ)**

ਗੋਵਿੰਦ ਨੈਸ਼ਨਲ ਕਾਲਜ ਨਾਰੰਗਵਾਲ ਵਿੱਚ ਚਾਰ ਖੇਤਰੀ ਰੋਜ਼ਾ ਯੁਵਕ ਤੇ ਵਿਰਾਸਤੀ ਮੇਲਾ ਇਖ਼ਲਾਕ, ਮੁਹੱਬਤ ਤੇ ਏਕਤਾ ਦਾ ਸੁਨੇਹਾ ਦਿੰਦਾ ਹੋਇਆ ਸ਼ਾਨਦਾਰ ਢੰਗ ਨਾਲ ਸਮਾਪਤ ਹੋ ਗਿਆ।ਮੇਲਾ ਵਿਦਿਆਰਥੀਆਂ ਦੀ ਕਲਾਤਮਕ ਪ੍ਰਤਿਭਾ, ਸਿਰਜਣਾਤਮਿਕਤਾ ਤੇ ਪੰਜਾਬੀ ਵਿਰਸੇ ਪ੍ਰਤੀ ਮੋਹ ਦਾ ਜਸ਼ਨ ਹੋ ਨਿੱਬੜਿਆ।ਮੇਲੇ ਦੀ ਓਵਰਆਲ ਟਰਾਫ਼ੀ ਦੇਵ ਸਮਾਜ ਕਾਲਜ ਫ਼ਿਰੋਜ਼ਪੁਰ ਨੇ ਜਿੱਤੀ, ਜਦਕਿ ਮੇਜ਼ਬਾਨ ਗੋਵਿੰਦ ਨੈਸ਼ਨਲ ਕਾਲਜ ਨਾਰੰਗਵਾਲ ਪਹਿਲੇ ਤੇ ਖ਼ਾਲਸਾ ਕਾਲਜ ਫ਼ਾਰ ਵਿਮੈਨ ਸਿਧਵਾਂ ਖ਼ੁਰਦ ਦੂਜੇ ਰਨਰ-ਅੱਪ ਰਹੇ।ਜੇਤੂਆਂ ਨੂੰ ਇਨਾਮ ਤਕਸੀਮ ਕਰਦਿਆਂ ਕਾਲਜ ਟਰੱਸਟੀ ਪਰਮਵੀਰ ਸਿੰਘ ਗਰੇਵਾਲ ਨੇ ਕਿਹਾ ਕਿ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਤੇ ਲਗਨ ਨੇ ਮੇਲੇ ਨੂੰ ਆਪਸੀ ਪਿਆਰ, ਵਿਸ਼ਵਾਸ ਤੇ ਸਦਭਾਵਨਾ ਦਾ ਪ੍ਰਤੀਕ ਬਣਾਇਆ ਹੈ।ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਜਸਵੀਰ ਸਿੰਘ (ਜੱਸੀ ਖੰਗੂੜਾ) ਨੇ ਕਿਹਾ ਕਿ ਇਹ ਮੇਲਾ ਵਿਦਿਆਰਥੀਆਂ ਦੀ ਪ੍ਰਤਿਭਾ ਦੇ ਨਾਲ-ਨਾਲ ਉਨ੍ਹਾਂ ਦੀ ਏਕਤਾ ਤੇ ਸਾਂਝੀਵਾਲਤਾ ਦਾ ਜਸ਼ਨ ਸਾਬਿਤ ਹੋਇਆ ਹੈ।ਮੇਲੇ ਦੇ ਆਖ਼ਰੀ ਦਿਨ ਭੰਗੜੇ ਦੇ ਮੁਕਾਬਲੇ ਵਿੱਚ ਗੋਵਿੰਦ ਨੈਸ਼ਨਲ ਕਾਲਜ ਨਾਰੰਗਵਾਲ ਨੇ ਪਹਿਲਾ, ਆਰ.ਐੱਸ.ਡੀ. ਕਾਲਜ ਫ਼ਿਰੋਜ਼ਪੁਰ ਨੇ ਦੂਜਾ ਤੇ ਡੀ.ਐੱਮ ਕਾਲਜ ਮੋਗਾ ਨੇ ਤੀਜਾ ਸਥਾਨ ਹਾਸਲ ਕੀਤਾ। ਗਿੱਧੇ ਵਿੱਚ ਸੁਖਾਨੰਦ ਕਾਲਜ ਨੇ ਪਹਿਲਾ, ਜੀ.ਐੱਚ.ਜੀ. ਖ਼ਾਲਸਾ ਕਾਲਜ ਗੁਰੂਸਰ ਸੁਧਾਰ ਨੇ ਦੂਜਾ ਤੇ ਦੇਵ ਸਮਾਜ ਕਾਲਜ ਫ਼ਿਰੋਜ਼ਪੁਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਕਲੀ ਤੇ ਕਵੀਸ਼ਰੀ ਦੇ ਮੁਕਾਬਲਿਆਂ ਵਿੱਚ ਦੇਵ ਸਮਾਜ ਕਾਲਜ ਫ਼ਿਰੋਜ਼ਪੁਰ ਨੇ ਪਹਿਲਾ, ਖ਼ਾਲਸਾ ਕਾਲਜ ਫ਼ਾਰ ਵਿਮੈਨ ਸਿੱਧਵਾਂ ਖ਼ੁਰਦ ਨੇ ਕਵੀਸ਼ਰੀ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ।ਵਾਰ ਮੁਕਾਬਲੇ ਵਿੱਚ ਬੀ.ਕੇ.ਐੱਸ. ਕਾਲਜ ਮੁਹਾਰ ਨੇ ਪਹਿਲਾ, ਦੇਵ ਸਮਾਜ ਕਾਲਜ, ਫ਼ਿਰੋਜ਼ਪੁਰ ਨੇ ਦੂਜਾ ਤੇ ਗੋਵਿੰਦ ਨੈਸ਼ਨਲ ਕਾਲਜ ਨਾਰੰਗਵਾਲ ਨੇ ਤੀਜਾ ਸਥਾਨ ਹਾਸਲ ਕੀਤਾ।ਕਲੀ ਵਿੱਚ ਗੋਵਿੰਦ ਨੈਸ਼ਨਲ ਕਾਲਜ ਨੇ ਦੂਜਾ ਤੇ ਖ਼ਾਲਸਾ ਕਾਲਜ ਫ਼ਾਰ ਵਿਮੈਨ ਸਿੱਧਵਾਂ ਖ਼ੁਰਦ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਦਸੂਤੀ ਦੇ ਮੁਕਾਬਲੇ 'ਚ ਗੁਰਪ੍ਰੀਤ ਕੌਰ, ਨਾਰੰਗਵਾਲ ਨੇ ਪਹਿਲਾ, ਪ੍ਰਭਜੋਤ ਕੌਰ ਲੋਪੋ ਕਾਲਜ ਨੇ ਦੂਜਾ ਤੇ ਅਮਿਤਾ ਖ਼ਾਲਸਾ ਕਾਲਜ ਫ਼ਾਰ ਵਿਮੈਨ ਸਿੱਧਵਾਂ ਖ਼ੁਰਦ ਨੇ ਤੀਜਾ ਸਥਾਨ ਹਾਸਲ ਕੀਤਾ।ਬਾਗ਼ ਦੇ ਮੁਕਾਬਲੇ ਵਿੱਚ ਡੀ ਐੱਮ ਕਾਲਜ ਮੋਗਾ ਦੀ ਗੁਰਲੀਨ ਕੌਰ ਪਹਿਲੇ, ਦੇਵ ਸਮਾਜ ਕਾਲਜ ਫ਼ਿਰੋਜ਼ਪੁਰ ਦੀ ਮਹਿਕਦੀਪ ਕੌਰ ਦੂਜੇ ਤੇ ਖ਼ਾਲਸਾ ਕਾਲਜ ਫ਼ਾਰ ਵਿਮੈਨ ਸਿੱਧਵਾਂ ਖ਼ੁਰਦ ਦੀ ਹਰਦੀਪ ਕੌਰ ਤੀਜੇ ਸਥਾਨ 'ਤੇ ਰਹੀ।ਕਰੋਸ਼ੀਆ ਮੁਕਾਬਲੇ 'ਚ ਸਾਇੰਸ ਕਾਲਜ ਜਗਰਾਉਂ ਦੀ ਰੁਪਿੰਦਰ ਕੌਰ ਨੇ ਪਹਿਲਾ, ਦੇਵ ਸਮਾਜ ਕਾਲਜ ਫ਼ਿਰੋਜ਼ਪੁਰ ਦੀ ਨਿਮਰਤ ਕੌਰ ਨੇ ਦੂਜਾ ਤੇ ਡੀ ਐੱਮ ਕਾਲਜ ਮੋਗਾ ਦੀ ਸਿਮਰਨਜੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਚਾਰ ਦਿਨਾਂ ਤੱਕ ਚੱਲੇ ਇਸ ਮੇਲੇ ਨੇ ਵਿਦਿਆਰਥੀਆਂ ਨੂੰ ਆਪਣੀ ਕਲਾ ਤੇ ਹੁਨਰ ਦਿਖਾਉਣ ਦਾ ਮੰਚ ਪ੍ਰਦਾਨ ਕਰਨ ਦੇ ਨਾਲ ਪੰਜਾਬੀ ਸੱਭਿਆਚਾਰ, ਵਿਰਾਸਤ ਤੇ ਆਪਸੀ ਸਾਂਝ ਨੂੰ ਮਜ਼ਬੂਤ ਕਰਨ ਦਾ ਸੁਨੇਹਾ ਵੀ ਦਿੱਤਾ।

## 'ਮੇਰਾ ਘਰ ਮੇਰੇ ਨਾਮ' ਤਹਿਤ ਵਿਧਾਇਕ ਸਵਨਾ ਨੇ ਪ੍ਰਾਪਰਟੀ ਕਾਰਡ ਵੰਡੇ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਲਾਲ ਲਕੀਰ ਦੇ ਘੇਰੇ ਅੰਦਰ ਆਉਂਦੇ ਲੋਕਾਂ ਨੂੰ ਉਨ੍ਹਾਂ ਦਾ ਥਾਂ ਦੀ ਮਾਲਕੀ ਦਿਵਾਉਣ ਲਈ ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰਪਾਲ ਸਿੰਘ ਸਵਨਾ ਨੇ ਪਿੰਡ ਬਾਧਾ ਦੇ ਲੋਕਾਂ ਨੂੰ ਪ੍ਰਾਪਰਟੀ ਕਾਰਡ ਵੰਡ ਕੇ ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਤੋਂ ਬਾਅਦ ਉਨ੍ਹਾਂ ਮੁੱਠਿਆਂ ਵਾਲਾ ਦੇ ਲੋਕਾਂ ਨੂੰ ਪ੍ਰਾਪਰਟੀ ਕਾਰਡ ਵੰਡੇ।ਇਸ ਮੌਕੇ ਬੋਲਦਿਆਂ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅੱਜ ਪੰਜਾਬ ਵਾਸੀਆਂ ਨੂੰ ਇੱਕ ਵੱਡੀ ਸੌਗਾਤ ਦਿੱਤੀ ਹੈ।ਉਨ੍ਹਾਂ ਕਿਹਾ ਕਿ ਪਹਿਲਾਂ ਲਾਲ ਲਕੀਰ ਦੇ ਘੇਰੇ ਵਿੱਚ ਆਉਂਦੇ ਲੋਕਾਂ ਦੀ ਪ੍ਰਾਪਰਟੀ ਉਨ੍ਹਾਂ ਦੇ ਨਾਮ ਨਹੀਂ ਸੀ, ਜਿਸ ਕਾਰਨ ਉਨ੍ਹਾਂ ਨੂੰ ਉਨ੍ਹਾਂ ਦੀ ਪ੍ਰਾਪਰਟੀ ਦਾ ਕਾਨੂੰਨੀ ਹੱਕ ਨਹੀਂ ਮਿਲਿਆ ਸੀ। ਉਨ੍ਹਾਂ ਫਾਜ਼ਿਲਕਾ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅੱਜ ਪੰਜਾਬ ਸਰਕਾਰ ਨੇ ਇਨ੍ਹਾਂ ਪਰਿਵਾਰਾਂ ਨੂੰ ਇਨ੍ਹਾਂ ਦੀ ਪ੍ਰਾਪਰਟੀ ਦਾ ਮਾਲਕੀ ਹੱਕਦਾਰ ਬਣਾਇਆ ਹੈ ਤੇ ਉਨ੍ਹਾਂ ਦੀ ਪ੍ਰਾਪਰਟੀ ਦੀ ਰਜਿਸਟਰੀ ਉਨ੍ਹਾਂ ਦੇ ਨਾਮ ਕਰ ਦਿੱਤੀ ਹੈ।ਉਨ੍ਹਾਂ ਕਿਹਾ ਕਿ ਫਾਜ਼ਿਲਕਾ ਹਲਕੇ ਵਿੱਚ ਇਹ ਸਿਲਸਿਲਾ ਪੜਾਅਵਾਰ ਜਾਰੀ ਰਹੇਗਾ ਤੇ ਅੱਜ ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਬਾਧਾ ਦੀ ਕਿੱਲੀ ਤੋਂ ਇਸ ਮੁਹਿੰਮ ਦੀ ਸ਼ੁਰੂਆਤ ਹੋ ਗਈ ਹੈ।ਉਨ੍ਹਾਂ ਨੇ ਕਿਹਾ ਕਿ ਇਸ ਨਾਲ ਲਾਲ ਲਕੀਰ ਦੇ ਵਸੀਆਂ ਦੀਆਂ ਦਹਾਕੇ ਪੁਰਾਣੀਆਂ ਚੁਣੌਤੀਆਂ ਦਾ ਹੱਲ ਹੋਇਆ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੀ ਇਹ ਪਹਿਲ ਕਦਮੀ ਇਨ੍ਹਾਂ ਲੋਕਾਂ ਦਾ ਮਾਣ-ਸਨਮਾਨ ਬਹਾਲ ਕਰਦੀ ਹੈ ਤੇ ਇਨ੍ਹਾਂ ਲਈ ਆਰਥਿਕ ਸੰਭਾਵਨਾਵਾਂ ਨੂੰ ਖੋਲ੍ਹਦੀ ਹੈ। ਉਨ੍ਹਾਂ ਨੇ ਕਿਹਾ ਇਹ ਯੋਜਨਾ ਨਾ ਸਿਰਫ਼ ਕਾਨੂੰਨੀ ਮਾਨਤਾ ਪ੍ਰਦਾਨ ਕਰਦੀ ਹੈ, ਸਗੋਂ ਲਾਲ ਲਕੀਰ ਦੇ ਵਸੀਆਂ ਨੂੰ ਆਰਥਿਕ ਤਰੱਕੀ ਲਈ ਆਪਣੀ ਜਾਇਦਾਦ ਦੀ ਵਰਤੋਂ ਕਰਨ ਦੇ ਸਾਧਨ ਵੀ ਦਿੰਦੀ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਇਸ ਯੋਜਨਾ ਦੇ ਤਹਿਤ ਹੋਰ ਵੀ ਪ੍ਰਾਪਰਟੀ ਕਾਰਡ ਵੰਡੇ ਜਾਣਗੇ।

## ਗੁਰਮੀਤ ਸਿੰਘ ਬੁੱਕਣਵਾਲਾ ਦੇ ਹੱਕ 'ਚ ਸੱਦਾ ਸਿੰਘ ਵਾਲਾ 'ਚ ਭਰਵਾਂ ਇਕੱਠ



**ਮੋਗਾ (ਇਕਬਾਲ ਸਿੰਘ ਖਹਿਰਾ)**

ਪਿੰਡ ਸੱਦਾ ਸਿੰਘ ਵਾਲਾ ਵਿਖੇ ਕੀਤੀ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਕਰਮਜੀਤ ਸਿੰਘ ਰਸੂਲਪੁਰ ਤੇ ਤਰਨਦੀਪ ਸਿੰਘ ਸਿੰਘਾਂ ਵਾਲਾ ਨੇ ਕਿਹਾ ਕਿ ਚੋਣ ਕਮਿਸ਼ਨ ਵੱਲੋਂ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਨੂੰ ਰਜਿਸਟਰ ਕਰਨ ਉੱਤੇ 'ਰਾਸ਼ਟਰੀ ਸੁਰੱਖਿਆ' ਦਾ ਬੇਬੁਨਿਆਦ ਹਵਾਲਾ ਦੇ ਕੇ ਰੋਕ ਲਗਾਏ ਜਾਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਉਨ੍ਹਾਂ ਕਿਹਾ ਕਿ ਅਖੌਤੀ ਲੋਕਤੰਤਰ ਦੇ ਇਸ ਦੌਰ ਵਿੱਚ ਪੰਜਾਬ ਦੇ ਹੱਕਾਂ ਦਾ ਗਲਾ ਘੁੱਟਣ ਲਈ ਜੋ ਹਥਕੰਡੇ ਅਪਣਾਏ ਜਾ ਰਹੇ ਹਨ, ਉਸ ਤੋਂ ਸਾਫ਼ ਜ਼ਾਹਰ ਹੁੰਦਾ ਹੈ ਕਿ ਕੇਂਦਰੀ ਸਿਸਟਮ ਵੱਲੋਂ ਪੰਜਾਬ ਦੀ ਹਰ ਨਿਆਂਪਸੰਦ ਆਵਾਜ਼ ਨੂੰ ਕੁਚਲਣ ਦੀ ਇਹ ਇੱਕ ਡੂੰਘੀ ਸਾਜ਼ਿਸ਼ ਹੈ।ਭਰਾ ਜਗਜਿੰਦਰ ਸਿੰਘ ਨੇ ਕਿਹਾ ਕਿ ਜਦੋਂ ਵੀ ਪੰਜਾਬ ਤੇ ਪੰਜਾਬੀਅਤ ਆਪਣੇ ਬੁਨਿਆਦੀ ਹਿੱਤਾਂ ਲਈ ਆਵਾਜ਼ ਬੁਲੰਦ ਕਰਦੀ ਹੈ, ਤਾਂ ਹਾਕਮਾਂ ਨੂੰ 'ਰਾਸ਼ਟਰੀ ਸੁਰੱਖਿਆ' ਦਾ ਖ਼ਤਰਾ ਦਿਖਣ ਲੱਗ ਜਾਂਦਾ ਹੈ।ਇਹ ਘਟਨਾ ਸਾਨੂੰ ਇਸ ਕੌੜੀ ਸੱਚਾਈ ਨਾਲ ਰੂਬਰੂ ਕਰਵਾਉਂਦੀ ਹੈ ਕਿ ਅਸੀਂ ਅੱਜ ਵੀ ਆਜ਼ਾਦ ਮੁਲਕ ਵਿੱਚ ਨਹੀਂ, ਸਗੋਂ ਮਾਨਸਿਕ ਤੇ ਰਾਜਨੀਤਕ ਗੁਲਾਮੀ ਦੀਆਂ ਜ਼ੰਜੀਰਾਂ ਵਿੱਚ ਜਕੜੇ ਹੋਏ ਹਾਂ, ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਗੁਲਾਮੀ ਦੇ ਹਨੇਰੇ ਤੋਂ ਸਦੀਵੀ ਖਹਿੜਾ ਛੁਡਾਉਣ ਲਈ ਹੁਣ ਮੂਕ ਦਰਸ਼ਕ ਬਣ ਕੇ ਰਹਿਣ ਦਾ ਸਮਾਂ ਨਹੀਂ ਰਿਹਾ।ਸੂਬੇ ਨੂੰ ਸਹੀ ਲੀਹ 'ਤੇ ਲਿਆਉਣ ਤੇ ਆਪਣੇ ਫ਼ੈਸਲੇ ਆਪ ਕਰਨ ਦੇ ਸਮਰੱਥ ਬਣਾਉਣ ਲਈ, ਸਾਨੂੰ 2027 ਵਿੱਚ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਪੰਜਾਬ ਦਾ ਮੁੱਖ ਮੰਤਰੀ ਬਣਾਉਣਾ ਪਵੇਗਾ।

ਜਦੋਂ ਸੱਤਾ ਦੀ ਵਾਗਡੋਰ ਪੰਜਾਬ ਦੇ ਸੱਚੇ ਦਰਦੀ ਭਾਈ ਗੁਰਮੀਤ ਸਿੰਘ ਬੁੱਕਣ ਵਾਲਾ ਵਰਗੇ ਹੱਥਾਂ ਵਿੱਚ ਆਵੇਗੀ, ਤਾਂ ਹੀ ਗੁਲਾਮੀ ਦੀਆਂ ਇਨ੍ਹਾਂ ਬੇੜੀਆਂ ਨੂੰ ਤੋੜਿਆ ਜਾ ਸਕੇਗਾ।ਇਸ ਮੌਕੇ ਸੀਨੀਅਰ ਆਗੂ ਦਵਿੰਦਰ ਸਿੰਘ ਰਣੀਆਂ ਤੇ ਹਰਪ੍ਰੀਤ ਸਮਰਾ ਨੇ ਸਮੂਹ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਧੱਕੇਸ਼ਾਹੀ ਖ਼ਿਲਾਫ਼ ਇੱਕਜੁੱਟ ਹੋਣ ਤੇ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਅਸਲ ਖ਼ੁਦਮੁਖਤਿਆਰੀ ਤੇ ਸਤਿਕਾਰ ਲਈ ਡੱਟ ਕੇ ਅਕਾਲੀ ਦਲ ਵਾਰਿਸ ਪੰਜਾਬ ਦਾ ਸਾਥ ਦੇਣ।ਇਸ ਮੌਕੇ ਸਵਰਨਜੀਤ ਕੌਰ ਮਾਤਾ ਭਾਈ ਗੁਰਮੀਤ ਸਿੰਘ ਬੁੱਕਣ ਵਾਲਾ, ਜ਼ਿਲ੍ਹਾ ਮੀਤ ਪ੍ਰਧਾਨ ਬਚਿੱਤਰ ਸਿੰਘ, ਸਕੱਤਰ ਜਨਰਲ ਨਿਰਮਲ ਸਿੰਘ, ਸੁਖਮੰਦਰ ਸਿੰਘ ਸਕੱਤਰ, ਅਰਸ਼ਦੀਪ ਸਿੰਘ ਕਾਰਜਕਾਰੀ ਕਮੇਟੀ, ਏਕਮ ਚੁੱਪਕੀਤੀ, ਬਲਵੀਰ ਸਿੰਘ, ਅਖਤਿਆਰ ਸਿੰਘ, ਮੱਖਣ ਸਿੰਘ, ਬਲਵਿੰਦਰ ਸਿੰਘ, ਦਵਿੰਦਰ ਸਿੰਘ, ਚੰਦ ਸਿੰਘ, ਤਿਰਲੋਕ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਭੈਣਾਂ ਤੇ ਭਰਾ ਹਾਜ਼ਰ ਸਨ।

## 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਵੁਸ਼ੂ ਦੇ ਜ਼ਿਲ੍ਹਾ ਪੱਧਰੀ ਟਰਾਇਲ ਕਰਾਏ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਖੇਡਾਂ ਵਤਨ ਪੰਜਾਬ ਦੀਆਂ-2026 ਤਹਿਤ ਵੁਸ਼ੂ ਖੇਡ ਦੇ ਜ਼ਿਲ੍ਹਾ ਪੱਧਰੀ ਟਰਾਇਲ ਸ਼ਹੀਦ ਭਗਤ ਸਿੰਘ ਸਟੇਡੀਅਮ, ਫਿਰੋਜ਼ਪੁਰ ਦੇ ਇਨਡੋਰ ਹਾਲ ਵਿਖੇ ਕਰਾਏ ਗਏ। ਇਨ੍ਹਾਂ ਟਰਾਇਲਾਂ ਵਿੱਚ ਜ਼ਿਲ੍ਹੇ ਭਰ ਤੋਂ ਲਗਭਗ 80 ਖਿਡਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਟਰਾਇਲਾਂ ਦੀ ਸ਼ੁਰੂਆਤ ਜ਼ਿਲ੍ਹਾ ਖੇਡ ਅਫ਼ਸਰ ਗੁਰਦੀਪ ਸਿੰਘ ਵੱਲੋਂ ਕੀਤੀ ਗਈ। ਇਸ ਮੌਕੇ ਵੁਸ਼ੂ ਐਸੋਸੀਏਸ਼ਨ ਫਿਰੋਜ਼ਪੁਰ ਦੇ ਚੀਫ਼ ਕੋਚ ਕ੍ਰਿਸ਼ਨ ਕੁਮਾਰ, ਕਨਵੀਨਰ ਵਿਸ਼ਾਲ ਕੰਬੋਜ, ਆਫੀਸ਼ਲ ਸ਼ਿਵਮ ਕੁਮਾਰ, ਆਫੀਸ਼ਲ ਖੁਸ਼ੀ ਤੇ ਕੋਚ ਸਿਮਰਨ ਵੀ ਮੌਜੂਦ ਸਨ। ਖਿਡਾਰੀਆਂ ਨੇ ਵੱਖ-ਵੱਖ ਵਰਗਾਂ 'ਚ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਜ਼ਿਲ੍ਹਾ ਖੇਡ ਅਫ਼ਸਰ ਗੁਰਦੀਪ ਸਿੰਘ ਨੇ ਖਿਡਾਰੀਆਂ ਨੂੰ ਖੇਡਾਂ ਨਾਲ ਜੁੜਨ ਤੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਦੇ ਨਾਲ-ਨਾਲ ਅਨੁਸ਼ਾਸਨ ਅਤੇ ਟੀਮ ਭਾਵਨਾ ਦੀ ਸਿੱਖਿਆ ਵੀ ਦਿੰਦੀਆਂ ਹਨ। ਉਨ੍ਹਾਂ ਗੋਲਡ ਮੈਡਲ ਜਿੱਤਣ ਵਾਲੇ ਖਿਡਾਰੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਟਰਾਇਲਾਂ ਵਿੱਚ ਗੋਲਡ ਮੈਡਲ ਜਿੱਤਣ ਵਾਲੇ ਖਿਡਾਰੀ ਖੇਡਾਂ ਵਤਨ ਪੰਜਾਬ ਦੀਆਂ-2026 ਦੇ ਸੂਬਾ ਪੱਧਰੀ ਮੁਕਾਬਲਿਆਂ 'ਚ ਫ਼ਿਰੋਜ਼ਪੁਰ ਜ਼ਿਲ੍ਹੇ ਦੀ ਨੁਮਾਇੰਦਗੀ ਕਰਨਗੇ। ਉਨ੍ਹਾਂ ਖਿਡਾਰੀਆਂ ਨੂੰ ਸੂਬਾ ਪੱਧਰ 'ਤੇ ਵੀ ਵਧੀਆ ਪ੍ਰਦਰਸ਼ਨ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਆਰੀਆ ਸਕੂਲ 'ਚ ਲੱਗਾ ਐੱਨ ਐੱਸ ਐੱਸ ਕੈਂਪ



ਧੂਰੀ (ਮਨੋਹਰ ਸਿੰਘ ਸੱਗੂ)-ਆਰੀਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਚੱਲ ਰਹੇ ਐਨ ਐਸ ਐਸ ਕੈਂਪ ਵਿੱਚ ਇਲਾਕੇ ਦੀਆਂ ਨਾਮਵਰ ਹਸਤੀਆਂ ਨਾਲ ਵਿਦਿਆਰਥੀ ਵਲੰਟੀਅਰਾਂ ਨੂੰ ਮਿਲਾਇਆ ਗਿਆ। ਵਲੰਟੀਅਰਾਂ ਵੱਲੋਂ ਮਹਿਮਾਨਾਂ ਦਾ ਬੁੱਕੇ ਦੇ ਕੇ ਸਨਮਾਨ ਕੀਤਾ ਗਿਆ। ਪ੍ਰੋਗਰਾਮ ਵਿੱਚ ਸਰਬਗੀ ਲੇਖਕ, ਸਾਬਕਾ ਸੀਨੀਅਰ ਮੈਨੇਜਰ ਜਗਦੀਸ਼ ਸ਼ਰਮਾ ਬੁਗਰਾ ਅਤੇ ਰਿਟਾਇਰਡ ਪ੍ਰਿੰਸੀਪਲ ਸੰਤ ਸਿੰਘ ਬੀਹਲਾ ਨੇ ਸ਼ਮੂਲੀਅਤ ਕੀਤੀ। ਪ੍ਰਿੰਸੀਪਲ ਨੀਨਾ ਗੋਇਲ ਨੇ ਪਧਾਰੀਆਂ ਸ਼ਖ਼ਸੀਅਤਾਂ ਦੀ ਸੰਖੇਪ ਜਾਣਕਾਰੀ ਕਰਵਾਈ ਤੇ ਅੱਜ ਦੇ ਪ੍ਰੋਗਰਾਮ ਦਾ ਮਕਸਦ ਸਾਂਝਾ ਕੀਤਾ। ਸ਼੍ਰੀ ਜਗਦੀਸ਼ ਸ਼ਰਮਾ ਨੇ ਆਪਣੇ ਕੁੰਜੀਵਤ ਭਾਸ਼ਣ ਵਿੱਚ ਬੱਚਿਆਂ ਨੂੰ ਮਹਿੰਗਾਈ ਦੀਆਂ ਬਰੀਕੀਆਂ ਤੋਂ ਜਾਣੂ ਕਰਵਾਇਆ। ਕੈਂਪ ਵਿੱਚ ਭਾਗ ਲੈ ਰਹੇ ਵਾਲੰਟੀਅਰਾਂ ਨੇ ਵਿਸ਼ੇ ਪ੍ਰਤੀ ਗਹਿਰੀ ਰੁਚੀ ਦਿਖਾਈ ਤੇ ਇਕਾਗਰ ਚਿੱਤ ਹੋ ਕੇ ਸੁਣਿਆ। ਸੰਤ ਸਿੰਘ ਨੇ ਆਪਣੇ ਸੰਬੋਧਨ ਵਿੱਚ ਚਰਿੱਤਰ ਨਿਰਮਾਣ 'ਤੇ ਜ਼ੋਰ ਦਿੰਦਿਆਂ ਗੁਰੂ ਗ੍ਰੰਥ ਸਾਹਿਬ ਵਿੱਚੋਂ ਉਦਾਹਰਣਾਂ ਦੇ ਕੇ ਸੇਵਾ ਅਤੇ ਸਨਮਾਨ ਦਾ ਮਹੱਤਵ ਸਮਝਾਇਆ।

## ਸਟੀਫਨ ਸਕੂਲ 'ਚ 'ਲਾਈਫ ਸਕਿੱਲਜ਼' 'ਤੇ ਸੀਬੀਪੀ ਟ੍ਰੇਨਿੰਗ



ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)-ਸਟੀਫਨ ਇੰਟਰਨੈਸ਼ਨਲ ਸਕੂਲ ਸੰਗਰੂਰ ਵਿਖੇ ਅਧਿਆਪਕਾਂ ਦੇ ਪੇਸ਼ੇਵਰ ਵਿਕਾਸ ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦੇ ਉਦੇਸ਼ ਨਾਲ ਸੀਬੀਐਸਈ ਅਧੀਨ 'ਲਾਈਫ ਸਕਿੱਲਜ਼' ਵਿਸ਼ੇ 'ਤੇ ਵਿਸ਼ੇਸ਼ ਟ੍ਰੇਨਿੰਗ ਸੈਸ਼ਨ ਕਰਵਾਇਆ ਗਿਆ। ਟ੍ਰੇਨਿੰਗ ਦੀ ਅਗਵਾਈ ਰਿਸੋਰਸ ਪਰਸਨ ਸ੍ਰੀ ਪੰਕਜ ਗੁਪਤਾ ਤੇ ਡਾ. ਸੰਜੇ ਕੁਮਾਰ ਨੇ ਕੀਤੀ।ਇਸ ਦੌਰਾਨ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਮੋਨਿਕਾ ਸ਼ਰਮਾ ਨੇ ਰਿਸੋਰਸ ਪਰਸਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਿੱਖਿਆ ਦਾ ਮਕਸਦ ਕੇਵਲ ਅਕਾਦਮਿਕ ਗਿਆਨ ਦੇਣਾ ਨਹੀਂ, ਸਗੋਂ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਜ਼ਿੰਮੇਵਾਰੀ ਤੇ ਚੁਣੌਤੀਆਂ ਦਾ ਸਾਹਮਣਾ ਕਰਨ ਦੀ ਸਮਰੱਥਾ ਵਿਕਸਿਤ ਕਰਨਾ ਵੀ ਹੈ।ਚੇਅਰਮੈਨ ਦੀਪਕ ਗੁਪਤਾ ਨੇ ਟ੍ਰੇਨਿੰਗ ਦੀ ਸ਼ਲਾਘਾ ਕਰਦਿਆਂ ਅਧਿਆਪਕਾਂ ਨੂੰ ਹਾਸਲ ਗਿਆਨ ਨੂੰ ਕਲਾਸਰੂਮ ਵਿੱਚ ਅਮਲ 'ਚ ਲਿਆਉਣ ਲਈ ਪ੍ਰੇਰਿਤ ਕੀਤਾ।

## ਮਾਨ ਸਰਕਾਰ ਦੇ ਕੰਮਾਂ ਤੋਂ ਲੋਕ ਸੰਤੁਸ਼ਟ : ਸਰਪੰਚ ਪਰਮਿੰਦਰ ਸਨੇਰ



ਕੋਟ ਈਸੇ ਖਾਂ (ਅਰੋੜਾ)-ਸਰਪੰਚ ਪਰਮਿੰਦਰ ਸਿੰਘ ਸਨੇਰ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਗਏ ਵਾਅਦਿਆਂ ਤੇ ਗਰੰਟੀਆਂ ਨੂੰ ਪੂਰਾ ਕਰਨ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਬਿਜਲੀ ਦੇ ਬਿੱਲਾਂ ਵਿੱਚ ਰਾਹਤ, ਲੋਕ ਭਲਾਈ ਦੀਆਂ ਵੱਖ-ਵੱਖ ਸਕੀਮਾਂ, ਰਾਸ਼ਨ ਦੀ ਸਹੂਲਤ ਤੇ ਹੋਰ ਲੋਕ ਪੱਖੀ ਕੰਮਾਂ ਰਾਹੀਂ ਆਮ ਲੋਕਾਂ ਨੂੰ ਸਿੱਧਾ ਲਾਭ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਰਵਾਇਤੀ ਸਿਆਸਤ ਦੀ ਬਜਾਏ ਆਮ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਤਰਜੀਹ ਦੇਣ ਦਾ ਯਤਨ ਕੀਤਾ ਹੈ।ਸਿੱਖਿਆ, ਸਿਹਤ, ਬਿਜਲੀ, ਰਾਸ਼ਨ ਤੇ ਲੋਕ ਭਲਾਈ ਨਾਲ ਸਬੰਧਤ ਸਹੂਲਤਾਂ ਨੂੰ ਲੈ ਕੇ ਸਰਕਾਰ ਵੱਲੋਂ ਕੀਤੇ ਕੰਮ ਲੋਕਾਂ ਦੇ ਸਾਹਮਣੇ ਹਨ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਚੰਗਾ ਪ੍ਰਦਰਸ਼ਨ ਕਰੇਗੀ ਤੇ ਇਨ੍ਹਾਂ ਨੀਤੀਆਂ ਦੇ ਚੱਲਦਿਆਂ ਫਿਰ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ।ਉਨ੍ਹਾਂ ਕਿਹਾ ਕਿ ਲੋਕ ਅੱਜ ਵੀ ਆਮ ਆਦਮੀ ਪਾਰਟੀ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੇ ਹਨ ਤੇ ਪਾਰਟੀ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾ ਰਹੇ ਹਨ।

## ਭਲਕ ਦੀ ਸੰਗਰੂਰ ਮਹਾਂਰੈਲੀ ਲਈ ਵੱਖ-ਵੱਖ ਸਕੂਲਾਂ ਦਾ ਦੌਰਾ



ਲੁਧਿਆਣਾ (ਸਤੀਸ਼ ਸਚਦੇਵਾ)-ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ 'ਤੇ ਅਧਾਰਤ ਬਣੀ ਸਾਂਝੀ ਤਾਲਮੇਲ ਕਮੇਟੀ ਵੱਲੋਂ ਸਰਕਾਰ ਨੂੰ ਹਾਈਕੋਰਟ ਦੇ ਹੁਕਮ ਅਨੁਸਾਰ ਡੀ ਏ ਜਾਰੀ ਕਰਾਉਣ, 15 ਜਨਵਰੀ 2015 ਤੇ 17 ਜੁਲਾਈ 2020 ਦਾ ਪੱਤਰ ਰੱਦ ਕਰਾਉਣ, ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ, ਪੈਨਸ਼ਨਰਾਂ ਲਈ 2.59 ਗੁਣਾਂਕ ਲਾਗੂ ਕਰਾਉਣ, ਕੱਚੇ ਮੁਲਾਜ਼ਮ ਨੂੰ ਪੱਕਾ ਕਰਨ, ਮਿਡ ਡੇਅ ਮੀਲ, ਆਸ਼ਾ, ਆਂਗਣਵਾੜੀ ਨੂੰ ਘੱਟੋ ਘੱਟ-ਘੱਟ ਉਜਰਤ ਦੇ ਘੇਰੇ ਵਿੱਚ ਲਿਆਉਣਾ, ਏ.ਸੀ.ਪੀ. ਸਕੀਮ ਲਾਗੂ ਕਰਨਾ, ਬੰਦ ਕੀਤੇ ਭੱਤੇ ਬਹਾਲ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਲਿਆਉਣ ਆਦਿ ਮੰਗਾਂ ਮਨਾਉਣ ਲਈ 10 ਅਕਤੂਬਰ ਨੂੰ ਸੰਗਰੂਰ ਵਿੱਚ ਦੂਜੀ ਮਹਾਂਰੈਲੀ ਕੀਤੀ ਜਾ ਰਹੀ ਹੈ।ਇਸ ਦੀ ਤਿਆਰੀ ਲਈ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਲੁਧਿਆਣਾ ਵੱਲੋਂ ਜ਼ਿਲ੍ਹਾ ਜਨਰਲ ਸਕੱਤਰ ਰੁਪਿੰਦਰ ਪਾਲ ਸਿੰਘ ਗਿੱਲ ਦੀ ਅਗਵਾਈ ਵਿੱਚ ਲੁਧਿਆਣਾ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਵਿੱਚ ਰੈਲੀ ਦੀ ਮਹੱਤਤਾ ਸਬੰਧੀ ਪ੍ਰਚਾਰ ਕੀਤਾ ਗਿਆ।ਡੀ. ਟੀ. ਐੱਫ. ਦੇ ਜ਼ਿਲ੍ਹਾ ਸਕੱਤਰ ਰਜਿੰਦਰ ਸਿੰਘ ਨੇ ਦੱਸਿਆ ਕਿ ਸਕੂਲਾਂ ਵਿੱਚ ਕੰਮ ਕਰਦੇ ਅਧਿਆਪਕਾਂ, ਕਲਰਕਾਂ, ਮਿਡ ਡੇ ਮੀਲ ਵਰਕਰਾਂ, ਸਫ਼ਾਈ ਸੇਵਕਾਂ, ਚੌਕੀਦਾਰਾਂ ਆਦਿ ਮੁਲਾਜ਼ਮਾਂ ਵਿੱਚ ਰੈਲੀ 'ਚ ਸ਼ਾਮਲ ਹੋਣ ਲਈ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਲੁਧਿਆਣਾ ਜ਼ਿਲ੍ਹੇ 'ਚੋਂ ਵੱਡੀ ਗਿਣਤੀ ਵਿੱਚ ਮੁਲਾਜ਼ਮ ਸੰਗਰੂਰ ਰੈਲੀ 'ਚ ਸ਼ਾਮਲ ਹੋਣਗੇ।

## ਭਾਈ ਗੁਰਦਾਸ ਕਾਲਜ ਦੇ ਵਿਦਿਆਰਥੀ ਯੂਨੀਵਰਸਿਟੀ ਮੈਰਿਟ ਸੂਚੀ 'ਚ



ਭਵਾਨੀਗੜ੍ਹ (ਰਾਜ ਖੁਰਮੀ)-ਮਾਲਵਾ ਖੇਤਰ ਦੀ ਨਾਮਵਰ ਸਿੱਖਿਆ ਸੰਸਥਾ ਭਾਈ ਗੁਰਦਾਸ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਡਿਗਰੀ ਕਾਲਜ ਦੇ ਵਿਦਿਆਰਥੀਆਂ ਨੇ ਆਈ.ਕੇ.ਜੀ. ਪੰਜਾਬ ਟੈਕਨੀਕਲ ਯੂਨੀਵਰਸਿਟੀ ਜਲੰਧਰ ਵੱਲੋਂ ਐਲਾਨੇ ਨਤੀਜਿਆਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਯੂਨੀਵਰਸਿਟੀ ਦੀ ਮੈਰਿਟ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾਇਆ ਹੈ।ਵਿਦਿਆਰਥੀਆਂ ਦੀ ਇਸ ਉਪਲਬਧੀ ਨਾਲ ਸੰਸਥਾ ਵਿੱਚ ਖੁਸ਼ੀ ਦਾ ਮਾਹੌਲ ਬਣਿਆ ਹੋਇਆ ਹੈ।ਮੈਰਿਟ ਸੂਚੀ ਵਿੱਚ ਬੀ.ਐੱਸ.ਸੀ. ਬਾਇਓਟੈਕਨਾਲੋਜੀ ਦੇ ਮਹਕ ਗੋਇਲ ਤੇ ਜਸਪ੍ਰੀਤ ਸਿੰਘ, ਐੱਮ.ਐੱਸ.ਸੀ. ਕੈਮਿਸਟਰੀ ਦੀ ਮੁਸਕਾਨ, ਮਨਦੀਪ ਸਿੰਘ ਤੇ ਲਵਪ੍ਰੀਤ ਕੌਰ ਅਤੇ ਐੱਮ.ਐੱਸ.ਸੀ. ਫਿਜ਼ਿਕਸ ਦੀ ਰਿਸ਼ਭਾ, ਕੁਮਾਰੀ ਸ਼ਵੇਤਾ, ਗੁਰਪ੍ਰੀਤ ਕੌਰ ਤੇ ਖੁਸ਼ਪ੍ਰੀਤ ਕੌਰ ਵੀ ਸ਼ਾਮਲ ਹਨ।ਇਨ੍ਹਾਂ ਵਿਦਿਆਰਥੀਆਂ ਨੇ ਆਪਣੀ ਮਿਹਨਤ ਤੇ ਲਗਨ ਨਾਲ ਯੂਨੀਵਰਸਿਟੀ ਪੱਧਰ 'ਤੇ ਸ਼ਾਨਦਾਰ ਨਤੀਜੇ ਹਾਸਲ ਕਰਕੇ ਆਪਣੇ ਮਾਪਿਆਂ ਦੇ ਨਾਲ-ਨਾਲ ਕਾਲਜ ਦਾ ਨਾਮ ਵੀ ਰੌਸ਼ਨ ਕੀਤਾ ਹੈ।ਇਸ ਪ੍ਰਾਪਤੀ 'ਤੇ ਕਾਲਜ ਵਿੱਚ ਕਰਵਾਏ ਗਏ ਸਨਮਾਨ ਸਮਾਗਮ ਦੌਰਾਨ ਵਿਦਿਆਰਥੀਆਂ ਤੇ ਸਟਾਫ਼ ਦਾ ਮੂੰਹ ਮਿੱਠਾ ਕਰਵਾਇਆ ਗਿਆ।ਇਸ ਮੌਕੇ ਕੈਂਪਸ ਡਾਇਰੈਕਟਰ ਡਾ. ਤਨੂਜਾ ਸ੍ਰੀਵਾਸਤਵਾ, ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਜਵੰਧਾ, ਸੈਕਰੇਟਰੀ ਬਲਜਿੰਦਰ ਕੌਰ ਜਵੰਧਾ ਤੇ ਐੱਮ. ਡੀ. ਡਾ. ਸੁਖਦੀਪ ਕੌਰ ਜਵੰਧਾ ਨੇ ਮੈਰਿਟ ਸੂਚੀ 'ਚ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਤੇ ਸਮੁੱਚੇ ਸਟਾਫ਼ ਨੂੰ ਵਧਾਈ ਦਿੱਤੀ।

## ਪ੍ਰਗਟ ਸਿੰਘ ਦੇ ਸੂਬਾ ਪ੍ਰਧਾਨ ਬਣਨ ਨਾਲ ਕਾਂਗਰਸ ਹੋਰ ਮਜ਼ਬੂਤ ਹੋਵੇਗੀ : ਜਲਾਲਪੁਰ



ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵ-ਨਿਯੁਕਤ ਪ੍ਰਧਾਨ ਪਰਗਟ ਸਿੰਘ ਨਾਲ ਘਨੌਰ ਦੇ ਸਾਬਕਾ ਵਿਧਾਇਕ ਤੇ ਸੀਨੀਅਰ ਆਗੂ ਮਦਨ ਲਾਲ ਜਲਾਲਪੁਰ ਨੇ ਮੁਲਾਕਾਤ ਕਰ ਕੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਦਿਲੋਂ ਵਧਾਈ ਤੇ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਪੰਜਾਬ ਕਾਂਗਰਸ ਦੀ ਜਥੇਬੰਦੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ, ਪਾਰਟੀ ਵਰਕਰਾਂ ਨੂੰ ਨਾਲ ਲੈ ਕੇ ਚੱਲਣ ਤੇ ਸੰਗਠਨ ਨੂੰ ਸਰਗਰਮ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਮਦਨ ਲਾਲ ਜਲਾਲਪੁਰ ਨੇ ਕਿਹਾ ਕਿ ਪ੍ਰਗਟ ਸਿੰਘ ਇਕ ਸਾਫ਼-ਸੁਥਰੇ ਅਕਸ ਵਾਲੇ ਆਗੂ ਹਨ, ਜਿਹੜੇ ਸਿਆਸਤ ਦੇ ਨਾਲ-ਨਾਲ ਭਾਰਤੀ ਹਾਕੀ ਦੇ ਨਾਮਵਰ ਖਿਡਾਰੀ ਤੇ ਸਾਬਕਾ ਕਪਤਾਨ ਰਹੇ ਹਨ।ਉਨ੍ਹਾਂ ਦੀ ਅਗਵਾਈ ਹੇਠ ਭਾਰਤੀ ਹਾਕੀ ਟੀਮ ਨੇ ਅੰਤਰਰਾਸ਼ਟਰੀ ਪੱਧਰ 'ਤੇ ਦੇਸ਼ ਦੀ ਨੁਮਾਇੰਦਗੀ ਕੀਤੀ।ਹਾਕੀ ਦੇ ਮੈਦਾਨ 'ਚ ਟੀਮ ਨੂੰ ਨਾਲ ਲੈ ਕੇ ਚੱਲਣ ਤੇ ਮੁਸ਼ਕਲ ਹਾਲਾਤਾਂ 'ਚ ਅਗਵਾਈ ਕਰਨ ਦਾ ਉਨ੍ਹਾਂ ਦਾ ਤਜਰਬਾ ਅੱਜ ਸਿਆਸੀ ਜਥੇਬੰਦੀ ਲਈ ਵੀ ਮਹੱਤਵਪੂਰਨ ਸਾਬਿਤ ਹੋ ਸਕਦਾ ਹੈ।ਉਨ੍ਹਾਂ ਪ੍ਰਗਟ ਸਿੰਘ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭ-ਕਾਮਨਾਵਾਂ ਦਿੰਦਿਆਂ ਕਿਹਾ ਕਿ ਪੰਜਾਬ ਕਾਂਗਰਸ ਦੀ ਨਵੀਂ ਟੀਮ ਵਰਕਰਾਂ ਦੀ ਮਿਹਨਤ, ਆਗੂਆਂ ਦੀ ਇਕਜੁੱਟਤਾ ਤੇ ਪ੍ਰਗਟ ਸਿੰਘ ਦੀ ਅਗਵਾਈ ਨਾਲ ਸੰਗਠਨ ਨੂੰ ਮਜ਼ਬੂਤ ਕਰਨ ਵੱਲ ਅੱਗੇ ਵਧੇਗੀ।

## ਕੈਬਨਿਟ ਮੰਤਰੀ ਖੁੱਡੀਆਂ ਦੀ ਬੂਟਾ ਜਲਾਲ ਦੇ ਗ੍ਰਹਿ ਫੇਰੀ ਨੇ ਚਰਚਾ ਛੇੜੀ



ਬਠਿੰਡਾ (ਰਾਜੀਵ ਗੋਇਲ)-ਦੇਰ ਰਾਤ ਖੇਤੀਬਾੜੀ ਮਹਿਕਮੇ ਦੇ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਦੇ ਖਾਸਮਖਾਸ ਬੂਟਾ ਸਿੰਘ ਜਲਾਲ ਦੇ ਗ੍ਰਹਿ ਵਿਖੇ ਫੇਰੀ ਪਾਈ ਗਈ। ਇਸ ਫੇਰੀ ਨੇ ਆਮ ਆਦਮੀ ਪਾਰਟੀ ਦੇ ਆਪਣੇ ਹੀ ਧੜੇ ਵਿਚਕਾਰ ਵੱਖਰੀ ਚਰਚਾ ਛੇੜ ਦਿੱਤੀ ਹੈ ਤੇ ਖੁੱਡੀਆਂ ਦਾ ਬੂਟਾ ਜਲਾਲ ਦੇ ਗ੍ਰਹਿ ਵਿਖੇ ਫੇਰੀ ਪਾਉਣਾ ਆਉਣ ਵਾਲੇ ਦਿਨਾਂ ਵਿੱਚ ਕੁਝ ਵੱਖਰਾ ਹੋਣ ਦਾ ਸੰਕੇਤ ਜਾਪ ਰਿਹਾ ਹੈ। ਉਧਰ ਦੂਜੇ ਪਾਸੇ ਬੂਟਾ ਜਲਾਲ ਦਾ ਕਹਿਣਾ ਸੀ ਕਿ ਇਹ ਕੁਝ ਖਾਸ ਗੱਲਬਾਤ ਦਾ ਵਿਸ਼ਾ ਸੀ, ਜਿਹੜੀ ਆਉਣ ਵਾਲੇ ਸਮੇਂ ਵਿੱਚ ਸਾਂਝੀ ਕਰ ਦਿੱਤੀ ਜਾਵੇਗੀ।

## ਅਕਾਲ ਯੂਨੀਵਰਸਿਟੀ ਵਿਖੇ ਗੁਰੂ ਰਵਿਦਾਸ ਪ੍ਰਕਾਸ਼ ਪੁਰਬ ਨੂੰ ਸਮਰਪਤ ਸੈਮੀਨਾਰ



ਤਲਵੰਡੀ ਸਾਬੋ (ਜਗਦੀਪ ਗਿੱਲ)

ਪੰਜਾਬ ਸਰਕਾਰ ਵੱਲੋਂ ਗੁਰੂ ਰਵਿਦਾਸ ਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਵੱਖ-ਵੱਖ ਵਿੱਦਿਅਕ ਅਦਾਰਿਆਂ ਵਿੱਚ ਕਰਵਾਏ ਜਾ ਰਹੇ ਸੈਮੀਨਾਰਾਂ ਦੀ ਲੜੀ ਤਹਿਤ ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਵਿਖੇ ਗੁਰੂ ਜੀ ਦੀ ਬਾਣੀ ਤੇ ਸਿੱਖਿਆਵਾਂ ਨੂੰ ਸਮਰਪਤ ਸੈਮੀਨਾਰ ਕਰਵਾਇਆ ਗਿਆ, ਜਿੱਥੇ ਸੰਤਾਂ-ਮਹਾਂਪੁਰਸ਼ਾਂ, ਸਿਆਸੀ ਸ਼ਖ਼ਸੀਅਤਾਂ ਤੇ ਇਤਿਹਾਸ ਦੇ ਮਾਹਰਾਂ ਵੱਲੋਂ ਗੁਰੂ ਜੀ ਦੇ ਬੇਗਮਪੁਰਾ ਦੇ ਸੰਕਲਪ ਨੂੰ ਅਮਲੀ ਜਾਮਾ ਪਹਿਨਾਉਣ ਲਈ ਸਾਂਝੇ ਯਤਨ ਕਰਨ ਦੀ ਤਾਕੀਦ ਕੀਤੀ।ਸੈਮੀਨਾਰ ਦੌਰਾਨ ਸੰਤ ਕੇਵਲ ਸਿੰਘ ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ, ਸੰਤ ਸੁਰਿੰਦਰ ਦਾਸ ਚਰਨਛੋਹ ਸੱਚਖੰਡ ਬੇਗ਼ਮਪੁਰਾ ਸ੍ਰੀ ਖੁਰਾਲਗੜ੍ਹ ਸਾਹਿਬ, ਚੀਫ਼ ਪਾਰਟੀ ਵਿੱਪ ਤੇ ਵਿਧਾਇਕ ਤਲਵੰਡੀ ਸਾਬੋ ਕੈਬਨਿਟ ਰੈਂਕ ਪ੍ਰੋ: ਬਲਜਿੰਦਰ ਕੌਰ, ਡਾ. ਮਨਜਿੰਦਰ ਸਿੰਘ ਪੰਜਾਬੀ ਵਿਭਾਗ ਦੇ ਮੁਖੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਤੇ ਡਾ. ਗੁਰਮੇਲ ਸਿੰਘ, ਵਾਈਸ ਚਾਂਸਲਰ, ਯੂਨੀਵਰਸਿਟੀ ਨੇ ਗੁਰੂ ਜੀ ਦੇ ਜੀਵਨ, ਫਲਸਫੇ, ਸਿੱਖਿਆਵਾਂ ਤੇ ਉਨ੍ਹਾਂ ਦੀ ਅਜੋਕੇ ਯੁੱਗ ਵਿਚ ਮਹੱਤਤਾ ਬਾਰੇ ਵਿਸਥਾਰਤ ਚਾਨਣਾ ਪਾਇਆ।ਇਸ ਮੌਕੇ ਪ੍ਰੋ੍ ਚੀਫ਼ ਪਾਰਟੀ ਵਿੱਪ੍ਰ ਤੇ ਵਿਧਾਇਕ ਤਲਵੰਡੀ ਸਾਬੋ ਕੈਬਨਿਟ ਰੈਂਕ ਪ੍ਰੋ: ਬਲਜਿੰਦਰ ਕੌਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਸੈਮੀਨਾਰਾਂ, ਡਾਕੂਮੈਂਟਰੀ ਸ਼ੋਅ, ਡਰੋਨ ਸ਼ੋਅ, ਮੈਰਾਥਨ ਤੇ ਹੋਰ ਉਪਰਾਲਿਆਂ ਲਈ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ 650ਵਾਂ ਪ੍ਰਕਾਸ਼ ਪੁਰਬ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸਮਾਗਮਾਂ ਲਈ 100 ਕਰੋੜ ਰੁਪਏ ਦਾ ਬਜ਼ਟ ਰੱਖਿਆ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 13000 ਪਿੰਡਾਂ 'ਚ ਡਾਕੂਮੈਂਟਰੀ ਸ਼ੋਅ ਦਿਖਾਏ ਜਾ ਰਹੇ ਹਨ ਤਾਂ ਜੋ ਜ਼ਮੀਨੀ ਪੱਧਰ ਤੱਕ ਗੁਰੂ ਜੀ ਦੀਆਂ ਸਿੱਖਿਆਵਾਂ ਦਾ ਪ੍ਰਚਾਰ-ਪ੍ਰਸਾਰ ਹੋ ਸਕੇ।ਡਾ. ਮਨਜਿੰਦਰ ਸਿੰਘ ਪੰਜਾਬੀ ਵਿਭਾਗ ਦੇ ਮੁਖੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਸਮੁੱਚਾ ਜੀਵਨ ਸਮਾਜਿਕ ਨਾ-ਬਰਾਬਰਤਾ ਖਿਲਾਫ਼ ਆਵਾਜ਼ ਬੁਲੰਦ ਕਰਦਿਆਂ ਬੇਗਮਪੁਰਾ ਦਾ ਸੰਕਲਪ ਦਿੱਤਾ, ਜਿਸ ਨੂੰ ਅਮਲੀ ਰੂਪ ਦੇਣ ਲਈ ਸਾਰਿਆਂ ਨੂੰ ਸਮਾਜ ਵਿਚ ਇਕਸਾਰ ਯਤਨ ਕਰਨੇ ਚਾਹੀਦੇ ਹਨ।ਡਾ. ਗੁਰਮੇਲ ਸਿੰਘ ਵਾਈਸ ਚਾਂਸਲਰ ਯੂਨੀਵਰਸਿਟੀ ਨੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਸਿੱਖਿਆਵਾਂ ਤੇ ਇਨ੍ਹਾਂ ਦੀ ਅਜੋਕੇ ਸਮੇਂ ਵਿੱਚ ਪ੍ਰਸੰਗਿਕਤਾ ਬਾਰੇ ਜਾਣਕਾਰੀ ਦਿੱਤੀ। ਯੂਨੀਵਰਸਿਟੀ ਵੱਲੋਂ ਆਈਆਂ ਸ਼ਖਸੀਅਤਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ ਗਏ।ਇਸ ਮੌਕੇ ਉਪ ਮੰਤਲ ਮੈਜਿਸਟ੍ਰੇਟ ਤਲਵੰਡੀ ਸਾਬੋ ਮੈਡਮ ਵੀਰਪਾਲ ਕੌਰ, ਡਿਪਟੀ ਡਾਇਰੈਕਟਰ ਉਚੇਰੀ ਸਿੱਖਿਆ ਡਾ. ਮਨੀਸ਼ ਕੁਮਾਰ ਹਾਜ਼ਰ ਸਨ।

## ਬਲੌਸਮਜ਼ 'ਚ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਲਈ ਜਾਗਰੂਕਤਾ ਮਡਿਊਲ



ਜਗਰਾਉਂ (ਸੰਜੀਵ ਅਰੋੜਾ)

ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਬਲੌਸਮਜ਼ ਕਾਨਵੈਂਟ ਸਕੂਲ ਵਿਖੇ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਲਈ ਸਮਾਵੇਸ਼ੀ ਸਿੱਖਿਆ ਸਬੰਧੀ 30 ਮਿੰਟ ਦਾ ਜਾਗਰੂਕਤਾ ਤੇ ਜਾਣਕਾਰੀ ਪ੍ਰਦਾਨ ਕਰਨ ਵਾਲਾ ਵੀਡੀਓ ਮਡਿਊਲ ਦਿਖਾਇਆ ਗਿਆ। ਇਸ ਮਾਡਿਊਲ ਦਾ ਮੁੱਖ ਉਦੇਸ਼ ਸਕੂਲ ਦੇ ਸਟਾਫ ਵਿੱਚ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਪ੍ਰਤੀ ਸੰਵੇਦਨਸ਼ੀਲਤਾ, ਹਮਦਰਦੀ, ਸਵੀਕਾਰਤਾ ਤੇ ਸਮਾਵੇਸ਼ੀ ਸੋਚ ਦਾ ਵਿਕਾਸ ਕਰਨਾ ਸੀ। ਇਸ ਮੌਕੇ ਸਕੂਲ ਦੇ ਅਧਿਆਪਕ ਤੇ ਗੈਰ-ਅਧਿਆਪਕ ਸਟਾਫ ਨੂੰ ਇਹ ਵੀਡੀਓ ਮਾਡਿਊਲ ਦਿਖਾਇਆ ਗਿਆ ਤਾਂ ਜੋ ਉਹ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੀਆਂ ਲੋੜਾਂ, ਉਨ੍ਹਾਂ ਨੂੰ ਦਰਪੇਸ਼ ਚੁਣੌਤੀਆਂ ਤੇ ਉਨ੍ਹਾਂ ਦੀ ਸਿੱਖਿਆ ਨਾਲ ਜੁੜੇ ਵੱਖ-ਵੱਖ ਪਹਿਲੂਆਂ ਨੂੰ ਬਿਹਤਰ ਢੰਗ ਨਾਲ ਸਮਝ ਸਕਣ। ਮਾਡਿਊਲ ਰਾਹੀਂ ਸਟਾਫ ਨੂੰ ਇਹ ਸਮਝਾਉਣ ਦੀ ਕੋਸ਼ਿਸ਼ ਕੀਤੀ ਗਈ ਕਿ ਹਰ ਬੱਚੇ ਨੂੰ ਉਸ ਦੀਆਂ ਯੋਗਤਾਵਾਂ ਤੇ ਲੋੜਾਂ ਅਨੁਸਾਰ ਸਿੱਖਣ ਲਈ ਸਾਮਾਨ ਮੌਕੇ, ਸਹਿਯੋਗੀ ਵਾਤਾਵਰਣ ਤੇ ਉਚਿਤ ਸਹੂਲਤਾਂ ਪ੍ਰਦਾਨ ਕਰਨਾ ਬਹੁਤ ਜ਼ਰੂਰੀ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਕਿਹਾ ਕਿ ਸਮਾਵੇਸ਼ੀ ਸਿੱਖਿਆ ਦਾ ਮਕਸਦ ਕਿਸੇ ਵੀ ਬੱਚੇ ਨੂੰ ਉਸ ਦੀਆਂ ਵਿਸ਼ੇਸ਼ ਲੋੜਾਂ ਕਾਰਨ ਸਿੱਖਿਆ ਤੋਂ ਵਾਂਝਾ ਨਾ ਰਹਿਣ ਦੇਣਾ ਹੈ।

ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਮਨਪ੍ਰੀਤ ਸਿੰਘ ਬਰਾੜ ਨੇ ਵੀ ਸਰਕਾਰ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਲਈ ਅਧਿਆਪਕਾਂ, ਮਾਪਿਆਂ ਤੇ ਸਮਾਜ ਦੀ ਸਾਂਝੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਹਰ ਬੱਚੇ ਵਿੱਚ ਆਪਣੀ ਵਿਲੱਖਣ ਸਮਰੱਥਾ ਹੁੰਦੀ ਹੈ ਤੇ ਸਾਡਾ ਫਰਜ਼ ਹੈ ਕਿ ਉਸ ਨੂੰ ਆਪਣੀ ਸਮਰੱਥਾ ਅਨੁਸਾਰ ਅੱਗੇ ਵਧਣ ਲਈ ਬਰਾਬਰ ਮੌਕੇ ਤੇ ਸਹਿਯੋਗ ਪ੍ਰਦਾਨ ਕੀਤਾ ਜਾਵੇ।

## ਸੀਟੂ ਦੀ ਜ਼ਿਲ੍ਹਾ ਜਨਰਲ ਬਾਡੀ ਦੀ ਮੀਟਿੰਗ 14 ਨੂੰ

ਮਾਨਸਾ (ਆਤਮਾ ਸਿੰਘ ਪਮਾਰ)-ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨਜ਼ (ਸੀਟੂ) ਦੇ ਜ਼ਿਲ੍ਹਾ ਕੋ-ਕਨਵੀਨਰ ਕਾਮਰੇਡ ਸਾਧੂ ਸਿੰਘ ਰਾਮਾਨੰਦੀ ਤੇ ਸੀਨੀਅਰ ਆਗੂ ਕਾਮਰੇਡ ਬਲਦੇਵ ਸਿੰਘ ਬਾਜੇਵਾਲਾ ਨੇ ਸਾਂਝੇ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਸੀਟੂ ਦੀ ਜ਼ਿਲ੍ਹਾ ਜਨਰਲ ਬਾਡੀ ਮੀਟਿੰਗ 14 ਅਕਤੂਬਰ ਨੂੰ ਸਵੇਰੇ 11 ਵਜੇ ਸਥਾਨਕ ਬਾਲ ਭਵਨ ਵਿਖੇ ਹੋਵੇਗੀ।ਮੀਟਿੰਗ 'ਚ 3 ਨਵੰਬਰ ਦੀ ਧੂਰੀ ਰੋਸ ਰੈਲੀ ਤੇ 1, 2 ਦਸੰਬਰ ਦਿੱਲੀ ਸੰਸਦ ਮਾਰਚ ਆਦਿ ਏਜੰਡਿਆਂ 'ਤੇ ਵਿਚਾਰ ਚਰਚਾ ਕੀਤੀ ਜਾਵੇਗੀ।

ਮੀਟਿੰਗ ਨੂੰ ਸੀਟੂ ਦੇ ਸੂਬਾਈ ਪ੍ਰਧਾਨ ਕਾਮਰੇਡ ਚੰਦਰ ਸ਼ੇਖਰ ਤੇ ਜਨਰਲ ਸਕੱਤਰ ਕਾਮਰੇਡ ਮਹਾਂ ਸਿੰਘ ਰੋੜੀ ਤੇ ਸੂਬਾਈ ਮੀਤ ਪ੍ਰਧਾਨ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਵੀ ਸੰਬੋਧਨ ਕਰਨਗੇ।ਆਗੂਆਂ ਨੇ ਸਾਰੇ ਸਾਥੀਆਂ ਨੂੰ ਅਪੀਲ ਕੀਤੀ ਕਿ ਉਹ ਸਮੇਂ ਸਿਰ ਮੀਟਿੰਗ 'ਚ ਹਾਜ਼ਰ ਦੀ ਕਿਰਪਾਲਤਾ ਕਰਨ ਤਾਂ ਸਮੇਂ ਸਿਰ ਮੀਟਿੰਗ ਸ਼ੁਰੂ ਕੀਤੀ ਜਾ ਸਕੇ।

## ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਮਿਲ ਰਿਹਾ ਹੈ ਭਰਵਾਂ ਹੁੰਗਾਰਾ : ਨਵਦੀਪ ਕੰਧਵਾਲੀਆ

ਫ਼ਾਜ਼ਿਲਕਾ (ਨਿਸ਼ਾ ਸ਼ਰਮਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਆਰੰਭੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੁਣ ਜ਼ਮੀਨੀ ਪੱਧਰ 'ਤੇ ਆਮ ਲੋਕਾਂ ਦਾ ਵੱਡਾ ਸਹਿਯੋਗ ਮਿਲਣਾ ਸ਼ੁਰੂ ਹੋ ਗਿਆ ਹੈ।ਜ਼ਿਲ੍ਹਾ ਕੋਆਰਡੀਨੇਟਰ ਨਵਦੀਪ ਕੰਧਵਾਲੀਆ ਨੇ ਦੱਸਿਆ ਕਿ ਜ਼ਿਲ੍ਹਾ ਫ਼ਾਜ਼ਿਲਕਾ ਦੇ ਵੱਖ-ਵੱਖ ਪਿੰਡਾਂ ਤੇ ਵਾਰਡਾਂ ਵਿੱਚ ਕੀਤੀਆਂ ਜਾ ਰਹੀਆਂ ਜਾਗਰੂਕਤਾ ਮੀਟਿੰਗਾਂ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।

ਇਨ੍ਹਾਂ ਮੀਟਿੰਗਾਂ ਦੌਰਾਨ ਨਾਗਰਿਕ ਨਸ਼ਿਆਂ ਦੀ ਅਲਾਮਤ ਵਿਰੁੱਧ ਖੁੱਲ੍ਹ ਕੇ ਆਪਣੇ ਵਿਚਾਰ ਪ੍ਰਗਟ ਕਰ ਰਹੇ ਹਨ ਤੇ ਇਸ ਨੂੰ ਜੜ੍ਹੋਂ ਪੁੱਟਣ ਲਈ ਅੱਗੇ ਆ ਰਹੇ ਹਨ।ਕੰਧਵਾਲੀਆ ਨੇ ਅੱਗੇ ਦੱਸਿਆ ਕਿ ਆਮ ਲੋਕਾਂ ਵੱਲੋਂ ਨਸ਼ਾ ਤਸਕਰੀ ਨਾਲ ਸਬੰਧਤ ਗੁਪਤ ਸੂਚਨਾਵਾਂ ਤੇ ਸ਼ਿਕਾਇਤਾਂ 'ਸੇਫ ਪੰਜਾਬ' ਪੋਰਟਲ/ਮਾਧਿਅਮ ਰਾਹੀਂ ਵੀ ਵੱਡੇ ਪੱਧਰ 'ਤੇ ਦਰਜ ਕਰਾਈਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪੁਲਸ ਤੇ ਸਿਵਲ ਪ੍ਰਸ਼ਾਸਨ ਦੇ ਤਾਲਮੇਲ ਨਾਲ ਫ਼ਾਜ਼ਿਲਕਾ ਜ਼ਿਲ੍ਹੇ ਵਿੱਚ ਲੋਕਾਂ ਦੀ ਸਰਗਰਮ ਭਾਗੀਦਾਰੀ ਯਕੀਨੀ ਬਣਾ ਕੇ ਇਸ ਨੂੰ ਇੱਕ ਸੱਚੀ ਲੋਕ ਲਹਿਰ ਬਣਾਉਣ ਲਈ ਨਿਰੰਤਰ ਯਤਨ ਜਾਰੀ ਹਨ।

## ਫ਼ਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਵਿਦਿਆਰਥੀਆਂ ਨੇ ਕੀਤੀ ਕਮਾਲ



ਰਾਮਪੁਰਾ ਫੂਲ (ਦਰਸ਼ਨ ਜਿੰਦਲ)

ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਖੇਤਰੀ ਯੁਵਕ ਤੇ ਲੋਕ ਮੇਲੇ ਵਿੱਚ ਫ਼ਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਵਿਦਿਆਰਥੀਆਂ ਨੇ ਆਪਣੀ ਕਲਾ, ਹੁਨਰ ਤੇ ਬੇਮਿਸਾਲ ਪ੍ਰਤਿਭਾ ਦਾ ਲੋਹਾ ਮਨਵਾਉਂਦਿਆਂ ਕੁੱਲ 21 ਪੁਜ਼ੀਸ਼ਨਾਂ ਆਪਣੇ ਨਾਂਅ ਕਰਕੇ ਸੰਸਥਾ ਦਾ ਝੰਡਾ ਬੁਲੰਦ ਕੀਤਾ ਹੈ।ਵੱਖ-ਵੱਖ ਸਖ਼ਤ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ 7 ਵੰਨਗੀਆਂ ਵਿੱਚ ਪਹਿਲਾ, 6 ਵਿੱਚ ਦੂਜਾ ਤੇ 8 ਵੰਨਗੀਆਂ ਵਿੱਚ ਤੀਜਾ ਸਥਾਨ ਹਾਸਲ ਕਰਕੇ ਇਤਿਹਾਸਕ ਪ੍ਰਾਪਤੀ ਦਰਜ ਕੀਤੀ।ਮੇਲੇ ਦੇ ਸਵੇਰ ਦੇ ਸੈਸ਼ਨ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਹਲਕਾ ਵਿਧਾਇਕ ਤੇ ਪ੍ਰਸਿੱਧ ਗਾਇਕ ਬਲਕਾਰ ਸਿੱਧੂ ਨੇ ਜੇਤੂ ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਕੀਤੀ।ਉਨ੍ਹਾਂ ਪਰਵਾਰ ਅਤੇ ਸਮਾਜ ਦੀ ਉਸਾਰੀ ਵਿੱਚ ਧੀਆਂ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਧੀਆਂ ਸਿਰਫ਼ ਘਰ-ਪਰਿਵਾਰ ਦਾ ਮਾਣ ਹੀ ਨਹੀਂ, ਸਗੋਂ ਸਮਾਜ ਦੀ ਤਰੱਕੀ ਦੀ ਮਜ਼ਬੂਤ ਨੀਂਹ ਹਨ।ਉਨ੍ਹਾਂ ਸਮਾਜ ਵਿੱਚ ਔਰਤਾਂ ਦੀ ਕਦਰ, ਮਾਣ-ਸਨਮਾਨ ਤੇ ਸਵੈ-ਮਾਣ ਨੂੰ ਕਾਇਮ ਰੱਖਣ ਦਾ ਸੁਨੇਹਾ ਦਿੰਦਿਆਂ ਨੌਜਵਾਨਾਂ ਨੂੰ ਸਕਾਰਾਤਮਕ ਸੋਚ, ਉੱਚ ਸਿੱਖਿਆ ਅਤੇ ਦ੍ਰਿੜ ਆਤਮ-ਵਿਸ਼ਵਾਸ ਨਾਲ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਸ਼ਾਮ ਦੇ ਸੈਸ਼ਨ ਵਿੱਚ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਮੁੱਖ ਮਹਿਮਾਨ ਵਜੋਂ ਤੇ ਇੰਦਰਜੀਤ ਸਿੰਘ ਮਾਨ (ਚੇਅਰਮੈਨ, ਪੰਜਾਬ ਮਾਰਕਫੈੱਡ) ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਸਮਾਰੋਹ ਦੀ ਪ੍ਰਧਾਨਗੀ ਜ਼ਿਲ੍ਹਾ ਪੁਲਿਸ ਮੁਖੀ (ਐੱਸ.ਐੱਸ.ਪੀ. ਬਠਿੰਡਾ) ਸੋਹੇਲ ਕਾਸਿਮ ਮੀਰ (ਆਈ.ਪੀ.ਐੱਸ.) ਨੇ ਵੀ ਵਿਸ਼ੇਸ਼ ਤੌਰ 'ਤੇ ਕਰਦਿਆ ਸੰਸਥਾ ਦੇ ਯਤਨਾਂ, ਪ੍ਰਬੰਧਾਂ ਦੀ ਸ਼ਲਾਘਾ ਕੀਤੀ।ਸਮਾਗਮ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਅਜਿਹੇ ਸੱਭਿਆਚਾਰਕ ਮੇਲੇ ਪੰਜਾਬ ਦੀ ਅਮੀਰ ਵਿਰਾਸਤ, ਲੋਕ ਕਲਾਵਾਂ, ਲੋਕ ਸੰਗੀਤ ਅਤੇ ਪੁਰਾਤਨ ਰਵਾਇਤਾਂ ਨੂੰ ਨਵੀਂ ਪੀੜ੍ਹੀ ਤੱਕ ਪੁਚਾਉਣ ਦਾ ਇੱਕ ਸ਼ਕਤੀਸ਼ਾਲੀ ਪੁਲ਼ ਹਨ।ਉਨ੍ਹਾਂ ਨੌਜਵਾਨਾਂ ਨੂੰ ਆਪਣੀ ਮਿੱਟੀ ਤੇ ਜੜ੍ਹਾਂ ਨਾਲ ਜੁੜ ਕੇ ਪੰਜਾਬੀਅਤ ਦੀਆਂ ਉੱਚੀਆਂ-ਸੁੱਚੀਆਂ ਕਦਰਾਂ-ਕੀਮਤਾਂ ਦੀ ਸੰਭਾਲ ਕਰਨ ਦਾ ਸੱਦਾ ਦਿੱਤਾ।

## ਡੀ ਐੱਸ ਪੀ ਵੱਲੋਂ ਸੜਕ ਸੁਰੱਖਿਆ ਫੋਰਸ ਦੇ ਦਫ਼ਤਰ ਦਾ ਉਦਘਾਟਨ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)

ਸੂਬੇ ਵਿੱਚ ਵਧਦੇ ਸੜਕ ਹਾਦਸੇ ਨੂੰ ਰੋਕਣ ਲਈ ਸਰਕਾਰ ਵੱਲੋਂ ਗਠਿਤ ਕੀਤੀ ਗਈ ਸੜਕ ਸੁਰੱਖਿਆ ਫੋਰਸ ਵਿੰਗ ਦੇ ਰੂਟ ਨੰਬਰ 53108 ਵੱਲੋਂ ਘੱਗਾ ਵਿਖੇ ਜੰਮੂ-ਕੱਟੜਾ ਐਕਸਪ੍ਰੈਸ ਵੇਅ ਦੇ ਪੁਲ ਕੋਲ ਆਉਣ-ਜਾਣ ਵਾਲੇ ਰਾਹਗੀਰਾਂ ਤੇ ਆਮ ਲੋਕਾਂ ਦੀ ਸਹਾਇਤਾ ਕਰਨ ਦੇ ਮਕਸਦ ਨਾਲ ਦਫਤਰ ਖੋਲ੍ਹਿਆ ਗਿਆ ਹੈ।ਦਫ਼ਤਰ ਦਾ ਰਸਮੀ ਉਦਘਾਟਨ ਡੀਐਸਪੀ ਰਾਮਕੇਸ਼ ਵੱਲੋਂ ਕੀਤਾ ਗਿਆ।

ਦਫਤਰ ਦਾ ਉਦਘਾਟਨ ਕਰਨ ਉਪਰੰਤ ਡੀਐਸਪੀ ਰਾਮਕੇਸ਼ ਨੇ ਦੱਸਿਆ ਕਿ ਡੀਜੀਪੀ ਉਸ ਤੋਂ ਟਰੈਫਿਕ ਏਐਸ ਰਾਏ ਤੇ ਐਸਐਸਪੀ ਦੇ ਹੁਕਮਾਂ ਮੁਤਾਬਿਕ ਕੰਮ ਕਰ ਰਹੀ ਸੜਕ ਸੁਰੱਖਿਆ ਫੋਰਸ ਦਾ ਮੁੱਖ ਉਦੇਸ਼ ਸੜਕ ਹਾਦਸਿਆਂ ਨੂੰ ਘਟਾਉਣਾ, ਕੀਮਤੀ ਮਨੁੱਖੀ ਜਾਨਾਂ ਦੀ ਰੱਖਿਆ ਕਰਨਾ ਤੇ ਸੜਕਾਂ 'ਤੇ ਆਵਾਜਾਈ ਨੂੰ ਸੁਰੱਖਿਅਤ ਤੇ ਸੁਚਾਰੂ ਬਣਾਉਣਾ ਹੈ।ਐਸਐਸਐਫ ਦੇ ਜਵਾਨ ਸੜਕ ਹਾਦਸੇ ਦੀ ਸਥਿਤੀ ਵਿੱਚ ਤੁਰੰਤ ਮੌਕੇ 'ਤੇ ਪਹੁੰਚ ਕੇ ਜ਼ਖ਼ਮੀਆਂ ਨੂੰ ਮੁੱਢਲੀ ਸਹਾਇਤਾ ਮੁਹੱਈਆ ਕਰਾਉਣ ਅਤੇ ਲੋੜ ਪੈਣ 'ਤੇ ਉਨ੍ਹਾਂ ਨੂੰ ਹਸਪਤਾਲ ਪੁਚਾਉਣ ਵਿੱਚ ਸਹਾਇਤਾ ਕਰਦੇ ਹਨ।ਇਸ ਤੋਂ ਇਲਾਵਾ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਵਾਉਣ, ਤੇਜ਼ ਰਫ਼ਤਾਰ, ਗਲਤ ਪਾਰਕਿੰਗ, ਖਤਰਨਾਕ ਡਰਾਈਵਿੰਗ ਤੇ ਹੋਰ ਟ੍ਰੈਫਿਕ ਉਲੰਘਣਾਵਾਂ ਨੂੰ ਰੋਕਣ, ਸੜਕਾਂ 'ਤੇ ਫਸੇ ਵਾਹਨਾਂ ਦੀ ਸਹਾਇਤਾ ਕਰਨ ਅਤੇ ਆਮ ਲੋਕਾਂ ਨੂੰ ਸੜਕ ਸੁਰੱਖਿਆ ਸਬੰਧੀ ਜਾਗਰੂਕ ਕਰਨ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।ਇਸ ਦੌਰਾਨ ਰੂਟ ਇੰਚਾਰਜ ਏ ਐਸ ਆਈ ਚਰਨਜੀਤ ਸਿੰਘ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਵਾਹਨ ਚਲਾਉਂਦੇ ਸਮੇਂ ਸੀਟ ਬੈਲਟ ਅਤੇ ਹੈਲਮਟ ਦੀ ਵਰਤੋਂ ਕਰਨ, ਨਸ਼ੇ ਦੀ ਹਾਲਤ ਵਿੱਚ ਵਾਹਨ ਨਾ ਚਲਾਉਣ, ਤੇਜ਼ ਰਫ਼ਤਾਰ ਤੋਂ ਗੁਰੇਜ਼ ਕਰਨ ਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ।ਉਨ੍ਹਾਂ ਦੱਸਿਆ ਕਿ ਪੰਜਾਬ ਪੁਲਿਸ ਦਾ ਸੜਕ ਸੁਰੱਖਿਆ ਵਿੰਗ ਲੋਕਾਂ ਦੀ ਸੁਰੱਖਿਆ, ਸਾਡੀ ਪਹਿਲ ਦੇ ਉਦੇਸ਼ ਨਾਲ ਸੜਕਾਂ 'ਤੇ ਆਪਣੀ ਡਿਊਟੀ ਪੂਰੀ ਜ਼ਿੰਮੇਵਾਰੀ ਅਤੇ ਸਮਰਪਣ ਨਾਲ ਨਿਭਾ ਰਿਹਾ ਹੈ।

## ਮਾਲਵਾ ਲਿਖਾਰੀ ਸਭਾ ਕਾਰਜਕਾਰਨੀ ਦੀ ਇਕੱਤਰਤਾ 11 ਨੂੰ

ਸੰਗਰੂਰ (ਪ੍ਰਵੀਨ ਸਿੰਘ)

ਮਾਲਵਾ ਲਿਖਾਰੀ ਸਭਾ ਸੰਗਰੂਰ (ਰਜਿ:) ਦੀ ਕਾਰਜਕਾਰਨੀ ਦੀ ਇਕੱਤਰਤਾ 11 ਅਕਤੂਬਰ ਨੂੰ ਸਵੇਰੇ ਸਹੀ 11:00 ਵਜੇ ਲੇਖਕ ਭਵਨ ਸੰਗਰੂਰ ਵਿਖੇ ਰੱਖੀ ਗਈ ਹੈ, ਜਿਸ ਵਿੱਚ ਨਵੰਬਰ ਮਹੀਨੇ ਵਿੱਚ ਹੋਣ ਵਾਲੇ ਸਭਾ ਦੇ ਬਾਰਵੇਂ ਸਾਲਾਨਾ ਸਮਾਗਮ ਦੀ ਰੂਪ-ਰੇਖਾ ਤਿਆਰ ਕੀਤੀ ਜਾਵੇਗੀ।ਸਭਾ ਦੇ ਪ੍ਰੈੱਸ ਸਕੱਤਰ ਪਵਨ ਕੁਮਾਰ ਹੋਸ਼ੀ ਨੇ ਦੱਸਿਆ ਕਿ ਇਸ ਇਕੱਤਰਤਾ ਵਿੱਚ ਸਭਾ ਵੱਲੋਂ ਹਰ ਸਾਲ ਦਿੱਤੇ ਜਾਣ ਵਾਲੇ ਸਾਲਾਨਾ ਪੁਰਸਕਾਰਾਂ ਲਈ ਸਾਹਿਤਕਾਰਾਂ ਦੇ ਨਾਵਾਂ ਦੀ ਚੋਣ ਵੀ ਕੀਤੀ ਜਾਵੇਗੀ।ਸਭਾ ਦੇ ਸਮੂਹ ਕਾਰਜਕਾਰਨੀ ਮੈਂਬਰਾਂ ਨੂੰ ਬੇਨਤੀ ਹੈ ਕਿ ਉਹ ਇਸ ਬਾਰੇ ਪੂਰੀ ਤਿਆਰੀ ਨਾਲ ਆਉਣ, ਤਾਂ ਕਿ ਸਹੀ ਨਾਵਾਂ ਦੀ ਚੋਣ ਕੀਤੀ ਜਾ ਸਕੇ।

## ਬਹਾਵਲਪੁਰ ਵਿਰਾਸਤ ਮੰਚ ਦੀ ਬੈਠਕ 'ਚ ਮੇਲਾ ਸੰਬੰਧੀ ਚਰਚਾ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਬਹਾਵਲਪੁਰ ਵਿਰਾਸਤ ਮੰਚ ਦੀ ਬੈਠਕ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇਜਿੰਦਰ ਮਹਿਤਾ ਦੇ ਕੈਂਪ ਆਫਿਸ, ਸਨੌਰੀ ਅੱਡਾ ਵਿਖੇ ਹੋਈ।ਬੈਠਕ ਦੀ ਪ੍ਰਧਾਨਗੀ ਬਹਾਵਲਪੁਰ ਸਮਾਜ ਦੇ ਮੋਹਤਬਰ ਵਿਅਕਤੀਆਂ ਦੇ ਪ੍ਰਧਾਨਗੀ ਮੰਡਲ ਨੇ ਕੀਤੀ, ਜਿਸ ਵਿੱਚ ਬਹਾਵਲਪੁਰ ਸਮਾਜ ਦੇ ਮੁਖੀ ਈਸ਼ਵਰ ਦਾਸ, ਭਾਸ਼ਾ ਵਿਭਾਗ ਦੇ ਸਾਬਕਾ ਨਿਰਦੇਸ਼ਕ ਡਾ. ਮਦਨ ਲਾਲ ਹਸੀਜਾ, ਧਰਮ ਸੇਵਕ ਸਤਨਾਮ ਹਸੀਜਾ, ਸਮਾਜ ਸੇਵਕ ਜਗਦੀਸ਼ ਆਹੂਜਾ ਜੱਗੀ ਤੇ ਮੰਚ ਦੇ ਸੰਯੋਜਕ ਐਸ.ਕੇ. ਤਨੇਜਾ ਸ਼ਾਮਲ ਸਨ।ਬੈਠਕ ਦੌਰਾਨ ਬਹਾਵਲਪੁਰ ਦੀ ਲੁਪਤ ਹੋ ਰਹੀ ਵਿਰਾਸਤ ਨੂੰ ਸਾਂਭਣ, ਸੰਭਾਲਣ ਤੇ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਚੇਅਰਮੈਨ ਤੇਜਿੰਦਰ ਮਹਿਤਾ ਨੇ ਬਹਾਵਲਪੁਰ ਵਿਰਾਸਤ ਮੇਲਾ ਕਰਵਾਉਣ ਦੇ ਨਾਲ-ਨਾਲ ਸੱਭਿਆਚਾਰਕ ਸਮਾਗਮਾਂ ਤੇ ਸੰਮੇਲਨਾਂ ਦੀ ਲੜੀ ਸ਼ੁਰੂ ਕਰਨ ਦਾ ਮਸ਼ਵਰਾ ਦਿੱਤਾ।ਬੈਠਕ ਵਿੱਚ ਰਾਧਾ ਕ੍ਰਿਸ਼ਨ ਅਨੇਜਾ, ਮਨੋਜ ਰਾਜਨ, ਸੁਨੀਲ ਕਿੰਗਰ, ਕ੍ਰਿਸ਼ਨ ਸਿੰਧੀ, ਵਿਜੈ ਛਾਬੜਾ, ਮਾਸਟਰ ਰਮੇਸ਼, ਰਕੇਸ਼ ਅਰੋੜਾ, ਨਰਿੰਦਰ ਛਾਬੜਾ, ਰਵਿੰਦਰ ਛਾਬੜਾ, ਅਸ਼ੋਕ ਚੌਧਰੀ, ਰਾਹੁਲ ਸੇਠੀ, ਗੌਰਵ ਛਾਬੜਾ, ਸੁਮੀਤ ਟਕੇਜਾ, ਹਰੀਸ਼ ਕੁਮਾਰ ਸਮੇਤ ਹੋਰ ਪਤਵੰਤੇ ਹਾਜ਼ਰ ਸਨ।


## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ-ਤੀਜਾ/ ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟਲ ਵਾਲੀ ਖੁੱਲ੍ਹੀ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ **28.10.2026** ਦੁਪਹਿਰ**15:00** ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 06.10.2026 | 14.10.2026 | 28.10.2026 15:00 ਵਜੇ |

| ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ | ਵਿਗਿਆਪਨ ਮੁੱਲ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|---|---|---|
| 172-2026-27 -ADEN-I-ASR | ਸਹਾਇਕ ਮੰਡਲ ਇੰਜੀਨੀਅਰ-ਫਸਟ/ਅੰਮ੍ਰਿਤਸਰ ਦੇ ਤਹਿਤ ਵੇਰਕਾ-ਡੇਰਾ ਬਾਬਾ ਨਾਨਕ ਸੈਕਸ਼ਨ ਉਤੇ km 4/14-15 ਉਤੇ ਪੁਸ਼ਿੰਗ ਵਿਧੀ ਨਾਲ 5.0m X 5.0m ਦੇ ਅੰਦਰੂਨੀ ਆਕਾਰ ਵਾਲੇ LHS ਦੀ ਉਸਾਰੀ | 61484848.49 | 1229700.00 | 60 ਦਿਨ | 12 ਮਹੀਨੇ |
| ਸਮਾਨ ਨੇਚਰ ਦਾ ਕੰਮ: "ਬਾਕਸ ਪੁਸ਼ਿੰਗ/ਪਾਈਪ ਪੁਸ਼ਿੰਗ ਵਿਧੀ ਨਾਲ ਪੁਲ/ਸੀਮਿਤ ਉਚਾਈ ਵਾਲੇ ਸਬਵੇ ਦੀ ਉਸਾਰੀ"। | | | | | |
| 173-2026-27 -ADEN-I-ASR | ਸਹਾਇਕ ਮੰਡਲ ਇੰਜੀਨੀਅਰ-ਫਸਟ/ਅੰਮ੍ਰਿਤਸਰ ਦੇ ਤਹਿਤ ਅੰਮ੍ਰਿਤਸਰ-ਪਠਾਨਕੋਟ ਸੈਕਸ਼ਨ ਉਤੇ ਬਟਾਲਾ ਵਾਰਡ ਵਿਚ km 39/3-4 ਉਤੇ ਅਣਅਧਿਕ੍ਰਿਤ ਰੂਪ ਨਾਲ ਪਾਰ ਕਰਨ ਵਾਲੀ ਥਾਂ (trespassing location) ਦੇ ਸਥਾਨ ਤੇ 3.00m X 2.50m ਆਕਾਰ ਦਾ L.H.S. (ਸੀਮਿਤ ਉਚਾਈ ਵਾਲਾ ਸਬਵੇ) ਬਨਾਉਣ ਦਾ ਪ੍ਰਬੰਧ। | 54850631.20 | 1097000.00 | 60 ਦਿਨ | 12 ਮਹੀਨੇ |
| ਸਮਾਨ ਨੇਚਰ ਦਾ ਕੰਮ: "ਬਾਕਸ ਪੁਸ਼ਿੰਗ/ਪਾਈਪ ਪੁਸ਼ਿੰਗ ਵਿਧੀ ਨਾਲ ਪੁਲ/ਸੀਮਿਤ ਉਚਾਈ ਵਾਲੇ ਸਬਵੇ ਦੀ ਉਸਾਰੀ"। | | | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ।
2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।

ਨਿਵਿਦਾ ਨੰ.: 172 & 173-2026-27-ADEN-I-ASR ਤਾਰੀਕ : 07.10.2026

3495/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਅਨਾਜ ਮੰਡੀ ਮਜ਼ਦੂਰ ਸੰਘ ਦਾ ਵਫ਼ਦ ਚੇਅਰਮੈਨ ਬਰਸਟ ਨੂੰ ਮਿਲਿਆ



ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)-ਗੱਲਾ ਅਨਾਜ ਮੰਡੀ ਮਜ਼ਦੂਰ ਸੰਘ ਪੰਜਾਬ ਦਾ ਇੱਕ ਵਫ਼ਦ ਸੂਬਾ ਪ੍ਰਧਾਨ ਦੀਪਕ ਨਾਗਰ ਦੀ ਅਗਵਾਈ ਹੇਠ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੂੰ ਮਿਲਿਆ।ਵਫ਼ਦ ਵੱਲੋਂ ਮੰਡੀ ਮਜ਼ਦੂਰਾਂ ਨੂੰ ਦਰਪੇਸ਼ ਮੁਸ਼ਕਲਾਂ ਤੇ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਸਬੰਧੀ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ।ਵਫ਼ਦ ਆਗੂਆਂ ਨੇ ਮੰਗ ਕੀਤੀ ਕਿ ਪੰਜਾਬ ਮੰਡੀ ਬੋਰਡ ਦੀ ਸਟੈਂਡਿੰਗ ਕਮੇਟੀ ਵਿੱਚ ਨੌਜਵਾਨ ਮਜ਼ਦੂਰ ਆਗੂਆਂ ਨੂੰ ਵੀ ਸ਼ਾਮਲ ਕੀਤਾ ਜਾਵੇ, ਤਾਂ ਜੋ ਉਹ ਮਜ਼ਦੂਰਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਨੂੰ ਸਬੰਧਤ ਅਧਿਕਾਰੀਆਂ ਸਾਹਮਣੇ ਪ੍ਰਭਾਵਸ਼ਾਲੀ ਢੰਗ ਨਾਲ ਰੱਖ ਸਕਣ।ਆਗੂਆਂ ਨੇ ਕਿਹਾ ਕਿ 50 ਕਿੱਲੋ ਕਣਕ ਦੀ ਮਜ਼ਦੂਰੀ 50 ਕਿੱਲੋ ਝੋਨੇ ਦੀ ਮਜ਼ਦੂਰੀ ਨਾਲੋਂ ਘੱਟ ਹੈ, ਜਦਕਿ ਦੋਵਾਂ ਦਾ ਵਜ਼ਨ ਬਰਾਬਰ ਹੈ।ਇਸ ਲਈ 'ਇੱਕ ਵਜ਼ਨ-ਇੱਕ ਰੇਟ' ਦੇ ਸਿਧਾਂਤ ਅਨੁਸਾਰ ਕਣਕ ਦੀ ਮਜ਼ਦੂਰੀ ਵਿੱਚ ਵਾਧਾ ਕੀਤਾ ਜਾਵੇ।ਇਸ ਤੋਂ ਇਲਾਵਾ ਮਜ਼ਦੂਰਾਂ ਨੂੰ ਈ.ਐੱਸ.ਆਈ. ਡਿਸਪੈਂਸਰੀਆਂ ਦੀ ਸਹੂਲਤ ਨਾਲ ਜੋੜਨ ਤੋਂ ਇਲਾਵਾ ਹੋਰ ਵੀ ਮੰਗਾਂ ਰੱਖੀਆਂ।ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਮਜ਼ਦੂਰਾਂ ਵੱਲੋਂ ਰੱਖੀਆਂ ਗਈਆਂ ਮੰਗਾਂ ਨੂੰ ਗੰਭੀਰਤਾ ਨਾਲ ਵਿਚਾਰਦਿਆਂ ਇਨ੍ਹਾਂ ਦਾ ਜਲਦ ਤੋਂ ਜਲਦ ਨਿਪਟਾਰਾ ਕਰਵਾਉਣ ਲਈ ਬਣਦੀ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਸੂਬਾ ਪ੍ਰਧਾਨ ਦੀਪਕ ਨਾਗਰ ਸੁਨਾਮ ਊਧਮ ਸਿੰਘ ਵਾਲਾ, ਸਰਪ੍ਰਸਤ ਰਾਜ ਕੁਮਾਰ ਬੁਢਲਾਡਾ, ਚੇਅਰਮੈਨ ਰਾਜਕੁਮਾਰ ਸੰਗਰੂਰ, ਮੀਡੀਆ ਸਕੱਤਰ ਗੁਰਤੇਜ ਕੋਟਕਪੂਰਾ, ਜਨਰਲ ਸਕੱਤਰ ਜਸਵਿੰਦਰ ਜੈਤੋਂ, ਕੈਸ਼ੀਅਰ ਸੰਜੈ ਕੁਮਾਰ ਚੀਮਾ ਮੰਡੀ, ਰਾਕੇਸ਼ ਕੋਟਕਪੂਰਾ ਜ਼ਿਲ੍ਹਾ ਪ੍ਰਧਾਨ, ਸਲਾਹਕਾਰ ਚੰਦ ਮੋਗਾ, ਅਸ਼ੋਕ ਬੁਢਲਾਡਾ, ਸੰਗਰੂਰ ਜ਼ਿਲ੍ਹਾ ਪ੍ਰਧਾਨ ਅਮਰੀਕ ਭਵਾਨੀਗੜ੍ਹ, ਰਾਜਿੰਦਰ ਮਿੱਠੂ ਐੱਮ.ਸੀ. ਸੁਨਾਮ ਸਮੇਤ ਹੋਰ ਸਾਥੀ ਹਾਜ਼ਰ ਸਨ।

## ਰਾਜਿੰਦਰ ਵਿਰਕ ਨੇ ਸ਼ੁਰੂ ਕੀਤੀ ਡੋਰ-ਟੂ-ਡੋਰ ਮੁਹਿੰਮ



ਦੇਵੀਗੜ੍ਹ/ਸਨੌਰ (ਰਾਜਿੰਦਰ ਸਿੰਘ ਥਿੰਦ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ, ਬਾਦਲ ਦੀ ਰਹਿਨੁਮਈ ਹੇਠ ਸਮੁੱਚੇ ਪੰਜਾਬ 'ਚ ਹਲਕੇ ਦੀ ਸੇਵਾ ਤੇ ਤਰੱਕੀ ਲਈ ਹਰ ਘਰ ਤੱਕ ਪਹੁੰਚ ਤਹਿਤ ਉਲੀਕੇ ਗਏ ਪ੍ਰੋਗਰਾਮ ਤਹਿਤ ਅੱਜ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਰਾਜਿੰਦਰ ਸਿੰਘ ਵਿਰਕ ਹਲਕਾ ਸਨੌਰ ਦੀ ਅਗਵਾਈ ਹੇਠ ਹਲਕਾ ਸਨੌਰ ਦੇ ਵੱਖ-ਵੱਖ ਪਿੰਡਾਂ 'ਚ ਡੋਰ-ਟੂ-ਡੋਰ ਮੁਹਿੰਮ ਸ਼ੁਰੂ ਕੀਤੀ ਗਈ। ਰਾਜਿੰਦਰ ਵਿਰਕ ਨੇ ਦੱਸਿਆ ਕਿ ਹਲਕੇ ਦੇ ਹਰ ਪਿੰਡ ਤੇ ਹਰ ਵਾਰਡ 'ਚ ਘਰ-ਘਰ ਜਾ ਕੇ ਲੋਕਾਂ ਨਾਲ ਰਾਬਤਾ ਕਾਇਮ ਕੀਤਾ ਜਾਵੇਗਾ।ਇਹ ਮੁਹਿੰਮ 25 ਅਕਤੂਬਰ ਤੱਕ ਚੱਲੇਗੀ।ਇਸ ਪ੍ਰੋਗਰਾਮ ਤਹਿਤ ਹਰ ਪਰਿਵਾਰ ਨਾਲ ਮੁਲਾਕਾਤ ਕਰ ਕੇ ਉਨ੍ਹਾਂ ਦੀਆਂ ਸਮੱਸਿਆਵਾਂ, ਲੋੜਾਂ ਤੇ ਸੁਝਾਅ ਸੁਣੇ ਜਾ ਰਹੇ ਹਨ।ਇਸ ਦਾ ਮੁੱਖ ਮਕਸਦ ਹਲਕੇ ਦੇ ਲੋਕਾਂ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਅੱਗੇ ਲਿਜਾਣਾ ਤੇ ਹਲਕੈ ਦੀ ਤਰੱਕੀ ਲਈ ਠੋਸ ਕਦਮ ਚੁੱਕਣਾ ਹੈ।ਵਿਰਕ ਨੇ ਕਿਹਾ ਕਿ ਮਿਸ਼ਨ 2027 ਦੀਆਂ ਚੋਣਾਂ ਨੂੰ ਲੈ ਕੇ ਪੰਜਾਬ ਦੀ ਜਨਤਾ ਤੋਂ ਸੁਝਾਅ ਮੰਗੇ ਜਾ ਰਹੇ ਹਨ, ਜਿਨ੍ਹਾਂ ਨੂੰ ਚੋਣ ਮੈਨੀਫੈਸਟੋ 'ਚ ਸ਼ਾਮਲ ਕੀਤਾ ਜਾਵੇਗਾ।ਇਸ ਮੌਕੇ ਗੁਰਬਿੰਦਰ ਗਿੱਲ, ਗੁਰਪ੍ਰੀਤ ਬਿੱਲਾ, ਕੁਲਵੰਤ ਸਿੰਘ ਗਿੱਲ, ਪਿੰਦਰ ਸਿੰਘ ਗਿੱਲ, ਬੱਗਾ ਸਿੰਘ, ਜਿੰਦਰ ਸਿੰਘ, ਭਜਨ ਸਿੰਘ, ਸੋਫੀ ਸਿੰਘ, ਬੱਬੂ ਸਿੰਘ, ਸੁੱਚਾ ਸਿੰਘ, ਸੂਰਤੀ ਸਿੰਘ, ਖਾਲਸਾ ਸਿੰਘ, ਲੱਕੀ ਸਿੰਘ, ਪਰਮਜੀਤ ਸਿੰਘ, ਰੂੜਾ ਸਿੰਘ, ਦਰਸ਼ਨ ਸਿੰਘ, ਰਾਹੁਲ ਰਾਜਪੂਤ, ਜਤਿਨ, ਬੰਟੀ, ਗੋਪੀ ਆਦਿ ਹਾਜ਼ਰ ਸਨ।


AXIS BANK

**Retail Asset Centre:** AXIS Bank Ltd. SCB-5, 1st Floor, Chotti Baradari, Patiala-147001. **Corporate Office:** 'Axis House', Block-B, Bombay Dyeing Mills Compound, Pandurang Budhkar Marg, Worli, Mumbai-400025. **Registered Office:** 'Trishul', 3rd Floor, Opp. Samartheswar Temple, Law Garden, Ellisbridge, Ahmadabad-380006

### ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ ਅਤੇ ਪਤਾ | ਡਿਮਾਂਡ ਨੋਟਿਸ ਦੀ ਮਿਤੀ | ਐੱਨ ਪੀ ਏ ਮਿਤੀ | ਕਬਜ਼ੇ ਦੀ ਮਿਤੀ | 13-2 ਨੋਟਿਸ ਅਨੁਸਾਰ ਬਕਾਇਆ ਰਕਮ |
|---|---|---|---|---|
| ਸ੍ਰੀ ਜਸਦੀਪ ਸਿੰਘ (ਕਰਜ਼ਦਾਰ) ਪੁੱਤਰ ਹਰਮਿੰਦਰ ਸਿੰਘ, ਸ੍ਰੀ ਹਰਮਿੰਦਰ ਸਿੰਘ (ਸਹਿ-ਕਰਜ਼ਦਾਰ) ਪੁੱਤਰ ਹਜ਼ਾਰਾ ਸਿੰਘ, ਸ੍ਰੀ ਸੁਖਦੀਪ ਸਿੰਘ (ਸਹਿ-ਕਰਜ਼ਦਾਰ ਅਤੇ ਰਹਿਣਕਾਰ) ਪੁੱਤਰ ਹਰਮਿੰਦਰ ਸਿੰਘ | 09-JULY-2026 | 03-JULY-2026 | 06-OCTOBER-2026 | ਰੁਪਏ 66,31,634.44 (ਛਿਆਹਠ ਲੱਖ ਇਕੱਤੀ ਹਜ਼ਾਰ ਛੇ ਸੌ ਚੌਂਤੀ ਰੁਪਏ ਅਤੇ ਚੁਤਾਲੀ ਪੈਸੇ ਕੇਵਲ) |

**ਜਾਇਦਾਦਾਂ ਦਾ ਵੇਰਵਾ**

ਰਿਹਾਇਸ਼ੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਦਾ ਉਚਿਤ ਗਿਰਵੀਨਾਮਾ ਰਕਬਾ 0-8.2/3 ਮਰਲਾ, ਜੋ ਕਿ 262.22 ਵਰਗ ਗਜ਼, ਖੇਵਟ/ਖਤੌਨੀ ਨੰ. 28/45, ਖਸਰਾ ਨੰ. 22//3/1 (6-0), ਕਿੱਤਾ 1, ਕੁੱਲ ਰਕਬਾ 6-0 ਕਨਾਲ, ਜਿਸ 'ਚੋਂ 08.2/3 ਮਰਲਾ, ਜੋ ਕਿ 262.22 ਵਰਗ ਗਜ਼ ਪਿੰਡ ਮਹਿਮੂਦਪੁਰ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ, ਜਮ੍ਹਾਂਬੰਦੀ ਸਾਲ 2019-20, ਸੁਖਦੀਪ ਸਿੰਘ ਪੁੱਤਰ ਸ੍ਰੀ ਹਰਮਿੰਦਰ ਸਿੰਘ ਦੇ ਨਾਂਅ ਰਜਿਸਟਰਡ, ਤਬਾਦਲਾ ਬੈਨਾਮਾ ਨੰ. 2022-23/11/1/14304 ਮਿਤੀ 23-01-2023 ਅਨੁਸਾਰ। ਹੱਦਾਂ ਬੈਨਾਮੇ ਅਨੁਸਾਰ : ਉੱਤਰ : ਪ੍ਰਿਤਪਾਲ ਸਿੰਘ ਦਾ ਮਕਾਨ, ਬਾਹੀ 41', ਪੱਛਮ : ਜਸਵਿੰਦਰ ਸਿੰਘ ਦਾ ਮਕਾਨ, ਬਾਹੀ 62'-9'', ਦੱਖਣ : ਗਲੀ 12', ਬਾਹੀ 27'-9''+ਬਾਹੀ 13'-6'', ਪੂਰਬ : ਗਲੀ 12', ਬਾਹੀ 16'+ਨਿਰਮਤ ਮਕਾਨ, ਬਾਹੀ 46'-9''

ਮਿਤੀ : 06.10.2026 ਸਥਾਨ : ਪਟਿਆਲਾ (ਅਧਿਕਾਰਤ ਅਫਸਰ) ਐਕਸਿਸ ਬੈਂਕ ਲਿਮਟਿਡ



FEDBANK

**FEDBANK FINANCIAL SERVICES LTD.**
Corporate Office at Unit No.1101, 11th Floor, Cignus, Plot No. 71A, Powai, Paspoli, Mumbai, Maharashtra – 400 087

### ਕਬਜ਼ਾ ਨੋਟਿਸ

ਈ-ਵੋਟਿੰਗ ਜਾਂ ਵੀ ਸੀ ਰਾਹੀਂ ਮੀਟਿੰਗ ਵਿੱਚ ਸ਼ਾਮਲ ਹੋਣ ਸੰਬੰਧੀ ਕਿਸੇ ਵੀ ਪੁੱਛਗਿੱਛ ਜਾਂ ਸਮੱਸਿਆ ਲਈ ਮੈਂਬਰ www.evoting.nsdl.com ਦੇ ਡਾਊਨਲੋਡ ਸੈਕਸ਼ਨ ਵਿੱਚ ਉਪਲਬਧ ਸ਼ੇਅਰਧਾਰਕਾਂ ਲਈ ਅਕਸਰ ਪੁੱਛੇ ਜਾਣ ਵਾਲੇ ਸਵਾਲ (ਐੱਫ ਏ ਕਿਊਜ਼) ਅਤੇ ਈ-ਵੋਟਿੰਗ ਯੂਜ਼ਰ ਮੈਨੂਅਲ ਵੇਖ ਸਕਦੇ ਹਨ ਜਾਂ 022-4886 7000 'ਤੇ ਸੰਪਰਕ ਕੀਤਾ ਜਾ ਸਕਦਾ ਹੈ ਜਾਂ evoting@nsdl.com 'ਤੇ ਬੇਨਤੀ ਭੇਜੀ ਜਾ ਸਕਦੀ ਹੈ।

ਵਾਸਤੇ ਸ਼ਾਰਪ ਚੱਕਸ ਐਂਡ ਮਸ਼ੀਨਜ਼ ਲਿਮਟਿਡ
ਸਹੀ/-
ਅਜੈ ਸਿੱਕਾ
ਮਿਤੀ: 8 ਅਕਤੂਬਰ, 2026 — ਮੈਨੇਜਿੰਗ ਡਾਇਰੈਕਟਰ
ਸਥਾਨ: ਜਲੰਧਰ — ਡੀ ਆਈ ਐੱਨ :00665858

# ਮਜ਼ਦੂਰਾਂ ਤੇ ਕਿਸਾਨਾਂ ਨੇ ਮੁੱਖ ਚੋਣ ਕਮਿਸ਼ਨਰ ਦਾ ਪੁਤਲਾ ਫੂਕਿਆ

**ਬਿਲਗਾ (ਵਿਜੇ ਕੁਮਾਰ)**- ਲੋਕਤੰਤਰ ਦਾ ਘਾਣ ਕਰਨ ਵਾਲੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਪੁਤਲਾ ਅੱਜ ਕਸਬਾ ਬਿਲਗਾ ਵਿਖੇ ਫੂਕਿਆ ਗਿਆ। ਜਮਹੂਰੀ ਕਿਸਾਨ ਸਭਾ ਦੇ ਸੱਦੇ 'ਤੇ ਪੁਤਲਾ ਫੂਕਣ ਵੇਲੇ ਇਕੱਤਰ ਹੋਏ ਕਿਸਾਨਾਂ ਅਤੇ ਮਜ਼ਦੂਰਾਂ ਨੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਇਸ ਮੌਕੇ ਆਲ ਇੰਡੀਆ ਕਿਸਾਨ ਮਹਾਸਭਾ ਦੇ ਕੇਂਦਰੀ ਕਮੇਟੀ ਮੈਂਬਰ ਅਤੇ ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਸੰਤੋਖ ਸਿੰਘ ਬਿਲਗਾ ਨੇ ਕਿਹਾ ਕਿ ਵੋਟ ਦੇ ਸੰਵਿਧਾਨਿਕ ਅਧਿਕਾਰ ਨੂੰ ਖਤਮ ਕਰਕੇ ਭਾਜਪਾ ਦੀ ਮੋਦੀ ਸਰਕਾਰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕਮਾਰ ਦੀ ਸਹਾਇਤਾ ਰਾਹੀਂ ਭਾਰਤ ਦੇ ਕਈ ਸੂਬਿਆਂ ਵਿਚ ਕਾਬਜ ਹੋ ਚੁੱਕੀ ਹੈ, ਇਸੇ ਲੜੀ ਤਹਿਤ ਮੋਦੀ ਸਰਕਾਰ ਵਲੋਂ ਪੰਜਾਬ ਲਈ ਵੀ ਤਿਆਰੀ ਕੀਤੀ ਜਾ ਰਹੀ ਹੈ। ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇ ਖਿਲਾਫ ਲਗਾਤਾਰ ਨੌਜਵਾਨਾਂ ਤੇ ਵਿਦਿਆਰਥੀਆਂ ਵੱਲੋਂ ਸੰਘਰਸ਼ ਆਰੰਭ ਕੀਤਾ ਗਿਆ ਹੈ ਅਤੇ ਹੁਣ ਇਹ ਅੰਦੋਲਨ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਨੂੰ ਲੈਕੇ ਸਾਰੇ ਭਾਰਤ ਵਿੱਚ ਫੈਲ ਚੁੱਕਾ ਹੈ। ਸਭਾ ਦੇ ਆਗੂਆਂ ਨੇ ਕਿਹਾ ਜੰਤਰ ਮੰਤਰ ਦੇ ਸੰਘਰਸ਼ ਲਈ ਨੌਜਵਾਨ, ਵਿਦਿਆਰਥੀ ਤੇ ਜੂਝਦੇ ਲੋਕਾਂ ਨੇ ਦਿੱਲੀ ਪੁਲਿਸ ਕੋਲੋਂ ਸੰਘਰਸ਼ ਲਈ ਮਨਜ਼ੂਰੀ ਦੀ ਅਰਜ਼ੀ ਦਿੱਤੀ ਸੀ ਪਰ ਤਾਨਾਸ਼ਾਹ ਮੋਦੀ ਸਰਕਾਰ ਦੀ ਦਲਾਲ ਦਿੱਲੀ ਪੁਲਿਸ ਨੇ ਉਸ ਨੂੰ ਨਜ਼ਰਅੰਦਾਜ਼ ਕੀਤਾ ਅਤੇ ਜੰਤਰ ਮੰਤਰ ਦੇ ਮੈਦਾਨ ਨੂੰ ਫੌਜੀ ਛਾਉਣੀ ਬਣਾ ਦਿੱਤਾ। ਦੇਸ਼ ਦੀਆਂ ਧੀਆਂ ਜੋ ਲੋਕਤੰਤਰ ਨੂੰ ਬਚਾਉਣ ਅਤੇ ਭਾਰਤ ਦੇ ਸੰਵਿਧਾਨ ਦੀ ਰਾਖੀ ਲਈ ਸੰਘਰਸ਼ ਦੇ ਮੈਦਾਨ ਵਿੱਚ ਅੱਗੇ ਆਗੂ ਰੋਲ ਨਿਭਾ ਰਹੀਆਂ ਹਨ, ਨੂੰ ਪੁਰਸ਼ ਪੁਲਿਸ ਮੁਲਾਜ਼ਮਾਂ ਵਲੋਂ ਗ਼ਲਤ ਤਰੀਕੇ ਨਾਲ ਬੇਸ਼ਰਮੀ ਨਾਲ ਫੜਿਆ ਗਿਆ ਹੈ। ਆਗੂਆਂ ਨੇ ਦੇਸ਼ ਅੰਦਰ ਅਮਨ ਸ਼ਾਂਤੀ ਕਾਇਮ ਰੱਖਣ ਲਈ, ਸੰਵਿਧਾਨ ਵਿਰੋਧੀ ਤਾਕਤਾਂ ਦੇ ਖਿਲਾਫ਼ ਨੌਜਵਾਨ ਪੀੜ੍ਹੀ ਤੋਂ ਇਲਾਵਾ ਵਿਦਿਆਰਥੀਆਂ ਤੇ ਆਮ ਲੋਕਾਂ ਨੂੰ ਜਥੇਬੰਦ ਹੋਣ ਦੀ ਅਪੀਲ ਕੀਤੀ।ਪੁਤਲਾ ਸਾੜਨ ਵੇਲੇ ਡਾ. ਸਰਬਜੀਤ ਮੁਠੱਡਾ, ਸਰਬਜੀਤ ਸੰਗੋਵਾਲ, ਕੁਲਵੰਤ ਖਹਿਰਾ, ਬਲਬੀਰ ਬੀਰੀ, ਸੁਰਿੰਦਰ ਮੰਗਾ, ਬਿਹਾਰੀ ਲਾਲ ਔਜਲਾ, ਰਾਮ ਜੀ ਔਜਲਾ, ਕੁਲਵੰਤ ਔਜਲਾ, ਕੁਲਦੀਪ ਸਿਆਣ, ਸਤੀਸ਼ ਪੁਆਦੜਾ, ਬਲਬੀਰ ਸਿੰਘ ਰਾਣਾ ਆਦਿ ਹਾਜ਼ਰ ਸਨ। ਨੌਜਵਾਨਾਂ ਨੇ ਇਸ ਮੌਕੇ ਕੇਂਦਰ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਵੀ ਕੀਤੀ।



# ਚੋਣ ਕਮਿਸ਼ਨ ਦੇ ਮੁਖੀ ਨੂੰ ਹਟਾਉਣ ਦੀ ਮੰਗ ਨੂੰ ਲੈ ਕੇ ਵਿਰੋਧ ਪ੍ਰਦਰਸ਼ਨ

**ਫਿਲੌਰ (ਹਰਜਿੰਦਰ ਕੌਰ ਚਾਹਲ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਤਹਿਸੀਲ ਕਮੇਟੀ ਫਿਲੌਰ ਵੱਲੋਂ ਭਾਰਤੀ ਚੋਣ ਕਮਿਸ਼ਨ ਦੇ ਮੁਖੀ ਨੂੰ ਹਟਾਉਣ ਦੇ ਮੁੱਦੇ ਦੀ ਮੰਗ ਨੂੰ ਲੈ ਕੇ ਸ਼ਹਿਰ 'ਚ ਵਿਰੋਧ ਪ੍ਰਦਰਸ਼ਨ ਕੀਤਾ ਗਿਆ।



ਤਹਿਸੀਲ ਪ੍ਰਧਾਨ ਸਰਬਜੀਤ ਸੰਗੋਵਾਲ, ਮੇਜਰ ਫਿਲੌਰ ਅਤੇ ਕੁਲਜੀਤ ਫਿਲੌਰ ਦੀ ਅਗਵਾਈ ਹੇਠ ਦਿੱਲੀ ਮੋਰਚੇ ਦੀ ਸ਼ਹੀਦੀ ਯਾਦਗਾਰ ਤੋਂ ਮੁੱਖ ਚੌਂਕ ਤੱਕ ਮਾਰਚ ਕੀਤਾ ਗਿਆ। ਜਿਥੇ ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਢੇਸੀ ਅਤੇ ਸੂਬਾ ਸਕੱਤਰੇਤ ਮੈਂਬਰ ਡਾ. ਸਰਬਜੀਤ ਮੁਠੱਡਾ ਨੇ ਕਿਹਾ ਕਿ ਦੇਸ਼ ਦੇ ਹਾਕਮ, ਆਮ ਲੋਕਾਂ ਨੂੰ ਚੋਣ ਅਮਲ 'ਚੋਂ ਬਾਹਰ ਕਰਨ ਲਈ ਪੱਬਾਭਾਰ ਹੋਏ ਬੈਠੇ ਹਨ। 13 ਕਰੋੜ ਵੋਟਰਾਂ ਨੂੰ ਚੋਣ ਅਮਲ 'ਚੋਂ ਬਾਹਰ ਕਰ ਦਿੱਤਾ ਗਿਆ ਹੈ। ਆਗੂਆਂ ਨੇ ਕਿਹਾ ਕਿ ਦੇਸ਼ ਦੇ ਹਾਕਮ ਫਿਰਕੂ ਰਾਜਨੀਤੀ ਕਰਦਿਆਂ ਘੱਟ ਗਿਣਤੀਆਂ ਨੂੰ ਆਪਣਾ ਨਿਸ਼ਾਨਾ ਬਣਾ ਰਹੇ ਹਨ ਜਿਸ ਲਈ ਸਿਰਫ਼ ਚੋਣ ਕਮਿਸ਼ਨ ਦੀ ਹੀ ਦੁਰਵਰਤੋਂ ਨਹੀਂ ਕੀਤੀ ਜਾ ਰਹੀ ਸਗੋਂ ਦੇਸ਼ ਦੀਆਂ ਰਵਾਇਤਾਂ ਨੂੰ ਵੀ ਤੋੜਿਆ ਜਾ ਰਿਹਾ ਹੈ। ਮੀਡੀਆ 'ਚ ਵੱਡੇ ਪੱਧਰ 'ਤੇ ਚਰਚਾ ਹੋਣ ਉਪਰੰਤ ਵੀ ਮੁੱਖ ਚੋਣ ਕਮਿਸ਼ਨਰ ਵਲੋਂ ਅਸਤੀਫ਼ਾ ਨਹੀਂ ਦਿੱਤਾ ਜਾ ਰਿਹਾ। ਇਸ ਮੌਕੇ ਆਰ ਐੱਮ ਪੀ ਆਈ ਦੇ ਸੂਬਾ ਕਮੇਟੀ ਮੈਂਬਰ ਪਰਮਜੀਤ ਰੰਧਾਵਾ ਅਤੇ ਸੰਤੋਖ ਸਿੰਘ ਬਿਲਗਾ ਨੇ ਕਿਹਾ ਕਿ ਇਹ ਅੰਦਲੋਨ 'ਚ ਭਾਜਪਾ ਨੂੰ ਛੱਡ ਕੇ ਕਰੀਬ ਸਾਰੀਆਂ ਰਾਜਨੀਤਕ ਪਾਰਟੀਆਂ ਅਤੇ ਸਮਾਜਿਕ ਸੰਸਥਾਵਾਂ ਦੇ ਕਾਰਕੁਨ ਵੀ ਸੰਘਰਸ਼ਾਂ ਤੇ ਮੈਦਾਨ 'ਚ ਹਨ। ਮੁੱਖ ਚੋਣ ਕਮਿਸ਼ਨਰ ਦਾ ਪੁਤਲਾ ਸਾੜਨ ਵੇਲੇ ਮਨਜਿੰਦਰ ਢੇਸੀ, ਮੱਖਣ ਸੰਗਰਾਮੀ, ਗੁਰਦੀਪ ਗੋਗੀ, ਤਰਜਿੰਦਰ ਧਾਲੀਵਾਲ, ਅਮ੍ਰਿਤਪਾਲ ਨੰਗਲ, ਅਮਰੀਕ ਰੁੜਕਾ, ਰਾਮ ਲੁਭਾਇਆ ਭੈਣੀ, ਨਿਰਮੋਲਕ ਸਿੰਘ ਹੀਰਾ, ਜਸਬੀਰ ਭੋਲੀ, ਜੱਸਾ ਰੁੜਕਾ, ਬਿਹਾਰੀ ਲਾਲ ਔਜਲਾ ਆਦਿ ਹਾਜ਼ਰ ਸਨ। ਪੁਤਲਾ ਸਾੜਨ ਵੇਲੇ ਇਕੱਤਰ ਕਾਰਕੁੰਨਾਂ ਨੇ ਜ਼ੋਰਦਾਰ ਨਾਅਰੇਬਾਜ਼ੀ ਵੀ ਕੀਤੀ।

# ਦੋ ਮੋਟਰਸਾਈਕਲਾਂ ਦੀ ਟੱਕਰ 'ਚ ਨੌਜਵਾਨ ਦੀ ਮੌਤ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪਿੰਡ ਧਨੌਨੀ ਨੇੜੇ ਦੋ ਮੋਟਰਸਾਈਕਲਾਂ ਵਿਚਾਲੇ ਹੋਈ ਟੱਕਰ ਨੇ ਇਕ ਨੌਜਵਾਨ ਦੀ ਜਾਨ ਲੈ ਲਈ, ਜਦਕਿ ਉਸ ਦਾ ਸਾਥੀ ਜ਼ਖ਼ਮੀ ਹੋ ਗਿਆ। ਹਾਦਸੇ ਮਗਰੋਂ ਦੂਜੇ ਮੋਟਰਸਾਈਕਲ ਦਾ ਚਾਲਕ ਮੌਕੇ ਤੋਂ ਫ਼ਰਾਰ ਹੋ ਗਿਆ। ਪੁਲਸ ਨੇ ਜ਼ਖ਼ਮੀ ਨੌਜਵਾਨ ਦੇ ਬਿਆਨਾਂ 'ਤੇ ਮਾਮਲਾ ਦਰਜ ਕਰਕੇ ਫ਼ਰਾਰ ਚਾਲਕ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਜਸਪ੍ਰੀਤ ਸਿੰਘ ਪੁੱਤਰ ਦਲਬੀਰ ਸਿੰਘ ਵਾਸੀ ਪਿੰਡ ਪਰਾਗਪੁਰ ਨੇ ਦੱਸਿਆ ਕਿ 5 ਅਕਤੂਬਰ ਦੀ ਰਾਤ ਕਰੀਬ ਸਾਢੇ 10 ਵਜੇ ਉਹ ਆਪਣੇ ਦੋਸਤ ਸੰਦੀਪ ਸਿੰਘ ਵਾਸੀ ਪਿੰਡ ਡੇਰਾ ਜਗਾਧਰੀ ਨਾਲ ਸਪਲੈਂਡਰ ਪਲੱਸ ਮੋਟਰਸਾਈਕਲ 'ਤੇ ਸਵਾਰ ਹੋ ਕੇ ਪਿੰਡ ਮਹਿਮਦਪੁਰ ਵਾਲੇ ਪਾਸਿਓਂ ਡੇਰਾਬੱਸੀ ਵੱਲ ਆ ਰਹੇ ਸਨ। ਜਦੋਂ ਉਹ ਪਿੰਡ ਧਨੌਨੀ ਸਥਿਤ ਇੰਡੀਅਨ ਆਇਲ ਪੈਟਰੋਲ ਪੰਪ ਨੇੜੇ ਪੁੱਜੇ ਤਾਂ ਸਾਹਮਣੇ ਤੋਂ ਆ ਰਹੇ ਸਪਲੈਂਡਰ ਮੋਟਰਸਾਈਕਲ ਨੰਬਰ ਪੀ.ਬੀ.-65 ਏ.ਐਮ.-3615 ਨਾਲ ਉਨ੍ਹਾਂ ਦੀ ਟੱਕਰ ਹੋ ਗਈ। ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਉਕਤ ਮੋਟਰਸਾਈਕਲ ਨੂੰ ਉਸ ਦਾ ਚਾਲਕ ਤੇਜ਼ ਰਫ਼ਤਾਰ ਅਤੇ ਲਾਪਰਵਾਹੀ ਨਾਲ ਚਲਾ ਰਿਹਾ ਸੀ ਅਤੇ ਉਸ ਨੇ ਉਨ੍ਹਾਂ ਦੇ ਮੋਟਰਸਾਈਕਲ ਵਿੱਚ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਜਸਪ੍ਰੀਤ ਅਤੇ ਸੰਦੀਪ ਸੜਕ 'ਤੇ ਡਿੱਗ ਕੇ ਗੰਭੀਰ ਜ਼ਖ਼ਮੀ ਹੋ ਗਏ। ਹਾਦਸੇ ਮਗਰੋਂ ਰਾਹਗੀਰਾਂ ਨੇ ਦੋਵਾਂ ਨੂੰ ਸੰਭਾਲਿਆ ਅਤੇ ਇਲਾਜ ਲਈ ਪੀ ਜੀ ਆਈ ਚੰਡੀਗੜ੍ਹ ਪਹੁੰਚਾਇਆ। ਉੱਥੇ ਜ਼ਿੰਦਗੀ ਅਤੇ ਮੌਤ ਵਿਚਾਲੇ ਜੂਝ ਰਹੇ ਸੰਦੀਪ ਸਿੰਘ ਨੇ ਇਲਾਜ ਦੌਰਾਨ ਦਮ ਤੋੜ ਦਿੱਤਾ, ਜਦਕਿ ਜਸਪ੍ਰੀਤ ਸਿੰਘ ਦਾ ਇਲਾਜ ਜਾਰੀ ਹੈ।ਇਸ ਦੌਰਾਨ ਟੱਕਰ ਮਾਰਨ ਵਾਲਾ ਮੋਟਰਸਾਈਕਲ ਚਾਲਕ ਹਾਦਸੇ ਵਾਲੀ ਥਾਂ ਤੋਂ ਫ਼ਰਾਰ ਹੋ ਗਿਆ। ਪੁਲਸ ਨੇ ਜਸਪ੍ਰੀਤ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਦੀਪਕ ਵਾਸੀ ਪਿੰਡ ਚੰਡਿਆਲਾ ਥਾਣਾ ਡੇਰਾਬੱਸੀ ਖਿਲਾਫ ਮਾਮਲਾ ਦਰਜ ਕਰ ਲਿਆ।

# ਅੱਜ ਦੀ ਆਦਮਪੁਰ ਰੈਲੀ ਬਸਪਾ ਸਰਕਾਰ ਬਣਾਉਣ ਦਾ ਮੁੱਢ ਬੰਨ੍ਹੇਗੀ : ਠੇਕੇਦਾਰ ਭਗਵਾਨ, ਰਮਨ ਰੱਲ, ਐਡਵੋਕੇਟ ਮਾਨਾ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਬਹੁਜਨ ਸਮਾਜ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਠੇਕੇਦਾਰ ਭਗਵਾਨ ਦਾਸ ਸਿੱਧੂ ਇੰਚਾਰਜ ਲੋਕ ਸਭਾ ਹੁਸ਼ਿਆਰਪੁਰ, ਰਮਨ ਰੱਲ ਇੰਚਾਰਜ ਲੋਕ ਸਭਾ ਹੁਸ਼ਿਆਰਪੁਰ, ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਹਲਕਾ ਚੱਬੇਵਾਲ ਨੇ ਵਿਸ਼ੇਸ਼ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ 9 ਅਕਤੂਬਰ ਨੂੰ ਸ੍ਰੀ ਕਾਂਸ਼ੀ ਰਾਮ ਦੇ ਪ੍ਰੀ-ਨਿਰਵਾਣ ਦਿਵਸ ਮੌਕੇ ਆਦਮਪੁਰ ਵਿਖੇ ਕੀਤੀ ਜਾ ਰਹੀ ਵਿਸ਼ਾਲ ਬਸਪਾ ਸਰਕਾਰ ਬਣਾਓ ਰੈਲੀ ਪੰਜਾਬ ਦੀ ਰਾਜਨੀਤਕ ਦਿਸ਼ਾ ਬਦਲ ਦੇਵੇਗੀ ਅਤੇ ਪੰਜਾਬ ਵਿੱਚ ਬਸਪਾ ਸਰਕਾਰ ਬਣਾਉਣ ਦਾ ਮੁੱਢ ਬੰਨੇਗੀ। ਬਸਪਾ ਆਗੂਆਂ ਨੇ ਕਿਹਾ ਅੱਜ ਆਦਮਪੁਰ ਦੀ ਧਰਤੀ 'ਤੇ ਹੋਣ ਵਾਲੀ ਬਸਪਾ ਰੈਲੀ ਇਤਿਹਾਸਿਕ ਹੋਵੇਗੀ, ਜੋ ਕਿ ਸ੍ਰੀ ਕਾਂਸ਼ੀ ਰਾਮ ਜੀ ਵਲੋਂ ਸ਼ੋਸ਼ਿਤ, ਵਾਂਝੇ ਅਤੇ ਗਰੀਬ ਵਰਗਾਂ ਨੂੰ ਰਾਜਸੱਤਾ ਦਾ ਮਾਲਕ ਬਣਾਉਣ ਲਈ ਸ਼ੁਰੂ ਕੀਤੇ ਸੰਘਰਸ਼ ਨੂੰ ਮੰਜ਼ਿਲ ਵੱਲ ਲਿਜਾਣ ਲਈ ਮੀਲ ਪੱਥਰ ਸਾਬਿਤ ਹੋਵੇਗੀ। ਬਸਪਾ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀਆਂ ਜਨ-ਵਿਰੋਧੀ ਨੀਤੀਆਂ, ਆਰਥਿਕ ਮੰਦਹਾਲੀ,ਭ੍ਰਿਸ਼ਟਾਚਾਰ ਅਤੇ ਲਗਾਤਾਰ ਵਿਗੜ ਰਹੀ ਕਾਨੂੰਨ-ਵਿਵਸਥਾ ਤੋਂ ਅੱਕ ਚੁੱਕੇ ਹਨ ਹਨ।



# ਦੁਸਹਿਰਾ ਧੂਮਧਾਮ ਨਾਲ ਮਨਾਇਆ ਜਾਏਗਾ

**ਆਦਮਪੁਰ, (ਪਰਮਜੀਤ ਸਿੰਘ)**- ਦੁਸਹਿਰਾ ਕਮੇਟੀ (ਰਜਿ:) ਦੁਸਹਿਰੇ ਦਾ ਪਵਿੱਤਰ ਤਿਉਹਾਰ ਪ੍ਰਭੂ ਸ਼੍ਰੀ ਰਾਮ ਜੀ ਦੀ ਅਪਾਰ ਕਿਰਪਾ ਦੇ ਨਾਲ 20 ਅਕਤੂਬਰ ਦਿਨ ਮੰਗਲਵਾਰ ਨੂੰ ਸ਼ਰਧਾ ਪੂਰਵਕ ਅਤੇ ਧੂਮਧਾਮ ਨਾਲ ਦੁਸਹਿਰਾ ਗਰਾਊਂਡ ਆਦਮਪੁਰ ਵਿਖੇ ਪ੍ਰਧਾਨ ਦਵਿੰਦਰ ਸਿੰਘ ਸੂਰੀ (ਕੌਂਸਲਰ) ਦੀ ਪ੍ਰਧਾਨਗੀ ਹੇਠ ਮਨਾਇਆ ਜਾ ਰਿਹਾ। ਇਸ ਮੌਕੇ ਪ੍ਰਧਾਨ ਦਵਿੰਦਰ ਸਿੰਘ ਸੂਰੀ ਨੇ ਦੱਸਿਆ ਕਿ ਦੁਸਹਿਰੇ ਸਬੰਧੀ ਝੰਡੇ ਦੀ ਰਸਮ 11 ਅਕਤੂਬਰ ਦਿਨ ਐਤਵਾਰ ਨੂੰ ਦੁਪਹਿਰ 3 ਵਜੇ ਸ੍ਰੀ ਹਨੂਮਾਨ ਮੰਦਰ ਮੇਨ ਬਾਜ਼ਾਰ, ਆਦਮਪੁਰ ਤੋਂ ਸ਼ੋਭਾ ਯਾਤਰਾ ਸ਼ੁਰੂ ਹੋ ਕੇ ਨਗਰ ਪਰਿਕਰਮਾ ਕਰਦਿਆਂ ਹੋਇਆਂ ਦੁਸਹਿਰਾ ਗਰਾਊਂਡ ਆਦਮਪੁਰ ਵਿਖੇ ਪਹੁੰਚੇਗੀ, ਜਿੱਥੇ ਪੂਜਾ ਅਰਚਨਾ ਤੋਂ ਬਾਅਦ ਝੰਡੇ ਦੀ ਰਸਮ ਅਦਾ ਕੀਤੀ ਜਾਵੇਗੀ 15 ਅਕਤੂਬਰ ਦਿਨ ਵੀਰਵਾਰ ਨੂੰ ਦੁਪਹਿਰ 3 ਵਜੇ ਰਾਮ ਵਿਵਾਹ (ਸੀਤਾ ਸਵੰਬਰ) ਦੀ ਸ਼ੋਭਾ ਯਾਤਰਾ ਪ੍ਰਾਚੀਨ ਸ਼ਿਵ ਮੰਦਰ ਮੇਨ ਬਾਜ਼ਾਰ ਆਦਮਪੁਰ ਤੋਂ ਸ਼ੁਰੂ ਹੋਵੇਗੀ ਅਤੇ ਨਗਰ ਪਰਿਕਰਮਾ ਕਰਦਿਆਂ ਹੋਇਆਂ ਬੱਸ ਸਟੈਂਡ ਆਦਮਪੁਰ ਵਿਖੇ ਪੰਡਾਲ ਵਿਚ ਪਹੁੰਚੇਗੀ, ਜਿੱਥੇ ਕਿ ਸੀਤਾ ਸਵੰਬਰ (ਰਾਮ ਵਿਵਾਹ) ਦੀ ਰਸਮ ਅਦਾ ਕੀਤੀ ਜਾਵੇਗੀ। 20 ਅਕਤੂਬਰ ਦਿਨ ਮੰਗਲਵਾਰ ਨੂੰ ਦੁਪਹਿਰ 2 ਵਜੇ ਪ੍ਰਭੂ ਸ਼੍ਰੀ ਰਾਮ ਜੀ ਦੇ ਜੈਕਾਰਿਆਂ ਦੀ ਗੂੰਜ 'ਚ ਸ਼ੋਭਾ ਯਾਤਰਾ ਦਾ ਸ਼ੁਭ ਆਰੰਭ ਸ੍ਰੀ ਹਨੂਮਾਨ ਮੰਦਰ ਮੇਨ ਬਾਜ਼ਾਰ ਆਦਮਪੁਰ ਤੋਂ ਹੋਵੇਗਾ ਅਤੇ ਸ਼ੋਭਾ ਯਾਤਰਾ ਨਗਰ ਪਰਿਕਰਮਾ ਕਰਦਿਆਂ ਹੋਇਆਂ ਸ਼ਾਮ 5 ਵਜੇ ਦੁਸਹਿਰਾ ਗਰਾਊਂਡ ਆਦਮਪੁਰ ਵਿਖੇ ਪਹੁੰਚੇਗੀ, ਜਿੱਥੇ ਕਿ ਦੁਸਹਿਰੇ ਦਾ ਪਵਿੱਤਰ ਤਿਉਹਾਰ ਸ਼ਰਧਾ ਪੂਰਵਕ ਮਨਾਇਆ ਜਾਵੇਗਾ। ਜਿਥੇ ਮੇਘਨਾਥ, ਕੁੰਭਕਰਨ ਅਤੇ ਰਾਵਣ ਦੇ ਪੁਤਲਿਆਂ ਨੂੰ ਦਹਨ ਕੀਤਾ ਜਾਵੇਗਾ।



# ਕਰਾਟੇ ਖਿਡਾਰੀ ਪ੍ਰਭਵੀਰ ਨੇ ਸੋਨੇ ਦਾ ਤਮਗਾ ਜਿੱਤਿਆ

**ਬੰਗਾ (ਅਵਤਾਰ ਕਲੇਰ)** ਪਿਛਲੇ ਦਿਨੀ ਖੇਡਾਂ ਵਤਨ ਪੰਜਾਬ ਦੀਆਂ-2026 ਦੇ ਜ਼ਿਲ੍ਹਾ ਪੱਧਰੀ ਕਰਾਟੇ ਟਰਾਇਲ ਮਾਰਸ਼ਲ ਆਰਟ ਅਕੈਡਮੀ ਵੀਰ ਫਾਈਟਰ ਕਰਾਟੇ ਕਲੱਬ ਬੰਗਾ ਵਿਖੇ ਕਰਵਾਏ ਗਏ ਜਿਸ ਵਿੱਚ ਇੰਟਰਨੈਸ਼ਨਲ ਕਰਾਟੇ ਖਿਡਾਰੀ ਪ੍ਰਭਵੀਰ ਸਿੰਘ ਕੈਂਥ ਨੇ -54 ਕਿਲੋ ਭਾਰ ਵਰਗ ਵਿੱਚ ਖੇਡਦਿਆਂ ਹੋਇਆ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਗੋਲਡ ਮੈਡਲ ਜਿੱਤਿਆ ਅਤੇ ਸੂਬਾ ਪੱਧਰੀ ਟੂਰਨਾਮੈਂਟ ਜੋ ਕਿ ਮੋਹਾਲੀ ਵਿਖੇ 10 ਅਕਤੂਬਰ ਤੋਂ 15 ਅਕਤੂਬਰ ਤੱਕ ਹੋਣ ਜਾ ਰਿਹਾ ਹੈ ਵਿੱਚ ਖੇਡਣ ਲਈ ਚੁਣਿਆ ਗਿਆ। ਇਸ ਟਰਾਇਲ ਦੇ ਇੰਚਾਰਜ ਮਾਰਸ਼ਲ ਆਰਟ ਕੋਚ ਰਾਜਵੀਰ ਸਿੰਘ ਕੈਂਥ ਨੇ ਦੱਸਿਆ ਮੁੱਖ ਮਹਿਮਾਨ ਵਜੋਂ ਪਹੁੰਚੇ ਕੁਲਜੀਤ ਸਿੰਘ ਸਰਹਾਲ ਹਲਕਾ ਇੰਚਾਰਜ ਬੰਗਾ ਨੇ ਪ੍ਰਭਵੀਰ ਸਿੰਘ ਕੈਥ ਨੂੰ ਸਨਮਾਨਤ ਕੀਤਾ ਅਤੇ ਇਸ ਕਾਮਯਾਬੀ ਲਈ ਵਧਾਈ ਦਿੱਤੀ ਉਹਨਾਂ ਨੇ ਇਸ ਮੌਕੇ ਕਿਹਾ ਕਿ ਇਹ ਖਿਡਾਰੀ ਪੂਰੇ ਪੰਜਾਬ ਦਾ ਨਾਂਅ ਰੌਸ਼ਨ ਕਰ ਰਿਹਾ ਹੈ। ਅੱਜ ਕੱਲ ਦੇ ਬੱਚਿਆਂ ਅਤੇ ਨੌਜਵਾਨ ਪੀੜੀ ਨੂੰ ਇਸ ਖਿਡਾਰੀ ਤੋਂ ਸੇਧ ਲੈਣੀ ਚਾਹੀਦੀ ਹੈ। ਇਸ ਮੌਕੇ ਖੇਡ ਪ੍ਰਮੋਟਰ ਡਾ ਹਰੀ ਕ੍ਰਿਸ਼ਨ, ਕੁਲਬੀਰ ਸਿੰਘ ਪਾਬਲਾ, ਸਾਗਰ ਅਰੋੜਾ, ਅਵਤਾਰ ਸਿੰਘ, ਸੁਦੇਸ਼ ਕੁਮਾਰ, ਅਜੇ ਸਿੱਧੂ, ਰੇਸ਼ਮ ਬਹਾਦਰ, ਬਲਵਿੰਦਰ ਕੌਰ, ਊਸ਼ਾ ਰਾਣੀ ਆਦੀ ਹਾਜ਼ਰ ਸਨ।



# ਯੁੱਧ ਨਸ਼ਿਆਂ ਵਿਰੁੱਧ ਸਰਹਾਲਾ ਕਲਾਂ 'ਚ ਸਪੈਸ਼ਲ ਕੈਂਪ ਲਾਇਆ

**ਮਾਹਿਲਪੁਰ (ਸਫਰੀ)**- ਯੁੱਧ ਨਸ਼ਿਆਂ ਵਿਰੁੱਧ ਦੇ ਸੰਬੰਧ ਵਿਚ ਹੌਟ ਸਪੌਟ ਪਿੰਡ ਸਰਿਹਾਲਾ ਕਲਾਂ ਵਿਚ ਡਿਪਟੀ ਕਮਿਸ਼ਨਰ ਅਸ਼ਕਾ ਜੈਨ ਹੁਸ਼ਿਆਰਪੁਰ ਦੀ ਰਹਿਨਮਾਈ ਹੇਠ ਸਪੈਸ਼ਲ ਕੈਂਪ ਲਾਇਆ ਗਿਆ। ਇਸ ਕੈਂਪ ਵਿਚ ਨਸ਼ਾ ਕਰ ਰਹੇ ਅਤੇ ਨਸ਼ਾ ਵੇਚਣ ਵਾਲਿਆਂ ਸੰਬੰਧੀ ਇਲਾਕਾ ਵਾਸੀਆਂ ਨੂੰ ਵੱਖ ਵੱਖ ਵਿਭਾਗਾਂ ਸਿਹਤ ਵਿਭਾਗ, ਪੁਲਸ ਪ੍ਰਸ਼ਾਸਨ ਅਤੇ ਗਰਾਮ ਪੰਚਾਇਤਾਂ ਦੇ ਨਮਾਇੰਦਿਆਂ ਨੂੰ ਨਸ਼ਿਆਂ ਨਾਲ ਮਾਰੂ ਪ੍ਰਭਾਵਾਂ ਵਾਰੇ ਜਾਗਰੁਕ ਕੀਤਾ। ਐਸ ਐਸ ਪੀ ਹੁਸ਼ਿਆਰਪੁਰ ਸੰਦੀਪ ਮਲਿਕ ਨੇ ਇਲਾਕਾ ਵਾਸੀਆਂ ਨਾਲ ਨਸ਼ਿਆਂ ਨੂੰ ਖਤਮ ਕਰਨ ਲਈ ਹਰ ਤਰਾਂ ਦੀ ਮਦਦ ਕਰਨ ਦਾ ਵਾਅਦਾ ਕੀਤਾ। ਇਸ ਮੌਕੇ ਐਸ ਡੀ ਐਮ ਹੁਸ਼ਿਆਰਪੁਰ, ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ ਹੁਸ਼ਿਆਰਪੁਰ, ਬੀ ਡੀ ਪੀ ਓ ਕਮਲਜੀਤ ਸਿੰਘ ਮਾਹਿਲਪੁਰ, ਪੰਚਾਇਤ ਅਫਸਰ ਪ੍ਰਵੀਨ ਕੁਮਾਰ, ਪਿੰਡ ਸਰਿਹਾਲਾ ਕਲਾਂ ਦੇ ਸਰਪੰਚ ਮੋਹਣ ਸਿੰਘ, ਪੰਚ ਸੁਖਵਿੰਦਰ ਸਿੰਘ, ਪੰਚ ਬਲਵਿੰਦਰ ਸਿੰਘ, ਪੰਚ ਅਤੇ ਲੰਬੜਦਾਰ ਜਸਵਿੰਦਰ ਸਿੰਘ, ਪੰਚ ਗੁਰਚਰਨ ਸਿੰਘ, ਪੰਚ ਪਰਮਜੀਤ ਕੌਰ ਅਤੇ ਪੰਚ ਸ਼ਬਨਮ ਆਦਿ ਹਾਜ਼ਰ ਸਨ।



# ਅਵਾਰਾ ਕੁੱਤਿਆਂ ਦੀ ਦਹਿਸ਼ਤ ਹੇਠ ਸਰਕਾਰੀ ਆਦਰਸ਼ ਸਕੂਲ ਦੇ ਵਿਦਿਆਰਥੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸਰਕਾਰੀ ਆਦਰਸ਼ ਸਕੂਲ ਲੋਦੀਪੁਰ ਦੇ ਵਿਦਿਆਰਥੀ ਇਨ੍ਹੀਂ ਦਿਨੀਂ ਅਵਾਰਾ ਕੁੱਤਿਆਂ ਦੀ ਦਹਿਸ਼ਤ ਹੇਠ ਸਕੂਲ ਆਉਣ-ਜਾਣ ਲਈ ਮਜਬੂਰ ਹਨ। ਸਕੂਲ ਦੇ ਬਾਹਰ ਵੱਡੀ ਗਿਣਤੀ ਵਿੱਚ ਅਵਾਰਾ ਕੁੱਤਿਆਂ ਦੇ ਘੁੰਮਣ ਕਾਰਨ ਵਿਦਿਆਰਥੀਆਂ, ਮਾਪਿਆਂ ਅਤੇ ਸਕੂਲ ਸਟਾਫ਼ ਵਿੱਚ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੀ ਚੇਅਰਮੈਨ ਬਲਜੀਤ ਕੌਰ ਲੋਦੀਪੁਰ ਨੇ ਦੱਸਿਆ ਕਿ ਸਕੂਲ ਦੇ ਬਾਹਰ ਅਵਾਰਾ ਕੁੱਤਿਆਂ ਦਾ ਝੁੰਡ ਹਰ ਸਮੇਂ ਦਿਖਾਈ ਦਿੰਦਾ ਹੈ। ਇਸ ਕਾਰਨ ਬੱਚਿਆਂ ਨੂੰ ਸਕੂਲ ਆਉਣ ਅਤੇ ਛੁੱਟੀ ਸਮੇਂ ਘਰ ਵਾਪਸ ਜਾਣ ਵੇਲੇ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਖਾਸ ਤੌਰ 'ਤੇ ਸਵੇਰੇ ਸਕੂਲ ਲੱਗਣ ਸਮੇਂ ਅਤੇ ਛੁੱਟੀ ਹੋਣ ਤੋਂ ਬਾਅਦ ਜਦੋਂ ਵਿਦਿਆਰਥੀ ਸਕੂਲ ਦੇ ਗੇਟ ਤੋਂ ਬਾਹਰ ਨਿਕਲਦੇ ਹਨ, ਉਸ ਸਮੇਂ ਅਵਾਰਾ ਕੁੱਤਿਆਂ ਦੀ ਮੌਜੂਦਗੀ ਕਾਰਨ ਬੱਚਿਆਂ ਵਿੱਚ ਡਰ ਪੈਦਾ ਹੋ ਜਾਂਦਾ ਹੈ। ਚੇਅਰਮੈਨ ਬਲਜੀਤ ਕੌਰ ਲੋਦੀਪੁਰ ਨੇ ਕਿਹਾ ਕਿ ਛੋਟੇ ਬੱਚਿਆਂ ਲਈ ਇਹ ਸਮੱਸਿਆ ਹੋਰ ਵੀ ਗੰਭੀਰ ਹੈ।

ਕਿਸੇ ਵੀ ਸਮੇਂ ਅਵਾਰਾ ਕੁੱਤਿਆਂ ਵੱਲੋਂ ਬੱਚਿਆਂ ਨੂੰ ਵੱਢਣ ਜਾਂ ਉਨ੍ਹਾਂ ਦਾ ਪਿੱਛਾ ਕਰਨ ਦੀ ਘਟਨਾ ਵਾਪਰ ਸਕਦੀ ਹੈ।ਉਨ੍ਹਾਂ ਪ੍ਰਸ਼ਾਸਨ ਅਤੇ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਸਰਕਾਰੀ ਆਦਰਸ਼ ਸਕੂਲ ਲੋਦੀਪੁਰ ਦੇ ਬਾਹਰ ਘੁੰਮ ਰਹੇ ਅਵਾਰਾ ਕੁੱਤਿਆਂ ਦੀ ਸਮੱਸਿਆ ਦਾ ਤੁਰੰਤ ਹੱਲ ਕੀਤਾ ਜਾਵੇ ਅਤੇ ਬੱਚਿਆਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ।



# ਅਮਨ ਨੂੰ ਮੈਕਸ ਹਸਪਤਾਲ 'ਚ ਮਿਲਿਆ ਨਵਾਂ ਜੀਵਨ

**ਮੋਹਾਲੀ (ਗੁਰਜੀਤ ਬਿੱਲਾ)**- ਗੰਭੀਰ ਗੈਸਟਰੋਇੰਟੈਸਟਾਈਨਲ ਬਲੀਡਿੰਗ ਨਾਲ ਜੂਝ ਰਹੇ ਇੱਕ ਟੀਨੇਜਰ ਨੂੰ ਮੈਕਸ ਹਸਪਤਾਲ, ਮੋਹਾਲੀ ਵਿੱਚ ਸਫਲ ਇਲਾਜ ਤੋਂ ਬਾਅਦ ਨਵਾਂ ਜੀਵਨ ਮਿਲਿਆ। 17 ਸਾਲਾ ਅਮਨ ਦੀ ਹਾਲਤ ਐਨੀਮੀਆ, ਅਸਧਾਰਣ ਤੌਰ 'ਤੇ ਖੂਨ ਦੇ ਥੱਕੇ ਬਣਨ ਅਤੇ ਲਿਵਰ ਦੀ ਕਾਰਗੁਜ਼ਾਰੀ ਨਾਲ ਸਬੰਧਤ ਅਸਧਾਰਨ ਪੈਰਾਮੀਟਰਾਂ ਕਾਰਨ ਹੋਰ ਵੀ ਗੰਭੀਰ ਹੋ ਗਈ ਸੀ। ਇਸ ਲਈ ਉਸ ਦੀ ਗਹਿਰੀ ਨਿਗਰਾਨੀ ਕਰਨ ਦੇ ਨਾਲ-ਨਾਲ ਕਈ ਵਾਰ ਖੂਨ ਚੜ੍ਹਾਉਣ ਦੀ ਲੋੜ ਪਈ।ਉਸਨੂੰ 10-12 ਦਿਨਾਂ ਤੋਂ ਬੁਖਾਰ ਸੀ। ਇਸ ਦੇ ਨਾਲ ਹੀ ਉਸ ਦੀ ਭੁੱਖ ਘੱਟ ਹੋ ਗਈ ਸੀ ਅਤੇ ਖਾਣਾ ਵੀ ਘੱਟ ਖਾ ਰਿਹਾ ਸੀ। ਬਾਅਦ ਵਿੱਚ ਉਸ ਦੀਆਂ ਅੱਖਾਂ ਵਿੱਚ ਪੀਲਾਪਣ ਅਤੇ ਪਿਸ਼ਾਬ ਦਾ ਰੰਗ ਗੂੜ੍ਹਾ ਹੋ ਗਿਆ। ਇਸ ਤੋਂ ਬਾਅਦ ਉਸ ਦੇ ਮਲ ਵਿੱਚ ਵਾਰ-ਵਾਰ ਤਾਜ਼ਾ ਖੂਨ ਆਉਣ ਲੱਗਾ। ਗਹਿਰੇ ਡਾਕਟਰੀ ਇਲਾਜ ਅਤੇ ਕਈ ਵਾਰ ਖੂਨ ਚੜ੍ਹਾਉਣ ਦੇ ਬਾਵਜੂਦ ਉਸ ਦਾ ਹੀਮੋਗਲੋਬਿਨ ਲਗਾਤਾਰ ਘਟਦਾ ਰਿਹਾ ਅਤੇ ਖਤਰਨਾਕ ਤੌਰ 'ਤੇ ਹੇਠਲੇ ਪੱਧਰ 'ਤੇ ਪਹੁੰਚ ਗਿਆ। ਕੋਲੋਨੋਸਕੋਪੀ ਦੌਰਾਨ ਛੋਟੀ ਆਂਤ ਦੇ ਹੇਠਲੇ ਹਿੱਸੇ ਅਤੇ ਆਲੇ-ਦੁਆਲੇ ਦੀ ਆਂਤ ਵਿੱਚ ਕਈ ਅਲਸਰ ਪਾਏ ਗਏ, ਪਰ ਖੂਨ ਵਗਣ ਦੇ ਅਸਲ ਸਰੋਤ ਦੀ ਪਛਾਣ ਨਹੀਂ ਹੋ ਸਕੀ।ਐਸੋਸੀਏਟ ਡਾਇਰੈਕਟਰ-ਜੀਆਈ, ਐਮਐਐਸ ਅਤੇ ਬੈਰੀਐਟ੍ਰਿਕ ਸਰਜਰੀ, ਡਾ. ਅਮਨਦੀਪ ਸਿੰਘ ਸੰਧੂ ਦੀ ਅਗਵਾਈ ਹੇਠ ਮੈਕਸ ਹਸਪਤਾਲ ਦੀ ਮਲਟੀਡਿਸਿਪਲਿਨਰੀ ਮੈਡੀਕਲ ਟੀਮ ਨੇ ਖੂਨ ਵਗਣ ਦੇ ਸਰੋਤ ਦਾ ਪਤਾ ਲਗਾਉਣ ਅਤੇ ਉਸ ਨੂੰ ਕੰਟਰੋਲ ਕਰਨ ਲਈ ਇੱਕ ਵਿਸ਼ੇਸ਼ ਸਰਜਰੀ, ਐਕਸਪਲੋਰੇਟਰੀ ਲੈਪਰੋਟੋਮੀ ਦੇ ਨਾਲ ਆਨ-ਟੇਬਲ ਐਂਟਰੋਸਕੋਪੀ, ਕੀਤੀ।ਖੂਨ ਵਗਣਾ ਰੋਕਣ ਅਤੇ ਮਰੀਜ਼ ਦੀ ਹਾਲਤ ਨੂੰ ਸਥਿਰ ਕਰਨ ਲਈ ਮੈਕਸ ਦੇ ਸਰਜਨਾਂ ਨੇ ਲਗਭਗ 200 ਸੈਂਟੀਮੀਟਰ ਬਿਮਾਰ ਆਂਤ ਦੇ ਨਾਲ ਵੱਡੀ ਆਂਤ ਦੇ ਇੱਕ ਹਿੱਸੇ ਨੂੰ ਵੀ ਕੱਢ ਦਿੱਤਾ। ਇਸ ਤੋਂ ਬਾਅਦ ਸਰੀਰ ਵਿੱਚੋਂ ਰਹਿੰਦ-ਖੂੰਹਦ ਬਾਹਰ ਕੱਢਣ ਲਈ ਇੱਕ ਅਸਥਾਈ ਰਸਤਾ ਬਣਾਇਆ ਗਿਆ, ਤਾਂ ਜੋ ਆਂਤ ਨੂੰ ਠੀਕ ਹੋਣ ਲਈ ਸਮਾਂ ਮਿਲ ਸਕੇ।ਲਗਾਤਾਰ ਮਲਟੀਡਿਸਿਪਲਿਨਰੀ ਦੇਖਭਾਲ ਨਾਲ ਕਿਸ਼ੋਰ ਦੀ ਹਾਲਤ ਵਿੱਚ ਹੌਲੀ-ਹੌਲੀ ਸੁਧਾਰ ਹੋਇਆ ਅਤੇ 6 ਦਿਨਾਂ ਬਾਅਦ ਉਸਨੂੰ ਸਥਿਰ ਹਾਲਤ ਵਿੱਚ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ।



# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਸੈਕਿੰਡ ਟਰਮ ਦੀ ਸ਼ੁਰੂਆਤ

**ਕਪੂਰਥਲਾ (ਹਨੀ)**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਨਵੇਂ ਉਤਸ਼ਾਹ ਅਤੇ ਜੋਸ਼ ਨਾਲ ਸੈਕਿੰਡ ਟਰਮ ਦੀ ਸ਼ੁਰੂਆਤ ਕੀਤੀ ਗਈ। ਛੁੱਟੀਆਂ ਤੋਂ ਬਾਅਦ ਸਕੂਲ ਪਹੁੰਚੇ ਵਿਦਿਆਰਥੀਆਂ ਦਾ ਅਧਿਆਪਕਾਂ ਵੱਲੋਂ ਉਤਸ਼ਾਹ ਪੂਰਵਕ ਸਵਾਗਤ ਕੀਤਾ ਗਿਆ। ਸਕੂਲ ਦਾ ਵਾਤਾਵਰਣ ਵਿਦਿਆਰਥੀਆਂ ਦੀਆਂ ਖੁਸ਼ੀਆਂ ਅਤੇ ਉਤਸ਼ਾਹ ਨਾਲ ਰੌਣਕਮਈ ਨਜ਼ਰ ਆਇਆ। ਇਸ ਮੌਕੇ ਸਕੂਲ ਵਿੱਚ ਸਪੈਸ਼ਲ ਅਸੈਂਬਲੀ ਆਯੋਜਿਤ ਕੀਤੀ ਗਈ ਜਿਸ ਦੀ ਸ਼ੁਰੂਆਤ ਸ਼ਬਦ ਗਾਇਨ ਨਾਲ ਹੋਈ। ਇਸ ਮੌਕੇ ਸਕੂਲ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਸਕੂਲ ਇੰਜ. ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜ. ਨਿਮਰਤਾ ਕੌਰ ਨੇ ਵਿਦਿਆਰਥੀਆਂ ਨੂੰ ਨਵੀਂ ਟਰਮ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੂੰ ਪੜ੍ਹਾਈ ਦੇ ਨਾਲ-ਨਾਲ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਅਤੇ ਮਿਹਨਤ ਤੇ ਅਨੁਸ਼ਾਸਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।



# 'ਸਾਡੇ ਬਜ਼ੁਰਗ, ਸਾਡਾ ਮਾਣ' ਤਹਿਤ ਕੈਂਪ 14 ਨੂੰ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ)**- ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਦੀ ਭਲਾਈ ਲਈ ਸ਼ੁਰੂ ਕੀਤੀ ਗਈ 'ਸਾਡੇ ਬਜ਼ੁਰਗ, ਸਾਡਾ ਮਾਣ' ਪਹਿਲਕਦਮੀ ਤਹਿਤ ਜ਼ਿਲ੍ਹਾ ਪੱਧਰੀ ਵਿਸ਼ੇਸ਼ ਕੈਂਪ 14 ਅਕਤੂਬਰ ਨੂੰ ਸਥਾਨਕ ਰੈੱਡ ਕਰਾਸ ਭਵਨ ਵਿਖੇ ਲਗਾਇਆ ਜਾ ਰਿਹਾ ਹੈ।ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਨਿੰਦਰ ਕੌਰ ਨੇ ਕੈਂਪ ਸੰਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਦੱਸਿਆ ਕਿ ਇਸ ਵਿਸ਼ੇਸ਼ ਕੈਂਪ ਵਿੱਚ 60 ਸਾਲ ਤੋਂ ਵੱਧ ਉਮਰ ਦੇ ਬਜ਼ੁਰਗਾਂ ਨੂੰ ਇਕੋ ਛੱਤ ਹੇਠ ਮੁਫ਼ਤ ਸਿਹਤ ਜਾਂਚ ਸੇਵਾਵਾਂ ਮੁਹੱਈਆ ਕਰਵਾਈਆਂ ਜਾਣਗੀਆਂ। ਇਸ [illegible]



# ਪੀਯੂਸ਼ ਫਿਲੌਰ ਤੋਂ ਕਾਂਗਰਸ ਲਈ ਆਪਣੀ ਟਿਕਟ ਲਈ ਦਾਅਵੇਦਾਰੀ ਪੇਸ਼ ਕਰਨਗੇ

**ਫਿਲੌਰ (ਨਿਰਮਲ)**- 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ [illegible]



[illegible] ਮਸ਼ੀਨਾਂ ਅਤੇ ਲੋੜੀਂਦਾ ਡਾਕਟਰੀ ਤੇ ਸਟਾਫ਼ ਮੁਹੱਈਆ ਕਰਵਾਉਣਾ, ਵਿਦਿਅਕ ਅਦਾਰਿਆਂ ਵਿੱਚ ਖਾਲੀ ਅਸਾਮੀਆਂ ਭਰਵਾਉਣਾ ਅਤੇ ਨਵੀਆਂ ਸੜਕਾਂ ਦਾ ਨਿਰਮਾਣ ਸ਼ਾਮਲ ਹੈ।ਉਨ੍ਹਾਂ ਕਿਹਾ ਕਿ ਫਿਲੌਰ ਦੇ ਫੌਰੈਸਟ ਖੇਤਰ ਨੂੰ ਇੱਕ ਵਿਕਸਿਤ ਟੂਰਿਸਟ ਸਥਾਨ ਵਜੋਂ ਵਿਕਸਤ ਕਰਨ ਲਈ ਯਤਨ ਕੀਤੇ ਜਾਣਗੇ ਤੇ ਇਲਾਕੇ ਵਿੱਚ ਇੰਡਸਟਰੀਜ਼ ਲਿਆ ਕੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰਨਾ ਵੀ ਉਨ੍ਹਾਂ ਦੀਆਂ ਮੁੱਖ ਤਰਜੀਹਾਂ ਵਿੱਚ ਰਹੇਗਾ। ਪੀਯੂਸ਼ ਨੇ ਦੱਸਿਆ ਕਿ ਉਨ੍ਹਾਂ ਦੇ ਪਿਤਾ ਅਸ਼ਵਨੀ ਕੁਮਾਰ ਆਸ਼ੂ ਵੀ ਲੰਮੇ ਸਮੇਂ ਤੋਂ ਕਾਂਗਰਸ ਪਾਰਟੀ ਅਤੇ ਲੋਕ ਸੇਵਾ ਨਾਲ ਜੁੜੇ ਰਹੇ ਹਨ। ਪੀਯੂਸ਼ ਨੇ ਕਿਹਾ ਕਿ ਉਹ ਆਪਣੇ ਪਿਤਾ ਜੀ ਤੋਂ ਪ੍ਰੇਰਨਾ ਲੈ ਕੇ ਲੋਕ ਸੇਵਾ ਇਹ ਸਫ਼ਰ ਜਾਰੀ ਰੱਖਣਗੇ।

# ਕੈਬਨਿਟ ਮੰਤਰੀ ਨੇ 40 ਪਰਵਾਰਾਂ ਨੂੰ ਘਰਾਂ ਦੀ ਮਾਲਕੀ ਵਾਲੇ ਪ੍ਰਾਪਰਟੀ ਕਾਰਡ ਸੌਂਪੇ

**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਦੇ ਜੇਲ੍ਹਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਪਿੰਡ ਹਾਜੀਖਾਨਪੁਰ ਵਿਖੇ ਲਾਲ ਲਕੀਰ ਅੰਦਰ ਆਉਂਦੇ 40 ਘਰਾਂ [illegible] ਨਾਲ ਲੋਕਾਂ ਨੂੰ ਵੱਡਾ ਫਾਇਦਾ ਹੋਇਆ ਹੈ ਜੋ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਲੋਕਪੱਖੀ ਸੋਚ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ [illegible] ਪਰਵਾਰਾਂ ਦਾ ਲੰਮੇ ਸਮੇਂ ਤੋਂ ਚੱਲਿਆ ਆ ਰਿਹਾ ਸੁਪਨਾ ਸਾਕਾਰ ਕਰਕੇ ਇਤਿਹਾਸਕ ਕੰਮ ਕੀਤਾ ਹੈ। 'ਮੇਰਾ ਘਰ-ਮੇਰੇ ਨਾਮ' ਉਪਰਾਲੇ ਨੂੰ ਲਾਲ ਲਕੀਰ ਦੇ ਵਸਨੀਕਾਂ ਦੇ ਬੇਹੱਦ ਲਾਹੇਵੰਦ ਕਰਾਰ ਦਿੰਦਿਆਂ ਜੇਲ੍ਹਾ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸ਼ੁਰੂ ਕੀਤੀ ਗਈ ਇਸ ਸਕੀਮ [illegible] ਚੇਅਰਮੈਨ ਗੁਰਵਿੰਦਰ ਸਿੰਘ ਪਾਬਲਾ ਤੇ ਮਾਲ ਵਿਭਾਗ ਦੇ ਸਬੰਧਤ ਅਧਿਕਾਰੀਆਂ ਸਮੇਤ ਲਾਭਪਾਤਰੀਆਂ ਨਾਲ ਗੱਲਬਾਤ ਉਪਰੰਤ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮਾਲ ਵਿਭਾਗ ਵਲੋਂ ਪੂਰੇ ਪਾਰਦਰਸ਼ੀ ਅਤੇ ਕਾਰਗਰ ਢੰਗ ਨਾਲ ਇਹ ਸਕੀਮ ਲਾਗੂ ਕੀਤੀ ਗਈ ਹੈ ਜਿਸ ਨਾਲ ਲਾਲ ਲਕੀਰ ਵਾਸੀਆਂ ਨੂੰ ਮਾਲਕੀ ਦੇ ਹੱਕ ਦਿੱਤੇ ਜਾ ਰਹੇ ਹਨ।



# ਭਾਸ਼ਾ ਵਿਭਾਗ ਨੇ ਕੁਇਜ਼ ਮੁਕਾਬਲੇ ਕਰਵਾਏ

**ਮੁਹਾਲੀ (ਗੁਰਜੀਤ ਬਿੱਲਾ)**- ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਅਤੇ ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਜਸਵੰਤ ਸਿੰਘ ਜ਼ਫ਼ਰ ਦੇ [illegible] ਨਿਰਧਾਰਿਤ ਕੀਤਾ ਗਿਆ ਸੀ। ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ, ਸਾਹਿਤ, ਧਰਮ, ਸ਼ਖ਼ਸੀਅਤਾਂ, ਸਭਿਆਚਾਰਕ, ਇਤਿਹਾਸ ਅਤੇ ਭੂਗੋਲ ਨਾਲ ਸੰਬੰਧਿਤ ਕੁੱਲ 100 ਪ੍ਰਸ਼ਨ [illegible] ਹੇਠ ਖੋਜ ਅਫ਼ਸਰ ਸ੍ਰੀਮਤੀ ਜਗਦੀਪ ਜੋਤ ਵੱਲੋਂ ਮੁਕਾਬਲਿਆਂ ਵਿੱਚ ਸ਼ਿਰਕਤ ਕਰਨ ਲਈ ਪਹੁੰਚੇ ਵਿਦਿਆਰਥੀਆਂ, ਅਧਿਆਪਕਾਂ, ਮਾਪਿਆਂ ਅਤੇ ਪਤਵੰਤਿਆਂ ਨੂੰ ਜੀ ਆਇਆਂ ਨੂੰ ਕਿਹਾ ਗਿਆ ਅਤੇ ਵਿਭਾਗ ਦੀ ਕਾਰਜਸ਼ੈਲੀ ਬਾਰੇ ਸੰਖੇਪ ਜਾਣਕਾਰੀ ਦਿੱਤੀ। ਕੁਇਜ਼ ਮੁਕਾਬਲਿਆਂ ਦੇ ਨਿਯਮਾਂ ਅਨੁਸਾਰ ਇਹ ਮੁਕਾਬਲੇ ਲਿਖਤੀ ਕਰਵਾਏ ਗਏ ਅਤੇ ਇਨ੍ਹਾਂ ਲਈ ਇੱਕ ਘੰਟਾ ਸਮਾਂ [illegible] ਦਾ ਵਿਸ਼ੇਸ਼ ਧੰਨਵਾਦ ਕੀਤਾ ਅਤੇ ਅਗਾਂਹ ਤੋਂ ਵੀ ਇਹਨਾਂ ਮੁਕਾਬਲਿਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਗਿਆ। ਸਮਾਗਮ ਦੀ ਸਫਲਤਾ ਵਾਸਤੇ ਇੰਸਟ੍ਰਕਟਰ ਬਲਦੇਵ ਸਿੰਘ, ਗੁਰਵਿੰਦਰ ਸਿੰਘ ਜੂਨੀਅਰ ਸਹਾਇਕ, ਗੁਰਚਰਨ ਸਿੰਘ, ਸੇਵਾਦਾਰ, ਪ੍ਰਦੀਪ ਸਿੰਘ ਅਤੇ ਸਮੂਹ ਸਟੈਨੋਗ੍ਰਾਫ਼ੀ ਸਿਖਿਆਰਥੀਆਂ ਦਾ ਵਿਸ਼ੇਸ਼ ਯੋਗਦਾਨ ਰਿਹਾ।

# ਮੇਹਰਚੰਦ ਪੋਲੀਟੈਕਨਿਕ ਵਿਖੇ ਦਾਨ ਉਤਸਵ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)** ਮੇਹਰਚੰਦ ਪੋਲੀਟੈਕਨਿਕ ਕਾਲਜ ਦੇ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਗਾਂਧੀ ਜਯੰਤੀ ਦੇ ਹਫ਼ਤੇ ਵਿੱਚ ਫਲ-ਫਰੂਟ, ਕਾਪੀਆਂ, ਪੈਨ, ਬਿਸਕੁਟ ਤੇ ਹੋਰ ਸਮੱਗਰੀ ਗੂੰਗੇ-ਬੋਲੇ ਬੱਚਿਆਂ ਨੂੰ ਵੰਡ ਕੇ 'ਦਾਨ-ਉਤਸਵ' ਮਨਾਇਆ ਗਿਆ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਕਿਹਾ ਕਿ ਕਾਲਜ ਵਲੋਂ ਹਰ ਸਾਲ ਗਾਂਧੀ ਜਯੰਤੀ ਮੌਕੇ 'ਜੁਆਏ ਆਫ ਗਿਵਿੰਗ ਵੀਕ' ਯਾਨਿ ਸੁਮੱਚੇ ਹਫ਼ਤੇ ਦਾਨ-ਦਕਸ਼ਣਾ ਦੇ ਕੇ ਖੁਸ਼ੀ ਮਨਾਈ ਜਾਂਦੀ ਹੈ। ਇਸ ਵਾਰ ਵੀ ਸਟਾਫ਼ ਅਤੇ ਵਿਦਿਆਰਥੀਆਂ ਵਲੋਂ ਡੈਫ ਐਂਡ ਡੰਬ ਸਕੂਲ (ਗੂੰਗੇ ਬੋਲੇ ਬੱਚਿਆ ਦਾ ਸਕੂਲ) ਜਾ ਕੇ ਉਹਨਾਂ ਮਸੂਮ ਬੱਚਿਆਂ ਨੂੰ ਆਪਣੇ ਹੱਥੀਂ ਸੇਬ-ਕੇਲੇ, ਕਾਪੀਆਂ, ਪੈਨ ਦਾਨ ਕੀਤੇ ਅਤੇ ਖੁਸ਼ੀ ਸਾਂਝੀ ਕੀਤੀ। ਪ੍ਰਿੰਸੀਪਲ ਸਾਹਿਬ ਨੇ ਦੱਸਿਆ ਕਿ ਕਿਸੇ ਲੋੜਵੰਦ ਅਤੇ ਮਜ਼ਲੂਮ ਨੂੰ ਆਪਣੇ ਦਸਵੰਧ ਵਿਚੋਂ ਦਾਨ ਦੇ ਕੇ ਜੋ ਖੁਸ਼ੀ ਮਿਲਦੀ ਹੈ ਉਸ ਨੂੰ ਬਿਆਨ ਨਹੀਂ ਕੀਤਾ ਜਾ ਸਕਦਾ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਸਟਾਫ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਇਸ ਦਾਨ ਉਤਸਵ ਮੁਹਿੰਮ ਵਿੱਚ ਹਿੱਸਾ ਲਿਆ ਸੀ। ਇਸ ਮੌਕੇ ਸੁਸ਼ੀਲ ਕੁਮਾਰ, ਅਜੇ ਦੱਤਾ, ਮਿਸ ਕਿਰਨ, ਮਿਸ ਗੁਰਪ੍ਰੀਤ ਕੌਰ, ਪ੍ਰਤਾਪ ਚੰਦ, ਮਿਸ ਨੇਹਾ, ਰਾਜੇਸ਼ ਕੁਮਾਰ ਅਤੇ ਕਿਸ਼ੋਰ ਸਿੰਘ ਹਾਜ਼ਰ ਸਨ।



# ਪਟਾਕੇ ਵੇਚਣ ਦੇ ਇਛੁੱਕ 16 ਤੱਕ ਸੇਵਾ ਕੇਂਦਰਾਂ ਰਾਹੀਂ ਕਰ ਸਕਦੇ ਅਪਲਾਈ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਮੈਜਿਸਟ੍ਰੇਟ ਆਸ਼ਿਕਾ ਜੈਨ ਨੇ ਆਗਾਮੀ ਤਿਉਹਾਰਾਂ ਦੇ ਮੱਦੇਨਜ਼ਰ ਪਟਾਕਿਆਂ ਦੀ ਵਿਕਰੀ ਸਬੰਧੀ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਪਟਾਕੇ ਵੇਚਣ ਦੇ ਇਛੁੱਕ ਵਿਅਕਤੀ ਆਰਜ਼ੀ ਲਾਇਸੰਸ ਲੈਣ ਲਈ ਅੱਜ ਤੋਂ 16 ਅਕਤੂਬਰ ਸ਼ਾਮ 5:00 ਵਜੇ ਤੱਕ ਸੇਵਾ ਕੇਂਦਰਾਂ ਰਾਹੀਂ ਅਪਲਾਈ ਕਰ ਸਕਦੇ ਹਨ। ਦੀਵਾਲੀ ਮੌਕੇ ਪ੍ਰਚੂਨ ਵਿਚ ਪਟਾਕੇ ਵੇਚਣ ਵਾਲਿਆਂ ਨੂੰ ਆਰਜ਼ੀ ਲਾਇਸੰਸ ਦੇਣ ਬਾਰੇ ਜ਼ਿਲ੍ਹਾ ਮੈਜਿਸਟ੍ਰੇਟ ਆਸ਼ਿਕਾ ਜੈਨ ਨੇ ਕਿਹਾ ਕਿ ਪ੍ਰਾਪਤ ਅਰਜ਼ੀਆਂ ਦੀ ਪੜਤਾਲ 21 ਅਕਤੂਬਰ ਸ਼ਾਮ 3:00 ਵਜੇ ਤੱਕ ਹੋਵੇਗੀ ਅਤੇ ਆਰਜ਼ੀ ਲਾਇਸੰਸ ਲਈ ਡਰਾਅ 27 ਅਕਤੂਬਰ ਨੂੰ ਸਵੇਰੇ ਸਾਢੇ 11 ਵਜੇ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਚ ਕੱਢਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਪਟਾਕੇ ਵੇਚਣ ਲਈ ਟੈਂਪਰੇਰੀ ਲਾਇਸੰਸ 30 ਅਕਤੂਬਰ ਤੋਂ 8 ਨਵੰਬਰ ਤੱਕ ਸਵੇਰੇ 10:00 ਵਜੇਂ ਸ਼ਾਮ ਸਾਢੇ 7 ਵਜੇ ਤੱਕ ਹੋਵੇਗਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪਟਾਕੇ ਵੇਚਣ ਲਈ ਸਬ-ਡਵੀਜ਼ਨ ਪੱਧਰ 'ਤੇ ਥਾਵਾਂ ਨਿਰਧਾਰਤ ਕੀਤੀਆਂ ਗਈਆਂ ਹਨ ਜਿਨ੍ਹਾਂ ਵਿਚ ਹੁਸ਼ਿਆਰਪੁਰ ਵਿਖੇ ਦੁਸਹਿਰਾ ਗਰਾਊਂਡ (ਨਵੀਂ ਆਬਾਦੀ), ਜ਼ਿਲ੍ਹਾ ਪ੍ਰੀਸ਼ਦ ਮਾਰਕੀਟ (ਅੱਡਾ ਮਾਹਿਲਪੁਰ), ਰੋਸ਼ਨ ਗਰਾਊਂਡ, ਰਾਮਲੀਲਾ ਗਰਾਊਂਡ ਹਰਿਆਣਾ, ਬੁੱਲੋਵਾਲ ਅਤੇ ਚੱਬੇਵਾਲ ਵਿਖੇ ਢੁੱਕਵੀਂਆਂ ਖਾਲੀ ਥਾਵਾਂ ਸ਼ਾਮਿਲ ਹਨ। ਇਸੇ ਤਰ੍ਹਾਂ ਸਬ-ਡਵੀਜ਼ਨ ਗੜ੍ਹਸ਼ੰਕਰ ਵਿਖੇ ਮਿਲਟਰੀ ਗਰਾਊਂਡ ਗੜ੍ਹਸ਼ੰਕਰ ਤਹਿਸੀਲ ਕੰਪਲੈਕਸ ਦੇ ਨੇੜੇ, ਸ਼ਹੀਦਾਂ ਰੋਡ ਦਾਣਾ ਮੰਡੀ ਮਾਹਿਲਪੁਰ ਅਤੇ ਕੋਟ ਫਤੂਹੀ ਬਿੰਜੋ ਰੋਡ 'ਤੇ ਖਾਲੀ ਪਈ ਥਾਂ ਨੂੰ ਨਿਰਧਾਰਤ ਕੀਤਾ ਗਿਆ ਹੈ। ਸਬ-ਡਵੀਜ਼ਨ ਦਸੂਹਾ ਵਿਚ ਬਲਾਕ ਸੰਮਤੀ ਸਟੇਡੀਅਮ ਦਸੂਹਾ, ਮਹਾਰਿਸ਼ੀ ਵਾਲਮੀਕਿ ਪਾਰਕ ਦਸੂਹਾ, ਦੁਸਹਿਰਾ ਗਰਾਊਂਡ ਗੜ੍ਹਦੀਵਾਲਾ ਅਤੇ ਖ਼ਾਲਸਾ ਕਾਲਜ ਦੀ ਗਰਾਊਂਡ ਗੜ੍ਹਦੀਵਾਲਾ ਵਿਖੇ ਪਟਾਕੇ ਵੇਚੇ ਜਾ ਸਕਣਗੇ।

# ਕਿਸਾਨ ਜਾਗਰੂਕਤਾ ਕੈਂਪ ਲਗਾਇਆ

**ਕਪੂਰਥਲਾ (ਮਨਜੀਤ ਮਾਨ)**- ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ, ਕਿਸਾਨਾਂ ਨੂੰ ਪਰਾਲੀ ਦੇ ਵਿਗਿਆਨਕ ਤੇ ਸੁਚੱਜੇ ਪ੍ਰਬੰਧਨ ਲਈ ਪ੍ਰੇਰਿਤ ਕਰਨ ਅਤੇ ਆਧੁਨਿਕ ਖੇਤੀ ਮਸ਼ੀਨਰੀ ਤੇ ਤਕਨੀਕਾਂ ਬਾਰੇ ਜਾਗਰੂਕ ਕਰਨ ਦੇ ਉਦੇਸ਼ ਨਾਲ ਬਲਾਕ ਕਪੂਰਥਲਾ ਦੇ ਪਿੰਡ ਖੇੜਾ ਦੋਨਾਂ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ।ਡਿਪਟੀ ਕਮਿਸ਼ਨਰ ਕਪੂਰਥਲਾ ਸ੍ਰੀ ਅਕਾਸ਼ ਬਾਂਸਲ ਜੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਮੁੱਖ ਖੇਤੀਬਾੜੀ ਅਫਸਰ ਸ੍ਰੀ ਜਸਵਿੰਦਰ ਸਿੰਘ ਦੇ ਹੁਕਮਾਂ ਤਹਿਤ ਸਹਿਕਾਰੀ ਸਭਾ ਖੇੜਾ ਦੋਨਾਂ ਵਿਖੇ ਪਰਾਲੀ ਦੀ ਸੁਚੱਜੀ ਸਾਂਭ ਸੰਭਾਲ ਸਬੰਧੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਐੱਸ ਡੀ ਐੱਮ. ਕਪੂਰਥਲਾ ਡਾ ਇਰਵਿਨ ਕੌਰ, ਡੀ ਐੱਸ ਪੀ ਸ਼ੀਤਲ ਸਿੰਘ ਸ਼ਾਮਿਲ ਹੋਏ। ਐੱਸ ਡੀ ਐੱਮ. ਡਾ ਇਰਵਿਨ ਕੌਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਆਧੁਨਿਕ ਖੇਤੀ ਮਸ਼ੀਨਰੀ ਦੀ ਵਰਤੋਂ ਕਰਕੇ ਇਸ ਦਾ ਵਿਗਿਆਨਕ ਢੰਗ ਨਾਲ ਪ੍ਰਬੰਧਨ ਕੀਤਾ ਜਾਵੇ। ਉਨ੍ਹਾਂ ਕਿਸਾਨਾਂ ਨੂੰ ਖੇਤੀਬਾੜੀ ਵਿਭਾਗ ਅਤੇ ਸਹਿਕਾਰੀ ਸਭਾਵਾਂ ਨਾਲ ਸੰਪਰਕ ਕਰਕੇ ਪਰਾਲੀ ਪ੍ਰਬੰਧਨ ਲਈ ਉਪਲਬਧ ਮਸ਼ੀਨਰੀ ਸਬੰਧੀ ਜਾਣਕਾਰੀ ਲੈਣ ਦੀ ਅਪੀਲ ਕੀਤੀ। ਬਲਾਕ ਖੇਤੀਬਾੜੀ ਅਫਸਰ ਸ੍ਰੀ ਗੁਰਵਿੰਦਰ ਸਿੰਘ ਸੰਧੂ ਨੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਦੀਆਂ ਵੱਖ-ਵੱਖ ਵਿਗਿਆਨਕ ਤਕਨੀਕਾਂ ਅਤੇ ਉਪਲਬਧ ਖੇਤੀ ਮਸ਼ੀਨਰੀ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਪਰਾਲੀ ਨੂੰ ਖੇਤ ਵਿੱਚ ਮਿਲਾਉਣ ਨਾਲ ਮਿੱਟੀ ਵਿੱਚ ਜੈਵਿਕ ਤੱਤਾਂ ਦੀ ਮਾਤਰਾ ਵਧਦੀ ਹੈ ਅਤੇ ਮਿੱਟੀ ਦੀ ਸਿਹਤ ਬਰਕਰਾਰ ਰਹਿੰਦੀ ਹੈ।



# ਚੰਨੀ ਦੇ ਘਰ ਨੇੜੇ ਲੱਗੇ ਗੰਦਗੀ ਦੇ ਢੇਰ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਮੋਰਿੰਡਾ ਢੋਲਣਮਾਜਰਾ ਰੋਡ ਤੋਂ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਰਿਹਾਇਸ਼ ਨਾਲ ਲੱਗਦੇ ਪ੍ਰਮੁੱਖ ਸੜਕ ਤੇ ਲੱਗੇ ਗੰਦਗੀ ਢੇਰ ਕਿਸੇ ਵੱਡੀ ਭਿਆਨਕ ਬਿਮਾਰੀ ਨੂੰ ਸੱਦਾ ਦੇ ਰਹੇ ਹਨ। ਇਸ ਸਬੰਧੀ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮੀਟਿੰਗ ਬਲਾਕ ਪ੍ਰਧਾਨ ਭੁਪਿੰਦਰ ਸਿੰਘ ਮੁੰਡੀਆ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਸ਼ਹੀਦ ਗੰਜ ਮੋਰਿੰਡਾ ਵਿਖੇ ਹੋਈ ਜਿਸ ਵਿੱਚ ਜ਼ਿਲਾ ਪ੍ਰਧਾਨ ਦਲਜੀਤ ਸਿੰਘ ਚਲਾਕੀ ਅਤੇ ਜ਼ਿਲ੍ਹਾ ਸਕੱਤਰ ਗੁਰਚਰਨ ਸਿੰਘ ਢੋਲਣ ਮਾਜਰਾ, ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਆਗੂ ਜਸਵਿੰਦਰ ਸਿੰਘ ਕਾਈਨੌਰ ਅਤੇ ਰਣਧੀਰ ਸਿੰਘ ਮਾਜਰੀ ਨੇ ਦੱਸਿਆ ਕਿ ਮੀਟਿੰਗ ਵਿੱਚ ਵਾਤਾਵਰਨ ਪ੍ਰੇਮੀਆਂ ਨੇ ਵੀ ਹਿੱਸਾ ਲਿਆ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਦਲਜੀਤ ਸਿੰਘ ਚਲਾਕੀ ਨੇ ਕੇਂਦਰ ਸਰਕਾਰ ਦੁਆਰਾ ਕਣਕ ਦੀ ਐੱਮ ਐੱਸ ਪੀ ਵਿੱਚ 25 ਰੁਪਏ ਦਾ ਕੀਤਾ ਵਾਧਾ ਕਿਸਾਨਾਂ ਨਾਲ ਕੋਝਾ ਕਰਾਰ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਖਰਚੇ ਖੇਤੀ ਦੇ ਦਿਨ ਬ ਦਿਨ ਵਧ ਰਹੇ ਹਨ ਕਿਸਾਨਾਂ ਦੀ ਫਸਲ ਦਾ ਭਾਤੀ ਕੁਇੰਟਲ ਮਗਰ ਵੱਧਦਾ ਹੈ ਜਦੋਂ ਕਿ ਆਮ ਹਰੇਕ ਵਸਤੂ ਕਿਲੋ ਦੇ ਹਿਸਾਬ ਨਾਲ ਵੱਧਦੀ ਹੈ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਇਸ ਪਾਸੇ ਧਿਆਨ ਦੇਣ ਦੀ ਜ਼ਰੂਰਤ ਹੈ ਜਾਂ ਪੰਜਾਬ ਸਰਕਾਰ ਇਸ ਤੇ ਬੋਨਸ ਦੇਵੇ। ਵਾਤਾਵਰਨ ਪ੍ਰੇਮੀ ਸੁਖਵਿੰਦਰ ਸਿੰਘ ਦੁੱਮਣਾ ਜ਼ਿਲ੍ਹਾ ਪ੍ਰਧਾਨ ਕਿਸਾਨ ਮਜ਼ਦੂਰ ਖੇਤ ਸਭਾ ਅਤੇ ਜਸਵਿੰਦਰ ਸਿੰਘ ਜੱਸਾ ਢੋਲਣ ਮਾਜਰਾ ਪੈਨਸ਼ਨਰ ਕਮੇਟੀ ਦੇ ਅਹੁਦੇਦਾਰ ਅਜੈਬ ਸਿੰਘ ਮੁੰਡੀਆਂ ਨੇ ਮੋਰਿੰਡੇ ਵਿੱਚ ਥਾਂ ਥਾਂ ਗੰਦਗੀ ਦੇ ਲੱਗੇ ਢੇਰਾਂ ਤੇ ਚਿੰਤਾ ਦਾ ਪ੍ਰਗਟਾਵਾ ਕੀਤਾ ਹੈ ਖਾਸ ਤੌਰ ਤੇ ਉਹਨਾਂ ਗੁਰਦੁਆਰਾ ਸ਼ਹੀਦ ਗੰਜ ਦੇ ਨਜ਼ਦੀਕ ਕੁਝ ਹੀ ਦੂਰੀ ਤੇ ਢੋਲਣ ਮਾਜਰਾ ਮੋਰਿੰਡਾ ਟੀ ਪੁਆਇੰਟ ਪੈਂਦਾ ਹੈ ਅਤੇ ਇਸ ਦੇ ਨਜਦੀਕ ਹੀ ਮੌਜੂਦਾ ਵਿਧਾਇਕ ਡਾਕਟਰ ਚਰਨਜੀਤ ਸਿੰਘ ਅਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਰਿਹਾਇਸ਼ ਵੀ ਨਜਦੀਕ ਹੈ ਪ੍ਰੰਤੂ ਇਸ ਲੱਗੇ ਗੰਦਗੀ ਦੇ ਢੇਰਾਂ ਵੱਲ ਕੋਈ ਪ੍ਰਸ਼ਾਸ਼ਨਿਕ ਅਧਿਕਾਰੀ ਧਿਆਨ ਨਹੀਂ ਦੇ ਰਿਹਾ।




# ਕੇਵਲ ਸਿੰਘ ਰਤਨਪਾਲ ਨੂੰ ਸੇਜਲ ਅੱਖਾਂ ਨਾਲ ਅੰਤਿਮ ਵਿਦਾਈ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਪੁਲਿਸ ਦੇ ਰਿਟਾਇਰਡ ਸਬ-ਇੰਸਪੈਕਟਰ ਕੇਵਲ ਸਿੰਘ ਰਤਨਪਾਲ ਦੇ 6 ਅਕਤੂਬਰ ਨੂੰ ਹੋਏ ਦੇਹਾਂਤ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਉਨ੍ਹਾਂ ਦਾ ਜੱਦੀ ਪਿੰਡ ਚੂਹੜਪੁਰ ਵਿਖੇ ਗਮਗੀਨ ਮਾਹੌਲ ਵਿੱਚ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਇਸ ਮੌਕੇ ਵੱਖ-ਵੱਖ ਵਰਗਾਂ ਨਾਲ ਸਬੰਧਤ ਸ਼ਖ਼ਸੀਅਤਾਂ, ਰਿਸ਼ਤੇਦਾਰਾਂ, ਦੋਸਤਾਂ ਅਤੇ ਇਲਾਕਾ ਵਾਸੀਆਂ ਨੇ ਉਨ੍ਹਾਂ ਨੂੰ ਅੰਤਿਮ ਵਿਦਾਈ ਦਿੱਤੀ। ਕੇਵਲ ਸਿੰਘ ਰਤਨਪਾਲ ਦੀਆਂ ਸੇਵਾਵਾਂ ਨੂੰ ਸਨਮਾਨ ਦਿੰਦਿਆਂ ਅੰਤਿਮ ਸੰਸਕਾਰ ਮੌਕੇ ਫੌਜ ਦੀ ਟੁਕੜੀ ਵੱਲੋਂ ਉਨ੍ਹਾਂ ਨੂੰ ਸਨਮਾਨ ਵਜੋਂ ਸਲਾਮੀ ਦਿੱਤੀ ਗਈ। ਇਸ ਮੌਕੇ ਮਾਹੌਲ ਬੇਹੱਦ ਭਾਵੁਕ ਹੋ ਗਿਆ ਅਤੇ ਹਾਜ਼ਰ ਲੋਕਾਂ ਨੇ ਨਮ ਅੱਖਾਂ ਨਾਲ ਵਿਛੜੀ ਰੂਹ ਨੂੰ ਅੰਤਿਮ ਵਿਦਾਈ ਦਿੱਤੀ। ਵੱਖ-ਵੱਖ ਵਰਗਾਂ ਦੇ ਆਗੂਆਂ ਅਤੇ ਇਲਾਕਾ ਵਾਸੀਆਂ ਨੇ ਸ. ਕੇਵਲ ਸਿੰਘ ਰਤਨਪਾਲ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਵਾਰ ਨਾਲ ਹਮਦਰਦੀ ਜਤਾਈ। ਉਨ੍ਹਾਂ ਕਿਹਾ ਕਿ ਕੇਵਲ ਸਿੰਘ ਰਤਨਪਾਲ ਦਾ ਵਿਛੋੜਾ ਪਰਿਵਾਰ ਦੇ ਨਾਲ-ਨਾਲ ਉਨ੍ਹਾਂ ਨੂੰ ਜਾਣਨ ਵਾਲੇ ਹਰ ਵਿਅਕਤੀ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੈ। ਹਾਜ਼ਰ ਸ਼ਖ਼ਸੀਅਤਾਂ ਨੇ ਪਰਵਾਰ ਨੂੰ ਇਸ ਦੁੱਖ ਦੀ ਘੜੀ ਵਿੱਚ ਹੌਸਲਾ ਰੱਖਣ ਦੀ ਅਰਦਾਸ ਕੀਤੀ।



# ਰਿਟਾਇਰਡ ਸੀਨੀਅਰ ਰੇਡੀਓਗ੍ਰਾਫਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਅਹਿਮ ਮੀਟਿੰਗ

**ਬੰਗਾ (ਅਵਤਾਰ ਕਲੇਰ)**- ਰਿਟਾਇਰਡ ਸੀਨੀਅਰ ਰੇਡੀਓਗ੍ਰਾਫਰਜ਼ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਦੀ ਇੱਕ ਅਹਿਮ ਮੀਟਿੰਗ ਗੋਪਾਲ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਮੀਟਿੰਗ ਦੀ ਕਾਰਵਾਈ ਹਰੀ ਬਿਲਾਸ ਜਨਰਲ ਸਕੱਤਰ ਵੱਲੋਂ ਚਲਾਈ ਗਈ।ਮੀਟਿੰਗ ਦੇ ਆਰੰਭ ਵਿੱਚ ਜਗਦੇਵ ਸਿੰਘ ਗਿੱਲ ਦੇ ਨੌਜਵਾਨ ਸਪੁੱਤਰ ਦੀ ਸੜਕ ਦੁਰਘਟਨਾ ਵਿੱਚ ਹੋਈ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ। ਮੀਟਿੰਗ ਦੌਰਾਨ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਇਸ ਵਾਰ 8 ਨਵੰਬਰ ਨੂੰ ਕੌਮਾਂਤਰੀ ਰੇਡੀਓਗ੍ਰਾਫੀ ਦਿਵਸ ਮੌਕੇ ਭਾਰਤੀ ਤਿਉਹਾਰ ਦੀਵਾਲੀ ਅਤੇ ਬੰਦੀ-ਛੋੜ ਦਿਵਸ ਹੋਣ ਕਰਕੇ ਇਸ ਸਾਲ ਦਾ ਕੌਮਾਂਤਰੀ ਰੇਡੀਓਗ੍ਰਾਫੀ ਦਿਵਸ ਦਾ ਸਮਾਗਮ 22 ਨਵੰਬਰ ਨੂੰ ਇਤਿਹਾਸਕ ਸ਼ਹਿਰ ਬਠਿੰਡਾ ਵਿਖੇ ਕਰਨ ਦਾ ਫੈਸਲਾ ਕੀਤਾ ਗਿਆ ਜੋ ਕਿ ਐਸੋਸੀਏਸ਼ਨ ਦੇ ਸਤਿਕਾਰਤ ਆਗੂ ਦਰਸ਼ਨ ਸਿੰਘ ਭੱਟੀ ਅਤੇ ਦਰਸ਼ਨ ਸਿੰਘ ਉਪਲ ਨੂੰ ਸਮਰਪਤ ਹੋਵੇਗਾ, ਜੋ ਕਿ ਪਿਛਲੇ ਸਮੇਂ ਸਦੀਵੀ ਵਿਛੋੜਾ ਦੇ ਗਏ ਸਨ।

ਇਸ ਸਮਾਗਮ ਦੌਰਾਨ ਪੰਜਾਬ ਦੇ ਸਤਿਕਾਰਤ ਸੀਨੀਅਰ ਰੇਡੀਓਗ੍ਰਾਫਰਾਂ ਨੂੰ ਸਨਮਾਨਤ ਵੀ ਕੀਤਾ ਜਾਵੇਗਾ। ਇਸ ਸਮਾਗਮ ਦਾ ਪ੍ਰਬੰਧ ਕਰਨ ਦੀ ਜ਼ਿੰਮੇਵਾਰੀ ਪ੍ਰਕਾਸ਼ ਚੰਦ ਦੋਸ਼ੀ ਨੂੰ ਦਿੱਤੀ ਗਈ ਅਤੇ ਇਸ ਸਮਾਗਮ ਦੇ ਪ੍ਰਬੰਧਾਂ ਨੂੰ ਵਿਸ਼ੇਸ਼ ਤੌਰ 'ਤੇ ਗੁਰਵਿੰਦਰ ਸਿੰਘ ਭੁੱਲਰ, ਹਰੀ ਬਿਲਾਸ, ਪ੍ਰੇਮਜੀਤ ਸਿੰਘ ਅਤੇ ਚੰਦਰ ਪ੍ਰਕਾਸ਼ ਗਰਗ ਸਮੇਂ ਸਮੇਂ 'ਤੇ ਨਿਗਰਾਨ ਕਰਦੇ ਰਹਿਣਗੇ।ਇਸ ਮੀਟਿੰਗ ਵਿੱਚ ਗੁਰਵਿੰਦਰ ਸਿੰਘ ਭੁੱਲਰ, ਹਰੀ ਬਿਲਾਸ, ਪ੍ਰੇਮਜੀਤ ਸਿੰਘ, ਚੰਦਰ ਪ੍ਰਕਾਸ਼ ਗਰਗ, ਪ੍ਰਕਾਸ਼ ਚੰਦ ਦੋਸ਼ੀ, ਦਿਲਬਾਗ ਸਿੰਘ ਅਤੇ ਸਰਬਜੀਤ ਸਿੰਘ ਖੰਨਾ ਸ਼ਾਮਲ ਹੋਏ। ਸਮੂਹ ਮੈਂਬਰਾਂ ਵੱਲੋਂ ਪੰਜਾਬ ਦੇ ਸਭਨਾਂ ਹੀ ਰਿਟਾਇਰਡ ਸੀਨੀਅਰ ਰੇਡੀਓਗ੍ਰਾਫਰਾਂ ਅਤੇ ਰਿਟਾਇਰਡ ਰੇਡੀਓਗ੍ਰਾਫਰਾਂ ਨੂੰ ਇਸ ਸਮਾਗਮ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੰਦਿਆਂ, ਇਸ ਸਮਾਗਮ ਦੀ ਸਫਲਤਾ ਲਈ ਆਰਥਿਕ ਮਦਦ ਤੇ ਸਹਿਯੋਗ ਕਰਨ ਦੀ ਅਪੀਲ ਕੀਤੀ। ਅੰਤ ਵਿੱਚ ਗੋਪਾਲ ਸਿੰਘ ਸੰਧੂ ਨੇ ਹਾਜ਼ਰ ਮੈਂਬਰਾਂ ਦਾ ਧੰਨਵਾਦ ਕਰਦਿਆਂ, ਕੀਤੇ ਫ਼ੈਸਲਿਆਂ ਨੂੰ ਲਾਗੂ ਕਰਨ ਦੀ ਅਪੀਲ ਕੀਤੀ।



# ਸ਼੍ਰੋਮਣੀ ਰੰਘਰੇਟਾ ਦਲ ਪੰਜਾਬ ਦੇ ਸੂਬਾ ਪ੍ਰਧਾਨ ਚੀਮਾ ਵੱਲੋਂ ਅੱਜ ਦੇ ਨਕੋਦਰ ਧਰਨੇ 'ਚ ਸ਼ਮੂਲੀਅਤ ਦਾ ਸੱਦਾ

**ਨਕੋਦਰ (ਮਨਜੀਤ ਮਾਨ)**- ਸ਼੍ਰੋਮਣੀ ਰੰਘਰੇਟਾ ਦਲ ਪੰਜਾਬ ਦੇ ਸੂਬਾ ਪ੍ਰਧਾਨ ਬਲਵੀਰ ਸਿੰਘ ਚੀਮਾ ਚੇਅਰਮੈਨ 13 ਨਿਹੰਗ ਸਿੰਘ ਜਥੇਬੰਦੀਆਂ ਭਾਰਤ ਨੇ ਪ੍ਰੈੱਸ ਨੂੰ ਇੱਕ ਲਿਖਤੀ ਬਿਆਨ ਜਾਰੀ ਕਰਦਿਆਂ ਕਿਹਾ ਕਿ ਪਿੰਡ ਤਲਵੰਡੀ ਸਲੇਮ ਵਿੱਚ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾਈ ਵਿੱਤ ਸਕੱਤਰ ਹਰਮੇਸ਼ ਮਾਲੜੀ ਨਾਲ ਕਥਿਤ ਜਾਤੀਸੂਚਕ ਦੁਰਵਿਹਾਰ ਅਤੇ ਪਾਸ਼-ਹੰਸ ਰਾਜ ਸ਼ਹੀਦੀ ਯਾਦਗਾਰੀ ਕੰਪਲੈਕਸ ਦੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ 9 ਅਕਤੂਬਰ ਨੂੰ ਡੀ.ਐੱਸ.ਪੀ. ਨਕੋਦਰ ਦੇ ਦਫ਼ਤਰ ਅੱਗੇ ਦਿੱਤੇ ਜਾ ਰਹੇ ਧਰਨੇ ਦੀ ਡਟਵੀਂ ਹਮਾਇਤ ਕੀਤੀ ਹੈ। ਚੀਮਾ ਨੇ ਕਿਹਾ ਕਿ ਸ਼੍ਰੋਮਣੀ ਰੰਘਰੇਟਾ ਦਲ ਇਸ ਧਰਨੇ ਵਿੱਚ ਵਹੀਰਾਂ ਘੱਤ ਕੇ ਸ਼ਾਮਲ ਹੋਵੇਗਾ। ਚੀਮਾ ਨੇ ਕਿਹਾ ਕਿ ਜਾਤੀ ਦੇ ਨਾਂ 'ਤੇ ਕਿਸੇ ਮਨੁੱਖ ਦੀ ਬੇਇੱਜ਼ਤੀ ਸਿਰਫ਼ ਇੱਕ ਵਿਅਕਤੀ ਦੀ ਬੇਇੱਜ਼ਤੀ ਨਹੀਂ, ਸਗੋਂ ਸਮਾਜ ਦੀ ਜ਼ਮੀਰ ਨੂੰ ਚੁਣੌਤੀ ਹੈ।ਉਨ੍ਹਾਂ ਕਿਹਾ ਕਿ 7 ਸਤੰਬਰ ਨੂੰ ਪਾਸ਼-ਹੰਸ ਰਾਜ ਸ਼ਹੀਦੀ ਯਾਦਗਾਰੀ ਕੰਪਲੈਕਸ ਵਿੱਚ ਮਜ਼ਦੂਰ ਆਗੂ ਹਰਮੇਸ਼ ਮਾਲੜੀ ਆਪਣੇ ਸਾਥੀਆਂ ਸਮੇਤ ਸਫ਼ਾਈ ਕਰਵਾ ਰਹੇ ਸਨ ਤਾਂ ਪਿੰਡ ਦੇ ਸਰਪੰਚ ਅਤੇ ਉਸ ਦੇ ਸਮਰਥਕਾਂ ਵੱਲੋਂ ਗਾਲ੍ਹੀ-ਗਲੋਚ ਕਰਨ ਅਤੇ ਕਥਿਤ ਤੌਰ 'ਤੇ ਜਾਤੀਸੂਚਕ ਸ਼ਬਦ ਵਰਤਣ ਦੀ ਘਟਨਾ ਵਾਪਰੀ। ਇਸ ਸਬੰਧੀ 8 ਸਤੰਬਰ ਨੂੰ ਡੀ.ਐੱਸ.ਪੀ. ਅਤੇ ਥਾਣਾ ਸਦਰ ਨਕੋਦਰ ਦੇ ਮੁਖੀ ਨੂੰ ਲਿਖਤੀ ਸ਼ਿਕਾਇਤ ਦਿੱਤੀ ਗਈ, ਪਰ ਇੱਕ ਮਹੀਨਾ ਬੀਤਣ ਦੇ ਬਾਵਜੂਦ ਕਾਰਵਾਈ ਨਾ ਹੋਣਾ ਚਿੰਤਾ ਦਾ ਵਿਸ਼ਾ ਹੈ। ਚੀਮਾ ਨੇ ਕਿਹਾ ਕਿ ਅਵਤਾਰ ਪਾਸ਼ ਦਾ ਨਾਂਅ ਲੋਕਾਂ ਦੀ ਆਵਾਜ਼ ਨਾਲ ਜੁੜਿਆ ਹੈ ਅਤੇ ਪਾਸ਼ ਤੇ ਹੰਸ ਰਾਜ ਦੀ ਸ਼ਹਾਦਤ ਪੰਜਾਬ ਦੀ ਲੋਕ-ਚੇਤਨਾ ਦਾ ਹਿੱਸਾ ਹੈ। ਉਨ੍ਹਾਂ ਨਾਲ ਜੁੜੀਆਂ ਯਾਦਗਾਰਾਂ ਲੋਕਾਂ ਦੀ ਸਾਂਝੀ ਵਿਰਾਸਤ ਹਨ। ਇਸ ਲਈ ਇਨ੍ਹਾਂ ਦੀ ਮਰਿਆਦਾ ਅਤੇ ਪਹਿਲਾ ਰੁਤਬਾ ਬਹਾਲ ਰਹਿਣਾ ਚਾਹੀਦਾ ਹੈ।ਉਨ੍ਹਾਂ ਮੰਗ ਕੀਤੀ ਕਿ ਹਰਮੇਸ਼ ਮਾਲੜੀ ਦੀ ਸ਼ਿਕਾਇਤ 'ਤੇ ਤੁਰੰਤ ਅਤੇ ਨਿਰਪੱਖ ਕਾਨੂੰਨੀ ਕਾਰਵਾਈ ਕੀਤੀ ਜਾਵੇ, ਕਥਿਤ ਤੌਰ 'ਤੇ ਜਾਤੀਸੂਚਕ ਸ਼ਬਦ ਵਰਤਣ ਵਾਲਿਆਂ ਖ਼ਿਲਾਫ਼ ਬਣਦੀ ਕਾਰਵਾਈ ਹੋਵੇ ਅਤੇ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਦਾ ਪਹਿਲਾ ਰੁਤਬਾ ਬਹਾਲ ਕੀਤਾ ਜਾਵੇ।ਚੀਮਾ ਨੇ 9 ਅਕਤੂਬਰ ਨੂੰ ਡੀ.ਐੱਸ.ਪੀ. ਨਕੋਦਰ ਦੇ ਦਫ਼ਤਰ ਅੱਗੇ ਹੋ ਰਹੇ ਧਰਨੇ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।



# ਅੱਖਾਂ ਦਾ ਅਪਰੇਸ਼ਨ ਚੈੱਕਅੱਪ ਕੈਂਪ ਲਗਾਇਆ

**ਪੋਜੇਵਾਲ (ਰਾਮ ਲਾਲ)**- ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸੋਸਾਇਟੀ ਰਜਿ. ਸੜੋਆ ਵੱਲੋਂ ਪਰਮਜੀਤ ਸਿੰਘ ਮਾਈਕਲ ਦੀ ਯਾਦ ਨੂੰ ਸਮਰਪਿਤ ਕੈਂਪ ਦਾ ਉਦਘਾਟਨ ਸੰਤੋਸ਼ ਕਟਾਰੀਆ, ਵਿਧਾਇਕਾ, ਸਾਬਕਾ ਵਿਧਾਇਕ ਦਰਸ਼ਨ ਲਾਲ ਮੰਗੂਪੁਰ, ਚੌਧਰੀ ਅਸ਼ੋਕ ਕੁਮਾਰ ਨਾਨੋਵਾਲ, ਭਾਜਪਾ ਆਗੂ ਅਤੇ ਸੰਤ ਸੁਰਿੰਦਰ ਦਾਸ ਪ੍ਰਧਾਨ ਸ੍ਰੀ ਖੁਰਾਲਗੜ੍ਹ ਸਾਹਿਬ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ।ਕੈਂਪ ਦੌਰਾਨ ਸ਼ੰਕਰਾ ਆਈ ਹਸਪਤਾਲ ਲੁਧਿਆਣਾ ਤੋਂ ਪਹੁੰਚੀ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ। ਇਸ ਮੌਕੇ 569 ਮਰੀਜ਼ਾਂ ਦਾ ਮੁਫ਼ਤ ਮੈਡੀਕਲ ਚੈੱਕਅਪ ਕੀਤਾ ਗਿਆ, 410 ਮਰੀਜ਼ਾਂ ਨੂੰ ਐਨਕਾਂ ਵੰਡੀਆਂ ਗਈਆਂ, ਜਦਕਿ 41 ਮਰੀਜ਼ਾਂ ਦੀ ਅੱਖਾਂ ਦੇ ਆਪ੍ਰੇਸ਼ਨ ਲਈ ਚੋਣ ਕੀਤੀ ਗਈ। ਇਸ ਮੌਕੇ ਪਰਮਜੀਤ ਸਿੰਘ ਮਾਈਕਲ ਦੀ ਯਾਦ ਵਿੱਚ ਉਨ੍ਹਾਂ ਦੇ ਪਰਵਾਰ/ਸਹਿਯੋਗੀਆਂ ਵੱਲੋਂ ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸੋਸਾਇਟੀ ਨੂੰ 1 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਭੇਟ ਕੀਤੀ ਗਈ। ਇਸ ਤੋਂ ਇਲਾਵਾ ਚੌਧਰੀ ਅਸ਼ੋਕ ਕੁਮਾਰ ਨਾਨੋਵਾਲ ਵੱਲੋਂ ਵੀ 5,100 ਰੁਪਏ ਦਾ ਯੋਗਦਾਨ ਦਿੱਤਾ ਗਿਆ। ਇਸ ਮੌਕੇ ਪ੍ਰਧਾਨ ਪ੍ਰੋਫੈਸਰ ਵਰਿੰਦਰ ਪਾਲ ਬਛੋੜੀ, ਨਾਜਰ ਰਾਮ ਮਾਨ, ਪ੍ਰਿੰਸੀਪਲ ਪ੍ਰੇਮ ਕੁਮਾਰ, ਲਾਲ ਸਿੰਘ ਮਾਨ, ਮਹਿੰਦਰ ਚੰਦ ਪੋਜੇਵਾਲ, ਤੇਲੂ ਰਾਮ ਛਦੋੜੀ, ਬਲਵਿੰਦਰ ਨਾਨੋਵਾਲ, ਰਜਿੰਦਰ ਕੁਮਾਰ, ਰਾਜ ਕੁਮਾਰ ਮਾਲੇਵਾਲ ,ਮੋਹਨ ਲਾਲ ਖਰੋੜ, ਚਮਨ ਲਾਲ ਸੜੋਆ ,ਬਲਵੀਰ ਸਿੰਘ ਕਾਲੇਵਾਲ , ਨਰੰਜਣ ਜੋਤ ਸਿੰਘ, ਗੁਰਦਿਆਲ ਮਾਨ, ਅਵਤਾਰ ਬੱਧਣ, ਕੇਵਲ ਚੂਹੜਪੁਰ, ਪੱਤਰਕਾਰ ਰਾਮ ਲਾਲ ਟੋਰੋਵਾਲ, ਸ਼ਮਸ਼ੇਰ ਸਿੰਘ ਪੋਜੇਵਾਲ, ਗੁਰਚਰਨ ਸਿੰਘ ਸੰਧੂ, ਨਰੇਸ਼ ਕੁਮਾਰ ਅਟਾਲ ਮੁਜਾਰਾ, ਗੁਰਮੇਲ ਚੰਦ ,ਚਰਨ ਦਾਸ, ਮਾਸਟਰ ਰਾਮਨਾਥ, ਕੇਵਲ ਕੁਮਾਰ ਨੰਗਲ, ਮਦਨ ਲਾਲ, ਰਾਮਪਾਲ, ਰਾਮ ਕਿਸ਼ਨ, ਡਾ. ਗੁਰਦੇਵ ਕਿਸਾਨਾ, ਪਰਮਜੀਤ, ਸੁਦੇਸ਼ ਕੁਮਾਰ, ਸੁਰਜੀਤ, ਜਗਦੀਸ਼ ਕੁਮਾਰ, ਸੁਰਿੰਦਰ ਪਾਲ , ਮਹਿੰਦਰ ਪਾਲ ਤੇ ਅਸ਼ਵਨੀ ਕੁਮਾਰ ਆਦਿ ਹਾਜ਼ਰ ਸਨ।



## ਕਿਸਾਨ ਸਰਕਾਰੀ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ : ਕਟਾਰੀਆ

**ਬਲਾਚੌਰ (ਜਸਵਿੰਦਰ ਬੈਂਸ)**- ਕਿਸਾਨਾਂ ਨੂੰ ਹਾੜ੍ਹੀ ਦੀਆਂ ਫਸਲਾਂ ਬਾਰੇ ਤਕਨੀਕੀ ਜਾਣਕਾਰੀ ਦੇਣ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਲੋਂ ਆਤਮਾ ਸਕੀਮ ਅਧੀਨ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ ਸ਼ਹਿਨਸ਼ਾਹ ਪੈਲੇਸ ਗੜ੍ਹਸ਼ੰਕਰ-ਬਲਾਚੌਰ ਰੋਡ, ਪਿੰਡ ਕਰਾਵਰ, ਬਲਾਕ ਸੜੋਆ ਤਹਿਸੀਲ ਬਲਾਚੌਰ ਵਿਖੇ ਲਗਾਇਆ ਗਿਆ। ਇਸ ਮੇਲੇ ਵਿੱਚ ਸੰਤੋਸ਼ ਕਟਾਰੀਆ ਵਿਧਾਇਕ ਹਲਕਾ ਬਲਾਚੌਰ ਨੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਵਿਧਾਇਕ ਹਲਕਾ ਬਲਾਚੌਰ ਸੰਤੋਸ਼ ਕਟਾਰੀਆ ਨੇ ਕਿਸਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਤੀ ਦੇ ਧੰਦੇ ਨੂੰ ਲਾਹੇਵੰਦ ਬਣਾਉਣ ਲਈ ਖੇਤੀਬਾੜੀ ਵਿਭਾਗ ਦੇ ਮਾਹਿਰਾਂ ਦੁਆਰਾ ਸਿਫਾਰਿਸ਼ ਕੀਤੇ ਬੀਜ, ਖਾਦ ਅਤੇ ਦਵਾਈਆਂ ਦੀ ਹੀ ਵਰਤੋਂ ਕਰਨ। ਉਹਨਾਂ ਕਿਹਾ ਕਿ ਸਰਕਾਰ ਦੀ ਸਕੀਮ ਪਾਣੀ ਬਚਾਓ ਪੈਸਾ ਬਚਾਓ ਤਹਿਤ ਵੱਧ ਤੋਂ ਵੱਧ ਕਿਸਾਨ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਹੋਰ ਡਿੱਗਣ ਤੋਂ ਬਚਾਉਣ ਦੇ ਨਾਲ ਚੰਗਾ ਮੁਨਾਫਾ ਵੀ ਕਮਾ ਸਕਦੇ ਹਨ।ਉਹਨਾਂ ਮੇਲੇ ਵਿਚ ਖੇਤੀਬਾੜੀ ਵਿਭਾਗ, ਸਹਿਯੋਗੀ ਮਹਿਕਮਿਆਂ ਅਤੇ ਸੈਲਫ ਹੈਲਪ ਗੁਰੱਪਾਂ ਵਲੋਂ ਲਗਾਈਆਂ ਗਈਆਂ ਪ੍ਰਦਰਸ਼ਨੀਆਂ ਦੀ ਵਿਜਿਟ ਵੀ ਕੀਤੀ ਗਈ। ਸ੍ਰੀ ਸਤਨਾਮ ਸਿੰਘ ਜਲਵਾਹਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ



ਕਿਸਾਨ ਤੇਲ ਬੀਜ ਫਸਲਾਂ ਹੇਠ ਰਕਬਾ ਵਧਾਉਣ ਤਾਂ ਜੋ ਪੰਜਾਬ ਵਿੱਚ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕੀਤਾ ਜਾ ਸਕੇ।ਉਹਨਾਂ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਕਿਸਾਨ ਪੱਖੀ ਸਕੀਮਾਂ ਦਾ ਵੱਧ ਤੋਂ ਵੱਧ ਲਾਹਾ ਲੈਣਾ ਚਾਹੀਦਾ ਹੈ। ਡਾ. ਲੇਖ ਰਾਜ ਬੇਗੋਵਾਲ ਮੁੱਖ ਖੇਤੀਬਾੜੀ ਅਫਸਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੇ ਜ਼ਿਲ੍ਹਾ ਭਰ ਤੋਂ ਆਏ ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਹਾੜ੍ਹੀ ਸੀਜਨ 2026-27 ਦੌਰਾਨ ਕਣਕ ਹੇਠ 77,000 ਹੈਕ., ਸਰੋਂ ਹੇਠ 1800 ਹੈਕ. ਅਤੇ ਦਾਲਾਂ ਹੇਠ 220 ਹੈਕ. ਰਕਬਾ ਲਿਆਂਦਾ ਜਾਵੇਗਾ।

## ਰਾਸ਼ਟਰੀ ਪੋਸ਼ਣ-ਮਾਹ ਮੌਕੇ ਵਿਸ਼ੇਸ਼ ਲੈਕਚਰ

**ਗੁਰਾਇਆ (ਬਿੰਦਰ ਸੁਮਨ)**- ਗੁਰੂ ਨਾਨਕ ਦੇਵ ਯੂਨੀਵਰਸਿਟੀ,ਅੰਮ੍ਰਿਤਸਰ ਦੇ ਸਿੱਧੇ ਪ੍ਰਬੰਧਾਂ ਅਧੀਨ ਮਾਨਯੋਗ ਉਪ- ਕੁਲਪਤੀ ਪ੍ਰੋ. (ਡਾ.) ਕਰਮਜੀਤ ਸਿੰਘ ਦੀ ਰਹਿਨੁਮਾਈ ਅਤੇ ਪ੍ਰੋ. (ਡਾ.) ਸਰੋਜ ਅਰੋੜਾ, ਡੀਨ ਕਾਲਜ ਡਿਵੈਲਪਮੈਂਟ ਕੌਂਸਲ ਦੇ ਦਿਸ਼ਾ- ਨਿਰਦੇਸ਼ਾਂ ਹੇਠ ਚੱਲ ਰਹੇ ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਵਿਖੇ ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਦੀ ਅਗਵਾਈ ਹੇਠ ਅਤੇ ਮਨਿਸਟਰੀ ਆਫ਼ ਯੂਥ ਅਫੇਅਰਜ਼ ਐਂਡ ਸਪੋਰਟਸ, ਭਾਰਤ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਐਨ.ਐਸ.ਐਸ ਵਿਭਾਗ ਵੱਲੋਂ 9ਵੇਂ ਰਾਸ਼ਟਰੀ ਪੋਸ਼ਣ-ਮਾਹ ਦੇ ਮੌਕੇ ਇੱਕ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ।



ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅਤੇ ਸਟਾਫ਼ ਨੂੰ ਸੰਤੁਲਿਤ ਖੁਰਾਕ, ਸਿਹਤਮੰਦ ਜੀਵਨ ਸ਼ੈਲੀ, ਪ੍ਰੋਟੀਨ ਦੀ ਮਹੱਤਤਾ ਅਤੇ ਪੋਸ਼ਣ ਬਾਰੇ ਜਾਗਰੂਕ ਕਰਨਾ ਸੀ। ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਮਿਸ ਆਤਮਾ ਸਿੰਘ. ਅਸਿਸਟੈਂਟ ਪ੍ਰੋਫ਼ੈਸਰ ਹੋਮ ਸਾਇੰਸ ਵਿਭਾਗ, ਲਾਇਲਪੁਰ ਖਾਲਸਾ ਕਾਲਜ ਫ਼ਾਰ ਵੁਮੈਨ ਜਲੰਧਰ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਆਪਣੇ ਭਾਸ਼ਣ ਦੌਰਾਨ ਉਨ੍ਹਾਂ ਨੇ ਰੋਜ਼ਾਨਾ ਜੀਵਨ ਵਿੱਚ ਪੌਸ਼ਟਿਕ ਤੱਤਾਂ ਦੀ ਲੋੜ ਤੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਲਈ ਹਰੀਆਂ ਸਬਜ਼ੀਆਂ, ਫਲ, ਦਾਲਾਂ ਅਤੇ ਖੇਤਰੀ ਖੁਰਾਕੀ ਪਦਾਰਥਾਂ ਦਾ ਸੇਵਨ ਕਰਨਾ ਕਿੰਨਾ ਜ਼ਰੂਰੀ ਹੈ। ਇਸ ਤੋਂ ਇਲਾਵਾ, ਉਨ੍ਹਾਂ ਨੇ ਜੰਕ ਫੂਡ ਤੋਂ ਹੋਣ ਵਾਲੇ ਨੁਕਸਾਨ ਅਤੇ ਔਰਤਾਂ ਤੇ ਬੱਚਿਆਂ ਵਿੱਚ ਖੂਨ ਦੀ ਕਮੀ (ਐਨੀਮੀਆ) ਨੂੰ ਰੋਕਣ ਲਈ ਜ਼ਰੂਰੀ ਸੁਝਾਅ ਸਾਂਝੇ ਕੀਤੇ। ਕਾਲਜ ਇੰਚਾਰਜ ਜੌਹਲ ਨੇ ਆਏ ਹੋਏ ਮੁੱਖ ਬੁਲਾਰੇ ਦਾ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਨੂੰ ਚੰਗੀ ਸਿਹਤ ਸੰਭਾਲ ਲਈ ਪ੍ਰੇਰਿਤ ਕੀਤਾ।

## ਤੇਹਿੰਗ ਕਾਲਜ 'ਚ ਸੱਭਿਆਚਾਰਕ ਰੰਗਾਂ ਨਾਲ ਮਨਾਇਆ 'ਜਸ਼ਨ-ਏ-ਹੁਨਰ'

**ਨੂਰਮਹਿਲ-ਫਿਲੌਰ (ਬਾਲ ਕ੍ਰਿਸ਼ਨ ਬਾਲੀ-ਨਿਰਮਲ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ ਵਿਖੇ ਓ.ਐਸ.ਡੀ ਰਾਜਵਿੰਦਰ ਕੌਰ ਹੁੰਦਲ ਦੀ ਯੋਗ ਅਗਵਾਈ ਅਧੀਨ ਸਮੂਹ ਸਟਾਫ ਅਤੇ ਵਿਦਿਆਰਥੀਆਂ ਦੇ ਸਹਿਯੋਗ ਨਾਲ 'ਜਸ਼ਨ-ਏ-ਹੁਨਰ' ਪ੍ਰੋਗਰਾਮ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਹਰਜੋਤ ਕੌਰ ਲੋਹਟੀਆ, ਵਿਧਾਨ ਸਭਾ ਹਲਕਾ ਇੰਚਾਰਜ ਫਿਲੌਰ ਨੇ ਸ਼ਿਰਕਤ ਕੀਤੀ। ਡਾ. ਰਾਜਵਿੰਦਰ ਕੌਰ ਹੁੰਦਲ ਨੇ ਉਨ੍ਹਾਂ ਨੂੰ ਗੁਲਦਸਤਾ ਭੇਟ ਕਰਦਿਆਂ ਨਿੱਘਾ ਜੀ ਆਇਆਂ ਆਖਿਆ ਅਤੇ ਨਾਲ ਹੀ ਉਚੇਚੇ ਤੌਰ ਤੇ ਵਿਸ਼ੇਸ਼ ਮਹਿਮਾਨ ਵਜੋਂ ਤੀਰਥ ਸਿੰਘ ਜੌਹਲ ਸਮਾਜ ਸੇਵਕ ਪਿੰਡ ਤੇਹਿੰਗ ਤੇ ਸਰਪੰਚ ਨਿਰਮਲ ਸਿੰਘ ਜੱਜ ਨੂੰ ਵੀ ਗੁਲਦਸਤਾ ਭੇਟ ਕਰਕੇ ਉਨ੍ਹਾਂ ਦਾ ਨਿੱਘਾ ਇਸਤਕਬਾਲ ਕੀਤਾ। ਮੁੱਖ ਮਹਿਮਾਨ ਵੱਲੋਂ ਕਾਲਜ ਵਿੱਚ ਬੂਟੇ ਲਾਉਣ ਦੀ ਰਸਮ ਅਦਾ ਕੀਤੀ ਗਈ। ਇਸ ਉਪਰੰਤ ਜਸ਼ਨ ਨੇ ਹੁਨਰ ਦੇ ਰੰਗਾਰੰਗ ਪ੍ਰੋਗਰਾਮ ਦੀ ਸ਼ੁਰੂਆਤ ਸ਼ਮ੍ਹਾਦਾਨ ਰੌਸ਼ਨ ਕਰਕੇ ਕੀਤੀ ਗਈ। ਸ਼ਬਦ ਗਾਇਨ ਨਾਲ ਮੰਗਲਾਚਰਨ ਦੀ ਰਸਮ ਕਰਨ ਤੋਂ ਬਾਅਦ ਵਿਸ਼ੇਸ਼ ਤੌਰ 'ਤੇ ਓ.ਐਸ.ਡੀ ਡਾ. ਰਾਜਵਿੰਦਰ ਕੌਰ ਹੁੰਦਲ ਨੇ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਅਤੇ ਹੋਰ ਪਤਵੰਤੇ ਸੱਜਣਾਂ ਨੂੰ ਨਿੱਘਾ ਜੀ ਆਇਆਂ ਆਖਿਆ। ਹਰਜੋਤ ਕੌਰ ਲੋਹਟੀਆ ਦੇ ਜੀਵਨ, ਸਿੱਖਿਆ, ਸ਼ਖਸੀਅਤ, ਸੰਘਰਸ਼ ਅਤੇ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਭਵਿੱਖ ਵਿੱਚ ਕਾਮਯਾਬੀ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਸਟੇਜ ਸੰਚਾਲਕ ਦੀ ਭੂਮਿਕਾ ਡਾ. ਪਰਮਜੀਤ ਕੌਰ ਨੇ ਨਿਭਾਈ। ਕਾਲਜ ਦੇ ਵਿਦਿਆਰਥੀਆਂ ਵੱਲੋਂ ਲੋਕ ਗੀਤ, ਲੋਕ ਨਾਚ, ਕਵਿਤਾ ਉਚਾਰਨ, ਗਿੱਧਾ ਤੇ ਭੰਗੜੇ ਦੀ ਖ਼ੂਬਸੂਰਤ ਪੇਸ਼ਕਾਰੀ ਕੀਤੀ ਗਈ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੂੰ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਅਤੇ ਕਾਲਜ ਦੇ ਪ੍ਰਿੰਸੀਪਲ ਵੱਲੋਂ ਇਨਾਮ ਤਕਸੀਮ ਕੀਤੇ ਗਏ। ਮੁੱਖ ਮਹਿਮਾਨ ਹਰਜੋਤ ਕੌਰ ਲੋਹਟੀਆ ਨੇ ਵਿਦਿਆਰਥੀਆਂ ਨੂੰ ਸੰਬੋਧਨ ਹੁੰਦੇ ਹੋਏ ਉਹਨਾਂ ਨੂੰ ਸੰਦੇਸ਼ ਦਿੱਤਾ ਕਿ ਸਾਨੂੰ ਵੱਡਿਆਂ ਦਾ ਸਤਿਕਾਰ ਕਰਦੇ ਹੋਏ ਉਹਨਾਂ ਦੇ ਦੱਸੇ ਮਾਰਗ 'ਤੇ ਚੱਲਣਾ ਚਾਹੀਦਾ ਹੈ। ਸਮਾਗਮ ਦੇ ਅੰਤ ਵਿੱਚ ਮੈਡਮ ਵਿਸ਼ਾਲੀ ਪਸਰੀਚਾ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਉਨਾਂ ਨੇ ਕਾਲਜ ਦੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।



## ਕੋਟ ਗਰੇਵਾਲ 'ਚ ਸਰਾਧ ਸਮਾਗਮ ਭਲਕੇ ਮਨਾਇਆ ਜਾਵੇਗਾ

**ਦੁਸਾਂਝ ਕਲਾਂ (ਸੁਰਿੰਦਰਪਾਲ ਕੁੱਕੂ)**- ਕਰੀਬੀ ਪਿੰਡ ਕੋਟ ਗਰੇਵਾਲ ਵਿਖੇ ਡੇਰਾ ਬਾਬਾ ਸ੍ਰੀ ਚੰਦ ਜੀ ਮਹਾਰਾਜ ਦੇ ਅਸਥਾਨ ਤੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਸਾਲਾਨਾ ਸਰਾਧ ਜੋੜ ਮੇਲਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੇਰੇ ਦੇ ਗੱਦੀ ਨਸ਼ੀਨ ਸੰਤ ਬਾਬਾ ਭੁਪਿੰਦਰ ਦਾਸ ਨੇ ਦੱਸਿਆ ਕਿ ਆਰੰਭ ਸ੍ਰੀ ਅਖੰਡ ਪਾਠ 8 ਦਿਨ ਵੀਰਵਾਰ ਨੂੰ 11 ਵਜੇ ਕੀਤੇ ਜਾਣਗੇ ਅਤੇ 10 ਅਕਤੂਬਰ ਦਿਨ ਸ਼ਨੀਵਾਰ ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ, ਉਪਰੰਤ ਸੰਤ ਬਾਬਾ ਜੀਵਨ ਸਿੰਘ ਬਗੀਚੀ ਵਾਲੇ ਰਸਭਿੰਨਾ ਕੀਰਤਨ ਕਰਕੇ ਆਇਆ ਸੰਗਤਾਂ ਨੂੰ ਗੁਰਬਾਣੀ ਇਤਿਹਾਸ ਨਾਲ ਜੋੜਨਗੇ। ਇਸ ਸਮਾਗਮ ਦੁਰਾਨ ਪਹੁੰਚ ਰਹੇ ਮਹਾਂਪੁਰਸ਼ਾਂ 'ਚ ਸੰਤ ਬਾਬਾ ਸ਼ਾਮ ਦਾਸ ਜੀ ਡੇਰਾ ਮਾਹਿਲ ਗਹਿਲਾਂ ਵਾਲੇ, ਸੰਤ ਕੁਲਵੰਤ ਦਾਸ ਜੀ ਭਰੋ ਮਜ਼ਾਰਾ ਵਾਲੇ, ਸੰਤ ਨਿਰਮਲ ਦਾਸ ਜੀ ਆਬਾਦਾਨ ਵਾਲੇ, ਆਤਮਾ ਦਾਸ ਜੀ ਡੇਰਾ ਟਹਿਲ ਦਾਸ ਜੀ ਅੱਪਰਾ ਵਾਲੇ, ਸੰਤ ਅਸ਼ੋਕ ਦਾਸ ਡੇਰਾ ਸੰਤੋਖਪੁਰਾ ਵਾਲੇ ਆਇਆ ਸੰਗਤਾਂ ਨੂੰ ਦਰਸ਼ਨ ਦਿਦਾਰੇ ਦੇਣਗੇ।ਇਸ ਸਮਾਗਮ ਦੌਰਾਨ ਸਵੇਰੇ ਤੋਂ ਚਾਹ ਪਕੌੜਿਆਂ ਅਤੇ ਬਾਅਦ ਦੁਪਿਹਰ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।



## ਵਿਧਾਇਕ ਨੇ 34 ਮਾਲਕਾਂ ਨੂੰ ਪ੍ਰਾਪਰਟੀ ਕਾਰਡ ਵੰਡੇ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਨਕੋਦਰ ਬਲਾਕ ਦੇ ਪਿੰਡ ਜਮੀਤਗੜ੍ਹ ਖੋਸੇ ਵਿਖੇ ਵਿਧਾਇਕ ਇੰਦਰਜੀਤ





ਕੌਰ ਮਾਨ ਨੇ ਲਾਲ ਲਕੀਰ ਅੰਦਰ ਬਣੇ ਘਰਾਂ ਦੇ 34 ਮਾਲਕਾਂ ਨੂੰ ਕਾਨੂੰਨੀ ਤੌਰ ਤੇ ਮਾਲਕੀ ਹੱਕ ਦੇਣ ਲਈ ਪ੍ਰਾਪਰਟੀ ਕਾਰਡਾਂ ਦੀ ਵੰਡ ਕੀਤੀ। ਬੀਬੀ ਮਾਨ ਨੇ ਇਸ ਮੌਕੇ ਤੇ ਆਖਿਆ ਕਿ ਹਮੇਸ਼ਾ ਹੀ ਆਪਣੇ ਹਲਕੇ ਦੇ ਲੋਕਾਂ ਦੀਆਂ ਦੁੱਖ ਤਕਲੀਫਾਂ ਦੂਰ ਕਰਨ ਨੂੰ ਪਹਿਲ ਦਿੱਤੀ ਜਾਂਦੀ ਹੈ ਜਿਸ ਦੀ ਇਹ ਅੱਜ ਮਿਸਾਲ ਹੈ। ਮੇਰੀ ਟੀਮ ਵੱਲੋਂ ਪਿੰਡ ਪਿੰਡ ਫਿਰ ਕਿ ਲੋਕਾਂ ਦੇ ਨਿੱਜੀ ਕੰਮ ਕਰਵਾਉਣ ਨੂੰ ਪਹਿਲ ਦਿੱਤੀ ਜਾ ਰਹੀ ਹੈ।ਇਸ ਮੌਕੇ ਗੁਰਪ੍ਰੀਤ ਸਿੰਘ ਤਹਿਸੀਲਦਾਰ, ਨਾਇਬ ਤਹਿਸੀਲਦਾਰ ਬਲਜੀਤ ਸਿੰਘ,ਦਰਸ਼ਨ ਸਿੰਘ ਟਾਹਲੀ ਚੇਅਰਮੈਨ ਜ਼ਿਲਾ ਪ੍ਰੀਸ਼ਦ ਜਲੰਧਰ, ਸਰਪੰਚ ਮਨਜੀਤ ਕੌਰ ਔਜਲਾ, ਹਰਦੇਵ ਸਿੰਘ ਔਜਲਾ, ਕਸ਼ਮੀਰ ਸਿੰਘ ਪੰਚ, ਬਲਦੇਵ ਸਹੋਤਾ ਬਲਾਕ ਪ੍ਰਧਾਨ, ਜੀਵਨ ਸਿੰਘ ਵਾਲੀਆ ਚੇਅਰਮੈਨ ਆਦਿ ਹਾਜ਼ਰ ਸਨ। ਇਸ ਸਮੇਂ ਇਸ ਸਕੀਮ ਦਾ ਫਾਇਦਾ ਲੈਣ ਵਾਲਿਆ ਵਿੱਚ ਬਲਿੰਦਰ ਸਿੰਘ, ਮਨਜੀਤ ਕੌਰ, ਦਰਸ਼ਨ ਸਿੰਘ, ਬਲਿੰਦਰ ਸਿੰਘ, ਹਰਬੰਸ ਸਿੰਘ, ਜਗਤਾਰ ਸਿੰਘ, ਸੁਖਦੇਵ ਸਿੰਘ, ਗੁਰਦੀਪ ਸਿੰਘ, ਜਗਤਾਰ ਸਿੰਘ, ਸੁਖਦੇਵ ਸਿੰਘ, ਰਣਜੀਤ ਸਿੰਘ, ਨਰਿੰਦਰ ਸਿੰਘ, ਮਨਜੀਤ ਸਿੰਘ, ਪਲਵਿੰਦਰ ਸਿੰਘ, ਅਨੂਪ ਸਿੰਘ, ਕੁਲਵਿੰਦਰ ਸਿੰਘ ਆਦਿ ਲਾਭਪਾਤਰੀ ਸ਼ਾਮਲ ਸਨ।

## ਕੈਬਨਿਟ ਮੰਤਰੀ ਨੇ ਸ਼ਾਮ ਚੁਰਾਸੀ ਦੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਲਿਆ ਜਾਇਜ਼ਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਦੇ ਜੇਲ੍ਹਾਂ ਅਤੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸ਼ਾਮ ਚੁਰਾਸੀ ਵਿਧਾਨ ਸਭਾ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦੀ ਸਮੀਖਿਆ ਕਰਦਿਆਂ ਵੱਖ-ਵੱਖ ਵਿਭਾਗਾਂ ਦੇ ਸੰਬੰਧਤ ਅਧਿਕਾਰੀਆਂ ਨੂੰ ਚੱਲ ਰਹੇ ਕੰਮ ਤੈਅ ਸਮੇਂ ਵਿਚ ਮੁਕੰਮਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਕੈਬਨਿਟ ਮੰਤਰੀ ਨੇ ਲੋਕ ਨਿਰਮਾਣ ਵਿਭਾਗ, ਨਹਿਰੀ ਵਿਭਾਗ, ਸਿੱਖਿਆ ਵਿਭਾਗ, ਪੁਲਸ ਪ੍ਰਸ਼ਾਸਨ, ਜਲ ਸਪਲਾਈ ਤੇ ਸੈਨੀਟੇਸ਼ਨ ਸਮੇਤ ਹੋਰਨਾਂ ਵਿਭਾਗਾਂ ਦੇ ਉੱਚ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਦੀ ਵਿਸਥਾਰਪੂਰਵਕ ਜਾਣਕਾਰੀ ਲੈਂਦਿਆਂ ਕਿਹਾ ਕਿ ਇਨ੍ਹਾਂ ਕਾਰਜਾਂ ਦੀ ਗੁਣਵੱਤਾ ਨਾਲ ਕਿਸੇ ਵੀ ਕੀਮਤ 'ਤੇ ਕੋਈ ਸਮਝੌਤਾ ਨਾ ਹੋਵੇ ਅਤੇ ਸਾਰੇ ਪ੍ਰੋਜੈਕਟ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਨੇ ਯਕੀਨੀ ਬਣਾਏ ਜਾਣ।ਡਾ. ਰਵਜੋਤ ਸਿੰਘ ਨੇ ਸਮੂਹ ਅਧਿਕਾਰੀਆਂ ਨੂੰ ਕਿਹਾ ਕਿ ਸਬੰਧਤ ਵਿਭਾਗ ਆਪਸੀ ਤਾਲਮੇਲ ਅਤੇ ਸਹਿਯੋਗ ਨਾਲ ਚੱਲ ਰਹੇ ਕੰਮਾਂ ਲਿੰਕ ਸੜਕਾਂ, ਸਕੂਲਾਂ ਵਿਚ ਲੋੜੀਂਦੇ ਕਾਰਜ, ਪਿੰਡਾਂ ਅੰਦਰ ਵਿਕਾਸ ਕਾਰਜ ਆਦਿ ਨੂੰ ਤਰਜੀਹ ਦੇ ਆਧਾਰ 'ਤੇ ਮੁਕੰਮਲ ਕਰਵਾਇਆ ਜਾਵੇ। ਉਨ੍ਹਾਂ ਨੇ ਸੰਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਚੱਲ ਰਹੇ ਕਾਰਜਾਂ ਦੀ ਰੈਗੂਲਰ ਸਮੀਖਿਆ ਕਰਦੇ ਰਹਿਣ ਅਤੇ ਮਿਆਰ ਤੇ ਗੁਣਵੱਤਾ ਦਾ ਉੱਚ ਪੱਧਰ ਰੱਖਿਆ ਜਾਵੇ।ਇਸ ਮੌਕੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਗੁਰਵਿੰਦਰ ਸਿੰਘ ਪਲਾਹਾ, ਵਧੀਕ ਡਿਪਟੀ ਕਮਿਸ਼ਨਰ ਨਿਧੀ ਕੁਮੁਦ ਬੰਬਾਹ ਅਤੇ ਸੰਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।



## ਨੀਮਾ ਦਾ ਰਾਜ ਪੱਧਰੀ ਸਮਾਗਮ

**ਫਗਵਾੜਾ (ਕਮਲ ਰਾਏ)**- ਸੰਯੁਕਤ ਮੈਡੀਕਲ ਪ੍ਰਣਾਲੀ ਦੇ ਡਾਕਟਰਾਂ ਦੀ ਇੱਕ ਸੰਸਥਾ, ਨੈਸ਼ਨਲ ਇੰਟੀਗ੍ਰੇਟਿਡ ਮੈਡੀਕਲ ਐਸੋਸੀਏਸ਼ਨ (ਨੀਮਾ) ਦਾ ਰਾਜ ਪੱਧਰੀ ਸਮਾਗਮ ਸਥਾਨਕ ਹੋਟਲ ਮਿਰੇਕਲ ਵਿਖੇ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿੱਚ ਪੰਜਾਬ ਦੇ ਆਯੁਰਵੇਦ ਬੋਰਡ ਦੇ ਰਜਿਸਟਰਾਰ ਡਾ. ਸੰਜੀਵ ਗੋਇਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਹੋਟਲ ਮਿਰੇਕਲ ਵਿਖੇ ਹੋਏ ਸਮਾਗਮ ਦੇ ਪਹਿਲੇ ਸੈਸ਼ਨ ਵਿੱਚ ਗੋਡਿਆਂ ਦੇ ਸਰਜਨੀ ਮਾਹਰ ਡਾ. ਅੰਸ਼ੁਲ ਸੂਦ ਨੇ ਗੋਡਿਆਂ ਦੇ ਦਰਦ ਅਤੇ ਗੋਡਿਆਂ ਦੀ ਸਰਜਰੀ ਬਾਰੇ ਜਾਣਕਾਰੀ ਦਿੱਤੀ। ਸਮਾਗਮ ਦੇ ਦੂਜੇ ਸੈਸ਼ਨ ਵਿੱਚ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਸੂਬਾ ਪ੍ਰਧਾਨ ਡਾ. ਪ੍ਰਵੀਨ ਬਜਾਜ ਨੇ ਕਿਹਾ ਕਿ ਇੰਟੀਗ੍ਰੇਟਿਡ ਮੈਡੀਕਲ ਪ੍ਰਣਾਲੀਆਂ ਦਾ ਅਭਿਆਸ ਕਰਨ ਵਾਲੇ ਡਾਕਟਰ ਪੂਰੀ ਤਰ੍ਹਾਂ ਸਮਰੱਥ ਹਨ ਅਤੇ ਉਨ੍ਹਾਂ ਕੋਲ ਉਹ ਸਾਰੇ ਅਧਿਕਾਰ ਹਨ ਜਿਨ੍ਹਾਂ ਦੇ ਉਹ ਹੱਕਦਾਰ ਹਨ। ਇਸ ਸਮਾਗਮ ਦੇ ਮੁੱਖ ਮਹਿਮਾਨ ਡਾ. ਸੰਜੀਵ ਗੋਇਲ ਨੇ ਕਿਹਾ, ਜੇਕਰ ਕਿਸੇ ਵੀ ਡਾਕਟਰ ਨੂੰ ਕੋਈ ਸਮੱਸਿਆ ਆਉਂਦੀ ਹੈ, ਤਾਂ ਕਿਰਪਾ ਕਰਕੇ ਮੈਨੂੰ ਦੱਸੋ। ਮੈਂ ਇਸ ਨੂੰ ਹੱਲ ਕਰਾਂਗਾ ਕਿਉਂਕਿ ਤੁਸੀਂ ਹਰ ਤਰ੍ਹਾਂ ਨਾਲ ਸਮਰੱਥ ਹੋ। ਇਸ ਤੋਂ ਪਹਿਲਾਂ, ਨੀਮਾ ਫਗਵਾੜਾ ਦੇ ਪ੍ਰਧਾਨ ਡਾ. ਨੀਰਜ ਅੱਬੀ ਨੇ ਅਜਿਹੇ ਪ੍ਰੋਗਰਾਮ ਦੇ ਆਯੋਜਨ ਦੇ ਸਨਮਾਨ ਲਈ ਆਪਣੀ ਪ੍ਰਸ਼ੰਸਾ ਪ੍ਰਗਟ ਕੀਤੀ। ਇਸ ਮੌਕੇ ਸੂਬਾ ਸਕੱਤਰ ਡਾ. ਅਨਿਲ ਨਾਗਰਥ, ਸੂਬਾ ਖਜ਼ਾਨਚੀ ਡਾ. ਵਿਪੁਲ



ਕੱਕੜ, ਸੂਬਾ ਮਹਿਲਾ ਮੰਚ ਦੀ ਪ੍ਰਧਾਨ ਡਾ. ਵੀਨਾ ਗੁੱਬਰ, ਸਥਾਨਕ ਪ੍ਰਧਾਨ ਡਾ. ਅਨੂਭਾ ਓਹਰੀ, ਸਾਬਕਾ ਪ੍ਰਧਾਨ ਜਵਾਹਰ ਧੀਰ, ਵਿਵੇਕ ਮਹਾਜਨ, ਬੀ.ਐਸ. ਸਮੇਤ ਸਥਾਨਕ ਡਾਕਟਰਾਂ ਤੋਂ ਇਲਾਵਾ, ਡਾ. ਭਾਟੀਆ, ਯਸ਼ ਚੋਪੜਾ, ਰਮਨਦੀਪ ਸਿੰਘ ਕਿੰਦਾ, ਨਿਖਿਲ ਖੋਸਲਾ, ਅਜੇ ਓਹਰੀ, ਰਾਕੇਸ਼ ਖੋਸਲਾ, ਰੋਹਨ ਓਹਰੀ, ਪੰਕਜ ਸੂਦ, ਗੁਰਦੀਪ ਸੰਧੂ, ਵਿਜੇ ਮੋਹਨ, ਸਚਿਨ ਬੱਗਾ, ਰੀਆ ਭਾਰਦਵਾਜ, ਸੋਨੀਆ, ਸੋਨੀਆ ਅਗਰਵਾਲ ਆਦਿ ਅਤੇ ਸੂਬੇ ਭਰ ਦੇ ਸੈਂਕੜੇ ਡਾਕਟਰ ਹਾਜ਼ਰ ਸਨ।

## 'ਸਾਡੇ ਬਜ਼ੁਰਗ-ਸਾਡਾ ਮਾਣ' ਸਮਾਰੋਹ 13 ਨੂੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਦੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਬਜ਼ੁਰਗ ਨਾਗਰਿਕਾਂ ਦੀ ਭਲਾਈ ਲਈ ਤਿਆਰ ਕੀਤੇ ਗਏ ਸਟੇਟ ਐਕਸ਼ਨ ਪਲਾਨ ਫਾਰ ਸੀਨੀਅਰ ਸਿਟੀਜ਼ਨ 2026-27 ਤਹਿਤ ਜ਼ਿਲ੍ਹਾ ਪ੍ਰਸ਼ਾਸਨ ਹੁਸ਼ਿਆਰਪੁਰ ਦੇ ਸਹਿਯੋਗ ਨਾਲ 13 ਅਕਤੂਬਰ ਨੂੰ ਸਿਟੀ ਸੈਂਟਰ, ਊਨਾ ਰੋਡ ਵਿਖੇ ਜ਼ਿਲ੍ਹਾ ਪੱਧਰੀ ਸਮਾਰੋਹ ਸਾਡੇ ਬਜ਼ੁਰਗ-ਸਾਡਾ ਮਾਣ ਕਰਵਾਇਆ ਜਾ ਰਿਹਾ ਹੈ।ਸਮਾਰੋਹ ਦੌਰਾਨ ਬਜ਼ੁਰਗ ਨਾਗਰਿਕਾਂ ਦੀ ਭਲਾਈ ਲਈ ਮੁਫ਼ਤ ਹੈਲਥ ਅਤੇ ਮੈਡੀਕਲ ਕੈਂਪ, ਮੁਫ਼ਤ ਦਵਾਈਆਂ, ਬਜ਼ੁਰਗਾਂ ਦੀ ਸੁਰੱਖਿਆ ਲਈ ਜਾਗਰੂਕਤਾ ਕੈਂਪ ਵੀ ਲਗਾਇਆ ਜਾਵੇਗਾ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਰੋਹ ਦੌਰਾਨ ਬੁਢਾਪਾ ਪੈਨਸ਼ਨ ਲਈ ਯੋਗ ਬਜ਼ੁਰਗ ਨਾਗਰਿਕਾਂ ਦੇ ਬੁਢਾਪਾ ਪੈਨਸ਼ਨ ਅਤੇ ਸੀਨੀਅਰ ਸਿਟੀਜ਼ਨ ਪਹਿਚਾਣ ਪੱਤਰਾਂ ਦੇ ਫਾਰਮ ਵੀ ਆਨਲਾਈਨ ਅਪਲਾਈ ਕੀਤੇ ਜਾਣਗੇ। ਜ਼ਿਕਰਯੋਗ ਹੈ ਕਿ ਜਿਹੜੇ ਬਜ਼ੁਰਗ ਨਾਗਰਿਕ ਬੁਢਾਪਾ ਪੈਨਸ਼ਨ ਲਈ ਪੈਨਸ਼ਨ ਨਿਯਮਾਂ ਅਨੁਸਾਰ ਸ਼ਰਤਾਂ ਪੂਰੀਆਂ ਕਰਦੇ ਹਨ, ਉਮਰ ਦੇ ਸਬੂਤ ਵਜੋਂ ਦੇ ਦਸਤਾਵੇਜ਼ ਜਿਵੇਂ ਆਧਾਰ ਕਾਰਡ ਅਤੇ ਦੂਸਰਾ ਉਮਰ ਦੇ ਸਬੂਤ ਵਜੋਂ ਵੋਟਰ ਕਾਰਡ/ਵੋਟਰ ਸਲਿਪ, ਦਸਵੀਂ ਦਾ ਸਰਟੀਫਿਕੇਟ, ਜਨਮ ਸਰਟੀਫਿਕੇਟ ਤੋਂ ਇਲਾਵਾ ਆਪਣੀ ਬੈਂਕ ਖਾਤੇ ਕਾਪੀ ਨਾਲ ਲਿਆ ਕੇ ਬੁਢਾਪਾ ਪੈਨਸ਼ਨ ਅਪਲਾਈ ਕਰ ਸਕਦੇ ਹਨ। ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਰੇਸ਼ ਕੁਮਾਰ ਵੱਲੋਂ ਬਜ਼ੁਰਗ ਨਾਗਰਿਕਾਂ ਨੂੰ ਵੱਧ ਤੋਂ ਵੱਧ ਬਜ਼ੁਰਗਾਂ ਨੂੰ ਇਸ ਜ਼ਿਲ੍ਹਾ ਪੱਧਰੀ ਸਮਾਰੋਹ ਵਿੱਚ ਪਹੁੰਚ ਕੇ ਇਨ੍ਹਾਂ ਕੈਂਪਾਂ ਦਾ ਲਾਭ ਲੈਣ ਦੀ ਅਪੀਲ ਕੀਤੀ ਗਈ।

## ਕਾਂਗਰਸ 'ਤੇ ਨੌਜਵਾਨਾਂ ਦਾ ਵਧ ਰਿਹਾ ਵਿਸ਼ਵਾਸ : ਮੰਗੂਪੁਰ

**ਬਲਾਚੌਰ (ਜਸਵਿੰਦਰ ਬੈਂਸ)**- ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਕਾਂਗਰਸ ਪਾਰਟੀ ਦੀਆਂ ਜੜ੍ਹਾਂ ਹੋ ਰਹੀਆਂ ਹੋਰ ਵੀ ਮਜ਼ਬੂਤ ਇਹ ਕਹਿਣਾ ਹੈ ਸ਼ਹੀਦ ਭਗਤ ਸਿੰਘ ਨਗਰ ਤੋਂ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਦਾ।ਇਸ ਮੌਕੇ ਪਿੰਡ-ਰੈਲ ਮਾਜਰਾ ਤੋਂ ਜਗਤਾਰ ਖਾਨ ਦੇ ਯਤਨਾਂ ਸਦਕਾ ਸ਼ਨੀ ਬਾਵਾਂ ਕਾਲ੍ਹੀ ਵਿਜੇ ਮਨੋਰੀ ਚੌਧਰੀ ਰਵੀਨਾਈ ਪਿੰਕਾ ਰਾਣਾ ਰਾਵੀ ਉਮਾ ਕਾਕਾ ਰਾਣਾ ਪੂਰਨੇ ਚੌਧਰੀ ਰਿੰਕੂ ਕੁਮਾਰ ਵੱਖ-ਵੱਖ ਪਾਰਟੀਆਂ ਨੂੰ ਛੱਡ ਪਰਿਵਾਰਾਂ ਸਮੇਤ ਕਾਂਗਰਸ ਪਰਵਾਰ ਵਿੱਚ ਵਾਧਾ ਕਰਦੇ ਹੋਏ ਕਾਂਗਰਸ ਪਾਰਟੀ ਦਫ਼ਤਰ ਬਲਾਚੌਰ ਵਿਖੇ ਅਜੇ ਮੰਗੂਪੁਰ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ। ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਨੇ ਉਨ੍ਹਾਂ ਨੂੰ ਕਾਂਗਰਸ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਬਾਰੇ ਜਾਣੂ ਕਰਵਾਇਆ। ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਏ ਸਾਥੀਆਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਕਾਂਗਰਸ ਪਾਰਟੀ ਉਨ੍ਹਾਂ ਲਈ ਹਰ ਸਮੇਂ ਹਾਜ਼ਰ ਰਹੇਗੀ।



## ਗਣਿਤ 'ਚ ਨਵੀਨ ਤਰੱਕੀਆਂ ਬਾਰੇ ਰਾਸ਼ਟਰੀ ਸੈਮੀਨਾਰ

**ਜਲੰਧਰ (ਸ਼ੈਲੀ ਐਲਬਰਟ)**- ਹੰਸ ਰਾਜ ਮਹਿਲਾ ਮਹਾ ਵਿਦਿਆਲਿਆ ਜਲੰਧਰ ਦੇ ਗਣਿਤ ਵਿਭਾਗ ਵੱਲੋਂ ਪ੍ਰਿੰਸੀਪਲ ਡਾ. (ਸ਼੍ਰੀਮਤੀ) ਏਕਤਾ ਖੋਸਲਾ ਦੀ ਸੂਝਵਾਨ ਰਹਿਨੁਮਾਈ ਅਤੇ ਸਹਿਯੋਗ ਹੇਠ 'ਰਿਸੇਂਟ ਐਡਵਾਂਸਮੇਂਟ ਐਂਡ ਐਪਲੀਕੇਸ਼ਨਸ ਆਫ ਪਿਓਰ ਐਂਡ ਅਪਲਾਈਡ ਮੈਥੇਮੈਟਿਕਸ ਇਨ ਵੇਰੀਅਸ ਫੀਲਡਸ' ਵਿਸ਼ੇ 'ਤੇ ਇੱਕ ਰੋਜ਼ਾ ਰਾਸ਼ਟਰੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸੈਮੀਨਾਰ ਦਾ ਉਦੇਸ਼ ਫੈਕਲਟੀ ਮੈਂਬਰਾਂ, ਵਿਦਿਆਰਥੀਆਂ ਅਤੇ ਗਣਿਤ ਪ੍ਰੇਮੀਆਂ ਨੂੰ ਵਿਚਾਰਾਂ ਦੇ ਆਦਾਨ-ਪ੍ਰਦਾਨ ਅਤੇ ਗਣਿਤ ਵਿੱਚ ਹੋ ਰਹੀਆਂ ਨਵੀਨ ਤਰੱਕੀਆਂ ਅਤੇ ਇਸ ਦੇ ਵਿਭਿੰਨ ਉਪਯੋਗਾਂ ਦੀ ਪੜਚੋਲ ਲਈ ਇੱਕ ਅਕਾਦਮਿਕ ਮੰਚ ਪ੍ਰਦਾਨ ਕਰਨਾ ਸੀ। ਪ੍ਰੋਗਰਾਮ ਦੀ ਸ਼ੁਰੂਆਤ ਡਾ. ਦੀਪਾਲੀ ਦੇ ਸਵਾਗਤੀ ਭਾਸ਼ਣ ਨਾਲ ਹੋਈ, ਜਿਸ ਵਿੱਚ ਉਨ੍ਹਾਂ ਨੇ ਪ੍ਰਿੰਸੀਪਲ ਡਾ. ਏਕਤਾ ਖੋਸਲਾ, ਰਿਸੋਰਸ ਪਰਸਨ, ਆਈਕਿਊਏਸੀ ਕੋਆਰਡੀਨੇਟਰ ਡਾ. ਅੰਜਨਾ ਭਾਟੀਆ, ਗਣਿਤ ਵਿਭਾਗ ਮੁਖੀ ਡਾ. ਗਗਨਦੀਪ ਅਤੇ ਸਾਰੇ ਭਾਗੀਦਾਰਾਂ ਦਾ ਨਿੱਘਾ ਸਵਾਗਤ ਕੀਤਾ। ਡਾ. ਗਗਨਦੀਪ ਨੇ ਸੈਮੀਨਾਰ ਦੇ ਕਨਵੀਨਰ ਵਜੋਂ ਸੇਵਾ ਨਿਭਾਈ। ਉਦਘਾਟਨੀ ਸੈਸ਼ਨ ਵਿੱਚ ਡਾ. ਗਗਨਦੀਪ ਨੇ ਪ੍ਰਸਿੱਧ ਸਰੋਤ ਵਿਅਕਤੀਆਂ ਨਾਲ ਜਾਣ-ਪਛਾਣ ਕਰਵਾਈ ਅਤੇ ਸਮਕਾਲੀ ਗਣਿਤਕ ਖੋਜ ਦੀ ਮਹੱਤਤਾ ਬਾਰੇ ਗੱਲ ਕੀਤੀ।



ਪ੍ਰਸਿੱਧ ਸਰੋਤ ਵਿਅਕਤੀਆਂ ਵਿੱਚ ਪ੍ਰੋ. ਜੀ. ਮਹਾਦੇਵਨ, ਪ੍ਰੋਫੈਸਰ ਅਤੇ ਮੁਖੀ, ਗਣਿਤ ਵਿਭਾਗ, ਗਾਂਧੀਗ੍ਰਾਮ ਰੂਰਲ ਇੰਸਟੀਚਿਊਟ, ਤਾਮਿਲਨਾਡੂ, ਪ੍ਰੋ. ਐਨ. ਅਨਬਜ਼ਹਗਨ, ਸੀਨੀਅਰ ਪ੍ਰੋਫੈਸਰ ਅਤੇ ਮੁਖੀ, ਗਣਿਤ ਵਿਭਾਗ, ਅਲਗੱਪਾ ਯੂਨੀਵਰਸਿਟੀ, ਤਾਮਿਲਨਾਡੂ ਅਤੇ ਡਾ. ਐਮ. ਸੀਨੀਵਾਸਨ, ਐਸੋਸੀਏਟ ਪ੍ਰੋਫੈਸਰ, ਗਣਿਤ ਵਿਭਾਗ, ਅੰਨਾਮਲਾਈ ਯੂਨੀਵਰਸਿਟੀ, ਤਾਮਿਲਨਾਡੂ ਸ਼ਾਮਲ ਸਨ। ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਸਮਕਾਲੀ ਖੋਜ, ਨਵੀਨਤਾ ਅਤੇ ਤਕਨੀਕੀ ਤਰੱਕੀ ਵਿੱਚ ਗਣਿਤ ਦੀ ਵਧ ਰਹੀ ਪ੍ਰਸੰਗਿਕਤਾ 'ਤੇ ਜ਼ੋਰ ਦਿੱਤਾ। ਪ੍ਰਿੰਸੀਪਲ ਖੋਸਲਾ ਨੇ ਵਿਦਿਆਰਥੀਆਂ ਨੂੰ ਗਣਿਤਕ ਧਾਰਨਾਵਾਂ ਅਤੇ ਉਨ੍ਹਾਂ ਦੇ ਵਿਹਾਰਕ ਉਪਯੋਗਾਂ ਦੀ ਡੂੰਘੀ ਸਮਝ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ।

ਇਸ ਸੈਮੀਨਾਰ ਵਿੱਚ ਗਣਿਤ ਵਿਭਾਗ ਦੇ 80 ਤੋਂ ਵੱਧ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਅਤੇ ਜੋਸ਼ ਨਾਲ ਭਾਗ ਲਿਆ। ਸਮਾਗਮ ਦਾ ਸਮਾਪਨ ਡਾ. ਗੌਰਵ ਵਰਮਾ ਵੱਲੋਂ ਧੰਨਵਾਦ ਦੇ ਮਤੇ ਨਾਲ ਹੋਇਆ। ਇਸ ਮੌਕੇ 'ਤੇ ਮਿਸ ਸਿਮਰਦੀਪ ਕੌਰ ਅਤੇ ਮਿਸ ਨੈਂਸੀ ਵੀ ਮੌਜੂਦ ਸਨ।

## ਪਟਾਕੇ ਤੇ ਆਤਿਸ਼ਬਾਜ਼ੀ ਚਲਾਉਣ ਲਈ ਸਮਾਂ ਨਿਰਧਾਰਿਤ

**ਹੁਸ਼ਿਆਰਪੁਰ (ਓ ਪੀ ਰਾਣਾ)**- ਜ਼ਿਲ੍ਹਾ ਮੈਜਿਸਟਰੇਟ ਆਸ਼ਿਕਾ ਜੈਨ ਨੇ ਤਿਉਹਾਰਾਂ ਮੌਕੇ ਜ਼ਿਲ੍ਹੇ ਅੰਦਰ ਪਟਾਕੇ ਚਲਾਉਣ ਸਬੰਧੀ ਹੁਕਮ ਜਾਰੀ ਕਰਦਿਆਂ ਸਮਾਂ ਨਿਰਧਾਰਤ ਕੀਤਾ ਹੈ ਅਤੇ ਲੋਕਾਂ ਨੂੰ ਤਿਉਹਾਰਾਂ ਮੌਕੇ ਸਿਰਫ਼ ਗਰੀਨ ਪਟਾਕੇ (ਵਾਤਾਵਰਣ ਪੱਖੀ) ਹੀ ਚਲਾਉਣ ਦੀ ਹਦਾਇਤ ਕੀਤੀ। ਹੁਕਮਾਂ ਅਨੁਸਾਰ ਕਿਸੇ ਵੀ ਤਰ੍ਹਾਂ ਦੇ ਬਹੁਤ ਜ਼ਿਆਦਾ ਆਵਾਜ਼ ਜਾਂ ਧਮਾਕੇ ਵਾਲੇ ਬਿਲਕੁਲ ਨਾ ਚਲਾਏ ਜਾਣ।ਜ਼ਿਲ੍ਹਾ ਮੈਜਿਸਟਰੇਟ ਵਲੋਂ ਜਾਰੀ ਹੁਕਮਾਂ ਅਨੁਸਾਰ ਦੀਵਾਲੀ ਵਾਲੇ ਦਿਨ 8 ਨਵੰਬਰ 2026 ਨੂੰ ਰਾਤ 8:00 ਵਜੇ ਤੋਂ ਰਾਤ 10 ਵਜੇ ਤੱਕ ਮਨਜ਼ੂਰਸ਼ੁਦਾ ਪਟਾਕੇ ਚਲਾਏ ਜਾ ਸਕਣਗੇ। ਇਸੇ ਤਰ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਵਾਲੇ ਦਿਨ 24 ਨਵੰਬਰ ਨੂੰ ਸਵੇਰੇ 4:00 ਵਜੇ ਤੋਂ ਸਵੇਰੇ 5:00 ਵਜੇ ਤੱਕ ਅਤੇ ਰਾਤ 9:00 ਵਜੇ ਤੋਂ ਰਾਤ 10:00 ਵਜੇ ਤੱਕ ਪਟਾਕੇ ਚਲਾਏ ਜਾਣ ਦਾ ਸਮਾਂ ਨਿਰਧਾਰਤ ਕੀਤਾ ਗਿਆ ਹੈ। ਜਾਰੀ ਹੁਕਮਾਂ ਅਨੁਸਾਰ ਕ੍ਰਿਸਮਸ ਵਾਲੇ ਦਿਨਾਂ 25 ਅਤੇ 26 ਦਸੰਬਰ ਨੂੰ ਰਾਤ 11:55 ਵਜੇ ਤੋਂ ਰਾਤ 12:30 ਵਜੇ ਤੱਕ ਪਟਾਕੇ ਚਲਾਏ ਜਾ ਸਕਣਗੇ। ਨਵੇਂ ਸਾਲ ਦੀ ਪੂਰਬਲੀ ਸ਼ਾਮ ਮੌਕੇ 31 ਦਸੰਬਰ ਨੂੰ ਰਾਤ 11:55 ਵਜੇ ਤੋਂ ਰਾਤ 12:30 ਵਜੇ ਤੱਕ ਹੀ ਪਟਾਕੇ ਚਲਾਉਣ ਦਾ ਸਮਾਂ ਨਿਰਧਾਰਤ ਕੀਤਾ ਗਿਆ ਹੈ। ਜਾਰੀ ਹੁਕਮਾਂ ਵਿਚ ਕਿਹਾ ਗਿਆ ਹੈ ਕਿ ਅਕਸਰ ਦੇਖਣ ਵਿਚ ਆਇਆ ਹੈ ਕਿ ਲੋਕਾਂ ਵਲੋਂ ਅਜਿਹੇ ਪਟਾਕੇ ਚਲਾਏ ਜਾਂਦੇ ਹਨ ਜਿਹੜੇ ਬਜ਼ੁਰਗਾਂ, ਬੀਮਾਰਾਂ, ਬੱਚਿਆਂ ਆਦਿ ਦੀ ਸਿਹਤ 'ਤੇ ਮਾੜਾ ਅਸਰ ਪਾਉਂਦੇ ਹਨ ਜਿਸ ਦੇ ਮੱਦੇਨਜ਼ਰ ਪਟਾਕੇ ਵੇਚਣ ਵਾਲਿਆਂ, ਡੀਲਰਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਲੜੀਵਾਰ ਚੱਲਣ ਵਾਲੇ ਪਟਾਕੇ ਅਤੇ ਲੜੀਆਂ ਆਦਿ ਵੇਚਣ 'ਤੇ ਪਾਬੰਦੀ ਰਹੇਗੀ। ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਸਿਰਫ ਗਰੀਨ ਪਟਾਕੇ (ਵਾਤਾਵਰਣ ਪੱਖੀ) ਦੀ ਵਿਕਰੀ ਦੀ ਇਜ਼ਾਜਤ ਰਹੇਗੀ ਅਤੇ ਮਨਜ਼ੂਰਸ਼ੁਦਾ ਪਟਾਕੇ ਸਿਰਫ਼ ਲਾਇਸੰਸ ਧਾਰਕ ਟਰੇਡਰਾਂ ਵਲੋਂ ਹੀ ਵੇਚੇ ਜਾਣਗੇ। ਕੋਈ ਵੀ ਲਾਇਸੰਸ ਧਾਰਕ ਟਰੇਡਰ ਅਜਿਹੇ ਪਟਾਕੇ ਨਹੀਂ ਵੇਚੇਗਾ ਜਿਸ ਦੀ ਆਵਾਜ ਨਿਰਧਾਰਤ ਆਵਾਜ਼ ਤੋਂ ਜ਼ਿਆਦਾ ਹੋਵੇਗੀ। ਹੁਕਮਾਂ ਅਨੁਸਾਰ ਕੋਈ ਵੀ ਈ-ਕਾਮਰਸ ਵੈੱਬਸਾਈਟ ਆਨਲਾਈਨ ਪਟਾਕਿਆਂ ਦੀ ਵਿਕਰੀ ਨਹੀਂ ਕਰੇਗੀ। ਇਨ੍ਹਾਂ ਹਦਾਇਤਾਂ ਦੀ ਉਲੰਘਣਾ ਦੀ ਮਾਮਲਿਆਂ ਵਿਚ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।



## ਕਿਸਾਨ ਮੇਲਾ ਤੇ ਖੇਤੀ ਪ੍ਰਦਰਸ਼ਨੀਆਂ ਅੱਜ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਹਾੜ੍ਹੀ ਦੀਆਂ ਫ਼ਸਲਾਂ ਅਤੇ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਸਬੰਧੀ ਕਿਸਾਨਾਂ ਨੂੰ ਤਕਨੀਕੀ ਜਾਣਕਾਰੀ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ 9 ਅਕਤੂਬਰ ਨੂੰ ਇੰਪਰੂਵਮੈਂਟ ਟਰੱਸਟ ਗਰਾਊਂਡ, ਕਰਤਾਰਪੁਰ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ ਅਤੇ ਖੇਤੀ ਪ੍ਰਦਰਸ਼ਨੀਆਂ ਲਗਾਈਆਂ ਜਾ ਰਹੀਆਂ ਹਨ। ਕਿਸਾਨ ਮੇਲੇ ਵਿੱਚ ਹਲਕਾ ਵਿਧਾਇਕ ਬਲਕਾਰ ਸਿੰਘ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।

ਮੁੱਖ ਖੇਤੀਬਾੜੀ ਅਫ਼ਸਰ ਰਣਧੀਰ ਸਿੰਘ ਨੇ ਵਧੇਰੇ ਜਾਣਕਾਰੀ ਦੱਸਿਆ ਕਿ ਕਿਸਾਨ ਮੇਲੇ ਦਾ ਉਦਘਾਟਨ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਵੱਲੋਂ ਕੀਤਾ ਜਾਵੇਗਾ ਅਤੇ ਸਯੁੰਕਤ ਡਾਇਰੈਕਟਰ ਖੇਤੀਬਾੜੀ ਜਗਦੀਸ਼ ਸਿੰਘ ਕੈਂਪ ਦੀ ਪ੍ਰਧਾਨਗੀ ਕਰਨਗੇ।ਉਨ੍ਹਾਂ ਦੱਸਿਆ ਕਿ ਕਿਸਾਨ ਮੇਲੇ ਵਿੱਚ ਕਰੀਬ 2 ਹਜ਼ਾਰ ਕਿਸਾਨਾਂ ਦੇ ਭਾਗ ਲੈਣ ਦੀ ਉਮੀਦ ਹੈ, ਜਿਨ੍ਹਾਂ ਨੂੰ ਮੌਸਮੀ ਸਬਜ਼ੀਆਂ ਦੇ ਬੀਜਾਂ ਵਾਲੀਆਂ ਕਿਚਨ ਗਾਰਡਨ ਕਿੱਟਾਂ ਮੁਫ਼ਤ ਦਿੱਤੀਆਂ ਜਾਣਗੀਆਂ।

## ਚੇਅਰਮੈਨ ਰਣਬੀਰ ਸਿੰਘ ਧਾਲੀਵਾਲ ਤੇ ਵਾਈਸ ਚੇਅਰਮੈਨ ਦਰਸ਼ਨ ਕੌਰ ਨੇ ਸੰਭਾਲੇ ਅਹੁਦੇ

**ਪੋਜੇਵਾਲ (ਰਾਮ ਲਾਲ)**- ਬਲਾਕ ਸੰਮਤੀ ਬਲਾਚੌਰ ਦੇ ਨਵੇਂ ਚੁਣੇ ਗਏ ਚੇਅਰਮੈਨ ਰਣਬੀਰ ਸਿੰਘ ਧਾਲੀਵਾਲ ਅਤੇ ਵਾਇਸ ਚੇਅਰਮੈਨ ਬੀਬੀ ਦਰਸ਼ਨ ਕੌਰ ਨੇ ਆਪਣੇ ਅਹੁਦੇ ਸੰਭਾਲ ਲਏ। ਇਸ ਮੌਕੇ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਨੇ ਦੋਵਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈਆਂ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ। ਵਿਧਾਇਕਾ ਸੰਤੋਸ਼ ਕਟਾਰੀਆ ਨੇ ਕਿਹਾ ਕਿ ਬਲਾਕ ਸੰਮਤੀ ਦੀ ਨਵੀਂ ਟੀਮ ਤੋਂ ਇਲਾਕੇ ਦੇ ਲੋਕਾਂ ਨੂੰ ਵੱਡੀਆਂ ਉਮੀਦਾਂ ਹਨ। ਉਨ੍ਹਾਂ ਕਿਹਾ ਕਿ ਚੇਅਰਮੈਨ ਰਣਬੀਰ ਸਿੰਘ ਧਾਲੀਵਾਲ ਅਤੇ ਵਾਇਸ ਚੇਅਰਮੈਨ ਬੀਬੀ ਦਰਸ਼ਨ ਕੌਰ ਪਿੰਡਾਂ ਦੇ ਵਿਕਾਸ, ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਅਤੇ ਲੋਕ ਭਲਾਈ ਦੇ ਕੰਮਾਂ ਨੂੰ ਤਰਜੀਹ ਦਿੰਦੇ ਹੋਏ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ।ਸੀਨੀਅਰ ਆਮ ਆਦਮੀ ਪਾਰਟੀ ਆਗੂ ਅਸ਼ੋਕ ਕਟਾਰੀਆ ਨੇ ਵੀ ਨਵ-ਨਿਯੁਕਤ ਚੇਅਰਮੈਨ ਅਤੇ ਵਾਇਸ ਚੇਅਰਮੈਨ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਬਲਾਕ ਸੰਮਤੀ ਦੀ ਨਵੀਂ ਟੀਮ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਉਨ੍ਹਾਂ ਦੀਆਂ ਲੋੜਾਂ ਅਤੇ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਕੰਮ ਕਰੇਗੀ।



## ਮੇਹਰ ਚੰਦ ਪੋਲੀਟੈਕਨਿਕ ਵਿਖੇ ਕੁਇਜ਼ ਮੁਕਾਬਲੇ ਕਰਵਾਏ

**ਜਲੰਧਰ (ਸ਼ੈਲੀ ਐਲਬਰਟ)**- ਮੇਹਰ ਚੰਦ ਪੋਲੀਟੈਕਨਿਕ ਕਾਲਜ ਦੇ ਰੈੱਡ ਰਿਬਨ ਕਲੱਬ ਵੱਲੋਂ ਅੰਤਰ-ਵਿਭਾਗੀ ਕੁਇਜ਼ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਮੁਕਾਬਲਿਆਂ ਦੀ ਪ੍ਰਧਾਨਗੀ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਕੀਤੀ।ਇਸ ਮੌਕੇ 'ਤੇ ਬੋਲਦਿਆਂ ਡਾ. ਜਗਰੂਪ ਸਿੰਘ ਨੇ ਕਿਹਾ ਕਿ ਇਨ੍ਹਾਂ ਮੁਕਾਬਲਿਆਂ ਦਾ ਮੁੱਖ ਮਕਸਦ ਵਿਦਿਆਰਥੀਆਂ ਨੂੰ ਨਸ਼ਿਆਂ ਅਤੇ ਸਮਾਜਿਕ ਬੁਰਾਈਆਂ ਤੋਂ ਬਚਾਉਣਾ ਹੈ।ਉਨ੍ਹਾਂ ਕਿਹਾ ਕਿ ਵਿਦਿਆਰਥੀ ਸਮਾਜ ਨੂੰ ਨਸ਼ਿਆਂ ਅਤੇ ਸਮਾਜਿਕ ਬੁਰਾਈਆਂ ਪ੍ਰਤੀ ਜਾਗਰੂਕ ਕਰਨ ਲਈ ਅਹਿਮ ਯੋਗਦਾਨ ਪਾ ਸਕਦੇ ਹਨ।ਰੈੱਡ ਰਿਬਨ ਕਲੱਬ ਦੇ ਪ੍ਰਧਾਨ ਪ੍ਰੋਫ਼ੈਸਰ ਸੰਦੀਪ ਕੁਮਾਰ ਨੇ ਕਿਹਾ ਕਿ ਇਸ ਵੇਲੇ ਸਭ ਤੋਂ ਵੱਡੀ ਲੋੜ ਵਿਦਿਆਰਥੀਆਂ ਨੂੰ ਨਸ਼ੇ ਤੋਂ ਬਚਾਉਣਾ ਹੈ।ਇਨ੍ਹਾਂ ਮੁਕਾਬਲਿਆਂ ਵਿੱਚ 'ਇਲੈਕਟ੍ਰੀਕਲ ਇੰਜੀਨੀਅਰਿੰਗ ਵਿਭਾਗ ਨੇ ਪਹਿਲਾ, ਸਿਵਲ ਇੰਜੀਨੀਅਰਿੰਗ ਵਿਭਾਗ ਨੇ ਦੂਜਾ ਅਤੇ ਕੰਪਿਊਟਰ ਸਾਇੰਸ ਵਿਭਾਗ' ਨੇ ਤੀਜਾ ਸਥਾਨ ਹਾਸਲ ਕੀਤਾ।



## ਕਰਾਟੇ, ਘੋੜਸਵਾਰੀ ਤੇ ਨਿਸ਼ਾਨੇਬਾਜ਼ੀ ਦੇ ਮੁਕਾਬਲੇ ਭਲਕ ਤੋਂ

**ਮੁਹਾਲੀ (ਗੁਰਜੀਤ ਬਿੱਲਾ)**- 'ਖੇਡਾਂ ਵਤਨ ਪੰਜਾਬ ਦੀਆਂ-2026' ਸੀਜ਼ਨ-4 ਤਹਿਤ ਚੱਲ ਰਹੇ ਖੇਡ ਮੁਕਾਬਲਿਆਂ ਦੇ ਹਿੱਸੇ ਵਜੋਂ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਵਿੱਚ ਆਉਣ ਵਾਲੇ ਦਿਨਾਂ ਦੌਰਾਨ ਕਰਾਟੇ, ਘੁੜਸਵਾਰੀ ਅਤੇ ਨਿਸ਼ਾਨੇਬਾਜ਼ੀ ਦੇ ਰਾਜ ਪੱਧਰੀ ਮੁਕਾਬਲੇ ਕਰਵਾਏ ਜਾਣਗੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮਿਸ ਲਿੰਧੀਆ ਏ ਐਨ, (ਸਿਖਲਾਈ ਅਧੀਨ), ਨੇ ਦੱਸਿਆ ਕਿ ਕਰਾਟੇ ਦੇ ਪੁਰਸ਼ ਅਤੇ ਮਹਿਲਾ ਵਰਗ ਦੇ ਮੁਕਾਬਲੇ 10 ਤੋਂ 15 ਅਕਤੂਬਰ ਤੱਕ ਖੇਡ ਭਵਨ, ਸੈਕਟਰ-78, ਮੋਹਾਲੀ ਵਿਖੇ ਕਰਵਾਏ ਜਾਣਗੇ। ਘੁੜਸਵਾਰੀ ਦੇ ਮੁਕਾਬਲੇ 15 ਤੋਂ 17 ਅਕਤੂਬਰ ਤੱਕ 'ਦ ਰੈਂਚ, ਪੱਲਨਪੁਰ' ਵਿਖੇ ਹੋਣਗੇ, ਜਦਕਿ ਨਿਸ਼ਾਨੇਬਾਜ਼ੀ ਦੇ ਮੁਕਾਬਲੇ ਨਵੰਬਰ ਮਹੀਨੇ ਫੇਸ 6 ਦੀ ਸ਼ੂਟਿੰਗ ਰੇਂਜ ਵਿੱਚ ਕਰਵਾਏ ਜਾਣਗੇ।ਮੁਕਾਬਲਿਆਂ ਸਬੰਧੀ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਹੋਈ ਮੀਟਿੰਗ ਦੌਰਾਨ ਸਹਾਇਕ ਕਮਿਸ਼ਨਰ (ਸਿਖਲਾਈ ਅਧੀਨ) ਨੇ ਕਰਾਟੇ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਆਉਣ ਵਾਲੇ ਖਿਡਾਰੀਆਂ ਲਈ ਰਾਤ ਦੇ ਠਹਿਰਾਅ ਦੇ ਢੁਕਵੇਂ ਪ੍ਰਬੰਧ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਧਾਰਤ ਸਥਾਨਾਂ 'ਤੇ ਮੈਡੀਕਲ ਟੀਮਾਂ ਅਤੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ ਪੀਣ ਵਾਲੇ ਪਾਣੀ ਅਤੇ ਸਫ਼ਾਈ ਦੇ ਲੋੜੀਂਦੇ ਪ੍ਰਬੰਧਾਂ ਨੂੰ ਵੀ ਯਕੀਨੀ ਬਣਾਉਣ ਲਈ ਕਿਹਾ ਗਿਆ।



## ਰਾਜਵਿੰਦਰ ਰਾਜ ਮੁਠੱਡਾ ਕਲਾਂ ਸਾਥੀਆਂ ਸਮੇਤ 'ਆਪ' 'ਚ ਸ਼ਾਮਲ

**ਗੁਰਾਇਆ (ਬਿੰਦਰ ਸੁਮਨ)**-2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਹਲਕਾ ਫਿਲੌਰ ਵਿੱਚ ਆਮ ਆਦਮੀ ਪਾਰਟੀ ('ਆਪ') ਨੇ ਵਿਰੋਧੀ ਧਿਰਾਂ ਨੂੰ ਵੱਡਾ ਝਟਕਾ ਦਿੰਦਿਆਂ ਆਪਣੀ ਸਿਆਸੀ ਪਕੜ ਹੋਰ ਮਜ਼ਬੂਤ ਕਰ ਲਈ ਹੈ। ਕਾਂਗਰਸ ਪਾਰਟੀ ਨੂੰ ਅਲਵਿਦਾ ਆਖ ਕੇ ਰਾਜਵਿੰਦਰ ਰਾਜ ਮੁਠੱਡਾ ਕਲਾਂ ਆਪਣੇ ਵੱਡੀ ਗਿਣਤੀ ਸਾਥੀਆਂ ਅਤੇ ਸਮਰਥਕਾਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ। ਇਹ ਸ਼ਮੂਲੀਅਤ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਦੀ ਯੋਗ ਅਗਵਾਈ ਹੇਠ ਕਰਵਾਈ ਗਈ। ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਆਗੂਆਂ ਦਾ ਸਵਾਗਤ ਕਰਦਿਆਂ 'ਆਪ' ਦੀ ਸੀਨੀਅਰ ਲੀਡਰਸ਼ਿਪ ਦੇ ਐੱਮ ਐੱਲ ਏ ਸੂਬਾ ਕਾਰਜਕਾਰੀ ਪ੍ਰਧਾਨ ਸ਼ੈਰੀ ਕਲਸੀ, ਸੂਬਾ ਜਨਰਲ ਸਕੱਤਰ ਦੀਪਕ ਬਾਲੀ, ਗਾਇਤਰੀ ਬਿਸ਼ਨੋਈ, ਮਹਿਲਾ ਵਿੰਗ ਦੀ ਕਮਿਸ਼ਨਰ ਲਾਲੀ ਰਾਜ ਗਿੱਲ, ਦਿਹਾਤੀ ਜ਼ਿਲ੍ਹਾ ਪ੍ਰਧਾਨ ਪ੍ਰਦੀਪ ਦੁੱਗਲ ਅਤੇ ਹਲਕਾ ਸੰਗਠਨ ਇੰਚਾਰਜ ਵਰਿੰਦਰ ਸਿੰਘ ਸੈਣੀ ਨੇ ਆਖਿਆ ਕਿ ਹਲਕਾ ਫਿਲੌਰ ਵਿੱਚ ਲਗਾਤਾਰ ਹੋ ਰਹੀਆਂ ਇਹ ਸ਼ਮੂਲੀਅਤਾਂ ਇਸ ਗੱਲ ਦਾ ਸਪੱਸ਼ਟ ਸੰਕੇਤ ਹਨ ਕਿ ਲੋਕ ਰਵਾਇਤੀ ਪਾਰਟੀਆਂ ਦੀ ਰਾਜਨੀਤੀ ਤੋਂ ਨਿਰਾਸ਼ ਹੋ ਕੇ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ। ਇਸ ਮੌਕੇ ਹਲਕਾ ਮੀਡੀਆ ਇੰਚਾਰਜ ਮਨਦੀਪ ਸਿੰਘ ਸ਼ਾਹਪੁਰ ਮਾਰਕੀਟ ਕਮੇਟੀ ਚੇਅਰਮੈਨ ਰੋਸ਼ਨ ਰੋਸ਼ੀ, ਮਨੀ ਧਾਲੀਵਾਲ ਪਰਮੇਸ਼ਰ ਪੰਡਿਤ, ਅਵਤਾਰ ਸਿੰਘ ਬੀੜ ਬੰਸੀਆਂ, ਅਵਤਾਰ ਸਿੰਘ ਤਾਰੀ, ਦੀਪਾ ਬੜਾ ਪਿੰਡ, ਬਲਰਾਜ ਸਿੰਘ, ਹਰਦੀਪ ਸਿੰਘ, ਪਰਵਿੰਦਰ ਮਾਹਲ, ਰਣਜੀਤ ਸਿੰਘ ਕਾਕੂ, ਧਰਮਿੰਦਰ ਸਿੰਘ, ਸੀਮਾ ਬਡਾਲਾ, ਬਲਵਿੰਦਰ ਕੌਰ, ਮਨਜੀਤ ਕੌਰ,





ਹਰਜਿੰਦਰ ਕੌਰ, ਬਾਵਾ ਵੈਲਫੇਅਰ ਬੋਰਡ ਚੇਅਰਮੈਨ ਗੌਰਵ ਬਾਵਾ, ਰਾਜਵੀਰ ਸੋਡੀ, ਬਲਕਾਰ ਸਿੰਘ ਅੱਪਰਾ, ਸੁਖਦੀਪ ਸਿੰਘ ਅੱਪਰਾ, ਅਮਰਜੀਤ ਲੋਟਾ, ਹੀਰਾ, ਹਰਜਿੰਦਰ ਸੈਣੀ ਸੁਰਿੰਦਰ ਬਿੱਲਾ ਅਤੇ ਰਮੇਸ਼ ਲਾਲ ਮੇਸ਼ੀ ਹਰਕਮਲ ਸਿੰਘ ਬੇਗਮਪੁਰ ਸਮੇਤ 'ਆਪ' ਦੀ ਸਮੁੱਚੀ ਲੀਡਰਸ਼ਿਪ ਅਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਭਗਵੰਤ ਮਾਨ ਸਰਕਾਰ ਵੱਲੋਂ 'ਮਾਪੇ-ਅਧਿਆਪਕ ਮਿਲਣੀ' ਅੱਜ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਭਗਵੰਤ ਮਾਨ ਸਰਕਾਰ ਵੱਲੋਂ 9 ਅਕਤੂਬਰ 2026 ਨੂੰ ਸੂਬੇ ਦੇ ਸਾਰੇ 23 ਜ਼ਿਲ੍ਹਿਆਂ ਦੇ ਲਗਭਗ 19,200 ਸਰਕਾਰੀ ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਮੈਗਾ 'ਮਾਪੇ-ਅਧਿਆਪਕ ਮਿਲਣੀ' ਕਰਵਾਈ ਜਾਵੇਗੀ, ਜਿਸ ਵਿੱਚ ਲਗਭਗ 25 ਲੱਖ ਮਾਪਿਆਂ ਦੇ ਸ਼ਾਮਲ ਹੋਣ ਦੀ ਸੰਭਾਵਨਾ ਹੈ। 'ਹਰ ਦਿਨ, ਇੱਕ ਕਦਮ ਅੱਗੇ' ਵਿਸ਼ੇ ਹੇਠ ਕਰਵਾਏ ਜਾਣ ਵਾਲੇ ਇਸ ਉਪਰਾਲੇ ਰਾਹੀਂ ਮਾਪੇ ਅਤੇ ਅਧਿਆਪਕ ਮਿਲ ਕੇ ਹਰੇਕ ਬੱਚੇ ਦੀ ਤੱਰਕੀ ਦਾ ਜਸ਼ਨ ਮਨਾਉਣਗੇ, ਉਨ੍ਹਾਂ ਖੇਤਰਾਂ ਨੂੰ ਸਮਝਣਗੇ ਜਿਸ ਵਿੱਚ ਬੱਚੇ ਨੂੰ ਸਹਾਇਤਾ ਦੀ ਲੋੜ ਹੋ ਸਕਦੀ ਹੈ ਅਤੇ ਬੱਚੇ ਦੀ ਸਿੱਖਿਆ ਦੇ ਅਗਲੇ ਪੜਾਵਾਂ ਲਈ ਸਾਂਝੇ ਤੌਰ 'ਤੇ ਯੋਜਨਾ ਬਣਾਉਣਗੇ। ਇਹ ਵੱਡ-ਆਕਾਰੀ ਉਪਰਾਲਾ ਭਾਰਤ ਸਰਕਾਰ ਵੱਲੋਂ ਦੇਸ਼ ਵਿੱਚ ਸਿੱਖਿਆ ਦੇ ਖ਼ੇਤਰ ਵਿੱਚ ਨੰਬਰ ਇੱਕ ਰਹਿਣ ਲਈ ਦਿੱਤੀ ਗਈ ਮਾਨਤਾ ਨੂੰ ਹੋਰ ਮਜ਼ਬੂਤੀ ਕਰੇਗਾ। ਇਹ ਮੈਗਾ ਪੀਟੀਐਮ ਮਾਪਿਆਂ ਨੂੰ ਆਪਣੇ ਬੱਚੇ ਦੇ ਅਧਿਆਪਕ ਨਾਲ ਬੈਠ ਕੇ ਇਹ ਸਮਝਣ ਦਾ ਮੌਕਾ ਦਵੇਗੀ ਕਿ ਉਹਨਾਂ ਦਾ ਬੱਚਾ ਕਿਸ ਖੇਤਰ ਵਿੱਚ ਬਿਹਤਰ ਕਰ ਰਿਹਾ ਹੈ, ਉਹਨਾਂ ਨੂੰ ਕਿੱਥੇ ਮਦਦ ਦੀ ਲੋੜ ਹੋ ਸਕਦੀ ਹੈ ਅਤੇ ਘਰੋਂ ਮਿਲੀ ਹੱਲਾਸ਼ੇਰੀ ਤੇ ਸਕੂਲ ਵਿੱਚ ਮਿਲੀ ਮਦਦ ਬੱਚੇ ਨੂੰ ਭਵਿੱਖ ਸੰਵਾਰਨ ਵਿੱਚ ਕਿਵੇਂ ਸਹਾਈ ਹੋ ਸਕਦੀ ਹੈ। ਇਸ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਹਰ ਮਾ-ਪਿਓ ਆਪਣੇ ਬੱਚੇ ਨੂੰ ਅੱਗੇ ਵਧਦਾ ਦੇਖਣਾ ਚਾਹੁੰਦਾ ਹੈ।

## ਮੰਮੂ ਚਾਹਲ ਅਜ਼ਾਦ ਉਮੀਦਵਾਰ ਵਜੋਂ ਚੋਣ ਲੜਨ ਸੰਬੰਧੀ ਮੀਟਿੰਗ

**ਕਪੂਰਥਲਾ (ਮਨਜੀਤ ਮਾਨ)**- ਕਸਬਾ ਕਾਲਾ ਸੰਘਿਆਂ ਵਿਖੇ ਉੱਘੇ ਸਮਾਜ ਸੇਵਕ ਮੋਹਨ ਸਿੰਘ ਆਈਆਂ ਦੀ ਅਗਵਾਈ ਹੇਠ ਇੱਕ ਅਹਿਮ ਮੀਟਿੰਗ ਵਿਧਾਨ ਸਭਾ ਹਲਕਾ ਕਪੂਰਥਲਾ ਤੋਂ ਅਜ਼ਾਦ ਉਮੀਦਵਾਰ ਵਜੋਂ ਚੋਣ ਲੜ ਰਹੇ ਮਲਵਿੰਦਰ ਸਿੰਘ ਮੰਮੂ ਚਾਹਲ ਦੇ ਹੱਕ ਵਿੱਚ ਇੱਕ ਅਹਿਮ ਮੀਟਿੰਗ ਗਈ। ਮੋਹਨ ਸਿੰਘ ਆਈਆਂ ਨੇ ਕਿਹਾ ਕਿ ਮਲਵਿੰਦਰ ਸਿੰਘ ਚਾਹਲ ਨੇ ਕਾਫ਼ੀ ਲੰਬੇ ਸਮੇਂ ਤੋਂ ਬਾਅਦ ਸਿਆਸਤ ਵਿੱਚ ਦੁਬਾਰਾ ਐਂਟਰੀ ਕੀਤੀ ਹੈ। ਉਨ੍ਹਾਂ ਕਿਹਾ ਮਲਵਿੰਦਰ ਸਿੰਘ ਮੰਮੂ ਚਾਹਲ ਆਪਣੇ ਸਮੇਂ ਦੇ ਬਹੁਤ ਹੀ ਇਮਾਨਦਾਰ, ਤੇ ਲੋਕਾਂ ਦੀਆਂ ਦੁੱਖ ਤਕਲੀਫ਼ਾਂ ਸੁਣਨ ਵਾਲੇ ਇੱਕ ਬਹੁਤ ਹੀ ਇਮਾਨਦਾਰ ਤੇ ਧਾਕੜ ਲੀਡਰ ਰਹੇ ਹਨ। ਮਲਵਿੰਦਰ ਸਿੰਘ ਚਾਹਲ ਕਾਂਗਰਸ ਪਾਰਟੀ ਵਿੱਚ ਪੰਜਾਬ ਦੇ ਉੱਚ ਅਹੁਦਿਆਂ 'ਤੇ ਰਹਿ ਚੁੱਕੇ ਹਨ। ਮੋਹਨ ਸਿੰਘ ਆਈਆਂ ਨੇ ਕਿਹਾ ਕਿ ਮੰਮੂ ਚਾਹਲ ਨੂੰ ਹਲਕਾ ਕਪੂਰਥਲਾ ਤੋਂ ਭਾਰੀ ਲੀਡ ਨਾਲ ਜਿਤਾ ਕੇ ਪਾਰਲੀਮੈਂਟ ਤੱਕ ਭੇਜਾਂਗੇ। ਇਸ ਮੌਕੇ ਮੋਹਨ ਸਿੰਘ ਆਈਆਂ ਤੋਂ ਇਲਾਵਾ ਕੇਵਲ ਸਿੰਘ ਖੁਸਰੋਪੁਰ, ਸੰਤੋਖ ਸਿੰਘ ਖੁਸਰੋਪੁਰ, ਮੋਹਣ ਸਿੰਘ ਖੁਸਰੋਪੁਰ, ਸਰਬਜੀਤ ਸਿੰਘ ਘੋਨਾ ਕਾਹਲਵਾਂ, ਸਤਨਾਮ ਸਿੰਘ ਕਾਹਲਵਾਂ ਦੋਨਾ, ਮਨਜਿੰਦਰ ਸਿੰਘ ਆਈਆਂ, ਮੇਲਾ ਸਿੰਘ ਆਈਆਂ, ਕਰਮਪਾਲ ਸਿੰਘ ਆਈਆਂ, ਦੀਪਾ ਸੈਦੋਵਾਲ, ਸਰਪੰਚ ਅਮਨ ਤੋਂ ਇਲਾਵਾ ਹੋਰ ਆਗੂ ਵੀ ਇਸ ਮੌਕੇ 'ਤੇ ਹਾਜ਼ਰ ਸਨ।



## ਸਰਾਧ ਦਾ ਸਾਲਾਨਾ ਜੋੜ ਮੇਲਾ ਕਰਵਾਇਆ

**ਆਦਮਪੁਰ, (ਪਰਮਜੀਤ ਸਿੰਘ)**- ਪਿੰਡ ਵੱਡਾ ਸਰਹਾਲਾ ਜਿਲ੍ਹਾ ਹੁਸ਼ਿਆਰਪੁਰ ਵਿਖੇ ਬਾਘਾ ਗੋਤ ਜਠੇਰਿਆਂ ਦਾ ਸਾਲਾਨਾ ਸ਼ਰਾਧਾ ਦਾ ਜੋੜ ਮੇਲਾ ਦੇਸ਼ਾਂ ਵਿਦੇਸ਼ਾਂ ਦੀਆਂ ਸਮੂਹ ਸੰਗਤਾਂ ਦੇ ਵਿਸ਼ੇਸ਼ ਸਹਿਯੋਗ ਨਾਲ ਸਮੂਹ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਦੀ ਵਿਸ਼ੇਸ਼ ਦੇਖਰੇਖ ਹੇਠ ਸ਼ਰਧਾਭਾਵ ਨਾਲ ਮਨਾਇਆ ਗਿਆ ਜਿਸ ਦੇ ਸਬੰਧ ਵਿੱਚ ਪਹਿਲਾ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਕਰਵਾਏ ਗਏ ਉਪਰੰਤ ਰਾਗੀ ਭਾਈ ਕੁਲਦੀਪ ਸਿੰਘ ਲਲਵਾਨ, ਬਲਵੰਤ ਸਿੰਘ ਲਲਵਾਨ ਤੇ ਬਾਬਾ ਬਖਸ਼ੀਸ਼ ਸਿੰਘ ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਪਵਿੱਤਰ ਬਾਣੀ ਦਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਦਿਲਬਰ ਸਿੰਘ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸੈਨਾਂ, ਉੱਘੇ ਵਿਦਵਾਨ ਤੇ ਸਮਾਜ ਸੇਵਕ ਪ੍ਰੋਫੈਸਰ ਹਰਬੰਸ ਸਿੰਘ ਬੋਲੀਨਾ, ਕੁਲਵਿੰਦਰ ਬਾਘਾ ਸਾਬਕਾ ਸਰਪੰਚ ਪਿੰਡ ਬੋਲੀਨਾ ਨੇ ਇਸ ਜੋੜ ਮੇਲੇ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਤੇ ਸੰਤ ਰਾਮ ਸਰੂਪ ਗਿਆਨੀ ਨੇ ਸਮੂਹ ਸੰਗਤਾਂ ਨੂੰ ਆਪਣੇ ਮਾਤਾ ਪਿਤਾ ਦਾ ਸਤਿਕਾਰ ਤੇ ਸੇਵਾ ਕਰਨ ਲਈ ਪ੍ਰੇਰਿਆ। ਸਮਾਗਮ ਦੌਰਾਨ ਸਮੂਹ ਸੰਗਤਾਂ ਨੂੰ ਚਾਹ ਮਠਿਆਈਆਂ ਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਤੇ ਸੰਤ ਰਾਮ ਸਰੂਪ ਗਿਆਨੀ ਲੰਗਰ ਇੰਚਾਰਜ, ਕੈਸ਼ੀਅਰ ਹੁਸਨ ਲਾਲ ਬੋਲੀਨਾ, ਸਾਬਕਾ ਕੈਸ਼ੀਅਰ ਗੁਲਜਾਰੀ ਲਾਲ ਬਾਘਾ, ਸੈਕਟਰੀ ਸਤਪਾਲ ਬਾਘਾ, ਚੇਅਰਮੈਨ ਗੁਰਦਿਆਲ ਚੰਦ ਬਾਘਾ ਯੂ.ਕੇ ਉਪ ਚੇਅਰਮੈਨ ਰਾਮ ਲਾਲ ਬਾਘਾ, ਚੈਨ ਰਾਮ ਸੁੰਨੜ ਕਲਾਂ, ਸੰਨੀ ਬਾਘਾ, ਮੁਕੇਸ਼ ਬਾਘਾ, ਬਿੱਟੂ ਬਾਘਾ, ਹੈਪੀ ਬਾਘਾ, ਗੋਗੀ ਬਾਘਾ, ਅਗਮਲ ਰਾਏ ਬਾਘਾ, ਕੁਲਦੀਪ ਚੰਦ ਬਾਘਾ, ਬਲਵੀਰ ਬਾਘਾ, ਜੀਵਨ ਬਾਘਾ, ਜੈ ਪਾਲ ਬਾਘਾ, ਹਰਮੇਸ਼ ਲਾਲ, ਸੁਖਜਿੰਦਰ ਬਾਘਾ, ਸੁਰਿੰਦਰ ਬਾਘਾ, ਦਲਜੀਤ ਕੁਮਾਰ (ਦੀਪਾ ਨਗਰ), ਯੁਵਰਾਜ ਬਾਘਾ, ਮੁਨੀਸ਼ ਬਾਘਾ ਇਟਲੀ, ਜੁਗੇਸ਼ ਬਾਘਾ, ਰਾਕੇਸ਼ ਕੁਮਾਰ ਰਿੱਕੀ ਬਾਘਾ, ਰਜਿੰਦਰ ਬਾਘਾ, ਪੰਮਾਂ ਖੰਨੀ, ਕੁਲਦੀਪ ਜੌਹਲ, ਬੀਬੀ ਕਮਲਾ ਫਗਵਾੜਾ, ਪਰਮਜੀਤ ਸਰਹਾਲਾ, ਪ੍ਰੀਤ ਸਰਹਾਲਾ, ਪ੍ਰੀਆਂ ਸਰਹਾਲਾ, ਆਸ਼ਾ ਰਾਣੀ, ਜੀਤੀ, ਲਖਵਿੰਦਰ ਬਾਘਾ, ਗਾਇਤਰੀ ਦੇਵੀ ਰਾਜੂ, ਇਟਲੀ, ਸੁਨੀਲ ਇਟਲੀ ਤੇ ਹੋਰ ਸੇਵਾਦਾਰ ਸੰਗਤਾਂ ਹਾਜ਼ਰ ਸਨ।



## ਡੀ ਸੀ ਨੇ ਮੋਬਾਈਲ ਕੈਂਸਰ ਸਕ੍ਰੀਨਿੰਗ ਬੱਸ ਨੂੰ ਫਲੈਗ ਆਫ ਕੀਤਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਬੁੱਧਵਾਰ ਨੂੰ ਲਿਵਾਸਾ ਹਸਪਤਾਲ, ਹੁਸ਼ਿਆਰਪੁਰ ਦੀ ਮੋਬਾਈਲ ਕੈਂਸਰ ਸਕ੍ਰੀਨਿੰਗ ਅਤੇ ਸ਼ੁਰੂਆਤੀ ਜਾਂਚ ਬੱਸ ਨੂੰ ਫਲੈਗ ਆਫ ਕੀਤਾ। ਇਹ ਪਹਿਲ ਹਸਪਤਾਲ ਵੱਲੋਂ ਛਾਤੀ ਦੇ ਕੈਂਸਰ ਜਾਗਰੂਕਤਾ ਮਹੀਨੇ ਦੇ ਮੌਕੇ 'ਤੇ ਸ਼ੁਰੂ ਕੀਤੀ ਗਈ ਹੈ। ਇਸ ਮੌਕੇ ਲਿਵਾਸਾ ਹਸਪਤਾਲ ਦੇ ਕੰਸਲਟੈਂਟ-ਮੈਡੀਕਲ ਔਨਕੋਲੋਜੀ ਡਾ. ਮਯੰਕ ਕਪੂਰ, ਡਾਇਰੈਕਟਰ-ਸਰਜੀਕਲ ਔਨਕੋਲੋਜੀ ਡਾ. ਸ਼ੁਭ ਮਹਿੰਦਰੂ ਅਤੇ ਰੀਜਨਲ ਫੈਸਿਲਿਟੀ ਡਾਇਰੈਕਟਰ ਅਭਿਨਵ ਸ਼੍ਰੀਵਾਸਤਵ ਮੌਜੂਦ ਰਹੇ।



ਡਾ. ਮਯੰਕ ਕਪੂਰ ਨੇ ਕਿਹਾ, ਇਸ ਬੱਸ ਵਿੱਚ ਕ੍ਰਮਵਾਰ ਛਾਤੀ, ਸਰਵਾਈਕਲ ਅਤੇ ਪ੍ਰੋਸਟੇਟ ਕੈਂਸਰ ਦੀ ਜਾਂਚ ਲਈ ਡਿਜ਼ੀਟਲ ਮੈਮੋਗ੍ਰਾਫੀ, ਪੈਪ ਸਮੀਅਰ ਟੈਸਟ ਅਤੇ ਪ੍ਰੋਸਟੇਟ-ਸਪੈਸਿਫਿਕ ਐਂਟੀਜਨ (ਪੀ ਐਸ ਏ) ਟੈਸਟ ਦੀ ਸਹੂਲਤ ਉਪਲਬਧ ਹੋਵੇਗੀ। ਇਸ ਦੇ ਨਾਲ ਹੀ ਲੋਕਾਂ ਨੂੰ ਰੋਕਥਾਮੀ ਸਿਹਤ ਸੰਭਾਲ ਨੂੰ ਤਰਜੀਹ ਦੇਣ, ਸਮੇਂ ਸਿਰ ਡਾਕਟਰੀ ਸਲਾਹ ਲੈਣ ਅਤੇ ਉਚਿਤ ਫਾਲੋ-ਅੱਪ ਇਲਾਜ ਕਰਵਾਉਣ ਲਈ ਉਤਸ਼ਾਹਿਤ ਕੀਤਾ ਜਾਵੇਗਾ। ਡਾ. ਸ਼ੁਭ ਮਹਿੰਦਰੂ ਨੇ ਕਿਹਾ, ਇਸ ਪਹਿਲ ਰਾਹੀਂ ਅਸੀਂ ਔਰਤਾਂ ਨੂੰ ਆਪਣੇ ਛਾਤੀ ਦੇ ਸਿਹਤ ਨੂੰ ਤਰਜੀਹ ਦੇਣ, ਆਪਣੀਆਂ ਚਿੰਤਾਵਾਂ ਬਾਰੇ ਡਾਕਟਰਾਂ ਨਾਲ ਖੁੱਲ੍ਹ ਕੇ ਗੱਲ ਕਰਨ ਅਤੇ ਇਹ ਸਮਝਣ ਲਈ ਉਤਸ਼ਾਹਿਤ ਕਰਨਾ ਚਾਹੁੰਦੇ ਹਾਂ ਕਿ ਕੈਂਸਰ ਦੀ ਜਾਂਚ ਹੋਣ ਦਾ ਮਤਲਬ ਇਹ ਨਹੀਂ ਹੈ ਕਿ ਉਮੀਦ ਖ਼ਤਮ ਹੋ ਗਈ ਹੈ।

ਲਿਵਾਸਾ ਹਸਪਤਾਲਜ਼ ਦੇ ਸੀਈਓ ਅਨੁਰਾਗ ਯਾਦਵ ਨੇ ਕਿਹਾ ਕਿ ਮੋਬਾਈਲ ਸਕ੍ਰੀਨਿੰਗ ਬੱਸ ਰਾਹੀਂ ਹਸਪਤਾਲ ਰੋਕਥਾਮੀ ਸਿਹਤ ਸੇਵਾਵਾਂ ਨੂੰ ਭਾਈਚਾਰਿਆਂ ਤੱਕ ਵਧੇਰੇ ਆਸਾਨੀ ਨਾਲ ਪਹੁੰਚਯੋਗ ਬਣਾਉਣ ਵੱਲ ਇੱਕ ਮਹੱਤਵ ਪੂਰਨ ਕਦਮ ਚੁੱਕ ਰਿਹਾ ਹੈ। ਇਕੋਤਰੀ ਸਮਾਗਮ ਦੌਰਾਨ ਸੰਤ ਬਾਬਾ ਗੁਰਦਿਆਲ ਸਿੰਘ ਵੱਲੋਂ ਕੀਤਾ ਕਵੀਆਂ ਦਾ ਸਨਮਾਨ ਕੀਤਾ ਗਿਆ।

## ਏ ਐੱਸ ਆਈ ਰਾਜੀਵ ਵਾਸੂਦੇਵਾ ਮਿੱਠੇਬੋਲੜੇ ਸਨ : ਦੇਹਰੀਵਾਲ

**ਅੱਡਾ ਸਰਾਂ (ਜਸਵੀਰ ਕਾਜਲ)** ਏ ਐੱਸ ਆਈ ਰਾਜੀਵ ਵਾਸੂਦੇਵਾ ਪਿੰਡ ਫੰਬੀਆਂ ਅਚਾਨਕ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ, ਉਨਾਂ ਦੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਡਾ. ਸ਼ੰਮੀ ਦੇਹਰੀਵਾਲ ਨੇ ਕਿਹਾ ਕਿ ਰਾਜੀਵ ਵਾਸੂਦੇਵਾ ਇਕ ਮਿੱਠ ਬੋਲੜੇ ਅਤੇ ਨਿਮਰਤਾ ਸੁਭਾਅ ਦੇ ਸਨ। ਉਨ੍ਹਾਂ ਨੇ ਆਪਣੇ ਨੌਕਰੀ ਦੌਰਾਨ ਵੀ ਬਹੁਤ ਇਮਾਨਦਾਰੀ ਸੇਵਾ ਨਿਭਾਈ। ਉਨਾ ਦੀ ਆਤਮਿਕ ਸ਼ਾਤੀ ਲਈ ਭੋਗ ਅਤੇ ਅੰਤਿਮ ਅਰਦਾਸ 10 ਤਾਰੀਕ ਦਿਨ ਸ਼ਨੀਵਾਰ ਨੂੰ ਹੋਵੇਗੀ। ਉਨਾ ਦੇ ਡੂੰਘੇ ਸਦਮੇ ਵਿਚ ਡਾ ਸ਼ੰਮੀ ਦੇਹਰੀਵਾਲ, ਕਮਿਸ਼ਨਰ ਅਵਤਾਰ ਸਿੰਘ ਕੰਗ, ਡੀ ਐੱਸ ਪੀ, ਮਨਦੀਪ ਸਿੰਘ, ਡੀ ਐਸ ਪੀ ਮੁਨੀਸ ਕੁਮਾਰ, ਏ ਆਈ ਜੀ ਨਿਰਮਲ ਜੀਤ ਸਿੰਘ, ਸਤਪਾਲ ਸਿੰਘ ਇੰਸਪੈਕਟਰ, ਮੇਜਰ ਤਹਿਸੀਲ ਦਾਰ, ਮਨਜੀਤ ਸਿੰਘ ਲਾਚੋਵਾਲ, ਜਸਵੀਰ ਸਿੰਘ ਕਾਜਲ, ਆਦਿ ਸੱਜਣ ਮਿਤਰਾ ਨੇ ਦੁੱਖ ਦਾ ਪ੍ਰਗਟਾਵਾ ਕੀਤਾ।



## ਦੁਸਹਿਰਾ ਧੂਮਧਾਮ ਨਾਲ ਮਨਾਇਆ ਜਾਵੇਗਾ : ਬੱਗਾ

**ਫਿਲਵਾ (ਪਲਵਿੰਦਰ ਸਿੰਘ ਜੈ ਰਾਮਪੁਰ)**- ਰਾਮਾ ਕ੍ਰਿਸ਼ਨਾ ਡਰਾਮਾਟਿਕ ਕਲੱਬ ਰਜਿ: ਫਿਲਵਾਂ ਵਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਫਿਲਵਾਂ ਵਿਚ ਦੁਸਹਿਰਾ ਕਰਵਾਉਣ ਸੰਬੰਧੀ ਇਕ ਮੀਟਿੰਗ ਪ੍ਰਧਾਨ ਰਮੇਸ਼ ਕੁਮਾਰ ਬੱਗਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਸੰਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਰਮੇਸ਼ ਕੁਮਾਰ ਬੱਗਾ ਨੇ ਦੱਸਿਆ ਕਿ ਦੁਸਹਿਰੇ ਦਾ ਤਿਉਹਾਰ 20 ਅਕਤੂਬਰ ਦਿਨ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਿਲਵਾ ਦੀ ਗਰਾਊਂਡ ਵਿਖੇ ਧੂਮ ਧਾਮ ਨਾਲ ਮਨਾਇਆ ਜਾਵੇਗਾ। ਇਸ ਮੌਕੇ ਸਮੂਹ ਮੈਂਬਰ ਹਾਜ਼ਰ ਸਨ।

## ਇਕੋਤਰੀ ਸਮਾਗਮ ਦੌਰਾਨ ਸੰਗਤਾਂ ਨੂੰ ਗੁਰਸ਼ਬਦ ਨਾਲ ਜੋੜਿਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਪੰਡਿਤ ਮਿਥਲੇਸ਼)**- ਵਿਸ਼ਵ ਪ੍ਰਸਿੱਧ ਮਹਾਨ ਸਲਾਨਾ ਇਕੋਤਰੀ ਸਮਾਗਮ ਮੌਕੇ ਸਜਾਏ ਗਏ ਵਿਸ਼ਾਲ ਗੁਰਮਤਿ ਸਮਾਗਮ ਦੌਰਾਨ ਸੰਤ ਬਾਬਾ ਗੁਰਦਿਆਲ ਸਿੰਘ ਤੋਂ ਇਲਾਵਾ ਹੋਰ ਕਈ ਮਹਾਂਪੁਰਸ਼ਾਂ ਨੇ ਸੰਗਤਾਂ ਨੂੰ ਗੁਰਸ਼ਬਦ ਨਾਲ ਜੋੜ ਕੇ ਬਾਣੀ ਦੇ ਨਿਤਨੇਮੀ ਅਤੇ ਬਾਣੇ ਦੇ ਧਾਰਨੀ ਬਣਨ ਲਈ ਪ੍ਰੇਰਿਆ । 23 ਦਿਨਾਂ ਤੱਕ ਨਿਰੰਤਰ ਚੱਲਣ ਵਾਲੇ ਇਸ ਅੰਮ੍ਰਿਤਮਈ ਸਮਾਗਮ 'ਚ ਜਿਥੇ ਦੇਸ਼ਾਂ - ਵਿਦੇਸ਼ਾਂ ਤੋਂ ਸੰਗਤਾਂ ਭਾਰੀ ਗਿਣਤੀ ਵਿਚ ਟਾਂਡਾ ਪੁੱਜੀਆਂ ਹਨ । ਇਸ ਮੌਕੇ ਹਾਜ਼ਰ ਵੱਖ-ਵੱਖ ਸੰਤਾਂ ਮਹਾਂਪੁਰਸ਼ਾ ਨੇ ਪਿਛਲੇ ਕਈ ਦਹਾਕਿਆਂ ਤੋਂ ਟਾਂਡਾ ਵਿਚ ਕਰਵਾਏ ਜਾਂਦੇ ਇਸ ਵਿਸ਼ਾਲ ਗੁਰਮਤਿ ਸਮਾਗਮ ਨੂੰ ਪੰਜਾਬ ਦੀ ਧਰਤੀ 'ਤੇ ਸਭ ਤੋਂ ਲੰਬਾ ਸਮਾਂ ਚੱਲਣ ਵਾਲਾ ਗੁਰਮਤਿ ਸਮਾਗਮ ਦੱਸਿਆ ਅਤੇ ਸਮਾਗਮ ਦੀ ਆਰੰਭਤਾ ਤੋਂ ਲੈ ਕੇ ਸੰਪੂਰਨਤਾ ਤੱਕ ਸੰਗਤਾਂ ਦੀ ਇਕਾਗਰਤਾ ਨੂੰ ਇਸ ਸਮਾਗਮ ਦੀ ਸਫਲਤਾ ਦੱਸਿਆ । ਸੰਤ ਬਾਬਾ ਗੁਰਦਿਆਲ ਸਿੰਘ ਨੇ ਇਨ੍ਹਾਂ ਇਕੋਤਰੀ ਸਮਾਗਮਾਂ ਦੌਰਾਨ ਸੰਗਤਾਂ ਦੇ ਸਨਮੁੱਖ ਹੁੰਦੇ ਇਨ੍ਹਾਂ ਸਮਾਗਮਾਂ 'ਚ ਸੰਗਤਾਂ ਨੂੰ ਲਾਹਾ ਖੱਟਣ ਦਾ ਸੱਦਾ ਦਿੱਤਾ । ਸੰਤ ਬਾਬਾ ਗੁਰਦਿਆਲ ਸਿੰਘ ਨੇ ਇਸ ਮੌਕੇ ਪੁੱਜੇ ਸੰਤ ਬਾਬਾ ਜਗਦੀਸ਼ ਸਿੰਘ ਪੁਲ ਪੁਖਤਾ, ਸੰਤ ਬਾਬਾ ਸੁਖਰਾਜ ਸਿੰਘ ਪ੍ਰੀਤਮਪੁਰ, ਸੰਤ ਬਾਬਾ ਅਮਰੀਕ ਸਿੰਘ ਪੜੈਣ, ਭਾਈ ਹਰਮੇਲ ਪ੍ਰਕਾਸ਼ ਸਿੰਘ, ਭਾਈ ਚਰਨਪ੍ਰੀਤ ਸਿੰਘ ਤੋਂ ਇਲਾਵਾਂ ਹੋਰ ਕਈ ਮਹਾਂਪੁਰਸ਼ਾਂ ਨੂੰ ਸਿਰੋਪਾਓ ਭੇਟ ਕਰ ਸਨਮਾਨਤ ਕੀਤਾ।



## ਪਾਵਰਕਾਮ ਦੇ ਨਵੇਂ ਸੀ ਐੱਮ ਡੀ ਦਾ ਫ਼ੈਸਲਾ, ਡਾਇਰੈਕਟਰਾਂ ਦੀਆਂ ਪੁਰਾਣੀਆਂ ਜ਼ਿੰਮੇਵਾਰੀ ਕੀਤੀਆਂ ਬਹਾਲ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਪ੍ਰਸ਼ਾਸਨਿਕ ਕੰਮਕਾਜ ਨੂੰ ਸੰਤੁਲਤ ਤੇ ਪਾਰਦਰਸ਼ੀ ਬਣਾਉਣ ਦੇ ਮਕਸਦ ਨਾਲ ਨਵੇਂ ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰ ਗੁਰਕੀਰਤ ਕ੍ਰਿਪਾਲ ਸਿੰਘ, ਆਈ.ਏ.ਐਸ. ਵੱਲੋਂ ਅਹਿਮ ਅਤੇ ਵੱਡਾ ਕਦਮ ਚੁੱਕਿਆ ਗਿਆ ਹੈ।ਉਨ੍ਹਾਂ ਵੱਲੋਂ ਜਾਰੀ ਤਾਜ਼ਾ ਹੁਕਮਾਂ ਤਹਿਤ ਪਿਛਲੇ ਕਾਰਜਕਾਲ ਦੌਰਾਨ ਲਏ ਗਏ ਪ੍ਰਸ਼ਾਸਨਿਕ ਫ਼ੈਸਲਿਆਂ ਨੂੰ ਪਲਟਦਿਆਂ ਵੱਖ-ਵੱਖ ਡਾਇਰੈਕਟਰਾਂ ਦੇ ਕਾਰਜ ਖੇਤਰ ਅਤੇ ਅਹਿਮ ਚਾਰਜਾਂ ਦੀ ਪੁਰਾਣੀ ਸਥਿਤੀ ਨੂੰ ਮੁੜ ਬਹਾਲ ਕਰ ਦਿੱਤਾ ਗਿਆ ਹੈ। ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਪਾਵਰਕਾਮ ਦੇ ਸਾਬਕਾ ਸੀਐਮਡੀ ਦੇ ਕਾਰਜਕਾਲ ਦੌਰਾਨ ਪ੍ਰਸ਼ਾਸਨਿਕ ਸੰਤੁਲਨ ਨੂੰ ਦਰਕਿਨਾਰ ਕਰਦਿਆਂ ਇਕ ਡਾਇਰੈਕਟਰ ਨੂੰ ਕਈ ਅਹਿਮ ਵਿੰਗਾਂ ਦੇ ਵਾਧੂ ਚਾਰਜ ਸੌਂਪ ਦਿੱਤੇ ਗਏ ਸਨ, ਜਦਕਿ ਬਾਕੀ ਡਾਇਰੈਕਟਰਾਂ ਤੋਂ ਉਨ੍ਹਾਂ ਦੀਆਂ ਮੂਲ ਜ਼ਿੰਮੇਵਾਰੀਆਂ ਵਾਪਸ ਲੈ ਲਈਆਂ ਗਈਆਂ ਸਨ।ਨਵੇਂ ਹੁਕਮਾਂ ਅਨੁਸਾਰ ਡਾਇਰੈਕਟਰ (ਵੰਡ) ਨੂੰ ਚੀਫ਼ ਇੰਜੀਨੀਅਰ/ਆਈ.ਟੀ. ਤੇ ਚੀਫ਼ ਇੰਜੀਨੀਅਰ ਜਾਂ ਟਰਾਂਸਮਿਸ਼ਨ ਸਿਸਟਮ ਦਾ ਚਾਰਜ ਵਾਪਸ ਸੌਂਪ ਦਿੱਤਾ ਗਿਆ ਹੈ। ਡਾਇਰੈਕਟਰ (ਕਮਰਸ਼ੀਅਲ) ਨੂੰ ਚੀਫ਼ ਇੰਜੀਨੀਅਰ/ਮਟੀਰੀਅਲ ਮੈਨੇਜਮੈਂਟ ਦਾ ਚਾਰਜ ਮੁੜ ਦੇ ਦਿੱਤਾ ਗਿਆ ਹੈ। ਡਾਇਰੈਕਟਰ (ਜਨਰੇਸ਼ਨ) ਹੁਣ ਚੀਫ਼ ਇੰਜੀਨੀਅਰ/ਸੀ.ਡੀ. ਐਂਡ ਸੀ ਦੇ ਵਿੰਗ ਦੀ ਦੇਖ-ਰੇਖ ਕਰਨਗੇ।ਹੁਕਮਾਂ ਵਿੱਚ ਸਪੱਸ਼ਟ ਕੀਤਾ ਗਿਆ ਹੈ ਕਿ ਬਾਕੀ ਸਾਰੇ ਵਿਭਾਗੀ ਚਾਰਜ ਪਹਿਲਾਂ ਦੀ ਤਰ੍ਹਾਂ ਹੀ ਲਾਗੂ ਰਹਿਣਗੇ।ਇਹ ਹੁਕਮ ਤੁਰੰਤ ਪ੍ਰਭਾਵ ਨਾਲ ਲਾਗੂ ਕਰਦਿਆਂ ਪੱਤਰ ਪੰਜਾਬ ਸਰਕਾਰ ਦੇ ਬਿਜਲੀ, ਵਿੱਤ ਤੇ ਸਿੰਚਾਈ ਵਿਭਾਗਾਂ ਦੇ ਪ੍ਰਮੁੱਖ ਸਕੱਤਰਾਂ ਤੇ ਨਿਗਮ ਦੇ ਸਮੂਹ ਉੱਚ ਅਧਿਕਾਰੀਆਂ ਨੂੰ ਲੋੜੀਂਦੀ ਕਾਰਵਾਈ ਹਿੱਤ ਭੇਜ ਦਿੱਤੇ ਗਏ ਹਨ।

## 'ਵਿਸ਼ਵ ਉੱਦਮੀ ਦਿਵਸ' ਉਤਸ਼ਾਹਪੂਰਵਕ ਮਨਾਇਆ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੇ ਪੋਸਟ-ਗ੍ਰੈਜੂਏਟ ਵਣਜ ਤੇ ਵਪਾਰ ਪ੍ਰਸ਼ਾਸਨ ਵਿਭਾਗ ਵੱਲੋਂ 'ਵਿਸ਼ਵ ਉੱਦਮੀ ਦਿਵਸ' ਨੂੰ ਸਮਰਪਿਤ 'ਵੱਡੇ ਉੱਦਮੀਆਂ ਦੀਆਂ ਸਫ਼ਲਤਾ ਦੀਆਂ ਕਹਾਣੀਆਂ' ਵਿਸ਼ੇ ਉੱਤੇ ਇੱਕ ਪਾਵਰ ਪੁਆਇੰਟ ਪੇਸ਼ਕਾਰੀ ਮੁਕਾਬਲਾ ਕਰਵਾਇਆ ਗਿਆ।ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਦੀ ਯੋਗ ਪ੍ਰੇਰਨਾ ਤੇ ਵਣਜ ਵਿਭਾਗ ਦੇ ਮੁਖੀ ਪ੍ਰੋ. ਰਣਜੀਤ ਕੌਰ ਦੀ ਅਗਵਾਈ ਹੇਠ ਕਰਾਏ ਗਏ ਇਸ ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਵਿਸ਼ਵ ਪੱਧਰ 'ਤੇ ਪ੍ਰਸਿੱਧ ਉੱਦਮੀਆਂ ਦੇ ਜੀਵਨ ਸੰਘਰਸ਼, ਪ੍ਰੇਰਣਾਦਾਇਕ ਸਫ਼ਰ ਤੇ ਪ੍ਰਾਪਤੀਆਂ ਤੋਂ ਜਾਣੂ ਕਰਾਉਣਾ, ਉਨ੍ਹਾਂ ਦੇ ਆਤਮ-ਵਿਸ਼ਵਾਸ ਨੂੰ ਬੁਲੰਦ ਕਰਨਾ ਅਤੇ ਉਨ੍ਹਾਂ ਵਿੱਚ ਉੱਦਮੀ ਸੋਚ ਨੂੰ ਪ੍ਰਫੁੱਲਤ ਕਰਨਾ ਸੀ।ਇਸ ਅੰਤਰ-ਕਲਾਸ ਮੁਕਾਬਲੇ ਵਿੱਚ ਬੀ.ਕਾਮ, ਬੀ.ਬੀ.ਏ ਤੇ ਐੱਮ.ਕਾਮ ਦੇ ਕੁੱਲ 11 ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਮੋਹਰੀ ਉੱਦਮੀਆਂ ਦੀਆਂ ਪ੍ਰੇਰਨਾਦਾਇਕ ਕਹਾਣੀਆਂ ਪੇਸ਼ ਕੀਤੀਆਂ।ਮੁਕਾਬਲੇ ਵਿੱਚ ਖੁਸ਼ਮਿਹਰ ਸਿੰਘ ਅਤੇ ਤਾਨਿਸ਼ ਬੀ.ਕਾਮ ਭਾਗ ਤੀਜਾ ਨੇ ਪਹਿਲਾ ਸਥਾਨ, ਸਿਮਰਨਜੋਤ ਕੌਰ ਬੀ.ਕਾਮ ਭਾਗ ਤੀਜਾ ਨੇ ਦੂਜਾ ਸਥਾਨ ਅਤੇ ਸ਼ਿਵਾਨੀ ਬੀ.ਕਾਮ ਭਾਗ ਦੂਜਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਜੇਤੂਆਂ ਤੋਂ ਇਲਾਵਾ ਏਕਵੀਰ ਸਿੰਘ, ਜਸ਼ਨਪ੍ਰੀਤ ਕੌਰ, ਕਰਮਨਦੀਪ ਕੌਰ, ਜੈਸਮੀਨ ਕੌਰ, ਮਮਤਾ ਦੇਵੀ, ਗੁਰਸਾਹਿਬ ਕੌਰ ਅਤੇ ਸੋਮਿਆ ਨੇ ਉਤਸ਼ਾਹਪੂਰਵਕ ਭਾਗ ਲਿਆ।ਜੱਜਾਂ ਦੀ ਭੂਮਿਕਾ ਪ੍ਰੋ. ਅਮਨਦੀਪ ਕੌਰ ਚੀਮਾ ਅਤੇ ਪ੍ਰੋ. ਦੀਪਾਲੀ ਅਰੋੜਾ ਦੁਆਰਾ ਨਿਭਾਈ ਗਈ।ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ।

## ਦ੍ਰਿਸ਼ਟੀਕੋਣ ਵੈੱਲਫੇਅਰ ਫਾਊਂਡੇਸ਼ਨ ਵੱਲੋਂ ਭੰਡਾਰਾ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ਼ਰਾਧ ਪੱਖ ਦੌਰਾਨ ਦ੍ਰਿਸ਼ਟੀਕੋਣ ਵੈਲਫੇਅਰ ਫਾਊਂਡੇਸ਼ਨ ਸੁਨਾਮ ਵੱਲੋਂ ਹਰਿਦੁਆਰ ਸਥਿਤ ਵਿਕਟ ਕੁਟੀਆ ਵਿਖੇ ਧਾਰਮਿਕ ਸੇਵਾ ਤਹਿਤ ਭੰਡਾਰੇ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਫਾਊਂਡੇਸ਼ਨ ਦੇ ਮੈਂਬਰਾਂ ਵੱਲੋਂ ਸਾਧੂ-ਸੰਤਾਂ ਨੂੰ ਸ਼ਰਧਾ ਨਾਲ ਭੋਜਨ ਕਰਵਾਇਆ ਗਿਆ।ਇਸ ਉਪਰੰਤ ਕੁਟੀਆ ਵਿਖੇ ਪਹੁੰਚੇ ਸ਼ਰਧਾਲੂਆਂ ਲਈ ਵੀ ਲੰਗਰ ਲਗਾਇਆ ਗਿਆ।ਭੰਡਾਰੇ ਦੌਰਾਨ ਸ਼ਰਧਾਲੂਆਂ ਲਈ ਮਟਰ-ਪਨੀਰ ਦੀ ਸਬਜ਼ੀ, ਰੋਟੀ, ਦੁੱਧ ਅਤੇ ਦੇਸੀ ਘਿਓ ਨਾਲ ਤਿਆਰ ਜਲੇਬੀਆਂ ਦਾ ਪ੍ਰਬੰਧ ਕੀਤਾ ਗਿਆ। ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਲੰਗਰ ਦਾ ਪ੍ਰਸ਼ਾਦ ਛਕਿਆ।

## ਕਰਾਟੇ ਮੁਕਾਬਲਿਆਂ 'ਚ ਮਾਤਾ ਗੁਜਰੀ ਸਕੂਲ ਦੀ ਸ਼ਾਨਦਾਰ ਪ੍ਰਾਪਤੀ



**ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਵਿਖੇ ਕਰਵਾਏ ਗਏ ਖੇਡਾਂ ਵਤਨ ਪੰਜਾਬ ਦੀਆਂ ਜ਼ਿਲ੍ਹਾ ਪੱਧਰੀ ਕਰਾਟੇ ਟੂਰਨਾਮੈਂਟ ਵਿੱਚ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੀਆਂ ਵਿਦਿਆਰਥਣਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਅੰਡਰ-14 ਲੜਕੀਆਂ ਦੇ ਮੁਕਾਬਲਿਆਂ ਵਿੱਚ ਨਮਨਜੋਤ ਕੌਰ ਨੇ ਦੂਜਾ ਸਥਾਨ, ਪ੍ਰਭਲੀਨ ਕੌਰ, ਅਵਨੀਤ ਕੌਰ ਗੁਰਲੀਨ ਤੇ ਰਾਧਿਕਾ ਨੇ ਤੀਜਾ ਸਥਾਨ ਹਾਸਿਲ ਕੀਤਾ ਹੈ ਇਸੇ ਤਰ੍ਹਾਂ ਅੰਡਰ-17 ਲੜਕੀਆਂ ਦੇ ਮੁਕਾਬਲਿਆਂ ਵਿੱਚ ਰਿਸ਼ਮੀਤ ਕੌਰ, ਦੂਜਾ ਸਥਾਨ ਤੇ ਹਿਮਾਂਸ਼ੀ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ ਹੈ। ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਦੇ ਡਾਇਰੈਕਟਰ ਭੁਪਿੰਦਰ ਸਿੰਘ, ਪ੍ਰਧਾਨ ਸ੍ਰੀਮਤੀ ਰਵਿੰਦਰ ਕੌਰ ਤੇ ਪ੍ਰਿੰਸੀਪਲ ਸ੍ਰੀਮਤੀ ਪੂਨਮ ਧੀਮਾਨ ਨੇ ਸਮੂਹ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਬਾਬਾ ਬੁੱਢਾ ਸਾਹਿਬ ਜੀ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਤ ਮੁਫ਼ਤ ਡੈਂਟਲ ਚੈੱਕਅੱਪ ਕੈਂਪ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਜੇਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ ਵੱਲੋਂ ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਸਾਲਾਨਾ ਜੋੜ ਮੇਲੇ ਤੇ ਪਿੰਡ ਰਾਮਦਾਸ ਵਿਖੇ ਸੰਗਤਾਂ ਲਈ ਮੁਫ਼ਤ ਦੰਦਾਂ ਦੀ ਜਾਂਚ ਕੈਂਪ ਲਾਇਆ ਗਿਆ। ਕੈਂਪ ਦੌਰਾਨ 200 ਤੋਂ ਵੱਧ ਮਰੀਜ਼ਾਂ ਤੇ ਸ਼ਰਧਾਲੂਆਂ ਦੇ ਦੰਦਾਂ ਦੀ ਜਾਂਚ ਕੀਤੀ ਗਈ। ਡਾ. ਸੁਵੇਸ਼ ਤੇ ਡਾ. ਜਤਿਨ ਗਿੱਲ ਨੇ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਲੋੜੀਂਦੇ ਇਲਾਜ ਦੇ ਨਾਲ-ਨਾਲ ਦੰਦਾਂ ਦੀ ਸੰਭਾਲ ਸਬੰਧੀ ਮਹੱਤਵਪੂਰਨ ਸਲਾਹ ਵੀ ਦਿੱਤੀ। ਡਾਕਟਰਾਂ ਨੇ ਕਿਹਾ ਕਿ ਦੰਦਾਂ ਨੂੰ ਤੰਦਰੁਸਤ ਰੱਖਣ ਲਈ ਰੋਜ਼ਾਨਾ ਸਹੀ ਤਰੀਕੇ ਨਾਲ ਬੁਰਸ਼ ਕਰਨੀ, ਦਿਨ ਵਿੱਚ ਦੋ ਵਾਰ ਬੁਰਸ਼ ਕਰਨਾ, ਸੰਤੁਲਤ ਖੁਰਾਕ ਲੈਣੀ ਅਤੇ ਸਮੇਂ-ਸਮੇਂ 'ਤੇ ਦੰਦਾਂ ਦੇ ਮਾਹਿਰ ਡਾਕਟਰ ਤੋਂ ਜਾਂਚ ਕਰਵਾਉਣੀ ਬਹੁਤ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਦੰਦਾਂ ਦੀ ਕਿਸੇ ਵੀ ਸਮੱਸਿਆ ਨੂੰ ਨਜ਼ਰਅੰਦਾਜ਼ ਨਾ ਕਰਨ ਤੇ ਸਮੇਂ ਸਿਰ ਮਾਹਿਰ ਡਾਕਟਰ ਦੀ ਸਲਾਹ ਲੈਣ। ਇਸ ਮੌਕੇ ਕਾਲਜ ਦੇ ਪੀਆਰਓ ਰਣਜੀਤ ਸਿੰਘ ਤੇ ਮਨਜੀਤ ਸਿੰਘ ਨੇ ਸੇਵਾ ਭਾਵਨਾ ਤਹਿਤ ਸ਼ਰਧਾਲੂਆਂ ਨੂੰ ਮੁਫ਼ਤ ਟੂਥਬੁਰਸ਼ ਅਤੇ ਟੂਥਪੇਸਟ ਵੰਡੇ। ਉਨ੍ਹਾਂ ਦੱਸਿਆ ਕਿ ਜੇਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ ਸਮਾਜ ਸੇਵਾ ਦੇ ਉਦੇਸ਼ ਨਾਲ ਸਮੇਂ-ਸਮੇਂ 'ਤੇ ਅਜਿਹੇ ਮੁਫ਼ਤ ਸਿਹਤ ਕੈਂਪ ਆਯੋਜਿਤ ਕਰਦਾ ਰਹਿੰਦਾ ਹੈ।

## ਸ਼ਹੀਦ ਪਿਰਥੀਪਾਲ ਸਿੰਘ ਦੀ ਬਰਸੀ 'ਤੇ ਵੱਡੀ ਗਿਣਤੀ 'ਚ ਪਹੁੰਚਣ ਦਾ ਸੱਦਾ

### ਕਣਕ ਦੇ ਭਾਅ 'ਚ 25 ਰੁਪਏ ਦਾ ਵਾਧਾ ਕਿਸਾਨਾਂ ਨਾਲ ਕੋਝਾ ਮਜ਼ਾਕ : ਮੂੰਮ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਾਕ ਮਹਿਲ ਕਲਾਂ ਦੇ ਵਰਕਰਾਂ ਤੇ ਆਗੂਆਂ ਦੀ ਮੀਟਿੰਗ ਬਲਾਕ ਪ੍ਰਧਾਨ ਨਾਨਕ ਸਿੰਘ ਅਮਲਾ ਸਿੰਘ ਵਾਲਾ ਦੀ ਪ੍ਰਧਾਨਗੀ ਹੇਠ ਛੇਵੀਂ ਪਾਤਸ਼ਾਹੀ ਗੁਰਦੁਆਰਾ ਸਾਹਿਬ ਵਿਖੇ ਹੋਈ।ਮੀਟਿੰਗ ਦੌਰਾਨ ਕਿਸਾਨੀ ਮਸਲਿਆਂ 'ਤੇ ਵਿਚਾਰ-ਵਟਾਂਦਰਾ ਕਰਨ ਦੇ ਨਾਲ ਜ਼ਮੀਨੀ ਘੋਲ ਦੇ ਪਹਿਲੇ ਸ਼ਹੀਦ ਪਿਰਥੀਪਾਲ ਸਿੰਘ ਚੱਕ ਅਲੀਸ਼ੇਰ ਦੀ 16ਵੀਂ ਬਰਸੀ ਮੌਕੇ 11 ਅਕਤੂਬਰ ਨੂੰ ਉਨ੍ਹਾਂ ਦੇ ਜੱਦੀ ਪਿੰਡ ਪਹੁੰਚਣ ਦਾ ਸੱਦਾ ਦਿੱਤਾ ਗਿਆ।ਸੂਬਾ ਖ਼ਜ਼ਾਨਚੀ ਗੁਰਦੇਵ ਸਿੰਘ ਮਾਂਗੇਵਾਲ ਤੇ ਜ਼ਿਲ੍ਹਾ ਜਨਰਲ ਸਕੱਤਰ ਜਗਰਾਜ ਸਿੰਘ ਹਰਦਾਸਪੁਰਾ ਨੇ ਕਿਹਾ ਕਿ ਸ਼ਹੀਦ ਪਿਰਥੀਪਾਲ ਸਿੰਘ ਦੀ ਕੁਰਬਾਨੀ ਕਿਸਾਨੀ ਸੰਘਰਸ਼ ਲਈ ਪ੍ਰੇਰਨਾ ਸਰੋਤ ਹੈ।ਉਨ੍ਹਾਂ ਕਿਹਾ ਕਿ ਜਥੇਬੰਦੀ ਕਰਜ਼ੇ ਕਾਰਨ ਕਿਸਾਨਾਂ ਦੀਆਂ ਜ਼ਮੀਨਾਂ ਦੀ ਕੁਰਕੀ ਤੇ ਨਿਲਾਮੀ ਵਿਰੁੱਧ ਸੰਘਰਸ਼ ਜਾਰੀ ਰੱਖੇਗੀ।ਕਿਸਾਨ ਆਗੂ ਸੌਂਡਾ ਸਿੰਘ ਮੂੰਮ ਨੇ ਕਣਕ ਦੇ ਭਾਅ ਵਿੱਚ 25 ਰੁਪਏ ਪ੍ਰਤੀ ਕੁਇੰਟਲ ਵਾਧੇ ਨੂੰ ਕਿਸਾਨਾਂ ਨਾਲ ਕੋਝਾ ਮਜ਼ਾਕ ਕਰਾਰ ਦਿੰਦਿਆਂ ਕਿਹਾ ਕਿ ਖੇਤੀ ਲਾਗਤਾਂ ਤੇ ਮਹਿੰਗਾਈ ਦੇ ਮੁਕਾਬਲੇ ਇਹ ਵਾਧਾ ਨਾਕਾਫ਼ੀ ਹੈ।ਉਨ੍ਹਾਂ ਕਿਸਾਨਾਂ ਨੂੰ ਕਰਜ਼ੇ ਦੇ ਬੋਝ ਵਿੱਚੋਂ ਕੱਢਣ ਤੇ ਖੇਤੀ ਮਸਲਿਆਂ ਦੇ ਹੱਲ ਦੀ ਮੰਗ ਕੀਤੀ।ਇਸ ਮੌਕੇ ਜਸਵੰਤ ਸਿੰਘ ਮਹਿਲ ਕਲਾਂ, ਸੰਤੋਖ ਸਿੰਘ ਸਹੌਰ, ਸੇਵਕ ਸਿੰਘ ਮਾਂਗੇਵਾਲ, ਭੋਲਾ ਸਿੰਘ ਠੁੱਲੀਵਾਲ, ਭਿੰਦਰ ਸਿੰਘ ਮੂੰਮ, ਸਮਸ਼ੇਰ ਸਿੰਘ ਮਹਿਲ ਕਲਾਂ, ਨਿਰਮਲ ਸਿੰਘ ਗੋਬਿੰਦਗੜ੍ਹ ਤੇ ਬੰਤ ਸਿੰਘ ਕਲਾਲਾ ਸਮੇਤ ਹੋਰ ਕਿਸਾਨ ਆਗੂ ਹਾਜ਼ਰ ਸਨ।

## ਪਟਾਕੇ ਵੇਚਣ ਲਈ ਦਰਖਾਸਤਾਂ 13 ਤੱਕ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਧੀਕ ਜ਼ਿਲ੍ਹਾ ਮੈਜਿਸਟਰੇਟ ਡਾ. ਅਮਨਦੀਪ ਕੌਰ ਨੇ ਦੱਸਿਆ ਕਿ ਸਾਲ 2026 ਦੌਰਾਨ ਦੀਵਾਲੀ, ਗੁਰਪੂਰਬ, ਕ੍ਰਿਸਮਿਸ ਅਤੇ ਨਿਊ-ਈਅਰ ਦੇ ਤਿਉਹਾਰ ਨੂੰ ਮੁੱਖ ਰੱਖਦੇ ਹੋਏ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ ਵੱਲੋਂ ਸਿਵਲ ਰਿੱਟ ਪਟੀਸ਼ਨ ਨੰਬਰ 23548 ਆਫ 2017 ਵਿੱਚ ਦਿੱਤੇ ਗਏ ਆਦੇਸ਼ਾਂ ਦੀ ਪਾਲਣਾ ਵਿੱਚ ਜ਼ਿਲ੍ਹਾ ਫਿਰੋਜ਼ਪੁਰ ਦੇ ਸਮੂਹ ਵਾਸੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਪਟਾਖੇ ਵੇਚਣ ਦੇ ਆਰਜੀ ਲਾਇਸੰਸ ਲੈਣ ਲਈ ਚਾਹਵਾਨ ਵਿਅਕਤੀ ਆਪਣੀ ਮੁਕੰਮਲ ਦਰਖਾਸਤ ਸਮੇਤ ਸਾਰੇ ਦਸਤਾਵੇਜ ਸਵੈ-ਘੋਸ਼ਣਾ, ਆਧਾਰ ਕਾਰਡ ਦੀ ਕਾਪੀ, ਚਲਾਨ ਫਾਰਮ ਆਦਿ ਭਰਨ ਉਪਰੰਤ 7 ਤੋਂ 13 ਅਕਤੂਬਰ 2026 ਸ਼ਾਮ 05:00 ਵਜੇ ਤੱਕ ਸੇਵਾ ਕੇਂਦਰ, ਮਿੰਨੀ ਸਕੱਤਰੇਤ, ਫਿਰੋਜ਼ਪੁਰ ਵਿੱਚ ਪੇਸ਼ ਕਰ ਸਕਦੇ ਹਨ। ਪਟਾਕੇ ਵੇਚਣ ਸਬੰਧੀ ਆਰਜੀ ਲਾਇਸੰਸ 16 ਅਕਤੂਬਰ 2026 ਨੂੰ ਸਵੇਰੇ 11.30 ਵਜੇ ਮੀਟਿੰਗ ਹਾਲ, ਦੂਜੀ ਮੰਜਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਰਾਅ ਰਾਹੀਂ ਜਾਰੀ ਕੀਤੇ ਜਾਣਗੇ।

## ਕਿਸਾਨਾਂ ਤੇ ਮਜ਼ਦੂਰਾਂ ਨੇ ਮੁੱਖ ਚੋਣ ਕਮਿਸ਼ਨਰ ਦਾ ਫੂਕਿਆ ਪੁਤਲਾ



**ਕੋਟਕਪੂਰਾ (ਰਛਪਾਲ ਭੁੱਲਰ)**

ਲੋਕਤੰਤਰ ਦਾ ਘਾਣ ਕਰਨ ਵਾਲੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਪੁਤਲਾ ਘਨ੍ਹੱਈਆ ਚੌਕ ਫਰੀਦਕੋਟ ਵਿਖੇ ਫੂਕਿਆ ਗਿਆ। ਕੁੱਲ ਹਿੰਦ ਕਿਸਾਨ ਮਹਾਂ ਸਭਾ ਦੇ ਸੱਦੇ 'ਤੇ ਜਮਹੂਰੀ ਕਿਸਾਨ ਸਭਾ ਫਰੀਦਕੋਟ ਵੱਲੋਂ ਪੁਤਲਾ ਫੂਕਣ ਵੇਲੇ ਇਕੱਤਰ ਹੋਏ ਕਿਸਾਨਾਂ ਤੇ ਮਜ਼ਦੂਰਾਂ ਨੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਇਸ ਮੌਕੇ ਜਮਹੂਰੀ ਕਿਸਾਨ ਸਭਾ ਫਰੀਦਕੋਟ ਦੇ ਜ਼ਿਲ੍ਹਾ ਪ੍ਰਧਾਨ ਵੀਰਇੰਦਰ ਜੀਤ ਸਿੰਘ ਪੁਰੀ ਨੇ ਕਿਹਾ ਕਿ ਵੋਟ ਦੇ ਸੰਵਿਧਾਨਕ ਅਧਿਕਾਰ ਨੂੰ ਖਤਮ ਕਰਕੇ ਬੀਜੇਪੀ ਦੀ ਮੋਦੀ ਸਰਕਾਰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਸਹਾਇਤਾ ਰਾਹੀਂ ਭਾਰਤ ਦੇ ਕਈ ਸੂਬਿਆਂ ਵਿੱਚ ਕਾਬਜ਼ ਹੋ ਚੁੱਕੀ ਹੈ, ਇਸੇ ਲੜੀ ਤਹਿਤ ਮੋਦੀ ਸਰਕਾਰ ਵੱਲੋਂ ਪੰਜਾਬ ਲਈ ਵੀ ਤਿਆਰੀ ਕੀਤੀ ਜਾ ਰਹੀ ਹੈ। ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਖਿਲਾਫ ਲਗਾਤਾਰ ਨੌਜਵਾਨਾਂ ਤੇ ਵਿਦਿਆਰਥੀਆਂ ਵੱਲੋਂ ਸੰਘਰਸ਼ ਆਰੰਭ ਕੀਤਾ ਗਿਆ ਹੈ ਤੇ ਹੁਣ ਇਹ ਅੰਦੋਲਨ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਸਾਰੇ ਭਾਰਤ ਵਿੱਚ ਫੈਲ ਚੁੱਕਾ ਹੈ। ਆਗੂਆਂ ਨੇ ਕਿਹਾ ਜੰਤਰ ਮੰਤਰ ਦੇ ਸੰਘਰਸ਼ ਲਈ ਨੌਜਵਾਨ, ਵਿਦਿਆਰਥੀ ਤੇ ਜੂਝਦੇ ਲੋਕਾਂ ਨੇ ਦਿੱਲੀ ਪੁਲਸ ਕੋਲੋਂ ਸੰਘਰਸ਼ ਲਈ ਮਨਜ਼ੂਰੀ ਦੀ ਅਰਜ਼ੀ ਦਿੱਤੀ ਸੀ, ਪਰ ਤਾਨਾਸ਼ਾਹ ਮੋਦੀ ਸਰਕਾਰ ਦੀ ਦਿੱਲੀ ਪੁਲਸ ਨੇ ਉਸ ਨੂੰ ਨਜ਼ਰਅੰਦਾਜ਼ ਕੀਤਾ ਤੇ ਜੰਤਰ ਮੰਤਰ ਦੇ ਮੈਦਾਨ ਨੂੰ ਫੌਜੀ ਛਾਉਣੀ ਬਣਾ ਦਿੱਤਾ। ਦੇਸ਼ ਦੀਆਂ ਧੀਆਂ, ਜੋ ਲੋਕਤੰਤਰ ਨੂੰ ਬਚਾਉਣ ਤੇ ਭਾਰਤ ਦੇ ਸੰਵਿਧਾਨ ਦੀ ਰਾਖੀ ਲਈ ਸੰਘਰਸ਼ ਦੇ ਮੈਦਾਨ ਵਿੱਚ ਅੱਗੇ ਆਗੂ ਰੋਲ ਨਿਭਾਅ ਰਹੀਆਂ ਹਨ, ਨੂੰ ਪੁਰਸ਼ ਪੁਲਸ ਮੁਲਾਜ਼ਮਾਂ ਵੱਲੋਂ ਗਲਤ ਤਰੀਕੇ ਨਾਲ ਬੇਸ਼ਰਮੀ ਨਾਲ ਫੜਿਆ ਗਿਆ ਹੈ। ਆਗੂਆਂ ਨੇ ਦੇਸ਼ ਅੰਦਰ ਅਮਨ ਸ਼ਾਂਤੀ ਕਾਇਮ ਰੱਖਣ ਲਈ, ਸੰਵਿਧਾਨ ਵਿਰੋਧੀ ਤਾਕਤਾਂ ਖਿਲਾਫ਼ ਨੌਜਵਾਨ ਪੀੜ੍ਹੀ ਤੋਂ ਇਲਾਵਾ ਵਿਦਿਆਰਥੀਆਂ ਤੇ ਆਮ ਲੋਕਾਂ ਨੂੰ ਜਥੇਬੰਦ ਹੋਣ ਦੀ ਅਪੀਲ ਕੀਤੀ। ਇਸ ਮੌਕੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਜਤਿੰਦਰ ਕੁਮਾਰ ਨੇ ਸਰਕਾਰ ਦੇ ਤਾਨਾਸ਼ਾਹੀ ਰਵੱਈਏ ਖ਼ਿਲਾਫ਼ ਹਰ ਸੰਘਰਸ਼ ਦੀ ਹਮਾਇਤ ਦਾ ਐਲਾਨ ਕੀਤਾ। ਬੁਲਾਰਿਆਂ ਵੱਲੋਂ ਮੰਗ ਕੀਤੀ ਕਿ ਕੇਂਦਰ ਦੀ ਮੋਦੀ ਸਰਕਾਰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਤੁਰੰਤ ਬਰਖਾਸਤ ਕਰੇ ਤੇ 13 ਕਰੋੜ 30 ਲੱਖ ਤੋਂ ਜ਼ਿਆਦਾ ਨਜਾਇਜ਼ ਤੌਰ 'ਤੇ ਕੱਟੀਆਂ ਵੋਟਾਂ ਨੂੰ ਬਹਾਲ ਕੀਤਾ ਜਾਵੇ।

ਪੁਤਲਾ ਸਾੜਨ ਮੌਕੇ ਸੁਖਮੰਦਰ ਸਿੰਘ ਢਿੱਲਵਾਂ, ਸੂਰਤ ਸਿੰਘ ਮਾਹਲਾ, ਜਸਮੇਲ ਸਿੰਘ ਰਾਹੀ, ਅਜੀਤ ਸਿੰਘ ਖਾਲਸਾ, ਸੋਹਣ ਸਿੰਘ ਇਕਾਈ ਪ੍ਰਧਾਨ ਪੱਖੀ ਕਲਾਂ, ਅਮਨਦੀਪ ਸਿੰਘ ਪੱਖੀ ਕਲਾਂ, ਮਲਕੀਤ ਸਿੰਘ ਪੱਖੀ ਕਲਾਂ, ਤਰਲੋਚਨ ਸਿੰਘ, ਗੁਰਬਖਸ਼ ਸਿੰਘ ਗਾਸ਼ੀ, ਸਤਿਨਾਮ ਸਿੰਘ ਜ਼ਿਲ੍ਹਾ ਪ੍ਰਧਾਨ ਮਜ਼ਦੂਰ ਮੁਕਤੀ ਮੋਰਚਾ ਪੰਜਾਬ, ਗੁਰਚਰਨ ਸਿੰਘ ਸਾਧਾਂ ਵਾਲਾ ਮੈਂਬਰ ਸੀ ਪੀ ਆਈ ਐੱਮ ਐੱਲ ਆਦਿ ਸਾਥੀ ਹਾਜ਼ਰ ਸਨ।

## ਈ ਡੀ ਤੇ ਸੀ ਬੀ ਆਈ ਦੇ ਵਿਰੋਧ 'ਚ 'ਆਪ' ਵੱਲੋਂ ਪ੍ਰਦਰਸ਼ਨ

### ਮੋਦੀ ਸਰਕਾਰ 'ਤੇ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਦਾ ਦੋਸ਼



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਕੈਂਪ ਦਫ਼ਤਰ ਸਮੇਤ ਸੂਬੇ ਵਿੱਚ ਵੱਖ-ਵੱਖ ਥਾਵਾਂ 'ਤੇ ਸੀ ਬੀ ਆਈ ਦੀ ਕਾਰਵਾਈ ਤੋਂ ਬਾਅਦ ਆਮ ਆਦਮੀ ਪਾਰਟੀ ਨੇ ਕੇਂਦਰ ਸਰਕਾਰ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਹੈ।ਕੇਂਦਰੀ ਜਾਂਚ ਏਜੰਸੀਆਂ ਦੀ ਕਥਿਤ ਦੁਰਵਰਤੋਂ ਦੇ ਵਿਰੋਧ ਵਿੱਚ ਆਮ ਆਦਮੀ ਪਾਰਟੀ (ਆਪ) ਵੱਲੋਂ ਪਟਿਆਲਾ ਵਿਖੇ ਆਮ ਆਦਮੀ ਪਾਰਟੀ ਵੱਲੋਂ ਬੀ ਜੇ ਪੀ ਤੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਈ ਡੀ ਤੇ ਸੀ ਬੀ ਆਈ ਵੱਲੋਂ ਪੰਜਾਬ ਅੰਦਰ ਕੀਤੀ ਜਾ ਰਹੀ ਛਾਪੇਮਾਰੀ ਵਿਰੁੱਧ ਸ਼ਹਿਰ ਅੰਦਰ ਭਾਰੀ ਗਿਣਤੀ ਵਿੱਚ ਪਾਰਟੀ ਦੇ ਸੀਨੀਅਰ ਆਗੂਆਂ ਤੇ ਵਰਕਰਾਂ ਵੱਲੋਂ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਰੋਸ ਵਿਖਾਵਾ ਕੀਤਾ ਗਿਆ। ਇਸ ਰੋਸ ਮੁਜ਼ਾਹਰੇ ਵਿੱਚ ਵਿਧਾਇਕ ਅਜੀਤ ਪਾਲ ਕੋਹਲੀ, ਲੋਕ ਸਭਾ ਦੇ ਹਲਕਾ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ, ਪੀ ਆਰ ਟੀ ਸੀ ਦੇ ਚੇਅਰਮੈਨ ਹਰਪਾਲ ਜੁਨੇਜਾ, ਯੋਜਨਾ ਬੋਰਡ ਚੇਅਰਮੈਨ ਤੇਜਿੰਦਰ ਮਹਿਤਾ, ਜ਼ਿਲ੍ਹਾ ਪ੍ਰਧਾਨ ਨਵਕਵਲ ਸਿੰਘ ਆਦਿ ਹਾਜ਼ਰ ਸਨ। ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸੜਕਾਂ 'ਤੇ ਉੱਤਰ ਕੇ ਕੇਂਦਰ ਸਰਕਾਰ ਖ਼ਿਲਾਫ਼ ਰੋਸ ਜ਼ਾਹਰ ਕੀਤਾ ਤੇ ਕੇਂਦਰ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। 'ਆਪ' ਆਗੂਆਂ ਦਾ ਦੋਸ਼ ਹੈ ਕਿ ਕੇਂਦਰ ਦੀ ਭਾਜਪਾ ਸਰਕਾਰ ਵਿਰੋਧੀ ਧਿਰਾਂ ਦੀਆਂ ਸਰਕਾਰਾਂ 'ਤੇ ਦਬਾਅ ਬਣਾਉਣ ਲਈ ਇਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਤੇ ਕੇਂਦਰੀ ਜਾਂਚ ਬਿਊਰੋ (ਸੀ ਬੀ ਆਈ) ਵਰਗੀਆਂ ਕੇਂਦਰੀ ਏਜੰਸੀਆਂ ਦੀ ਵਰਤੋਂ ਕਰ ਰਹੀ ਹੈ।ਪਾਰਟੀ ਦਾ ਕਹਿਣਾ ਹੈ ਕਿ ਪੰਜਾਬ ਵਿੱਚ ਵੀ ਭਗਵੰਤ ਮਾਨ ਸਰਕਾਰ ਨੂੰ ਬਦਨਾਮ ਕਰਨ ਤੇ ਸਿਆਸੀ ਤੌਰ 'ਤੇ ਦਬਾਅ ਬਣਾਉਣ ਲਈ ਕੇਂਦਰੀ ਜਾਂਚ ਏਜੰਸੀਆਂ ਵੱਲੋਂ ਕਾਰਵਾਈ ਕੀਤੀ ਜਾ ਰਹੀ ਹੈ।

## ਭਾਜਪਾ ਜਾਣ-ਬੁੱਝ ਕੇ ਚੋਣਾਂ ਜਿੱਤਣ ਲਈ ਧੱਕਾ ਕਰ ਰਹੀ : ਪੱਪੂ ਪ੍ਰਧਾਨ



**ਬਠਿੰਡਾ (ਰਾਜੀਵ ਗੋਇਲ)**-ਕੇਂਦਰੀ ਜਾਂਚ ਏਜੰਸੀਆਂ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ ਰਾਜਵੀਰ ਘੁੰਮਣ ਸਮੇਤ ਹੋਰਨਾਂ ਲੋਕਾਂ ਦੇ ਟਿਕਾਣਿਆਂ 'ਤੇ ਕੀਤੀ ਗਈ ਰੇਡ ਨੂੰ ਲੈ ਕੇ ਆਪ ਕਾਰਕੁੰਨਾਂ ਵਿੱਚ ਭਾਜਪਾ ਖਿਲਾਫ ਗੁੱਸਾ ਦਿਖਾਈ ਦੇ ਰਿਹਾ ਹੈ ਤੇ ਇਸੇ ਹੀ ਮਸਲੇ ਨੂੰ ਲੈ ਕੇ ਅੱਜ ਕਸਬਾ ਭਗਤਾ ਭਾਈਕਾ ਦੇ ਆੜ੍ਹਤੀਆ ਯੂਨੀਅਨ ਦੇ ਆਗੂ ਵਿਜੇ ਕੁਮਾਰ ਪੱਪੂ ਪ੍ਰਧਾਨ ਵੱਲੋਂ ਕਿਹਾ ਗਿਆ ਹੈ ਕਿ ਬੀ.ਜੇ.ਪੀ ਪੰਜਾਬ ਦੀਆਂ ਆਗਾਮੀ ਚੋਣਾਂ ਜਿੱਤਣ ਲਈ ਜਾਣਬੁੱਝ ਕੇ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕ ਭਗਵੰਤ ਸਿੰਘ ਮਾਨ ਦੀ ਸ਼ਵੀ ਤੋਂ ਚੰਗੀ ਤਰ੍ਹਾਂ ਜਾਣੂ ਹਨ ਅਤੇ ਉਹ ਇਸ ਤਰ੍ਹਾਂ ਬਹਿਕਾਵੇ ਵਿੱਚ ਨਹੀਂ ਆਉਣਗੇ ਤੇ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣਗੇ।

## ਬਾਬਾ ਬੁੱਢਾ ਸਾਹਿਬ ਦੇ ਜੋੜ ਮੇਲੇ 'ਤੇ ਲਗਾਇਆ 5 ਰੋਜ਼ਾ ਮੈਡੀਕਲ ਕੈਂਪ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ (ਰਜਿ. 295) ਵੱਲੋਂ ਧੰਨ ਧੰਨ ਬਾਬਾ ਬੁੱਢਾ ਸਾਹਿਬ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਿਤ 5 ਦਿਨਾਂ ਵਿਸ਼ੇਸ਼ ਮੁਫ਼ਤ ਮੈਡੀਕਲ ਕੈਂਪ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਲਗਾਇਆ ਗਿਆ। ਇਹ ਕੈਂਪ ਐਸੋਸੀਏਸ਼ਨ ਦੇ ਸੂਬਾ ਮੀਤ ਪ੍ਰਧਾਨ ਵੈਦ ਧੰਨਾ ਮੱਲ ਗੋਇਲ, ਜ਼ਿਲ੍ਹਾ ਪ੍ਰਧਾਨ ਡਾ. ਹਰਭਜਨ ਕੰਬੋਜ, ਬਲਾਕ ਫਿਰੋਜ਼ਪੁਰ ਕੈਂਟ ਦੇ ਪ੍ਰਧਾਨ ਡਾ. ਅਨਿਲ ਸ਼ਰਮਾ ਅਤੇ ਜ਼ਿਲ੍ਹਾ ਪ੍ਰੈੱਸ ਸਕੱਤਰ-ਕਮ-ਬਲਾਕ ਚੇਅਰਮੈਨ ਡਾ. ਮਨਪ੍ਰੀਤ ਸਿੰਘ ਦੀ ਯੋਗ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਕੈਂਪ ਦੌਰਾਨ ਡਾ. ਸੰਜੀਵ ਸ਼ਰਮਾ, ਡਾ. ਅਮਰੀਕ ਸਿੰਘ, ਡਾ. ਸੁਖਵਿੰਦਰ ਕੌਰ, ਡਾ. ਸੰਗੀਤਾ ਅਤੇ ਡਾ. ਸਰਵਣ ਨੇ ਦਿਨ-ਰਾਤ ਨਿਰੰਤਰ ਸੇਵਾ ਨਿਭਾਉਂਦਿਆਂ ਜੋੜ ਮੇਲੇ ਵਿੱਚ ਪਹੁੰਚੀਆਂ ਹਜ਼ਾਰਾਂ ਸੰਗਤਾਂ ਤੇ ਯਾਤਰੀਆਂ ਦੀ ਜਾਂਚ ਕੀਤੀ, ਮੁਫ਼ਤ ਦਵਾਈਆਂ ਵੰਡੀਆਂ ਅਤੇ ਮਲ੍ਹਮ-ਪੱਟੀ ਦੀ ਸੇਵਾ ਕੀਤੀ।

## ਸਤਲੁਜ ਪੁਲ ਦੀ ਧਸੀ ਸਲੈਬ ਦਾ ਸਾਂਸਦ ਸੰਧੂ ਵੱਲੋਂ ਜਾਇਜ਼ਾ

### ਮੁਰੰਮਤ ਲਈ ਕੇਂਦਰ ਤੋਂ ਸਹਾਇਤਾ ਦਿਵਾਉਣ ਦਾ ਭਰੋਸਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਖੰਨਾ-ਨਵਾਂਸ਼ਹਿਰ ਮਾਰਗ ਉੱਪਰ ਸਤਲੁਜ ਦਰਿਆ 'ਤੇ ਸਥਿਤ ਸ਼ਹੀਦ ਭਗਤ ਸਿੰਘ ਯਾਦਗਾਰੀ ਪੁਲ ਦੀ ਖਸਤਾ ਹਾਲਤ ਦਾ ਮੁੱਦਾ ਹੁਣ ਸੰਸਦ 'ਚ ਉਠਾਉਣ ਦੀ ਤਿਆਰੀ ਕੀਤੀ ਜਾ ਰਹੀ ਹੈ। ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਨੇ ਬੁੱਧਵਾਰ ਨੂੰ ਪੁਲ ਦਾ ਦੌਰਾ ਕਰਕੇ ਨੁਕਸਾਨੀ ਗਈ ਸਲੈਬ ਸਮੇਤ ਪੁਲ ਦੀ ਮੌਜੂਦਾ ਸਥਿਤੀ ਦਾ ਜਾਇਜ਼ਾ ਲਿਆ। ਭਾਜਪਾ ਦੇ ਸੀਨੀਅਰ ਆਗੂ ਨੀਸ਼ੂ ਸ਼ਰਮਾ ਵੱਲੋਂ ਇਹ ਮਾਮਲਾ ਉਨ੍ਹਾਂ ਦੇ ਧਿਆਨ 'ਚ ਲਿਆਂਦੇ ਜਾਣ ਤੋਂ ਬਾਅਦ ਸੰਧੂ ਮੌਕੇ 'ਤੇ ਪਹੁੰਚੇ। ਇਸ ਮੌਕੇ ਉਨ੍ਹਾਂ ਕਿਹਾ ਕਿ ਪੁਲ ਦੀ ਮੁਰੰਮਤ ਨਾ ਹੋਣ ਕਾਰਨ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਸਬੰਧੀ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੰਧੂ ਨੇ ਕਿਹਾ ਕਿ ਪੁਲ ਦੀ ਮੌਜੂਦਾ ਸਥਿਤੀ ਕਾਰਨ ਟਰੱਕ ਚਾਲਕਾਂ, ਬੱਸਾਂ ਵਿੱਚ ਸਫ਼ਰ ਕਰਨ ਵਾਲੇ ਲੋਕਾਂ, ਸਕੂਲੀ ਵਿਦਿਆਰਥੀਆਂ ਤੇ ਕਿਸਾਨਾਂ ਤੋਂ ਇਲਾਵਾ ਪੁਲ ਨਾਲ ਜੁੜੇ ਵਪਾਰਕ ਖੇਤਰ 'ਤੇ ਵੀ ਇਸ ਦਾ ਪ੍ਰਭਾਵ ਪੈ ਰਿਹਾ ਹੈ। ਸੰਧੂ ਨੇ ਕਿਹਾ ਕਿ ਇਲਾਕੇ ਦੇ ਲੋਕਾਂ ਨੂੰ ਲੰਬੇ ਸਮੇਂ ਤੋਂ ਆ ਰਹੀ ਇਸ ਸਮੱਸਿਆ ਨੂੰ ਉਹ ਰਾਜ ਸਭਾ ਵਿੱਚ ਉਠਾਉਣਗੇ ਤਾਂ ਜੋ ਮਾਮਲੇ ਦਾ ਸਥਾਈ ਹੱਲ ਕੱਢਣ ਲਈ ਕੇਂਦਰੀ ਪੱਧਰ 'ਤੇ ਵੀ ਕਾਰਵਾਈ ਹੋ ਸਕੇ।

ਰਾਜ ਸਭਾ ਮੈਂਬਰ ਨੇ ਪੰਜਾਬ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਸਰਕਾਰ ਵੱਲੋਂ ਵਿਕਾਸ ਦੇ ਵੱਡੇ ਦਾਅਵੇ ਕੀਤੇ ਜਾ ਰਹੇ ਹਨ, ਪਰ ਦੂਜੇ ਪਾਸੇ ਇੱਕ ਮਹੱਤਵਪੂਰਨ ਪੁਲ ਦੀ ਮੁਰੰਮਤ ਦਾ ਮਾਮਲਾ ਲੰਬੇ ਸਮੇਂ ਤੋਂ ਲਟਕਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਣਾ ਚਾਹੀਦਾ ਹੈ। ਸਤਨਾਮ ਸਿੰਘ ਸੰਧੂ ਨੇ ਕਿਹਾ ਕਿ ਜੇਕਰ ਪੁਲ ਦੀ ਮੁਰੰਮਤ ਲਈ ਪੰਜਾਬ ਦੇ ਲੋਕ ਨਿਰਮਾਣ ਵਿਭਾਗ ਕੋਲ ਲੋੜੀਂਦੇ ਫੰਡ ਨਹੀਂ ਹਨ ਤਾਂ ਉਹ ਆਪਣੇ ਅਖਤਿਆਰੀ ਕੋਟੇ ਜਾਂ ਕੇਂਦਰ ਸਰਕਾਰ ਤੋਂ ਉਪਲਬਧ ਫੰਡਾਂ ਰਾਹੀਂ ਇਸ ਕੰਮ ਲਈ ਸਹਾਇਤਾ ਕਰਵਾਉਣ ਲਈ ਤਿਆਰ ਹਨ। ਉਨ੍ਹਾਂ ਕਿਹਾ ਕਿ ਭਾਜਪਾ ਵੱਲੋਂ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਸਬੰਧਤ ਪੱਧਰ 'ਤੇ ਚੁੱਕ ਕੇ ਉਨ੍ਹਾਂ ਦਾ ਹੱਲ ਕਰਵਾਉਣ ਲਈ ਯਤਨ ਜਾਰੀ ਰੱਖੇ ਜਾਣਗੇ। ਇਸ ਮੌਕੇ ਬਲਰਾਜ ਕੁਮਾਰ, ਸੁੱਖੀ ਸ਼ਰਮਾ, ਸੰਜੀਵ ਲੀਹਲ, ਆਸ਼ੂ ਸ਼ਰਮਾ, ਵਿਕਾਸ ਮਿੱਤਲ, ਹਰਜਿੰਦਰ ਸਿੰਘ ਗੜ੍ਹੀ, ਡਾ. ਪ੍ਰਵੀਨ ਗੋਇਲ ਤੇ ਅਜੈ ਬਾਂਸਲ ਹਾਜ਼ਰ ਸਨ।

## ਏਮਜ਼ ਵੱਲੋਂ ਆਯੂਸ਼ ਤੇ ਐਡਵਾਂਸਡ ਪੈਰੀਟੋਨੀਅਲ ਕੈਂਸਰ ਇਲਾਜ ਸੇਵਾਵਾਂ ਦਾ ਵਿਸਥਾਰ



**ਬਠਿੰਡਾ (ਪਰਵਿੰਦਰਜੀਤ ਸਿੰਘ)**

ਏਮਜ਼ ਬਠਿੰਡਾ ਨੇ ਆਯੂਸ਼ ਸੇਵਾਵਾਂ ਸ਼ੁਰੂ ਕਰਕੇ ਤੇ ਐਡਵਾਂਸਡ ਸਹੂਲਤਾਂ ਨਾਲ ਲੈਸ ਇੱਕ ਸਮਰਪਿਤ ਪੈਰੀਟੋਨੀਅਲ ਕੈਂਸਰ ਯੂਨਿਟ ਸਥਾਪਤ ਕਰਕੇ ਆਪਣੀਆਂ ਵਿਆਪਕ ਸਿਹਤ ਸੰਭਾਲ ਸੇਵਾਵਾਂ ਨੂੰ ਹੋਰ ਮਜ਼ਬੂਤ ??ਕੀਤਾ ਹੈ।ਮਾਣਯੋਗ ਰਾਸ਼ਟਰਪਤੀ ਪਦਮ ਸ਼੍ਰੀ ਪ੍ਰੋ. (ਡਾ.) ਨੀਰਜਾ ਭਟਲਾ ਦੀ ਅਗਵਾਈ ਤੇ ਕਾਰਜਕਾਰੀ ਨਿਰਦੇਸ਼ਕ ਪ੍ਰੋ. (ਡਾ.) ਰਤਨ ਗੁਪਤਾ ਦੀ ਦੂਰਦਰਸ਼ੀ ਅਗਵਾਈ ਹੇਠ ਇਹ ਪਹਿਲਕਦਮੀ ਪੰਜਾਬ ਅਤੇ ਆਸ ਪਾਸ ਦੇ ਖੇਤਰਾਂ ਵਿੱਚ ਮਰੀਜ਼ਾਂ ਨੂੰ ਆਧੁਨਿਕ, ਵਿਸ਼ੇਸ਼ ਅਤੇ ਸੰਪੂਰਨ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਵੱਲ ਇੱਕ ਵੱਡਾ ਕਦਮ ਹੈ। ਆਯੂਸ਼ ਸੇਵਾਵਾਂ ਵਿੱਚ ਆਯੁਰਵੇਦ, ਯੋਗਾ ਅਤੇ ਕੁਦਰਤੀ ਇਲਾਜ, ਸਿੱਧ ਅਤੇ ਹੋਮਿਓਪੈਥੀ ਸ਼ਾਮਲ ਹਨ।ਇਸ ਰਾਹੀਂ, ਮਰੀਜ਼ਾਂ ਨੂੰ ਆਧੁਨਿਕ ਡਾਕਟਰੀ ਸੇਵਾਵਾਂ ਦੇ ਨਾਲ-ਨਾਲ ਸੰਪੂਰਨ ਅਤੇ ਏਕੀਕ੍ਰਿਤ ਸਿਹਤ ਸੰਭਾਲ ਵਿਕਲਪ ਪੇਸ਼ ਕੀਤੇ ਜਾਣਗੇ।ਇਹ ਸੇਵਾਵਾਂ ਸਹੀ ਡਾਕਟਰੀ ਮਾਰਗਦਰਸ਼ਨ ਹੇਠ ਸਿਹਤ ਪ੍ਰੋਤਸਾਹਨ ਤੇ ਬਿਮਾਰੀ ਦੀ ਰੋਕਥਾਮ 'ਤੇ ਕੇਂਦ੍ਰਿਤ ਹੋਣਗੀਆਂ।ਆਯੂਸ਼ ਮੰਤਰਾਲੇ ਦੇ ਦ੍ਰਿਸ਼ਟੀਕੋਣ ਦੇ ਅਨੁਸਾਰ, ਏਮਜ਼ ਬਠਿੰਡਾ ਇਨ੍ਹਾਂ ਰਵਾਇਤੀ ਡਾਕਟਰੀ ਪ੍ਰਣਾਲੀਆਂ ਨੂੰ ਹੋਰ ਵਿਕਸਤ ਕਰਨ ਅਤੇ ਏਕੀਕ੍ਰਿਤ ਸਿਹਤ ਸੰਭਾਲ ਸੇਵਾਵਾਂ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ। ਸਰਜੀਕਲ ਓਨਕੋਲੋਜੀ ਵਿਭਾਗ ਦੇ ਅਧੀਨ ਨਵੀਂ ਸਥਾਪਿਤ ਸਮਰਪਿਤ ਪੈਰੀਟੋਨੀਅਲ ਕੈਂਸਰ ਯੂਨਿਟ ਨਵੀਨਤਮ ਪਰਫਾਮਰ ਸਿਸਟਮ ਨਾਲ ਲੈਸ ਹੈ।ਇਹ ਸਹੂਲਤ ਪੈਰੀਟੋਨੀਅਲ ਸਰਫੇਸ ਕੈਂਸਰ ਵਾਲੇ ਚੁਣੇ ਹੋਏ ਮਰੀਜ਼ਾਂ ਨੂੰ ਸਾਈਟੋਰੇਡਕਟਿਵ ਸਰਜਰੀ ਤੋਂ ਬਾਅਦ ਹਾਈਪਰਥਰਮਿਕ ਇੰਟਰਾਪੈਰੀਟੋਨੀਅਲ ਕੀਮੋਥੈਰੇਪੀ ਪ੍ਰਦਾਨ ਕਰਦੀ ਹੈ।ਇਸ ਵਿੱਚ ਪੈਰੀਟੋਨੀਅਲ ਫੈਲਾਅ ਵਾਲੇ ਕੋਲੋਰੈਕਟਲ, ਐਪੈਂਡੀਸੀਅਲ ਤੇ ਅੰਡਕੋਸ਼ ਕੈਂਸਰ ਵਾਲੇ ਚੁਣੇ ਹੋਏ ਮਰੀਜ਼ ਸ਼ਾਮਲ ਹੋਣਗੇ।ਏਮਜ਼ ਬਠਿੰਡਾ ਦੇ ਕਾਰਜਕਾਰੀ ਨਿਰਦੇਸ਼ਕ, ਪ੍ਰੋ. (ਡਾ.) ਰਤਨ ਗੁਪਤਾ ਨੇ ਕਿਹਾ ਕਿ ਇਨ੍ਹਾਂ ਵਿਸ਼ੇਸ਼ ਸੇਵਾਵਾਂ ਦਾ ਜੋੜ ਸੰਸਥਾ ਦੀਆਂ ਉੱਨਤ ਤੇ ਵਿਆਪਕ ਸਿਹਤ ਸੰਭਾਲ ਸੇਵਾਵਾਂ ਨੂੰ ਮਜ਼ਬੂਤ ਕਰਨ 'ਚ ਇੱਕ ਵੱਡਾ ਮੀਲ ਪੱਥਰ ਹੈ।ਇਹ ਮਰੀਜ਼ਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਵਿਸ਼ੇਸ਼ ਇਲਾਜ ਤੱਕ ਪਹੁੰਚ ਪ੍ਰਦਾਨ ਕਰੇਗਾ।

## ਧਾਮੀ ਵੱਲੋਂ ਨਿਭਾਈ ਜਾ ਰਹੀ ਭੂਮਿਕਾ ਸ਼ਲਾਘਾਯੋਗ : ਡਾ. ਨਰਿੰਦਰ ਸਿੰਘ

**ਬੁਢਲਾਡਾ (ਅਸ਼ੋਕ ਲਾਕੜਾ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੇਵਲ ਧਾਰਮਿਕ ਖੇਤਰ ਵਿੱਚ ਹੀ ਨਹੀਂ, ਸਗੋਂ ਵਿਦਿਅਕ ਖੇਤਰ ਵਿੱਚ ਵੀ ਅਹਿਮ ਭੂਮਿਕਾ ਨਿਭਾ ਰਹੀ ਹੈ।ਸ਼੍ਰੋਮਣੀ ਕਮੇਟੀ ਦੇ ਮੌਜੂਦਾ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਦੀ ਸੁਚੱਜੀ ਅਗਵਾਈ ਅਤੇ ਅਣਥੱਕ ਸੇਵਾਵਾਂ ਸਦਕਾ ਸੰਸਥਾ ਅਧੀਨ ਚੱਲ ਰਹੇ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਵਿੱਚ ਵੱਡੇ ਪੱਧਰ 'ਤੇ ਸੁਧਾਰ ਹੋਏ ਹਨ। ਉੱਤਰੀ ਭਾਰਤ ਦੀ ਸਿਰਮੌਰ ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ ਦੇ ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਧਾਮੀ ਵੱਲੋਂ ਵਿੱਦਿਆ ਦੇ ਪ੍ਰਸਾਰ ਅਤੇ ਸੰਸਥਾਵਾਂ ਦੇ ਸਰਵਪੱਖੀ ਵਿਕਾਸ ਲਈ ਨਿਭਾਈ ਜਾ ਰਹੀ ਉਸਾਰੂ ਭੂਮਿਕਾ ਦੀ ਭਰਪੂਰ ਸ਼ਲਾਘਾ ਕੀਤੀ ਹੈ। ਉਨ੍ਹਾਂ ਕਿਹਾ ਕਿ ਐਡਵੋਕੇਟ ਧਾਮੀ ਦੀ ਵਿੱਦਿਆ ਪ੍ਰਤੀ ਡੂੰਘੀ ਪ੍ਰਤੀਬੱਧਤਾ ਅਤੇ ਸੰਸਥਾਵਾਂ ਦੀ ਬਿਹਤਰੀ ਲਈ ਉਨ੍ਹਾਂ ਵੱਲੋਂ ਦਿੱਤਾ ਜਾਂਦਾ ਲਗਾਤਾਰ ਸਹਿਯੋਗ ਬੇਹੱਦ ਸ਼ਲਾਘਾਯੋਗ ਹੈ।

## ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਵਿਖੇ ਕਬੱਡੀ ਟੂਰਨਾਮੈਂਟ ਕਰਵਾਇਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫ਼ਿਰੋਜ਼ਪੁਰ ਵਿਖੇ ਚੱਲ ਰਹੇ ਸਾਲਾਨਾ ਯੂਨੀਵਰਸਿਟੀ ਖੇਡ ਮੁਕਾਬਲੇ 2026 ਤਹਿਤ, ਵਾਈਸ ਚਾਂਸਲਰ ਪ੍ਰੋ. (ਡਾ.) ਸੁਰੇਸ਼ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਇਕ-ਰੋਜ਼ਾ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ। ਇਸ ਵਿਚ 70 ਤੋਂ ਵੱਧ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਭਾਗ ਲਿਆ। ਰਜਿਸਟਰਾਰ ਡਾ. ਰਾਜੀਵ ਅਰੋੜਾ, ਡਾ. ਅਰੁਣ ਕੁਮਾਰ ਅਸਾਤੀ (ਪ੍ਰਧਾਨ, ਖੇਡਾਂ) ਅਤੇ ਡਾ. ਗਜ਼ਲਪ੍ਰੀਤ ਸਿੰਘ (ਪੀ.ਆਰ.ਓ.) ਨੇ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਕੀਤੀ ਅਤੇ ਵਿਦਿਆਰਥੀ ਜੀਵਨ ਦੇ ਸਰਵਪੱਖੀ ਵਿਕਾਸ ਵਿਚ ਖੇਡਾਂ ਦੀ ਅਹਿਮੀਅਤ ਬਾਰੇ ਚਾਨਣਾ ਪਾਇਆ। ਲੜਕਿਆਂ ਦੇ ਮੁਕਾਬਲਿਆਂ ਵਿਚ ਕਪਤਾਨ ਚੰਦਰਮਣੀ (ਬੀ.ਟੈੱਕ ਕੈਮੀਕਲ, ਤੀਜਾ ਸਾਲ) ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਕਪਤਾਨ ਤੁਫ਼ੈਲ (ਬੀ.ਟੈੱਕ ਸੀ.ਐੱਸ.ਈ., ਚੌਥਾ ਸਾਲ) ਦੀ ਅਗਵਾਈ ਵਾਲੀ ਟੀਮ ਦੂਜੇ ਸਥਾਨ 'ਤੇ ਰਹੀ, ਜਦ ਕਿ ਕਪਤਾਨ ਅਰੁਣ (ਡਿਪਲੋਮਾ ਇਲੈਕਟਰੀਕਲ, ਦੂਜਾ ਸਾਲ) ਦੀ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਟੂਰਨਾਮੈਂਟ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਵਿਚ ਸਪੋਰਟਸ ਇੰਚਾਰਜ (ਲੜਕੀਆਂ) ਨਵਦੀਪ ਕੌਰ ਝੱਜ, ਈਵੈਂਟ ਇੰਚਾਰਜ ਸੁਖਵੰਤ ਸਿੰਘ, ਕੋ-ਇੰਚਾਰਜ ਅਮਰਜੀਤ ਸਿੰਘ, ਹਰਸ਼ਵਿੰਦਰ ਸਿੰਘ ਅਤੇ ਬਲਕਾਰ ਸਿੰਘ ਨੇ ਪ੍ਰਬੰਧਕੀ ਜ਼ਿੰਮੇਵਾਰੀ ਬਾਖ਼ੂਬੀ ਨਿਭਾਈ।

## ਸੂਬਾ ਪੱਧਰੀ ਵੁਸ਼ੂ ਟੂਰਨਾਮੈਂਟ 'ਚ ਡੀ ਏ ਵੀ ਸਕੂਲ ਦਾ ਦਬਦਬਾ



**ਜਗਰਾਉਂ (ਸੰਜੀਵ ਅਰੋੜਾ)**-ਡੀਏਵੀ ਨੈਸ਼ਨਲ ਸਪੋਰਟਸ 2026 ਸੂਬਾ ਪੱਧਰੀ ਵੁਸ਼ੂ ਟੂਰਨਾਮੈਂਟ ਆਰ. ਐੱਮ. ਬੀ. ਡੀਏਵੀ ਪਬਲਿਕ ਸਕੂਲ ਨਵਾਂ ਸ਼ਹਿਰ ਵਿਖੇ ਕਰਵਾਇਆ ਗਿਆ। ਡੀਏਵੀ ਸੈਂਟਨਰੀ ਪਬਲਿਕ ਸਕੂਲ ਜਗਰਾਉਂ ਦੇ ਪ੍ਰਿੰਸੀਪਲ ਵੇਦ ਵਰਤ ਪਲਾਹ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਇਸ ਟੂਰਨਾਮੈਂਟ ਵਿੱਚ ਡੀਏਵੀ ਸਕੂਲ ਜਗਰਾਉਂ ਦੇ 31 ਖਿਡਾਰੀਆਂ ਨੇ ਭਾਗ ਲੈ ਕੇ 17 ਗੋਲਡ, 6 ਸਿਲਵਰ ਤੇ 8 ਕਾਂਸੀ ਮੈਡਲ ਹਾਸਲ ਕੀਤੇ। ਇਸ ਵਿੱਚ ਗੋਲਡ ਮੈਡਲ ਤੇ ਸਿਲਵਰ ਮੈਡਲ ਵਾਲੇ ਬੱਚੇ ਡੀਏਵੀ ਨੈਸ਼ਨਲ ਸਪੋਰਟਸ ਦਿੱਲੀ ਵਿਖੇ ਵੁਸ਼ੂ ਖੇਡ ਵਿੱਚ ਭਾਗ ਲੈਣਗੇ। ਡੀਏਵੀ ਸਕੂਲ ਜਗਰਾਉਂ ਦੇ ਅੰਡਰ 14/17/19 ਲੜਕੀਆਂ ਤੇ ਅੰਡਰ 14/17 ਲੜਕਿਆਂ ਨੇ ਵੁਸ਼ੂ ਖੇਡ ਦਾ ਵਧੀਆ ਪ੍ਰਦਰਸ਼ਨ ਕਰਦੇ ਹੋਏ 5 ਵਿਨਰ ਟਰੌਫੀਆਂ 'ਤੇ ਕਬਜ਼ਾ ਕੀਤਾ। ਅੰਡਰ 14 ਦੇ 36 ਕਿੱਲੋ ਭਾਰ 'ਚ ਹਰਵੀਨ ਕੌਰ ਨੇ, -40 ਕਿੱਲੋ ਭਾਰ 'ਚ ਅੱਵਲਨੂਰ, -44 ਕਿੱਲੋ ਭਾਰ 'ਚ ਹਿਮਾਂਸ਼ੀ ਤੇ -52 ਕਿੱਲੋ ਭਾਰ 'ਚ ਕਾਰਵੀ ਸਚਦੇਵਾ ਨੇ ਗੋਲਡ ਮੈਡਲ ਹਾਸਲ ਕੀਤੇ। ਅੰਡਰ 17 ਵਿੱਚ-45 ਕਿੱਲੋ 'ਚ ਏਕਮ ਵਰਮਾ ਨੇ ਗੋਲਡ, 48 'ਚ ਰੀਆ ਗਰੋਵਰ ਨੇ ਸਿਲਵਰ, 52 'ਚ ਤਨਵੀ ਨੇ ਗੋਲਡ, 56 ਕਿਲੋ ਭਾਰ 'ਚ ਨਵਨੂਰ ਨੇ ਗੋਲਡ, 60 ਕਿੱਲੋ ਭਾਰ 'ਚ ਅਰਲੀਨ ਕੌਰ ਨੇ ਗੋਲਡ ਤੇ 70 ਕਿੱਲੋ 'ਚ ਸ਼ੁਬਰੀਤ ਕੌਰ ਨੇ ਗੋਲਡ ਮੈਡਲ ਹਾਸਲ ਕੀਤਾ। ਅੰਡਰ 19 ਵਿੱਚ ਯਸ਼ਿਕਾ ਗਰਗ ਨੇ 48 ਕਿੱਲੋ 'ਚ ਗੋਲਡ, ਗੁਨੀਤਾ ਨੇ 52 ਕਿੱਲੋ 'ਚ ਸਿਲਵਰ, 60 ਕਿੱਲੋ 'ਚ ਅਵਨੀਤ ਕੌਰ ਨੇ ਗੋਲਡ, 65 ਕਿੱਲੋ 'ਚ ਆਕ੍ਰਿਤੀ ਨੇ ਗੋਲਡ ਤੇ 70 ਕਿੱਲੋ 'ਚ ਸਰਬਜੀਤ ਕੌਰ ਨੇ ਗੋਲਡ ਮੈਡਲ ਹਾਸਲ ਕੀਤਾ। ਅੰਡਰ 14 ਲੜਕਿਆਂ ਵਿੱਚ ਪੂਰਵਸ ਨੇ 28 ਕਿੱਲੋ 'ਚ ਗੋਲਡ, ਮਹਿਤਾਬ ਸਿੰਘ ਨੇ 32 ਕਿੱਲੋ ਵਿੱਚ ਕਾਂਸੀ, ਕੁਲਰਾਜ ਗੁਪਤਾ ਨੇ 36 ਕਿੱਲੋ 'ਚ ਕਾਂਸੀ, ਜੈਵਿਨ ਭਾਰਦਵਾਜ ਨੇ 40 ਕਿੱਲੋ 'ਚ ਸਿਲਵਰ, ਪਰਵ ਗਰਗ ਨੇ 44 ਕਿੱਲੋ 'ਚ ਗੋਲਡ, ਰਜਤ ਤਲਵਾਰ 48 ਕਿੱਲੋ 'ਚ ਕਾਂਸੀ ਤੇ ਜਪਜੋਤ ਸਿੰਘ 52 ਕਿੱਲੋ 'ਚ ਕਾਂਸੀ ਮੈਡਲ ਹਾਸਲ ਕੀਤਾ। ਅੰਡਰ 17 ਵਿੱਚ ਸ਼ਕਸਮ ਅਗਰਵਾਲ ਨੇ 45 ਕਿੱਲੋ 'ਚ ਕਾਂਸੀ, ਚਾਹਲਪ੍ਰੀਤ ਸਿੰਘ ਨੇ 48 ਕਿੱਲੋ 'ਚ ਕਾਂਸੀ, ਅਸ਼ਮਨ ਕੁਮਾਰ ਨੇ 52 ਕਿੱਲੋ 'ਚ ਗੋਲਡ, ਅਹਿਮ ਜਿੰਦਲ 56 ਕਿੱਲੋ 'ਚ ਸਿਲਵਰ, ਦਕਸ਼ ਬਹਿਲ ਨੇ 60 ਕਿੱਲੋ 'ਚ ਗੋਲਡ, ਬਵਨੀਤ ਸਿੰਘ ਨੇ 65 ਕਿੱਲੋ 'ਚ ਸਿਲਵਰ, ਪ੍ਰਭਜੀਤ ਸਿੰਘ ਨੂਰੀਆ ਨੇ 70 ਕਿੱਲੋ 'ਚ ਕਾਂਸੀ, ਜੋਜਿਤ ਨੇ 75 ਕਿੱਲੋ 'ਚ ਕਾਂਸੀ ਤੇ ਮਾਨਸ ਵਰਮਾ ਨੇ 80 ਕਿੱਲੋ 'ਚ ਸਿਲਵਰ ਮੈਡਲ ਹਾਸਲ ਕੀਤਾ। ਸਕੂਲ ਆਉਣ 'ਤੇ ਸਾਰੇ ਹੀ ਖਿਡਾਰੀਆਂ ਤੇ ਕੋਚ ਸੁਰਿੰਦਰ ਪਾਲ ਵਿੱਜ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਵੇਦ ਵਰਤ ਪਲਾਹ, ਹਰਦੀਪ ਸਿੰਘ ਡੀਪੀਈ, ਸੁਰਿੰਦਰ ਕੌਰ ਤੂਰ ਡੀਪੀਈ ਸਮੇਤ ਸਮੂਹ ਸਟਾਫ ਤੇ ਸਕੂਲ ਦੇ ਵਿਦਿਆਰਥੀ ਹਾਜ਼ਰ ਸਨ।

## ਖ਼ੂਨਦਾਨ ਲਈ ਪਟਿਆਲਾ ਜ਼ਿਲ੍ਹੇ ਨੂੰ ਰਾਜ ਪੱਧਰੀ ਸਨਮਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ.ਬਲਬੀਰ ਸਿੰਘ ਵੱਲੋਂ ਖ਼ੂਨਦਾਨ ਅਤੇ ਖ਼ੂਨ ਸੰਚਾਰ ਸੇਵਾਵਾਂ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਲਈ ਸਿਵਲ ਸਰਜਨ ਪਟਿਆਲਾ ਡਾ.ਸ਼ੈਲੀ ਜੇਤਲੀ ਅਤੇ ਜਿਲ੍ਹਾ ਨੋਡਲ ਅਫਸਰ ਡਾ.ਗੁਰਪ੍ਰੀਤ ਨਾਗਰਾ ਨੂੰ ਸਨਮਾਨਿਤ ਕੀਤਾ ਗਿਆ ਹੈ।ਪੰਜਾਬ ਸਟੇਟ ਬਲੱਡ ਟ੍ਰਾਂਸਫਿਊਜ਼ਨ ਕੌਂਸਲ/ਬਲੱਡ ਟ੍ਰਾਂਸਫਿਊਜ਼ਨ ਸਰਵਿਸਿਜ਼, ਪੰਜਾਬ ਵੱਲੋਂ ਜ਼ਿਲ੍ਹਾ ਪਟਿਆਲਾ ਨੂੰ ਸਾਲ 2025-26 ਦੌਰਾਨ ਡਾਟਾ ਦੇ ਆਧਾਰ 'ਤੇ ਪ੍ਰਸ਼ੰਸਾ ਪੱਤਰ ਪ੍ਰਦਾਨ ਕੀਤਾ ਗਿਆ।ਇਹ ਸਨਮਾਨ 5 ਅਕਤੂਬਰ 2026 ਨੂੰ ਚੰਡੀਗੜ੍ਹ ਵਿਖੇ ਮਨਾਏ ਗਏ ਰਾਜ ਪੱਧਰੀ ਰਾਸ਼ਟਰੀ ਸਵੈਇੱਛਿਕ ਖ਼ੂਨਦਾਨ ਦਿਵਸ ਸਮਾਗਮ ਦੌਰਾਨ ਦਿੱਤਾ ਗਿਆ।ਪ੍ਰਸ਼ੰਸਾ ਪੱਤਰ ਵਿੱਚ ਜ਼ਿਲ੍ਹਾ ਪਟਿਆਲਾ ਵੱਲੋਂ ਖ਼ੂਨ ਸੰਚਾਰ ਦੀਆਂ ਜੀਵਨ-ਰੱਖਿਅਕ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਸਮਰਪਿਤ ਯਤਨਾਂ ਦੀ ਸ਼ਲਾਘਾ ਕੀਤੀ ਗਈ।

## ਗੁਰੂ ਨਾਨਕ ਸਕੂਲ ਦਾ ਅਥਲੈਟਿਕ ਮੀਟ 'ਚ ਸ਼ਾਨਦਾਰ ਪ੍ਰਦਰਸ਼ਨ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਖੰਨਾ ਵਿਖੇ ਕਰਵਾਈ ਗਈ 70ਵੀਂ ਪੀ.ਐੱਸ.ਈ.ਬੀ.ਜ਼ਿਲ੍ਹਾ ਅਥਲੈਟਿਕ ਮੀਟ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ।ਪ੍ਰਿੰਸੀਪਲ ਰਮੇਸ਼ ਚੰਦਰ ਸਟੇਡੀਅਮ, ਖੰਨਾ ਵਿਖੇ 03 ਤੋਂ 04 ਅਕਤੂਬਰ 2026 ਤੱਕ ਚੱਲੀ ਇਸ ਦੋ ਦਿਨਾਂ ਖੇਡ ਪ੍ਰਤੀਯੋਗਤਾ ਵਿੱਚ ਸਕੂਲ ਦੇ ਅਥਲੀਟਾਂ ਨੇ ਕੁੱਲ 18 ਮੈਡਲ ਜਿੱਤ ਕੇ ਵੱਡੀ ਸਫ਼ਲਤਾ ਹਾਸਲ ਕੀਤੀ, ਜਿਸ ਵਿੱਚ 1 ਸੋਨ ਤਮਗਾ, 7 ਚਾਂਦੀ ਤਮਗੇ ਤੇ 10 ਕਾਂਸੀ ਤਮਗੇ ਸ਼ਾਮਿਲ ਹਨ।ਇਸ ਸ਼ਾਨਦਾਰ ਪ੍ਰਦਰਸ਼ਨ ਸਦਕਾ ਸਕੂਲ ਦੇ ਦੋ ਹੋਣਹਾਰ ਖਿਡਾਰੀ, ਗੁਰਜੋਤ ਸਿੰਘ (+1 ਆਰਟਸ) ਅਤੇ ਕਮਲਪ੍ਰੀਤ ਕੌਰ (+2 ਨਾਨ-ਮੈਡੀਕਲ), ਰਾਜ ਪੱਧਰੀ (ਸਟੇਟ) ਖੇਡਾਂ ਲਈ ਚੁਣੇ ਗਏ ਹਨ। ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਗੁਰੂ ਨਾਨਕ ਪ੍ਰਬੰਧਕ ਬੋਰਡ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਨੇ ਕਿਹਾ ਕਿ ਸਾਡੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰ 'ਤੇ ਏਨੇ ਮੈਡਲ ਜਿੱਤ ਕੇ ਇਹ ਸਾਬਤ ਕਰ ਦਿੱਤਾ ਹੈ ਕਿ ਮਿਹਨਤ ਤੇ ਲਗਨ ਨਾਲ਼ ਕਿਸੇ ਵੀ ਮੁਕਾਬਲੇ ਨੂੰ ਜਿੱਤਿਆ ਜਾ ਸਕਦਾ ਹੈ।ਉਨ੍ਹਾਂ ਨੇ ਕਿਹਾ ਕਿ ਸਕੂਲ ਪ੍ਰਬੰਧਕ ਕਮੇਟੀ ਖਿਡਾਰੀਆਂ ਨੂੰ ਹਰ ਤਰ੍ਹਾਂ ਦੀਆਂ ਖੇਡ ਸਹੂਲਤਾਂ ਦੇਣ ਲਈ ਹਮੇਸ਼ਾ ਵਚਨਬੱਧ ਹੈ। ਸਕੂਲ ਡਾਇਰੈਕਟਰ ਰੁਪਿੰਦਰ ਕੌਰ ਬਰਾੜ ਨੇ ਜੇਤੂਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਖੇਡਾਂ ਜੀਵਨ ਵਿੱਚ ਅਨੁਸ਼ਾਸਨ ਅਤੇ ਅੱਗੇ ਵਧਣ ਦੀ ਪ੍ਰੇਰਨਾ ਦਿੰਦੀਆਂ ਹਨ। ਸਟੇਟ ਪੱਧਰ ਲਈ ਚੁਣੇ ਗਏ ਖਿਡਾਰੀ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵੱਡੀਆਂ ਪ੍ਰਾਪਤੀਆਂ ਕਰਨਗੇ, ਅਜਿਹੀ ਸਾਨੂੰ ਪੂਰੀ ਉਮੀਦ ਹੈ।

## ਡਾ. ਜਗਸੀਰ ਸਿੰਘ ਚੀਮਾ ਵੱਲੋਂ ਰਾਏਸਰ ਪਟਿਆਲਾ ਦੀ ਪੰਚਾਇਤ ਨਾਲ ਮੀਟਿੰਗ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਡਾ. ਜਗਸੀਰ ਸਿੰਘ ਚੀਮਾ ਵੱਲੋਂ ਮਿਸ਼ਨ 2027 ਤਹਿਤ ਪਿੰਡ ਰਾਏਸਰ ਪਟਿਆਲਾ ਦੀ ਗ੍ਰਾਮ ਪੰਚਾਇਤ ਨਾਲ ਮੀਟਿੰਗ ਕੀਤੀ ਗਈ।ਇਸ ਦੌਰਾਨ ਪਿੰਡ ਦੇ ਵਿਕਾਸ ਕਾਰਜਾਂ, ਲੋਕਾਂ ਦੀਆਂ ਸਮੱਸਿਆਵਾਂ ਅਤੇ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਡਾ. ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀਆਂ ਪ੍ਰਾਪਤੀਆਂ ਲੋਕਾਂ ਤੱਕ ਪਹੁੰਚਾਉਣ ਅਤੇ ਪਿੰਡਾਂ ਦੀਆਂ ਸਮੱਸਿਆਵਾਂ ਜਾਣਨ ਲਈ ਪਿੰਡ ਪੱਧਰ 'ਤੇ ਸਰਗਰਮੀਆਂ ਤੇਜ਼ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਗ੍ਰਾਮ ਪੰਚਾਇਤਾਂ ਨਾਲ ਤਾਲਮੇਲ ਕਰਕੇ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਣਾ ਤੇ ਲੋਕਾਂ ਦੀਆਂ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਉਠਾਉਣਾ ਇਸ ਮੁਹਿੰਮ ਦਾ ਮੁੱਖ ਉਦੇਸ਼ ਹੈ।ਇਸ ਮੌਕੇ ਪਿੰਡ ਦੇ ਸਰਪੰਚ ਬਚਿੱਤਰ ਸਿੰਘ, ਗ੍ਰਾਮ ਪੰਚਾਇਤ ਦੇ ਸਮੂਹ ਮੈਂਬਰ ਤੇ ਰਮਨਦੀਪ ਸਿੰਘ ਗੁੰਮਟੀ, ਸਾਬਕਾ ਸੰਗਠਨ ਇੰਚਾਰਜ ਹਾਜ਼ਰ ਸਨ।

## ਵੱਖ-ਵੱਖ ਪਿੰਡਾਂ ਨੂੰ 42 ਲੱਖੇ ਦੀ ਰਾਸ਼ੀ ਵੰਡੀ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵੱਖ-ਵੱਖ ਪਿੰਡਾਂ ਨੂੰ ਕਰੀਬ 42 ਲੱਖ ਰੁਪਏ ਵਿਕਾਸ ਕਾਰਜਾਂ ਦੇ ਲਈ ਦਿੱਤੀ ਗਈ।ਇਸ ਮੌਕੇ ਬਲਾਕ ਸੰਮਤੀ ਸਰਹਿੰਦ ਦੇ ਉਪ ਚੇਅਰਮੈਨ ਸਤਬੀਰ ਸਿੰਘ ਜੱਲਾ, ਕੁਲਵਿੰਦਰ ਸਿੰਘ ਡੇਰਾ ਤੇ ਵਿਧਾਇਕ ਲਖਵੀਰ ਸਿੰਘ ਰਾਏ ਦੇ ਦਫ਼ਤਰ ਸਕੱਤਰ ਬਹਾਦਰ ਖਾਨ ਨੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਉਕਤ ਰਾਸ਼ੀ ਦੇ ਸੈਂਕਸ਼ਨ ਲੈਟਰ ਮੁਹੱਈਆ ਕਰਾਏ।ਬਹਾਦਰ ਖਾਨ ਨੇ ਦੱਸਿਆ ਕਿ ਹਲਕਾ ਫਤਿਹਗੜ੍ਹ ਸਾਹਿਬ ਦੇ 14 ਪਿੰਡਾਂ ਨੂੰ ਵਿਕਾਸ ਕਾਰਜਾਂ ਦੇ ਲਈ ਗ੍ਰਾਂਟ ਦੇ ਸੈਕਸ਼ਨ ਲੈਟਰ ਦਿੱਤੇ ਗਏ ਹਨ।ਉਨ੍ਹਾਂ ਦੱਸਿਆ ਕਿ ਚਨਾਲੋਂ, ਭਮਾਰਸੀ ਤੇ ਤਾਨਾ ਨੂੰ ਸ਼ੈਡ ਬਣਾਉਣ ਦੇ ਲਈ ਰਾਸ਼ੀ ਜਾਰੀ ਕੀਤੀ ਗਈ ਹੈ।ਇਸੇ ਤਰ੍ਹਾਂ ਮੁੱਲਾਂਪੁਰ ਖੁਰਦ, ਮੁਹੰਮਦੀਪੁਰ, ਜੱਲਾ, ਸੁਹਾਗਹੇੜੀ, ਬੁਚੜੇ ਨੂੰ ਸੀਵਰੇਜ ਸਿਸਟਮ ਠੀਕ ਕਰਨ ਲਈ ਰਾਸ਼ੀ ਦਿੱਤੀ ਗਈ ਹੈ ਅਤੇ ਰਿਊਣਾ ਉੱਚਾ, ਹਰਬੰਸਪੁਰਾ, ਆਦਮਪੁਰ, ਰਿਊਣਾ ਨੀਵਾਂ, ਮਹੱਦੀਆਂ, ਮੁੱਲਾਂਪੁਰ ਕਲਾ ਨੂੰ ਪੀਣ ਵਾਲੇ ਪਾਣੀ ਦੇ ਪ੍ਰਬੰਧ ਲਈ ਗ੍ਰਾਂਟ ਮੁਹੱਈਆ ਕਰਾਈ ਗਈ ਹੈ।

## ਸੀ ਬੀ ਆਈ, ਭਾਜਪਾ ਦੀ ਕਠਪੁਤਲੀ : ਮਹਿਤਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਭਰ 'ਚ ਅੱਠ ਥਾਵਾਂ 'ਤੇ ਹੋਈ ਸੀ ਬੀ ਆਈ ਦੀ ਛਾਪੇਮਾਰੀ ਭਾਜਪਾ ਦੀ ਬੁਖ਼ਲਾਹਟ ਦਾ ਨਤੀਜਾ ਹੈ। ਸੀ ਬੀ ਆਈ, ਬੀ ਜੇ ਪੀ ਤੇ ਕੇਂਦਰ ਦੀ ਮੋਦੀ ਸਰਕਾਰ ਦੀ ਕਠਪੁਤਲੀ ਹੈ।ਪਟਿਆਲਾ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਦੇ ਸੀਨੀਅਰ ਆਗੂ ਤੇਜਿੰਦਰ ਮਹਿਤਾ ਨੇ ਸੀ ਬੀ ਆਈ ਵੱਲੋਂ ਪੰਜਾਬ ਅੰਦਰ ਕੀਤੀ ਛਾਪੇਮਾਰੀ ਤੇ ਆਪਣੀ ਪ੍ਰਤੀਕਿਰਿਆ ਦਿੰਦੇ ਹੋਏ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਛਾਪੇਮਾਰੀ ਦੌਰਾਨ ਸੀ.ਬੀ.ਆਈ ਨੂੰ ਕੁੱਝ ਵੀ ਨਹੀਂ ਮਿਲਿਆ।ਉਨ੍ਹਾਂ ਕਿਹਾ ਸੀ ਬੀ ਆਈ ਕਲੀਨ ਚਿੱਟ ਦੇ ਕੇ ਵਾਪਸ ਜਾਵੇਗੀ। ਗੱਲਬਾਤ ਕਰਦਿਆਂ ਮਹਿਤਾ ਨੇ ਕਿਹਾ ਕਿ ਭਾਜਪਾ ਚੋਣਾਂ ਤੋਂ ਪਹਿਲਾਂ ਸਬੰਧਤ ਰਾਜ 'ਚ ਸੀ ਬੀ ਆਈ ਅਤੇ ਈ ਡੀ ਸਮੇਤ ਹੋਰ ਕੇਂਦਰੀ ਜਾਂਚ ਏਜੰਸੀਆਂ ਨੂੰ ਆਪਣੇ ਵਿਰੋਧੀਆਂ ਖ਼ਿਲਾਫ਼ ਹਥਿਆਰ ਵਜੋਂ ਵਰਤਦੀ ਹੈ।

## ਸੈਂਟੀਨਲ ਸਕੂਲ ਦੇ ਧੰਨਪ੍ਰੀਤ ਨੇ ਖੇਡਾਂ 'ਚ ਜਿੱਤਿਆ ਗੋਲਡ ਮੈਡਲ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਖੰਨਾ ਵਿਖੇ ਆਯੋਜਿਤ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਸਥਾਨਕ ਸੈਂਟਿਨਲ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਮੈਡਲ ਜਿੱਤ ਕੇ ਆਪਣੀ ਸ਼ਾਨਦਾਰ ਕਾਰਗੁਜ਼ਾਰੀ ਦਾ ਪ੍ਰਦਰਸ਼ਨ ਕੀਤਾ ਹੈ।ਅੰਡਰ-19 ਵਰਗ ਵਿੱਚ ਸਕੂਲ ਦੇ ਵਿਦਿਆਰਥੀ ਧਨਪ੍ਰੀਤ ਸਿੰਘ ਨੇ 4×100 ਮੀਟਰ ਰਿਲੇਅ ਰੇਸ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਗੋਲਡ ਮੈਡਲ ਹਾਸਲ ਕੀਤਾ।ਇਸੇ ਵਰਗ ਵਿੱਚ ਕਿਰਨਪ੍ਰੀਤ ਕੌਰ, ਜਮਾਤ ਗਿਆਰ੍ਹਵੀਂ ਨੇ ਲੌਂਗ ਜੰਪ ਤੇ ਟ੍ਰਿਪਲ ਜੰਪ ਦੇ ਮੁਕਾਬਲਿਆਂ ਵਿੱਚ ਸਿਲਵਰ ਮੈਡਲ ਜਿੱਤ ਕੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਅੰਡਰ-17 ਵਰਗ ਵਿੱਚ ਗੁਰਮਨ ਕੌਰ, ਜਮਾਤ ਨੌਵੀਂ ਨੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 100 ਮੀਟਰ ਰੇਸ ਵਿੱਚ ਸਿਲਵਰ ਮੈਡਲ ਤੇ 4×100 ਮੀਟਰ ਰਿਲੇਅ ਰੇਸ ਵਿੱਚ ਬਰੌਂਜ਼ ਮੈਡਲ ਆਪਣੇ ਨਾਮ ਕੀਤੇ।ਵਿਦਿਆਰਥੀਆਂ ਦੀ ਇਸ ਸ਼ਾਨਦਾਰ ਉਪਲਬਧੀ 'ਤੇ ਸਕੂਲ ਪ੍ਰਬੰਧਕਾਂ ਤੇ ਪ੍ਰਿੰਸੀਪਲ ਨੇ ਜੇਤੂ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ ਤੇ ਖੇਡ ਅਧਿਆਪਕਾਂ ਨੂੰ ਵਧਾਈ ਦਿੱਤੀ।ਸਕੂਲ ਚੇਅਰਮੈਨ ਕਰਨਵੀਰ ਸਿੰਘ ਢਿੱਲੋਂ ਤੇ ਮੈਨੇਜਿੰਗ ਡਾਇਰੈਕਟਰ ਅੰਮ੍ਰਿਤਪਾਲ ਕੌਰ ਢਿੱਲੋਂ ਨੇ ਜੇਤੂ ਖਿਡਾਰੀਆਂ, ਕੋਚਿੰਗ ਸਟਾਫ਼ ਤੇ ਮਾਪਿਆਂ ਨੂੰ ਹਾਰਦਿਕ ਵਧਾਈ ਦਿੰਦਿਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਜ਼ੋਨਲ ਤੇ ਸੂਬਾ ਪੱਧਰੀ ਖੇਡਾਂ 'ਚ ਪਾਥਵੇਜ਼ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ



**ਕੋਟ ਈਸੇ ਖਾਂ (ਅਰੋੜਾ)**-ਪਾਥਵੇਜ਼ ਗਲੋਬਲ ਸਕੂਲ ਕੋਟ ਈਸੇ ਖਾਂ ਦੇ ਹੋਣਹਾਰ ਵਿਦਿਆਰਥੀਆਂ ਨੇ ਜ਼ੋਨਲ ਐਥਲੈਟਿਕ ਮੀਟ, ਜੋ ਕਿ ਸ਼ਹੀਦ ਜੈਮਲ ਸਿੰਘ ਸੀਨੀਅਰ ਸੈਕੰਡਰੀ ਸਕੂਲ ਗਲੋਟੀ ਵਿਖੇ ਹੋਈ ਸੀ, ਵਿੱਚ ਤਿੰਨ ਗੋਲਡ ਮੈਡਲ, ਇੱਕ ਸਿਲਵਰ ਮੈਡਲ ਤੇ ਛੇ ਕਾਂਸੀ ਮੈਡਲ ਜਿੱਤ ਕੇ ਇਲਾਕੇ ਵਿੱਚ ਸਕੂਲ ਦਾ ਨਾਮ ਚਮਕਾਇਆ।ਪੰਜਾਬ ਸਕੂਲ ਐਜੂਕੇਸ਼ਨ ਬੋਰਡ ਵੱਲੋਂ ਸਟੇਟ ਲੈਵਲ 2026-27 ਕਰਾਟੇ ਗੇਮਜ਼, ਜੋ ਕਿ ਜੰਡਿਆਲਾ ਗੁਰੂ ਅੰਮ੍ਰਿਤਸਰ ਵਿਖੇ ਹੋਈਆਂ ਸਨ, ਵਿਖੇ ਪਾਥਵੇਜ਼ ਦੇ ਵਿਦਿਆਰਥੀਆਂ ਸ਼ਸਗਰ ਸ਼ਰਮਾ ਤੇ ਤੇਜਵੀਰ ਸਿੰਘ ਨੇ ਕਾਂਸੀ ਮੈਡਲ ਜਿੱਤਿਆ।ਇਸੇ ਤਰ੍ਹਾਂ ਪੀ ਏ ਯੂ ਲੁਧਿਆਣਾ ਵਿਖੇ ਹੋਈਆਂ ਮੈਰਾਥਨ ਦੌੜਾਂ 'ਚ ਪਾਥਵੇਜ਼ ਦੇ ਵਿਦਿਆਰਥੀਆਂ ਨੇ ਟੌਪ ਪੰਜ ਪੁਜ਼ੀਸ਼ਨਾਂ ਹਾਸਲ ਕੀਤੀਆਂ ਤੇ ਪਾਥਵੇਜ਼ ਦਾ ਨਾਮ ਰੌਸ਼ਨ ਕੀਤਾ।ਪੀਸੀਏ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਮੈਚ, ਜੋ ਡਗਰੂ ਵਿਖੇ ਹੋਏ, ਵਿੱਚ ਪਾਥਵੇਜ਼ ਦੇ ਦੋ ਵਿਦਿਆਰਥੀਆਂ ਗੁਰਨੂਰ ਸਿੰਘ ਤੇ ਅਰਮਾਨਜੀਤ ਸਿੰਘ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ ਤੇ ਗੋਲਡ ਮੈਡਲ ਜਿੱਤ ਕੇ ਇਲਾਕੇ ਭਰ ਵਿੱਚ ਸਕੂਲ ਦਾ ਨਾਮ ਰੋਸ਼ਨ ਕੀਤਾ।ਪ੍ਰਿੰਸੀਪਲ ਸ੍ਰੀ ਆਸ਼ੀਸ਼ ਡੇਗਵੇਕਰ ਤੇ ਵਾਇਸ ਪ੍ਰਿੰਸੀਪਲ ਮੈਡਮ ਮਾਲਵਿਕਾ ਡੇਗਵੇਕਰ ਨੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਜਿੱਤਾਂ 'ਤੇ ਵਧਾਈ ਦਿੱਤੀ ਤੇ ਇਸ ਜਿੱਤ ਦਾ ਸਿਹਰਾ ਕਰਾਟੇ ਕੋਚ ਹਰਦੀਪ ਕੁਮਾਰ, ਕ੍ਰਿਕਟ ਕੋਚ ਮਨਦੀਪ ਸਿੰਘ, ਗੱਤਕਾ ਕੋਚ ਹਰਦੀਪ ਸਿੰਘ, ਫੁੱਟਬਾਲ ਕੋਚ ਤਾਨੁਜਾ, ਰਾਜਵੀਰ ਸਿੰਘ ਐੱਚ. ਓ. ਡੀ. ਫਿਜ਼ੀਕਲ ਐਜੂਕੇਸ਼ਨ ਡਿਪਾਰਟਮੈਂਟ ਤੇ ਬੱਚਿਆਂ ਦੀ ਸਖਤ ਮਿਹਨਤ ਦੇ ਸਿਰ ਕੀਤਾ।ਨਾਲ ਹੀ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਆ।

## ਐੱਨ ਐੱਚ ਐੱਮ ਕਰਮਚਾਰੀ ਅੱਜ ਧੂਰੀ ਵਿਖੇ ਸੂਬਾ ਪੱਧਰੀ ਰੋਸ ਰੈਲੀ ਕਰਨਗੇ : ਮਨਦੀਪ ਸਿੰਘ ਚੌਹਾਨ



ਚੋਹਲਾ ਸਾਹਿਬ (ਰਮਨ ਚਾਵਲਾ) ਲੰਮੇ ਸਮੇਂ ਤੋਂ ਨਿਗੂਣੀਆਂ ਤਨਖਾਹਾਂ ਤੇ ਐੱਨ ਐੱਚ ਐੱਮ ਕਰਮਚਾਰੀ ਸਿਹਤ ਵਿਭਾਗ ਵਿੱਚ ਲੋਕਾਂ ਨੂੰ ਸਿਹਤ ਸਹੂਲਤਾਂ ਪ੍ਰਦਾਨ ਕਰਦੇ ਆ ਰਹੇ ਹਨ ਅਤੇ ਰਿਵਾਇਤੀ ਪਾਰਟੀਆਂ ਵੱਲੋਂ ਉਹਨਾਂ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਲਈ ਲਾਰੇ ਤੇ ਲਾਰਾ ਲਗਾਇਆ ਗਿਆ ਪਰ ਰੈਗੂਲਰ ਨਹੀਂ ਕੀਤਾ ਗਿਆ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਐੱਨ ਐੱਚ ਐੱਮ ਯੂਨੀਅਨ ਤਰਨ ਤਾਰਨ ਦੇ ਪ੍ਰਧਾਨ ਮਨਦੀਪ ਸਿੰਘ ਚੌਹਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਪ੍ਰਧਾਨ ਮਨਦੀਪ ਚੌਹਾਨ ਨੇ ਦੱਸਿਆ ਕਿ ਬੀਤੇ ਦਿਨੀਂ ਉਨ੍ਹਾਂ ਵੱਲੋਂ ਸੰਗਰੂਰ ਵਿਖੇ ਆਪਣੀਆਂ ਭਖਦੀਆਂ ਮੰਗਾਂ ਨੂੰ ਲੈ ਕੇ ਸੂਬਾ ਪੱਧਰੀ ਵੱਡੇ ਪੱਧਰ ਤੇ ਰੋਸ ਮੁਜ਼ਾਹਰਾ ਕੀਤਾ ਗਿਆ ਸੀ ਅਤੇ ਉਸ ਸਮੇਂ ਸਿਹਤ ਮੰਤਰੀ ਵੱਲੋਂ ਉਨਾਂ ਨਾਲ ਵਾਅਦਾ ਕੀਤਾ ਸੀ ਕਿ ਆਉਣ ਵਾਲੇ 15 ਦਿਨਾਂ ਵਿੱਚ ਐੱਨ ਐੱਚ ਐੱਮ ਕਰਮਚਾਰੀਆਂ ਨੂੰ ਰੈਗੂਲਰ ਕਰ ਦਿੱਤਾ ਜਾਵੇਗਾ ਪਰ ਅਫਸੋਸ ਅੱਜ ਸਮਾਂ ਉੱਪਰ ਹੋ ਗਿਆ ਹੈ ਪਰ ਰੈਗੂਲਰ ਕਰਨ ਦਾ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਸਮੂਹ ਐੱਨ ਐੱਚ ਐੱਮ ਕਰਮਚਾਰੀਆਂ ਵੱਲੋਂ ਅੱਜ ਧੂਰੀ ਵਿਖੇ ਸੂਬਾ ਪੱਧਰੀ ਰੋਸ ਰੈਲੀ ਕੱਢੀ ਜਾਵੇਗੀ। ਉਨ੍ਹਾਂ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਜਲਦ ਤੋਂ ਜਲਦ ਐੱਨ ਐੱਚ ਐੱਮ ਕਰਮਚਾਰੀਆਂ ਨੂੰ ਰੈਗੂਲਰ ਕੀਤਾ ਜਾਵੇ ਨਹੀਂ ਤਾਂ ਵੱਡੇ ਪੱਧਰ ਤੇ ਸੰਘਰਸ਼ ਵਿੱਢਿਆ ਜਾਵੇਗਾ।

## ਮੰਗਾਂ ਨੂੰ ਲੈ ਕੇ ਆਰ ਐੱਮ ਪੀ ਆਈ ਨੇ ਪਠਾਨਕੋਟ ਵਿਖੇ ਕੀਤਾ ਰੋਸ ਪ੍ਰਦਰਸ਼ਨ



ਪਠਾਨਕੋਟ (ਦਵਿੰਦਰ ਸਿੰਘ)-ਵੋਟ ਚੋਰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਬਰਖਾਸਤ ਕਰਕੇ ਜੇਲ੍ਹ ਵਿੱਚ ਸੁੱਟੋ, ਐੱਸ ਆਈ ਆਰ ਰੱਦ ਕਰੋ, ਵੋਟ ਚੋਰੀ ਕਰਕੇ ਜਿੱਤੀਆਂ ਚੋਣਾਂ ਰੱਦ ਕਰੋ, ਦਿੱਲੀ ਜੰਤਰ-ਮੰਤਰ ਵਰਕੇ-ਵਾਰ ਪੁਲਸ ਤਸ਼ੱਦਦ ਕਰਨ ਦੇ ਅਦੇਸ਼ ਦੇਣ ਲਈ ਜ਼ਿੰਮੇਵਾਰ ਗ੍ਰਹਿ ਮੰਤਰੀ ਅਮਿਤ ਸ਼ਾਹ ਅਸਤੀਫ਼ਾ ਦਿਓ ਅਤੇ ਜੰਤਰ-ਮੰਤਰ ਵਿਖੇ ਧਰਨਾ-ਪ੍ਰਦਰਸ਼ਨ ਰੋਕਣ ਲਈ ਕੀਤੀ ਨਾਕੇਬੰਦੀ ਖਤਮ ਕਰੋ ਆਦਿ ਮੰਗਾਂ ਨੂੰ ਲੈ ਕੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਵੱਲੋਂ ਡਲਹੌਜ਼ੀ ਰੋਡ ਪੁਰਾਣੀ ਕੋਰਟ ਨੇੜੇ ਪਾਰਟੀ ਦਫ਼ਤਰ ਪਠਾਨਕੋਟ ਤੋਂ ਸੈਂਕੜੇ ਪਾਰਟੀ ਮੈਂਬਰਾਂ ਤੇ ਹਮਦਰਦਾਂ ਨੇ ਰੋਸ ਪ੍ਰਦਰਸ਼ਨ ਕਰਦਿਆਂ ਡਲਹੌਜ਼ੀ ਰੋਡ, ਗਾੜੀ ਅਹਾਤਾ, ਡਾਕਖਾਨਾ ਚੌਂਕ, ਗਾਂਧੀ ਚੌਂਕ ਤੋਂ ਬਾਲਮੀਕ ਚੌਕ ਵਿਖੇ ਸਮਾਪਤੀ ਕੀਤੀ।ਪੱਤਰਕਾਰਾਂ ਨੂੰ ਦਿੱਤੇ ਪ੍ਰੈੱਸ ਬਿਆਨ ਵਿੱਚ ਪਾਰਟੀ ਆਗੂ ਕਾਮਰੇਡ ਨੱਥਾ ਸਿੰਘ ਢਡਵਾਲ, ਸ਼ਿਵ ਕੁਮਾਰ, ਰਵਿੰਦਰ ਸਿੰਘ ਰੰਧਾਵਾ ਅਤੇ ਬਲਵੰਤ ਸਿੰਘ ਘੋਹ ਨੇ ਕਿਹਾ ਕਿ ਐੱਸ ਆਈ ਆਰ ਪ੍ਰਕਿਰਿਆ ਦਾ ਮੁੱਖ ਉਦੇਸ਼ ਹਰ ਯੋਗ ਨਾਗਰਿਕ ਜਿਸ ਦੀ 18 ਸਾਲ ਤੋਂ ਉਪਰ ਹੈ ਵੋਟ ਦੇ ਹੱਕ ਤੋਂ ਵਾਂਝਾ ਨਾ ਰਹੇ ਪਰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਗੁਪਤਾ ਨੇ ਦੇਸ਼ ਵਿਚ 13 ਕਰੋੜ ਵੋਟਾਂ ਨੂੰ ਕੱਟ ਦਿੱਤਾ ਹੈ।ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਵੋਟ ਹੱਕ ਅਧਿਕਾਰ, ਜਮਹੂਰੀਅਤ ਤੇ ਸੂਬਿਆਂ ਦੇ ਵੱਧ ਅਧਿਕਾਰਾਂ ਲਈ ਫੈਡਰਲ ਢਾਂਚੇ ਤੇ ਸੰਵਿਧਾਨ ਦੀ ਰੱਖਿਆ ਲਈ ਜਾਰੀ ਸੰਘਰਸ਼ ਅਤੇ ਦਿੱਲੀ ਜੰਤਰ-ਮੰਤਰ ਵਿਖੇ ਨੌਜਵਾਨ ਅੰਦੋਲਨਕਾਰੀ ਲੜਕੇ ਲੜਕੀਆਂ ਦੀ ਹਮਾਇਤ ਕਰਦੀ ਹੈ ਅਤੇ ਦੇਸ਼ ਵਾਸੀਆਂ ਨੂੰ ਅਪੀਲ ਕਰਦੀ ਹੈ ਕਿ ਅੰਦੋਲਨ ਦਾ ਹਿੱਸਾ ਬਣੋ।ਭਾਰਤੀ ਜਨਤਾ ਪਾਰਟੀ ਭਰੋਸੇਯੋਗ ਨਹੀਂ ਰਹੀ ਭਾਜਪਾ ਦੀ ਕਹਿਣੀ ਤੇ ਕਰਨੀ ਵਿੱਚ ਜ਼ਮੀਨ ਅਸਮਾਨ ਦਾ ਅੰਤਰ ਹੈ।ਇਸ ਮੌਕੇ ਉਪਰੋਕਤ ਤੋਂ ਇਲਾਵਾ ਕਾਮਰੇਡ ਰਘਬੀਰ ਸਿੰਘ ਧਲੌਰੀਆਂ, ਦੇਵ ਰਾਜ ਸੁਜਾਨਪੁਰ, ਅਜੀਤ ਰਾਮ ਗੰਦਲਾਂ ਲਾਹੜੀ, ਬਲਦੇਵ ਰਾਜ ਭੋਆ, ਰਾਮ ਬਿਲਾਸ ਠਾਕੁਰ, ਬਲਵੰਤ ਰਾਏ, ਸਕੱਤਰ ਸਿੰਘ ਰਣਯੋਧ ਸਿੰਘ ਅਵਤਾਰ ਸਿੰਘ ਮਨਕ ਰਾਜ ਸੋਹਨ ਲਾਲ, ਦੇਵ ਰਾਜ, ਰਘਬੀਰ ਚੰਦ, ਹਰਜਿੰਦਰ ਸਿੰਘ ਢਿੱਲੋਂ, ਸ਼ਿਵ ਦਿਆਲ ਅਤੇ ਹੋਰ ਹਾਜ਼ਰ ਆਗੂਆਂ ਨੇ ਰੋਸ ਪ੍ਰਦਰਸ਼ਨ ਦੀ ਅਗਵਾਈ ਕੀਤੀ।

## ਕੇਬਲ ਆਪਰੇਟਰਾਂ ਵੱਲੋਂ ਆਉਣ ਵਾਲੇ ਦਿਨਾਂ 'ਚ ਧਰਨੇ ਦੀ ਰਣਨੀਤੀ ਤਿਆਰ

ਗੁਰਦਾਸਪੁਰ, (ਜਨਕ ਮਹਾਜਨ)-ਕੇਬਲ ਆਪਰੇਟਰ ਐਸੋਸੀਏਸ਼ਨ ਵੱਲੋਂ ਕੇਬਲ ਅਤੇ ਇੰਟਰਨੈੱਟ ਆਪਰੇਟਰਾਂ ਦੀ ਇਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਪਿਛਲੇ ਕੁਝ ਦਿਨਾਂ ਤੋਂ ਸਟਾਰ ਅਤੇ ਕਲਰ ਦੇ ਚੈਨਲਾਂ/ਪੈਕੇਜਾਂ ਸਬੰਧੀ ਪੈਦਾ ਹੋਈ ਸਥਿਤੀ ਅਤੇ ਇਸ ਕਾਰਨ ਆਪਰੇਟਰਾਂ ਤੇ ਕਸਟਮਰਾਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਆਪਰੇਟਰਾਂ ਨੇ ਕਿਹਾ ਕਿ ਰਿਲਾਇੰਸ ਜੀ. ਓ ਵੱਲੋਂ ਕਲਰ ਅਤੇ ਸਟਾਰ ਨਾਲ ਸਬੰਧਤ ਚੈਨਲਾਂ ਦੇ ਅਧਿਕਾਰ ਹਾਸਲ ਕਰਨ ਤੋਂ ਬਾਅਦ ਪੈਕੇਜਾਂ ਦੀ ਕੀਮਤ ਅਤੇ ਇਸ ਨਾਲ ਜੁੜੇ ਵਪਾਰਕ ਫੈਸਲਿਆਂ ਦਾ ਸਿੱਧਾ ਪ੍ਰਭਾਵ ਕੇਬਲ ਆਪਰੇਟਰਾਂ ਤੇ ਕਸਟਮਰਾਂ 'ਤੇ ਪੈ ਰਿਹਾ ਹੈ। ਆਪਰੇਟਰਾਂ ਦਾ ਕਹਿਣਾ ਹੈ ਕਿ ਜੇਕਰ ਪੈਕੇਜਾਂ ਦੀ ਲਾਗਤ ਵਿੱਚ ਵਾਧਾ ਹੁੰਦਾ ਹੈ ਤਾਂ ਇਸ ਦਾ ਬੋਝ ਆਖਿਰਕਾਰ ਕਸਟਮਰ 'ਤੇ ਪੈਂਦਾ ਹੈ, ਜਦਕਿ ਕਸਟਮਰਾਂ ਦੀਆਂ ਸ਼ਿਕਾਇਤਾਂ ਅਤੇ ਸਵਾਲਾਂ ਦਾ ਸਾਹਮਣਾ ਆਪਰੇਟਰਾਂ ਨੂੰ ਕਰਨਾ ਪੈਂਦਾ ਹੈ। ਮੀਟਿੰਗ ਵਿਚ ਇਸ ਮਾਮਲੇ ਨੂੰ ਲੈ ਕੇ ਆਪਰੇਟਰਾਂ ਵਲੋਂ ਰੋਸ ਪ੍ਰਗਟ ਕੀਤਾ। ਉਨ੍ਹਾਂ ਕੰਪਨੀ ਦੇ ਦਫਤਰਾਂ ਅੱਗੇ ਧਰਨਾ ਦੇਣ ਸਬੰਧੀ ਰਣਨੀਤੀ ਤਿਆਰ ਕਰਨ ਦਾ ਫੈਸਲਾ ਕੀਤਾ।

## ਜਾਮਾਰਾਏ ਪੁਲ 'ਤੇ ਸੈਂਕੜੇ ਕਿਸਾਨਾਂ ਨੇ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ



ਖਡੂਰ ਸਾਹਿਬ (ਸਰਬਜੀਤ ਸਿੰਘ ਸੰਧਾ) ਕੁਲ ਹਿੰਦ ਕਿਸਾਨ ਮਹਾਂ ਸਭਾ (ਜਮਹੂਰੀ ਕਿਸਾਨ ਸਭਾ) ਵੱਲੋਂ ਕੇਂਦਰ ਦੀ ਬੀ. ਜੇ. ਪੀ. ਸਰਕਾਰ ਵੱਲੋਂ ਨਿਯੁਕਤ ਕੀਤੇ ਗਏ ਮੁੱਖ ਚੋਣ ਕਮਿਸ਼ਨਰ ਦੀ ਬਰਖਾਸਤਗੀ ਅਤੇ ਮੁੱਖ ਚੋਣ ਕਮਿਸ਼ਨਰ ਖਿਲਾਫ ਮੁਕੱਦਮਾ ਦਰਜ ਕਰਨ ਦੀ ਮੰਗ ਨੂੰ ਲੈ ਕੇ ਸ਼ੁਰੂ ਕੀਤੇ ਦੇਸ਼ ਵਿਆਪੀ ਅੰਦੋਲਨ ਦੀ ਲੜੀ ਤਹਿਤ ਜਾਮਾਰਾਏ ਪੁਲ ਤੇ ਸੈਂਕੜੇ ਕਿਸਾਨਾਂ ਨੇ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ ਗਿਆ ਜਿਸ ਦੀ ਅਗਵਾਈ ਜਮਹੂਰੀ ਕਿਸਾਨ ਸਭਾ ਪੰਜਾਬ, ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਬੱਗੂ, ਰੇਸ਼ਮ ਸਿੰਘ ਫੇਲੋਕੇ, ਸੁਲੱਖਣ ਸਿੰਘ ਤੁੜ ਨੇ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਉਕਤ ਆਗੂਆਂ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਵਿਰੋਧੀ ਪਾਰਟੀਆਂ, ਦਲਿਤਾਂ ਅਤੇ ਮੁਸਲਿਮ ਭਾਈਚਾਰੇ ਦੀਆਂ ਵੋਟਾਂ ਐੱਸ ਆਈ ਆਰ ਰਾਹੀਂ ਕੱਟ ਕੇ ਲੋਕਤੰਤਰ ਦਾ ਬਹੁਤ ਵੱਡਾ ਘਾਣ ਕੀਤਾ ਹੈ। ਇਸ ਤਹਿਤ ਹੀ ਦੇਸ਼ ਦੇ ਵੱਖ ਵੱਖ ਪ੍ਰਾਂਤਾਂ ਵਿੱਚ ਵੋਟਾਂ ਕੱਟ ਕੇ ਆਪਣਾ ਰਾਜ ਸਥਾਪਿਤ ਕੀਤਾ ਹੈ ਜੋ ਕਿ ਲੋਕਤੰਤਰ ਦਾ ਘਾਣ ਹੈ। ਇਸ ਦੇ ਖਿਲਾਫ ਖੱਬੀਆਂ ਪਾਰਟੀਆਂ ਅਤੇ ਹੋਰ ਅਗਾਂਹਵਧੂ ਲੋਕਾਂ ਵੱਲੋਂ ਦਿੱਲੀ ਜੰਤਰ ਮੰਤਰ ਵਿਖੇ ਅੰਦੋਲਨ ਕੀਤਾ ਜਾ ਰਿਹਾ ਹੈ ਅਤੇ ਸਰਕਾਰ ਅੰਦੋਲਨਕਾਰੀਆਂ ਉੱਪਰ ਪੁਲਸ ਅਤੇ ਆਰ ਐੱਸ ਐੱਸ ਦੇ ਗੁੰਡਿਆਂ ਰਾਹੀਂ ਜ਼ੁਲਮ ਕਰ ਰਹੀ ਹੈ ਜਿਸਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਆਉਣ ਵਾਲੇ ਦਿਨਾਂ ਵਿੱਚ ਅੰਦੋਲਨਕਾਰੀਆਂ ਦੀ ਹਮਾਇਤ ਵਿੱਚ ਪਿੰਡ ਅਤੇ ਇਲਾਕੇ ਵਿੱਚੋਂ ਵੱਡੇ ਜਥੇ ਤੋਰੇ ਜਾਣਗੇ।ਇਸ ਮੌਕੇ ਸਰਬਜੀਤ ਸਿੰਘ ਭਰੋਵਾਲ, ਗੁਰਸ਼ਰਨ ਸਿੰਘ, ਰਵੇਲ ਸਿੰਘ, ਜਗਬੀਰ ਸਿੰਘ, ਸਵਰਨ ਸਿੰਘ, ਗੁਰਪ੍ਰੀਤ ਸਿੰਘ, ਰੇਸ਼ਮ ਸਿੰਘ, ਗੁਰਚਰਨ ਸਿੰਘ, ਜੋਨੀ ਸ਼ਾਹ, ਬਲਜੀਤ ਸਿੰਘ, ਬਿੱਕਰ ਸਿੰਘ ਆਦਿ ਹਾਜ਼ਰ ਸਨ।

## ਗੁ. ਬੀੜ ਬਾਬਾ ਬੁੱਢਾ ਸਾਹਿਬ ਵਿਖੇ ਤੀਸਰੇ ਦਿਨ ਵੀ ਵੱਡੀ ਗਿਣਤੀ 'ਚ ਪਹੁੰਚੇ ਸ਼ਰਧਾਲੂ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਪਹਿਲੇ ਹੈੱਡ ਗ੍ਰੰਥੀ ਧੰਨ-ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਤਪ ਅਸਥਾਨ ਅਤੇ ਮਾਝੇ ਦੇ ਪ੍ਰਸਿੱਧ ਇਤਿਹਾਸਕ ਪਵਿੱਤਰ ਅਸਥਾਨ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਹੇਠ ਮਨਾਏ ਜਾ ਰਹੇ ਸਾਲਾਨਾ ਜੋੜ ਮੇਲੇ ਦੇ ਤੀਸਰੇ ਦਿਨ ਵੀ ਵੱਡੀ ਗਿਣਤੀ ਵਿਚ ਸ਼ਰਧਾਲੂ ਨਤਮਸਤਕ ਹੋਏ।ਧਾਰਮਿਕ ਦੀਵਾਨ 'ਚ ਪੰਥ ਦੇ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰਾਂ ਦੇ ਜਥਿਆਂ ਨੇ ਸੰਗਤਾਂ ਨੂੰ ਗੁਰੂ ਘਰ ਦਾ ਇਤਿਹਾਸ ਸੁਣਾ ਕੇ ਨਿਹਾਲ ਕੀਤਾ।ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਉਚੇਚੇ ਤੌਰ 'ਤੇ ਪਹੁੰਚੇ। ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲੇ, ਬਾਬਾ ਸੁਬੇਗ ਸਿੰਘ ਜੀ ਗੋਇੰਦਵਾਲ ਸਾਹਿਬ ਵਾਲੇ, ਬਾਬਾ ਸਤਨਾਮ ਸਿੰਘ ਫਿਰੋਜ਼ਪੁਰ ਵਾਲੇ, ਬਾਬਾ ਹੀਰਾ ਸਿੰਘ ਠੱਠੀ ਖਾਰਾ, ਸ਼੍ਰੋਮਣੀ ਕਮੇਟੀ ਮੈਂਬਰ ਮਗਵਿੰਦਰ ਸਿੰਘ ਖਾਪੜਖੇੜੀ, ਸਾਬਕਾ ਕੈਬਨਿਟ ਮੰਤਰੀ ਗੁਲਜਾਰ ਸਿੰਘ ਰਣੀਏ, ਹਲਕਾ ਇੰਚਾਰਜ ਕੰਚਨਪਰੀਤ ਕੌਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ ਤੇ ਸੰਤਾਂ-ਮਹਾਂਪੁਰਸ਼ਾਂ ਤੇ ਹੋਰ ਪ੍ਰਮੁੱਖ ਆਗੂਆਂ ਨੂੰ ਮੈਨੇਜਰ ਧਰਵਿੰਦਰ ਸਿੰਘ ਮਾਣੋਚਾਹਲ ਤੇ ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ ਨੇ ਸਨਮਾਨਿਤ ਕੀਤਾ।ਵੱਡੀ ਗਿਣਤੀ 'ਚ ਸੰਗਤਾਂ ਨੂੰ ਅੰਮ੍ਰਿਤ ਛਕਾ ਕੇ ਗੁਰੂ ਵਾਲੇ ਬਣਾਇਆ ਤੇ ਭੇਟਾ ਰਹਿਤ ਕਕਾਰ ਭੇਟ ਕੀਤੇ ਗਏ। ਸੰਗਤਾਂ ਨੂੰ ਵਿਸ਼ੇਸ਼ ਪਕਵਾਨ ਦੇ ਲੰਗਰ ਵਰਤਾਏ ਗਏ।ਇਸ ਮੌਕੇ ਸਾਬਕਾ ਮੀਤ ਸਕੱਤਰ ਹਰਜੀਤ ਸਿੰਘ ਲਾਲੂਘੁੰਮਣ, ਸਕੱਤਰ ਗੁਰਨਾਮ ਸਿੰਘ, ਚੀਫ ਗੁਰਦੁਆਰਾ ਇੰਸਪੈਕਟਰ ਜਗਦੀਸ਼ ਸਿੰਘ, ਕੰਚਨਪ੍ਰੀਤ ਕੌਰ, ਸਰਪੰਚ ਮਨਜੀਤ ਕੌਰ ਮੀਆਂਪੁਰ, ਪ੍ਰਿੰਸੀਪਲ ਸੁਖਵਿੰਦਰ ਕੌਰ,ਜਥੇਦਾਰ ਨਿਸ਼ਾਨ ਸਿੰਘ, ਸਾਬਕਾ ਵਾਇਸ ਚੇਅਰਮੈਨ ਗੁਰਬੀਰ ਸਿੰਘ ਝਬਾਲ, ਬਾਬਾ ਹਰਜਿੰਦਰ ਸਿੰਘ ਕਾਰਸੇਵਾ, ਤੇਗਾ ਸਿੰਘ ਸੋਹਲ, ਸਰਪੰਚ ਮਨਜਿੰਦਰ ਸਿੰਘ ਐਮਾ, ਦਲਜੀਤ ਸਿੰਘ ਐਮਾ, ਸੁਖਦੇਵ ਸਿੰਘ ਖਾਲਸਾ ਐਮਾ, ਪ੍ਰਿੰਸੀਪਲ ਸਰਬਜੀਤ ਕੌਰ ਜਫਰਵਾਲ, ਪ੍ਰਿੰਸੀਪਲ ਜਗਰੂਪ ਕੌਰ, ਸਾਬਕਾ ਸਰਪੰਚ ਪਰਮਜੀਤ ਸਿੰਘ ਗੱਗੋਬੂਹਾ, ਸਰਪੰਚ ਸੋਨੂ ਬਰਾੜ ਦੋਦੇ, ਸਾਬਕਾ ਸਰਪੰਚ ਕਾਕਾ ਛਾਪਾ, ਸਾਬਕਾ ਸਰਪੰਚ ਜਗਤਾਰ ਸਿੰਘ ਸਵਰਗਾਪੁਰੀ, ਪੂਰਨ ਸਿੰਘ ਝਬਾਲ,ਰਾਮ ਨਾਮਧਾਰੀ, ਗੁਰਜੀਤ ਸਿੰਘ ਪੰਜਵੜ, ਬਿਕਰਮ ਸਿੰਘ ਸੁਰਸਿੰਘ,ਮੀਤ ਮੈਨੇਜਰ ਗੁਰਜੀਤ ਸਿੰਘ ਠੱਟਾ, ਦਿਲਬਾਗ ਸਿੰਘ ਝਬਾਲ ਆਦਿ ਹਾਜ਼ਰ ਸਨ।

## ਟੀ. ਸੀ. ਇੰਟਰਨੈਸ਼ਨਲ ਸਕੂਲ ਦੀ ਪ੍ਰੀਤਿਕਾ ਸਰਮਾਲ ਨੇ ਜੂਡੋ 'ਚ ਦੋ ਸੋਨ ਤਮਗੇ ਜਿੱਤੇ



ਗੁਰਦਾਸਪੁਰ (ਦਿਨੇਸ਼ ਕੁਮਾਰ)-ਟੀ. ਸੀ. ਇੰਟਰਨੈਸ਼ਨਲ ਸਕੂਲ ਲਈ ਇਹ ਮਾਣ ਵਾਲੀ ਗੱਲ ਹੈ ਕਿ 7ਵੀਂ ਜਮਾਤ ਦੀ ਵਿਦਿਆਰਥਣ ਪ੍ਰੀਤਿਕਾ ਸਰਮਾਲ ਨੇ ਅੰਡਰ-14 ਜੂਡੋ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੋ ਸੋਨ ਤਗਮੇ ਹਾਸਲ ਕੀਤੇ ਹਨ।ਪ੍ਰੀਤਿਕਾ ਨੇ 27 ਸਤੰਬਰ ਨੂੰ ਮਾਨਸਾ ਵਿਖੇ ਹੋਏ ਪੰਜਾਬ ਰਾਜ ਪੱਧਰੀ ਖੇਡ ਮੁਕਾਬਲੇ ਵਿੱਚ ਸੋਨ ਤਮਗਾ ਜਿੱਤਿਆ। ਇਸ ਤੋਂ ਇਲਾਵਾ ਉਸਨੇ ਇੱਕ ਵੱਖਰੇ ਜੂਡੋ ਮੁਕਾਬਲੇ ਵਿੱਚ ਇੱਕ ਹੋਰ ਸੋਨ ਤਮਗਾ ਜਿੱਤ ਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਮੁਕਾਬਲਿਆਂ ਦੌਰਾਨ ਪ੍ਰੀਤਿਕਾ ਨੇ ਬੇਮਿਸਾਲ ਮਿਹਨਤ, ਅਨੁਸ਼ਾਸਨ, ਆਤਮ-ਵਿਸ਼ਵਾਸ ਅਤੇ ਖੇਡ-ਭਾਵਨਾ ਦਾ ਪ੍ਰਗਟਾਵਾ ਕੀਤਾ।ਉਸਦੀ ਇਸ ਪ੍ਰਾਪਤੀ ਨੇ ਉਸਦੇ ਮਾਪਿਆਂ, ਅਧਿਆਪਕਾਂ ਅਤੇ ਸਮੁੱਚੇ ਸਕੂਲ ਭਾਈਚਾਰੇ ਦਾ ਮਾਨ ਵਧਾਇਆ ਹੈ। ਸਕੂਲ ਦੇ ਚੇਅਰਮੈਨ ਸ੍ਰੀ ਰਵਿੰਦਰ ਸ਼ਰਮਾ ਨੇ ਪ੍ਰੀਤਿਕਾ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਦਿਲੋਂ ਵਧਾਈ ਦਿੱਤੀ ਅਤੇ ਉਸਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ। ਸਕੂਲ ਪ੍ਰਬੰਧਨ ਨੇ ਖੇਡ ਵਿਭਾਗ ਅਤੇ ਕੋਚਾਂ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ। ਟੀ. ਸੀ. ਇੰਟਰਨੈਸ਼ਨਲ ਸਕੂਲ ਪਰਿਵਾਰ ਨੂੰ ਪ੍ਰੀਤਿਕਾ ਦੀ ਇਸ ਸ਼ਾਨਦਾਰ ਸਫਲਤਾ 'ਤੇ ਮਾਣ ਹੈ ਅਤੇ ਉਹ ਉਸਦੇ ਉਜਵਲ ਭਵਿੱਖ ਅਤੇ ਆਉਣ ਵਾਲੇ ਮੁਕਾਬਲਿਆਂ ਵਿੱਚ ਲਗਾਤਾਰ ਸਫਲਤਾ ਦੀ ਕਾਮਨਾ ਕਰਦੇ ਹਨ।

## ਸਰਕਾਰੀ ਬਹੁ-ਤਕਨੀਕੀ ਕਾਲਜ ਬਟਾਲਾ ਦਾ ਸਾਲਾਨਾ ਇਨਾਮ ਵੰਡ ਸਮਾਗਮ ਯਾਦਗਾਰੀ ਹੋ ਨਿੱਬੜਿਆ




ਬਟਾਲਾ, (ਡਾ. ਮਲਵਿੰਦਰ ਸਿੰਘ) ਸਰਕਾਰੀ ਬਹੁਤਕਨੀਕੀ ਕਾਲਜ ਬਟਾਲਾ ਵਿਖੇ ਸਾਲਾਨਾ ਇਨਾਮ ਵੰਡ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਸੱਭਿਆਚਾਰਕ ਪ੍ਰੋਗਰਾਮ ਨੇ ਸਮਾਗਮ ਨੂੰ ਯਾਦਗਾਰੀ ਬਣਾ ਦਿੱਤਾ। ਸਮਾਗਮ ਦੀ ਸ਼ੁਰੂਆਤ ਕਾਲਜ ਦੇ ਪ੍ਰਿੰਸੀਪਲ ਦਵਿੰਦਰ ਸਿੰਘ ਭੱਟੀ, ਮਸ਼ੀਨੀ ਵਿਭਾਗ ਦੇ ਮੁਖੀ ਹਿਤੇਸ਼ ਬਰਗਾਨ, ਇਲੈਕਟ੍ਰੀਕਲ ਵਿਭਾਗ ਦੇ ਇੰਚਾਰਜ ਵਿਜੇ ਮਹਿਤਾਬ, ਕਲਚਰਲ ਕਮੇਟੀ ਦੇ ਪ੍ਰਧਾਨ ਤੇ ਸਿਵਿਲ ਵਿਭਾਗ ਦੇ ਇੰਚਾਰਜ ਸ਼ਿਵਰਾਜਨਪ੍ਰੀਤ, ਐੱਸ.ਆਰ.ਸੀ. ਪ੍ਰਧਾਨ ਹਰਜਿੰਦਰਪਾਲ ਸਿੰਘ, ਸੈਕਟਰੀ ਤੇ ਕੈਮੀਕਲ ਵਿਭਾਗ ਦੇ ਇੰਚਾਰਜ ਮੰਗਲ ਰੇਖਾ, ਸੀ. ਈ. ਵਿਭਾਗ ਦੇ ਇੰਚਾਰਜ ਰਮਨਦੀਪ ਸਿੰਘ ਬੱਲ, ਅਪਲਾਈਡ ਸਾਇੰਸ ਵਿਭਾਗ ਦੇ ਇੰਚਾਰਜ ਡਾ. ਸੁਨਿਧਰਜੀਤ ਕੌਰ, ਸੁਪਰਡੈਂਟ ਹਰਪਾਲ ਸਿੰਘ ਭਾਮੜੀ, ਪਲੇਸਮੈਂਟ ਅਫਸਰ ਜਸਬੀਰ ਸਿੰਘ ਵੱਲੋਂ ਸ਼ਮ੍ਹਾ ਰੌਸ਼ਨ ਕਰਕੇ ਕੀਤੀ ਗਈ।ਸਮਾਗਮ ਦੀ ਆਰੰਭਤਾ ਵਿਦਿਆਰਥੀਆਂ ਵੱਲੋਂ ਧਾਰਮਿਕ ਗੀਤ ਅਤੇ ਸ਼ਬਦ ਨਾਲ ਕੀਤੀ ਗਈ।ਉਪਰੰਤ ਵਿਦਿਆਰਥੀਆਂ ਵਲੋਂ ਨੇ ਸੋਲੋ ਡਾਂਸ, ਗਰੁੱਪ ਡਾਂਸ, ਗੀਤ, ਕਵਿਤਾ ਅਤੇ ਗਿੱਧੇ ਸਮੇਤ ਵੱਖ-ਵੱਖ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਪ੍ਰਿੰ. ਦਵਿੰਦਰ ਸਿੰਘ ਭੱਟੀ ਵੱਲੋਂ ਕਾਲਜ ਦੀ ਸਲਾਨਾ ਰਿਪੋਰਟ ਪੇਸ਼ ਕਰਦਿਆਂ ਵਿੱਦਿਅਕ, ਖੇਡਾਂ, ਸੱਭਿਆਚਾਰਕ ਅਤੇ ਹੋਰ ਖੇਤਰਾਂ ਵਿੱਚ ਕਾਲਜ ਵੱਲੋਂ ਹਾਸਲ ਕੀਤੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ ਗਈ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰਕ, ਖੇਡਾਂ ਅਤੇ ਹੋਰ ਗਤੀਵਿਧੀਆਂ ਵਿੱਚ ਵੀ ਵਧ-ਚੜ੍ਹ ਕੇ ਭਾਗ ਲੈਣਾ ਚਾਹੀਦਾ ਹੈ। ਸਮਾਗਮ ਦੌਰਾਨ ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਕਲਚਰਲ ਕਮੇਟੀ ਦੇ ਮੈਂਬਰ ਅਤੀਸ਼ ਕੁਮਾਰ, ਸੁਨਿਧਰਜੀਤ ਕੌਰ, ਜਸਪ੍ਰੀਤ ਕੌਰ ਅਤੇ ਤੇਜ ਪ੍ਰਤਾਪ ਸਿੰਘ ਕਾਹਲੋਂ ਵੱਲੋਂ ਬਾਖੂਬੀ ਨਿਭਾਈ ਗਈ।ਸਮਾਗਮ ਦੇ ਅੰਤ ਵਿੱਚ ਪ੍ਰਿੰਸੀਪਲ ਦਵਿੰਦਰ ਸਿੰਘ ਭੱਟੀ ਵੱਲੋਂ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਪਹੁੰਚੇ ਰਿਟਾ: ਸੀਨੀਅਰ ਲੈਕਚਰਾਰ ਵਿਜੇ ਕੁਮਾਰ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਸ਼ਲਾਘਾਯੋਗ ਸੇਵਾਵਾਂ ਨਿਭਾਉਣ ਵਾਲੇ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੀਨੀਅਰ ਲੈਕਚਰਾਰ ਅਤੀਸ਼ ਕੁਮਾਰ, ਬਲਵਿੰਦਰ ਸਿੰਘ, ਹਰਿੰਦਰ ਸਿੰਘ, ਸਪੋਰਟਸ ਅਫਸਰ ਜਗਦੀਪ ਸਿੰਘ, ਪ੍ਰੋਗਰਾਮ ਅਫਸਰ ਤੇਜ ਪ੍ਰਤਾਪ ਸਿੰਘ ਕਾਹਲੋਂ, ਲੈਕਚਰਾਰ ਸ਼ਾਲਿਨੀ ਮਹਾਜਨ ਤੇ ਰੋਜ਼ੂ ਉਹਰੀ ਅਤੇ ਲਾਇਬ੍ਰੇਰੀਅਨ ਹਰਜਿੰਦਰ ਕੌਰ ਅਮਨਦੀਪ ਸਿੰਘ, ਐਡ.ਆਈ. ਸੁਖਵਿੰਦਰ ਸਿੰਘ, ਐਨ. ਸੀ. ਸੀ. ਅਫਸਰ ਨਵਜੋਤ ਸਲਾਰੀਆ, ਲੈਕਚਰਾਰ ਹੁਨਰਦੀਪ ਸਿੰਘ, ਰਜਿੰਦਰ ਕੁਮਾਰ, ਰੋਹਿਤ ਵਾਰਡਾ, ਗੁਲਜ਼ਾਰ, ਜਸਨੀਤ ਮੱਲੀ, ਸਤਵਿੰਦਰ ਕੌਰ, ਹਰਜਿੰਦਰ ਕੌਰ, ਕਮਲਜੀਤ ਕੌਰ, ਕੁਲਵਿੰਦਰ ਕੌਰ, ਸਚਿਨ ਅਠਵਾਲ, ਜਤਿੰਦਰ ਕੁਮਾਰ, ਸੁਰਜੀਤ ਰਾਮ, ਰਮਨਦੀਪ ਸਿੰਘ, ਰਾਮ ਸਿੰਘ, ਜਤਿੰਦਰ ਸਿੰਘ, ਅਤੁਲ ਅਤੇ ਗੁਰਵਿੰਦਰ ਸਿੰਘ ਸਮੇਤ ਕਾਲਜ ਦਾ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

## ਸੜਕ ਹਾਦਸੇ 'ਚ ਸੀ ਆਰ ਪੀ ਐੱਫ ਜਵਾਨ ਦੀ ਮੌਤ, ਪਤਨੀ ਤੇ ਛੋਟੀ ਬੇਟੀ ਵਾਲ-ਵਾਲ ਬਚੇ



ਗੁਰਦਾਸਪੁਰ, (ਜਨਕ ਮਹਾਜਨ)-ਗੁਰਦਾਸਪੁਰ-ਮੁਕੇਰੀਆਂ ਮੁੱਖ ਮਾਰਗ 'ਤੇ ਪੈਂਦੇ ਪਿੰਡ ਚਾਵਾ ਨਜ਼ਦੀਕ ਟਰਾਲਾ ਅਤੇ ਫਾਰਚੂਨਰ ਕਾਰ ਦਰਮਿਆਨ ਵਾਪਰੇ ਹਾਦਸੇ ਦੌਰਾਨ ਸੀ.ਆਰ.ਪੀ. ਦੇ ਜਵਾਨ ਦੀ ਮੌਤ ਹੋ ਗਈ ਜਦੋਂਕਿ ਪਤਨੀ ਅਤੇ ਛੋਟੀ ਬੇਟੀ ਵਾਲ-ਵਾਲ ਬਚ ਗਏ ਇਸ ਹਾਦਸੇ ਵਿਚ ਉਨ੍ਹਾਂ ਦਾ ਬੇਟਾ ਮੰਦਭਾਗੀਕ ਚਕਨਾਚੂਰ ਹੋ ਗਿਆ। ਮ੍ਰਿਤਕ ਦੀ ਪਹਿਚਾਣ ਗੁਰਮੀਤ ਸਿੰਘ (30) ਉਰਫ ਦੇਸਾ ਪੁੱਤਰ ਜਗਨੈਲ ਸਿੰਘ ਵਾਸੀ ਮੋਜਪੁਰ ਵਜੋਂ ਹੋਈ ਹੈ। ਉਹ ਕੁਝ ਦਿਨ ਪਹਿਲਾਂ ਹੀ ਛੁੱਟੀ ਲੈ ਕੇ ਘਰ ਆਇਆ ਸੀ ਅਤੇ ਘਰ ਦੇ ਮਕਾਨ ਦੀ ਉਸਾਰੀ ਕਰਵਾ ਰਿਹਾ ਸੀ। ਬੀਤੀ ਸ਼ਾਮ ਆਪਣੀ ਪਤਨੀ ਅਤੇ ਛੋਟੀ ਬੇਟੀ ਨਾਲ ਗੁਰਦਾਸਪੁਰ ਬਬਰੀ ਹਸਪਤਾਲ ਜਾ ਰਿਹਾ ਸੀ। ਜਦੋਂ ਉਹ ਪਿੰਡ ਚਾਵਾ ਨੇੜੇ ਪੁੱਜਾ ਤਾਂ ਗੁਰਦਾਸਪੁਰ ਵਲੋਂ ਆਉਂਦੀ ਤੇਜ਼ ਰਫਤਾਰ ਟਿਪਰ ਅਤੇ ਫਾਰਚੂਨਰ ਨੇ ਉਸ ਨੂੰ ਆਪਣੀ ਲਪੇਟ ਵਿਚ ਲੈ ਲਿਆ ਜਿਸ ਕਰਕੇ ਉਸ ਦੇ ਸਿਰ ਉਤੋਂ ਟਿਪਰ ਦਾ ਟਾਇਰ ਲੰਘ ਗਿਆ। ਮ੍ਰਿਤਕ 10 ਸਾਲ ਪਹਿਲਾਂ ਸੀ.ਆਰ.ਪੀ.ਐੱਫ ਵਿਚ ਭਰਤੀ ਹੋਇਆ ਸੀ। ਪੁਰਾਣਾ ਸ਼ਾਲਾ ਪੁਲਸ ਨੇ ਲਾਸ਼ ਆਪਣੇ ਕਬਜ਼ੇ ਵਿਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਗੁਰਦਾਸਪੁਰ ਦੇ ਮੋਰਚਰੀ ਵਿੱਚ ਰਖਵਾ ਦਿੱਤੀ ਹੈ ਮ੍ਰਿਤਕ ਆਪਣੇ ਪਿੱਛੇ 3 ਬੇਟੀਆਂ ਤੇ ਵਿਧਵਾ ਪਤਨੀ ਨੂੰ ਛੱਡ ਗਿਆ ਹੈ।

## ਲਾਲ ਲਕੀਰ ਅੰਦਰ ਆਉਂਦੇ ਮਕਾਨਾਂ ਦੇ ਮਾਲਕਾਂ ਨੂੰ ਮਾਲਕੀ ਦੇ ਕਾਨੂੰਨੀ ਹੱਕ ਮਿਲਣੇ ਸ਼ੁਰੂ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ'-ਆਮ ਆਦਮੀ ਪਾਰਟੀ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਮਜੀਠਾ ਹਲਕੇ ਦੇ ਪਿੰਡ ਸਰਾਂ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੇਰਾ ਘਰ ਮੇਰੇ ਨਾਮ ਯੋਜਨਾ ਤਹਿਤ ਪਿੰਡਾਂ ਵਿੱਚ ਲਾਲ ਲਕੀਰ ਅੰਦਰ ਆਉਂਦੇ ਮਕਾਨਾਂ ਦੀ ਕਾਨੂੰਨੀ ਮਲਕੀਅਤ ਦੇ ਹੱਕ ਦੇਣ ਦੀ ਸ਼ੁਰੂਆਤ ਕੀਤੀ ਗਈ।

ਇਸ ਮੌਕੇ ਸੰਬੋਧਨ ਕਰਦਿਆਂ ਸਰਦਾਰ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਇਸ ਉਪਰਾਲੇ ਨਾਲ ਪਿੰਡਾਂ ਦੇ ਲੋਕਾਂ ਨੂੰ ਆਪਣੇ ਘਰਾਂ ਦੀ ਕਾਨੂੰਨੀ ਮਲਕੀਅਤ ਦਾ ਹੱਕ ਮਿਲੇਗਾ ਅਤੇ ਜਾਇਦਾਦ ਸਬੰਧੀ ਕਾਗਜ਼ੀ ਕਾਰਵਾਈ ਵਿੱਚ ਵੱਡੀ ਰਾਹਤ ਮਿਲੇਗੀ।ਲੋਕਾਂ ਨੂੰ ਆਪਣੇ ਘਰਾਂ ਦੇ ਹੱਕ ਸਬੰਧੀ ਵਧੇਰੇ ਸੁਰੱਖਿਆ ਅਤੇ ਸਹੂਲਤ ਮਿਲੇਗੀ।ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕਾਂ ਲਈ ਇਹ ਕਦਮ ਵੱਡੀ ਰਾਹਤ ਅਤੇ ਆਪਣੇ ਘਰ ਦੀ ਮਲਕੀਅਤ ਨੂੰ ਕਾਨੂੰਨੀ ਤੌਰ 'ਤੇ ਮਜ਼ਬੂਤ ਕਰਨ ਵਾਲਾ ਪੰਜਾਬ ਸਰਕਾਰ ਦਾ ਇਹ ਉਪਰਾਲਾ ਹੈ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਰਕੀਟ ਕਮੇਟੀ ਮਜੀਠਾ ਦੇ ਚੇਅਰਮੈਨ ਬਲਬੀਰ ਸਿੰਘ ਬੋਪਾਰਾਏ, ਜਗੀਰ ਸਿੰਘ ਕੰਗ ਸਾਬਕਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਬਲਜੀਤ ਸਿੰਘ ਸਰਾਂ, ਮਲਕੀਤ ਸਿੰਘ ਬਾਠ ਭੋਏ, ਬਲਜਿੰਦਰ ਸਿੰਘ ਛੀਨਾ ਅਤੇ ਹੋਰ ਆਗੂ ਵੀ ਹਾਜ਼ਰ ਸਨ।

## ਪੰਜਾਬੀ ਆਪਣੀ ਮਾਂ ਬੋਲੀ ਨੂੰ ਸਿਰ ਦਾ ਤਾਜ ਬਣਾ ਕੇ ਰੱਖਣ: ਪ੍ਰਿੰ. ਤਰਸਿੱਕਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪੰਜਾਬੀ ਮਾਂ ਬੋਲੀ ਨੇ ਪੰਜਾਬ ਦੇ ਲੋਕਾਂ ਨੂੰ ਅਪਣੀ ਸਫਲਤਾ ਤੇ ਮਿਠਾਸ ਭਰੇ ਸ਼ਬਦਾਂ ਨਾਲ ਅਣਖ, ਵੀਰਤਾ, ਮਿਹਨਤ, ਕੁਰਬਾਨੀ, ਪਿਆਰ ਤੇ ਨਿਮਰਤਾ ਵਾਲੇ ਗੁਣ ਪੰਜਾਬ ਦੇ ਸਮੂਹ ਲੋਕਾਂ ਵਿੱਚ ਭਰੇ ਹਨ, ਇਸ ਲਈ ਹੁਣ ਹੋਰ ਵੀ ਜ਼ਰੂਰੀ ਹੋ ਗਿਆ ਕਿ ਪੰਜਾਬ ਸਮੇਤ ਵਿਸ਼ਵ ਦੇ ਹਰੇਕ ਕੋਨੇ ਵਿੱਚ ਵੱਸਦੇ ਹਰੇਕ ਪੰਜਾਬੀ ਮਾਂ ਬੋਲੀ ਪੰਜਾਬੀ ਨੂੰ ਆਪਣੇ ਸਿਰ ਦਾ ਤਾਜ ਬਣਾਕੇ ਰੱਖਣ ਇਹ ਸ਼ਬਦ ਕ੍ਰਾਂਤੀਕਾਰੀ ਤਰਕਸ਼ੀਲ ਲੋਕ ਚੇਤਨਾ ਲਹਿਰ ਰਜਿ ਦੇ ਪ੍ਰਧਾਨ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿਕਾ ਨੇ ਅੱਡਾ ਖਜਾਲਾ ਵਿਖੇ ਲਹਿਰ ਦੀ ਇਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਹੇ।ਪ੍ਰਿੰਸੀਪਲ ਤਰਸਿੱਕਾ ਨੇ ਅੱਗੇ ਕਿਹਾ ਕਿ ਸਾਹਿਬ ਸ੍ਰੀ ਗੁਰੂ ਅੰਗਦ ਦੇਵ ਜੀ ਨੇ ਪੰਜਾਬੀ ਭਾਸ਼ਾ ਨੂੰ ਇੱਕ ਵਰਣਮਾਲਾ ਵਿੱਚ ਪਰੋ ਕੇ ਗੁਰਸਿੱਖੀ ਦੇ ਰੂਪ ਵਿੱਚ ਪੇਸ਼ ਕਰਕੇ ਮਾਣ ਸਤਿਕਾਰ ਦਿੱਤਾ ਤੇ ਗੁਰੂ ਘਰ ਦੀ ਬੋਲੀ ਬਣਾ ਕੇ ਸਾਨੂੰ ਸਾਰਿਆਂ ਨੂੰ ਵਡਿਆਈ ਦਿੱਤੀ ਇਸ ਲਈ ਇਸ ਸਤਿਕਾਰ ਨੂੰ ਬਣਾਈ ਰੱਖਣਾ ਸਾਡਾ ਹਰੇਕ ਦਾ ਫ਼ਰਜ਼ ਬਣਦਾ ਹੈ ।

## ਜੂਡੋ ਮੁਕਾਬਲਿਆਂ 'ਚ ਕਲਗੀਧਰ ਪਬਲਿਕ ਸਕੂਲ ਭਿੱਖੀਵਿੰਡ ਦੇ ਖਿਡਾਰੀਆਂ ਨੇ ਕਰਾਈ ਬੱਲੇ-ਬੱਲੇ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ) ਖੇਡਾਂ ਵਤਨ ਪੰਜਾਬ ਦੀਆਂ-2026 ਤਹਿਤ ਕਰਵਾਏ ਗਏ ਜ਼ਿਲ੍ਹਾ ਪੱਧਰੀ ਜੂਡੋ ਮੁਕਾਬਲਿਆਂ 'ਚ ਕਲਗੀਧਰ ਪਬਲਿਕ ਸਕੂਲ ਭਿੱਖੀਵਿੰਡ ਦੇ ਖਿਡਾਰੀਆਂ ਨੇ ਅੰਡਰ-14 ਅਤੇ ਅੰਡਰ-17 ਵਰਗਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕੁੱਲ 16 ਮੈਡਲ ਜਿੱਤ ਕੇ ਬੱਲੇ-ਬੱਲੇ ਕਰਾਈ ਹੈ। ਜਾਣਕਾਰੀ ਅਨੁਸਾਰ ਅੰਡਰ-14 ਵਰਗ ਚ ਗੁਰਲੀਨ ਕੌਰ,ਜਗਜੀਤ ਕੌਰ,ਮਨਸੀਰਤ ਕੌਰ,ਗੁਰਕੀਰਤ ਸਿੰਘ ਅਤੇ ਹਰਗੁਣਦੀਪ ਸਿੰਘ ਨੇ ਸੋਨੇ ਦੇ ਤਮਗੇ ਹਾਸਲ ਕੀਤੇ ਹਨ। ਇਸੇ ਵਰਗ ਵਿੱਚ ਇਸ਼ਮੀਤ ਕੌਰ ਨੇ ਚਾਂਦੀ ਦਾ ਤਮਗਾ ਜਦਕਿ ਹਰਗੁਣਦੀਪ ਕੌਰ, ਜਸਰੀਤ ਕੌਰ ਅਤੇ ਪ੍ਰਨੀਤ ਕੌਰ ਨੇ ਕਾਂਸੇ ਦੇ ਤਮਗੇ ਜਿੱਤੇ ਹਨ। ਇਸ ਤੋਂ ਇਲਾਵਾ ਅੰਡਰ-17 ਵਰਗ 'ਚ ਅੰਮ੍ਰਿਤਪਾਲ ਸਿੰਘ,ਰਣਬੀਰ ਸਿੰਘ ਅਤੇ ਏਕਮਜੀਤ ਕੌਰ ਨੇ ਸੋਨੇ ਦੇ ਤਮਗੇ ਆਪਣੇ ਨਾਮ ਕੀਤੇ ਹਨ। ਇਸੇ ਹੀ ਵਰਗ ਵਿੱਚ ਅਮਨਦੀਪ ਸਿੰਘ,ਅਨਮੋਲਪ੍ਰੀਤ ਸਿੰਘ ਅਤੇ ਅਨਮੋਲਦੀਪ ਕੌਰ ਚਾਂਦੀ ਦੇ ਤਮਗੇ, ਜਦਕਿ ਕਿਰਨਜੀਤ ਕੌਰ ਕਾਂਸੇ ਦਾ ਤਮਗਾ ਜਿੱਤਣ ਵਿੱਚ ਕਾਮਯਾਬ ਰਹੀ।ਜੇਤੂ ਖਿਡਾਰੀਆਂ ਨੂੰ ਮੁਬਾਰਕਬਾਦ ਦਿੰਦਿਆਂ ਸਕੂਲ ਦੇ ਚੀਫ ਡਾਇਰੈਕਟਰ ਬੁੱਢਾ ਸਿੰਘ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਨੂੰ ਜ਼ਿੰਦਗੀ ਦੇ ਹਰ ਪੱਖ ਵਿੱਚ ਅਨੁਸ਼ਾਸਿਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਜੇਤੂ ਖਿਡਾਰੀਆਂ ਦੇ ਕੋਚ ਅਤੇ ਮਾਪਿਆਂ ਨੂੰ ਵੀ ਵਧਾਈ ਦਿੱਤੀ ਅਤੇ ਕਿਹਾ ਕਿ ਖਿਡਾਰੀਆਂ ਦੀ ਇਸ ਪ੍ਰਾਪਤੀ ਵਿੱਚ ਉਨ੍ਹਾਂ ਦੇ ਮਾਰਗਦਰਸ਼ਨ ਅਤੇ ਸਹਿਯੋਗ ਦਾ ਅਹਿਮ ਯੋਗਦਾਨ ਹੈ। ਇਸ ਮੌਕੇ ਸਕੂਲ ਦੀ ਮੈਨੇਜਿੰਗ ਡਾਇਰੈਕਟਰ ਮਨਦੀਪ ਕੌਰ ਨੇ ਕਿਹਾ ਕਿ ਖਿਡਾਰੀਆਂ ਵੱਲੋਂ ਜਿੱਤੇ ਗਏ 16 ਮੈਡਲ ਇਸ ਗੱਲ ਦਾ ਸਪੱਸ਼ਟ ਸਬੂਤ ਹਨ ਕਿ ਉਨ੍ਹਾਂ ਦੇ ਸਕੂਲ ਵੱਲੋਂ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨੂੰ ਵੀ ਵਿਸ਼ੇਸ਼ ਤਰਜੀਹ ਦਿੱਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਸਕੂਲ ਵੱਲੋਂ ਵਿਦਿਆਰਥੀਆਂ ਨੂੰ ਖੇਡਾਂ ਦੇ ਖੇਤਰ 'ਚ ਆਪਣੀ ਪ੍ਰਤਿਭਾ ਨਿਖਾਰਨ ਲਈ ਲੋੜੀਂਦੀਆਂ ਸਹੂਲਤਾਂ ਅਤੇ ਮੌਕੇ ਪ੍ਰਦਾਨ ਕੀਤੇ ਜਾ ਰਹੇ ਹਨ ਅਤੇ ਇਸ ਲੜੀ ਨੂੰ ਇਸੇ ਤਰ੍ਹਾਂ ਨਿਰੰਤਰ ਜਾਰੀ ਰੱਖਿਆ ਜਾਵੇਗਾ।ਇਸ ਮੌਕੇ ਪ੍ਰਿੰਸੀਪਲ ਅਜੀਤ ਕੌਰ ਨੇ ਵੀ ਜੇਤੂ ਖਿਡਾਰੀਆਂ ਨੂੰ ਮੁਬਾਰਕਬਾਦ ਦਿੰਦਿਆਂ ਹੋਰ ਉਚੇ ਮੁਕਾਮ ਹਾਸਲ ਕਰਨ ਲਈ ਮਿਹਨਤ,ਲਗਨ ਅਤੇ ਨਿਰੰਤਰ ਅਭਿਆਸ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।ਇਸ ਦੇ ਨਾਲ ਹੀ ਸਕੂਲ ਦੀ ਜੂਡੋ ਕੋਚ ਅਦਿੱਤੀ ਪਵਾਰ ਨੇ ਵੀ ਖਿਡਾਰੀਆਂ ਨੂੰ ਵਧਾਈਆਂ ਦਿੰਦਿਆਂ ਆਉਣ ਵਾਲੇ ਮੁਕਾਬਲਿਆਂ ਲਈ ਹੋਰ ਮਿਹਨਤ ਅਤੇ ਅਭਿਆਸ ਕਰਨ ਲਈ ਪ੍ਰੇਰਿਆ।ਅੰਤ 'ਚ ਸਕੂਲ ਪ੍ਰਬੰਧਕਾਂ ਨੇ ਸਾਰੇ ਜੇਤੂ ਖਿਡਾਰੀਆਂ ਅਤੇ ਜੂਡੋ ਕੋਚ ਅਦਿੱਤੀ ਪਵਾਰ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੰਦਿਆਂ ਆਸ ਪ੍ਰਗਟਾਈ ਕਿ ਇਹ ਹੋਣਹਾਰ ਖਿਡਾਰੀ ਆਉਣ ਵਾਲੇ ਸਮੇਂ 'ਚ ਵੀ ਸੂਬਾਈ ਅਤੇ ਰਾਸ਼ਟਰੀ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕਰਨਗੇ।

## ਅਨੁਜ ਖੇਮਕਾ ਨੂੰ ਕੀਤਾ ਸਨਮਾਨਿਤ



ਛੇਹਰਟਾ, (ਮਨੋਜ ਕੁਮਾਰ) : ਮਾਂ ਚਿੰਤਪੂਰਨੀ ਸੇਵਕ ਸਭਾ ਵੱਲੋਂ ਲਾਰੰਸ ਰੋਡ ਸਥਿਤ ਬਿਜਲੀ ਪਹਿਲਵਾਨ ਮੰਦਰ ਵਿਖੇ ਸ਼੍ਰੀਮਦ ਭਾਗਵਤ ਕਥਾ ਕਰਵਾਈ ਜਾ ਰਹੀ ਹੈ। ਕਥਾਵਾਚਕ ਸ਼ੁੱਭਮ ਤਿਵਾੜੀ ਵੱਲੋਂ ਕਥਾ ਸੁਣਾਈ ਜਾ ਰਹੀ ਹੈ। ਬੁੱਧਵਾਰ ਨੂੰ ਕਥਾਵਾਚਕ ਸ਼ੁਭਮ ਤਿਵਾੜੀ ਨੇ ਭਗਵਾਨ ਸ਼੍ਰੀ ਕ੍ਰਿਸ਼ਨ ਦੇ ਜਨਮ ਤੇ ਨੰਦ ਉਤਸਵ ਦੀ ਕਥਾ ਸੁਣਾਈ। ਉਨ੍ਹਾਂ ਕਿਹਾ ਕਿ ਸ਼੍ਰੀ ਕ੍ਰਿਸ਼ਨ ਦੇ ਆਉਣ ਨਾਲ ਚਾਰੇ ਪਾਸੇ ਖ਼ੁਸ਼ੀ ਤੇ ਉਤਸ਼ਾਹ ਦਾ ਮਾਹੌਲ ਬਣ ਗਿਆ। ਇਸ ਮੌਕੇ ਸਮਾਜ ਸੇਵਕ ਤੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਮੁਖੀ ਅਨੁਜ ਖੇਮਕਾ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਮਾਂ ਚਿੰਤਪੂਰਨੀ ਸੇਵਕ ਸਭਾ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਰੁਣ ਨੇਵਾਟੀਆ, ਸੰਜੇ ਕੇਜਰੀਵਾਲ, ਆਨੰਦ ਬਾਂਸਲ, ਸੁਰੇਸ਼ ਗੋਇਲ, ਸਤੀਸ਼ ਖੰਨਾ, ਰਮਨ ਸਫਰੀਆ, ਸਤੀਸ਼ ਖੰਨਾ, ਵਰੁਣ ਨੇਵਾਟੀਆ, ਵਿਪੁਲ ਨੇਵਾਟੀਆ, ਹਰੀਸ਼ ਕੇਜਰੀਵਾਲ, ਕਪਿਸ਼ ਖੇਮਕਾ, ਸਿਧਾਰਥ, ਅਸ਼ਵਨੀ ਜੋਸ਼ੀ, ਵਿਕਰਮ ਜੋਸ਼ੀ, ਵੈਭਵ ਅਗਰਵਾਲ ਸਮੇਤ ਵੱਡੀ ਗਿਣਤੀ ਵਿਚ ਸ਼ਰਧਾਲੂ ਮੌਜੂਦ ਸਨ।

## 'ਪ੍ਰਧਾਨ ਮੰਤਰੀ ਸੂਰਿਆ ਘਰ ਮੁਫਤ ਬਿਜਲੀ ਯੋਜਨਾ' ਤਹਿਤ 3 ਰੋਜ਼ਾ ਕੈਂਪ ਸ਼ੁਰੂ




ਧਾਰੀਵਾਲ, (ਮਨਦੀਪ ਵਿੱਕੀ) ਪਾਵਰ ਕੰਮ ਦੀ ਸਬ-ਡਵੀਜ਼ਨ ਧਾਰੀਵਾਲ ਵਿਖੇ ਪ੍ਰਧਾਨ ਮੰਤਰੀ ਸੂਰੀਆ ਘਰ ਮੁਫਤ ਬਿਜਲੀ ਯੋਜਨਾ ਤਹਿਤ 7 ਤੋਂ 9 ਅਕਤੂਬਰ ਤੱਕ ਤਿੰਨ ਰੋਜ਼ਾ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਦੀ ਅੱਜ ਪਹਿਲੇ ਦਿਨ ਦੀ ਸ਼ੁਰੂਆਤ ਦੌਰਾਨ ਐਕਸੀਅਨ ਡਵੀਜ਼ਨ ਧਾਰੀਵਾਲ ਹਰਮਨਪ੍ਰੀਤ ਸਿੰਘ ਗਿੱਲ ਤੇ ਉਪ ਮੰਡਲ ਅਫਸਰ ਧਾਰੀਵਾਲ ਸਤਨਾਮ ਸਿੰਘ ਨੇ ਖਪਤਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਯੋਜਨਾ ਦੇ ਤਹਿਤ ਬਿਜਲੀ ਦੇ ਬਿੱਲਾਂ ਦੀ 90 ਫ਼ੀਸਦੀ ਤੱਕ ਬੱਚਤ ਕੀਤੀ ਜਾ ਸਕਦੀ ਹੈ ਅਤੇ ਸਰਕਾਰ ਵੱਲੋਂ 78,000 ਤੱਕ ਸਬਸਿਡੀ ਵੀ ਦਿੱਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਖਪਤਕਾਰਾਂ ਦੀ ਸਹੂਲਤ ਲਈ ਸਰਕਾਰੀ ਬੈਂਕਾਂ ਤੋਂ ਲੋਨ ਦੀ ਸੁਵਿਧਾ ਵੀ ਪ੍ਰਾਪਤ ਕੀਤਾ ਜਾ ਸਕਦਾ ਹੈ।ਉਨ੍ਹਾਂ ਖ਼ਪਤਕਾਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਬ ਡਵੀਜ਼ਨ ਧਾਰੀਵਾਲ ਵਿਖੇ ਚੱਲ ਰਹੇ ਇਸ ਕੈਂਪ ਵਿਚ ਜਾਣਕਾਰੀ ਹਾਸਿਲ ਕਰਕੇ ਇਸ ਸੁਵਿਧਾ ਦਾ ਵੱਧ ਤੋਂ ਵੱਧ ਲਾਭ ਲੈਣ।

## ਅੰਗਰੇਜ਼ ਸਿੰਘ ਨੇ ਕੁਸ਼ਤੀ ਮੁਕਾਬਲੇ 'ਚ ਜਿੱਤਿਆ ਸੋਨ ਤਮਗਾ



ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਪੰਜਾਬ ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ 2026 ਤਹਿਤ ਸ੍ਰੀ ਗੁਰੂ ਅਰਜਨ ਦੇਵ ਜੀ ਸਟੇਡੀਅਮ, ਤਰਨ ਤਾਰਨ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਕੁਸ਼ਤੀ ਮੁਕਾਬਲਿਆਂ ਵਿੱਚ ਕਲਗੀਧਰ ਪਬਲਿਕ ਸਕੂਲ ਭਿੱਖੀਵਿੰਡ ਦੇ ਹੋਣਹਾਰ ਖਿਡਾਰੀ ਅੰਗਰੇਜ਼ ਸਿੰਘ ਨੇ ਅੰਡਰ-17 ਵਰਗ ਦੇ ਆਪਣੇ ਭਾਰ ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨੇ ਦਾ ਤਮਗਾ ਜਿੱਤ ਕੇ ਸਕੂਲ ਅਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ।ਅੰਗਰੇਜ਼ ਸਿੰਘ ਨੇ ਕੁਸ਼ਤੀ ਦੇ ਮੁਕਾਬਲੇ ਦੌਰਾਨ ਪੂਰੇ ਜੋਸ਼, ਹੌਸਲੇ ਅਤੇ ਖੇਡ ਭਾਵਨਾ ਨਾਲ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਉਸ ਦੀ ਇਸ ਸ਼ਾਨਦਾਰ ਪ੍ਰਾਪਤੀ ਨਾਲ ਸਕੂਲ ਵਿੱਚ ਖੁਸ਼ੀ ਦਾ ਮਾਹੌਲ ਹੈ।ਸਕੂਲ ਪ੍ਰਬੰਧਕਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਅੰਗਰੇਜ਼ ਸਿੰਘ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ ਗਈ।ਇਸ ਮੌਕੇ ਸਕੂਲ ਦੇ ਚੀਫ ਡਾਇਰੈਕਟਰ ਸਰਦਾਰ ਬੁੱਢਾ ਸਿੰਘ ਨੇ ਅੰਗਰੇਜ਼ ਸਿੰਘ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਹੌਸਲਾ, ਆਤਮ-ਵਿਸ਼ਵਾਸ ਅਤੇ ਸਰੀਰਕ ਤੰਦਰੁਸਤੀ ਪੈਦਾ ਕਰਨ ਦਾ ਮਹੱਤਵਪੂਰਨ ਸਾਧਨ ਹਨ।ਉਨ੍ਹਾਂ ਕਿਹਾ ਕਿ ਸਕੂਲ ਵੱਲੋਂ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨੂੰ ਵੀ ਵਿਸ਼ੇਸ਼ ਮਹੱਤਵ ਦਿੱਤਾ ਜਾ ਰਿਹਾ ਹੈ ਤਾਂ ਜੋ ਵਿਦਿਆਰਥੀ ਆਪਣੀ ਪ੍ਰਤਿਭਾ ਨੂੰ ਨਿਖਾਰ ਕੇ ਉਚ ਪੱਧਰ 'ਤੇ ਆਪਣੀ ਪਛਾਣ ਬਣਾ ਸਕਣ।

## ਹੈਰੋਇਨ ਤੇ ਨਸ਼ੀਲੀਆਂ ਗੋਲੀਆਂ ਸਮੇਤ ਤਿੰਨ ਗ੍ਰਿਫਤਾਰ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਐੱਸ. ਐੱਸ. ਪੀ. ਕਵਲਪ੍ਰੀਤ ਸਿੰਘ ਚਾਹਲ ਅੰਮ੍ਰਿਤਸਰ ਦਿਹਾਤੀ ਦੇ ਹੁਕਮਾਂ ਅਤੇ ਡੀਐੱਸਪੀ ਬਲਜੀਤ ਸਿੰਘ ਜੰਡਿਆਲਾ ਗੁਰੂ ਦੇ ਦਿਸ਼ਾ ਨਿਰਦੇਸ਼ਾਂ ਹੇਠ ਭੈੜੇ ਪੁਰਸ਼ਾਂ ਅਤੇ ਨਸ਼ਾ ਤਸਕਰਾਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਥਾਣਾ ਮਹਿਤਾ ਚੌਕ ਦੇ ਐੱਸ. ਐੱਚ. ਓ. ਇੰਸਪੈਕਟਰ ਸਿਮਰਨਜੀਤ ਕੌਰ ਦੀ ਯੋਗ ਅਗਵਾਈ ਹੇਠ ਪੁਲਸ ਪਾਰਟੀ ਵੱਲੋਂ ਐੱਫ ਆਈ ਆਈ ਨੰਬਰ 172-4/10/26 ਤਹਿਤ ਦੋਸ਼ੀ ਅਮਨਦੀਪ ਸਿੰਘ ਪੁੱਤਰ ਅਮਰੀਕ ਰਾਮ ਵਾਸੀ ਪਿੰਡ ਘਨਸ਼ਾਮਪੁਰ ਹਲਕਾ ਮਜੀਠਾ ਅਤੇ ਮਹਿਕਦੀਪ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਦਨਿਆਲ ਹਲਕਾ ਜੰਡਿਆਲਾ ਹਾਲ ਵਾਸੀ ਪਿੰਡ ਚੂੰਗ ਦੋਵਾਂ ਦੋਸ਼ੀਆਂ ਪਾਸੋਂ ਚਾਰ ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ ਪਰਚਾ ਦਰਜ ਕਰਕੇ ਜੇਲ ਭੇਜ ਦਿੱਤਾ ਗਿਆ। ਇਸੇ ਤਰ੍ਹਾਂ ਐੱਫ ਆਈ ਆਰ ਨੰਬਰ 173—7/10/26 ਲਵਜੀਤ ਸਿੰਘ ਲਾਡਾ ਪੁੱਤਰ ਦਲਵੀਰ ਸਿੰਘ ਵਾਸੀ ਪਿੰਡ ਬੁੱਟਰ ਕਲਾਂ ਨੂੰ ਗ੍ਰਿਫਤਾਰ ਕੀਤਾ ਗਿਆ ਜਿਸ ਪਾਸੋਂ ਤਲਾਸ਼ੀ ਦੌਰਾਨ 45 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ। ਉਕਤ ਦੋਸ਼ੀਆਂ ਵਿਰੁੱਧ ਪਰਚਾ ਦਰਜ ਕਰਕੇ ਜੇਲ ਭੇਜ ਦਿੱਤਾ ਗਿਆ।

## ਜਥੇਦਾਰ ਸੂਬਾ ਸਿੰਘ ਡੱਬਵਾਲਾ ਦੇ ਅਕਾਲ ਚਲਾਣੇ 'ਤੇ ਐਡਵੋਕੇਟ ਧਾਮੀ ਵੱਲੋਂ ਦੁੱਖ ਪ੍ਰਗਟ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਸੂਬਾ ਸਿੰਘ ਡੱਬਵਾਲਾ ਦੇ ਅਕਾਲ ਚਲਾਣਾ ਕਰ ਜਾਣ 'ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗਹਿਰਾ ਦੁੱਖ ਪ੍ਰਗਟ ਕੀਤਾ ਹੈ।ਐਡਵੋਕੇਟ ਧਾਮੀ ਨੇ ਕਿਹਾ ਕਿ ਜਥੇਦਾਰ ਸੂਬਾ ਸਿੰਘ ਡੱਬਵਾਲਾ ਨੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਵਜੋਂ ਗੁਰੂ ਘਰ ਦੀ ਸੇਵਾ ਅਤੇ ਪੰਥਕ ਕਾਰਜਾਂ ਵਿੱਚ ਆਪਣੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਈ। ਉਨ੍ਹਾਂ ਦਾ ਸਹਿਜ, ਨਿਮਰ ਅਤੇ ਸੇਵਾ ਭਾਵਨਾ ਵਾਲਾ ਜੀਵਨ ਹਮੇਸ਼ਾ ਯਾਦ ਰਹੇਗਾ।

ਐਡਵੋਕੇਟ ਧਾਮੀ ਨੇ ਜਥੇਦਾਰ ਸੂਬਾ ਸਿੰਘ ਡੱਬਵਾਲਾ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖ਼ਸ਼ਣ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਦੇਣ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਤੇ ਇੰਜੀ: ਸੁਖਮਿੰਦਰ ਸਿੰਘ ਨੇ ਵੀ ਜਥੇਦਾਰ ਸੂਬਾ ਸਿੰਘ ਡੱਬਵਾਲਾ ਦੇ ਅਕਾਲ ਚਲਾਣੇ 'ਤੇ ਦੁਖ ਪ੍ਰਗਟ ਕਰਦਿਆਂ ਵਿਛੜੀ ਰੂਹ ਨ੍ਰਮਿਤ ਅਰਦਾਸ ਕੀਤੀ।

## ਨੋਵਾ ਤੇ ਪਲਸ ਸੀਰੀਜ਼ ਦੀਆਂ ਕੀਮਤਾਂ 'ਚ ਕਟੌਤੀ

ਅੰਮ੍ਰਿਤਸਰ-ਏਆਈ+ ਸਮਾਰਟਫੋਨ ਨੇ ਫਲਿੱਪਕਾਰਟ ਦੇ ਬਿੱਗ ਬਿਲੀਅਨ ਡੇਜ਼ 2026 ਦੌਰਾਨ ਨੋਵਾ ਅਤੇ ਪਲਸ ਸੀਰੀਜ਼ ਲਈ ਤਿਉਹਾਰਾਂ ਦੀਆਂ ਕੀਮਤਾਂ ਦਾ ਐਲਾਨ ਕੀਤਾ ਹੈ।8,999* ਤੋਂ ਸ਼ੁਰੂ ਹੋਣ ਵਾਲੀ ਇਹ ਸੀਰੀਜ਼ ਸਲੀਕ ਡਿਜ਼ਾਈਨ, ਲੰਬੇ ਸਮੇਂ ਤੱਕ ਚੱਲਣ ਵਾਲੀ ਬੈਟਰੀ ਅਤੇ ਰੋਜ਼ਾਨਾ ਵਰਤੋਂ ਲਈ ਵਧੀਆ ਪ੍ਰਦਰਸ਼ਨ ਪ੍ਰਦਾਨ ਕਰਦੀ ਹੈ। ਭਾਰਤ ਵਿੱਚ ਬਣੀ ਨੋਵਾ ਅਤੇ ਪਲਸ ਨੂੰ ਉਸ ਚੀਜ਼ ਦੇ ਅਨੁਕੂਲ ਡਿਜ਼ਾਈਨ ਕੀਤਾ ਗਿਆ ਹੈ ਜੋ ਲੋਕ ਅਸਲ ਵਿੱਚ ਵਰਤਦੇ ਹਨ: ਲੰਬੇ ਦਿਨ, ਸਾਫ਼ ਕੈਮਰੇ, ਨਿਰਵਿਘਨ ਡਿਸਪਲੇਅ ਅਤੇ ਪਹੁੰਚਯੋਗ ਕੀਮਤਾਂ।

ਪਲਸ 2 ਤੋਂ ਨੋਵਾ 2 ਅਲਟਰਾ ਤੱਕ ਅਤੇ ਕੁਝ ਨਵਾਂ ਲੱਭਣ ਵਾਲਿਆਂ ਲਈ ਨੋਵਾਫਲਿਪ, ਹਰੇਕ ਮਾਡਲ ਅੱਪਗ੍ਰੇਡ ਕਰਨ ਦਾ ਇੱਕ ਠੋਸ ਕਾਰਨ ਹੈ, ਕੋਈ ਸਮਝੌਤਾ ਨਹੀਂ।

## ਬੀਐੱਸਐੱਨਐੱਲ ਦਾ ਮੁਫ਼ਤ ਸਿਮ ਮੈਗਾ ਮੇਲਾ ਲੱਗਾ




ਤਰਨ ਤਾਰਨ ਪ੍ਰਿਤਪਾਲ ਸਿੰਘ)-ਬੀਐੱਸਐੱਨਐੱਲ ਵੱਲੋਂ ਬਾਬਾ ਬੁੱਢਾ ਸਾਹਿਬ, ਝਬਾਲ, ਤਰਨ ਤਾਰਨ ਵਿਖੇ ਮੁਫ਼ਤ ਸਿਮ ਮੇਗਾ ਮੇਲਾ ਲਗਾਇਆ ਗਿਆ, ਜਿਸ ਨੂੰ ਇਲਾਕੇ ਦੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਮੇਲੇ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਨੇ ਪਹੁੰਚ ਕੇ ਮੁਫ਼ਤ ਬੀਐਸਐਨਐਲ ਸਿਮ ਕਾਰਡ ਅਤੇ ਮੁਫ਼ਤ ਰੀਚਾਰਜ ਦੀ ਸਹੂਲਤ ਦਾ ਲਾਭ ਉਠਾਇਆ।ਇਸ ਮੌਕੇ ਨਵੇਂ ਨਿਯੁਕਤ ਬੀਐੱਸਐੱਨਐੱਲ ਐਡਵਾਈਜ਼ਰੀ ਕਮੇਟੀ ਦੇ ਮੈਂਬਰ ਸਰਦਾਰ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਵਿਸ਼ੇਸ਼ ਤੌਰ 'ਤੇ ਪਹੁੰਚੇ।ਉਨ੍ਹਾਂ ਨੇ ਬੀਐੱਸਐੱਨਐੱਲ ਦੇ ਅਧਿਕਾਰੀਆਂ ਅਤੇ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਕੰਪਨੀ ਵੱਲੋਂ ਗਾਹਕਾਂ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਲੋਕਾਂ ਨੂੰ ਵੀ ਜਾਣੂ ਕਰਵਾਇਆ।ਇਸ ਮੌਕੇ ਸਰਬਜੀਤ ਸਿੰਘ, ਹਰਪਾਲ ਸਿੰਘ, ਜਤਿੰਦਰ ਸਿੰਘ, ਗੁਰਮੀਤ ਸਿੰਘ, ਪ੍ਰਿੰਸ ਸਮੇਤ ਹੋਰ ਪਤਵੰਤੇ ਅਤੇ ਲੋਕ ਹਾਜ਼ਰ ਸਨ।

## ਦਿਨੇਸ਼ ਬੱਸੀ ਦੇ ਪਰਿਵਾਰ ਨੂੰ ਮਿਲੇ ਪਰਗਟ ਸਿੰਘ



ਛੇਹਰਟਾ, (ਮਨੋਜ ਕੁਮਾਰ) : ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਨੇ ਵੀਰਵਾਰ ਨੂੰ ਵਿਸ਼ੇਸ਼ ਤੌਰ 'ਤੇ ਕਾਂਗਰਸੀ ਆਗੂ ਤੇ ਇੰਪਰੂਵਮੈਂਟ ਟਰੱਸਟ ਸਾਬਕਾ ਚੇਅਰਮੈਨ ਦਿਨੇਸ਼ ਬੱਸੀ ਦੇ ਪਰਿਵਾਰ ਨਾਲ ਮੁਲਾਕਾਤ ਕੀਤੀ।ਇਸ ਮੌਕੇ ਉਨ੍ਹਾਂ ਨਾਲ ਸੀਨੀਅਰ ਆਗੂ ਡਾ. ਰਾਜ ਕੁਮਾਰ, ਸੁਖਵਿੰਦਰ ਸਿੰਘ ਡੈਨੀ ਬੰਡਾਲਾ, ਸਾਬਕਾ ਸਥਾਨਕ ਸਰਕਾਰਾਂ ਬਾਰੇ ਮੰਤਰੀ ਅਨਿਲ ਜੋਸ਼ੀ, ਜੁਗਲ ਕਿਸ਼ੋਰ ਸ਼ਰਮਾ ਵੀ ਮੌਜੂਦ ਸਨ।ਇਸ ਤੋਂ ਪਹਿਲਾਂ ਵੀਰਵਾਰ ਨੂੰ ਆਪਣੀ ਪੇਸ਼ੀ ਦੌਰਾਨ ਦਿਨੇਸ਼ ਬੱਸੀ ਨੇ ਕਿਹਾ ਕਿ ਉਨ੍ਹਾਂ ਦਾ ਪਾਸਪੋਰਟ ਪਹਿਲਾਂ ਹੀ ਅਦਾਲਤ ਵਿੱਚ ਜਮ੍ਹਾ ਕਰਵਾ ਦਿੱਤਾ ਗਿਆ ਹੈ ਅਤੇ ਉਹ ਕਿਤੇ ਨਹੀਂ ਜਾ ਰਹੇ।ਉਨ੍ਹਾਂ ਕਿਹਾ ਕਿ ਉਹ ਜਲਦੀ ਹੀ ਜਵਾਬ ਦੇਣਗੇ।ਦਿਨੇਸ਼ ਬੱਸੀ ਦੇ ਮਾਮਲੇ ਵਿਚ ਪੁਲਸ ਨੂੰ ਇਕ ਦਿਨ ਦਾ ਰਿਮਾਂਡ ਮਿਲ ਗਿਆ ਹੈ ਤੇ ਉਨ੍ਹਾਂ ਨੂੰ ਸ਼ੁੱਕਰਵਾਰ ਦੁਬਾਰਾ ਪੇਸ਼ ਕੀਤਾ ਜਾਵੇਗਾ।

## ਕਿਸਾਨਾਂ ਨੂੰ ਪਾਣੀ ਦੀ ਸੰਭਾਲ ਤੇ ਜਲਵਾਯੂ-ਅਨੁਕੂਲ ਖੇਤੀ ਲਈ ਕੀਤਾ ਜਾਗਰੂਕ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਅੰਮ੍ਰਿਤਸਰ ਵੱਲੋਂ ਇੰਦਰ ਫਾਰਮ, ਜੰਡਿਆਲਾ ਗੁਰੂ ਵਿਖੇ ਕਰਵਾਏ ਗਏ ਕਿਸਾਨ ਮੇਲੇ ਦੌਰਾਨ ਆਰ ਜੀ ਆਰ ਸੈੱਲ (ਟਾਟਾ ਟਰੱਸਟ ਦਾ ਸਹਾਇਕ ਅਦਾਰਾ) ਵੱਲੋਂ ਕਿਸਾਨਾਂ ਨੂੰ ਪਾਣੀ ਦੀ ਸੰਭਾਲ, ਕੁਦਰਤੀ ਸਰੋਤਾਂ ਦੀ ਸੁਚੱਜੀ ਵਰਤੋਂ ਅਤੇ ਜਲਵਾਯੂ-ਅਨੁਕੂਲ ਖੇਤੀਬਾੜੀ ਵੱਲ ਪ੍ਰੇਰਿਤ ਕਰਨ ਲਈ ਵਿਸ਼ੇਸ਼ ਜਾਣਕਾਰੀ ਅਤੇ ਤਕਨੀਕੀ ਮਾਰਗਦਰਸ਼ਨ ਪ੍ਰਦਾਨ ਕੀਤਾ ਗਿਆ।ਇਹ ਗਤੀਵਿਧੀ ਆਰ ਜੀ ਆਰ ਸੈੱਲ ਦੇ ਡਾਇਰੈਕਟਰ ਬਲਜਿੰਦਰ ਸਿੰਘ ਸੈਣੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕਰਵਾਈ ਗਈ।ਆਰ ਜੀ ਆਰ ਸੈੱਲ ਦੇ ਸਟਾਲ 'ਤੇ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਪਹੁੰਚ ਕਰਕੇ ਖੇਤੀਬਾੜੀ ਨਾਲ ਸਬੰਧਤ ਨਵੀਆਂ ਤਕਨਾਲੋਜੀਆਂ, ਪਾਣੀ ਬਚਾਉਣ ਅਤੇ ਪਰਾਲੀ ਸੰਭਾਲ ਦੀਆਂ ਤਕਨੀਕਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ।ਇਸ ਮੌਕੇ ਸ. ਹਰਭਜਨ ਸਿੰਘ ਈ ਟੀ ਓ ਕੈਬਨਿਟ ਮੰਤਰੀ ਪੰਜਾਬ ਸਰਕਾਰ ਨੇ ਵੀ ਆਰ ਜੀ ਆਰ ਸੈੱਲ ਦੇ ਸਟਾਲ ਦਾ ਦੌਰਾ ਕੀਤਾ ਅਤੇ ਅਦਾਰੇ ਵੱਲੋਂ ਪਾਣੀ ਦੀ ਸੰਭਾਲ, ਪਰਾਲੀ ਪ੍ਰਬੰਧਨ ਅਤੇ ਜਲਵਾਯੂ-ਅਨੁਕੂਲ ਖੇਤੀਬਾੜੀ ਸਬੰਧੀ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ।

## ਸਰਕਾਰੀ ਸਕੂਲਾਂ 'ਚ ਗੰਦਗੀ ਮਿਲੀ ਤਾਂ ਸਕੂਲ ਮੁਖੀ ਹੋਣਗੇ ਜ਼ਿੰਮੇਵਾਰ: ਜ਼ਿਲ੍ਹਾ ਸਿੱਖਿਆ ਅਫਸਰ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਸਾਫ਼-ਸੁਥਰਾ ਤੇ ਸੁਰੱਖਿਅਤ ਮਾਹੌਲ ਦੇਣ ਲਈ ਸਿੱਖਿਆ ਵਿਭਾਗ ਨੇ ਸਕੂਲ ਕਲੀਨਲੀਨੈੱਸ ਐਂਡ ਰੈਡੀਨੈੱਸ ਡਰਾਈਵ ਚਲਾਉਣ ਦੇ ਨਿਰਦੇਸ਼ ਦਿੱਤੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜੇਸ਼ ਕੁਮਾਰ ਸ਼ਰਮਾ ਜ਼ਿਲ੍ਹਾ ਸਿੱਖਿਆ ਅਫਸਰ (ਸ) ਗੁਰਦਾਸਪੁਰ ਨੇ ਦੱਸਿਆ ਕਿ ਸਕੂਲਾਂ ਵਿੱਚ ਗੰਦਗੀ, ਕੂੜੇ ਦੇ ਢੇਰ ਜਾਂ ਅਵਿਵਸਥਿਤ ਪ੍ਰਬੰਧ ਮਿਲਣ 'ਤੇ ਸਕੂਲ ਮੁਖੀ ਨੂੰ ਜ਼ਿੰਮੇਵਾਰ ਹੋਵੇਗਾ।ਉਨ੍ਹਾਂ ਦੱਸਿਆ ਕਿ ਉਨ੍ਹਾਂ ਵਲੋਂ ਅਤੇ ਡਿਪਟੀ ਡੀ.ਈ.ਓ, ਬੀ ਐੱਨ ਓ, ਡੀ ਆਰ ਸੀ ਅਤੇ ਬੀ ਆਰ ਸੀ ਵਲੋਂ ਰੋਜ਼ਾਨਾ ਸਕੂਲਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ), ਪੰਜਾਬ ਵੱਲੋਂ 21 ਅਗਸਤ ਨੂੰ ਜਾਰੀ ਪੱਤਰ ਅਨੁਸਾਰ ਸਕੂਲ ਸਕੂਲ ਮੁਖੀ ਪੂਰੇ ਸਕੂਲ ਕੰਪਲੈਕਸ (ਇਮਾਰਤ) ਦਾ ਖੁਦ ਨਿਰੀਖਣ ਕਰਕੇ ਤੁਰੰਤ ਦੂਰ ਕੀਤੀਆਂ ਜਾ ਸਕਣ ਵਾਲੀਆਂ ਕਮੀਆਂ ਦੂਰ ਕਰਵਾਉਣਗੇ।ਕਲਾਸਾਂ, ਗਲਿਆਰਿਆਂ, ਖੇਡ ਮੈਦਾਨ ਤੇ ਆਲੇ ਦੁਆਲੇ ਦਾ ਇਲਾਕਾ ਕੂੜੇ, ਮਲਬੇ, ਰਹਿੰਦ ਖੂੰਹਦ ਅਤੇ ਗੈਰ-ਜ਼ਰੂਰੀ ਸਾਮਾਨ ਤੋਂ ਮੁਕਤ ਹੋਣਾ ਚਾਹੀਦਾ ਹੈ।ਜਿਥੇ ਉਸਾਰੀ ਜਾਂ ਮੁਰੰਮਤ ਦਾ ਕੰਮ ਚੱਲ ਰਿਹਾ ਹੈ, ਉੱਥੇ ਸਾਮਾਨ ਤੇ ਮਲਬਾ ਸੁਰੱਖਿਅਤ ਢੰਗ ਨਾਲ ਰੱਖਣ ਲਈ ਕਿਹਾ ਗਿਆ ਹੈ।ਕਲਾਸਾਂ, ਪ੍ਰਯੋਗਸ਼ਾਲਾਵਾਂ ਤੇ ਲਾਇਬ੍ਰੇਰੀਆਂ ਵਿੱਚ ਖ਼ਰਾਬ ਬਿਜਲੀ ਫਿਟਿੰਗ, ਸਵਿੱਚ ਆਦਿ ਵੀ ਤੁਰੰਤ ਠੀਕ ਕਰਵਾਉਣ ਦੇ ਨਿਰਦੇਸ਼ ਹਨ। ਪਖਾਨੇ ਸਾਫ਼ ਸੁਥਰੇ ਤੇ ਚਾਲੂ ਹਾਲਤ ਵਿੱਚ ਹੋਣ ਅਤੇ ਉੱਥੇ ਪਾਣੀ ਤੇ ਰੋਸ਼ਨੀ ਦੀ ਸਹੂਲਤ ਹੋਵੇ।ਹੱਥ ਧੋਣ ਲਈ ਪਾਣੀ ਤੇ ਸਾਬਣ ਉਪਲਬਧ ਹੋਣਾ ਲਾਜ਼ਮੀ ਹੈ।ਪੀਣ ਵਾਲੇ ਪਾਣੀ ਦੀਆਂ ਸਾਰੀਆਂ ਸਹੂਲਤਾਂ ਵੀ ਸਾਫ਼ ਅਤੇ ਚਾਲੂ ਰੱਖਣ ਲਈ ਕਿਹਾ ਗਿਆ ਹੈ। ਫਾਇਰ ਐਕਸਟਿੰਗਵਿਸ਼ਰ ਤੇ ਫਸਟ ਏਡ ਕਿੱਟ ਠੀਕ ਹਾਲਤ ਵਿੱਚ ਅਤੇ ਅਜਿਹੀ ਥਾਂ ਤੇ ਹੋਣ ਜਿੱਥੇ ਲੋੜ ਪੈਣ ਤੇ ਤੁਰੰਤ ਪਹੁੰਚਿਆ ਜਾ ਸਕੇ। ਦਿਵਿਆਂਗ ਵਿਦਿਆਰਥੀਆਂ ਲਈ ਰਸਤੇ ਵੀ ਰੁਕਾਵਟ ਰਹਿਤ ਰੱਖਣੇ ਹੋਣਗੇ।ਉਨ੍ਹਾਂ ਅੱਗੇ ਦੱਸਿਆ ਕਿ ਸਕੂਲ ਮੁਖੀ ਮੁਹਿੰਮ ਦੀ ਸਮੁੱਚੀ ਜ਼ਿੰਮੇਵਾਰੀ ਸੰਭਾਲਦਿਆਂ ਸਟਾਫ ਨੂੰ ਵੱਖ-ਵੱਖ ਕੰਮ ਸੌਂਪਣਗੇ।ਸਟਾਫ ਕਲਾਸਾਂ, ਪਖਾਨਿਆਂ, ਗਲਿਆਰਿਆਂ ਅਤੇ ਖੇਡ ਮੈਦਾਨਾਂ ਦੀ ਸਫ਼ਾਈ ਤੇ ਸਾਂਭ-ਸੰਭਾਲ ਯਕੀਨੀ ਬਣਾਏਗਾ।ਮਿਡ-ਡੇ-ਮੀਲ ਤੈਅ ਮੈਨਿਊ ਅਨੁਸਾਰ ਸਾਫ਼-ਸੁਥਰੇ ਢੰਗ ਨਾਲ ਤਿਆਰ ਕਰਕੇ ਵਿਦਿਆਰਥੀਆਂ ਨੂੰ ਲੋੜੀਂਦੀ ਮਾਤਰਾ ਵਿੱਚ ਦੇਣ ਨੂੰ ਵੀ ਯਕੀਨੀ ਬਣਾਇਆ ਜਾਵੇਗਾ।ਸਕੂਲ ਮੈਨੇਜਮੈਂਟ ਕਮੇਟੀ (ਐੱਸਐੱਮਸੀ) ਦੇ ਮੈਂਬਰ ਸਫ਼ਾਈ, ਸੁਰੱਖਿਆ ਤੇ ਬੁਨਿਆਦੀ ਸਹੂਲਤਾਂ ਦੀ ਨਿਗਰਾਨੀ ਵਿੱਚ ਸਕੂਲ ਮੁਖੀ ਦਾ ਸਹਿਯੋਗ ਕਰਨਗੇ।

## ਕੰਪਿਊਟਰ ਤੇ ਬਿਊਟੀਸ਼ੀਅਨ ਟ੍ਰੇਨਿੰਗ ਸੈਂਟਰ ਦੀ ਅਪਗ੍ਰੇਡੇਸ਼ਨ ਦਾ ਉਦਘਾਟਨ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਬੱਚਿਆਂ ਅਤੇ ਨੌਜਵਾਨਾਂ ਨੂੰ ਆਧੁਨਿਕ ਸਮੇਂ ਦੀਆਂ ਲੋੜਾਂ ਅਨੁਸਾਰ ਹੁਨਰਮੰਦ ਤੇ ਆਤਮਨਿਰਭਰ ਬਣਾਉਣ ਦੇ ਉਦੇਸ਼ ਨਾਲ ਜ਼ਿਲ੍ਹਾ ਬਾਲ ਭਲਾਈ ਕੌਂਸਲ ਗੁਰਦਾਸਪੁਰ ਵੱਲੋਂ ਬਾਲ ਭਵਨ ਦੇ ਖ਼ੂਬਸੂਰਤ ਕੈਂਪਸ ਵਿਖੇ ਚਲਾਏ ਜਾ ਰਹੇ ਕੰਪਿਊਟਰ ਟ੍ਰੇਨਿੰਗ ਸੈਂਟਰ ਅਤੇ ਬਿਊਟੀਸ਼ੀਅਨ ਟ੍ਰੇਨਿੰਗ ਸੈਂਟਰ ਦੀ ਅਪਗ੍ਰੇਡੇਸ਼ਨ ਕੀਤੀ ਗਈ।ਇਸ ਦਾ ਉਦਘਾਟਨ ਐੱਸ. ਡੀ. ਐੱਮ. ਗੁਰਦਾਸਪੁਰ ਅਸ਼ੋਕ ਕੁਮਾਰ ਨੇ ਮੁੱਖ ਮਹਿਮਾਨ ਵਜੋਂ ਕੀਤਾ, ਜਦਕਿ ਤਹਿਸੀਲਦਾਰ ਮਨਜਿੰਦਰ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਰਮੇਸ਼ ਮਹਾਜਨ, ਨੈਸ਼ਨਲ ਅਵਾਰਡੀ ਤੇ ਆਨਰੇਰੀ ਸਕੱਤਰ, ਜ਼ਿਲ੍ਹਾ ਬਾਲ ਭਲਾਈ ਕੌਂਸਲ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਕੌਂਸਲ ਵੱਲੋਂ ਬੱਚਿਆਂ ਅਤੇ ਸਮਾਜ ਦੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਚਲਾਏ ਜਾ ਰਹੇ ਵੱਖ-ਵੱਖ ਪ੍ਰੋਜੈਕਟਾਂ ਬਾਰੇ ਜਾਣਕਾਰੀ ਦਿੱਤੀ।ਕੋਆਰਡੀਨੇਟਰ ਰਾਜ ਬਖ਼ਸ਼ੀ ਨੇ ਪ੍ਰਦਰਸ਼ਨੀ ਰਾਹੀਂ ਕੰਪਿਊਟਰ ਤੇ ਬਿਊਟੀਸ਼ੀਅਨ ਟ੍ਰੇਨਿੰਗ ਸੈਂਟਰ, ਕ੍ਰੈਚ, ਬਾਲ ਪੰਘੂੜਾ, ਈਵਨਿੰਗ ਸਕੂਲ ਅਤੇ ਸਲੱਮ ਏਰੀਆ ਮਾਨ ਕੌਰ ਸੈਂਟਰ ਸਮੇਤ ਕੌਂਸਲ ਦੇ ਹੋਰ ਪ੍ਰੋਜੈਕਟਾਂ ਦੀ ਜਾਣਕਾਰੀ ਸਾਂਝੀ ਕੀਤੀ।ਇਸ ਦੌਰਾਨ ਕੇਂਦਰੀ ਜੇਲ੍ਹ ਗੁਰਦਾਸਪੁਰ ਵਿਖੇ ਮਹਿਲਾ ਕੈਦੀਆਂ ਲਈ ਚਲਾਏ ਜਾ ਰਹੇ ਬਿਊਟੀਸ਼ੀਅਨ ਅਤੇ ਕਟਿੰਗ-ਟੇਲਰਿੰਗ ਸਿਖਲਾਈ ਪ੍ਰੋਗਰਾਮ ਅਤੇ ਉਨ੍ਹਾਂ ਦੇ ਬੱਚਿਆਂ ਲਈ ਕ੍ਰੈਚ ਸੈਂਟਰ ਦੀਆਂ ਸੇਵਾਵਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ।ਐੱਸ. ਡੀ. ਐੱਮ. ਅਸ਼ੋਕ ਕੁਮਾਰ ਨੇ ਕੌਂਸਲ ਦੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅੱਜ ਦੇ ਮੁਕਾਬਲੇ ਦੇ ਯੁੱਗ ਵਿੱਚ ਹੁਨਰ-ਆਧਾਰਿਤ ਅਤੇ ਕਿੱਤਾ-ਮੁਖੀ ਸਿੱਖਿਆ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕਿਆਂ ਨਾਲ ਜੋੜਨ ਅਤੇ ਆਤਮਨਿਰਭਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ।ਉਨ੍ਹਾਂ ਕਿਹਾ ਕਿ ਬਾਲ ਭਵਨ ਦੇ ਇਹ ਉਪਰਾਲੇ ਨੌਜਵਾਨ ਪੀੜ੍ਹੀ ਨੂੰ ਸਸ਼ਕਤ ਕਰਨ ਦੀ ਦਿਸ਼ਾ ਵਿੱਚ ਸ਼ਲਾਘਾਯੋਗ ਕਦਮ ਹਨ।ਇਸ ਮੌਕੇ ਬਲਜੀਤ ਸਿੰਘ ਉਪਲ, ਪ੍ਰਧਾਨ ਉਡਾਨ, ਨੇ ਦੱਸਿਆ ਕਿ ਬਾਲ ਭਵਨ ਤੋਂ ਸਿਖਲਾਈ ਪ੍ਰਾਪਤ ਕਰਕੇ ਵੱਡੀ ਗਿਣਤੀ ਵਿੱਚ ਨੌਜਵਾਨ ਸਰਕਾਰੀ, ਪ੍ਰਾਈਵੇਟ ਅਤੇ ਸਵੈ-ਰੋਜ਼ਗਾਰ ਦੇ ਖੇਤਰਾਂ ਵਿੱਚ ਆਪਣਾ ਕੈਰੀਅਰ ਬਣਾ ਚੁੱਕੇ ਹਨ।

# 10 ਦੀ ਮਹਾਂਰੈਲੀ ਨੂੰ ਸਫਲ ਬਣਾਉਣ ਲਈ ਪ ਸ ਸ ਫ ਵੱਲੋਂ ਮੀਟਿੰਗ



**ਮੋਹਾਲੀ (ਜਗਤਾਰ ਸਿੰਘ ਰੁੜਕਾਨੀ)**- ਸਰਕਾਰ ਵਲੋਂ ਲਗਾਤਾਰ ਮੁਲਾਜ਼ਮ ਅਤੇ ਪੈਨਸ਼ਨਰ ਵਿਰੁੱਧ ਅਪਣਾਈ ਟਾਲਮਟੋਲ ਦੀ ਨੀਤੀ ਵਿਰੁੱਧ ਮੁਲਾਜ਼ਮ-ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੰਚ ਵਲੋਂ 10 ਅਕਤੂਬਰ ਦੀ ਸੰਗਰੂਰ ਮਹਾਂਰੈਲੀ ਦਾ ਐਕਸ਼ਨ ਉਲੀਕਿਆ ਗਿਆ ਹੈ। ਇਸ ਐਕਸ਼ਨ ਨੂੰ ਸਫਲ ਬਣਾਉਣ ਲਈ ਇਕ ਮੀਟਿੰਗ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਬਲਾਕ ਮਾਹਿਲਪੁਰ ਵਲੋਂ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਜਨਰਲ ਸਕੱਤਰ ਸ਼ੰਕਰ ਸਿੰਘ ਲੰਗੇਰੀ ਅਤੇ ਮਨਜੀਤ ਸਿੰਘ ਬਾਹੋਵਾਲ ਦੀ ਅਗਵਾਈ ਵਿੱਚ ਮਾਹਿਲਪੁਰ ਵਿਖੇ ਹੋਈ।ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਵਲੋਂ ਪੁਰਾਣੀ ਪੈਨਸ਼ਨ ਬਹਾਲ ਕਰਨ, ਹਰ ਪ੍ਰਕਾਰ ਦੇ ਕੱਚੇ ਅਤੇ ਮਾਣਭੱਤੇ ਕਰਮੀਆਂ ਨੂੰ ਪੱਕਾ ਕਰਨ, ਪਰਖ ਕਾਲ ਅਤੇ ਕੇਂਦਰੀ ਪੇਅ ਕਮਿਸ਼ਨ ਪੱਤਰ ਰੱਦ ਕਰਨ, ਪੈਨਸ਼ਨਰਜ਼ ਨੂੰ 2.59 ਦਾ ਗੁਣਾਂਕ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਮਰਜ਼ ਕਰਨ, ਪੇਅ-ਕਮਿਸ਼ਨ ਅਤੇ ਡੀ ਏ ਦੇ ਬਕਾਏ, ਕੱਟੇ 37 ਭੱਤੇ ਤੇ ਏ ਸੀ ਪੀ ਬਹਾਲ ਕਰਨ, ਹਾਈਕੋਰਟ ਵਲੋਂ ਅਨਰਾਗ ਵਰਸ਼ਨੀ ਡੀ ਏ ਦੇ ਸੁਣਾਏ ਫੈਸਲੇ ਨੂੰ ਲਾਗੂ ਕਰਨ ਅਤੇ ਕਈ ਹੋਰ ਹੱਕੀ ਅਤੇ ਜਾਇਜ਼ ਮੰਗਾਂ ਮਨਵਾਉਣ ਲਈ 10 ਅਕਤੂਬਰ ਚੰਡੀਗੜ੍ਹ ਦਾਣਾ ਮੰਡੀ ਵਿਖੇ ਮਹਾਂਰੈਲੀ ਵਿੱਚ ਪ ਸ ਸ ਫ ਦੀ ਅਗਵਾਈ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਵੱਡਾ ਜੱਥਾ ਇਸ ਰੈਲੀ ਵਿੱਚ ਸ਼ਾਮਿਲ ਹੋਵੇਗਾ।ਆਗੂਆਂ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਅਪੀਲ ਹੈ ਕਿ ਉਹ ਇਸ ਮਹਾਂਰੈਲੀ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ। ਇਸ ਮੌਕੇ ਪਰਮਿੰਦਰਜੀਤ ਸਿੰਘ, ਜਤਿੰਦਰ ਸਿੰਘ, ਹਰਮਿੰਦਰ ਕੁਮਾਰ, ਉਂਕਾਰ ਸਿੰਘ, ਪ੍ਰਿਤਪਾਲ ਸਿੰਘ, ਅਜੇ ਕੁਮਾਰ, ਅਮਰਜੀਤ ਸਿੰਘ, ਮਨਜੀਤ ਸਿੰਘ, ਜਤਿੰਦਰ ਕੁਮਾਰ, ਵਿਨੋਦ ਕੁਮਾਰ, ਹਰਦੇਵ ਗਿੱਲ, ਰਿਤੂ ਸਿੰਘ, ਸੁਖਵੀਰ ਸਿੰਘ, ਸਤਵੰਤ ਸਿੰਘ, ਰਕੇਸ਼ ਕੁਮਾਰ ਤੇ ਰਵਿੰਦਰ ਸਿੰਘ ਆਦਿ ਹਾਜ਼ਰ ਸਨ।

# ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਪੁਤਲਾ ਫੂਕਿਆ

**ਮਾਹਿਲਪੁਰ (ਸਰਦੀ)**- ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਤੇ ਐਸ.ਆਈ.ਆਰ. ਰੱਦ ਕਰਵਾਉਣ ਦੀ ਮੰਗ ਨੂੰ ਲੈ ਕੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਤੇ ਸੀ ਪੀ ਆਈ (ਐਮ.ਐਲ.) ਲਿਬਰੇਸ਼ਨ ਵਲੋਂ ਕੀਤੇ ਜਾ ਰਹੇ ਦੇਸ਼ ਵਿਆਪੀ ਰੋਸ ਪ੍ਰਦਰਸ਼ਨਾਂ ਦੀ ਕੜੀ ਤਹਿਤ ਕਸਬਾ ਮਾਹਿਲਪੁਰ ਵਿਖੇ ਦੋਵਾਂ ਪਾਰਟੀਆਂ ਦੇ ਕਾਰਕੁਨਾਂ ਅਤੇ ਜਮਹੂਰੀ ਜਨਤਕ ਜਥੇਬੰਦੀਆਂ ਵਲੋਂ ਰਾਮਜੀ ਦਾਸ ਚੌਹਾਨ, ਮਲਕੀਅਤ ਬਾਹੋਵਾਲ, ਮੱਖਣ ਲੰਗੇਰੀ, ਕੁਲਭੂਸ਼ਨ ਕੁਮਾਰ ਤੇ ਸ਼ੇਰ ਜੰਗ ਬਹਾਦਰ ਦੀ ਅਗਵਾਈ ਵਿੱਚ ਕਸਬੇ ਦੇ ਬਜ਼ਾਰਾਂ ਵਿਚ ਰੋਸ ਮੁਜ਼ਾਹਰਾ ਕਰਕੇ ਮੁੱਖ ਚੌਕ ਵਿੱਚ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਪੁਤਲਾ ਫੂਕਿਆ ਗਿਆ ਤੇ ਜ਼ਬਰਦਸਤ ਨਾਅਰੇਬਾਜ਼ੀ ਕੀਤੀ ਗਈ। ਇਸ ਸਮੇਂ ਸੰਬੋਧਨ ਕਰਦਿਆਂ ਦਰਸ਼ਨ ਮੱਟੂ ਤੇ ਗੁਰਨੇਕ ਸਿੰਘ ਭੱਜਲ ਨੇ ਕਿਹਾ ਕਿ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਅਗਵਾਈ ਵਿੱਚ ਚੋਣ ਕਮਿਸ਼ਨ ਭਾਜਪਾ ਤੇ ਆਰ ਐੱਸ ਐੱਸ ਦੇ ਇਸ਼ਾਰੇ ਤੇ ਐੱਸ ਆਈ ਆਰ. ਰਾਹੀਂ ਲੋਕਾਂ ਦੇ ਵੋਟਾਂ ਕੱਟਣ ਦੇ ਨਾਮ ਕੱਟਣ ਦੀ ਗੈਰ ਸੰਵਿਧਾਨਿਕ ਕਾਰਵਾਈ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਦਾ ਸੱਚ ਇੰਡੀਅਨ ਐਕਸਪ੍ਰੈੱਸ ਦੀ ਰਿਪੋਰਟ ਅਤੇ ਸਹਾਇਕ ਚੋਣ ਕਮਿਸ਼ਨਰ ਵਲੋਂ ਇਸ ਕਾਰਵਾਈ ਲਈ ਅਸਿਹਮਤੀ ਪ੍ਰਗਟ ਕਰਦੇ ਹੋਏ ਖੁਲਾਸਿਆਂ ਰਾਹੀਂ ਸਾਹਮਣੇ ਆ ਚੁੱਕਾ ਹੈ। ਆਗੂਆਂ ਮੰਗ ਕੀਤੀ ਮੁੱਖ ਚੋਣ ਕਮਿਸ਼ਨਰ ਤੁਰੰਤ ਆਪਣੇ ਅਹੁਦੇ ਅਸਤੀਫ਼ੇ ਦੇਵੇ, ਅਸਤੀਫ਼ਾ ਨਾ ਦੇਣ ਦੀ ਸੂਰਤ ਵਿਚ ਮੁੱਖ ਚੋਣ ਕਮਿਸ਼ਨਰ ਨੂੰ ਤੁਰੰਤ ਅਹੁਦੇ ਤੋਂ ਹਟਾਇਆ ਜਾਵੇ। ਇਸ ਸਮੇਂ ਜਿੰਗਰਾ ਰਾਮ ਭੱਜਲ, ਗਿਆਨੀ ਅਵਤਾਰ ਸਿੰਘ, ਸ਼ਾਮ ਲਾਲ ਸ਼ਰਮਾ, ਸੰਤ ਰਾਮ, ਗੋਪਾਲ ਦਾਸ, ਪਰਸ਼ੋਤਮ ਲਾਲ, ਧਰਮ ਚੰਦ, ਹਰਭਜਨ ਸਿੰਘ ਗਿੱਲ, ਓਮ ਦੱਤ, ਟਹਿਲ ਸਿੰਘ, ਚਰਨਜੀਤ ਕੁਮਾਰ, ਸੁੱਚਾ ਰਾਮ, ਕਸ਼ਮੀਰ ਸਿੰਘ, ਬਲਦੇਵ ਸਿੰਘ ਚੱਕੋਂ, ਰਾਮ ਆਸਰਾ, ਧੰਨ ਰਾਜ ਠੱਠਾ, ਸੋਹਣ ਲਾਲ, ਅਵਤਾਰ ਸਿੰਘ, ਜਸਵਿੰਦਰ ਸਿੰਘ ਰਾਮ, ਬਖਤਾਵਰ ਸਿੰਘ, ਭਜਨ ਸਿੰਘ, ਨਰਿੰਦਰ ਮਹਿਮ, ਗਿਆਨ ਚੰਦ, ਅਸ਼ਵਨੀ ਭਾਮ, ਦਲਵੰਤ ਸਿੰਘ, ਕਸ਼ਮੀਰੀ ਲਾਲ, ਪਿਆਰਾ ਰਾਮ, ਹਰਜੀਤ ਸਿੰਘ, ਜੋਗਿੰਦਰ ਪਾਲ, ਪਰਮਜੀਤ ਸਿੰਘ, ਕਰਨੈਲ ਸਿੰਘ ਤੇ ਸ਼ਾਮ ਸੁੰਦਰ ਕਪੂਰ ਹਾਜ਼ਰ ਸਨ।




## ਇੰਡੇਨ ਵੱਲੋਂ ਐਕਸਟਰਾ ਲਾਈਟ ਸਹੂਲਤਾਂ ਦੇ ਨਾਲ ਕਫਾਇਤੀ ਐੱਲ ਪੀ ਜੀ ਦਾ ਵਿਕਲਪ ਪੇਸ਼




**ਜਲੰਧਰ**- ਇੰਡੀਅਨ ਆਇਲ ਇੰਡੇਨ ਵੱਲੋਂ ਐਕਸਟਰਾ ਲਾਈਟ 10 ਕਿਲੋਗ੍ਰਾਮ ਫਰੀ ਟਰੇਡ ਐੱਲ ਪੀ ਜੀ ਗਾਹਕਾਂ ਲਈ ਇੱਕ ਸੁਵਿਧਾਜਨਕ ਐੱਲ ਪੀ ਜੀ ਵਿਕਲਪ ਪੇਸ਼ ਕੀਤਾ। ਇਹ ਉਤਪਾਦ ਪੰਜ ਕਿਲੋਗ੍ਰਾਮ ਅਤੇ 10 ਕਿਲੋਗ੍ਰਾਮ ਪੈਕ ਸਾਈਜ਼ ਵਿੱਚ ਉਪਲਬਧ ਹੈ। ਗਾਹਕਾਂ ਨੂੰ ਵਿਸ਼ੇਸ਼ ਲਾਭ ਦੇਣ ਲਈ 10 ਕਿਲੋਗ੍ਰਾਮ ਦੇ ਨਵੇਂ ਕਨੈਕਸ਼ਨ ਲਈ 250 ਰੁਪਏ ਤੱਕ ਅਤੇ ਰੀਫਿਲ ਤੇ 200 ਰੁਪਏ ਤੱਕ ਦੀ ਵਿਸ਼ੇਸ਼ ਛੋਟ ਦਿੱਤੀ ਜਾ ਰਹੀ ਹੈ। ਇਹ ਛੋਟ ਗਾਹਕਾਂ ਨੂੰ ਬਿਲਿੰਗ ਸਮੇਂ ਸਿੱਧੇ ਤੌਰ 'ਤੇ ਦਿੱਤੀ ਜਾਵੇਗੀ। ਗਾਹਕਾਂ ਨੂੰ ਆਪਣੀ ਸਹੂਲਤ ਅਨੁਸਾਰ ਐੱਲ ਪੀ ਜੀ ਚੁਣਨ ਦੀ ਆਜ਼ਾਦੀ ਦਿੰਦਾ ਹੈ। ਵਧੇਰੇ ਜਾਣਕਾਰੀ ਲੈਣ ਲਈ ਗਾਹਕ ਆਪਣੇ ਨਜ਼ਦੀਕੀ ਇੰਡੇਨ ਵਿਤਰਕ ਨਾਲ ਸੰਪਰਕ ਕਰ ਸਕਦੇ ਹਨ। (Advt)


# ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਜ਼ਿਲ੍ਹਾ ਵਰਕਿੰਗ ਕਮੇਟੀ ਦੀ ਮੀਟਿੰਗ

**ਬੰਗਾ (ਅਵਤਾਰ ਕਲੇਰ)**- ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਜ਼ਿਲ੍ਹਾ ਵਰਕਿੰਗ ਕਮੇਟੀ ਦੀ ਇਕ ਜ਼ਰੂਰੀ ਮੀਟਿੰਗ ਸਾਥੀ ਕੁਲਦੀਪ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿਚ ਸਾਥੀ ਕਮਲ ਲੱਖਪੁਰ ਅਤੇ ਰੇਸ਼ਮ ਗੁਲਪੁਰ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਮੀਟਿੰਗ ਵਿਚ ਸੂਬਾ ਕਮੇਟੀ ਦੇ ਫੈਸਲਿਆਂ ਦੀ ਰਿਪੋਰਟਿੰਗ ਕਰਦਿਆਂ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਰਾਮ ਸਿੰਘ ਨੂਰਪੁਰੀ ਨੇ ਕਿਹਾ ਕਿ ਨਰੇਗਾ ਮਜ਼ਦੂਰਾਂ ਨੂੰ ਕੰਮ ਨਹੀਂ ਦਿੱਤਾ ਜਾ ਰਿਹਾ। ਇਸ ਕਾਨੂੰਨ ਨੂੰ ਖ਼ਤਮ ਕਰਨ ਲਈ ਕੇਂਦਰ ਸਰਕਾਰ ਬਜਟ ਘਟਾ ਰਹੀ ਹੈ। ਮਨਰੇਗਾ ਸਕੀਮ ਵਿਚ 40 % ਸੂਬਾ ਤੇ 60 % ਕੇਂਦਰ ਸਰਕਾਰ ਪਾਏਗੀ ਜੋ ਕਿ ਸਰਾਸਰ ਗਲਤ ਹੈ। ਉਨ੍ਹਾਂ ਨੇ ਫਰਵਰੀ 2027 ਵਿਚ ਬੰਗਲੌਰ (ਕਰਨਾਟਕਾ) ਵਿਖੇ 11 ਵੀਂ ਕੁੱਲ ਹਿੰਦ ਕਾਨਫਰੰਸ ਕਰਨ ਦੀ ਰਿਪੋਰਟਿੰਗ ਵੀ ਕੀਤੀ। ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਹੁਸਨ ਸਿੰਘ ਮਾਂਗਟ ਨੇ ਦੱਸਿਆ ਕਿ ਸਾਲ 25-26 ਦੀ ਮੈਂਬਰਸ਼ਿਪ14 ਹਜ਼ਾਰ ਰੁਪਏ ਜਮ੍ਹਾਂ ਹੋ ਚੁੱਕੀ ਹੈ ਅਤੇ 26-27 ਦਾ ਕੋਟਾ ਵੱਡ ਲਿਆ ਹੈ। ਉਨ੍ਹਾਂ ਕਿਹਾ ਕਿ ਖੇਤ ਮਜ਼ਦੂਰ ਔਰਤਾਂ ਦੀ ਕੰਨਵੈਨਸ਼ਨ 15 ਨਵੰਬਰ ਨੂੰ ਬਹਿਰਾਮ ਵਿਖੇ ਕੀਤੀ ਜਾਵੇਗੀ। ਜ਼ਿਲ੍ਹਾ ਨਵਾਂ ਸ਼ਹਿਰ ਵਲੋਂ ਕੇਂਦਰੀ ਦਫਤਰ ਦੇ ਫੰਡ ਦਾ ਕੋਟਾ ਪੂਰਾ ਕਰ ਦਿੱਤਾ ਹੈ। ਮੀਟਿੰਗ ਵਿਚ 50 ਮੁੱਢਲੀਆਂ ਇਕਾਈਆਂ ਬਣਾਉਣ ਦਾ ਫੈਸਲਾ ਵੀ ਕੀਤਾ ਗਿਆ। ਮੀਟਿੰਗ ਵਿਚ ਸੂਬਾ ਕਮੇਟੀ ਮੈਂਬਰ ਸੁਨੀਤਾ ਤਲਵੰਡੀ ਤੋਂ ਇਲਾਵਾ ਹੋਰ ਸਾਥੀ ਵੀ ਹਾਜ਼ਰ ਸਨ।

# ਗਗਨ ਵੇਦ ਨੇ ਕੀਤਾ ਸ੍ਰੀ ਰਾਮਲੀਲਾ ਦਾ ਉਦਘਾਟਨ

**ਅੱਡਾ ਸਰਾਂ (ਜਸਵੀਰ ਕਾਜਲ)**- ਅਹੀਆਪੁਰ ਵਿਖੇ ਵਿਕ੍ਰਿਸ਼ਨ ਕਲੱਬ ਰਾਮਲੀਲਾ ਕਮੇਟੀ ਵੱਲੋਂ ਕਰਵਾਈ ਜਾ ਰਹੀ ਸਾਲਾਨਾ ਸ੍ਰੀ ਰਾਮਲੀਲਾ ਦੇ ਮੰਚਨ ਦੀ ਸ਼ੁਰੂਆਤ ਬੀਤੀ ਰਾਤ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਕੀਤੀ ਗਈ। ਇਸ ਮਹਾਰਾਜ ਅਤੇ 'ਹਰ ਹਰ ਮਹਾਦੇਵ' ਦੇ ਜੈਕਾਰਿਆਂ ਨਾਲ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਗਗਨ ਵੇਦ ਨੇ ਕਿਹਾ ਕਿ ਸ੍ਰੀ ਰਾਮਲੀਲਾ ਸਿਰਫ਼ ਧਾਰਮਿਕ ਨਾਟਕ ਦਾ ਮੰਚਨ ਨਹੀਂ, ਸਗੋਂ ਸਾਡੀ ਅਮੀਰ ਧਾਰਮਿਕ, ਸੱਭਿਆਚਾਰਕ ਅਤੇ ਸਮਾਜਿਕ ਵਿਰਾਸਤ ਦਾ ਅਹਿਮ ਹਿੱਸਾ ਹੈ। ਉਨ੍ਹਾਂ ਕਿਹਾ ਕਿ ਰਾਮਲੀਲਾ ਰਾਹੀਂ ਨਵੀਂ ਪੀੜ੍ਹੀ ਨੂੰ ਭਗਵਾਨ ਸ੍ਰੀ ਰਾਮ ਦੇ ਜੀਵਨ, ਉਨ੍ਹਾਂ ਦੇ ਆਦਰਸ਼ਾਂ, ਮਰਿਆਦਾ, ਤਿਆਗ, ਸੱਚ ਅਤੇ ਧਰਮ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਮਿਲਦੀ ਹੈ।ਕਲੱਬ ਦੇ ਪ੍ਰਧਾਨ ਅਮਿਤ ਤਲਵਾੜ ਲਾਡੀ ਨੇ ਮੁੱਖ ਮਹਿਮਾਨ ਗਗਨ ਵੇਦ ਅਤੇ ਸਮਾਗਮ



ਮੌਕੇ ਪਾਵਨ ਭਗਵਾਨ ਵਾਲਮੀਕਿ ਤੀਰਥ ਅੰਮ੍ਰਿਤਸਰ ਤੋਂ ਵਿਸ਼ੇਸ਼ ਤੌਰ 'ਤੇ ਲਿਆਂਦੀ ਗਈ ਭਗਵਾਨ ਵਾਲਮੀਕਿ ਦੀ ਪਵਿੱਤਰ ਜੋਤ ਨੂੰ ਵਿਧੀਵਤ ਢੰਗ ਨਾਲ ਰਾਮਲੀਲਾ ਮੰਚ 'ਤੇ ਸੁਸ਼ੋਭਿਤ ਕੀਤਾ ਗਿਆ। ਇਸ ਉਪਰੰਤ ਜੈਕਾਰਿਆਂ ਦੀ ਗੂੰਜ ਦਰਮਿਆਨ ਮੁੱਖ ਮਹਿਮਾਨ ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ ਦੇ ਪ੍ਰੈਜ਼ੀਡੈਂਟ ਗਗਨ ਵੈਦ ਵੱਲੋਂ ਸ੍ਰੀ ਰਾਮਲੀਲਾ ਦੇ ਮੰਚਨ ਦਾ ਉਦਘਾਟਨ ਕੀਤਾ ਗਿਆ। ਪ੍ਰਧਾਨ ਅਮਿਤ ਤਲਵਾੜ ਲਾਡੀ ਦੀ ਅਗਵਾਈ ਹੇਠ ਕਰਵਾਏ ਗਏ ਇਸ ਧਾਰਮਿਕ ਸਮਾਗਮ ਦੌਰਾਨ ਕਲੱਬ ਦੇ ਅਹੁਦੇਦਾਰਾਂ, ਮੈਂਬਰਾਂ, ਸੇਵਾਦਾਰਾਂ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕਾ ਵਾਸੀ ਅਤੇ ਸ਼ਰਧਾਲੂ ਮੌਜੂਦ ਸਨ। ਉਦਘਾਟਨ ਮੌਕੇ ਸ਼ਰਧਾਲੂਆਂ ਵੱਲੋਂ ਭਗਵਾਨ ਸ੍ਰੀ ਰਾਮ, ਭਗਵਾਨ ਵਾਲਮੀਕਿ ਵਿੱਚ ਪਹੁੰਚੇ ਸਮੂਹ ਪਤਵੰਤੇ ਵਿਅਕਤੀਆਂ, ਸ਼ਰਧਾਲੂਆਂ ਅਤੇ ਇਲਾਕਾ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਲੱਬ ਵੱਲੋਂ ਹਰ ਸਾਲ ਰਾਮਲੀਲਾ ਦਾ ਮੰਚਨ ਕਰਵਾਉਣ ਦਾ ਮੁੱਖ ਉਦੇਸ਼ ਇਲਾਕੇ ਦੀਆਂ ਧਾਰਮਿਕ ਅਤੇ ਸੱਭਿਆਚਾਰਕ ਪਰੰਪਰਾਵਾਂ ਨੂੰ ਕਾਇਮ ਰੱਖਣਾ ਹੈ। ਇਸ ਮੌਕੇ ਸ੍ਰੀ ਬਲਦੇਵ ਰਾਜ, ਸੰਤੋਸ਼ ਰਾਣੀ, ਆਸ਼ੂ ਵੈਦ, ਹੀਰਾ ਭੱਟੀ, ਰੋਹਿਤ ਕਾਲਾ, ਬਾਬੂ ਰੂਪ ਲਾਲ, ਰਜਤ ਸ਼ਰਮਾ, ਸੁਦਰਸ਼ਨ ਪਲਟਾ, ਸੋਢੀ ਵੱਸਣ, ਪਰਮਜੀਤ ਬਾਬੂ, ਰਣਜੀਤ ਜੀਤਾ, ਰਾਮੇਸ਼ ਚੰਦਰ ਸ਼ਰਮਾ, ਵਿਕਾਸ ਮਰਵਾਹਾ, ਰਾਹੁਲ ਮਹਿਰਾ, ਨੀਰਜ ਵਰਮਾ, ਰਾਜ ਅਹੀਆਪੁਰੀ, ਅਰੁਣ ਪੁਰੀ, ਗੁਰਮੁਖ ਸਿੰਘ ਨਾਮਧਾਰੀ, ਬੱਬੂ ਨਾਮਧਾਰੀ, ਮੁੰਨਾ ਨਾਮਧਾਰੀ, ਕਰਨ ਅਰੋੜਾ ਸਮੇਤ ਕਲੱਬ ਦੇ ਮੈਂਬਰ ਅਤੇ ਸੇਵਾਦਾਰ ਹਾਜ਼ਰ ਸਨ।

# ਪਿੰਡਾਂ ਦੇ ਵਸਨੀਕਾਂ ਨੂੰ 16,000 ਮਾਲਕੀ ਕਾਰਡ ਵੰਡੇ

**ਮੁਹਾਲੀ (ਗੁਰਜੀਤ ਬਿੱਲਾ)**- 'ਮੇਰਾ ਘਰ ਮੇਰਾ ਮਾਣ' ਯੋਜਨਾ ਤਹਿਤ ਵਿਧਾਨ ਸਭਾ ਹਲਕਾ ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਵੱਲੋਂ ਪਿੰਡ ਧਨੌਨੀਆ ਵਿਖੇ ਲਾਲ ਡੋਰੇ ਅਧੀਨ ਆਉਂਦੀਆਂ ਜਾਇਦਾਦਾਂ ਦੇ ਮਾਲਕਾਂ ਨੂੰ ਮਾਲਕੀ ਕਾਰਡ ਵੰਡੇ ਗਏ। ਇਸ ਮੌਕੇ ਕਾਰਡ ਇਸ ਸਬੰਧੀ ਦਸਤਾਵੇਜ਼ੀ ਸਬੂਤ ਉਪਲਬਧ ਕਰਵਾਉਣ ਵਿੱਚ ਸਹਾਇਕ ਹੋਣਗੇ।ਉਨ੍ਹਾਂ ਦੱਸਿਆ ਕਿ ਮਾਲਕੀ ਪ੍ਰਮਾਣ ਪੱਤਰ ਵਿੱਚ ਜਾਇਦਾਦ ਦੇ ਮਾਲਕੀ ਹੱਕਾਂ ਦੀ ਸਪੱਸ਼ਟ ਪਛਾਣ ਲਈ ਲੋੜੀਂਦੇ ਵੇਰਵੇ ਦਰਜ ਕੀਤੇ ਗਏ ਹਨ। ਇਨ੍ਹਾਂ ਵਿੱਚ ਦੇਸ਼ਾਂਤਰ ਅਤੇ ਵਿਥਕਾਰ, ਛਤਿਆ ਹੋਇਆ ਖੇਤਰਫਲ, ਉਸਾਰੀ ਹੋਇਆ ਖੇਤਰਫਲ, ਖੁੱਲ੍ਹਾ ਖੇਤਰਫਲ ਅਤੇ ਸਰਵੇਖਣ ਇਕਾਈ ਦਾ ਨਕਸ਼ਾ ਆਦਿ ਸ਼ਾਮਲ ਹਨ। ਇਸ ਨਾਲ ਜਾਇਦਾਦ ਦੀ ਸਥਿਤੀ ਅਤੇ ਮਾਲਕੀ ਸਬੰਧੀ ਰਿਕਾਰਡ ਨੂੰ ਸਪੱਸ਼ਟ ਅਤੇ ਵਿਵਸਥਿਤ ਢੰਗ ਨਾਲ



42 ਜਾਇਦਾਦ ਮਾਲਕਾਂ ਨੂੰ ਮਾਲਕੀ ਕਾਰਡ ਪ੍ਰਦਾਨ ਕੀਤੇ ਗਏ।ਸ. ਕੁਲਵੰਤ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪਹਿਲਕਦਮੀ ਤੇ ਪੰਜਾਬ ਭਰ ਵਿੱਚ 149 ਪਿੰਡਾਂ ਦੇ ਵਸਨੀਕਾਂ ਨੂੰ ਕਰੀਬ 16,000 ਮਾਲਕੀ ਕਾਰਡ ਸੌਂਪੇ ਗਏ ਹਨ। ਉਨ੍ਹਾਂ ਕਿਹਾ ਕਿ ਲਾਲ ਲਕੀਰ ਅਧੀਨ ਆਉਂਦੀਆਂ ਜਾਇਦਾਦਾਂ ਸਬੰਧੀ ਪਹਿਲਾਂ ਮਾਲਕੀ ਦੇ ਦਸਤਾਵੇਜ਼ ਉਪਲਬਧ ਨਾ ਹੋਣ ਕਾਰਨ ਲੋਕਾਂ ਨੂੰ ਕਈ ਵਾਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਮਾਲਕੀ ਦਰਜ ਕਰਨ ਵਿੱਚ ਮਦਦ ਮਿਲੇਗੀ। ਸ. ਕੁਲਵੰਤ ਸਿੰਘ ਨੇ ਕਿਹਾ ਕਿ ਪਹਿਲਾਂ ਜਾਇਦਾਦ ਦੀ ਮਾਲਕੀ ਸਬੰਧੀ ਦਸਤਾਵੇਜ਼ੀ ਸਪੱਸ਼ਟਤਾ ਨਾ ਹੋਣ ਕਾਰਨ ਕਈ ਪਰਿਵਾਰਾਂ ਵਿੱਚ ਮਾਲਕੀ ਹੱਕਾਂ ਨੂੰ ਲੈ ਕੇ ਵਿਵਾਦ ਵੀ ਪੈਦਾ ਹੁੰਦੇ ਸਨ। ਮਾਲਕੀ ਕਾਰਡ ਜਾਇਦਾਦ ਦੇ ਹੱਕਾਂ ਸਬੰਧੀ ਸਪੱਸ਼ਟ ਦਸਤਾਵੇਜ਼ੀ ਰਿਕਾਰਡ ਮੁਹੱਈਆ ਕਰਵਾ ਕੇ ਅਜਿਹੀਆਂ ਮੁਸ਼ਕਲਾਂ ਨੂੰ ਘਟਾਉਣ ਵਿੱਚ ਸਹਾਇਕ ਹੋਣਗੇ।

# ਦਿਹਾਤੀ ਮਜ਼ਦੂਰ ਸਭਾ ਤੇ ਬਸਪਾ ਨੇ ਕੇਂਦਰ ਸਰਕਾਰ ਦਾ ਫੂਕਿਆ ਪੁਤਲਾ

**ਦੁਸਾਂਝ ਕਲਾਂ, (ਸੁਰਿੰਦਰਪਾਲ ਕੁੱਕੂ)**- ਆਰ ਐੱਮ ਪੀ ਆਈ ਯੂਨਿਟ ਦੁਸਾਂਝ ਕਲਾਂ ਅਤੇ ਦਿਹਾਤੀ ਮਜ਼ਦੂਰ ਸਭਾ ਤੇ ਬਹੁਜਨ ਸਮਾਜ ਪਾਰਟੀ ਯੂਨਿਟ ਦੁਸਾਂਝ ਕਲਾਂ ਵਲੋਂ ਬੱਸ ਅੱਡਾ ਦੁਸਾਂਝ ਕਲਾਂ ਤੇ ਲੋਕ ਮਾਰੂ ਨੀਤੀਆਂ ਖ਼ਿਲਾਫ਼ ਕੇਂਦਰ ਦੀ ਮੋਦੀ ਸਰਕਾਰ ਦੇ ਖ਼ਿਲਾਫ਼ ਜ਼ਬਰਦਸਤ ਨਾਹਰੇਬਾਜ਼ੀ ਕੀਤੀ ਗਈ ਅਤੇ ਮੋਦੀ ਸਰਕਾਰ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਪਰਮਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਮੋਦੀ ਸਰਕਾਰ ਨੇ ਐੱਸ ਆਈ ਆਰ ਰਾਹੀਂ ਆਮ ਲੋਕਾਂ ਦੀਆਂ ਵੋਟਾਂ ਕੱਟ ਕੇ ਲੋਕਤੰਤਰ ਦਾ ਸ਼ਰੇਆਮ ਘਾਣ ਕੀਤਾ ਹੈ। ਉਨ੍ਹਾਂ ਨੇ ਮੁੱਖ ਚੋਣ ਕਮਿਸ਼ਨ ਗਿਆਨੇਸ਼ ਦੇ ਅਸਤੀਫ਼ੇ ਦੀ ਮੰਗ ਕੀਤੀ। ਰੰਧਾਵਾ ਨੇ ਕਿਹਾ ਕਿ ਆਪਣੇ ਵਿਚਾਰ ਪ੍ਰਗਟ ਕਰਨ ਦੀ ਆਜ਼ਾਦੀ ਤੇ ਵੀ ਰੋਕ ਲਗਾਈ ਜਾ ਰਹੀ ਹੈ। ਕਿਸੇ ਨੂੰ ਵੀ ਹੁਣ ਬੋਲਣ ਦਾ ਅਧਿਕਾਰ ਨਹੀਂ ਹੈ। ਇਸ ਮੌਕੇ ਪਰਮਜੀਤ ਸਿੰਘ ਰੰਧਾਵਾ, ਸਾਬਕਾ ਪੰਚ ਰਾਮ ਨਾਥ, ਸੁੱਖ ਰਾਮ ਦੁਸਾਂਝ, ਦੀਪ ਰਾਣੇ, ਰੌਸ਼ਨ ਲਾਲ, ਕੁਲਦੀਪ ਸਿੰਘ, ਸਤੌਖ ਸਿੰਘ, ਪ੍ਰਵੀਨ ਕੁੱਟਾ, ਧਰਮਿੰਦਰ, ਕਮਲਜੀਤ ਸਿੰਘ, ਸੁੱਚਾ ਸਿੰਘ, ਤਰਸੇਮ ਲਾਲ, ਪ੍ਰਸ਼ੋਤਮ ਲਾਲ, ਜਸਵੀਰ ਰਾਮ, ਬਲਵੀਰ ਚੰਦ, ਬਾਬਾ ਰਾਮ ਤੋਂ ਇਲਾਵਾ ਇਲਾਕੇ ਭਰ ਤੋਂ ਸੁਭਾਰੂ ਸਾਥੀ ਆਦਿ ਹਾਜ਼ਰ ਸਨ।



## ਡੇਂਗੂ ਤੋਂ ਬਚਾਅ ਸੰਬੰਧੀ ਕੀਤਾ ਜਾਗਰੂਕ

**ਪੋਜੇਵਾਲ (ਰਾਮ ਲਾਲ)**- ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾਕਟਰ ਅਮਨ ਸੂਦ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ. ਜਤਿੰਦਰ ਸਿੰਘ ਪੀ ਅਚ ਸੀ ਸੜੋਆ ਦੀ ਯੋਗ ਅਗਵਾਈ ਹੇਠ ਹੈਲਥ ਇੰਸਪੈਕਟਰ ਗੁਰਿੰਦਰ ਸਿੰਘ ਨੇ ਪਿੰਡ ਸਾਹਿਬਾ ਵਿਖੇ ਡੇਂਗੂ ਸਰਵੇ ਕਰ ਰਹੀ ਟੀਮ ਦੀ ਸੁਪਰਵੀਜ਼ਨ ਕੀਤੀ ਅਤੇ ਘਰ ਘਰ ਜਾ ਕੇ ਡੇਂਗੂ ਦਾ ਲਾਰਵਾ ਚੈੱਕ ਕੀਤਾ ਗਿਆ। ਲੋਕਾਂ ਨੂੰ ਡੇਂਗੂ ਦੇ ਬਚਾਅ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਮੱਛਰ ਸਾਫ ਖੜੇ ਪਾਣੀ ਦੇ ਸੋਮਿਆਂ ਵਿੱਚ ਪੈਦਾ ਹੁੰਦੇ ਹਨ ਅਤੇ ਇਹ ਸਿਰਫ ਦਿਨ ਵੇਲੇ ਕੱਟਦੇ ਹਨ। ਡੇਂਗੂ ਦੇ ਲੱਛਣਾਂ ਵਿੱਚ ਤੇਜ਼ ਬੁਖਾਰ ਹੋਣਾ ਸਿਰ ਦਰਦ ਹੋਣਾ, ਮਾਸਪੇਸ਼ੀਆਂ ਤੇ ਜੋੜਾ 'ਚ ਦਰਦ ਹੋਣਾ, ਚਮੜੀ ਤੇ ਦਾਣੇ ਹੋਣਾ ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ ਹੋਣਾ, ਹਾਲਤ ਖਰਾਬ ਹੋਣ ਤੇ ਮਸੂੜਿਆਂ ਤੋਂ ਨੱਕ ਵਿੱਚੋਂ ਖੂਨ ਵਗਣਾ ਹੋ ਸਕਦੇ ਹਨ। ਇਸ ਤੋਂ ਬਚਣ ਲਈ ਸਾਨੂੰ ਆਪਣੇ ਘਰਾਂ ਦੇ ਕੂਲਰਾਂ ਗਮਲਿਆਂ ਅਤੇ ਫਰਿਜਾਂ ਦੀਆਂ ਟਰੇਆਂ ਵਿੱਚ ਖੜੇ ਪਾਣੀ ਨੂੰ ਹਫਤੇ ਵਿੱਚ ਇੱਕ ਵਾਰ ਜਰੂਰ ਸਾਫ ਕਰਕੇ ਸਿਕਾਉਣਾ ਚਾਹੀਦਾ ਹੈ।ਡੇਂਗੂ ਦਾ ਇਲਾਜ ਅਤੇ ਟੈਸਟ ਸਰਕਾਰੀ ਹਸਪਤਾਲਾਂ ਵਿੱਚ ਬਿਲਕੁਲ ਮੁਫਤ ਕੀਤਾ ਜਾਂਦਾ ਹੈ। ਇਸ ਮੌਕੇ ਤੇ ਓਂਕਾਰ ਸਿੰਘ ਸਿਹਤ ਕਰਮਚਾਰੀ ਬਰੀਡਿੰਗ ਚੈੱਕਰ ਰਾਜਨ ਵੱਧਣ ਆਸ਼ਾ ਕਿਰਨ ਅਤੇ ਸਿਹਤ ਸਫਾਈ ਕਮੇਟੀ ਮੈਂਬਰ ਹਾਜ਼ਰ ਸਨ।



# ਬੜਾ ਪਿੰਡ 'ਚ ਪਰਾਲੀ ਪ੍ਰਬੰਧਨ ਸੰਬੰਧੀ ਕਿਸਾਨ ਜਾਗਰੂਕਤਾ ਕੈਂਪ ਲਗਾਇਆ

**ਫਿਲੌਰ (ਨਿਰਮਲ)**- ਐਸ ਡੀ ਐਮ ਫਿਲੌਰ ਦੀਪਕ ਭਾਟੀਆ ਦੀ ਰਹਿਨੁਮਾਈ ਹੇਠ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਫਿਲੌਰ ਜ਼ਿਲ੍ਹਾ ਜਲੰਧਰ ਵੱਲੋਂ ਪਿੰਡ ਬੜਾ ਪਿੰਡ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ।ਕਿਸਾਨਾਂ ਨੂੰ ਸੰਬੋਧਨ ਕਰਦਿਆਂ ਦੀਪਕ ਭਾਟੀਆ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਕੋਈ ਵੀ ਕਿਸਾਨ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾ ਕੇ ਅਤੇ ਪਰਾਲੀ ਨੂੰ ਖੇਤ ਵਿੱਚ ਹੀ ਵੱਖ-ਵੱਖ ਖੇਤੀ ਮਸ਼ੀਨਰੀ ਅਤੇ ਤਕਨੀਕਾਂ ਰਾਹੀਂ ਸੰਭਾਲਣ ਤਾਂ ਜੋ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਇਆ ਜਾ ਸਕੇ।ਉਹਨਾਂ ਦੱਸਿਆ ਕਿ ਸਰਕਾਰ ਵੱਲੋਂ ਖੇਤੀਬਾੜੀ ਵਿਭਾਗ ਰਾਹੀਂ ਸੁਪਰ ਸੀਡਰ, ਬੇਲਰ, ਮਲਚਰ ਆਦਿ ਵੱਡੀ ਮਾਤਰਾ ਵਿੱਚ ਕਿਸਾਨਾਂ ਨੂੰ ਸਬਸਿਡੀ ਤੇ ਮਸ਼ੀਨਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਉਹਨਾਂ ਕਿਹਾ ਕਿ ਤਹਿਸੀਲ ਫਿਲੌਰ ਵਿੱਚ ਲਗਾਏ ਜਾ ਰਹੇ ਕਿਸਾਨ ਜਾਗਰੂਕਤਾ ਕੈਂਪਾਂ ਵਿੱਚ ਕਿਸਾਨਾਂ ਦੇ ਉਤਸ਼ਾਹ ਨੂੰ ਵੇਖ ਕੇ ਉਹਨਾਂ ਨੂੰ ਪੂਰਨ ਵਿਸ਼ਵਾਸ ਹੈ ਕਿ ਕਿਸਾਨ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾ ਕੇ ਪ੍ਰਸ਼ਾਸਨ ਦਾ ਪੂਰਨ ਸਹਿਯੋਗ ਕਰਨਗੇ।ਖੇਤੀਬਾੜੀ ਵਿਕਾਸ ਅਫਸਰ ਡਾ. ਲਖਵੀਰ ਸਿੰਘ ਵੱਲੋਂ ਸੰਬੋਧਨ ਨੂੰ ਹੁੰਦੇ ਹੋਏ ਕਿਹਾ ਕਿ ਫਸਲਾਂ ਦੀ ਰਹਿੰਦ ਖੂੰਹਦ ਨੂੰ ਖੇਤਾਂ ਵਿੱਚ ਹੀ ਵਾਹੁਣ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਅਤੇ ਜੈਵਿਕ ਗੁਣਵੱਤਾ ਨੂੰ ਵੀ ਬਰਕਰਾਰ ਰੱਖਿਆ ਜਾ ਸਕਦਾ ਹੈ। ਉਨ੍ਹਾਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਅਤੇ ਇਸ ਦੇ ਸੁਚੱਜੇ ਪ੍ਰਬੰਧਨ ਲਈ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਲਾਭ ਲੈਣ ਦੀ ਅਪੀਲ ਕੀਤੀ।ਖੇਤੀਬਾੜੀ ਵਿਸਥਾਰ ਅਫਸਰ ਡਾ. ਤਰਸੇਮ ਸਿੰਘ ਨੇ ਖਾਦਾਂ ਦੀ ਸੁਚੱਜੀ ਅਤੇ ਸੰਤੁਲਿਤ ਵਰਤੋਂ ਸਬੰਧੀ ਜਾਣਕਾਰੀ ਦਿੱਤੀ।ਇਸ ਸਮੇਂ ਕਲੱਸਟਰ ਅਫਸਰ ਜਤਿੰਦਰ ਭਗਤ ਵੱਲੋਂ ਵੀ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਸੰਬੰਧੀ ਅਪੀਲ ਕੀਤੀ ਗਈ।ਇਸ ਮੌਕੇ ਪੁਲਿਸ ਟੀਮ ਧੁਲੇਤਾ, ਨੋਡਲ ਅਫਸਰ ਬੜਾ ਪਿੰਡ, ਖੇਤੀਬਾੜੀ ਵਿਭਾਗ ਤੋਂ ਬਲਕਾਰ ਸਿੰਘ ਐਸ.ਐਲ.ਏ., ਕੁਲਦੀਪ ਕੌਰ, ਰਣਜੀਤ ਸਿੰਘ ਸਮੇਤ ਵਿਭਾਗ ਦੇ ਹੋਰ ਅਧਿਕਾਰੀ ਅਤੇ ਕਰਮਚਾਰੀ ਤੇ ਕਿਸਾਨ ਹਾਜ਼ਰ ਸਨ।ਕੈਂਪ ਵਿੱਚ ਕਿਸਾਨਾਂ ਦੀਆਂ ਕਿਸਾਨ ਆਈਡੀਆਂ ਵੀ ਬਣਾਈਆਂ ਗਈਆਂ।



# ਪੇਟ ਦੇ ਰੋਗਾਂ ਸੰਬੰਧੀ ਜਾਗਰੂਕਤਾ ਸੈਮੀਨਾਰ

**ਦਸੂਹਾ (ਕਰਨੈਲ ਮਾਂਗਟ)** ਲੋਕਾਂ ਅਤੇ ਖ਼ਾਸ ਕਰਕੇ ਨੌਜਵਾਨਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਅਪਾਰ ਐਨਜੀਓ ਵੱਲੋਂ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਫਾਰ ਵੂਮੈਨ ਵਿਖੇ ਪੇਟ ਦੇ ਰੋਗਾਂ ਸੰਬੰਧੀ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਵਿੱਚ ਫੋਰਟਿਸ ਹਸਪਤਾਲ ਜਲੰਧਰ ਤੋਂ ਪੇਟ ਦੇ ਰੋਗਾਂ ਦੇ ਮਾਹਿਰ ਡਾ. ਅਸ਼ੀਸ਼ ਸ਼ਰਮਾ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਉਨ੍ਹਾਂ ਨੇ ਵਿਦਿਆਰਥਣਾਂ ਨਾਲ ਪੇਟ ਦੀ ਸਿਹਤ ਨਾਲ ਸਬੰਧਤ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਸੈਮੀਨਾਰ ਨੂੰ ਸੰਬੋਧਨ ਕਰਦਿਆਂ ਡਾ. ਅਸ਼ੀਸ਼ ਸ਼ਰਮਾ ਨੇ ਪੇਟ ਨਾਲ ਸਬੰਧਤ ਆਮ ਸਮੱਸਿਆਵਾਂ, ਉਨ੍ਹਾਂ ਦੇ ਕਾਰਨਾਂ ਅਤੇ ਰੋਜ਼ਾਨਾ ਜੀਵਨ ਵਿੱਚ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸਿਹਤਮੰਦ ਜੀਵਨਸ਼ੈਲੀ, ਸੰਤੁਲਿਤ ਖੁਰਾਕ, ਸਮੇਂ ਸਿਰ ਭੋਜਨ ਅਤੇ ਸਰੀਰਕ ਸਰਗਰਮੀ ਨੂੰ ਅਪਣਾਉਣ ਨਾਲ ਕਈ ਬਿਮਾਰੀਆਂ ਤੋਂ ਬਚਾਅ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਪੇਟ ਦੀ ਸਿਹਤ ਪ੍ਰਤੀ ਲਾਪਰਵਾਹੀ ਨਾ ਵਰਤਣ ਦੀ ਅਪੀਲ ਕਰਦਿਆਂ ਕਿਹਾ ਕਿ ਲਗਾਤਾਰ ਰਹਿਣ ਵਾਲੀਆਂ ਪੇਟ ਸਬੰਧੀ ਸਮੱਸਿਆਵਾਂ ਨੂੰ ਨਜ਼ਰਅੰਦਾਜ਼ ਕਰਨ ਦੀ ਬਜਾਏ ਸਮੇਂ ਸਿਰ ਮਾਹਿਰ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ। ਸੈਮੀਨਾਰ ਦੌਰਾਨ ਵਿਦਿਆਰਥਣਾਂ ਵੱਲੋਂ ਸਿਹਤ ਸਬੰਧੀ ਵੱਖ-ਵੱਖ ਸਵਾਲ ਵੀ ਪੁੱਛੇ ਗਏ, ਜਿਨ੍ਹਾਂ ਦੇ ਡਾ. ਸ਼ਰਮਾ ਵੱਲੋਂ ਵਿਸਥਾਰਪੂਰਵਕ ਜਵਾਬ ਦਿੱਤੇ ਗਏ। ਇਸ ਮੌਕੇ ਅਪਾਰ ਐਨਜੀਓ ਦੇ ਪ੍ਰਧਾਨ ਚੰਦਨ ਕੌਸ਼ਲ ਨੇ ਕਿਹਾ ਕਿ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸਮੇਂ ਦੀ ਅਹਿਮ ਲੋੜ ਹੈ। ਉਨ੍ਹਾਂ ਕਿਹਾ ਕਿ ਐਨਜੀਓ ਵੱਲੋਂ ਭਵਿੱਖ ਵਿੱਚ ਵੀ ਵੱਖ-ਵੱਖ ਸਿਹਤ ਵਿਸ਼ਿਆਂ ਸਬੰਧੀ ਅਜਿਹੇ ਜਾਗਰੂਕਤਾ ਸੈਮੀਨਾਰ ਨਿਰੰਤਰ ਕਰਵਾਏ ਜਾਣਗੇ, ਤਾਂ ਜੋ ਲੋਕਾਂ ਅਤੇ ਵਿਦਿਆਰਥੀਆਂ ਨੂੰ ਸਿਹਤ ਸਬੰਧੀ ਸਹੀ ਜਾਣਕਾਰੀ ਮਾਹਿਰਾਂ ਰਾਹੀਂ ਪ੍ਰਾਪਤ ਹੋ ਸਕੇ। ਕਾਲਜ ਦੀ ਪ੍ਰਿੰਸੀਪਲ ਡਾ. ਵਰਿੰਦਰ ਕੌਰ ਨੇ ਸੈਮੀਨਾਰ ਵਿੱਚ ਪਹੁੰਚੇ ਡਾ. ਅਸ਼ੀਸ਼ ਸ਼ਰਮਾ, ਅਪਾਰ ਐਨਜੀਓ ਦੇ ਅਹੁਦੇਦਾਰਾਂ ਅਤੇ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ। ਇਸ ਮੌਕੇ ਬੀ ਐਂਡ ਕਾਲਜ ਦੀ ਪ੍ਰਿੰਸੀਪਲ ਸੰਦੀਪ ਕੌਰ, ਪ੍ਰੋਫੈਸਰ ਅਕਾਂਸ਼ਾ ਸਮੇਤ ਕਾਲਜ ਦਾ ਸਟਾਫ਼ ਤੇ ਹੋਰ ਪਤਵੰਤੇ ਹਾਜ਼ਰ ਸਨ।



# ਨਸ਼ਿਆਂ ਦਾ ਧੰਦਾ ਕਰਨ ਵਾਲੇ ਬਖਸ਼ੇ ਨਹੀਂ ਜਾਣਗੇ : ਥਾਣਾ ਮੁਖੀ

**ਢਿੱਲਵਾਂ (ਪਲਵਿੰਦਰ ਸਿੰਘ ਜੈ ਰਾਮਪੁਰ)**- ਨਸ਼ਿਆਂ ਦੇ ਮਾਰੂ ਰੁਝਾਨ ਨੂੰ ਠੱਲ੍ਹ ਪਾਉਣ ਲਈ ਥਾਣਾ ਮੁਖੀ ਢਿੱਲਵਾਂ ਜਸਦੀਪ ਸਿੰਘ ਨੇ ਕਿਹਾ ਕਿ ਢਿਲਵਾਂ ਇਲਾਕੇ ਅੰਦਰ ਨਸ਼ਿਆਂ ਦਾ ਕਾਲਾ ਧੰਦਾ ਕਰਨ ਵਾਲਿਆਂ ਤੇ ਅਮਨ ਕਾਨੂੰਨ ਦੀ ਵਿਵਸਥਾ ਨੂੰ ਭੰਗ ਕਰਨ ਵਾਲੇ ਅਨਸਰ ਚਾਹੇ ਕੋਈ ਵੀ ਹੋਣ ਕਿਸੇ ਵੀ ਕੀਮਤ 'ਤੇ ਬਖ਼ਸ਼ੇ ਨਹੀਂ ਜਾਣਗੇ। ਗੱਲਬਾਤ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਪ੍ਰਭਾਵਸ਼ਾਲੀ ਤਰੀਕੇ ਨਾਲ ਲਾਗੂ ਕਰਦਿਆਂ ਮਾੜੇ ਅਨਸਰਾਂ ਤੇ ਨਸ਼ਾ ਵਿਕਰੇਤਾਵਾਂ ਖ਼ਿਲਾਫ਼ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਉਨ੍ਹਾਂ ਕਿਹਾ ਕਿ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਲੋਕ ਪੁਲਸ ਪ੍ਰਸ਼ਾਸਨ ਨੂੰ ਸਹਿਯੋਗ ਦੇਣ।



## ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਰਾਜ ਪੱਧਰੀ ਖੇਡਾਂ 17 ਤੋਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਖੇਡ ਅਫਸਰ ਸੁਰਜੀਤ ਸਿੰਘ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆਂ 2026 ਸੀਜਨ 04 ਤਹਿਤ ਰਾਜ ਪੱਧਰੀ ਖੇਡਾਂ ਮਿਤੀ 17ਅਕਤੂਬਰ 2026 ਤੋਂ 23 ਅਕਤੂਬਰ ਤੱਕ ਪੰਜਾਬ ਰਾਜ ਦੇ ਵੱਖ-ਵੱਖ ਜਿਲਿਆ ਵਿਚ ਵੱਖ—ਵੱਖ ਵੈਨਿਊ ਤੇ ਹੋ ਰਹੀਆਂ ਹਨ।ਜ਼ਿਲ੍ਹਾ ਖੇਡ ਅਫਸਰ ਹੁਸ਼ਿਆਰਪੁਰ ਸੁਰਜੀਤ ਸਿੰਘ ਨੇ ਦੱਸਿਆ ਕਿ ਗੇਮਾਂ: ਰਗਬੀ, ਤਾਇਕਵਾਂਡੋ ਅਤੇ ਜਿਮਨਾਸਟਿਕਸ ਵਿਚ ਭਾਗ ਲੈਣ ਵਾਲੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਖਿਡਾਰੀਆਂ ਦੇ ਟਰਾਇਲ ਲਾਜਵੰਤੀ ਆਊਟਡੋਰ ਸਟੇਡੀਅਮ ਹੁਸ਼ਿਆਰਪੁਰ ਵਿਖੇ 10 ਅਕਤੂਬਰ 2026 ਨੂੰ ਸਮਾਂ ਸਵੇਰੇ 9.30 ਵਜੇ ਲਏ ਜਾਣਗੇ।ਟਰਾਇਲ ਦੇਣ ਆਏ ਖਿਡਾਰੀ ਆਪਣਾ ਜਨਮ ਸਰਟੀਫਿਕੇਟ ਤੇ ਆਧਾਰ ਕਾਰਡ ਦੀ ਫੋਟੋਕਾਪੀ ਲੈ ਕੇ ਆਉਣਾ ਯਕੀਨੀ ਬਣਾਇਆ ਜਾਵੇ।

## ਐੱਸ ਡੀ ਐੱਮ ਵੱਲੋਂ ਅਨਾਜ ਮੰਡੀ ਦਾ ਦੌਰਾ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਐਸ ਡੀ ਐਮ ਮੋਰਿੰਡਾ ਚੇਤਨ ਬੰਗੜ ਵੱਲੋਂ ਅਨਾਜ ਮੰਡੀ ਮੋਰਿੰਡਾ ਦਾ ਦੌਰਾ ਕੀਤਾ ਗਿਆ ਇਸ ਮੌਕੇ ਉਨ੍ਹਾਂ ਨਾਲ ਮਾਰਕੀਟ ਕਮੇਟੀ ਮੋਰਿੰਡਾ ਦੇ ਸਕੱਤਰ ਵਰਿੰਦਰ ਸਿੰਘ ਦੀ ਹਾਜ਼ਰ ਸਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮੰਡੀ ਸੁਪਰਵਾਈਜ਼ਰ ਜਸਵੰਤ ਸਿੰਘ ਨੇ ਦੱਸਿਆ ਇਸ ਮੌਕੇ ਐਸ ਡੀ ਐਮ ਚੇਤਨ ਬੰਗੜ ਵੱਲੋਂ ਆੜਤੀਆਂ, ਕਿਸਾਨਾਂ ਅਤੇ ਮੰਡੀ ਵਿੱਚ ਕੰਮ ਕਰਨ ਵਾਲੇ ਮਜ਼ਦੂਰਾਂ ਨਾਲ ਗੱਲਬਾਤ ਕਰਕੇ ਉਹਨਾਂ ਦੀਆਂ ਮੁਸ਼ਕਿਲਾਂ ਸੁਣੀਆਂ। ਇਸ ਮੌਕੇ ਐਸ ਡੀ ਐਮ ਚੇਤਨ ਬੰਗੜ ਨੇ ਕਿਹਾ ਕਿ ਝੋਨੇ ਦੀ ਕਟਾਈ ਦਾ ਸਮਾਂ ਸਵੇਰੇ 10 ਵਜੇ ਤੋਂ ਸ਼ਾਮੀ 6 ਵਜੇ ਤੱਕ ਹੈ ਜੇਕਰ ਇਸ ਤੋਂ ਇਲਾਵਾ ਕੋਈ ਵੀ ਝੋਨਾ ਦੀ ਕਟਾਈ ਕਰੇਗਾ ਤਾਂ ਉਸ ਦੇ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਆੜਤੀ ਐਸੋਸੀਏਸ਼ਨ ਮੋਰਿੰਡਾ ਦੇ ਪ੍ਰਧਾਨ ਜੁਝਾਰ ਸਿੰਘ ਮਾਵੀ ਨੇ ਕਿਹਾ ਕਿ ਅਨਾਜ ਮੰਡੀ ਵਿੱਚ ਸਰਕਾਰ ਵੱਲੋਂ ਕੀਤੇ ਗਏ ਪ੍ਰਬੰਧ ਠੀਕ ਹਨ। ਉਹਨਾਂ ਕਿਹਾ ਕਿ ਮੰਡੀ ਵਿੱਚ ਕਿਸਾਨ ਝੋਨਾ ਨਮ ਰਹਿਤ ਲੈ ਕੇ ਆਉਣ ਤਾਂ ਜੋ ਉਹਨਾਂ ਨੂੰ ਕਿਸੇ ਪ੍ਰਕਾਰ ਦੀ ਕੋਈ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਐਸ ਡੀ ਐਮ ਦਫਤਰ ਤੋਂ ਜਸਪ੍ਰੀਤ ਸਿੰਘ ਕਲਸੀ, ਆੜਤੀ ਗੁਰਮੇਲ ਸਿੰਘ ਰੰਗੀ, ਐਡਵੋਕੇਟ ਜਰਨੈਲ ਸਿੰਘ ਸੱਖੋਮਾਜਰਾ, ਸਰਬਜਿੰਦਰ ਸਿੰਘ ਮਾਨ, ਗੁਰਮੀਤ ਸਿੰਘ ਸਿੱਧੂ ਆਦਿ ਹਾਜ਼ਰ ਸਨ।



# ਅਕਾਲੀ ਦਲ ਦੇ ਚੋਣ ਮੈਨੀਫੈਸਟੋ 'ਚ ਹੋਵੇਗਾ ਜਨਤਾ ਦੀਆਂ ਸਮੱਸਿਆਵਾਂ ਦਾ ਹੱਲ : ਐੱਨ ਕੇ ਸ਼ਰਮਾ



**ਲਾਲੜੂ (ਵਿਨੈ ਕੁਮਾਰ ਜੈਨ)**- ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਸਾਬਕਾ ਵਿਧਾਇਕ ਐੱਨ.ਕੇ. ਸ਼ਰਮਾ ਨੇ ਕਿਹਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਦਾ ਚੋਣ ਮੈਨੀਫੈਸਟੋ ਲੋਕਾਂ ਦੁਆਰਾ ਤਿਆਰ ਕੀਤਾ ਜਾਵੇਗਾ।ਇਸ ਦੇ ਲਈ ਪਾਰਟੀ ਦੇ ਆਗੂ ਅਤੇ ਵਰਕਰ ਜਨਤਾ ਨਾਲ ਰੂਬਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨਗੇ। ਐਨ.ਕੇ. ਸ਼ਰਮਾ ਨੇ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ ਜਨ ਸੰਪਰਕ ਮੁਹਿੰਮ ਦੇ ਹਿੱਸੇ ਵਜੋਂ ਲਾਲੜੂ ਵਿੱਚ ਪਾਰਟੀ ਵਰਕਰਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਲਾਲੜੂ ਅਤੇ ਹੰਡੇਸਰਾ ਸਰਕਲ ਦੇ ਪਿੰਡਾਂ ਵਿੱਚ ਘਰ-ਘਰ ਪ੍ਰਚਾਰ ਲਈ ਰਵਾਨਾ ਕੀਤਾ। ਸ਼ਰਮਾ ਨੇ ਕਿਹਾ ਕਿ ਇਸ ਮੁਹਿੰਮ ਤਹਿਤ ਲੋਕਾਂ ਨੂੰ ਘਰ-ਘਰ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਿਆ ਜਾ ਰਿਹਾ ਹੈ ਅਤੇ ਆਉਣ ਵਾਲੀ ਸਰਕਾਰ ਤੋਂ ਉਨ੍ਹਾਂ ਦੀਆਂ ਉਮੀਦਾਂ ਬਾਰੇ ਪੁੱਛਿਆ ਜਾ ਰਿਹਾ ਹੈ। ਸਾਬਕਾ ਵਿਧਾਇਕ ਨੇ ਕਿਹਾ ਕਿ ਇਨ੍ਹਾਂ ਸੁਝਾਵਾਂ ਦੇ ਆਧਾਰ 'ਤੇ ਜਨਤਾ ਦੀਆਂ ਤਰਜੀਹਾਂ ਨੂੰ ਦਰਸਾਉਂਦੇ ਹੋਏ ਇੱਕ ਮੈਨੀਫੈਸਟੋ ਤਿਆਰ ਕੀਤਾ ਜਾਵੇਗਾ। ਇਸ ਮੈਨੀਫੈਸਟੋ ਵਿੱਚ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਦੀ ਰੂਪ-ਰੇਖਾ ਦਿੱਤੀ ਜਾਵੇਗੀ।ਇਸ ਮੌਕੇ ਅਕਾਲੀ ਆਗੂ ਬੁੱਲੂ ਰਾਣਾ, ਸੰਜੂ ਪ੍ਰਜਾਪਤ, ਗੁਰਵਿੰਦਰ ਹਸਨਪੁਰ, ਰਘੂਬੀਰ ਜੁਨੇਜਾ, ਹਰਦਮ ਜਾਸਧਨਾ, ਰੋਹਿਤ ਰਤਨ, ਮੋਹਿਤ ਰਾਣਾ, ਪਰਮ ਢੀਂਡਸਾ, ਰਾਜਬੀਰ ਸਿੰਘ ਰਾਣਾ ਤੇ ਮਨਜੀਤ ਸਿੰਘ ਮਲਿਕਪੁਰ ਸਮੇਤ ਕਈ ਪਤਵੰਤੇ ਮੌਜੂਦ ਸਨ।

# ਸ਼੍ਰੋਮਣੀ ਅਕਾਲੀ ਦਲ ਵੱਲੋਂ 'ਡੋਰ-ਟੂ-ਡੋਰ' ਮੁਹਿੰਮ ਦਾ ਆਗਾਜ਼

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਲੋਕਾਂ ਦੀ ਨਬਜ਼ ਪਛਾਣਨ ਅਤੇ ਉਨ੍ਹਾਂ ਦੀਆਂ ਅਸਲ ਲੋੜਾਂ ਨੂੰ ਸਮਝਣ ਲਈ ਸ਼੍ਰੋਮਣੀ ਅਕਾਲੀ ਦਲ ਵੱਲੋਂ ਡੇਰਾ ਬੱਸੀ ਵਿਖੇ ਇੱਕ ਅਹਿਮ 'ਡੋਰ-ਟੂ-ਡੋਰ' (ਘਰ-ਘਰ ਜਾ ਕੇ ਸੰਪਰਕ ਕਰਨ ਦੀ) ਮੁਹਿੰਮ ਦਾ ਰਸਮੀ ਆਗਾਜ਼ ਕੀਤਾ ਗਿਆ। ਇਸ ਮੁਹਿੰਮ ਦੀ ਸ਼ੁਰੂਆਤ ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਸੀਨੀਅਰ ਆਗੂ ਐੱਨ ਕੇ ਸ਼ਰਮਾ ਵੱਲੋਂ ਸਥਾਨਕ ਰਾਮਲੀਲਾ ਗਰਾਊਂਡ ਵਿਖੇ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ ਅਤੇ ਯੂਥ ਅਕਾਲੀ ਦਲ ਦੇ ਵਰਕਰਾਂ ਅਤੇ ਅਹੁਦੇਦਾਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਅਤੇ ਉਨ੍ਹਾਂ ਨੂੰ ਇਸ ਮੁਹਿੰਮ ਦੀ ਰੂਪ-ਰੇਖਾ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੰਦਿਆਂ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਜੁੜਨ ਲਈ ਲਾਮਬੰਦ ਕੀਤਾ। ਮੀਟਿੰਗ ਉਪਰੰਤ ਸ੍ਰੀ ਐਨ. ਕੇ. ਸ਼ਰਮਾ ਨੇ ਵਰਕਰਾਂ ਸਮੇਤ ਇਲਾਕੇ ਦੇ ਬਾਜ਼ਾਰਾਂ ਅਤੇ ਦੁਕਾਨਾਂ ਦਾ ਖ਼ੁਦ ਦੌਰਾ ਕੀਤਾ। ਉਨ੍ਹਾਂ ਨੇ ਦੁਕਾਨਦਾਰਾਂ ਅਤੇ ਆਮ ਲੋਕਾਂ ਨਾਲ ਸਿੱਧੀ ਗੱਲਬਾਤ ਕੀਤੀ ਅਤੇ ਮੁਹਿੰਮ ਸਬੰਧੀ ਫਾਰਮ ਵੰਡੇ। ਲੋਕਾਂ ਨੂੰ ਜਾਗਰੂਕ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਫਾਰਮ ਸਿਰਫ਼ ਇੱਕ ਕਾਗਜ਼ ਨਹੀਂ ਬਲਕਿ ਪਬਲਿਕ ਦੀ ਆਵਾਜ਼ ਨੂੰ ਪਾਰਟੀ ਦੀ ਲੀਡਰਸ਼ਿਪ ਤੱਕ ਪਹੁੰਚਾਉਣ ਦਾ ਇੱਕ ਅਹਿਮ ਜ਼ਰੀਆ ਹਨ। ਉਨ੍ਹਾਂ ਨੇ ਹਰ ਵਰਗ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਖੁੱਲ੍ਹ ਕੇ ਆਪਣੇ ਸੁਝਾਅ ਦੇਣ ਤਾਂ ਜੋ ਉਨ੍ਹਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਆਗਾਮੀ ਚੋਣ ਮੈਨੀਫੈਸਟੋ ਦਾ ਅਟੁੱਟ ਹਿੱਸਾ ਬਣਾਇਆ ਜਾ ਸਕੇ। ?ਇਸ ਮੁਹਿੰਮ ਦੇ ਮਨੋਰਥ ਬਾਰੇ ਬੋਲਦਿਆਂ ਪਾਰਟੀ ਆਗੂਆਂ ਨੇ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦਾ ਅਸਲ ਮਕਸਦ ਬੰਦ ਕਮਰਿਆਂ ਵਿੱਚ ਬੈਠ ਕੇ ਨੀਤੀਆਂ ਬਣਾਉਣ ਦੀ ਬਜਾਏ, ਲੋਕਾਂ ਦੇ ਵਿਹੜਿਆਂ ਵਿੱਚ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ, ਸੁਝਾਵਾਂ ਅਤੇ ਉਮੀਦਾਂ ਨੂੰ ਜਾਣਨਾ ਹੈ।



# ਕਾਵਿ-ਸੰਗ੍ਰਹਿ ਏਕ ਟੁਕੜਾ ਚਾਂਦ ਕਾ, ਸਕਾਰਾਤਮਕ ਸੋਚ ਤੇ ਕਥਾ-ਸੰਗ੍ਰਹਿ ਗੈੱਟ ਵੈੱਲ ਸੂਨ ਲੋਕ ਅਰਪਣ

**ਚੰਡੀਗੜ੍ਹ (ਸੁਰਜੀਤ ਸੁਮਨ)**- ਡਾ. ਪੰਕਜ ਮਾਲਵੀਯਾ ਵੱਲੋਂ ਅਨੁਵਾਦ ਕੀਤੀਆਂ ਤਿੰਨ ਪੁਸਤਕਾਂ ਡਾ. ਰਾਜੇਂਦਰ ਕੁਮਾਰ ਕਨੌਜੀਆ ਦੇ ਕਾਵਿ-ਸੰਗ੍ਰਹਿ 'ਏਕ ਟੁਕੜਾ ਚਾਂਦ ਕਾ', ਸੁਭਾਸ਼ ਭਾਸਕਰ ਦੇ ਕਥਾ-ਸੰਗ੍ਰਹਿ 'ਸਕਾਰਾਤਮਕ ਸੋਚ' ਅਤੇ ਖੁਦ ਡਾ. ਪੰਕਜ ਮਾਲਵੀਯਾ ਦੇ ਕਥਾ-ਸੰਗ੍ਰਹਿ 'ਗੈੱਟ ਵੈੱਲ ਸੂਨ' ਦੇ ਕ੍ਰਮਵਾਰ ਰੂਸੀ ਭਾਸ਼ਾ ਵਿੱਚ ਕੀਤੇ ਗਏ ਅਨੁਵਾਦ 'ਅਸਕੋਲਕ ਲੂਨੀ', 'ਪੌਜ਼ਿਤਿਵਨਯ ਮਿਸ਼ਲੇਨਿਯੇ' ਅਤੇ 'ਵਿਜ਼ਦਰਾਵਲਿਵਾਇਤੇ ਸਕਰਯੇ' ਅਤੇ ਡਾ. ਰੰਜਨਾ ਸਕਸੇਨਾ ਅਤੇ ਡਾ. ਸੋਨੂ ਸੈਣੀ ਵੱਲੋਂ ਰੂਸੀ ਲੋਕ ਕਥਾਵਾਂ ਦੇ ਕੀਤੇ ਗਏ ਅਨੁਵਾਦ ਦਾ ਲੋਕ ਅਰਪਣ 5 ਅਕਤੂਬਰ ਨੂੰ ਨਵੀਂ ਦਿੱਲੀ ਸਥਿਤ ਰੂਸੀ ਦੂਤਾਵਾਸ ਦੇ ਰੂਸੀ ਸੱਭਿਆਚਾਰਕ ਕੇਂਦਰ ਵਿਖੇ ਕੀਤਾ ਗਿਆ।ਇਹ ਗਰਿਮਾਮਈ ਸਮਾਗਮ 'ਸਕੂਲ ਆਫ਼ ਰਸ਼ੀਅਨ ਸਟੱਡੀਜ਼' (ਜਵਾਹਰਲਾਲ ਨਹਿਰੂ ਯੂਨੀਵਰਸਿਟੀ), 'ਯੁਵਾ ਅਨੁਵਾਦਕਾਂ ਦਾ ਸਕੂਲ' (ਮਾਸਕੋ) ਅਤੇ 'ਰੂਸੀ ਸੱਭਿਆਚਾਰਕ ਕੇਂਦਰ' ਦੇ ਸਾਂਝੇ ਤੱਤਵਾਧਾਨ ਹੇਠ ਆਯੋਜਿਤ ਕੀਤਾ ਗਿਆ। ਇਸ ਸਮਾਰੋਹ ਦੌਰਾਨ ਮੂਲ ਰਚਨਾਕਾਰਾਂ, ਅਨੁਵਾਦਕਾਂ ਅਤੇ ਪ੍ਰਕਾਸ਼ਕਾਂ ਦਰਮਿਆਨ ਅਨੁਵਾਦ ਦੀ ਕਲਾ, ਵਿਧਾ ਅਤੇ ਉਨ੍ਹਾਂ ਦੇ ਪ੍ਰਕਾਸ਼ਨ ਨਾਲ ਸਬੰਧਤ ਵੱਖ-ਵੱਖ ਪੱਖਾਂ 'ਤੇ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ 'ਤੇ ਰੂਸੀ ਸੱਭਿਆਚਾਰਕ ਕੇਂਦਰ, ਨਵੀਂ ਦਿੱਲੀ ਦੀ ਸਕਾਰਾਤਮਕ ਭੂਮਿਕਾ ਅਤੇ ਬੇਮਿਸਾਲ ਯੋਗਦਾਨ ਦੀ ਖੁੱਲ੍ਹੇ ਦਿਲ ਨਾਲ ਸ਼ਲਾਘਾ ਕੀਤੀ ਗਈ। ਇਸ ਦੇ ਨਾਲ ਹੀ ਇਹ ਦ੍ਰਿੜ੍ਹ ਆਸ ਪ੍ਰਗਟਾਈ ਗਈ ਕਿ ਇਨ੍ਹਾਂ ਅਨੁਵਾਦਾਂ ਰਾਹੀਂ ਭਾਰਤ ਅਤੇ ਰੂਸ ਦਰਮਿਆਨ ਸੱਭਿਆਚਾਰਕ ਅਤੇ ਸਾਹਿਤਕ ਸਬੰਧ ਹੋਰ ਵੀ ਗੂੜ੍ਹੇ ਅਤੇ ਮਜ਼ਬੂਤ ਹੋਣਗੇ।ਸਮਾਰੋਹ ਦੇ ਮੁੱਖ ਮਹਿਮਾਨ, ਰਾਸ਼ਟਰੀ ਸਾਹਿਤ ਅਕਾਦਮੀ (ਨਵੀਂ ਦਿੱਲੀ) ਦੇ ਪ੍ਰਧਾਨ ਡਾ. ਮਾਧਵ ਕੌਸ਼ਿਕ ਨੇ ਅਕਾਦਮੀ ਵੱਲੋਂ ਹਰ ਸੰਭਵ ਸਹਿਯੋਗ ਦਾ ਭਰੋਸਾ ਦਿਵਾਇਆ। ਰੂਸੀ ਸੱਭਿਆਚਾਰਕ ਕੇਂਦਰ ਦੇ ਨਿਰਦੇਸ਼ਕ ਅਲੈਕਜ਼ਾਂਦ੍ਰ ਦਦੋਨਵ ਨੇ ਭਾਰਤੀ ਲੇਖਕਾਂ ਅਤੇ ਕਵੀਆਂ ਦੀਆਂ ਉੱਤਮ ਰਚਨਾਵਾਂ ਦੇ ਡਾ. ਪੰਕਜ ਮਾਲਵੀਯਾ, ਡਾ. ਰੰਜਨਾ ਸਕਸੇਨਾ ਅਤੇ ਡਾ. ਸੋਨੂ ਸੈਣੀ ਵੱਲੋਂ ਕੀਤੇ ਗਏ ਸਰਾਹਣਯੋਗ ਅਨੁਵਾਦਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ। ਸਮਾਗਮ ਦੀ ਪ੍ਰਧਾਨਗੀ ਕੇਂਦਰ ਦੇ ਰੂਸੀ ਭਾਸ਼ਾ ਅਕਾਦਮਿਕ ਵਿਭਾਗ ਦੀ ਮੁਖੀ ਡਾ. ਇਲੇਨਾ ਸ਼ਲੋਗਰ ਨੇ ਕੀਤੀ, ਜਦਕਿ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਡਾ. ਸੋਨੂ ਸੈਣੀ ਨੇ ਨਿਭਾਈ।



## ਸ਼ੇਰੇ ਪੰਜਾਬ ਟੂਲ ਪਲਾਜ਼ਾ ਵਰਕਰ ਯੂਨੀਅਨ ਪੰਜਾਬ ਦੀ ਵਿਸ਼ੇਸ਼ ਮੀਟਿੰਗ

**ਬਲਾਚੌਰ (ਜਸਵਿੰਦਰ ਬੈਂਸ)**- ਸ਼ੇਰੇ ਪੰਜਾਬ ਟੂਲ ਪਲਾਜ਼ਾ ਵਰਕਰ ਯੂਨੀਅਨ ਪੰਜਾਬ ਦੀ ਇੱਕ ਵਿਸ਼ੇਸ਼ ਮੀਟਿੰਗ ਬਸ਼ੋਆ ਟੋਲ ਪਲਾਜ਼ਾ ਵਿਖੇ ਕੀਤੀ ਗਈ। ਇਹ ਮੀਟਿੰਗ ਯੂਨੀਅਨ ਦੇ ਸੂਬਾ ਪ੍ਰਧਾਨ ਬਾਈ ਨਛੱਤਰ ਸਿੰਘ ਦੀ ਯੋਗ ਅਗਵਾਈ ਹੇਠ ਹੋਈ, ਜਿਸ ਵਿੱਚ ਟੂਲ ਪਲਾਜ਼ਾ ਦੇ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਮੀਟਿੰਗ ਦੌਰਾਨ ਵਰਕਰਾਂ ਦੇ ਹੱਕਾਂ, ਮਸਲਿਆਂ ਅਤੇ ਸੰਗਠਨ ਦੀ ਮਜ਼ਬੂਤੀ 'ਤੇ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ ਬਸ਼ੋਆ ਟੂਲ ਪਲਾਜ਼ਾ ਕਮੇਟੀ ਦਾ ਮੁੜ ਗਠਨ ਕੀਤਾ ਗਿਆ। ਸੂਬਾ ਪ੍ਰਧਾਨ ਬਾਈ ਨਛੱਤਰ ਸਿੰਘ ਦੀ ਦੇਖ-ਰੇਖ ਹੇਠ ਹਰਪ੍ਰੀਤ ਸਿੰਘ ਨੂੰ ਸਰਬਸੰਮਤੀ ਨਾਲ ਬਸ਼ੋਆ ਟੂਲ ਪਲਾਜ਼ਾ ਕਮੇਟੀ ਦਾ ਨਵਾਂ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਦੇ ਨਾਲ ਹੀ ਕਮੇਟੀ ਦੇ ਕੰਮਕਾਜ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ 20 ਮੈਂਬਰੀ ਕਮੇਟੀ ਦਾ ਵੀ ਗਠਨ ਕੀਤਾ ਗਿਆ।ਮੀਟਿੰਗ ਦੇ ਅਖੀਰ ਵਿੱਚ ਸੂਬਾ ਪ੍ਰਧਾਨ ਬਾਈ ਨਛੱਤਰ ਸਿੰਘ ਨੇ ਨਵੀਂ ਚੁਣੀ ਗਈ ਟੀਮ ਨੂੰ ਵਧਾਈ ਦਿੱਤੀ ਅਤੇ ਵਰਕਰਾਂ ਨੂੰ ਇਕਜੁੱਟ ਹੋ ਕੇ ਆਪਣੀਆਂ ਮੰਗਾਂ ਅਤੇ ਹੱਕਾਂ ਲਈ ਸੰਘਰਸ਼ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਕਮਲਜੀਤ ਸਿੰਘ ਪ੍ਰਧਾਨ ਬਹਿਰਾਮ ਟੋਲ ਰਾਹੁਲ ਖੁੱਲਰ, ਨਿਰਮਲ ਸਿੰਘ ਨਿੰਮਾ, ਮੱਲੀ ਬਾਈ ਅਤੇ ਹੋਰ ਸਮੁੱਚੀ ਲੀਡਰਸ਼ਿਪ ਹਾਜ਼ਰ ਸੀ।



# ਚੱਬੇਵਾਲ ਵੱਲੋਂ ਹਦੀਆਬਾਦ ਕੂੜਾ ਪੁਆਇੰਟ ਨੂੰ ਪੱਕੇ ਤੌਰ 'ਤੇ ਬੰਦ ਕਰਨ ਦਾ ਐਲਾਨ

**ਫਗਵਾੜਾ (ਕਮਲ ਰਾਏ)** ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਹਦੀਆਬਾਦ ਵਿਖੇ ਕੂੜਾ ਇਕੱਠਾ ਕਰਨ ਵਾਲੇ ਪੁਆਇੰਟ ਨੂੰ ਪੱਕੇ ਤੌਰ 'ਤੇ ਬੰਦ ਕਰਨ ਦਾ ਐਲਾਨ ਕੀਤਾ ਹੈ। ਇਸ ਨਾਲ ਇਲਾਕਾ ਨਿਵਾਸੀਆਂ ਦੀ ਦਹਾਕਿਆਂ ਪੁਰਾਣੀ ਮੰਗ ਪੂਰੀ ਹੋ ਗਈ ਅਤੇ ਫਗਵਾੜਾ ਨੂੰ ਹੋਰ ਸਾਫ਼-ਸੁਥਰਾ ਅਤੇ ਸਿਹਤਮੰਦ ਬਣਾਉਣ ਵੱਲ ਇੱਕ ਅਹਿਮ ਕਦਮ ਚੁੱਕਿਆ ਗਿਆ ਹੈ।



ਇਹ ਸ਼ਹਿਰ ਦਾ ਦੂਜਾ ਵੱਡਾ ਕੂੜਾ ਡੰਪਿੰਗ ਪੁਆਇੰਟ ਹੈ, ਜਿਸ ਨੂੰ ਇਕੱਠੇ ਹੋਏ ਕੂੜੇ ਤੋਂ ਮੁਕਤ ਕੀਤਾ ਗਿਆ ਹੈ। ਇਸ ਤੋਂ ਪਹਿਲਾਂ 18 ਸਤੰਬਰ ਨੂੰ ਅਰਬਨ ਅਸਟੇਟ ਵਿਖੇ ਸਥਿਤ ਡੰਪਿੰਗ ਪੁਆਇੰਟ ਨੂੰ ਬੰਦ ਕਰਕੇ ਉੱਥੋਂ ਕੂੜਾ ਹਟਾਇਆ ਗਿਆ ਸੀ। ਇਸ ਮੌਕੇ ਮੇਅਰ ਰਾਮਪਾਲ ਉੱਪਲ, ਡਿਪਟੀ ਮੇਅਰ ਵਿੱਕੀ ਸੂਦ, ਨਗਰ ਨਿਗਮ ਕਮਿਸ਼ਨਰ ਰਣਦੀਪ ਸਿੰਘ ਹੀਰ ਅਤੇ ਨਗਰ ਨਿਗਮ ਫਗਵਾੜਾ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ। ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਚੱਬੇਵਾਲ ਨੇ ਕਿਹਾ ਕਿ ਹੁਣ ਹਦੀਆਬਾਦ ਵਾਲੀ ਥਾਂ 'ਤੇ ਕਿਸੇ ਵੀ ਤਰ੍ਹਾਂ ਦਾ ਕੂੜਾ ਨਹੀਂ ਸੁੱਟਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਥਾਂ ਨੂੰ ਹੁਣ ਹਰਾ-ਭਰਾ ਸਥਾਨ ਬਣਾਇਆ ਜਾਵੇਗਾ, ਜਿੱਥੇ ਪੌਦੇ ਲਗਾਉਣ ਦੇ ਨਾਲ-ਨਾਲ ਬੈਂਚ ਵੀ ਲਗਾਏ ਜਾਣਗੇ, ਤਾਂ ਜੋ ਇਲਾਕਾ ਨਿਵਾਸੀਆਂ ਨੂੰ ਸਾਫ਼-ਸੁਥਰਾ ਅਤੇ ਸੁਹਾਵਣਾ ਵਾਤਾਵਰਣ ਮਿਲ ਸਕੇ।ਉਨ੍ਹਾਂ ਕਿਹਾ ਕਿ ਗ੍ਰੀਨਲੈਂਡ ਕਲੋਨੀ, ਹਦੀਆਬਾਦ ਅਤੇ ਨਕੋਦਰ ਰੋਡ ਮਾਰਕੀਟ ਦੇ ਵਸਨੀਕ ਕਈ ਦਹਾਕਿਆਂ ਤੋਂ ਇਸ ਕੂੜਾ ਪੁਆਇੰਟ ਕਾਰਨ ਪਰੇਸ਼ਾਨੀ ਦਾ ਸਾਹਮਣਾ ਕਰ ਰਹੇ ਸਨ। ਡਾ. ਚੱਬੇਵਾਲ ਨੇ ਦੱਸਿਆ ਕਿ ਇਲਾਕੇ ਵਿੱਚ ਘਰ-ਘਰ ਕੂੜਾ ਇਕੱਠਾ ਕਰਨ ਵਾਲੇ ਵਾਹਨ ਵੀ ਤਾਇਨਾਤ ਕਰ ਦਿੱਤੇ ਗਏ ਹਨ। ਇਹ ਵਾਹਨ ਘਰਾਂ ਤੋਂ ਨਿਯਮਤ ਤੌਰ 'ਤੇ ਕੂੜਾ ਇਕੱਠਾ ਕਰਨ ਅਤੇ ਇਸ ਨੂੰ ਯੋਗ ਕੂੜਾ ਪ੍ਰਬੰਧਨ ਪ੍ਰਣਾਲੀ ਰਾਹੀਂ ਅੱਗੇ ਲਿਜਾਣ ਨੂੰ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਫ਼ਾਈ, ਸੈਨੀਟੇਸ਼ਨ ਅਤੇ ਬਿਹਤਰ ਨਾਗਰਿਕ ਸਹੂਲਤਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ ਅਤੇ ਜ਼ਮੀਨੀ ਪੱਧਰ 'ਤੇ ਸਫ਼ਾਈ ਤੇ ਕੂੜਾ ਪ੍ਰਬੰਧਨ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ 'ਮਿਸ਼ਨ ਕਲੀਨ ਪੰਜਾਬ' ਲਾਗੂ ਕੀਤਾ ਜਾ ਰਿਹਾ ਹੈ।

# 31ਵਾਂ ਮਹਾਨ ਗੁਰਮਤਿ ਸਮਾਗਮ ਸੁਨਹਿਰੀ ਯਾਦਾਂ ਛੱਡਦਾ ਸੰਪੰਨ

**ਜਲਾਲਾਬਾਦ (ਬਲਵਿੰਦਰ ਸਿੰਘ)**- ਸ੍ਰੀ ਦਸਮੇਸ਼ ਸੇਵਾ ਸੋਸਾਇਟੀ ਗੁਰਦੁਆਰਾ ਕਲਗੀਧਰ ਸਾਹਿਬ ਵੱਲੋਂ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦੇ ਖਾਲਸਾ ਰਾਜ ਨੂੰ ਸਮਰਪਤ ਹਰ ਸਾਲ ਦੀ ਤਰ੍ਹਾਂ ਕਰਵਾਇਆ ਗਿਆ ਚਾਰ ਰੋਜ਼ਾ 31ਵਾਂ ਮਹਾਨ ਗੁਰਮਤਿ ਸਮਾਗਮ ਸੁਨਹਿਰੀ ਯਾਦਾਂ ਛੱਡਦਾ ਹੋਇਆ ਸੰਪੰਨ ਹੋ ਗਿਆ।

ਇਹ ਸਮਾਗਮ 1 ਤੋਂ 4 ਅਕਤੂਬਰ ਤੱਕ ਮਲਟੀਪਰਪਜ਼ ਖੇਡ ਸਟੇਡੀਅਮ, ਜਲਾਲਾਬਾਦ ਦੇ ਨੇੜੇ ਕਰਵਾਇਆ ਗਿਆ, ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕਰਕੇ ਗੁਰੂ ਦੀ ਬਾਣੀ ਦਾ ਆਨੰਦ ਮਾਣਿਆ। ਸਮਾਗਮ ਦੌਰਾਨ ਵੱਖ-ਵੱਖ ਢਾਡੀ ਜਥਿਆਂ, ਕਥਾਵਾਚਕਾਂ, ਰਾਗੀਆਂ ਤੇ ਪ੍ਰਚਾਰਕਾਂ ਵੱਲੋਂ ਸੰਗਤ ਨੂੰ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਖਾਲਸਾ ਰਾਜ ਦੇ ਇਤਿਹਾਸ ਤੇ ਉਸ ਸਮੇਂ ਦੀਆਂ ਪ੍ਰਾਪਤੀਆਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਮੌਕੇ ਬੀਬੀ ਦਲੇਰ ਕੌਰ ਖਾਲਸਾ ਢਾਡੀ ਜਥਾ, ਭਾਈ ਸੂਬਾ ਸਿੰਘ ਸਿਤਾਰਾ ਢਾਡੀ ਜਥਾ, ਭਾਈ ਬਲਵਿੰਦਰ ਸਿੰਘ ਕਥਾਵਾਚਕ ਦੇਹਰਾਦੂਨ ਵਾਲੇ, ਡਾ. ਸਤਨਾਮ ਸਿੰਘ ਸੱਲੋਪੁਰੀ, ਭਾਈ ਇੰਦਰਜੀਤ ਸਿੰਘ ਸਾਜਨ, ਭਾਈ ਹਰਜੋਤ ਸਿੰਘ ਸ਼ਾਗਿਰਦੇ-ਏ-ਨਾਨਕ, ਭਾਈ ਬਾਜ ਸਿੰਘ ਨਿਮਾਣਾ, ਭਾਈ ਗੁਰਜੰਟ ਸਿੰਘ, ਭਾਈ ਗੁਰਪ੍ਰਤਾਪ ਸਿੰਘ ਜਾਚਕ, ਭਾਈ ਸੁਖਦੀਪ ਸਿੰਘ ਪ੍ਰਚਾਰਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਭਾਈ ਅਮਨਦੀਪ ਸਿੰਘ, ਭਾਈ ਹਰਪਾਲ ਸਿੰਘ ਕਥਾਵਾਚਕ, ਭਾਈ ਨਿਰਮਲ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸਿੰਘ ਸਭਾ ਤੇ ਭਾਈ ਸੂਬਾ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਰਾਮਗੜ੍ਹੀਆ ਸਾਹਿਬ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ। ਸਮਾਗਮ ਦੀ ਮੁੱਖ ਸੇਵਾ ਸੁਖਚੈਨ ਸਿੰਘ ਰਿੰਕੂ ਖਾਲਸਾ, ਸ੍ਰੀ ਦਸਮੇਸ਼ ਸੇਵਾ ਸੋਸਾਇਟੀ ਜਲਾਲਾਬਾਦ ਤੇ ਡਾ. ਸਤਨਾਮ ਸਿੰਘ ਥਿੰਦ, ਮਨੁੱਖਤਾ ਦੀ ਸੇਵਾ ਤੇ ਸਰਬੱਤ ਦਾ ਭਲਾ ਸੰਸਥਾ ਵੱਲੋਂ ਨਿਭਾਈ ਗਈ। ਸਮਾਗਮ ਦੌਰਾਨ ਵੱਖ-ਵੱਖ ਮੁਫ਼ਤ ਸਿਹਤ ਸੇਵਾ ਕੈਂਪ ਵੀ ਲਗਾਏ ਗਏ।ਡਾ. ਰਾਜ ਮਹਿਰੋਕ ਵੱਲੋਂ ਅਧਰੰਗ ਦੇ ਮਰੀਜ਼ਾਂ ਲਈ ਚੈੱਕਅਪ ਕੈਂਪ, ਡਾ. ਪਲਕ ਤੇ ਪਲਕ ਆਈ ਹਸਪਤਾਲ ਜਲਾਲਾਬਾਦ ਵੱਲੋਂ ਅੱਖਾਂ ਦਾ ਮੁਫ਼ਤ ਚੈੱਕਅਪ ਕੈਂਪ ਲਗਾਉਣ ਦੇ ਨਾਲ ਲੋੜਵੰਦ ਮਰੀਜ਼ਾਂ ਦੇ ਮੁਫ਼ਤ ਅੱਖਾਂ ਦੇ ਆਪ੍ਰੇਸ਼ਨ ਵੀ ਕੀਤੇ ਗਏ। ਸ੍ਰੀ ਗੁਰੂ ਹਰਿਰਾਏ ਆਯੁਰਵੈਦਿਕ ਕਲੀਨਿਕ ਵੱਲੋਂ ਸ਼ੂਗਰ ਤੇ ਨਸ਼ਾ ਛੁਡਾਊ ਕੈਂਪ ਲਗਾ ਕੇ ਮੁਫ਼ਤ ਦਵਾਈਆਂ ਵੰਡੀਆਂ ਗਈਆਂ। ਮਨੁੱਖਤਾ ਦੀ ਸੇਵਾ ਤੇ ਸਰਬੱਤ ਦਾ ਭਲਾ ਸੁਸਾਇਟੀ ਵੱਲੋਂ 28ਵਾਂ ਖ਼ੂਨਦਾਨ ਕੈਂਪ ਲਗਾਇਆ ਗਿਆ।ਇਸ ਤੋਂ ਇਲਾਵਾ ਐੱਸ. ਕੇ. ਦਸਤਾਰ ਅਕੈਡਮੀ ਤੇ ਖਹਿਰਾ ਦਸਤਕਾਰ ਅਕੈਡਮੀ ਵੱਲੋਂ ਦਸਤਾਰ ਸਿਖਲਾਈ ਕੈਂਪ ਵੀ ਲਗਾਏ ਗਏ। ਸਮਾਗਮ ਵਿੱਚ ਸੇਵਾਵਾਂ ਨਿਭਾਉਣ ਵਾਲੇ ਡਾਕਟਰਾਂ ਵਿੱਚ ਡਾ. ਸਤਨਾਮ ਸਿੰਘ ਥਿੰਦ, ਡਾ. ਰਾਜ ਮਹਿਰੋਕ, ਡਾ. ਪਲਕ, ਡਾ. ਤਨਵੀਰ ਮਲਿਕ, ਡਾ. ਆਕਾਸ਼ ਲੂਣਾ, ਡਾ. ਸੁਰੇਸ਼ ਕੁਮਾਰ, ਡਾ. ਰੋਹਿਤ ਕੁਮਾਰ, ਡਾ. ਰਾਜਿੰਦਰ ਸਿੰਘ, ਡਾ. ਰਣਜੀਤ ਸਿੰਘ, ਡਾ. ਗੁਰਮੀਤ ਸਿੰਘ, ਡਾ. ਰਕੇਸ਼ ਹਾਂਡਾ, ਡਾ. ਮਹਿਲ ਸਿੰਘ ਤੇ ਡਾ. ਕਾਬਲ ਸਿੰਘ ਆਦਿ ਨੇ ਆਪਣੀਆਂ ਸੇਵਾਵਾਂ ਬਾਖ਼ੂਬੀ ਨਿਭਾਈਆਂ।



ਇਸ ਮੌਕੇ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ, ਭਾਈ ਚੜ੍ਹਤ ਸਿੰਘ ਪ੍ਰਧਾਨ ਸਿੱਖ ਸਟੂਡੈਂਟ ਫੈਡਰੇਸ਼ਨ ਪੰਜਾਬ ਅਤੇ ਡਾ. ਅੰਗਰੇਜ਼ ਸਿੰਘ ਪ੍ਰਧਾਨ ਗੁਰੂ ਨਾਨਕ ਮਿਸ਼ਨ ਹਜ਼ੂਰ ਸਾਹਿਬ ਸੇਵਾ ਸੁਸਾਇਟੀ ਮਾਨਸਾ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਸਮਾਗਮ ਨੂੰ ਸਫਲ ਬਣਾਉਣ ਵਿੱਚ ਪ੍ਰਧਾਨ ਡਾ. ਗੌਰਵ ਕੁਮਾਰ, ਮੋਹਨ ਸਿੰਘ, ਹਰਚਰਨ ਸਿੰਘ ਮੱਕੜ, ਭੁਪਿੰਦਰ ਸਿੰਘ, ਬਖਸ਼ੀਸ਼ ਸਿੰਘ, ਜਨਕ ਰਾਜ, ਬਲਵਿੰਦਰ ਸਿੰਘ ਪਟਵਾਰੀ, ਦੀਪੂ ਪ੍ਰਧਾਨ, ਅਰਸ਼, ਸੁਖਦੀਪ ਸਿੰਘ, ਅਮਨਦੀਪ ਸਿੰਘ, ਮਨਮੋਹਨ ਸਿੰਘ, ਜੋਗਾ ਮਿਹਲ ਆਦਿ ਸੇਵਾਦਾਰਾਂ ਨੇ ਅਹਿਮ ਭੂਮਿਕਾ ਨਿਭਾਈ।

ਇਸ ਮੌਕੇ ਸੁਖਚੈਨ ਸਿੰਘ ਰਿੰਕੂ ਖਾਲਸਾ ਤੇ ਡਾ. ਸਤਨਾਮ ਸਿੰਘ ਥਿੰਦ ਵੱਲੋਂ ਸਮਾਗਮ ਵਿੱਚ ਪਹੁੰਚੀ ਸਮੁੱਚੀ ਸੰਗਤ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਿਆਂ ਕਿਹਾ ਕਿ ਸੰਗਤ ਦੇ ਸਹਿਯੋਗ ਸਦਕਾ ਇਹ ਚਾਰ ਰੋਜ਼ਾ ਸਮਾਗਮ ਸਫਲਤਾਪੂਰਵਕ ਸੰਪੰਨ ਹੋਇਆ।ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਤੇ ਸੰਗਤ ਨੇ ਗੁਰਬਾਣੀ, ਕੀਰਤਨ, ਕਥਾ ਤੇ ਢਾਡੀ ਵਾਰਾਂ ਦਾ ਆਨੰਦ ਮਾਣਿਆ।

# ਪੰਜਾਬ ਸਕੱਤਰੇਤ-2 'ਚ ਮੁਲਾਜ਼ਮਾਂ ਨੇ ਕੀਤਾ ਮੁਜ਼ਾਹਰਾ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਸਕੱਤਰੇਤ-2 ਚੰਡੀਗੜ੍ਹ ਵਿਖੇ ਮੁਲਾਜ਼ਮਾਂ ਨੇ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਜ਼ੋਰਦਾਰ ਮੁਜ਼ਾਹਰਾ ਕੀਤਾ, ਜਿਸ ਵਿੱਚ ਸਰਕਾਰ ਖਿਲਾਫ ਜਮ ਕੇ ਨਾਅਰੇਬਾਜ਼ੀ ਹੋਈ। ਜੁਆਇੰਟ ਐਕਸ਼ਨ ਕਮੇਟੀ ਦੇ ਪ੍ਰਧਾਨ ਸੁਖਚੈਨ ਸਿੰਘ ਖਹਿਰਾ ਦੀ ਅਗਵਾਈ ਹੇਠ ਸਿਵਲ ਸਕੱਤਰੇਤ ਦੀਆਂ ਸਾਰੀਆਂ ਮੁਲਾਜ਼ਮ ਜਥੇਬੰਦੀਆਂ ਨੇ ਰੈਲੀ ਵਿੱਚ ਸ਼ਮੂਲੀਅਤ ਕੀਤੀ, ਜਿਹਨਾਂ ਵਿੱਚ ਪੀ ਐੱਸ ਐੱਸ ਕਾਡਰ ਐਸੋਸੀਏਸ਼ਨ, ਸਕੱਤਰੇਤ ਸਟਾਫ ਐਸੋਸੀਏਸ਼ਨ, ਪਰਸਨਲ ਸਟਾਫ ਐਸੋਸੀਏਸ਼ਨ, ਵਿੱਤੀ ਕਮਿਸ਼ਨਰਜ਼ ਸਕੱਤਰੇਤ ਸਟਾਫ ਐਸੋਸੀਏਸ਼ਨ, ਸਕੱਤਰੇਤ ਡਰਾਈਵਰ ਯੂਨੀਅਨ, ਦਰਜਾ ਚਾਰ ਸਟਾਫ ਐਸੋਸੀਏਸ਼ਨ ਅਤੇ ਪ੍ਰਹੁਣਚਾਰੀ ਵਿਭਾਗ ਸਟਾਫ ਐਸੋਸੀਏਸ਼ਨ ਦੇ ਆਗੂਆਂ ਨੇ ਆਵਾਜ਼ ਬੁਲੰਦ ਕੀਤੀ। ਰੈਲੀ ਦੀ ਗੂੰਜ ਜਦੋਂ ਸਕੱਤਰੇਤ ਦੀਆਂ ਸ਼ਾਖਾਵਾਂ ਅਤੇ ਅਫਸਰਾਂ ਦੇ ਕਮਰਿਆਂ ਤੱਕ ਪਹੁੰਚੀ ਤਾਂ ਤੁਰੰਤ ਸੈਂਕੜਿਆਂ ਦੀ ਗਿਣਤੀ ਵਿੱਚ ਮੁਲਾਜ਼ਮ ਆਪ-ਮੁਹਾਰੇ ਰੈਲੀ ਵਿੱਚ ਪਹੁੰਚ ਗਏ ਅਤੇ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕਰਨ ਲੱਗੇ। ਪੰਜਾਬ ਦੇ ਸਾਰੇ ਮੁਲਾਜ਼ਮਾਂ ਨੂੰ ਲਾਮਬੰਦ ਕਰਨ ਲਈ 10 ਅਕਤੂਬਰ ਨੂੰ ਸੰਗਰੂਰ ਵਿਖੇ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ, ਜਿੱਥੇ ਲੱਖਾਂ ਦੀ ਗਿਣਤੀ ਵਿੱਚ ਮੁਲਾਜ਼ਮ ਹੁਮ-ਹੁਮਾ ਕੇ ਪਹੁੰਚਣਗੇ। ਇਸ ਰੈਲੀ ਨੂੰ ਸੁਖਚੈਨ ਸਿੰਘ ਖਹਿਰਾ, ਮਨਜੀਤ ਸਿੰਘ ਰੰਧਾਵਾ, ਸ਼ੁਸ਼ੀਲ ਕੁਮਾਰ ਫੌਜੀ, ਸਾਹਿਲ ਸ਼ਰਮਾ, ਮਿਥੁਨ ਚਾਵਲਾ, ਮਨਵੀਰ ਮਾਨਸਾ, ਸੰਦੀਪ ਕੁਮਾਰ, ਮਲਕੀਤ ਸਿੰਘ ਔਜਲਾ, ਜਸਬੀਰ ਕੌਰ, ਕੁਲਵੰਤ ਸਿੰਘ, ਅਲਕਾ ਚੋਪੜਾ, ਸਿਕੰਦਰ ਸਿੰਘ, ਬਲਰਾਜ ਸਿੰਘ ਦਾਊਂ, ਜਗਤਾਰ ਸਿੰਘ, ਬਜਰੰਗ ਯਾਦਵ ਅਤੇ ਕਈ ਹੋਰਨਾਂ ਨੇ ਸਬੰਧਨ ਕੀਤਾ ਅਤੇ ਸੰਗਰੂਰ ਰੈਲੀ ਨੂੰ ਸਫਲ ਬਣਾਉਣ ਦਾ ਹੋਕਾ ਦਿੱਤਾ।

